ਸੋਮਵਾਰ, 21 ਸਤੰਬਰ, 2026
5 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 111

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 21 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਅਮਰਜੀਤ ਚਾਵਲਾ ਤੇ ਮਲਕੀਤ ਸਿੰਘ ਨੂੰ ਪੰਥ 'ਚੋਂ ਛੇਕਿਆ

### ਸਿੰਘ ਸਹਿਬਾਨ ਵੱਲੋਂ ਗੁਰੂ ਦੋਖੀ ਤੇ ਪੰਥ ਦੋਖੀ ਕਰਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਸ੍ਰੀ ਅਕਾਲ ਤਖਤ ਸਾਹਿਬ ਦੇ ਸਕੱਤਰੇਤ ਵਿਖੇ ਹੋਈ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਖਾੜੀ ਦੇਸ਼ ਦੀ ਰਹਿਣ ਵਾਲੀ ਇੱਕ 50 ਸਾਲਾ ਬੀਬੀ ਵੱਲੋਂ ਲਾਏ ਗਏ ਗੰਭੀਰ ਦੋਸ਼ਾਂ ਵਿੱਚ ਘਿਰੇ ਸ਼੍ਰੋਮਣੀ ਕਮੇਟੀ ਮੈਂਬਰ ਤੇ ਅਕਾਲੀ ਆਗੂ ਅਮਰਜੀਤ ਸਿੰਘ ਚਾਵਲਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਥ ਵਿੱਚੋਂ ਛੇਕਣ ਦਾ ਫੈਸਲਾ ਸੁਣਾਉਂਦਿਆਂ ਤਖਤ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦੋਵਾਂ ਨੂੰ ਪੰਥ ਦੋਖੀ ਤੇ ਗੁਰੂ ਦੋਖੀ ਗਰਦਾਨਦਿਆਂ ਸੰਗਤਾਂ ਨੂੰ ਆਦੇਸ਼ ਜਾਰੀ ਕੀਤਾ ਕਿ ਦੋਵਾਂ ਨਾਲ ਕਿਸੇ ਵੀ ਪ੍ਰਕਾਰ ਦੀ ਰੋਟੀ-ਬੇਟੀ ਦੀ ਸਾਂਝ ਨਾ ਰੱਖੀ ਜਾਵੇ ਤੇ ਕਿਸੇ ਵੀ ਪ੍ਰਕਾਰ ਦੇ ਸਮਾਗਮ ਵਿੱਚ ਬੋਲਣ ਨਾ ਦਿੱਤਾ ਜਾਵੇ।

ਸ੍ਰੀ ਅਕਾਲ ਤਖਤ ਦੇ ਸਕੱਤਰੇਤ ਵਿਖੇ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿੱਚ ਪੰਜ ਸਿੰਘਾਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਕੇਵਲ ਸਿੰਘ, ਸ੍ਰੀ ਅਕਾਲ ਤਖਤ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਬਖਸ਼ੀਸ਼ ਸਿੰਘ ਤੇ ਪੰਜ ਪਿਆਰਿਆਂ ਵਿੱਚ ਸ਼ਾਮਲ ਭਾਈ ਮੰਗਲ ਸਿੰਘ ਦੀ ਇਕੱਤਰਤਾ ਹੋਈ, ਜਿਸ ਵਿੱਚ ਦੋ ਘੰਟੇ ਦੀ ਵਿਚਾਰ-ਚਰਚਾ ਤੋਂ ਬਾਅਦ ਸਿੰਘ ਸਾਹਿਬ ਗੜਗੱਜ ਨੇ ਅਕਾਲ ਤਖਤ ਸਾਹਿਬ ਦੀ ਪਵਿੱਤਰ ਫਸੀਲ ਤੋਂ ਫੈਸਲਾ ਸੁਣਾਉਂਦਿਆਂ ਕਿਹਾ ਕਿ ਖਾੜੀ ਦੇਸ਼ ਦੀ ਇੱਕ ਬੀਬੀ ਨਾਲ ਕੇਸਗੜ੍ਹ ਸਾਹਿਬ ਵਿਖੇ ਵਾਪਰੀਆਂ ਬਦਕਾਰੀ ਦੀਆਂ ਘਟਨਾਵਾਂ ਲਈ ਅਮਰਜੀਤ ਸਿੰਘ ਚਾਵਲਾ ਤੇ ਮਲਕੀਤ ਸਿੰਘ ਸਿੱਧੇ ਰੂਪ ਵਿੱਚ ਦੋਸ਼ੀ ਪਾਏ ਗਏ ਹਨ ਤੇ ਉਹਨਾਂ ਵਿਰੁੱਧ ਥਾਣਾ ਅਨੰਦਪੁਰ ਸਾਹਿਬ ਵਿਖੇ ਇੱਕ ਮੁਕੱਦਮਾ ਵੀ ਬਦਕਾਰੀ ਦਾ ਦਰਜ ਕੀਤਾ ਗਿਆ ਹੈ। ਉਹਨਾ ਕਿਹਾ ਕਿ ਇਹਨਾਂ ਦੋਹਾਂ ਨੇ ਜਿਥੇ ਆਪਣੀ ਅਹੁਦਿਆਂ ਦੀ ਦੁਰਵਰਤੋਂ ਕੀਤੀ ਹੈ, ਉਥੇ ਸਿੱਖ ਰਹਿਤ ਮਰਿਆਦਾ ਵਿੱਚ ਚਾਰ ਕੁਰਹਿਤਾਂ ਸੰਬੰਧੀ ਮਰਿਆਦਾ ਦੀ ਪਾਲਣਾ ਨਹੀਂ ਕੀਤੀ। ਉਹਨਾ ਕਿਹਾ ਕਿ ਇਸ ਲਈ ਇਹਨਾਂ ਦੋਵਾਂ ਨੂੰ ਪੰਥ ਵਿੱਚ ਛੇਕਣ ਦੇ ਨਾਲ ਨਾਲ ਤਾਉਮਰ ਕਿਸੇ ਵੀ ਧਾਰਮਿਕ ਸੰਸਥਾ ਵਿੱਚ ਭਾਗ ਲੈਣ ਤੋਂ ਵਰਜਿਤ ਕੀਤਾ ਜਾਂਦਾ ਹੈ।

ਵਰਨਣਯੋਗ ਹੈ ਕਿ ਅਮਰਜੀਤ ਸਿੰਘ ਚਾਵਲਾ ਦੀਆਂ



ਅਮਰਜੀਤ ਚਾਵਲਾ



ਮਲਕੀਤ ਸਿੰਘ

ਪਹਿਲਾਂ ਵੀ ਬਹੁਤ ਸਾਰੀਆਂ ਸ਼ਿਕਾਇਤਾਂ ਦੀਆਂ ਚਰਚਾਵਾਂ ਰਹੀਆਂ ਹਨ ਤੇ ਉਹ ਆਪਣੇ ਆਪ ਨੂੰ ਸ਼੍ਰੋਮਣੀ ਕਮੇਟੀ ਦਾ ਸੁਪਰ ਪ੍ਰਧਾਨ ਸਮਝਦਾ ਸੀ। ਇਸੇ ਤਰਾਂ ਗਿਆਨੀ ਮਲਕੀਅਤ ਸਿੰਘ ਨੂੰ ਤਾਂ ਪਹਿਲਾ ਹੀ ਅਜਿਹੀਆਂ ਸ਼ਿਕਾਇਤਾਂ ਦੇ ਕਾਰਨ ਇੱਕ ਸਾਲ ਦੀ ਜਬਰੀ ਛੁੱਟੀ 'ਤੇ ਭੇਜਿਆ ਗਿਆ ਹੈ ਤੇ ਅੱਜਕੱਲ੍ਹ ਉਹ ਇੰਗਲੈਂਡ ਦੌਰੇ 'ਤੇ ਹੈ। ਉਹਨਾ ਵਿਰੁੱਧ ਬਦਕਾਰੀ ਦਾ ਮੁਕੱਦਮਾ ਦਰਜ ਹੋਣ ਦੀ ਖਬਰ ਜਦੋਂ ਇੰਗਲੈਂਡ ਦੀਆਂ ਸੰਗਤਾਂ ਕੋਲ ਪੁੱਜੀ ਤਾਂ ਉਹਨਾ ਉਸ ਦਾ ਵਿਰੋਧ ਕੀਤਾ ਤੇ ਨਾਅਰੇਬਾਜ਼ੀ ਕੀਤੀ। ਜਥੇਦਾਰ ਗੜਗੱਜ ਨੇ ਆਖਿਆ ਕਿ ਦੋਵੇਂ ਵਿਅਕਤੀ ਧਾਰਮਿਕ ਸਿੱਖ ਸੰਸਥਾ ਨਾਲ ਜੁੜੇ ਹੋਏ ਹਨ ਅਤੇ ਉਨ੍ਹਾਂ 'ਤੇ ਲੱਗੇ ਗੰਭੀਰ ਦੋਸ਼ਾਂ ਦੇ ਕਾਰਨ ਸਿੱਖ ਪੰਥ ਦੀਆਂ ਭਾਵਨਾਵਾਂ ਅਤੇ ਸਿੱਖ ਸੰਸਥਾਵਾਂ ਨੂੰ ਭਾਰੀ ਠੇਸ ਪੁੱਜੀ ਹੈ।

ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਬੀਤੇ ਦਿਨੀਂ ਇਸੇ ਮਾਮਲੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਮਲਕੀਤ ਸਿੰਘ ਅਤੇ ਡਰਾਈਵਰ ਵਜੋਂ ਕਾਰਜਸ਼ੀਲ ਮੋਹਣ ਸਿੰਘ ਦਾ ਅਨੈਤਿਕ ਮਾਮਲੇ ਵਿੱਚ ਨਾਂਅ ਆਉਣ ਕਰਕੇ ਤੁਰੰਤ ਪ੍ਰਭਾਵ ਤੋਂ ਮੁਅੱਤਲ ਕਰ ਦਿੱਤਾ ਗਿਆ ਸੀ। ਇਸ ਸੰਬੰਧੀ ਆਦੇਸ਼ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਵੱਲੋਂ ਜਾਰੀ ਕੀਤੇ ਗਏ ਸਨ। ਅਮਰਜੀਤ ਸਿੰਘ ਚਾਵਲਾ ਵੱਲੋਂ ਸ਼੍ਰੋਮਣੀ ਕਮੇਟੀ ਦੀ ਮੈਂਬਰਸ਼ਿਪ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਦਿੱਤਾ ਗਿਆ ਸੀ। ਉਹ ਉਸ ਵੇਲੇ ਤੋਂ ਰੂਪੋਸ਼ ਹਨ ਤੇ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਉਹਨਾ ਦੀ ਲੋਕੇਸ਼ਨ ਕੈਨੇਡਾ ਵਿੱਚ ਦੱਸੀ ਜਾ ਰਹੀ ਹੈ।

• ਬਾਕੀ ਸਫਾ 2 'ਤੇ

## ਅਮਰੀਕਾ ਨਾਲ ਵਪਾਰ ਸਮਝੌਤੇ ਦਾ ਕਿਸਾਨ ਡਟਵਾਂ ਵਿਰੋਧ ਕਰਨਗੇ

### ਆਲ ਇੰਡੀਆ ਕਿਸਾਨ ਮਹਾਂ ਸਭਾ ਦੀ ਕਾਨਫਰੰਸ ਮੌਕੇ ਵਿਸ਼ਾਲ ਕਿਸਾਨ-ਮਜ਼ਦੂਰ ਰੈਲੀ

**ਜਲੰਧਰ (ਗਿਆਨ ਸੈਦਪੁਰੀ)**

'ਦੇਸ਼ ਭਗਤ ਯਾਦਗਾਰ ਜਲੰਧਰ' ਦੇ 'ਸ਼ਹੀਦ ਭਗਤ ਸਿੰਘ ਐਡੀਟੋਰੀਅਮ' ਵਿਖੇ ਐਤਵਾਰ ਹੋਈ ਵਿਸ਼ਾਲ 'ਕਿਸਾਨ-ਮਜ਼ਦੂਰ ਏਕਤਾ ਰੈਲੀ' ਵਿੱਚ ਪੰਜਾਬ ਅਤੇ ਗੁਆਂਢੀ ਸੂਬਿਆਂ ਦੇ ਹਜ਼ਾਰਾਂ ਲੋਕ ਲਾਲ, ਹਰੇ ਝੰਡਿਆਂ ਨਾਲ ਜੋਸ਼ੀਲਾ ਨਾਹਰੇ ਮਾਰਦੇ ਸ਼ਾਮਲ ਹੋਏ। ਉਦਘਾਟਨੀ ਝੰਡਾ ਕਿਸਾਨ ਮਹਾਂ ਸਭਾ ਦੇ ਕੌਮੀ ਪ੍ਰਧਾਨ ਤੇ ਉਘੇ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ ਨੇ ਲਹਿਰਾਇਆ।ਰੈਲੀ ਦਾ ਮੁੱਖ ਨਾਹਰਾ ਸੀ, 'ਖੇਤ-ਖੇਤੀ-ਆਜ਼ਾਦੀ ਬਚਾਓ, ਕਾਰਪੋਰੇਟ ਲੁੱਟ ਦਾ ਰਾਜ ਮਿਟਾਓ।'

ਰੈਲੀ ਨੂੰ ਆਲ ਇੰਡੀਆ ਕਿਸਾਨ ਮਹਾਂ ਸਭਾ ਦੇ ਕੌਮੀ ਜਨਰਲ ਸਕੱਤਰ ਰਾਜਾ ਰਾਮ ਸਿੰਘ ਮੈਂਬਰ ਲੋਕ ਸਭਾ, ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾਕਟਰ ਸਤਨਾਮ ਸਿੰਘ ਅਜਨਾਲਾ, ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ, ਕੁਲ ਹਿੰਦ ਕਿਸਾਨ ਸਭਾ ਦੇ ਪੰਜਾਬ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, 'ਨਵਾਂ ਜ਼ਮਾਨਾ' ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਜਲੰਧਰ ਦੇ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ, ਆਲ ਇੰਡੀਆ ਐਗਰੀਕਲਚਰ ਐਂਡ ਰੂਰਲ ਲੇਬਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਧੀਰੇਂਦਰ ਝਾਅ, ਮੱਧ ਪ੍ਰਦੇਸ਼ ਦੇ ਚਰਚਿਤ ਕਿਸਾਨ ਆਗੂ ਤੇ ਸਾਬਕਾ ਵਿਧਾਇਕ ਡਾਕਟਰ ਸੁਨੀਲਮ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਰਸ਼ਨ ਨਾਹਰ ਨੇ ਸੰਬੋਧਨ ਕੀਤਾ। ਰਾਜਾ ਰਾਮ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵੈਨੇਜ਼ੁਏਲਾ ਉਤੇ ਕਬਜ਼ੇ, ਗਾਜ਼ਾ ਤੇ ਈਰਾਨ ਉਤੇ ਹਮਲੇ ਜ਼ਰੀਏ ਅਮਰੀਕੀ ਸਾਮਰਾਜ ਸੰਸਾਰ ਭਰ ਦੇ ਕੁਦਰਤੀ ਸਰੋਤਾਂ ਅਤੇ ਉਪਜਾਊ ਜ਼ਮੀਨਾਂ ਉਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ।ਬੇਸ਼ੱਕ ਮੁਕਤ ਵਪਾਰ ਸਮਝੌਤਾ ਰਾਹੀਂ ਮੋਦੀ ਸਰਕਾਰ ਟਰੰਪ ਪ੍ਰਸ਼ਾਸਨ ਅੱਗੇ ਗੋਡੇ ਟੇਕ ਚੁੱਕੀ ਹੈ, ਪਰ ਦੇਸ਼ ਦੇ ਕਿਸਾਨ ਤੇ ਮਜ਼ਦੂਰ ਇਨ੍ਹਾਂ ਕੋਸ਼ਿਸ਼ਾਂ ਦਾ ਡਟ ਕੇ ਵਿਰੋਧ ਕਰਨਗੇ।ਜਿਥੇ ਕਿਸਾਨ ਆਪਣੀਆਂ ਫ਼ਸਲਾਂ ਲਈ ਸੀ 2+50% ਐੱਮ ਐੱਸ ਪੀ ਲਈ ਜੱਦੋ-ਜਹਿਦ ਕਰ ਰਹੇ ਹਨ, ਉਥੇ ਉਪਜਾਊ ਜ਼ਮੀਨਾਂ ਨੂੰ ਵੱਡੇ ਪੈਮਾਨੇ 'ਤੇ ਐਕੁਆਇਰ ਕਰਕੇ ਦੇਸ਼ ਦੀ ਖੁਰਾਕ ਸੁਰੱਖਿਆ ਲਈ ਸੰਕਟ ਖੜ੍ਹਾ ਕਰਨ ਅਤੇ ਕਾਰਪੋਰੇਟ



ਉਦਯੋਗਾਂ ਵੱਲੋਂ ਦੇਸ਼ ਦੇ ਹਵਾ, ਪਾਣੀ ਤੇ ਜ਼ਮੀਨ ਨੂੰ ਪ੍ਰਦੂਸ਼ਤ ਕਰਨ ਤੇ ਵਾਤਾਵਰਨ ਨੂੰ ਬਰਬਾਦ ਕਰਨ ਦੇ ਖਿਲਾਫ ਵੀ ਲੜ ਰਹੇ ਹਨ।ਇੰਝ ਕਿਸਾਨ ਸਿਰਫ਼ ਆਪਣੇ ਲਈ ਨਹੀਂ ਪੂਰੀ ਜਨਤਾ ਦੇ ਹਿੱਤਾਂ ਦੀ ਰਾਖੀ ਲਈ ਲੜ ਰਹੇ ਹਨ।ਕਿਸਾਨ ਜਥੇਬੰਦੀਆਂ ਦੀ ਜਲੰਧਰ ਵਿੱਚ ਹੋਈ ਇਹ ਏਕਤਾ ਦੇਸ਼ ਭਰ ਦੇ ਕਿਸਾਨ ਅੰਦੋਲਨ ਨੂੰ ਉਤਸ਼ਾਹਤ ਕਰੇਗੀ।

ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੇ ਜਨਰਲ ਸਕੱਤਰ ਦੀਪਾਂਕਰ ਭੱਟਾਚਾਰੀਆ ਨੇ ਕਿਹਾ ਕਿ ਪੰਜਾਬ ਦੇ ਦੋ ਪ੍ਰਮੁੱਖ ਕਿਸਾਨ ਸੰਗਠਨਾਂ ਜਮਹੂਰੀ ਕਿਸਾਨ ਸਭਾ ਪੰਜਾਬ ਤੇ ਪੰਜਾਬ ਕਿਸਾਨ ਯੂਨੀਅਨ ਵਲੋਂ ਇਕਜੁੱਟ ਹੋਣ 'ਤੇ ਕੁੱਲ ਹਿੰਦ ਕਿਸਾਨ ਮਹਾਂ ਸਭਾ ਦਾ ਅੰਗ ਬਣਨ ਦੇ ਇਤਿਹਾਸਕ ਵਰਤਾਰੇ ਨਾਲ ਕਾਰਪੋਰੇਟ ਪ੍ਰਸਤ ਫਿਰਕੂ-ਫਾਸ਼ੀ ਮੋਦੀ ਸਰਕਾਰ ਖ਼ਿਲਾਫ਼ ਕਿਸਾਨ ਘੋਲ ਤੇ ਜਨ-ਅੰਦੋਲਨ ਨੂੰ ਨਵੀਂ ਗਤੀ ਮਿਲੇਗੀ।ਉਨ੍ਹਾ ਕਿਹਾ ਕਿ ਫਿਰਕੂ-ਫਾਸ਼ੀ, ਤਾਨਾਸ਼ਾਹ ਭਾਜਪਾ ਸਰਕਾਰ ਖ਼ਿਲਾਫ਼ ਜਨਤਕ ਅੰਦੋਲਨਾਂ ਦੀ ਇਕ ਲੜੀ ਹੈ, ਜੋ ਨਾਗਰਿਕਤਾ ਸੋਧ ਬਿੱਲ ਖ਼ਿਲਾਫ਼ ਸ਼ਾਹੀਨ ਬਾਗ਼ ਮੋਰਚੇ, ਤਿੰਨ ਖੇਤੀ ਬਿੱਲਾਂ ਖਿਲਾਫ ਦਿੱਲੀ ਦੇ ਜੇਤੂ ਕਿਸਾਨ ਘੋਲ ਤੇ ਹੁਣ ਪੇਪਰ ਲੀਕ ਘਪਲੇ ਖ਼ਿਲਾਫ਼ ਦੇਸ਼ ਵਿਆਪੀ ਜੈੱਨ-ਜ਼ੀ ਘੋਲ ਦੇ ਰੂਪ 'ਚ ਸਾਹਮਣੇ ਆਈ ਹੈ।ਇਹ ਅੰਦੋਲਨ ਇਕ-ਦੂਜੇ ਦੇ ਗੁਣ-ਦੋਸ਼ਾਂ ਤੋਂ ਸਿੱਖਦੇ ਹੋਏ ਅੱਗੇ ਵਧਦੇ ਹਨ ਤੇ ਦੇਸ਼ 'ਚ ਫਿਰਕੂ-ਫਾਸ਼ੀ ਤਾਨਾਸ਼ਾਹੀ ਖਿਲਾਫ ਲੋਕ-ਲਾਮਬੰਦੀ ਕਰਦਿਆਂ ਲੋਕ-ਰਾਜ ਮਜ਼ਬੂਤ ਕਰ ਰਹੇ ਹਨ।ਆਜ਼ਾਦੀ ਸੰਗਰਾਮ ਦੀ ਰੀੜ੍ਹ ਦੀ ਹੱਡੀ ਬਣੇ ਕਿਸਾਨਾਂ-ਮਜ਼ਦੂਰਾਂ, ਨੌਜਵਾਨਾਂ ਦੀ ਅਜੋਕੀ ਪੀੜ੍ਹੀ ਦਾ ਬੁਨਿਆਦੀ ਕਾਰਜ ਦੇਸ਼ ਨੂੰ ਫਾਸ਼ੀਵਾਦ ਤੋਂ ਮੁਕਤ ਕਰਨਾ ਹੈ।ਉਨ੍ਹਾ ਕਿਹਾ ਕਿ ਟਰੰਪ ਵੱਲੋਂ ਥੋਪਿਆ ਟੈਰਿਫ ਹੋਵੇ ਜਾਂ ਮੋਦੀ ਵੱਲੋਂ ਯੂ ਪੀ ਆਈ 'ਤੇ ਲਾਇਆ ਨਵਾਂ ਟੈਕਸ, ਸਭ ਦਾ ਬੋਝ ਅੰਤ ਦੇਸ਼ ਦੀ ਆਮ ਜਨਤਾ 'ਤੇ ਪੈਣਾ ਹੈ।ਨਿੱਤ ਵਧਦੀ ਮਹਿੰਗਾਈ ਨਾਲ ਲੋਕਾਂ ਨੂੰ ਬੇਹਾਲ ਕਰ ਰਹੀ ਮੋਦੀ ਸਰਕਾਰ ਦਾ ਚੋਣ ਕਮਿਸ਼ਨ ਐੱਸ ਆਈ ਆਰ ਦੇ ਨਾਂਅ 'ਤੇ ਨਾਗਰਿਕਾਂ ਨੂੰ ਵੋਟ ਦੇ ਹੱਕ ਤੋਂ ਵਾਂਝੇ ਕਰ ਰਿਹਾ ਹੈ।ਭੱਟਾਚਾਰੀਆ ਨੇ ਕਿਹਾ ਕਿ ਪੰਜਾਬ 'ਚ ਨਸ਼ੇ, ਭ੍ਰਿਸ਼ਟਾਚਾਰ, ਗੁੰਡਾਗਰਦੀ, ਪੁਲਸ ਜਬਰ, ਝੂਠੇ ਮੁਕਾਬਲੇ ਵਧ ਰਹੇ ਹਨ, ਜਦਕਿ ਸੂਬੇ ਨੂੰ ਲੋਕ ਪੱਖੀ ਵਿਕਾਸ ਦੇ ਰਾਹ 'ਤੇ ਪਾਉਣ ਦੀ ਥਾਂ ਆਪ ਸਰਕਾਰ ਦਾ ਸਾਰਾ ਜ਼ੋਰ ਪ੍ਰਚਾਰ ਤੇ ਲੋਕ ਲੁਭਾਊ ਸਕੀਮਾਂ 'ਤੇ ਲੱਗਾ ਹੋਇਆ ਹੈ। ਨਤੀਜਾ, ਪੰਜਾਬ ਕਰਜ਼ੇ ਦੇ ਮਾਰੂ ਜਾਲ 'ਚ ਉਲਝਾ ਦਿੱਤਾ ਗਿਆ ਹੈ।ਉਨ੍ਹਾ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਕੀਮਤ 'ਤੇ ਭਾਜਪਾ ਨੂੰ ਮੂੰਹ ਨਾ ਲਾਉਣ ਤੇ ਕਿਸਾਨਾਂ-ਮਜ਼ਦੂਰਾਂ, ਨੌਜਵਾਨਾਂ, ਸਕੀਮ ਵਰਕਰਾਂ, ਮੁਲਾਜ਼ਮਾਂ ਤੇ ਛੋਟੇ ਦੁਕਾਨਦਾਰਾਂ ਦੀ ਬਿਹਤਰੀ ਲਈ ਜੱਦੋਜਹਿਦ ਕਰ ਰਹੀ ਖੱਬੀ ਧਿਰ ਦਾ ਸਾਥ ਦੇਣ।

ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਨੇ ਇਸ ਮੌਕੇ ਕਿਹਾ ਕਿ ਪੰਜਾਬ ਤੋਂ ਸ਼ੁਰੂ ਹੋਈਆਂ ਕਿਸਾਨ ਸੰਗਠਨਾਂ ਦੇ ਏਕੇ ਦੀਆਂ ਤਰੰਗਾਂ ਦੇਸ਼ ਭਰ 'ਚ ਪੁੱਜ ਕੇ ਦੇਸ਼ ਦੇ ਕਿਸਾਨ-ਮਜ਼ਦੂਰ ਸੰਗਠਨਾਂ ਨੂੰ ਇਕਜੁੱਟ ਹੋਣ ਲਈ ਪ੍ਰੇਰਿਤ ਕਰਨਗੀਆਂ।ਸੰਘ-ਭਾਜਪਾ ਦੀ ਕਿਰਤੀ-ਕਿਸਾਨਾਂ, ਦਲਿਤਾਂ, ਘੱਟ ਗਿਣਤੀਆਂ, ਲੋਕ-ਰਾਜ ਤੇ ਫੈਡਰਲਿਜ਼ਮ ਵਿਰੋਧੀ ਵਿਚਾਰਧਾਰਾ ਨੂੰ ਭਾਂਜ ਦੇਣ ਤੇ ਇਨ੍ਹਾਂ ਦੀ ਹਕੂਮਤ ਨੂੰ ਸੱਤਾ ਤੋਂ ਲਾਹੁਣ ਲਈ ਦੇਸ਼ ਦੀਆਂ ਇਨਕਲਾਬੀ, ਜਮਹੂਰੀ ਤੇ ਦੇਸ਼ ਭਗਤ ਤਾਕਤਾਂ ਦੀ ਵਿਆਪਕ ਏਕਤਾ ਸਮੇਂ ਦੀ ਪਹਿਲੀ ਸ਼ਰਤ ਹੈ।ਉਨ੍ਹਾ ਕਿਹਾ ਕਿ ਬਦਲਾਅ ਦੇ ਨਾਹਰੇ ਨਾਲ ਸੱਤਾ 'ਚ ਆਈ ਮਾਨ ਸਰਕਾਰ ਦੇ ਰਾਜ 'ਚ ਸਰਕਾਰੀ ਦਫ਼ਤਰਾਂ 'ਚ ਸ਼ਹੀਦ ਭਗਤ ਸਿੰਘ ਤੇ ਡਾ. ਅੰਬੇਦਕਰ ਦੀਆਂ ਤਸਵੀਰਾਂ ਲਾਉਣ ਤੋਂ ਇਲਾਵਾ ਕਿਧਰੇ ਵੀ ਕੋਈ ਸਾਰਥਕ ਬਦਲਾਅ ਨਜ਼ਰ ਨਹੀਂ ਆਉਂਦਾ।ਇਹ ਸਰਕਾਰ ਆਰਥਿਕ ਮੋਰਚੇ ਅਤੇ ਪੁਲਸ ਤੇ ਨੌਕਰਸ਼ਾਹੀ ਨੂੰ ਨੱਥ ਪਾਉਣ ਪੱਖੋਂ ਮੁਕੰਮਲ ਫੇਲ੍ਹ ਸਾਬਤ ਹੋਈ ਹੈ ਅਤੇ ਪਿਛਲੀਆਂ ਸਰਕਾਰਾਂ ਵਾਂਗ ਲੋਕਾਂ ਦੇ ਹੱਕੀ ਘੋਲਾਂ ਨੂੰ ਕੁਚਲਣ ਲਈ ਪੁਲਸ 'ਤੇ ਟੇਕ ਰੱਖ ਰਹੀ ਹੈ। ਸਮੇਂ ਦੀ ਮੰਗ ਹੈ ਕਿ ਪੰਜਾਬ ਵਾਸੀ ਭਾਜਪਾ ਦੇ ਝੂਠੇ ਦਾਅਵਿਆਂ ਨੂੰ ਦੋ ਟੁੱਕ ਰੱਦ ਕਰਦਿਆਂ ਚੋਣਾਂ 'ਚ ਕਿਸਾਨਾਂ-ਮਜ਼ਦੂਰਾਂ, ਨੌਜਵਾਨਾਂ ਖ਼ਾਤਰ ਸਮਝੌਤਾ ਹੀਣ ਘੋਲ ਲੜ ਰਹੇ ਸੱਚੇ-ਸੁੱਚੇ ਨੁਮਾਇੰਦੇ ਚੁਣ ਕੇ ਵਿਧਾਨ ਸਭਾ ਵਿੱਚ ਭੇਜਣ।

ਕੁਲ ਹਿੰਦ ਕਿਸਾਨ ਸਭਾ ਪੰਜਾਬ ਦੇ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੁਸ਼ੀ ਦੀ ਗੱਲ ਹੈ ਕਿ ਅੱਜ ਇਤਿਹਾਸਕ ਸਥਾਨ ਵਿਖੇ ਦੋ ਕਿਸਾਨ ਜਥੇਬੰਦੀਆਂ ਦੇ ਰਲੇਵੇਂ ਦਾ ਇਤਿਹਾਸਕ ਫੈਸਲਾ ਅਮਲ ਵਿੱਚ

• ਬਾਕੀ ਸਫਾ 2 'ਤੇ

### ਮਜ਼ਦੂਰ ਦਾ ਨਿਕਲਿਆ 3 ਕਰੋੜ

**ਬੰਗਾ :** ਲਾਟਰੀ ਦੇ ਨਤੀਜੇ ਤੋਂ ਇੱਕ ਘੰਟਾ ਪਹਿਲਾਂ ਖ਼ਰੀਦੀ ਟਿਕਟ 'ਤੇ ਪਰਵਾਸੀ ਮਜ਼ਦੂਰ ਮਧੂ ਦਾ ਤਿੰਨ ਕਰੋੜ ਰੁਪਏ ਦਾ ਇਨਾਮ ਨਿਕਲਿਆ ਹੈ। ਉਸ ਨੇ ਸਿੱਕਮ ਸਟੇਟ ਸਰਕਾਰ ਦੇ ਗਣੇਸ਼ ਚਤੁਰਥੀ ਬੰਪਰ ਦੀ ਇਹ ਲਾਟਰੀ ਇੱਥੋਂ ਦੇ ਸਹੋਤਾ ਲਾਟਰੀ ਸਟਾਲ ਤੋਂ ਖ਼ਰੀਦੀ ਸੀ। ਜਿਉਂ ਹੀ ਉਸ ਨੂੰ ਇਹ ਸੂਚਨਾ ਮਿਲੀ ਤਾਂ ਪਹਿਲਾਂ ਤਾਂ ਕਿੰਨਾ ਸਮਾਂ ਉਸ ਨੂੰ ਯਕੀਨ ਨਹੀਂ ਆਇਆ ਅਤੇ ਫਿਰ ਉਸ ਦੀ ਖ਼ੁਸ਼ੀ ਦਾ ਕੋਈ ਟਿਕਾਣਾ ਨਹੀਂ ਰਿਹਾ। ਉਹ ਪੱਛਮੀ ਬੰਗਾਲ ਤੋਂ ਆ ਕੇ ਖਟਕੜ ਕਲਾਂ ਵਿਖੇ ਖੇਤਾਂ ਵਿੱਚ ਮਜ਼ਦੂਰੀ ਕਰਦਾ ਆ ਰਿਹਾ ਹੈ। ਸਹੋਤਾ ਲਾਟਰੀ ਸਟਾਲ ਦੇ ਮਾਲਕ ਸਾਗਰ ਨੇ ਦੱਸਿਆ ਕਿ ਹੁਣ ਤੱਕ ਦੇ ਇਤਿਹਾਸ ਵਿੱਚ ਇੰਨੀ ਵੱਡੀ ਰਕਮ ਵਾਲਾ ਇਹ ਪਹਿਲਾ ਇਨਾਮ ਨਿਕਲਿਆ ਹੈ। ਉਸ ਅਨੁਸਾਰ ਇਸ ਬੰਪਰ ਦੀਆਂ ਕੁੱਲ 50 ਟਿਕਟਾਂ ਲਿਆਂਦੀਆਂ ਗਈਆਂ ਸਨ, ਜਿਨ੍ਹਾਂ ਵਿੱਚੋਂ 13 ਟਿਕਟਾਂ ਹੀ ਵਿਕੀਆਂ ਸਨ ਅਤੇ ਉਨ੍ਹਾਂ ਵਿੱਚੋਂ ਟਿਕਟ ਨੰਬਰ 1-801021 ਨਾਲ ਖ਼ਰੀਦਦਾਰ ਮਧੂ ਦੀ ਕਿਸਮਤ ਚਮਕ ਗਈ।

### ਸੀਨੀਅਰ ਪੱਤਰਕਾਰ ਪਾਇਲ ਮਹਿਤਾ ਦਾ ਦੇਹਾਂਤ



**ਨਵੀਂ ਦਿੱਲੀ :** ਸੀ ਐੱਨ ਐੱਨ-ਨਿਊਜ਼ 18 ਦੀ ਸੀਨੀਅਰ ਪੱਤਰਕਾਰ ਪਾਇਲ ਮਹਿਤਾ ਦਾ ਐਤਵਾਰ ਤੜਕੇ ਮੁੰਬਈ ਵਿੱਚ ਦੇਹਾਂਤ ਹੋ ਗਿਆ। 46 ਸਾਲਾ ਪਾਇਲ ਮਹਿਤਾ ਮੁੰਬਈ ਦੇ ਦੌਰੇ 'ਤੇ ਸਨ, ਜਿੱਥੇ ਤੜਕੇ ਅਚਾਨਕ ਉਨ੍ਹਾਂ ਦੀ ਤਬੀਅਤ ਵਿਗੜ ਗਈ। ਉਨ੍ਹਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਪਰ ਡਾਕਟਰੀ ਇਲਾਜ ਸ਼ੁਰੂ ਹੋਣ ਤੋਂ ਪਹਿਲਾਂ ਹੀ ਉਨ੍ਹਾਂ ਨੇ ਅੰਤਿਮ ਸਾਹ ਲਏ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ, ਕਾਂਗਰਸ ਆਗੂ ਰਾਹੁਲ ਗਾਂਧੀ, ਮੱਲਿਕਾਰਜੁਨ ਖੜਗੇ, ਲੋਕ ਸਭਾ ਸਪੀਕਰ ਓਮ ਬਿਰਲਾ, ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਸਮੇਤ ਕਈ ਕੇਂਦਰੀ ਮੰਤਰੀਆਂ ਨੇ ਪਾਇਲ ਦੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ।

## ਪਹਿਲੀ ਨੂੰ ਬੀਬੀਆਂ ਦੇ ਫੋਨਾਂ 'ਤੇ ਫਿਰ ਹੋਊ ਟੂੰ-ਟੂੰ : ਮਾਨ

**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਿਲ੍ਹਾ ਸੰਗਰੂਰ ਦੇ ਪਿੰਡ ਬਾਲੀਆਂ ਵਿਖੇ ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਹਿਲੀ ਅਕਤੂਬਰ ਨੂੰ ਔਰਤਾਂ ਦੇ ਮੋਬਾਇਲਾਂ 'ਤੇ ਸਨਮਾਨ ਰਾਸ਼ੀ ਮਿਲਣ ਦਾ ਸੁਨੇਹਾ ਫਿਰ ਸੁਣਾਈ ਦੇਵੇਗਾ। ਉਨ੍ਹਾ ਕਿਹਾ ਕਿ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਦਲਿਤ ਔਰਤਾਂ ਨੂੰ ਵਾਅਦਾ ਕੀਤੇ 1000 ਰੁਪਏ ਦੀ ਬਜਾਏ 1500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ।ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਹੁਣ ਤੱਕ ਕਰੀਬ 71 ਹਜ਼ਾਰ ਸਰਕਾਰੀ ਨੌਕਰੀਆਂ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਹਨ।ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਮੁਫ਼ਤ ਬਿਜਲੀ ਅਤੇ ਕਿਸਾਨਾਂ ਨੂੰ ਨਹਿਰੀ ਸਿੰਚਾਈ ਮੁਹੱਈਆ ਕਰਵਾਉਣ ਲਈ ਵੱਡੇ ਪੱਧਰ 'ਤੇ ਕੰਮ ਕੀਤਾ ਗਿਆ ਹੈ।ਉਨ੍ਹਾ ਦਾਅਵਾ ਕੀਤਾ ਕਿ ਕਰੀਬ 14 ਹਜ਼ਾਰ ਕਿਲੋਮੀਟਰ ਪਾਈਪ ਲਾਈਨਾਂ ਵਿਛਾਈਆਂ ਗਈਆਂ ਹਨ ਅਤੇ ਕਈ ਖੇਤਰਾਂ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਸੁਧਾਰ ਹੋਇਆ ਹੈ।ਮਾਨ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਹੋਇਆ ਹੈ ਅਤੇ 2026 ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਪਾਸ ਕੀਤੀ। ਉਨ੍ਹਾ ਕਿਹਾ ਕਿ ਸਰਕਾਰ ਸਿੱਖਿਆ, ਰੁਜ਼ਗਾਰ, ਸਿਹਤ, ਸਿੰਚਾਈ, ਬਿਜਲੀ, ਸੜਕਾਂ ਅਤੇ ਖੇਡਾਂ ਦੇ ਖੇਤਰਾਂ 'ਤੇ ਧਿਆਨ ਕੇਂਦਰਤ ਕਰ ਰਹੀ ਹੈ।ਮੁੱਖ ਮੰਤਰੀ ਵੱਲੋਂ ਆਪਣੇ ਹਲਕੇ ਧੂਰੀ ਵਿਖੇ ਘਰ-ਘਰ ਜਾ ਕੇ ਚੋਣ ਮੁਹਿੰਮ ਦਾ ਆ ਗ ਾ ਜ਼



• ਬਾਕੀ ਸਫਾ 2 'ਤੇ

## ਨਿਹੰਗਾਂ ਦੇ ਧਰਨੇ ਦੌਰਾਨ ਐੱਸ ਐੱਚ ਓ ਬੀਬੀ ਨਾਲ ਬਦਸਲੂਕੀ

**ਅੰਮ੍ਰਿਤਸਰ (ਨ ਜ਼ ਸ)**-ਝਬਾਲ ਰੋਡ 'ਤੇ ਧਰਨੇ ਦੌਰਾਨ ਦੋ ਨਿਹੰਗ ਧੜਿਆਂ ਵਿਚਾਲੇ ਹਿੰਸਕ ਝੜਪ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਕਾਰਵਾਈ ਤੋਂ ਅਸਹਿਮਤ ਹੋ ਕੇ ਧਰਨੇ 'ਤੇ ਬੈਠੇ ਨਿਹੰਗ ਸਿੰਘਾਂ ਨੇ ਇੱਕ ਹੋਰ ਨਿਹੰਗ ਨੂੰ ਰੇਕੀ (ਜਾਸੂਸੀ) ਕਰਨ ਦੇ ਸ਼ੱਕ 'ਚ ਘੇਰ ਲਿਆ ਅਤੇ ਉਸ ਦੀ ਡੰਡਿਆਂ ਤੇ ਥੱਪੜਾਂ ਨਾਲ ਕੁੱਟਮਾਰ ਕੀਤੀ। ਵਾਰਦਾਤ ਦੀ ਇਤਲਾਹ ਮਿਲਦਿਆਂ ਹੀ ਮੌਕੇ 'ਤੇ ਪਹੁੰਚੀ ਥਾਣਾ ਗੇਟ ਹਕੀਮਾ ਦੀ ਲੇਡੀ ਐੱਸ.ਐੱਚ.ਓ. ਮਨਜੀਤ ਕੌਰ ਨਾਲ ਵੀ ਪ੍ਰਦਰਸ਼ਨਕਾਰੀਆਂ ਵੱਲੋਂ ਬਦਸਲੂਕੀ ਅਤੇ ਧੱਕਾਮੁੱਕੀ ਕੀਤੀ ਗਈ। ਪ੍ਰਾਪਤ ਵੇਰਵੇ ਅਨੁਸਾਰ ਝਬਾਲ ਰੋਡ 'ਤੇ ਜਥੇਦਾਰ ਬਾਬਾ ਦਰਸ਼ਨ ਸਿੰਘ ਦੇ ਸਮਰਥਕ ਨਿਹੰਗ ਸਿੰਘ ਧਰਨੇ 'ਤੇ ਬੈਠੇ ਸਨ। ਉਨ੍ਹਾਂ ਦਾ ਦੋਸ਼ ਸੀ ਕਿ ਇੱਕ ਦਿਨ ਪਹਿਲਾਂ ਵਿਰੋਧੀ ਮੇਜਰ ਸਿੰਘ ਪੇਟੇਵਾੜ (ਭਿੰਡਵਾੜ) ਧੜੇ ਦੇ ਵਿਅਕਤੀਆਂ ਨੇ ਉਨ੍ਹਾਂ ਦੇ ਘਰ ਅੱਗੇ ਗੋਲੀਆਂ ਚਲਾਈਆਂ ਸਨ, ਪਰ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ। ਧਰਨੇ ਦੌਰਾਨ ਜਦੋਂ ਇੱਕ ਮੋਟਰਸਾਈਕਲ ਸਵਾਰ ਨਿਹੰਗ ਉੱਥੋਂ ਲੰਘਿਆ ਤਾਂ ਧਰਨਾਕਾਰੀਆਂ ਨੇ ਉਸ 'ਤੇ ਵਿਰੋਧੀ ਧੜੇ ਲਈ ਰੇਕੀ ਕਰਨ ਦਾ ਸ਼ੱਕ ਜਤਾਉਂਦਿਆਂ ਉਸ ਨੂੰ ਘੇਰ ਲਿਆ। ਬਹਿਸਬਾਜ਼ੀ ਤੋਂ ਬਾਅਦ ਉਸ ਦੀ ਕੁੱਟਮਾਰ ਕੀਤੀ ਗਈ, ਜਿਸ ਵਿੱਚ ਉਸ ਦੇ ਹੱਥ-ਪੈਰ 'ਤੇ ਸੱਟਾਂ ਲੱਗੀਆਂ ਅਤੇ ਹੰਗਾਮੇ ਦੌਰਾਨ ਉਸ ਦਾ ਦੁਮਾਲਾ ਵੀ ਉੱਤਰ ਗਿਆ। ਐੱਸ.ਐੱਚ.ਓ. ਮਨਜੀਤ ਕੌਰ ਪੁਲਸ ਟੀਮ ਨਾਲ ਮੌਕੇ 'ਤੇ ਪੁੱਜੇ। ਦੋਸ਼ ਹੈ ਕਿ ਇਸ ਦੌਰਾਨ ਕੁਝ ਲੋਕਾਂ ਨੇ ਲੇਡੀ ਐੱਸ.ਐੱਚ.ਓ. ਨਾਲ ਬਦਸਲੂਕੀ ਕੀਤੀ। ਇਸ ਦੇ ਬਾਵਜੂਦ ਪੁਲਸ ਟੀਮ ਨੇ ਮੁਸਤੈਦੀ ਦਿਖਾਉਂਦਿਆਂ ਜ਼ਖ਼ਮੀ ਨਿਹੰਗ ਨੂੰ ਭੀੜ 'ਚੋਂ ਸੁਰੱਖਿਅਤ ਕੱਢਿਆ ਅਤੇ ਆਪਣੀ ਗੱਡੀ 'ਚ ਬਿਠਾ ਕੇ ਥਾਣੇ ਲੈ ਗਈ।



## ਕਾਰਨੀ ਨੇ ਟਰੰਪ ਦੀ ਨਕਲ ਕਰਕੇ ਹੱਸ-ਹੱਸ ਦੂਹਰੇ ਕੀਤੇ ਲੋਕ

**ਓਟਾਵਾ :** ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਓਟਾਵਾ ਵਿੱਚ ਇੱਕ ਜਨਤਕ ਭਾਸ਼ਣ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਮਜ਼ਾਕ ਉਡਾਇਆ। ਉਨ੍ਹਾ ਅਮਰੀਕੀ ਨੇਤਾ ਦੇ ਦਸਤਖਤ ਵਾਲੇ 'ਐਕਾਰਡੀਅਨ ਹੈਂਡਸ' ਇਸ਼ਾਰੇ ਦੀ ਨਕਲ ਕੀਤੀ, ਜਿਸ 'ਤੇ ਭੀੜ ਵੱਲੋਂ ਤਾੜੀਆਂ ਦੀ ਗੂੰਜ ਸੁਣਾਈ ਦਿੱਤੀ। ਇਹ ਹਲਕਾ-ਫੁਲਕਾ ਪਲ ਉਦੋਂ ਆਇਆ, ਜਦੋਂ 61 ਸਾਲਾ ਪ੍ਰਧਾਨ ਮੰਤਰੀ ਨੇ 70 ਬਿਲੀਅਨ ਕੈਨੇਡੀਅਨ ਡਾਲਰ ਦੇ ਇੱਕ ਵੱਡੇ ਸਾਫ਼-ਊਰਜਾ ਪੈਕੇਜ 'ਤੇ ਚਰਚਾ ਕੀਤੀ, ਜਿਸ ਨੂੰ ਉਸ ਨੇ '18 ਹੂਵਰ ਡੈਮਾਂ ਦੇ ਕਾਰਜਸ਼ੀਲ ਬਰਾਬਰ' ਕਿਹਾ। '18 ਹੂਵਰ ਡੈਮਾਂ' ਨੂੰ ਦੁਹਰਾਉਂਦੇ ਹੋਏ ਕਾਰਨੀ ਨੇ ਆਪਣੇ ਹੱਥਾਂ ਨੂੰ ਨਾਟਕੀ ਢੰਗ ਨਾਲ ਅੰਦਰ ਅਤੇ ਬਾਹਰ ਹਿਲਾਇਆ ਤੇ 80 ਸਾਲਾ ਅਮਰੀਕੀ ਰਾਸ਼ਟਰਪਤੀ ਦੀ ਨਕਲ ਕੀਤੀ। ਟਰੰਪ ਅਕਸਰ ਅਜਿਹਾ ਕਰਦੇ ਹਨ। ਹਾਸੇ ਅਤੇ ਤਾੜੀਆਂ ਦੀ ਗੂੰਜ ਰੁਕਣ ਤੋਂ ਬਾਅਦ ਕਾਰਨੀ ਮੁਸਕਰਾਇਆ ਤੇ ਕਿਹਾ ਬਹੁਤ ਹੋ ਗਿਆ। ਇਹ ਭਾਸ਼ਣ ਓਟਾਵਾ ਅਤੇ ਵਾਸ਼ਿੰਗਟਨ ਵਿਚਕਾਰ ਤਲਖੀ ਦੀ ਪਿੱਠਭੂਮੀ ਵਿੱਚ ਹੋਇਆ, ਜਿਸ ਵਿੱਚ ਅਗਸਤ ਵਿੱਚ ਵਪਾਰਕ ਗੱਲਬਾਤ ਟੁੱਟ ਗਈ ਸੀ। ਕਾਰਨੀ ਨੇ ਕਿਹਾ ਕਿ ਵਾਸ਼ਿੰਗਟਨ ਨੇ ਵਿਸ਼ਵ ਪੱਧਰ 'ਤੇ ਵਪਾਰ ਸਮਝੌਤਿਆਂ 'ਤੇ ਗੱਲਬਾਤ ਕਰਨ ਲਈ ਕੈਨੇਡਾ ਦੀ ਆਜ਼ਾਦੀ ਨੂੰ ਸੀਮਤ ਕਰਨ ਦੀ ਕੋਸ਼ਿਸ਼ ਕੀਤੀ, ਜਿਸ ਵਿਚ ਉਹ ਸਫਲ ਨਹੀਂ ਹੋ ਸਕਿਆ।



## ਹਾਈ ਕੋਰਟ ਨੇ 4 ਅਧਿਕਾਰੀਆਂ ਦੀਆਂ ਤਨਖ਼ਾਹਾਂ 'ਤੇ ਲਾਈ ਰੋਕ

**ਚੰਡੀਗੜ੍ਹ :** ਇੱਕ 80 ਸਾਲ ਤੋਂ ਵੱਧ ਉਮਰ ਦੇ ਬਜ਼ੁਰਗ ਨੂੰ ਉਸ ਦੇ ਹੱਕੀ ਬਕਾਏ ਲੈਣ ਲਈ ਦਰ-ਦਰ ਭਟਕਣ ਲਈ ਮਜ਼ਬੂਰ ਕਰਨ 'ਤੇ ਪੰਜਾਬ ਸਰਕਾਰ ਨੂੰ ਤਾੜਨਾ ਕਰਦਿਆਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਨਿਰਦੇਸ਼ ਦਿੱਤੇ ਹਨ ਕਿ ਚਾਰ ਸਰਕਾਰੀ ਅਤੇ ਬੈਂਕ ਅਧਿਕਾਰੀ ਅਦਾਲਤ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਆਪਣੀਆਂ ਤਨਖ਼ਾਹਾਂ ਨਹੀਂ ਲੈ ਸਕਣਗੇ। ਜਸਟਿਸ ਕੁਲਦੀਪ ਤਿਵਾੜੀ ਨੇ ਹੁਕਮ ਦਿੱਤਾ ਕਿ ਇਹ ਹੁਕਮ ਉਦੋਂ ਤੱਕ ਲਾਗੂ ਰਹੇਗਾ ਜਦੋਂ ਤੱਕ ਇਹ ਅਧਿਕਾਰੀ ਪਟੀਸ਼ਨਰ ਨੂੰ ਪੈਨਸ਼ਨ ਦੇ ਬਕਾਏ ਦੇ ਭੁਗਤਾਨ ਨਾਲ ਸਬੰਧਤ ਮਾਮਲੇ ਨੂੰ ਹੱਲ ਕਰਨ ਲਈ ਸਾਂਝੇ ਤੌਰ 'ਤੇ ਪ੍ਰਭਾਵਸ਼ਾਲੀ ਕਦਮ ਨਹੀਂ ਚੁੱਕਦੇ। ਇਹ ਨਿਰਦੇਸ਼ ਜਗਦੀਸ਼ ਰਾਜ ਅਰੋੜਾ ਵੱਲੋਂ ਆਪਣੀ ਮ੍ਰਿਤਕ ਪਤਨੀ ਸੁਦਰਸ਼ਨ ਕੁਮਾਰੀ, ਜੋ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਗੁਰਦਾਸਪੁਰ ਵਜੋਂ ਸੇਵਾਮੁਕਤ ਹੋਈ ਸੀ, ਦੇ ਸਬੰਧ ਵਿੱਚ 2007 ਤੋਂ ਬਕਾਇਆ ਪੈਨਸ਼ਨ ਜਾਰੀ ਕਰਨ ਲਈ ਦਾਇਰ ਪਟੀਸ਼ਨ 'ਤੇ ਆਏ ਹਨ। ਪਟੀਸ਼ਨਰ ਵੱਲੋਂ ਪੇਸ਼ ਹੋਏ ਸੀਨੀਅਰ ਐਡਵੋਕੇਟ ਜੀ.ਐੱਸ. ਬਲ ਨੇ ਵਕੀਲ ਲਕਸ਼ਮਣ ਚੌਧਰੀ ਨਾਲ ਦਲੀਲ ਦਿੱਤੀ ਕਿ ਪਟੀਸ਼ਨਰ ਵੱਲੋਂ ਬਕਾਏ ਜਾਰੀ ਕਰਵਾਉਣ ਲਈ ਹਰ ਸੰਭਵ ਅਤੇ ਗੰਭੀਰ ਯਤਨ ਕਰਨ ਦੇ ਬਾਵਜੂਦ ਬਕਾਇਆ ਅਣਵੰਡਿਆ ਪਿਆ ਹੈ। ਬਲ ਨੇ ਅੱਗੇ ਕਿਹਾ ਕਿ ਪੈਨਸ਼ਨ ਵੰਡਣ ਵਾਲੀ ਅਥਾਰਟੀ ਅਤੇ ਵੰਡਣ ਵਾਲੀ ਏਜੰਸੀ ਇੱਕ-ਦੂਜੇ 'ਤੇ ਜ਼ਿੰਮੇਵਾਰੀ ਸੁੱਟ ਰਹੇ ਹਨ, ਜਿਸ ਦੇ ਨਤੀਜੇ ਵਜੋਂ ਅੱਜ ਤੱਕ ਬਕਾਇਆ ਜਾਰੀ ਨਹੀਂ ਕੀਤਾ ਗਿਆ । ਇਸ ਮਾਮਲੇ ਵਿੱਚ ਦਾਇਰ ਜਵਾਬਾਂ ਦਾ ਹਵਾਲਾ ਦਿੰਦਿਆਂ ਜਸਟਿਸ ਤਿਵਾੜੀ ਨੇ ਨੋਟ ਕੀਤਾ ਕਿ ਪਟੀਸ਼ਨਰ ਦਾ ਬਕਾਏ 'ਤੇ ਹੱਕ ਹੋਣ ਬਾਰੇ ਕੋਈ ਵਿਵਾਦ ਨਹੀਂ ਹੈ, ਭਾਵੇਂ ਕਿ ਸਬੰਧਤ ਅਥਾਰਟੀਆਂ ਉਨ੍ਹਾਂ ਨੂੰ ਜਾਰੀ ਕਰਨ ਬਾਰੇ ਵਿਰੋਧੀ ਸਟੈਂਡ ਲੈਂਦੀਆਂ ਆ ਰਹੀਆਂ ਹਨ। ਅਦਾਲਤ ਨੇ ਅੱਗੇ ਨੋਟ ਕੀਤਾ ਕਿ ਡਾਇਰੈਕਟਰ ਐਲੀਮੈਂਟਰੀ ਸਿੱਖਿਆ ਅਤੇ ਗੁਰਦਾਸਪੁਰ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਵੱਲੋਂ ਦਾਇਰ ਜਵਾਬ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਦੇ ਅਕਾਊਂਟੈਂਟ ਜਨਰਲ ਨੇ 24 ਸਤੰਬਰ 2012 ਨੂੰ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਗੁਰਦਾਸਪੁਰ ਨੂੰ ਇੱਕ ਪੱਤਰ ਜਾਰੀ ਕੀਤਾ ਸੀ ਪਰ ਉੱਤਰਦਾਤਾ ਬੈਂਕ ਆਫ਼ ਇੰਡੀਆ ਵੱਲੋਂ ਇਸ ਪੱਤਰ ਨੂੰ ਲਾਗੂ ਨਹੀਂ ਕੀਤਾ ਗਿਆ । ਉਨ੍ਹਾਂ ਦਾ ਖ਼ਾਸ ਸਟੈਂਡ ਸੀ ਕਿ ਪਟੀਸ਼ਨਰ ਦੇ ਦਾਅਵੇ ਦਾ ਨਿਪਟਾਰਾ ਸਿਰਫ਼ ਉੱਤਰਦਾਤਾ ਬੈਂਕ ਵੱਲੋਂ ਹੀ ਕੀਤਾ ਜਾ ਸਕਦਾ ਹੈ। ਦੂਜੇ ਪਾਸੇ, ਬੈਂਕ ਨੇ ਵੱਖਰਾ ਸਟੈਂਡ ਲਿਆ। ਇਸ ਦੇ ਜਵਾਬ ਵਿੱਚ ਕਿਹਾ ਗਿਆ ਕਿ ਜ਼ਿਲ੍ਹਾ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਖੇਤਰ ਧਰਮ ਦੇ ਵਿੱਚ ਜਦ ਪਾਪ ਮਿਲਦਾ,
ਫੈਸਲਾ ਕਰਨਾ ਵੀ ਟਾਲਿਆ ਜਾਏ ਭਾਈ।
ਓਦੋਂ ਤੀਕਰ ਨਹੀਂ ਚੁੱਕਿਆ ਕਦਮ ਜਾਵੇ,
ਵਕਤ ਡੁੱਬਣ ਦਾ ਜਦੋਂ ਤੱਕ ਆਏ ਭਾਈ।
ਪਰਦੇ ਓਹਲੇ ਕਈ ਹੁੰਦੇ ਈ ਫੇਰ ਚਰਚੇ,
ਆਪਣੇ ਮਿੱਤਰ ਬੱਸ ਜਾਣ ਬਚਾਏ ਭਾਈ।
ਝਟਕਾ ਕਰਦਿਆਂ ਫੇਰ ਕੁਝ ਵਿਰਲ ਰੱਖੋ,
ਬਹਾਲ ਮਿੱਤਰ ਫਿਰ ਜਾਣ ਕਰਾਏ ਭਾਈ।
ਧੌਲ ਧਰਮ ਦਾ ਝਟਕਦਾ ਸਿੰਗ ਹੀ ਨਹੀਂ,
ਵਾਪਰੇ ਪਾਪ ਵੀ ਰਿਹਾ ਕਈ ਝੱਲ ਭਾਈ।
ਕਲਜੁੱਗ ਵਿੱਚ ਰਖਵਾਨ ਹੈ ਕੂੜ ਬਣਦਾ,
ਉੱਲੂਆਂ ਕੀਤੀ ਸਭ ਥੱਲ-ਪੁਥੱਲ ਭਾਈ।

-ਤੀਸ ਮਾਰ ਖਾਂ

## ਗੁਜਰਾਤ ਦਾ ਪਿੰਡ ਵਾਡੀਆ, ਜਿਥੇ 7 ਸਾਲ ਦੀ ਉਮਰ 'ਚ ਤੈਅ ਹੁੰਦੇ ਧੀਆਂ ਦੇ ਵਿਆਹ

**ਵਾਡੀਆ :** ਬੱਚਿਆਂ ਦੀ 'ਮੰਗਣੀ' ਜਾਂ ਵੇਸਵਾਗਮਨੀ। ਇਹ ਇਸ 'ਵੇਸਵਾ ਪਿੰਡ' ਵਾਡੀਆ ਵਿੱਚ ਕੁੜੀਆਂ ਲਈ ਇਕ ਸਖ਼ਤ ਵਿਕਲਪ ਹੈ। ਇਹ ਅਪਮਾਨਜਨਕ ਉਪਨਾਮ ਕਿਸੇ ਜ਼ੰਜੀਰਾਂ ਵਾਲੇ ਅਤੀਤ ਵੱਲ ਵਾਪਸੀ ਨਹੀਂ, ਸਗੋਂ ਇੱਕ ਜੀਵਤ ਵਰਤਮਾਨ ਹੈ, ਜਿੱਥੇ ਉਨ੍ਹਾਂ ਦੇ ਵਿਆਹ ਸੱਤ ਸਾਲ ਦੀ ਉਮਰ ਵਿੱਚ ਹੀ ਤੈਅ ਕੀਤੇ ਜਾਂਦੇ ਹਨ, ਤਾਂ ਜੋ ਉਹ ਉਸ ਜਾਲ ਤੋਂ ਬਚ ਸਕਣ, ਜੋ ਉਨ੍ਹਾਂ ਦੀਆਂ ਮਾਵਾਂ ਅਤੇ ਦਾਦੀਆਂ ਨਹੀਂ ਕਰ ਸਕੀਆਂ। ਵਾਡੀਆ ਪਿੰਡ, ਗੁਜਰਾਤ ਦੇ ਭੀੜ-ਭੜੱਕੇ ਵਾਲੇ ਮੁੱਖ ਸ਼ਹਿਰ ਅਹਿਮਦਾਬਾਦ ਤੋਂ 200 ਕਿਲੋਮੀਟਰ ਦੂਰ ਅਤੇ ਲਿੰਗ ਸਮਾਨਤਾ ਦੇ ਅਭਿਲਾਸ਼ੀ ਭਾਰਤ ਤੋਂ ਦੂਰ ਇੱਕ ਦੁਨੀਆ, ਉਹ ਥਾਂ ਹੈ, ਜਿੱਥੇ ਔਰਤਾਂ ਇਤਿਹਾਸ ਦੁਆਰਾ ਉਨ੍ਹਾਂ 'ਤੇ ਥੋਪੀਆਂ ਗਈਆਂ ਭੂਮਿਕਾਵਾਂ ਤੋਂ ਮੁਕਤ ਹੋਣ ਲਈ ਸੰਘਰਸ਼ ਕਰ ਰਹੀਆਂ ਹਨ।



ਪੀੜ੍ਹੀਆਂ ਤੋਂ ਰਵਾਇਤੀ ਤੌਰ 'ਤੇ ਖਾਨਾਬਦੋਸ਼ ਕਬੀਲੇ ਦੇ ਇਸ ਪਿੰਡ ਵਿੱਚ ਔਰਤਾਂ ਨੂੰ ਸੈਕਸ ਵਪਾਰ ਲਈ ਮਜਬੂਰ ਕੀਤਾ ਜਾਂਦਾ ਰਿਹਾ ਹੈ, ਜਦੋਂ ਕਿ ਮਰਦ ਉਨ੍ਹਾਂ ਦੇ ਏਜੰਟ ਵਜੋਂ ਕੰਮ ਕਰਦੇ ਸਨ। ਇਹ ਅੱਜ ਵੀ ਜਾਰੀ ਹੈ। ਬਨਾਸਕਾਂਠਾ ਜ਼ਿਲ੍ਹੇ ਦੇ 750 ਲੋਕਾਂ ਵਾਲੇ ਪਿੰਡ ਦੇ ਮਰਦ ਹਰ ਸਵੇਰੇ ਪਾਲਨਪੁਰ ਥਾਰਡ ਹਾਈਵੇ ਵੱਲ ਜਾਂਦੇ ਹਨ। ਉਹ ਹਾਈਵੇ 'ਤੇ ਕੰਮ ਦੀ ਭਾਲ ਵਿੱਚ ਨਹੀਂ, ਸਗੋਂ ਟਰੱਕ ਡਰਾਈਵਰਾਂ, ਰਾਹਗੀਰਾਂ, ਗੁਆਂਢੀ ਪਿੰਡਾਂ ਅਤੇ ਸ਼ਹਿਰਾਂ ਵਿਚੋਂ ਆਪਣੇ ਪਿੰਡ ਦੀਆਂ ਔਰਤਾਂ ਲਈ ਗਾਹਕ ਲੱਭਣ ਲਈ ਜਾਂਦੇ ਹਨ।

ਇਸ ਲਈ ਜਦੋਂ ਕਿ ਭਾਰਤ ਵਿੱਚ ਬਾਲ ਵਿਆਹਾਂ 'ਤੇ ਪਾਬੰਦੀ ਹੈ, ਵਾਡੀਆ ਅਜੇ ਵੀ ਸਮੇਂ ਦੇ ਚੱਕਰ ਵਿੱਚ ਹੈ, ਪ੍ਰਭਾਵ ਵਰਤਮਾਨ 'ਤੇ ਚਿਪਕਿਆ ਹੋਇਆ ਹੈ। ਆਪਣੀਆਂ ਧੀਆਂ ਦੀ ਮੰਗਣੀ ਨੂੰ ਇੱਕ ਢਾਲ ਵਜੋਂ ਦੇਖਿਆ ਜਾਂਦਾ ਹੈ, ਪਿੰਡ ਤੋਂ ਬਾਹਰ ਵਿਆਹ ਕਰਨ ਦਾ ਮੌਕਾ, ਉਨ੍ਹਾਂ ਨੂੰ ਸੈਕਸ ਵਰਕਰ ਵਜੋਂ ਮਜਬੂਰ ਕਰਨ ਤੋਂ ਪਹਿਲਾਂ। ਵਾਡੀਆ, ਜਿਸ ਦੀ ਆਬਾਦੀ ਲਗਭਗ 750 ਹੈ, ਦੀਆਂ ਧੀਆਂ ਨੂੰ ਦੇਹ ਵਪਾਰ ਤੋਂ ਦੂਰ ਰੱਖਣ ਦਾ ਇੱਕੋ-ਇੱਕ ਤਰੀਕਾ ਹੈ ਬਾਲ ਵਿਆਹ।

## 47 ਕਿਲੋ ਹੈਰੋਇਨ ਤੇ ਅਸਲੇ ਸਮੇਤ 4 ਗ੍ਰਿਫ਼ਤਾਰ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਅਲਿਗਜੈਂਡਰ ਡਿਸੂਜਾ)**

ਫਰੀਦਕੋਟ ਪੁਲਸ ਨੇ ਸਰਹੱਦ ਪਾਰਲੇ ਹੈਰੋਇਨ ਤਸਕਰੀ ਨੈੱਟਵਰਕ ਦੇ ਚਾਰ ਕਾਰਕੁਨਾਂ ਨੂੰ 47.3 ਕਿਲੋਗ੍ਰਾਮ ਹੈਰੋਇਨ, ਤਿੰਨ .30 ਬੋਰ ਪਿਸਤੌਲਾਂ ਸਮੇਤ ਤਿੰਨ ਮੈਗਜ਼ੀਨ ਅਤੇ 15 ਜ਼ਿੰਦਾ ਕਾਰਤੂਸਾਂ ਨਾਲ ਗਿਫਤਾਰ ਕੀਤਾ ਹੈ । ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਐਤਵਾਰ ਨੂੰ ਇੱਥੇ ਦਿੱਤੀ । ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਕੁਸ਼ ਵਾਸੀ ਘੁਬਾਇਆ (ਫਿਰੋਜ਼ਪੁਰ), ਮੰਗਲ ਸਿੰਘ ਵਾਸੀ ਪੰਜੇ ਕੇ ਉਤਾਰ (ਫਿਰੋਜ਼ਪੁਰ), ਸਚਿਨ ਉਰਫ ਸੰਜੂ ਵਾਸੀ ਪਰਭਾਤ ਸਿੰਘ ਵਾਲਾ (ਫਿਰੋਜ਼ਪੁਰ) ਅਤੇ ਅਨਮੋਲ ਸਿੰਘ ਵਾਸੀ ਲਾਮੋਚਰ ਖੁਰਦ (ਫਿਰੋਜ਼ਪੁਰ) ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਤਸਕਰੀ ਲਈ ਵਰਤੀਆਂ ਜਾਂਦੀਆਂ ਉਨ੍ਹਾਂ ਦੀਆਂ ਦੋ ਕਾਰਾਂ ਇੱਕ ਹੌਂਡਾ ਸਿਟੀ ਅਤੇ ਇੱਕ ਹੁੰਡਈ ਔਰਾ ਨੂੰ ਵੀ ਜ਼ਬਤ ਕਰ ਲਿਆ ਹੈ।

ਡੀ ਜੀ ਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰੋਂ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਇੱਕ ਨੈੱਟਵਰਕ ਨਾਲ ਜੁੜੇ ਹੋਏ ਹਨ। ਉਨ੍ਹਾ ਕਿਹਾ ਕਿ ਇਸ ਵਿਸ਼ਾਲ ਨੈੱਟਵਰਕ ਦਾ ਪਰਦਾ ਫਾਸ਼ ਕਰਨ ਅਤੇ ਇਸ ਦੇ ਅਗਲੇ-ਪਿਛਲੇ ਸੰਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਸੀਨੀਅਰ ਸੁਪਰਡੈਂਟ ਆਫ਼ ਪੁਲਸ (ਐੱਸ ਐੱਸ ਪੀ) ਗੁਰਬੰਸ ਸਿੰਘ ਬੈਂਸ ਨੇ ਕਿਹਾ ਕਿ ਨੇੜਲੇ ਭਵਿੱਖ 'ਚ ਆਉਣ ਵਾਲੇ ਬਾਬਾ ਫਰੀਦ ਆਗਮਨ ਪੁਰਬ ਦੇ ਮੱਦੇਨਜ਼ਰ ਕੀਤੀ ਗਈ ਵਿਸ਼ੇਸ਼ ਨਾਕਾਬੰਦੀ ਦੌਰਾਨ ਸੀ ਆਈ ਏ ਫਰੀਦਕੋਟ ਦੀ ਟੀਮ ਨੇ ਸ਼ਨੀਵਾਰ ਅਤੇ ਐਤਵਾਰ ਦੀ ਦਰਮਿਆਨੀ ਰਾਤ ਨੂੰ ਇੱਕ ਹੌਂਡਾ ਸਿਟੀ ਕਾਰ ਨੂੰ ਰੋਕਿਆ ਅਤੇ ਚਾਰਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ, ਜਿਨ੍ਹਾਂ ਕੋਲੋਂ ਉਕਤ ਬਰਾਮਦਗੀ ਹੋਈ ਹੈ।

## ਸ੍ਰੀ ਭੈਣੀ ਸਾਹਿਬ ਵਿਖੇ ਸਾਲਾਨਾ ਨਾਮ ਸਿਮਰਨ ਜਪ ਪ੍ਰਯੋਗ ਸ਼ੁਰੂ



**ਸਮਰਾਲਾ (ਸੁਰਜੀਤ ਸਿੰਘ)**-ਦੇਸ਼ ਦੀ ਆਜ਼ਾਦੀ ਦੇ ਮੋਢੀ ਸਤਿਗੁਰੂ ਰਾਮ ਸਿੰਘ ਜੀ ਤਪ ਭੂਮੀ ਗੁਰਦਵਾਰਾ ਸ੍ਰੀ ਭੈਣੀ ਸਾਹਿਬ ਵਿਖੇ ਨਾਮਧਾਰੀ ਮੁਖੀ ਸ੍ਰੀ ਸਤਿਗੁਰੂ ਉਦੇ ਸਿੰਘ ਜੀ ਦੀ ਹਜ਼ੂਰੀ ਵਿੱਚ ਇੱਕ ਮਹੀਨਾ ਚੱਲਣ ਵਾਲੇ ਸਾਲਾਨਾ ਨਾਮ ਸਿਮਰਨ ਜੱਪ ਪ੍ਰਯੋਗ ਅੱਸੂ ਦਾ ਮੇਲਾ ਸ਼ੁਰੂ ਹੋ ਗਿਆ ਹੈ, ਜਿਸ ਵਿੱਚ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਭਾਗ ਲੈ ਰਹੀਆਂ ਹਨ।ਜੱਪ ਪ੍ਰਯੋਗ ਦੀ ਅਰਦਾਸ ਤੜਕੇ ਤਿੰਨ ਵਜੇ ਹੋਈ, ਉਪਰੰਤ ਹਜ਼ੂਰੀ ਰਾਗੀ ਜਥੇ ਨੇ ਆਸਾ ਜੀ ਦੀ ਵਾਰ ਦਾ ਕੀਰਤਨ ਕੀਤਾ।ਇਹ ਜਾਣਕਾਰੀ ਦਿੰਦਿਆਂ ਨਾਮਧਾਰੀ ਦਰਬਾਰ ਦੇ ਪ੍ਰਧਾਨ ਸੂਬਾ ਬਲਵਿੰਦਰ ਸਿੰਘ ਡੱਲ ਨੇ ਦੱਸਿਆ ਕਿ ਵਿਸ਼ਵ ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਮੌਜੂਦਾ ਨਾਮਧਾਰੀ ਗੱਦੀ ਨਸ਼ੀਨ ਸਤਿਗੁਰੂ ਉਦੇ ਸਿੰਘ ਜੀ ਦੀ ਹਜ਼ੂਰੀ ਵਿੱਚ ਮਹੀਨਾ ਭਰ ਚੱਲਣ ਵਾਲਾ ਇਹ ਜੱਪ ਪ੍ਰਯੋਗ ਆਰੰਭ ਹੋਇਆ, ਜਿਸ ਵਿੱਚ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਤਰ ਹੋ ਕੇ ਸੰਗਤਾਂ ਤੜਕੇ 3 ਵਜੇ ਤੋਂ 6 ਵਜੇ ਤੱਕ ਅਤੇ ਦੁਪਹਿਰ 12 ਵਜੇ ਤੋਂ ਸ਼ਾਮ 3.30 ਵਜੇ ਤੱਕ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਬਖਸ਼ਿਆ ਨਾਮ ਸਿਮਰਨ ਕਰਦੀਆਂ ਹਨ।ਨਾਮਧਾਰੀ ਸੂਬਾ ਨੇ ਦੱਸਿਆ ਕਿ ਸਤਿਗੁਰੂ ਉਦੇ ਸਿੰਘ ਜੀ ਦੀ ਕਿਰਪਾ ਸਦਕਾ ਕੈਨੇਡਾ, ਅਮਰੀਕਾ, ਆਸਟ੍ਰੇਲੀਆ, ਇੰਗਲੈਂਡ ਤੇ ਥਾਈਲੈਂਡ ਤੋਂ ਇਲਾਵਾ ਭਾਰਤ ਦੇ ਵੱਖ ਵੱਖ ਹਿੱਸਿਆਂ ਦੇ ਸ਼ਹਿਰਾਂ ਤੇ ਪਿੰਡਾਂ ਵਿੱਚ ਵੀ ਨਾਮਧਾਰੀ ਸੰਗਤਾਂ ਵੱਲੋਂ ਜੱਪ ਪ੍ਰਯੋਗ ਕੀਤਾ ਜਾ ਰਿਹਾ ਹੈ, ਜਿਸ ਦੀ ਸਮਾਪਤੀ 18 ਅਕਤੂਬਰ ਨੂੰ ਹੋਵੇਗੀ।ਇਸ ਮੌਕੇ ਪ੍ਰਮਨੀਕ ਮਾਤਾ ਗੁਰਸ਼ਰਨ ਕੌਰ, ਸੰਤ ਜਗਤਾਰ ਸਿੰਘ, ਸੇਵਕ ਕਰਤਾਰ ਸਿੰਘ, ਸੇਵਕ ਆਸਾ ਸਿੰਘ ਮਾਨ ਤੇ ਪ੍ਰੈੱਸ ਸਕੱਤਰ ਲਖਵੀਰ ਸਿੰਘ ਬੱਦੋਵਾਲ ਮੌਜੂਦ ਸਨ।

## 57ਵੇਂ ਬਾਬਾ ਫਰੀਦ ਆਗਮਨ ਪੁਰਬ 'ਤੇ ਸਾਲਾਨਾ ਅਵਾਰਡਾਂ ਦਾ ਐਲਾਨ

### ਭਾਈ ਜਸਵਿੰਦਰ ਸਿੰਘ ਖਾਲਸਾ ਤੇ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ ਹੋਣਗੇ ਸਨਮਾਨਤ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਬਾ ਫਰੀਦ ਆਗਮਨ ਪੁਰਬ ਮੌਕੇ ਦਿੱਤੇ ਜਾਣ ਵਾਲੇ ਵੱਕਾਰੀ ਅਵਾਰਡਾਂ ਦਾ ਐਲਾਨ ਕਰ ਦਿੱਤਾ ਗਿਆ ਹੈ।ਬਾਬਾ ਫਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ ਦੇ ਮੁਖੀ ਸ. ਸਿਮਰਜੀਤ ਸਿੰਘ ਸੇਖੋਂ ਨੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਇਹ ਜਾਣਕਾਰੀ ਸਾਂਝੀ ਕੀਤੀ। ਇਸ ਸਾਲ ਦਾ 'ਬਾਬਾ ਫਰੀਦ ਅਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ' ਪ੍ਰਮੁੱਖ ਸਮਾਜ ਸੇਵੀ ਸ. ਜਸਵਿੰਦਰ ਸਿੰਘ ਖਾਲਸਾ ਨੂੰ ਦੇਣ ਦਾ ਫੈਸਲਾ ਕੀਤਾ ਗਿਆ ਹੈ।ਉਨ੍ਹਾਂ ਦੇ 'ਐਜੂਕੇਟ ਪੰਜਾਬ ਪ੍ਰੋਜੈਕਟ' ਤੇ ਗਰੀਬ ਤੇ ਵੰਚਿਤ ਬੱਚਿਆਂ ਨੂੰ ਮੁਫ਼ਤ ਸਿੱਖਿਆ, ਆਤਮ-ਵਿਸ਼ਵਾਸ ਤੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੀਆਂ ਨਿਸ਼ਕਾਮ ਸੇਵਾਵਾਂ ਨੂੰ ਮੁੱਖ ਰੱਖਦਿਆਂ ਇਹ ਸਨਮਾਨ ਦਿੱਤਾ ਜਾ ਰਿਹਾ ਹੈ।ਦੂਜੇ ਪਾਸੇ, 'ਸ. ਇੰਦਰਜੀਤ ਸਿੰਘ ਖਾਲਸਾ ਯਾਦਗਾਰੀ ਅਵਾਰਡ' ਲਈ 'ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ' ਦੀ ਚੋਣ ਕੀਤੀ ਗਈ ਹੈ।ਇਹ ਸੰਸਥਾ ਪਿਛਲੇ 25 ਸਾਲਾਂ ਤੋਂ ਅੱਖਾਂ ਦਾ ਚੈਰੀਟੇਬਲ ਹਸਪਤਾਲ ਚਲਾ ਰਹੀ ਹੈ, ਜਿੱਥੇ ਰੋਜ਼ਾਨਾ 350-400 ਮਰੀਜ਼ਾਂ ਦੀ ਜਾਂਚ ਹੁੰਦੀ ਹੈ।ਸਾਲ 2025-26 ਦੌਰਾਨ 79,010 ਮਰੀਜ਼ਾਂ ਦੀ ਜਾਂਚ ਕੀਤੀ ਗਈ।ਇਸ ਤੋਂ ਇਲਾਵਾ ਸੰਸਥਾ ਮਰੀਜ਼ਾਂ ਦੇ ਵਾਰਿਸਾਂ ਲਈ ਮੁਫ਼ਤ ਲੰਗਰ, ਰਹਿਣ ਦਾ ਪ੍ਰਬੰਧ, ਖ਼ੂਨਦਾਨ, ਬਵਾਸੀਰ, ਹੋਮਿਓਪੈਥੀ ਤੇ ਫਿਜ਼ੀਓਥੈਰੇਪੀ ਵਰਗੇ ਕੈਂਪ ਵੀ ਲਗਾਉਂਦੀ ਹੈ।ਇਹ ਅਵਾਰਡ ਆਗਮਨ ਪੁਰਬ ਦੇ ਅੰਤਿਮ ਦਿਨ 23 ਸਤੰਬਰ ਨੂੰ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਨਗਰ ਕੀਰਤਨ ਪਹੁੰਚਣ ਉਪਰੰਤ ਸਜਾਏ ਜਾਣ ਵਾਲੇ ਧਾਰਮਿਕ ਦੀਵਾਨਾਂ ਵਿੱਚ ਸੰਗਤਾਂ ਦੀ ਹਾਜ਼ਰੀ ਵਿੱਚ ਦਿੱਤੇ ਜਾਣਗੇ।ਇਸ ਮੌਕੇ ਚਰਨਜੀਤ ਸਿੰਘ ਸੇਖੋਂ, ਸੁਰਿੰਦਰ ਸਿੰਘ ਰੋਮਾਣਾ, ਡਾ. ਗੁਰਇੰਦਰ ਮੋਹਨ ਸਿੰਘ, ਦੀਪਇੰਦਰ ਸਿੰਘ ਸੇਖੋਂ, ਕੁਲਜੀਤ ਸਿੰਘ ਮੌਂਗੀਆਂ, ਗੁਰਜਾਪ ਸਿੰਘ ਸੇਖੋਂ ਤੇ ਨਰਿੰਦਰ ਪਾਲ ਸਿੰਘ ਬਰਾੜ ਸ਼ਾਮਲ ਸਨ।

## ਮਾਸਟਰ ਮਲਕੀਅਤ ਸਿੰਘ ਦੀ ਯਾਦ 'ਚ ਪ੍ਰਾਇਮਰੀ ਸਕੂਲ ਨੂੰ ਇਨਵਰਟਰ ਭੇਟ



**ਜਗਰਾਉਂ (ਅਮਿਤ ਖੰਨਾ)**-ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਗਾਲਿਬ ਕਲਾਂ ਵਿਖੇ ਵਿਦਿਆਰਥੀਆਂ ਨੂੰ ਬਿਹਤਰ ਤੇ ਆਧੁਨਿਕ ਸਿੱਖਿਆ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸਵ. ਮਾਸਟਰ ਮਲਕੀਅਤ ਸਿੰਘ ਦੇ ਪਰਵਾਰ ਵੱਲੋਂ ਮਾਸਟਰ ਵਰਿਆਮ ਸਿੰਘ ਦੇ ਸਹਿਯੋਗ ਸਦਕਾ, 61,000 ਦੀ ਲਾਗਤ ਵਾਲਾ ਇਨਵਰਟਰ ਸਕੂਲ ਨੂੰ ਭੇਟ ਕੀਤਾ ਗਿਆ।ਇਹ ਉਪਰਾਲਾ ਸਵ. ਮਾਸਟਰ ਮਲਕੀਅਤ ਸਿੰਘ ਦੀ ਯਾਦ ਨੂੰ ਸਮਰਪਤ ਕਰਦਿਆਂ ਸਿੱਖਿਆ ਦੇ ਖੇਤਰ ਵਿੱਚ ਆਪਣਾ ਯੋਗਦਾਨ ਪਾਉਣ ਦੀ ਭਾਵਨਾ ਨਾਲ ਕੀਤਾ ਗਿਆ।ਸਕੂਲ ਵੱਲੋਂ ਦਾਨੀ ਪਰਵਾਰ ਦੇ ਇਸ ਉਪਰਾਲੇ ਨੂੰ ਵਿਦਿਆਰਥੀਆਂ ਦੇ ਭਵਿੱਖ ਲਈ ਇੱਕ ਮਹੱਤਵਪੂਰਨ ਤੇ ਸਾਰਥਕ ਯੋਗਦਾਨ ਕਰਾਰ ਦਿੱਤਾ ਗਿਆ।ਇਸ ਮੌਕੇ ਮਾਸਟਰ ਵਰਿਆਮ ਸਿੰਘ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਨੂੰ ਆਧੁਨਿਕ ਸਿੱਖਿਆ ਸਹੂਲਤਾਂ ਮੁਹੱਈਆ ਕਰਵਾਉਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਸਵ. ਮਾਸਟਰ ਮਲਕੀਅਤ ਸਿੰਘ ਹਮੇਸ਼ਾ ਸਿੱਖਿਆ ਤੇ ਸਮਾਜ ਸੇਵਾ ਨੂੰ ਵਿਸ਼ੇਸ਼ ਮਹੱਤਵ ਦਿੰਦੇ ਸਨ, ਇਸ ਲਈ ਉਨ੍ਹਾਂ ਦੀ ਯਾਦ ਵਿੱਚ ਉਨ੍ਹਾਂ ਦੇ ਪਰਵਾਰ ਵੱਲੋਂ ਸਕੂਲ ਨੂੰ ਇਨਵਰਟਰ ਭੇਟ ਕਰਨਾ ਇੱਕ ਸਾਰਥਕ ਉਪਰਾਲਾ ਹੈ।ਉਨ੍ਹਾਂ ਹੋਰਨਾਂ ਸਮਾਜ ਸੇਵੀ ਤੇ ਦਾਨੀ ਸੱਜਣਾਂ ਨੂੰ ਵੀ ਸਰਕਾਰੀ ਸਕੂਲਾਂ ਦੀਆਂ ਲੋੜਾਂ ਨੂੰ ਸਮਝਦਿਆਂ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਸਕੂਲ ਦੇ ਸੈਂਟਰ ਹੈੱਡ ਟੀਚਰ ਨੇ ਦਾਨੀ ਪਰਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਦੀ ਲੋੜ ਨੂੰ ਮੁੱਖ ਰੱਖਦਿਆਂ ਪਰਵਾਰ ਵੱਲੋਂ ਦਿੱਤਾ ਗਿਆ ਇਹ ਯੋਗਦਾਨ ਸਿੱਖਿਆ ਪ੍ਰਤੀ ਸਮਰਪਣ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਦਾ ਪ੍ਰਤੀਕ ਹੈ।ਇਸ ਮੌਕੇ ਸਵ. ਮਾਸਟਰ ਮਲਕੀਅਤ ਸਿੰਘ ਦੇ ਸਪੁੱਤਰ ਸ. ਭਵਜੀਤ ਸਿੰਘ ਕੈਨੇਡਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## 2027 'ਚ ਕਾਂਗਰਸ ਦੀ ਸਰਕਾਰ ਬਣਨਾ ਤੈਅ : ਰਾਜਿੰਦਰ ਸਿੰਘ

### ਸਮਾਣਾ ਹਲਕੇ ਦੇ ਪਿੰਡਾਂ 'ਚ ਵਰਕਰਾਂ ਨਾਲ ਕੀਤੀਆਂ ਮੀਟਿੰਗਾਂ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਦੇ ਸੀਨੀਅਰ ਆਗੂ ਤੇ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਸਮਾਣਾ ਹਲਕੇ ਦੇ ਪਿੰਡਾਂ ਵਿੱਚ ਮਿਸ਼ਨ-2027 ਨੂੰ ਲੈ ਕੇ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਤੇ ਆਗਾਮੀ-2027 ਦੀਆਂ ਵਿਧਾਨ ਸਭਾ ਚੋਣਾਂ ਸਬੰਧੀ ਲੋਕਾਂ ਨਾਲ ਰਾਬਤਾ ਵਧਾਉਣ ਲਈ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਸਮੇਂ ਕਿਹਾ ਕਿ 2027 ਦੀਆਂ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਬਹੁਮਤ ਨਾਲ ਜਿੱਤ ਹਾਸਲ ਕਰਕੇ ਆਪਣੀ ਸਰਕਾਰ ਬਣਾਏਗੀ।ਰਾਜਿੰਦਰ ਸਿੰਘ ਨੇ ਇਸੇ ਲੜੀ ਤਹਿਤ ਉਨ੍ਹਾਂ ਵੱਖ-ਵੱਖ ਪਿੰਡਾਂ ਵਿਖੇ ਪਹੁੰਚ ਕੇ ਪਾਰਟੀ ਦੇ ਸਾਥੀਆਂ, ਵਰਕਰਾਂ ਤੇ ਇਲਾਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ।ਪਿੰਡਾਂ ਤੇ ਸਮਾਣਾ ਸ਼ਹਿਰ ਵਿਖੇ ਰਾਜਿੰਦਰ ਸਿੰਘ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਇਸ ਮੌਕੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਦਲਾਅ ਦੀ ਉਮੀਦ ਨਾਲ ਕਾਂਗਰਸ ਪਾਰਟੀ ਵੱਲ ਦੇਖ ਰਹੇ ਹਨ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ, ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਹਰ ਵਰਗ ਦੀ ਭਲਾਈ ਲਈ ਆਵਾਜ਼ ਬੁਲੰਦ ਕਰਦੀ ਆਈ ਹੈ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ।ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਦੇ ਲੋਕਾਂ ਨਾਲ ਉਨ੍ਹਾਂ ਦਾ ਰਿਸ਼ਤਾ ਸਿਰਫ਼ ਸਿਆਸੀ ਨਹੀਂ, ਸਗੋਂ ਪਰਿਵਾਰਕ ਹੈ।ਹਲਕੇ ਦੇ ਪਿੰਡਾਂ 'ਚ ਲਗਾਤਾਰ ਲੋਕਾਂ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ ਤੇ ਹਰ ਵਰਗ ਨੂੰ ਨਾਲ ਲੈ ਕੇ ਹਲਕੇ ਦੇ ਵਿਕਾਸ ਲਈ ਯਤਨ ਕੀਤੇ ਜਾ ਰਹੇ ਹਨ।ਇਸ ਮੌਕੇ ਪੁਰਾਣੇ ਕਾਂਗਰਸੀ ਸਾਥੀ ਨਾਇਬ ਸਿੰਘ ਭਾਨਰੀ, ਰਾਜ ਕੁਮਾਰ ਡਾਕਾਲਾ, ਨੰਬਰਦਾਰ ਗੁਰਪ੍ਰੀਤ ਸਿੰਘ ਡਕਾਲਾ, ਅਵਤਾਰ ਬਠੋਈ, ਸਿੱਪੀ ਧਾਲੀਵਾਲ ਨੰਬਰਦਾਰ, ਹਰਵਿੰਦਰ ਸਿੰਘ ਬੀਬੀਪੁਰ, ਰਾਜਸੀ ਸਕੱਤਰ ਸਚਿਨ ਕੰਬੋਜ, ਮੇਜਰ ਕੰਬੋਜ ਤੋਂ ਇਲਾਵਾ ਹੋਰ ਆਗੂ ਮੌਜੂਦ ਸਨ।

## ਰਾਕੇਸ਼ ਬੱਗਾ ਵੱਲੋਂ ਬਾਲਮੀਕੀ ਭਾਈਚਾਰੇ ਨਾਲ ਵਿਸ਼ੇਸ਼ ਮੀਟਿੰਗ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਉੱਘੇ ਸਮਾਜ ਸੇਵੀ ਤੇ ਹਲਕਾ ਸਨੌਰ ਤੋਂ ਅਜ਼ਾਦ ਉਮੀਦਵਾਰ ਰਾਕੇਸ਼ ਬੱਗਾ ਨੇ ਪਿੰਡ ਬੁੜੇਮਾਜਰਾ ਵਿਖੇ ਬਾਲਮੀਕੀ ਭਾਈਚਾਰੇ ਦੇ ਲੋਕਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ, ਜਿਸ ਦੌਰਾਨ ਭਾਈਚਾਰੇ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ, ਮੰਗਾਂ ਤੇ ਇਲਾਕੇ ਨਾਲ ਸੰਬੰਧਤ ਵੱਖ-ਵੱਖ ਮੁੱਦਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਬਾਲਮੀਕੀ ਭਾਈਚਾਰੇ ਦੇ ਲੋਕਾਂ ਨੇ ਆਪਣੇ ਇਲਾਕੇ ਨਾਲ ਸਬੰਧਤ ਕਈ ਮਸਲੇ ਆਗੂਆਂ ਦੇ ਧਿਆਨ ਵਿੱਚ ਲਿਆਂਦੇ।ਲੋਕਾਂ ਨੇ ਕਿਹਾ ਕਿ ਇਲਾਕੇ ਦੇ ਵਿਕਾਸ ਤੇ ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ ਨਾਲ ਜੁੜੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਣਾ ਚਾਹੀਦਾ ਹੈ। ਮੀਟਿੰਗ ਦੌਰਾਨ ਹਾਜ਼ਰ ਆਗੂਆਂ ਵੱਲੋਂ ਲੋਕਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਗਿਆ ਤੇ ਉਨ੍ਹਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਰਾਕੇਸ਼ ਬੱਗਾ ਨੇ ਕਿਹਾ ਕਿ ਕਿਸੇ ਵੀ ਇਲਾਕੇ ਦੀ ਤਰੱਕੀ ਲਈ ਲੋਕਾਂ ਨਾਲ ਲਗਾਤਾਰ ਸੰਪਰਕ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਸਾਹਮਣੇ ਲਿਆਂਦੇ ਗਏ ਮਸਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਜਿੱਥੇ ਲੋੜ ਹੋਵੇਗੀ, ਉੱਥੇ ਸਬੰਧਤ ਵਿਭਾਗਾਂ ਤੇ ਅਧਿਕਾਰੀਆਂ ਦੇ ਧਿਆਨ ਵਿੱਚ ਮਾਮਲੇ ਲਿਆਂਦੇ ਜਾਣਗੇ।ਮੀਟਿੰਗ ਦੌਰਾਨ ਲੋਕਾਂ ਦੀਆਂ ਜ਼ਰੂਰਤਾਂ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਵਿਚਾਰ ਸਾਂਝੇ ਕੀਤੇ ਗਏ।ਇਸ ਮੌਕੇ ਪ੍ਰਧਾਨ ਕੁਲਦੀਪ ਭੰਬੂਆਂ, ਬਲਵੀਰ ਸਿੰਘ, ਬਾਲਮੀਕੀ ਭਾਈਚਾਰੇ ਦੇ ਨੁਮਾਇੰਦੇ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਨਸ਼ਿਆਂ ਦੇ ਖ਼ਾਤਮੇ ਲਈ ਅਹਿਮ ਉਪਰਾਲੇ ਵਜੋਂ ਉੱਭਰੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ : ਅਮੀਤ ਖੁੱਡੀਆਂ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵਿਧਾਨ ਸਭਾ ਹਲਕਾ ਲੰਬੀ ਦੇ ਵਿਲੇਜ ਡਿਫੈਂਸ ਕਮੇਟੀਆਂ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਮੀਖਿਆ ਮੀਟਿੰਗ ਪਿੰਡ ਬਾਦਲ ਦੇ ਰੈਸਟ ਹਾਊਸ ਵਿਖੇ ਅਮੀਤ ਟੀਮਾ ਖੁੱਡੀਆਂ ਦੀ ਪ੍ਰਧਾਨਗੀ ਹੇਠ ਹੋਈ।ਇਸ ਸਮੀਖਿਆ ਮੀਟਿੰਗ ਦੌਰਾਨ ਹੇਠਲੇ ਪੱਧਰ ਤੱਕ ਸਾਂਝੀ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ ਤੇ ਹਲਕੇ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਕੀਤੇ ਜਾਣ ਵਾਲੇ ਉਪਰਾਲਿਆਂ ਨੂੰ ਹੋਰ ਤੇਜ਼ ਕਰਨ 'ਤੇ ਜ਼ੋਰ ਦਿੱਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਅਮੀਤ ਖੁੱਡੀਆਂ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਜੰਗ ਸਾਂਝੀ ਜ਼ਿੰਮੇਵਾਰੀ ਹੈ ਅਤੇ ਅਸੀਂ ਮਿਲ ਕੇ ਪੰਜਾਬ ਦੀ ਨੌਜਵਾਨ ਪੀੜ੍ਹੀ ਦਾ ਭਵਿੱਖ ਸੁਰੱਖਿਅਤ ਕਰਾਂਗੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਲਾਹਨਤ ਦੇ ਜੜ੍ਹੋਂ ਖ਼ਾਤਮੇ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਹਿਮ ਉਪਰਾਲੇ ਵਜੋਂ ਉੱਭਰੀ ਹੈ।ਉਨ੍ਹਾਂ ਕਿਹਾ ਕਿ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਾਲ-ਨਾਲ ਮੁੜ ਵਸੇਬਾ ਉਪਾਵਾਂ ਸਮੇਤ ਬਹੁ-ਮੰਤਵੀ ਪਹੁੰਚ ਨੂੰ ਅਪਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਨੌਜਵਾਨਾਂ ਨੂੰ ਖੇਡਾਂ ਤੇ ਹੋਰ ਉਸਾਰੂ ਗਤੀਵਿਧੀਆਂ ਵੱਲ ਲਗਾਉਣ ਦੇ ਉਪਰਾਲੇ ਕੀਤੇ ਜਾ ਰਹੇ ਹਨ, ਇਸ ਲਈ ਪਿੰਡਾਂ ਵਿੱਚ ਖੇਡ ਸਟੇਡੀਅਮ ਉਸਾਰੇ ਜਾ ਰਹੇ ਹਨ ਤੇ 'ਖੇਡਾਂ ਵਤਨ ਪੰਜਾਬ ਦੀਆਂ' ਵਰਗੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ, ਜੋ ਨੌਜਵਾਨਾਂ ਦੀ ਖੇਡਾਂ ਵਿੱਚ ਸ਼ਮੂਲੀਅਤ 'ਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਨਸ਼ਿਆਂ ਤੋਂ ਪ੍ਰਭਾਵਿਤ ਲੋਕਾਂ ਦੇ ਇਲਾਜ ਤੇ ਮੁੜ ਵਸੇਬੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਚਲਾਈ ਗਈ ਇਸ ਮੁਹਿੰਮ ਦੌਰਾਨ 76000 ਤੋਂ ਵੱਧ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੇ ਅਗਲੇ ਪੜਾਅ ਦੌਰਾਨ ਨਸ਼ਾ ਮੁਕਤੀ ਮੋਰਚਾ ਮੈਂਬਰਾਂ ਵੱਲੋਂ ਹਰੇਕ ਪਿੰਡ ਤੇ ਵਾਰਡ ਵਿੱਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਜਾਗਰੂਕਤਾ ਫੈਲਾਈ ਜਾਵੇਗੀ ਤੇ ਨਸ਼ਿਆਂ ਖਿਲਾਫ਼ ਜੰਗ ਦੀ ਪ੍ਰਗਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

ਇਸ ਮੌਕੇ ਹੋਰਨਾਂ ਬੁਲਾਰਿਆਂ ਵੱਲੋਂ ਵੀ ਵਿਲੇਜ ਤੇ ਵਾਰਡ ਡਿਫੈਂਸ ਕਮੇਟੀ ਦੇ ਮੈਂਬਰਾਂ ਨੂੰ ਆਪਣੇ-ਆਪਣੇ ਪਿੰਡਾਂ 'ਤੇ ਵਾਰਡਾਂ ਵਿੱਚ ਸਰਗਰਮ ਰਹਿ ਕੇ ਲੋਕਾਂ ਨਾਲ ਜੁੜੇ ਰਹਿਣ ਦਾ ਸੱਦਾ ਦਿੱਤਾ ਗਿਆ।ਇਸ ਮੌਕੇ ਐੱਸ.ਡੀ.ਐੱਮ. ਪੰਕਜ ਬਾਂਸਲ, ਬੀ.ਡੀ.ਪੀ.ਓ. ਰਾਕੇਸ਼ ਬਿਸ਼ਨੋਈ, ਐੱਸ.ਐੱਚ.ਓ. ਜਸਵੀਰ ਸਿੰਘ, ਐੱਸ.ਐੱਚ.ਓ. ਗੁਰਦੀਪ ਸਿੰਘ, ਯਾਦਵਿੰਦਰ ਸਿੰਘ ਹਰੀਕੇ ਕਲਾਂ ਜ਼ਿਲ੍ਹਾ ਪ੍ਰਧਾਨ, ਜਗਸੀਰ ਸਿੰਘ ਜੰਮੂਆਣਾ ਜ਼ਿਲ੍ਹਾ ਵਾਈਸ ਕੋਆਰਡੀਨੇਟਰ, ਮਨਜੀਤ ਸਿੰਘ ਮਿੱਡਾ ਹਲਕਾ ਕੋਆਰਡੀਨੇਟਰ, ਹਰਪ੍ਰੀਤ ਸਿੰਘ ਭੀਟੀ ਵਾਲਾ ਹਲਕਾ ਵਾਈਸ ਕੋਆਰਡੀਨੇਟਰ, ਦਿਲਬਾਗ ਸਿੰਘ ਪੰਨੀ ਵਾਲਾ ਹਲਕਾ ਵਾਈਸ ਕੋਆਰਡੀਨੇਟਰ ਤੋਂ ਇਲਾਵਾ ਸਮੂਹ ਪਿੰਡਾਂ ਦੇ ਪੰਚ-ਸਰਪੰਚ ਤੇ ਵੀਡੀਸੀ ਕਮੇਟੀ ਦੇ ਮੈਂਬਰ ਹਾਜ਼ਰ ਸਨ।

## ਢਿੱਲਵਾਂ ਗੁੱਡਜ਼ ਸ਼ੈੱਡ ਤੋਂ ਮਾਲ ਲਦਾਈ ਦੀ ਸ਼ੁਰੂਆਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਹੇਠ ਫਿਰੋਜ਼ਪੁਰ ਮੰਡਲ ਦੀ ਬਿਜ਼ਨੈੱਸ ਡਿਵੈਲਪਮੈਂਟ ਯੂਨਿਟ (ਬੀ.ਡੀ.ਯੂ.) ਨੇ ਨਿਰੰਤਰ ਯਤਨਾਂ ਨਾਲ ਇੱਕ ਹੋਰ ਅਹਿਮ ਪ੍ਰਾਪਤੀ ਹਾਸਲ ਕੀਤੀ ਹੈ। ਫਿਰੋਜ਼ਪੁਰ ਮੰਡਲ ਦੇ ਢਿੱਲਵਾਂ ਗੁੱਡਜ਼ ਸ਼ੈੱਡ ਤੋਂ 18 ਸਤੰਬਰ 2026 ਨੂੰ ਪਹਿਲੀ ਵਾਰ ਮਾਲ ਲਦਾਈ ਕਰਕੇ ਇਕ ਨਵੀਂ ਮੀਲ ਪੱਥਰ ਪ੍ਰਾਪਤ ਕੀਤਾ ਗਿਆ। ਮੰਡਲ ਦੇ ਵਪਾਰਕ (ਕਮਰਸ਼ੀਅਲ), ਸੰਚਾਲਨ (ਓਪਰੇਟਿੰਗ) ਤੇ ਇੰਜੀਨੀਅਰਿੰਗ ਵਿਭਾਗਾਂ ਦੇ ਆਪਸੀ ਤਾਲਮੇਲ ਵਾਲੇ ਯਤਨਾਂ ਦੇ ਨਤੀਜੇ ਵਜੋਂ ਢਿਲਵਾਂ ਗੁੱਡਜ਼ ਸ਼ੈੱਡ ਤੋਂ ਪਹਿਲੀ ਮਾਲ ਲਦਾਈ ਕਰਕੇ ਮਾਲਗੱਡੀ ਦਾ ਸਫਲ ਸੰਚਾਲਨ ਕੀਤਾ ਗਿਆ। ਪਹਿਲੀ ਵਾਰ ਬਲਾਸਟ (ਰੋੜੀ/ਬੈਲਾਸਟ) ਦੀ ਲਦਾਈ ਕੀਤੀ ਗਈ। ਇਸ ਲਦਾਈ ਵਿੱਚ ਕੁੱਲ 1,439 ਟਨ ਮਾਲ ਲੋਡ ਕੀਤਾ ਗਿਆ, ਜਿਸ ਨਾਲ ਰੇਲਵੇ ਨੂੰ ਲਗਭਗ 6.62 ਲੱਖ ਦਾ ਭਾੜਾ ਮਾਲੀਆ (ਮਾਲਭਾੜਾ ਰੈਵੇਨਿਊ) ਪ੍ਰਾਪਤ ਹੋਇਆ। ਇਹ ਪ੍ਰਾਪਤੀ ਫਿਰੋਜ਼ਪੁਰ ਮੰਡਲ ਦੀ ਕੁਸ਼ਲ ਕਾਰਜਪ੍ਰਣਾਲੀ, ਤਾਲਮੇਲ ਤੇ ਗਾਹਕਾਂ ਨੂੰ ਦਿੱਤੀਆਂ ਜਾ ਰਹੀਆਂ ਸੁਵਿਧਾਜਨਕ ਸੇਵਾਵਾਂ ਦਾ ਨਤੀਜਾ ਹੈ। ਮੰਡਲ ਵੱਲੋਂ ਮਾਲ ਢੋਆ-ਢੁਆਈ ਨੂੰ ਉਤਸ਼ਾਹਿਤ ਕਰਨ ਤੇ ਗਾਹਕਾਂ ਨੂੰ ਬਿਹਤਰ ਸੇਵਾਵਾਂ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

## ਨਸ਼ਿਆਂ ਸੰਬੰਧੀ ਯਾਤਰਾ ਨੂੰ ਲੈ ਕੇ ਭਾਜਪਾਈਆਂ ਦੀ ਮੀਟਿੰਗ




**ਬਠਿੰਡਾ (ਰਾਜੀਵ ਗੋਇਲ)**-ਭਾਜਪਾ ਵੱਲੋਂ 2017 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਨਸ਼ਿਆਂ ਦੇ ਮੁੱਦੇ 'ਤੇ ਘੇਰਨ ਲਈ ਤਲਵੰਡੀ ਸਾਬੋ ਤੋਂ ਨਸ਼ਾ ਵਿਰੋਧੀ ਯਾਤਰਾ ਮੁਹਿੰਮ ਦਾ ਆਗਾਜ਼ ਕੀਤਾ ਜਾ ਰਿਹਾ ਹੈ, ਜਿਸ ਨੂੰ ਲੈ ਕੇ ਅੱਜ ਸਾਬਕਾ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਭਗਤਾ ਦੀ ਅਗਵਾਈ ਹੇਠ ਮੀਟਿੰਗ ਹੋਈ। ਇਸ ਵਿੱਚ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਮਲੂਕਾ ਵੱਲੋਂ ਸੰਬੋਧਨ ਕੀਤਾ ਗਿਆ। ਇਸ ਮੌਕੇ ਮਲੂਕਾ ਵੱਲੋਂ ਇਕੱਤਰ ਹੋਏ ਭਾਜਪਾ ਆਗੂਆਂ ਨੂੰ ਤਲਵੰਡੀ ਸਾਬੋ ਵਿਖੇ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਤੇ ਨਾਲ ਹੀ ਆਗੂਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਉਹ ਪਿੰਡ ਪਿੰਡ ਜਾ ਕੇ ਜਿਨ੍ਹਾਂ ਨੌਜਵਾਨਾਂ ਦੀ ਨਸ਼ਿਆਂ ਨਾਲ ਮੌਤ ਹੋਈ ਹੈ, ਉਨ੍ਹਾਂ ਦੇ ਪਰਵਾਰਾਂ ਨਾਲ ਸੰਪਰਕ ਕਰਨ ਤੇ ਜਾਣਕਾਰੀ ਇਕੱਤਰ ਕਰਕੇ ਭਾਜਪਾ ਹਾਈ ਕਮਾਨ ਨੂੰ ਭੇਜਣ।ਇਸ ਮੌਕੇ ਐੱਸ ਸੀ ਵਿੰਗ ਦੇ ਆਗੂ ਮਿੰਟੂ ਸਿੰਘ, ਵਪਾਰ ਮੰਡਲ ਦੇ ਸਾਬਕਾ ਪ੍ਰਧਾਨ ਜਗਸੀਰ ਸਿੰਘ ਪੱਪੂ ਗੰਗਾ ਨਗਰੀਆ, ਰਾਧੇ ਸ਼ਾਮ, ਸੁਖਚੈਨ ਸਿੰਘ ਧੁੰਨਾ ਸਮੇਤ ਸਮੂਹ ਭਾਜਪਾ ਆਗੂ ਤੇ ਲੋਕ ਹਾਜ਼ਰ ਸਨ।

## 'ਆਪ' ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਭੱਜ ਰਹੀ : ਗਿੱਲ ਬੇਰ ਕਲਾਂ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰ ਕਲਾਂ ਤੇ ਕਮਲਪ੍ਰੀਤ ਸਿੰਘ ਖੰਗੂੜਾ ਜ਼ਿਲ੍ਹਾ ਮੀਤ ਪ੍ਰਧਾਨ ਨੇ ਕਾਂਗਰਸੀ ਆਗੂਆਂ ਦੀ ਪੰਜਾਬ ਕਾਂਗਰਸ ਵੱਲੋਂ ਭੇਜੇ ਜਾਂਦੇ ਕੰਮਾਂ ਨੂੰ ਲੈ ਕੇ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਕਿਉਂ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਭਜ ਰਹੀ ਹੈ। ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਤਹਿਸ-ਨਹਿਸ ਕਰਕੇ ਰੱਖ ਦਿੱਤਾ ਹੈ, ਪੰਜਾਬ ਲਈ ਇਨ੍ਹਾਂ ਕੋਲ ਨਾ ਕੋਈ ਨੀਤੀ ਹੈ, ਨਾ ਇਨ੍ਹਾਂ ਦੀ ਨੀਅਤ ਸਾਫ ਹੈ। ਉਨ੍ਹਾ ਕਿਹਾ ਕਿ ਚੁਟਕਲੇ ਸੁਣਾ ਕੇ ਡਰਾਮੇ ਕਰਕੇ ਸਰਕਾਰ ਨ੍ਹੀਂ ਚੱਲ ਸਕਦੀ। ਪ੍ਰਧਾਨ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮਪਤਨੀ 'ਤੇ ਬਲਾਤਕਾਰੀਆਂ ਨੂੰ ਬਚਾਉਣ ਲਈ ਪੰਜ ਕਰੋੜ ਰੁਪਏ ਲੈਣ ਦੇ ਇਲਜ਼ਾਮ ਲੱਗ ਰਹੇ ਹਨ। ਪੰਜਾਬ ਅੰਦਰ ਗੈਂਗਸਟਰਾਂ ਤੇ ਨਸ਼ਿਆਂ ਦਾ ਰੁਝਾਨ ਹੈ। ਉਨ੍ਹਾਂ ਕਿਹਾ ਕਿ ਲੋਕ ਕਾਂਗਰਸ ਪਾਰਟੀ ਦੀ ਸਰਕਾਰ ਨੂੰ ਪੰਜਾਬ ਵਿੱਚ ਲਿਆਉਣ ਲਈ ਉਤਾਵਲੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਤਾਰੀ ਰਾਮਗੜ੍ਹ ਸਰਦਾਰਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਰਮਿੰਦਰ ਸਿੰਘ ਸਰਪੰਚ ਜਿੱਤਵਾਲ, ਬਲਜੀਤ ਸਿੰਘ ਸਾਬਕਾ ਸਰਪੰਚ ਕਿਲ੍ਹਾ ਹਾਂਸ, ਗੁਰਮੀਤ ਸਿੰਘ ਲਸੋਈ, ਪਰਮਜੀਤ ਸਿੰਘ ਸਾਬਕਾ ਸਰਪੰਚ, ਨਿਰਭੈ ਸਿੰਘ ਬੇਰ ਕਲਾਂ ਜਨਰਲ ਸਕੱਤਰ, ਮੇਘ ਸਿੰਘ ਬੇਰ ਕਲਾਂ ਸਕੱਤਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਦੀਆਂ ਮੰਗਾਂ ਨੂੰ ਪੈ ਰਿਹੈ ਬੂਰ, ਰੇਲਵੇ ਸਟੇਸ਼ਨ 'ਤੇ ਕੋਚ ਇੰਡੀਕੇਸ਼ਨ ਦਾ ਕੰਮ ਸ਼ੁਰੂ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਜਤਿੰਦਰ ਅਗਰਾ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਮਾਨਸਾ ਰੇਲਵੇ ਸਟੇਸ਼ਨ ਦੇ ਵਿਕਾਸ ਤੇ ਯਾਤਰੀਆਂ ਦੀਆਂ ਸਹੂਲਤਾਂ ਲਈ ਪਿਛਲੇ ਲਗਭਗ ਦੋ ਸਾਲਾਂ ਤੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਰੇਲਵੇ ਸਟੇਸ਼ਨ ਨੂੰ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਅਧੀਨ ਰੀ-ਡਿਵੈਲਪ ਕੀਤਾ ਜਾ ਰਿਹਾ ਹੈ।ਐਸੋਸੀਏਸ਼ਨ ਦਾ ਕਹਿਣਾ ਹੈ ਕਿ ਸਟੇਸ਼ਨ 'ਤੇ ਯਾਤਰੀਆਂ ਦੀ ਸਹੂਲਤ ਨਾਲ ਸੰਬੰਧਤ ਕਈ ਕੰਮ ਪਹਿਲਾਂ ਹੀ ਕੀਤੇ ਜਾਣੇ ਚਾਹੀਦੇ ਸਨ, ਜੋ ਹੁਣ ਐਸੋਸੀਏਸ਼ਨ ਨੇ ਰੇਲਵੇ ਅਧਿਕਾਰੀਆਂ ਦੇ ਧਿਆਨ 'ਚ ਲਿਆਂਦੇ ਹਨ।ਐਸੋਸੀਏਸ਼ਨ ਦੇ ਸਰਗਰਮ ਮੈਂਬਰ ਵਿਨੋਦ ਕਾਲੀ, ਪ੍ਰੇਮ ਅਗਰਵਾਲ, ਕ੍ਰਿਸ਼ਨ ਚੌਹਾਨ, ਸੁਨੀਲ ਗੋਇਲ, ਸ਼ਿਆਮ ਲਾਲ ਗੋਇਲ, ਕੇ. ਕੇ. ਸਿੰਗਲਾ ਤੇ ਰਾਮਕ੍ਰਿਸ਼ਨ ਚੁੱਘ ਵੱਲੋਂ ਮਿਲ ਕੇ ਯਾਤਰੀਆਂ ਦੀਆਂ ਵੱਖ-ਵੱਖ ਮੰਗਾਂ ਨੂੰ ਰੇਲਵੇ ਪ੍ਰਬੰਧਕਾਂ ਕੋਲ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ।ਅਗਰਾ ਨੇ ਦੱਸਿਆ ਕਿ ਐਸੋਸੀਏਸ਼ਨ ਦੀ ਇਸ ਮੰਗ ਨੂੰ ਗੰਭੀਰਤਾ ਨਾਲ ਲੈਂਦਿਆਂ ਡੀ.ਆਰ.ਐੱਮ. ਸ੍ਰੀ ਪੁਸ਼ਪੇਸ਼ ਰਮਨ ਤ੍ਰਿਪਾਠੀ ਨੇ ਕੋਚ ਇੰਡੀਕੇਸ਼ਨ ਦਾ ਕੰਮ ਸ਼ੁਰੂ ਕਰਵਾ ਦਿੱਤਾ ਹੈ।ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਨੇ ਡੀ.ਆਰ.ਐੱਮ, ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਾਨਸਾ ਦੀਆਂ ਜਨਤਕ ਮੰਗਾਂ ਨੂੰ ਗੰਭੀਰਤਾ ਨਾਲ ਸੁਣ ਰਹੇ ਹਨ ਤੇ ਯਾਤਰੀਆਂ ਦੀਆਂ ਸਹੂਲਤਾਂ ਨਾਲ ਜੁੜੇ ਮਾਮਲਿਆਂ 'ਤੇ ਕਾਰਵਾਈ ਵੀ ਕਰ ਰਹੇ ਹਨ।

## ਪੁਲਸ ਤੇ ਗਊ ਤਸਕਰਾਂ ਵਿਚਾਲੇ ਗੋਲੀਬਾਰੀ, 2 ਜ਼ਖਮੀ

**ਨੂਹ :** ਇੱਥੇ ਸਵੇਰੇ ਫਿਰੋਜ਼ਪੁਰ ਝਿਰਕਾ ਦੀ ਕਰਾਈਮ ਸਟਾਫ਼ ਟੀਮ ਅਤੇ ਗਊ ਤਸਕਰਾਂ ਵਿਚਾਲੇ ਹੋਏ ਮੁਕਾਬਲੇ ਦੌਰਾਨ ਦੋ ਸ਼ੱਕੀ ਗਊ ਤਸਕਰ ਗੋਲੀ ਲੱਗਣ ਨਾਲ ਜ਼ਖ਼ਮੀ ਹੋ ਗਏ। ਇਨ੍ਹਾਂ ਵਿੱਚੋਂ ਇੱਕ ਮੁਲਜ਼ਮ 'ਤੇ ਰਾਜਸਥਾਨ ਪੁਲਸ ਵੱਲੋਂ 3,000 ਰੁਪਏ ਦਾ ਇਨਾਮ ਰੱਖਿਆ ਗਿਆ ਸੀ। ਪੁਲਸ ਅਨੁਸਾਰ ਇਨ੍ਹਾਂ ਦੇ ਦੋ ਹੋਰ ਸਾਥੀ ਹਨੇਰੇ ਦਾ ਫ਼ਾਇਦਾ ਉਠਾਉਂਦੇ ਹੋਏ ਮੌਕੇ ਤੋਂ ਭੱਜਣ ਵਿੱਚ ਸਫ਼ਲ ਹੋ ਗਏ। ਇਹ ਐਨਕਾਊਂਟਰ ਤੜਕੇ ਲੱਗਭੱਗ 3:30 ਵਜੇ ਸਦਰ ਨੂਹ ਥਾਣੇ ਦੇ ਘੇਰੇ ਅਧੀਨ ਆਉਂਦੇ ਇਲਾਕੇ ਵਿੱਚ ਵਾਪਰਿਆ। ਦੋਵਾਂ ਮੁਲਜ਼ਮਾਂ ਦੀਆਂ ਲੱਤਾਂ ਵਿੱਚ ਗੋਲੀ ਲੱਗੀ ਹੈ, ਜਿਸ ਤੋਂ ਬਾਅਦ ਪੁਲਸ ਨੇ ਉਨ੍ਹਾਂ ਨੂੰ ਕਾਬੂ ਕਰਕੇ ਨੂਹ ਦੇ ਨਾਲਹੜ ਸਥਿਤ ਸ਼ਹੀਦ ਹਸਨ ਖ਼ਾਨ ਮੇਵਾਤੀ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਹੈ। ਜ਼ਖ਼ਮੀ ਹੋਏ ਮੁਲਜ਼ਮਾਂ ਦੀ ਪਛਾਣ ਸ਼ਮਸ਼ਾਦ ਉਰਫ਼ ਸੇਂਡਾ (ਵਾਸੀ ਉਟਾਵੜ, ਜ਼ਿਲ੍ਹਾ ਪਲਵਲ) ਅਤੇ ਰੋਬਿਨ (ਵਾਸੀ ਆਲੀਮੇਓ, ਜ਼ਿਲ੍ਹਾ ਪਲਵਲ) ਵਜੋਂ ਹੋਈ ਹੈ।

## ਸਫਾ 1 ਦੇ ਬਾਕੀ...

### ਅਮਰੀਕਾ ਨਾਲ ਵਪਾਰ ...

ਆਇਆ ਹੈ। ਉਨ੍ਹਾ ਕਿਹਾ ਕਿ ਖੱਬੀਆਂ ਧਿਰਾਂ ਦਾ ਰੁਝਾਨ ਏਕਤਾ ਵੱਲ ਵਧਿਆ ਹੈ। ਇਹ ਉਤਸ਼ਾਹਜਨਕ ਵਰਤਾਰਾ ਹੈ। ਨਿਹਾਲਗੜ੍ਹ ਨੇ ਕਿਹਾ ਕਿ ਪਿਛਲੇ 12 ਸਾਲਾਂ ਤੋਂ ਦੇਸ਼ ਵਿੱਚ ਫਾਸ਼ਿਸਟ ਰਾਜ ਚੱਲ ਰਿਹਾ ਹੈ। ਇਸ ਵਿੱਚ ਹਰ ਕਿਸਮ ਦਾ ਅੱਤਿਆਚਾਰ ਵਧਿਆ ਹੈ। ਕਾਰਪੋਰੇਟਾਂ ਨੇ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਦਾ ਲਹੂ ਚੂਸਣ ਵਿੱਚ ਕੋਈ ਕਸਰ ਨਹੀਂ ਛੱਡੀ।

ਕਿਸਾਨ ਆਗੂ ਨੇ ਬਿਜਲੀ ਸੋਧ ਬਿੱਲ ਅਤੇ ਅਜਿਹੇ ਹੋਰ ਬਿੱਲਾਂ ਦਾ ਸਖ਼ਤ ਵਿਰੋਧ ਕਰਨ ਦਾ ਸੱਦਾ ਦਿੱਤਾ। ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਅੱਜ ਦੇ ਕਿਸਾਨ ਜਥੇਬੰਦੀਆਂ ਦੇ ਏਕੇ ਮੌਕੇ ਉਹ ਨਵਾਂ ਜ਼ਮਾਨਾ ਵੱਲੋਂ ਮੁਬਾਰਕ ਦੇਣ ਆਏ ਹਨ। ਉਮੀਦ ਹੈ ਕਿ ਖੱਬੀਆਂ ਧਿਰਾਂ ਏਕੇ ਵੱਲ ਹੋਰ ਅੱਗੇ ਵਧਣਗੀਆਂ। ਇਹ ਸਮੇਂ ਦੀ ਅਣਸਰਦੀ ਲੋੜ ਵੀ ਹੈ। ਮਾੜੀਮੇਘਾ ਨੇ ਕਿਹਾ ਕਿ ਦਿੱਲੀ ਦੀਆਂ ਬਰੂਹਾਂ 'ਤੇ ਲੜਿਆ ਤੇ ਜਿੱਤਿਆ ਸੰਘਰਸ਼ ਆਪਣੀ ਮਿਸਾਲ ਆਪ ਹੈ। ਇਸ ਨੇ ਨਵੀਆਂ ਪੈੜਾਂ ਪਾਈਆਂ ਹਨ। ਕਾਲੇ ਦੌਰ ਦਾ ਜ਼ਿਕਰ ਕਰਦਿਆਂ ਮਾੜੀਮੇਘਾ ਨੇ ਕਿਹਾ ਕਿ ਉਨ੍ਹਾਂ ਵੇਲਿਆਂ ਵਿੱਚ ਵੀ ਲਾਲ ਝੰਡੇ ਵਾਲਿਆਂ ਨੇ ਵੱਡੀਆਂ ਕੁਰਬਾਨੀਆਂ ਦਿੱਤੀਆਂ ਸਨ। ਰੈਲੀ ਦਾ ਮੰਚ ਸੰਚਾਲਨ ਪ੍ਰਸ਼ੋਤਮ ਸ਼ਰਮਾ ਅਤੇ ਪ੍ਰਗਟ ਸਿੰਘ ਜਾਮਾਰਾਏ ਵਲੋਂ ਕੀਤਾ ਗਿਆ। ਕਾਨਫਰੰਸ ਦੌਰਾਨ ਸੂਬਾ ਪ੍ਰਧਾਨ ਡਾਕਟਰ ਧੰਨਾ ਮੱਲ ਦੀ ਅਗਵਾਈ ਵਿੱਚ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਮੈਡੀਕਲ ਸਹਾਇਤਾ ਕੈਂਪ ਲਾਇਆ ਗਿਆ। ਇਸ ਮੌਕੇ ਸੁਆਗਤੀ ਕਮੇਟੀ ਦੇ ਚੇਅਰਮੈਨ ਕਾਹਨ ਸਿੰਘ ਪੰਨੂ, ਅਰਾ ਹਲਕੇ ਤੋਂ ਲੋਕ ਸਭਾ ਮੈਂਬਰ ਸੁਦਾਮਾ ਪ੍ਰਸ਼ਾਦ, ਏਕਟੂ ਦੇ ਜਨਰਲ ਸਕੱਤਰ ਰਾਜੀਵ ਡਿਮਰੀ, ਰੇਲਵੇ ਇੰਪਲਾਈਜ਼ ਫੈਡਰੇਸ਼ਨ ਦੇ ਆਗੂ ਸਰਬਜੀਤ ਸਿੰਘ, ਪੱਗੜੀ ਸੰਭਾਲ ਜੱਟਾ ਯੂਨੀਅਨ ਹਰਿਆਣਾ ਦੇ ਪ੍ਰਧਾਨ ਮਨਦੀਪ ਸਿੰਘ ਨੱਥਵਾਨ, ਸਤਿਆ ਸੋਧਕ ਕਿਸਾਨ ਸਭਾ ਮਹਾਰਾਸ਼ਟਰ ਦੇ ਪ੍ਰਧਾਨ ਕਿਸ਼ੋਰ ਧਮਾਲੇ, ਰਾਜਸਥਾਨ ਦੇ ਉੱਘੇ ਕਿਸਾਨ ਆਗੂ ਫੂਲ ਚੰਦ ਢੇਵਾ, ਭਰਾਤਰੀ ਕਿਸਾਨ ਆਗੂਆਂ ਵਜੋਂ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰ, ਬਿਹਾਰ ਦੇ ਸਾਬਕਾ ਵਿਧਾਇਕ ਸਤਿਆ ਦੇਵ ਰਾਮ, ਰਤਨ ਸਿੰਘ ਰੰਧਾਵਾ, ਸਾਬਕਾ ਵਿਧਾਇਕ ਤਰਸੇਮ ਜੋਧਾਂ ਵੀ ਮੌਜੂਦ ਸਨ। ਇਸ ਮੌਕੇ ਮੰਗਤ ਰਾਮ ਪਾਸਲਾ ਦੀ ਲਿਖੀ ਤੇ ਭਦੌੜ ਸੰਗੀਤ ਮੰਡਲੀ ਵੱਲੋਂ ਗਾਈ ਇਕ ਗ਼ਜ਼ਲ ਵੀ ਰਿਲੀਜ਼ ਕੀਤੀ ਗਈ।

### ਹਾਈਕੋਰਟ ਨੇ 4 ਅਧਿਕਾਰੀਆਂ...

ਖ਼ਜ਼ਾਨਾ ਅਫ਼ਸਰ ਗੁਰਦਾਸਪੁਰ ਵੱਲੋਂ ਕੁਝ ਪਾਲਣਾ ਨਾ ਕੀਤੇ ਜਾਣ ਕਾਰਨ ਵੰਡਣ ਵਾਲੀ ਏਜੰਸੀ/ਬੈਂਕ ਪਟੀਸ਼ਨਰ ਦੇ ਹੱਕ ਵਿੱਚ ਪੈਨਸ਼ਨ ਦਾ ਬਕਾਇਆ ਜਾਰੀ ਕਰਨ ਤੋਂ ਅਸਮਰੱਥ ਸੀ। ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਜਸਟਿਸ ਤਿਵਾੜੀ ਨੇ ਟਿੱਪਣੀ ਕੀਤੀ 'ਪਟੀਸ਼ਨਰ, ਜੋ ਆਪਣੀ ਜ਼ਿੰਦਗੀ ਦੇ ਆਖ਼ਰੀ ਪੜਾਅ ਵਿੱਚ ਹੈ, ਨੂੰ ਦੁਖਦਾਈ ਤੌਰ 'ਤੇ ਆਪਣੇ ਹੱਕੀ ਬਕਾਏ ਪ੍ਰਾਪਤ ਕਰਨ ਲਈ ਦਰ-ਦਰ ਭਟਕਣ ਲਈ ਮਜਬੂਰ ਕੀਤਾ ਗਿਆ ਹੈ। ਪਟੀਸ਼ਨਰ ਵੱਲੋਂ ਸਹਿਣ ਕੀਤੀ ਜਾ ਰਹੀ ਲਗਾਤਾਰ ਖ਼ੱਜਲ-ਖ਼ੁਆਰੀ ਸਬੰਧਤ ਅਧਿਕਾਰੀਆਂ ਵੱਲੋਂ ਅਪਣਾਏ ਗਏ ਢਿੱਲੇ ਅਤੇ ਲਾਪਰਵਾਹ ਰਵੱਈਏ ਕਰਕੇ ਹੈ। ਮਹੱਤਵਪੂਰਨ ਗੱਲ ਇਹ ਹੈ ਕਿ ਉੱਤਰਦਾਤਾ ਅੱਜ ਤੱਕ ਇਸ ਅਦਾਲਤ ਨੂੰ ਅਜਿਹੀ ਕਿਸੇ ਵੀ ਕਾਨੂੰਨੀ ਰੁਕਾਵਟ ਬਾਰੇ ਸੰਤੁਸ਼ਟ ਕਰਨ ਵਿੱਚ ਅਸਫ਼ਲ ਰਹੇ ਹਨ ਜੋ ਪਟੀਸ਼ਨਰ ਨੂੰ ਪੈਨਸ਼ਨ ਦੇ ਬਕਾਏ ਜਾਰੀ ਕਰਨ ਤੋਂ ਰੋਕਦੀ ਹੋਵੇ।' ਅਦਾਲਤ ਨੇ ਸਕੂਲ ਸਿੱਖਿਆ ਅਤੇ ਵਿੱਤ ਵਿਭਾਗਾਂ ਦੇ ਸਕੱਤਰਾਂ ਨੂੰ ਇਹ ਯਕੀਨੀ ਬਣਾਉਣ ਦਾ ਨਿਰਦੇਸ਼ ਦਿੱਤਾ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਗੁਰਦਾਸਪੁਰ ਅਤੇ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਗੁਰਦਾਸਪੁਰ ਅਦਾਲਤ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਆਪਣੀਆਂ ਤਨਖ਼ਾਹਾਂ ਨਹੀਂ ਲੈਣਗੇ।

ਬੈਂਚ ਨੇ ਅੱਗੇ ਕਿਹਾ, ਇਸੇ ਤਰ੍ਹਾਂ, ਡਿਪਟੀ ਜਨਰਲ ਮੈਨੇਜਰ , ਬੈਂਕ ਆਫ਼ ਇੰਡੀਆ ਨੂੰ ਇਹ ਯਕੀਨੀ ਬਣਾਉਣ ਦਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਉੱਤਰਦਾਤਾ ਸੀਨੀਅਰ ਮੈਨੇਜਰ, ਬੈਂਕ ਆਫ਼ ਇੰਡੀਆ, ਬ੍ਰਾਂਚ ਡਿਸਟ੍ਰਿਕਟ ਸ਼ਾਪਿੰਗ ਕੰਪਲੈਕਸ, ਰਣਜੀਤ ਐਵੇਨਿਊ, ਅੰਮ੍ਰਿਤਸਰ, ਅਤੇ ਉੱਤਰਦਾਤਾ ਬ੍ਰਾਂਚ ਮੈਨੇਜਰ, ਬੈਂਕ ਆਫ਼ ਇੰਡੀਆ, ਗੁਰਦਾਸਪੁਰ ਵੀ ਇਸ ਅਦਾਲਤ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਆਪਣੀਆਂ ਤਨਖ਼ਾਹਾਂ ਨਹੀਂ ਲੈਣਗੇ। ਮਾਮਲੇ ਵਿੱਚ ਅਗਲੀ ਪ੍ਰਗਤੀ ਦੀ ਉਡੀਕ ਲਈ ਕੇਸ ਦੀ ਅਗਲੀ ਸੁਣਵਾਈ 26 ਨਵੰਬਰ, 2026 ਤੈਅ ਕੀਤੀ ਗਈ ਹੈ।

### ਅਮਰਜੀਤ ਚਾਵਲਾ ਤੇ ...

ਇਸ ਤੋਂ ਪਹਿਲਾਂ ਵੀ ਅਕਾਲੀ ਆਗੂ ਤੇ ਸ਼੍ਰੋਮਣੀ ਕਮੇਟੀ ਮੈਂਬਰ ਸੁੱਚਾ ਸਿੰਘ ਲੰਗਾਹ ਨੂੰ ਵੀ ਸ੍ਰੀ ਅਕਾਲ ਤਖਤ ਤੋਂ ਪੰਜ ਅਕਤੂਬਰ 2017 ਨੂੰ ਬਦਕਾਰੀ ਦੇ ਕੇਸ ਵਿੱਚ ਪੰਥ ਵਿੱਚੋਂ ਤਤਕਾਲੀ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਬਹੁਤ ਸਖਤ ਆਦੇਸ਼ ਜਾਰੀ ਕਰਕੇ ਛੇਕ ਦਿੱਤਾ ਸੀ। 2018 ਵਿੱਚ ਅਦਾਲਤ ਵਿੱਚੋਂ ਬਰੀ ਹੋਣ ਉਪਰੰਤ ਲੰਗਾਹ ਨੂੰ 26 ਅਕਤੂਬਰ 2022 ਨੂੰ ਮੁੜ ਪੰਥ ਵਿੱਚ ਸ਼ਾਮਲ ਕਰਨ ਦੇ ਆਦੇਸ਼ ਜਾਰੀ ਕਰਦਿਆਂ 21 ਦਿਨ ਦੀ ਤਨਖਾਹ ਲਗਾਈ ਗਈ ਸੀ। ਇਸ ਤਖਤ ਤੋਂ ਦੇਸ਼ ਦੇ ਰਾਸ਼ਟਰਪਤੀ ਨੂੰ ਵੀ ਸਪੱਸ਼ਟੀਕਰਨ ਦੇਣ ਲਈ ਮਜਬੂਰ ਹੋਣਾ ਪਿਆ ਸੀ ਤੇ ਕੇਂਦਰੀ ਗ੍ਰਹਿ ਮੰਤਰੀ ਬੂਟਾ ਸਿੰਘ ਨੂੰ ਸਾਕਾ ਨੀਲਾ ਤਾਰਾ ਨੂੰ ਅੰਜ਼ਾਮ ਦੇ ਕੇ ਅਕਾਲ ਤਖਤ ਢਾਹੁਣ ਤੇ ਮੁੜ ਸਰਕਾਰ ਦੁਆਰਾ ਬਣਾਏ ਜਾਣ ਦੇ ਦੋਸ਼ ਵਿੱਚ ਪੰਥ ਵਿੱਚੋ ਛੇਕਿਆ ਗਿਆ ਸੀ। ਮਰਹੂਮ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ ਨੂੰ ਵੀ ਪੰਥਕ ਏਕਤਾ ਵਿੱਚ ਰੁਕਾਵਟ ਬਣਨ ਦੇ ਦੋਸ਼ ਵਿੱਚ ਤਨਖਾਹੀਆ ਕਰਾਰ ਦਿੱਤਾ ਗਿਆ ਸੀ। 2007 ਵਿੱਚ ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਨੂੰ ਪੰਥ ਵਿੱਚੋਂ ਛੇਕਿਆ ਗਿਆ ਸੀ। ਫਿਰ ਵੀ ਅਕਾਲ ਤਖਤ ਸਹਿਬ ਨੂੰ ਬਖਸ਼ਿੰਦ ਤਖਤ ਦਾ ਮਾਣ ਹਾਸਲ ਹੈ ਤੇ ਜਿਹੜਾ ਵੀ ਨਿਮਾਣਾ ਬਣ ਕੇ ਆਪਣਾ ਜੁਰਮ ਕਬੂਲ ਕਰ ਲੈਂਦਾ ਹੈ, ਉਸ ਨਾਲ ਨਰਮੀ ਨਾਲ ਪੇਸ਼ ਆਇਆ ਜਾਂਦਾ ਹੈ।

### ਪਹਿਲੀ ਨੂੰ ਬੀਬੀਆਂ ਦੇ ...

ਕੀਤਾ ਗਿਆ।

ਇਸ ਦੌਰਾਨ ਇਲਾਕੇ ਦੇ ਵੋਟਰਾਂ ਵਿੱਚ ਭਾਰੀ ਉਤਸ਼ਾਹ ਅਤੇ ਖ਼ੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ। ਮੁੱਖ ਮੰਤਰੀ ਨੇ ਆਮ ਨਾਗਰਿਕਾਂ ਦੇ ਘਰਾਂ ਤੱਕ ਪਹੁੰਚ ਕਰਕੇ ਨਾ ਸਿਰਫ਼ ਉਨ੍ਹਾਂ ਦੀ ਖ਼ੈਰ-ਸੁੱਖ ਪੁੱਛੀ, ਸਗੋਂ ਉਨ੍ਹਾਂ ਵੱਲੋਂ ਪਰੋਸੀ ਗਈ ਚਾਹ ਵੀ ਬੜੇ ਪਿਆਰ ਨਾਲ ਪੀਤੀ। ਇਸ ਮੌਕੇ ਬਜ਼ੁਰਗ ਮਾਵਾਂ ਵੱਲੋਂ ਮੁੱਖ ਮੰਤਰੀ ਨੂੰ ਦਿੱਤੇ ਗਏ ਅਸੀਸਾਂ ਭਰੇ ਸ਼ਗਨ ਅਤੇ ਪਿਆਰ ਨੂੰ ਉਨ੍ਹਾਂ ਬੇਹੱਦ ਅਦਬ ਨਾਲ ਆਪਣੇ ਮੱਥੇ ਨਾਲ ਲਗਾਇਆ, ਜਿਸ ਨੇ ਆਮ ਲੋਕਾਂ ਅਤੇ ਸਰਕਾਰ ਦੇ ਆਪਸੀ ਰਿਸ਼ਤੇ ਦੀ ਮਜ਼ਬੂਤੀ ਨੂੰ ਹੋਰ ਡੂੰਘਾ ਕਰ ਦਿੱਤਾ।

ਜਨਤਾ ਨੂੰ ਸੰਬੋਧਨ ਕਰਦਿਆਂ ਅਤੇ ਆਪਣੀ ਸਰਕਾਰ ਦਾ ਰਿਪੋਰਟ ਕਾਰਡ ਪੇਸ਼ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਵਿੱਚ ਮਿਸਾਲੀ ਤਰੱਕੀ ਹੋਈ ਹੈ।

ਸਰਕਾਰ ਨੇ ਸੂਬੇ ਦੇ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਬਿਲਕੁਲ ਜ਼ੀਰੋ ਕਰ ਦਿੱਤੇ ਹਨ ਅਤੇ ਕਿਸਾਨਾਂ ਨੂੰ ਦਿਨ ਦੇ ਸਮੇਂ ਨਿਰਵਿਘਨ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ, ਪ੍ਰਾਈਵੇਟ ਥਰਮਲ ਪਲਾਂਟ ਨੂੰ ਖਰੀਦ ਕੇ ਇਤਿਹਾਸ ਸਿਰਜਿਆ ਗਿਆ ਹੈ ਅਤੇ ਖੇਤਾਂ ਤੱਕ ਨਹਿਰੀ ਪਾਣੀ ਦੀ ਪਹੁੰਚ ਨੂੰ 22% ਤੋਂ ਵਧਾ ਕੇ 88% ਤੱਕ ਪਹੁੰਚਾ ਦਿੱਤਾ ਗਿਆ ਹੈ, ਜਿਸ ਨਾਲ ਖੇਤੀਬਾੜੀ ਖੇਤਰ ਨੂੰ ਵੱਡਾ ਹੁਲਾਰਾ ਮਿਲਿਆ ਹੈ। ਰਵਾਇਤੀ ਸਿਆਸੀ ਪਾਰਟੀਆਂ ਨੂੰ ਕਰੜੇ ਹੱਥੀਂ ਲੈਂਦਿਆਂ ਮੁੱਖ ਮੰਤਰੀ ਨੇ ਆਖਿਆ ਕਿ ਦੇਰ ਤੱਕ ਪੰਜਾਬ ਨੂੰ ਲੁੱਟਣ ਵਾਲਿਆਂ ਨੇ ਸੂਬੇ ਦੀ ਜਵਾਨੀ ਨੂੰ ਸਿਰਫ਼ ਨਸ਼ੇ ਅਤੇ ਬੇਰੁਜ਼ਗਾਰੀ ਦੀ ਭੱਠੀ ਵਿੱਚ ਝੋਕਿਆ ਹੈ। ਉਨ੍ਹਾ ਕਿਹਾ ਕਿ 2022 ਵਿੱਚ ਜਨਤਾ ਨਾਲ ਕੀਤੀਆਂ ਗਈਆਂ ਸਾਰੀਆਂ ਗਾਰੰਟੀਆਂ ਨੂੰ ਜ਼ਮੀਨੀ ਪੱਧਰ 'ਤੇ ਅਮਲੀ ਜਾਮਾ ਪਹਿਨਾਇਆ ਗਿਆ ਹੈ।

ਮੁਫ਼ਤ ਬਿਜਲੀ, ਮਿਆਰੀ ਸਰਕਾਰੀ ਸਕੂਲ ਅਤੇ ਆਮ ਆਦਮੀ ਕਲੀਨਿਕਾਂ ਵਰਗੀਆਂ ਮੁੱਢਲੀਆਂ ਸਹੂਲਤਾਂ ਸਦਕਾ ਅੱਜ ਹਰ ਆਮ ਪਰਿਵਾਰ ਦੀ ਮਹੀਨੇਵਾਰ 15 ਹਜ਼ਾਰ ਰੁਪਏ ਤੱਕ ਦੀ ਬਚਤ ਹੋ ਰਹੀ ਹੈ। ਉਨ੍ਹਾ ਚੇਤਾਵਨੀ ਦਿੱਤੀ ਕਿ ਜੇਕਰ ਇਹ ਲੁਟੇਰੇ ਧੜੇ ਮੁੜ ਸੱਤਾ ਵਿੱਚ ਆਏ, ਤਾਂ ਉਹ ਮਿਲ ਰਹੀਆਂ ਇਨ੍ਹਾਂ ਸਾਰੀਆਂ ਸਹੂਲਤਾਂ ਅਤੇ ਬਿਨਾਂ ਰਿਸ਼ਵਤ ਤੋਂ ਮਿਲਦੀਆਂ ਨੌਕਰੀਆਂ ਨੂੰ ਫ਼ੌਰੀ ਤੌਰ 'ਤੇ ਬੰਦ ਕਰ ਦੇਣਗੇ।

ਇਸ ਮੌਕੇ ਓ ਐੱਸ ਡੀ ਸੁਖਵੀਰ ਸਿੰਘ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਅਸ਼ੋਕ ਲੱਖਾ, ਰਾਜਵੰਤ ਘੁੱਲੀ, ਡਾ. ਅਨਵਰ ਭਸੌੜ, ਐਡਵੋਕੇਟ ਹੈਪੀ ਗਰਗ, ਰਛਪਾਲ ਸਿੰਘ ਭੁੱਲਰ, ਪਰਮਿੰਦਰ ਸਿੰਘ ਨੂਰ ਔਲਖ ਅਤੇ ਗਗਨ ਜਵੰਧਾ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਤੇ ਪਾਰਟੀ ਵਰਕਰ ਮੌਜੂਦ ਸਨ।

## ਬੱਧਨੀ ਕਲਾਂ 'ਚ ਹੋਈ ਬਸਪਾ ਆਗੂਆਂ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਬਹੁਜਨ ਸਮਾਜ ਪਾਰਟੀ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਬੱਧਨੀ ਕਲਾਂ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਚੜਿੱਕ ਵੱਲੋਂ ਕੀਤੀ ਗਈ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਗੁਰਬਕਸ਼ ਸਿੰਘ ਚੌਹਾਨ ਸੂਬਾ ਜਨਰਲ ਸਕੱਤਰ, ਜ਼ੋਨ ਇੰਚਾਰਜ ਬਠਿੰਡਾ ਸ਼ਾਮਲ ਹੋਏ।ਚੌਹਾਨ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਜ਼ੀਰਾ ਵਿਖੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਸਮਾਗਮ ਵਿੱਚ ਮੋਗਾ ਜ਼ਿਲ੍ਹੇ ਦੀ ਵੱਡੇ ਪੱਧਰ 'ਤੇ ਸ਼ਮੂਲੀਅਤ ਹੋਣ 'ਤੇ ਸਾਰੇ ਜ਼ਿਲ੍ਹਾ ਬਾਡੀ ਹਲਕਾ ਬਾਡੀ ਵਰਕਾਰਾਂ ਦਾ ਧੰਨਵਾਦ ਕੀਤਾ ਅਤੇ ਸਾਰੇ ਵਰਕਰ ਅਹੁਦੇਦਾਰਾਂ ਨੂੰ ਇਕਜੁਟ ਹੋ ਕੇ 2027 ਦੀਆਂ ਤਿਆਰੀਆਂ ਜੁੱਟ ਜਾਣ ਲਈ ਕਿਹਾ ਤੇ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਲਈ ਅਹੁਦੇਦਾਰਾਂ ਦੀ ਜ਼ਿੰਮੇਵਾਰੀ ਲਗਾਈ ਗਈ ਤੇ ਸੈਕਟਰ ਪੱਧਰ 'ਤੇ ਮੀਟਿੰਗਾਂ ਕਰਨ ਦਾ ਫੈਸਲਾ ਲਿਆ ਤਾਂ ਜੋ ਬੂਥ ਲੈਵਲ ਤੱਕ ਵਰਕਰਾਂ ਨਾਲ ਤਾਲਮੇਲ ਕੀਤਾ ਜਾ ਸਕੇ। ਨੌਜਾਵਨ ਆਗੂ ਬਲਜੀਤ ਸਿੰਘ ਕੋਟ ਈਸੇ ਖਾਂ ਹਲਕਾ ਧਰਮਕੋਟ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਲਖਵੀਰ ਸਿੰਘ ਬੁੱਧ ਸਿੰਘ ਵਾਲਾ, ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਸਹੋਤਾ, ਜ਼ਿਲ੍ਹਾ ਕੈਸ਼ੀਅਰ ਜਰਨੈਲ ਸਿੰਘ ਕਪੂਰੇ, ਜ਼ਿਲ੍ਹਾ ਲੇਡੀਜ਼ ਵਿੰਗ ਪ੍ਰਧਾਨ ਕੁਲਵਿੰਦਰ ਕੌਰ ਚੀਮਾ, ਸੀਨੀਅਰ ਆਗੂ ਸੁਨੀਤਾ ਰਾਣੀ, ਹਲਕਾ ਇੰਚਾਰਜ ਜਗਤਾਰ ਸਿੰਘ ਲੌਂਗੀਵਿੰਡ, ਹਲਕਾ ਇੰਚਾਰਜ ਕੇਵਲ ਸਿੰਘ ਸੈਦੋਕੇ, ਹਲਕਾ ਪ੍ਰਧਾਨ ਬਲਵਿੰਦਰ ਸਿੰਘ ਬਾਘਾ ਪੁਰਾਣਾ, ਹਲਕਾ ਪ੍ਰਧਾਨ ਭਰਭੂਰ ਸਿੰਘ ਖੋਟੇ, ਸੀਨੀਅਰ ਆਗੂ ਬਿੱਕਰ ਸਿੰਘ ਬੱਧਨੀ ਕਲਾਂ, ਸ਼ਿੰਦਾ ਸਿੰਘ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ, ਸਰਬਜੀਤ ਕੌਰ ਤੇ ਹੋਰ ਸਾਥੀ ਸ਼ਾਮਲ ਸਨ।

## ਵਿਧਾਇਕ ਡਾ. ਅਰੋੜਾ ਨੇ ਚੜਿੱਕ 'ਚ ਰੱਖਿਆ ਕਮਿਊਨਿਟੀ ਹਾਲ ਦਾ ਨੀਂਹ ਪੱਥਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਮੋਗਾ ਜ਼ਿਲ੍ਹੇ ਦੇ ਪਿੰਡ ਚੜਿੱਕ ਦੇ ਵਸਨੀਕਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਹਲਕਾ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਵਿੱਚ 25 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖ ਕੇ ਉਸਾਰੀ ਕਾਰਜ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਪਿੰਡ ਦੀਆਂ ਤਿੰਨਾਂ ਪੰਚਾਇਤਾਂ ਦੇ ਨੁਮਾਇੰਦੇ, ਸਰਪੰਚ ਸਾਹਿਬਾਨ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਾ ਉਨ੍ਹਾਂ ਦੀ ਮੁੱਖ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਕਮਿਊਨਿਟੀ ਹਾਲ ਦੇ ਨਿਰਮਾਣ ਨਾਲ ਪਿੰਡ ਵਾਸੀਆਂ ਨੂੰ ਸਮਾਜਿਕ, ਧਾਰਮਿਕ ਤੇ ਸਾਂਝੇ ਸਮਾਗਮ ਕਰਵਾਉਣ ਲਈ ਇੱਕ ਬਿਹਤਰ ਸਹੂਲਤ ਉਪਲਬਧ ਹੋਵੇਗੀ।ਲੰਮੇ ਸਮੇਂ ਤੋਂ ਚੱਲੀ ਆ ਰਹੀ ਇਸ ਮੰਗ ਦੇ ਪੂਰਾ ਹੋਣ ਨਾਲ ਪਿੰਡ ਵਾਸੀਆਂ ਵਿੱਚ ਵੀ ਖ਼ੁਸ਼ੀ ਦੀ ਲਹਿਰ ਹੈ।ਵਿਧਾਇਕ ਡਾ. ਅਰੋੜਾ ਨੇ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਰੱਖੀਆਂ ਜਾ ਰਹੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਨਿਰੰਤਰ ਅੱਗੇ ਵਧਾਉਂਦਿਆਂ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।ਇਸ ਮੌਕੇ ਪੰਚਾਇਤ ਨੁਮਾਇੰਦਿਆਂ ਤੇ ਪਿੰਡ ਵਾਸੀਆਂ ਨੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਮਿਊਨਿਟੀ ਹਾਲ ਬਣਨ ਨਾਲ ਪਿੰਡ ਵਿੱਚ ਹੋਣ ਵਾਲੇ ਸਾਂਝੇ ਸਮਾਗਮਾਂ ਲਈ ਇੱਕ ਢੁਕਵੀਂ ਥਾਂ ਉਪਲਬਧ ਹੋਵੇਗੀ।


## ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮੀਟਿੰਗ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮੀਟਿੰਗ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਹੋਈ। ਇਸ ਮੌਕੇ ਸਾਹਿਤਕ ਦੌਰ ਵਿੱਚ ਅਜਮੇਰ ਦੀਵਾਨਾ ਨੇ ਕਵਿਤਾ 'ਵਕਤ ਦਾ ਹਾਣ', ਜੀਤ ਸਿੰਘ ਚਹਿਲ ਨੇ ਕਵਿਤਾ 'ਆਤਮ ਹੱਤਿਆ ਦੀ ਨਵੀਂ ਨੀਤੀ' ਸੁਣਾਈ। ਸੱਤਪਾਲ ਸਿੰਘ ਗਿੱਲ ਨੇ ਕਵੀਸ਼ਰੀ, ਕੁਲਦੀਪ ਮਤਵਾਲਾ ਨੇ ਧਾਰਮਿਕ ਗੀਤ, ਹਰਜਿੰਦਰ ਕੌਰ ਨੇ ਕਵਿਤਾ, ਹਰਿੰਦਰ ਹਨੀ ਨੇ ਛੋਟੀ ਬੋਲੀ ਤੇ ਸੁਖਦਰਸ਼ਨ ਗਰਗ ਨੇ ਤਾਜ਼ਾ ਰੁਬਾਈਆਂ ਪੇਸ਼ ਕੀਤੀਆਂ। ਇਸ ਦੌਰਾਨ ਸ਼ੋਕ ਮਤੇ ਰਾਹੀਂ ਸਭਾ ਦੀ ਕੰਪਿਊਟਰ ਅਧਿਆਪਕਾ ਗੁਰਪ੍ਰੀਤ ਕੌਰ ਦੀ ਦਾਦੀ ਸ੍ਰੀਮਤੀ ਜਮਨਾ ਦੇਵੀ, ਸੁਖਪਾਲ ਸਿੰਘ ਸਪੈਸ਼ਲ ਢਾਡੀ ਲਹਿਰਾ ਧੂਰਕੋਟ, ਹਰਭਜਨ ਬਾਜਵਾ ਲੇਖਕ, ਕਲਾਕਾਰ ਤੇ ਸਾਹਿਤਕ ਫ਼ੋਟੋਗ੍ਰਾਫਰ ਤੇ ਡਾ. ਜਸਵਿੰਦਰ ਸ਼ਰਮਾ ਦੀ ਮਾਤਾ ਸ੍ਰੀਮਤੀ ਹੁਕਮ ਦੇਵੀ ਦੀ ਬੇਵਕਤੀ ਮੌਤ 'ਤੇ ਸਭਾ ਵੱਲੋਂ ਦੁੱਖ ਦਾ ਇਜ਼ਹਾਰ ਕੀਤਾ ਗਿਆ। ਮੀਟਿੰਗ ਵਿੱਚ ਗੁਰਪ੍ਰੀਤ ਕੌਰ ਵੀ ਹਾਜ਼ਰ ਸੀ।

## ਪੀ ਜੀ ਆਈ 'ਚ ਜੁਆਇੰਟ ਰਿਪਲੇਸਮੈਂਟ ਸੰਬੰਧੀ ਤਿੰਨ ਰੋਜ਼ਾ ਕਾਨਫਰੰਸ ਸੰਪੰਨ

### ਆਧੁਨਿਕ ਤਕਨੀਕਾਂ ਬਾਰੇ ਹੋਇਆ ਵਿਚਾਰ-ਵਟਾਂਦਰਾ



**ਸਮਰਾਲਾ (ਸੁਰਜੀਤ ਸਿੰਘ)**
ਪੀਜੀਆਈ ਚੰਡੀਗੜ੍ਹ ਦੇ ਆਰਥੋਪੈਡਿਕ ਸਰਜਰੀ ਵਿਭਾਗ ਵੱਲੋਂ ਆਰਥਰੋਪਲਾਸਟੀ ਸੋਸਾਇਟੀ ਆਫ ਟ੍ਰਾਈਸਿਟੀ ਦੀ ਅਗਵਾਈ ਹੇਠ ਤਿੰਨ ਰੋਜ਼ਾ ਸਾਲਾਨਾ ਆਰਥਰੋਪਲਾਸਟੀ ਕਾਨਫਰੰਸ-2026 ਸਫਲਤਾਪੂਰਵਕ ਸੰਪੰਨ ਹੋ ਗਈ।ਕਾਨਫਰੰਸ ਵਿੱਚ ਮਾਹਰ ਡਾਕਟਰਾਂ ਨੇ ਜੁਆਇੰਟ ਰਿਪਲੇਸਮੈਂਟ ਵਿੱਚ ਸ਼ੁੱਧਤਾ ਤੇ ਨਵੀਆਂ ਤਕਨੀਕਾਂ ਵਿੱਚ ਮੁਹਾਰਤ ਵਿਸ਼ੇ ਨਿੱਠ ਕੇ ਵਿਚਾਰ ਵਟਾਂਦਰਾ ਕੀਤਾ।

ਕਾਨਫਰੰਸ ਦੇ ਚੇਅਰਪਰਸਨ ਪ੍ਰੋ. ਵਿਜੈ ਜੀ. ਗੋਨੀ ਨੇ ਕਿਹਾ ਕਿ ਤਿੰਨ ਰੋਜ਼ਾ ਕਾਨਫਰੰਸ ਨੇ ਮਾਹਰਾਂ ਤੇ ਨੌਜਵਾਨ ਸਰਜਨਾਂ ਨੂੰ ਗਿਆਨ ਦੇ ਆਦਾਨ-ਪ੍ਰਦਾਨ, ਗੁੰਝਲਦਾਰ ਕਲੀਨਿਕਲ ਸਥਿਤੀਆਂ 'ਤੇ ਵਿਚਾਰ-ਵਟਾਂਦਰਾ ਕਰਨ ਤੇ ਆਧੁਨਿਕ ਆਰਥਰੋਪਲਾਸਟੀ ਤਕਨੀਕਾਂ ਬਾਰੇ ਵਿਹਾਰਕ ਤਜਰਬਾ ਹਾਸਲ ਕਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕੀਤਾ।ਚੇਅਰਪਰਸਨ ਪ੍ਰੋ. ਗੋਨੀ ਨੇ ਕਿਹਾ ਕਿ ਜੁਆਇੰਟ ਰਿਪਲੇਸਮੈਂਟ ਵਿੱਚ ਸ਼ੁੱਧਤਾ ਤੇ ਨਵੀਆਂ ਤਕਨੀਕਾਂ ਵਿੱਚ ਮੁਹਾਰਤ ਦਾ ਵਿਸ਼ਾ ਆਰਥਰੋਪਲਾਸਟੀ ਦੇ ਤੇਜ਼ੀ ਨਾਲ ਬਦਲ ਰਹੇ ਖੇਤਰ ਨੂੰ ਦਰਸਾਉਂਦਾ ਹੈ।ਸਾਡਾ ਉਦੇਸ਼ ਸਿਰਫ਼ ਨਵੀਆਂ ਤਰੱਕੀਆਂ ਬਾਰੇ ਚਰਚਾ ਕਰਨਾ ਹੀ ਨਹੀਂ ਸੀ, ਸਗੋਂ ਭਾਗੀਦਾਰਾਂ ਨੂੰ ਵਿਹਾਰਕ ਸਿਖਲਾਈ ਅਤੇ ਮਾਹਿਰਾਂ ਨਾਲ ਸਿੱਧੀ ਗੱਲਬਾਤ ਦੇ ਮੌਕੇ ਪ੍ਰਦਾਨ ਕਰਨਾ ਵੀ ਸੀ।ਉਨ੍ਹਾਂ ਕਿਹਾ ਕਿ ਮੈਨੂੰ ਖੁਸ਼ੀ ਹੈ ਕਿ ਕਾਨਫਰੰਸ ਨੇ ਇਹ ਉਦੇਸ਼ ਸਫਲਤਾਪੂਰਵਕ ਹਾਸਲ ਕੀਤਾ ਹੈ।ਅੰਤ ਵਿੱਚ, ਅਜਿਹੇ ਅਕਾਦਮਿਕ ਉਪਰਾਲਿਆਂ ਦੀ ਅਸਲ ਮਹੱਤਤਾ ਇਸ ਗੱਲ ਵਿੱਚ ਹੈ ਕਿ ਪ੍ਰਾਪਤ ਗਿਆਨ ਤੇ ਹੁਨਰ ਨੂੰ ਬਿਹਤਰ ਤੇ ਵਧੇਰੇ ਸੁਰੱਖਿਅਤ ਮਰੀਜ਼ ਸੇਵਾ ਵਿੱਚ ਬਦਲਿਆ ਜਾ ਸਕੇ।ਤਿੰਨ ਰੋਜ਼ਾ ਵਿਗਿਆਨਕ ਪ੍ਰੋਗਰਾਮ ਦੌਰਾਨ ਪ੍ਰਾਇਮਰੀ ਤੇ ਰੀਵਿਜ਼ਨ ਆਰਥਰੋਪਲਾਸਟੀ ਨਾਲ ਸਬੰਧਤ ਵਿਸ਼ਿਆਂ ਦੀ ਵਿਸਥਾਰ ਪੂਰਬਕ ਚਰਚਾ ਕੀਤੀ ਗਈ।ਇਸ ਦੌਰਾਨ ਨਵੀਆਂ ਸਰਜੀਕਲ ਤਕਨੀਕਾਂ, ਗੁੰਝਲਦਾਰ ਕਲੀਨਿਕਲ ਸਥਿਤੀਆਂ ਤੇ ਜਟਿਲ ਜੁਆਇੰਟ ਰਿਪਲੇਸਮੈਂਟ ਪ੍ਰਕਿਰਿਆਵਾਂ ਵਿੱਚ ਫੈਸਲਾ ਲੈਣ ਦੀ ਪ੍ਰਕਿਰਿਆ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਕਾਨਫਰੰਸ ਦੇ ਆਖਰੀ ਦਿਨ ਅਕਾਦਮਿਕ ਸੈਸ਼ਨਾਂ ਦੌਰਾਨ ਗੁੰਝਲਦਾਰ ਟੋਟਲ ਨੀਅ ਤੇ ਟੋਟਲ ਹਿੱਪ ਰਿਪਲੇਸਮੈਂਟ ਕੇਸਾਂ, ਆਰਥਰੋਪਲਾਸਟੀ ਲਈ ਐਨੇਸਥੀਸੀਆ ਤੇ ਆਪ੍ਰੇਸ਼ਨ ਤੋਂ ਪਹਿਲਾਂ ਤੇ ਬਾਅਦ ਦੀ ਮਰੀਜ਼ ਯਾਤਰਾ, ਭਾਰਤੀ ਸੰਦਰਭ ਵਿੱਚ ਟੋਟਲ ਨੀ ਰਿਪਲੇਸਮੈਂਟ ਲਈ ਕਾਕਟੇਲ ਦੀ ਰਚਨਾ ਵਿੱਚ ਵੱਖ-ਵੱਖ ਤਬਦੀਲੀਆਂ, ਓਸਟੀਓਪੋਰੋਸਿਸ ਦੇ ਇਲਾਜ ਤੇ ਆਰਥਰੋਪਲਾਸਟੀ ਵਿੱਚ ਇਸ ਦੀ ਮਹੱਤਤਾ ਤੇ ਜੁਆਇੰਟ ਪ੍ਰਿਜ਼ਰਵੇਸ਼ਨ ਪ੍ਰਕਿਰਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਕਿਸਾਨ ਆਗੂ ਜਗਦੀਪ ਸਿੰਘ 'ਤੇ ਹਮਲਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਦੀ ਮੰਗ



**ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਕੁੱਲ ਹਿੰਦ ਕਿਸਾਨ ਸਭਾ ਅੰਮ੍ਰਿਤਸਰ ਦੀ ਜ਼ਰੂਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਜਨੀਤ ਸਿੰਘ ਬੱਬ ਦੀ ਪ੍ਰਧਾਨਗੀ ਹੇਠ ਪਾਰਟੀ ਦਫ਼ਤਰ, ਪੁਤਲੀਘਰ ਵਿੱਚ ਹੋਈ। ਮੀਟਿੰਗ ਦੇ ਫ਼ੈਸਲੇ ਜਾਰੀ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਸਵਿੰਦਰ ਸਿੰਘ ਮੀਰਾਂਕੋਟ ਨੇ ਦੱਸਿਆ ਕਿ ਪਿਛਲੇ ਸਮੇਂ ਵਿੱਚ ਮੀਂਹ ਤੇ ਹਨੇਰੀ ਨਾਲ ਪੱਕੇ ਹੋਏ ਝੋਨੇ ਥੱਲੇ ਡਿੱਗ ਪਏ ਹਨ, ਜਿਸ ਨਾਲ ਕਿਸਾਨਾਂ ਨਾਲ ਭਾਰੀ ਨੁਕਸਾਨ ਹੋਇਆ ਹੈ। ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਤੁਰੰਤ ਵਿਸ਼ੇਸ਼ ਗਿਰਦਾਵਰੀ ਕਰਕੇ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ 19 ਸਤੰਬਰ ਨੂੰ ਨੌਜਵਾਨ ਕਿਸਾਨ ਆਗੂ ਕਾਮਰੇਡ ਜਗਦੀਪ ਸਿੰਘ ਉੱਤੇ ਸਮਾਜ ਵਿਰੋਧੀ ਅਨਸਰਾਂ ਵੱਲੋਂ ਕੀਤੇ ਗਏ ਕਾਤਲਾਨਾ ਹਮਲੇ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਰਿਪੋਰਟ ਡਾਕਟਰੀ ਮੁਲਾਹਜ਼ਾ ਕਰਵਾ ਕੇ ਥਾਣਾ ਕਿਲ੍ਹਾ ਲਾਲ ਸਿੰਘ ਤਹਿਸੀਲ ਬਟਾਲਾ ਵਿਖੇ ਦਿੱਤੀ ਗਈ ਹੈ ਪਰ ਪੁਲਿਸ ਵੱਲੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਕਾਮਰੇਡ ਜਗਦੀਪ ਸਿੰਘ ਨੂੰ ਇਨਸਾਫ ਦਿਵਾਉਣ ਲਈ ਕੁੱਲ ਹਿੰਦ ਕਿਸਾਨ ਸਭਾ ਥਾਣਾ ਕਿਲ੍ਹਾ ਲਾਲ ਸਿੰਘ ਦਾ ਘਿਰਾਓ ਕਰਨ ਲਈ ਮਜਬੂਰ ਹੋਵੇਗੀ। ਕਾਮਰੇਡ ਅਜਨਾਲਾ ਨੇ ਦੱਸਿਆ ਕਿ ਮੀਟਿੰਗ ਵਿਚ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਦੀ ਸਾਬਕਾ ਪ੍ਰਧਾਨ ਕਾਮਰੇਡ ਹਰਜੀਤ ਕੌਰ ਦੀ ਬੇਵਕਤ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਮੀਟਿੰਗ ਵਿਚ ਸਵਿੰਦਰ ਸੰਧੂ, ਬਲਦੇਵ ਸਿੰਘ, ਬਖਤਾਵਰ ਸਿੰਘ, ਸੰਤੋਖ ਸਿੰਘ, ਚਰਨਜੀਤ ਮਜੀਠਾ, ਕਿਰਪਾ ਰਾਮ, ਬਲਜਿੰਦਰ ਸਿੰਘ, ਸਾਥੀ ਨਰਿੰਦਰ ਸਿੰਘ ਡੇਰਾ ਬਾਬਾ ਨਾਨਕ ਵੀ ਹਾਜ਼ਰ ਸਨ।

## ਭਗਤਾਂਵਾਲਾ-ਪੱਟੀ ਤੇ ਖੇਮਕਰਨ-ਭਗਤਾਂਵਾਲਾ ਰੇਲ ਸੇਵਾ 21 ਤੋਂ 27 ਤੱਕ ਬੰਦ

**ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਰੇਲਵੇ ਡਵੀਜ਼ਨ ਫਿਰੋਜ਼ਪੁਰ ਵੱਲੋਂ ਜਨਤਕ ਸੂਚਨਾ ਜਾਰੀ ਕਰਦਿਆਂ ਦੱਸਿਆ ਗਿਆ ਹੈ ਕਿ ਰੇਲ ਗੱਡੀ ਨੰਬਰ 74686 ਭਗਤਾਂਵਾਲਾ ਤੋਂ ਪੱਟੀ ਅਤੇ ਰੇਲ ਗੱਡੀ ਨੰਬਰ 74685 ਖੇਮਕਰਨ ਤੋਂ ਪੱਟੀ-ਭਗਤਾਂਵਾਲਾ ਦੀ ਸੇਵਾ 21 ਸਤੰਬਰ ਤੋਂ 27 ਸਤੰਬਰ 2026 ਤੱਕ ਬੰਦ ਰਹੇਗੀ। ਇਸ ਮੌਕੇ ਰੇਲਵੇ ਸਟੇਸ਼ਨ ਮਾਸਟਰ ਪੱਟੀ ਅਰੁਣ ਕੁਮਾਰ ਨੇ ਦੱਸਿਆ ਕਿ ਰੇਲਵੇ ਵੱਲੋਂ ਯਾਤਰੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਕਤ ਮਿਆਦ ਦੌਰਾਨ ਆਪਣੀ ਯਾਤਰਾ ਦੀ ਯੋਜਨਾ ਬਣਾਉਂਦੇ ਸਮੇਂ ਇਸ



ਸੂਚਨਾ ਨੂੰ ਧਿਆਨ ਵਿੱਚ ਰੱਖਣ। ਰੇਲ ਸੇਵਾ ਬੰਦ ਰਹਿਣ ਕਾਰਨ ਇਸ ਰੂਟ 'ਤੇ ਯਾਤਰਾ ਕਰਨ ਵਾਲੇ ਯਾਤਰੀਆਂ ਨੂੰ ਬਦਲਵੇਂ ਸਾਧਨਾਂ ਦੀ ਵਰਤੋਂ ਕਰਨੀ ਪਵੇਗੀ। ਉਨ੍ਹਾਂ ਨੇ ਦੱਸਿਆ ਕਿ ਪੱਟੀ-ਖੇਮਕਰਨ ਰੇਲ ਯਾਤਰੀਆਂ ਲਈ ਅਹਿਮ ਸੂਚਨਾ ਹੈ ਕਿ 7 ਦਿਨ ਰੇਲ ਸੇਵਾ ਬੰਦ ਰਹੇਗੀ ਅਤੇ ਪੱਟੀ ਰੂਟ ਦੀਆਂ ਦੋ ਰੇਲ ਗੱਡੀਆਂ 21 ਤੋਂ 27 ਸਤੰਬਰ ਤੱਕ ਰੱਦ ਕੀਤੀਆਂ ਗਈਆਂ ਹਨ। ਰੇਲ ਯਾਤਰੀ ਧਿਆਨ ਦੇਣ ਕਿ ਰੇਲ ਗੱਡੀ ਨੰਬਰ 74686 ਅਤੇ 74685 ਦੀ ਸੇਵਾ 21 ਤੋਂ 27 ਸਤੰਬਰ ਤੱਕ ਰਹੇਗੀ। ਰੱਦ ਰੇਲਵੇ ਵਿਭਾਗ ਵੱਲੋਂ ਯਾਤਰੀਆਂ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਕਤ ਮਿਤੀਆਂ ਦੌਰਾਨ ਇਨ੍ਹਾਂ ਰੇਲ ਗੱਡੀਆਂ ਵਿੱਚ ਯਾਤਰਾ ਦੀ ਯੋਜਨਾ ਨਾ ਬਣਾਈ ਜਾਵੇ ਅਤੇ ਆਪਣੀ ਯਾਤਰਾ ਲਈ ਹੋਰ ਉਪਲਬਧ ਸਾਧਨਾਂ ਦੀ ਵਰਤੋਂ ਕੀਤੀ ਜਾਵੇ।

## ਏ ਆਈ+ ਸਮਾਰਟਫੋਨ ਦਾ ਸਰਵਿਸ ਨੈੱਟਵਰਕ 1,000 ਕੇਂਦਰਾਂ ਤੱਕ ਵਧਾਉਣ ਦੀ ਯੋਜਨਾ

**ਲੁਧਿਆਣਾ:** ਏ ਆਈ+ ਸਮਾਰਟਫੋਨ ਨੇ ਭਾਰਤ ਵਿੱਚ ਆਪਣੇ ਆਫਟਰ-ਸੇਲਜ਼ ਸਰਵਿਸ ਨੈੱਟਵਰਕ ਨੂੰ 1,000 ਤੋਂ ਵੱਧ ਸਰਵਿਸ ਸੈਂਟਰਾਂ ਤੱਕ ਵਧਾਉਣ ਦੀ ਯੋਜਨਾ ਦਾ ਐਲਾਨ ਕੀਤਾ ਹੈ। ਮੌਜੂਦਾ 800 ਤੋਂ ਵੱਧ ਕੇਂਦਰਾਂ ਵਿੱਚ 200 ਤੋਂ ਵੱਧ ਨਵੇਂ ਸੈਂਟਰ ਜੋੜੇ ਜਾਣਗੇ। ਇਸ ਦੇ ਨਾਲ ਦਿੱਲੀ ਵਿੱਚ ਦੀਵਾਲੀ ਮੌਕੇ ਪਹਿਲਾ ਐਕਸਕਲੂਸਿਵ ਏ ਆਈ+ ਸਰਵਿਸ ਸੈਂਟਰ ਸ਼ੁਰੂ ਕੀਤਾ ਜਾਵੇਗਾ। ਕੰਪਨੀ ਨੇ 'ਏ ਆਈ+ ਅਸਿਸਟੈਂਸ ਐਪ' ਵੀ ਪੇਸ਼ ਕਰਨ ਦੀ ਯੋਜਨਾ ਬਣਾਈ ਹੈ, ਜਿਸ ਰਾਹੀਂ ਸਰਵਿਸ ਬੁਕਿੰਗ, ਟਿਕਟ ਟ੍ਰੈਕਿੰਗ ਅਤੇ ਡਿਵਾਈਸ ਸਪੋਰਟ ਇੱਕੋ ਥਾਂ ਮਿਲੇਗੀ। ਸੀ ਈ ਓ ਮਾਧਵ ਸੇਠ ਨੇ ਕਿਹਾ ਕਿ ਕੰਪਨੀ ਦਾ ਉਦੇਸ਼ ਗਾਹਕਾਂ ਲਈ ਸਰਵਿਸ ਨੂੰ ਆਸਾਨ, ਪਾਰਦਰਸ਼ੀ ਅਤੇ ਭਰੋਸੇਯੋਗ ਬਣਾਉਣਾ ਹੈ। ਕੰਪਨੀ ਆਮ ਸਰਵਿਸ ਜ਼ਰੂਰਤਾਂ ਨੂੰ ਸਮੱਸਿਆ ਦੀ ਜਟਿਲਤਾ ਮੁਤਾਬਕ ਉਸੇ ਦਿਨ ਤੋਂ ਵੱਧ ਤੋਂ ਵੱਧ ਸੱਤ ਦਿਨਾਂ ਵਿੱਚ ਪੂਰਾ ਕਰਨ ਦਾ ਟੀਚਾ ਰੱਖਦੀ ਹੈ।

## ਚੇਅਰਮੈਨ ਦੀਪਕ ਚੌਹਾਨ ਨੂੰ ਮਿਲੇ ਡਾ. ਇੰਦਰਪਾਲ

**ਛੇਹਰਟਾ, (ਮਨੋਜ ਕੁਮਾਰ)** : ਆਮ ਆਦਮੀ ਪਾਰਟੀ ਐੱਸ.ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰਪਾਲ ਤੇ ਇੰਜੀ. ਕਰਮਜੀਤ ਸਿੰਘ ਸਰਾਂ ਦੀ ਅਗਵਾਈ ਹੇਠ ਪਾਰਟੀ ਆਗੂ



ਤੇ ਵਰਕਰ ਚੰਡੀਗੜ੍ਹ ਵਿਚ ਪੰਜਾਬ ਲਾਰਜ ਸਕੇਲ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਦੀਪਕ ਚੌਹਾਨ ਤੇ 'ਆਪ' ਦੇ ਸੀਨੀਅਰ ਆਗੂ ਕਮਲ ਚੌਧਰੀ ਨੂੰ ਮਿਲੇ। ਡਾ. ਇੰਦਰਪਾਲ ਨੇ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਪੰਜਾਬ 'ਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਬਾਰੇ ਖੁੱਲ੍ਹ ਕੇ ਵਿਚਾਰ-ਚਰਚਾ ਹੋਈ। ਇਸ ਮੌਕੇ ਦੀਪਕ ਚੌਹਾਨ ਨੂੰ ਸਨਮਾਨਤ ਵੀ ਕੀਤਾ ਗਿਆ ਇਸ ਮੌਕੇ ਤਰਜਿੰਦਰ ਸਿੰਘ, ਮਨਜੀਤ ਸਿੰਘ, ਗੁਰਨਾਮ ਸਿੰਘ ਪ੍ਰੇਮੀ, ਬਲਵਿੰਦਰ ਸਿੰਘ ਗੋਰਾ ਆਦਿ ਮੌਜੂਦ ਸਨ।

## ਐੱਨ ਐੱਸ ਈ ਨੇ ਆਈ ਪੀ ਓ ਲਈ 1,700 ਤੋਂ 1,785 ਰੁਪਏ ਦਾ ਪ੍ਰਾਈਸ ਬੈਂਡ ਕੀਤਾ ਤੈਅ

**ਚੰਡੀਗੜ੍ਹ:** ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ ਲਿਮਿਟਿਡ (ਐੱਨ ਐੱਸ ਈ) ਨੇ ਆਪਣੇ ਆਈਪੀਓ ਲਈ 1,700 ਤੋਂ 1,785 ਪ੍ਰਤੀ ਸ਼ੇਅਰ ਦਾ ਪ੍ਰਾਈਸ ਬੈਂਡ ਤੈਅ ਕੀਤਾ ਹੈ।ਆਈ ਪੀ ਓ ਏ ਜੋ 17 ਸਤੰਬਰ 2026 ਨੂੰ ਖੁੱਲ੍ਹ ਜੋ 21 ਸਤੰਬਰ ਨੂੰ ਬੰਦ ਹੋਵੇਗਾ। ਨਿਵੇਸ਼ਕ ਘੱਟੋ-ਘੱਟ 8 ਸ਼ੇਅਰਾਂ ਅਤੇ ਇਸ ਤੋਂ ਬਾਅਦ 8 ਦੇ ਗੁਣਕ ਵਿੱਚ ਬੋਲੀ ਲਗਾ ਸਕਦੇ ਹਨ। ਇਹ ਪੂਰੀ ਤਰ੍ਹਾਂ ਆਫਰ ਫਾਰ ਸੇਲ (ਓ ਐਫ ਐਸ) ਹੈ, ਜਿਸ ਤਹਿਤ ਮੌਜੂਦਾ ਸ਼ੇਅਰਧਾਰਕ 12,64,36,650 ਸ਼ੇਅਰ ਵੇਚਣਗੇ। ਸੇਬੀ ਦੇ ਨਿਯਮਾਂ ਅਨੁਸਾਰ ਬੁੱਕ-ਬਿਲਡਿੰਗ ਰਾਹੀਂ ਲਿਆਂਦੇ ਜਾ ਰਹੇ ਇਸ਼ੂ ਵਿੱਚ ਕੁਆਲੀਫਾਈਡ ਇੰਸਟੀਚਿਊਸ਼ਨਲ ਬਾਇਰਸ ਲਈ ਵੱਧ ਤੋਂ ਵੱਧ 50%, ਨਾਨ-ਇੰਸਟੀਚਿਊਸ਼ਨਲ ਨਿਵੇਸ਼ਕਾਂ ਲਈ ਘੱਟੋ-ਘੱਟ 15% ਅਤੇ ਰਿਟੇਲ ਨਿਵੇਸ਼ਕਾਂ ਲਈ ਘੱਟੋ-ਘੱਟ 35% ਹਿੱਸਾ ਰਾਖਵਾਂ ਹੈ।

## 'ਮੁਲਾਜ਼ਮ ਵਰਗ ਸਰਕਾਰ ਪਾਸੋਂ ਮੰਗਾਂ ਮਨਵਾਉਣ 'ਚ ਰਿਹੈ ਫਾਡੀ'

**ਵੇਰਕਾ (ਰਾਣਾ)**- ਸਮਾਜਿਕ ਨਿਆਂ, ਸਸ਼ਕਤੀਕਰਨ ਵੈਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲ੍ਹਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ ਅਤੇ ਜ਼ਿਲ੍ਹਾ ਪ੍ਰਧਾਨ ਸਾਹਿਬ ਸਿੰਘ ਐਸ.ਐਲ.ਏ ਯੂਨੀਅਨ ਅੰਮ੍ਰਿਤਸਰ ਨੇ ਇੱਕ ਸਾਂਝੇ ਪ੍ਰੈੱਸ ਬਿਆਨ ਰਾਹੀਂ ਸਰਕਾਰ ਵੱਲੋਂ ਮੁਲਾਜ਼ਮ ਵਰਗ ਨੂੰ 50% ਡੀ ਏ ਦੇਣ ਦੀ ਮਿਲੀ ਹਰੀ ਝੰਡੀ ਨੂੰ ਮੁੱਢੋਂ ਨਕਾਰਦੇ ਹੋਏ ਮੁਲਾਜ਼ਮ ਵਰਗ ਦੀਆਂ ਮੁਢਲੀਆਂ ਮੰਗਾਂ ਜਿਉਂ ਦੀਆਂ ਤਿਉਂ ਹੀ ਖੜ੍ਹੀਆਂ ਰਹਿਣ ਦੀ ਸਖ਼ਤ ਸ਼ਬਦਾਂ ਵਿੱਚ ਆਲੋਚਨਾ ਕੀਤੀ ਹੈ। ਉਪਰੋਕਤ ਜਥੇਬੰਦਕ ਆਗੂਆਂ ਨੇ ਡੀ ਏ ਦੀ ਮੰਗ ਮੰਨਣ ਲਈ ਰਾਜ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਕਰਦੇ ਹੋਏ ਆਖਿਆ ਹੈ ਕਿ ਮੁਲਾਜ਼ਮ ਵਰਗ ਦੀਆਂ ਤਨਖ਼ਾਹਾਂ ਤਾਂ ਪਹਿਲਾਂ ਹੀ ਬਹੁਤ ਹਨ। ਪਰ ਨਵੇਂ ਭਰਤੀ ਹੋਣ ਵਾਲੇ ਮੁਲਾਜ਼ਮਾਂ ਦਾ ਵਰਤਮਾਨ ਅਤੇ ਨਾ ਹੀ ਭਵਿੱਖ ਅਤੇ ਬੁਢਾਪਾ ਸੁਰੱਖਿਅਤ ਰਿਹਾ ਹੈ। ਉਨ੍ਹਾਂ ਸਰਕਾਰ ਪਾਸੋਂ ਗੁਹਾਰ ਲਗਾਈ ਹੈ ਕਿ ਸਰਕਾਰ ਡੀ.ਏ ਭਾਵੇਂ ਨਾ ਦਿੰਦੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੰਦੀ, ਮਿਤੀ 15/1/2015 ਦੇ ਪੱਤਰ ਅਨੁਸਾਰ ਮੁਢਲੀ ਤਨਖ਼ਾਹ ਦੇਵੇ ਅਤੇ ਮਿਤੀ 17/7/2020 ਦੇ ਕੇਂਦਰੀ ਸਕੇਲ ਬੰਦ ਕਰੇ ਨਹੀਂ ਤਾਂ ਕੇਂਦਰ ਸਰਕਾਰ ਮੁਤਾਬਿਕ ਡੀ.ਏ ਦੇਵੇ। ਸਰਕਾਰ ਸਮੂਹ ਮੁਲਾਜ਼ਮ ਵਰਗ ਦੀ ਬਿਹਤਰੀ ਵਾਸਤੇ ਜ਼ਰੂਰ ਉਚਿਤ ਕਦਮ ਚੁੱਕੇ। ਇਸ ਮੌਕੇ ਜਥੇਬੰਦਕ ਆਗੂਆਂ ਨੇ ਮੰਗ ਕੀਤੀ ਹੈ ਕਿ ਸਰਕਾਰ ਚਾਰ ਲੱਖ ਮੁਲਾਜ਼ਮਾਂ ਅਤੇ ਸਾਢੇ ਤਿੰਨ ਲੱਖ ਪੈਨਸ਼ਨਰਾਂ ਦੀ ਫਰਿਆਦ ਪ੍ਰਵਾਨ ਕਰੇ।

## ਅਕਾਲੀ ਦਲ ਦੀ ਸਰਕਾਰ ਬਣਨ 'ਤੇ ਜ਼ਿਲ੍ਹਾ ਤਰਨਤਾਰਨ 'ਚ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ : ਬਾਦਲ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਬੀੜ ਬਾਬਾ ਬੁੱਢਾ ਸਾਹਿਬ ਜੀ ਕਾਲਜ ਵਿਖੇ ਹਲਕਾ ਇੰਚਾਰਜ ਬੀਬਾ ਕੰਚਨਪ੍ਰੀਤ ਕੌਰ ਵੱਲੋਂ 'ਪੰਜਾਬ ਬਚਾਓ ਰੈਲੀ' ਤਹਿਤ ਕਰਵਾਈ ਗਈ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ।



ਰੈਲੀ ਨੂੰ ਸੰਬੋਧਨ ਕਰਦਿਆਂ ਸ. ਬਾਦਲ ਨੇ ਕਿਹਾ ਕਿ ਪੰਜਾਬੀਆਂ ਨੂੰ ਅਜਿਹੀ ਜਥੇਬੰਦੀ ਤੋਂ ਸੁਚੇਤ ਰਹਿਣ ਦੀ ਲੋੜ ਹੈ ਜਿਸਨੂੰ ਏਜੰਸੀਆਂ ਅਤੇ ਆਮ ਆਦਮੀ ਪਾਰਟੀ ਨੇ ਖੜ੍ਹਾ ਕੀਤਾ ਹੈ ਅਤੇ ਜਿਸਨੂੰ ਬੰਦੀ ਸਿੰਘਾਂ ਵਰਗੇ ਪੰਥਕ ਮੁੱਦਿਆਂ ਨਾਲ ਕੋਈ ਸਰੋਕਾਰ ਨਹੀਂ।ਉਨ੍ਹਾਂ ਕਿਹਾ ਕਿ ਤੁਹਾਨੂੰ ਅਜਿਹੀਆਂ ਰਾਤੋ-ਰਾਤ ਉੱਗੀਆਂ ਪਾਰਟੀਆਂ ਤੋਂ ਸੁਚੇਤ ਰਹਿਣ ਦੀ ਲੋੜ ਹੈ ਜਿਨ੍ਹਾਂ ਦੇ ਆਗੂਆਂ ਦਾ ਤੁਹਾਡੇ ਵਾਸਤੇ ਕੁਰਬਾਨੀਆਂ ਦਾ ਕੋਈ ਇਤਿਹਾਸ ਨਹੀਂ।ਉਨ੍ਹਾਂ ਐਲਾਨ ਕੀਤਾ ਕਿ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਸਰਕਾਰੀ ਨੌਕਰੀਆਂ ਸਿਰਫ ਪੰਜਾਬੀਆਂ ਨੂੰ ਹੀ ਦੇਣ ਸਬੰਧੀ ਕਾਨੂੰਨ ਬਣਾਇਆ ਜਾਵੇਗਾ ਅਤੇ ਸਰਹੱਦੀ ਜ਼ਿਲ੍ਹਾ ਤਰਨਤਾਰਨ ਵਿੱਚ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ।ਉਨ੍ਹਾਂ ਇਹ ਵੀ ਕਿਹਾ ਕਿ ਅਕਾਲੀ ਵਰਕਰਾਂ ਨਾਲ ਧੱਕੇਸ਼ਾਹੀਆਂ ਕਰਨ ਵਾਲਿਆਂ ਨਾਲ ਕਰੜੇ ਹੱਥੀਂ ਨਜਿੱਠਿਆ ਜਾਵੇਗਾ।ਕਿਸਾਨਾਂ ਲਈ ਐਲਾਨ ਕਰਦਿਆਂ ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਕੋਲ ਟਿਊਬਵੈੱਲ ਕੁਨੈਕਸ਼ਨ ਨਹੀਂ ਹਨ, ਉਨ੍ਹਾਂ ਨੂੰ ਸਰਕਾਰ ਬਣਨ ਦੇ ਇੱਕ ਮਹੀਨੇ ਦੇ ਅੰਦਰ-ਅੰਦਰ ਕੁਨੈਕਸ਼ਨ ਦਿੱਤੇ ਜਾਣਗੇ।ਇਸ ਮੌਕੇ ਹਲਕਾ ਇੰਚਾਰਜ ਬੀਬਾ ਕੰਚਨਪ੍ਰੀਤ ਕੌਰ ਨੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਪਹੁੰਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕ ਸਰਕਾਰ ਦੀਆਂ ਧੱਕੇਸ਼ਾਹੀਆਂ ਦਾ ਜਵਾਬ ਵੋਟਾਂ ਨਾਲ ਦੇਣਗੇ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਸਾਬਕਾ ਕੈਬਨਿਟ ਮੰਤਰੀ ਗੁਲਜ਼ਾਰ ਸਿੰਘ ਰਣੀਕੇ, ਸਾਬਕਾ ਵਿਧਾਇਕ ਵਿਰਸਾ ਸਿੰਘ ਵਲਟੋਹਾ, ਗੁਰਸੇਵਕ ਸਿੰਘ ਸੇਖ, ਗੁਰਪ੍ਰੀਤ ਸਿੰਘ ਵਡਾਲੀ, ਤੇਜਿੰਦਰ ਸਿੰਘ ਮਿੱਡੂਖੇੜਾ, ਸੀਨੀਅਰ ਅਕਾਲੀ ਆਗੂ ਪੂਰਨ ਸਿੰਘ, ਸਾਬਕਾ ਸਰਪੰਚ ਸਾਮ ਸਿੰਘ ਕੋਟ, ਸਾਬਕਾ ਸਰਪੰਚ ਪਰਮਜੀਤ ਸਿੰਘ ਗੱਗੋਬੂਹਾ, ਰਾਮ ਸਿੰਘ ਨਾਮਧਾਰੀ, ਸਰਪੰਚ ਮਨਜਿੰਦਰ ਸਿੰਘ ਐਮਾ, ਬੱਬਾ ਸਰਪੰਚ ਮੱਝੂਪੁਰ, ਸਾਬਕਾ ਸਰਪੰਚ ਬਲਵਿੰਦਰ ਸਿੰਘ ਬਾਬਾ ਲੰਗਾਹ, ਸਾਬਕਾ ਸਰਪੰਚ ਹਰਦਿਆਲ ਸਿੰਘ, ਚੇਅਰਮੈਨ ਹਰਵੰਤ ਸਿੰਘ, ਸਰਪੰਚ ਅਜਮੇਰ ਸਿੰਘ ਛਾਪਾ, ਨੰਬਰਦਾਰ ਜਸਬੀਰ ਸਿੰਘ ਸਰਾਂ, ਸਰਪੰਚ ਸੋਨੂੰ ਬਰਾੜ ਦੋਦੇ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ ਪਲਾਸੌਰ, ਅਮਰਿੰਦਰ ਸਿੰਘ ਮਾਣਕ, ਦਲਜੀਤ ਸਿੰਘ ਐਮਾ, ਸੋਨੂੰ ਦੋਦੇ, ਮਨੋਜ ਅਗਨੀਹੋਤਰੀ, ਸ਼ਰਨਜੀਤ ਸਿੰਘ ਭੋਜੀਆਂ, ਗੁਰਸੇਵਕ ਸਿੰਘ ਐਮਾ, ਸਰਪੰਚ ਵਰਿੰਦਰ ਸਿੰਘ ਹੀਰਾਪੁਰ , ਸਾਬਕਾ ਸਰਪੰਚ ਗੁਰਿੰਦਰ ਸਿੰਘ ਬਾਬਾ ਲੰਗਾਹ, ਨਵ ਢਿੱਲੋਂ, ਲਵ ਢਿੱਲੋਂ, ਵੀਰਪਾਲ ਸਿੰਘ ਗੋਲਣ, ਗੁਰਜੀਤ ਸਿੰਘ ਜੱਜ, ਸਰਬਜੀਤ ਸਿੰਘ ਝਬਾਲ ਖੁਰਦ, ਅੰਗਰੇਜ਼ ਸਿੰਘ ਜਗਤਪੁਰਾ ਆੜ੍ਹਤੀ, ਪਹਿਲਵਾਨ ਪੱਪੂ ਠੱਠਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਹਾਜ਼ਰ ਸਨ।

## ਗੁਰੂ ਦੀ ਨਗਰੀ ਦੇ ਬੁੱਧੀਜੀਵੀ ਅਧਿਆਪਕਾਂ ਦਾ ਮਾਣ-ਸਨਮਾਨ

**ਅੰਮ੍ਰਿਤਸਰ (ਅਰੋੜਾ):** ਗੁਰੂ ਦੀ ਨਗਰੀ ਵਿੱਚ ਦੇਸ਼ ਅਤੇ ਸਮਾਜ ਭਲਾਈ ਦੇ ਕਾਰਜਾਂ ਲਈ ਹਮੇਸ਼ਾ ਅੱਗੇ ਰਹਿਣ ਵਾਲੀ ਏ.ਆਈ.ਸੀ.ਈ. ਸੋਸਾਇਟੀ (ਰਜਿ.) ਵੱਲੋਂ ਲੋੜਵੰਦ ਪਰਿਵਾਰਾਂ ਦੇ




ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਮੁਫ਼ਤ ਪੁਸਤਕਾਂ, ਸਟੇਸ਼ਨਰੀ ਅਤੇ ਹਰੇਕ ਤਿਉਹਾਰ ਦੇ ਮੌਕੇ ਖਾਣ-ਪੀਣ ਦੀ ਸਮੱਗਰੀ ਉਪਲਬਧ ਕਰਵਾਉਣ ਦੀ ਪਰੰਪਰਾ ਚੱਲਦੀ ਆ ਰਹੀ ਹੈ। ਇਸੇ ਪਰੰਪਰਾ ਦੇ ਤਹਿਤ ਸੋਸਾਇਟੀ ਵੱਲੋਂ ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਦੇ ਪ੍ਰਧਾਨ ਪਰਮੀਤ ਸਿੰਘ, ਪੈਟਰਨ ਰਸਜੀਤ ਸਿੰਘ ਖੇੜਾ, ਮਹਾ ਮੀਤ ਪ੍ਰਧਾਨ ਸੰਜੇ ਮਲਿਕ ਅਤੇ ਚੀਫ਼ ਐਡਵਾਈਜ਼ਰ ਰੋਟਰੀ ਦੇ ਐਡਮਿਨ ਸਕੱਤਰ ਵਿਜੇ ਭਸੀਨ, ਐੱਮ.ਓ.ਸੀ. ਸਾਬਕਾ ਸਹਾਇਕ ਗਵਰਨਰ ਆਰ.ਐੱਸ. ਚੱਠਾ ਦੀ ਦੇਖ-ਰੇਖ ਹੇਠ ਗੁਰੂ ਦੀ ਨਗਰੀ ਦੇ 6 ਬੁੱਧੀਜੀਵੀ ਅਧਿਆਪਕਾਂ ਨੂੰ ਸਨਮਾਨਿਤ ਕਰਨ ਲਈ ਸਮਾਗਮ ਦਾ ਆਯੋਜਨ ਕੀਤਾ ਗਿਆ।ਰੋਟਰੀ ਪ੍ਰਧਾਨ ਪਰਮੀਤ ਸਿੰਘ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਰੋਟਰੀ ਦੇ ਆਉਣ ਵਾਲੇ ਜ਼ਿਲ੍ਹਾ ਗਵਰਨਰ ਐੱਚ.ਐੱਸ. ਜੋਗੀ ਮੁੱਖ ਮਹਿਮਾਨ ਅਤੇ ਬੀ.ਬੀ.ਕੇ. ਡੀ.ਏ.ਵੀ. ਸਕੂਲ ਦੀ ਪ੍ਰਿੰਸੀਪਲ ਇੰਦੂ ਗੁਲਾਟੀ ਮੁੱਖ ਸਪੀਕਰ ਵਜੋਂ ਸ਼ਾਮਲ ਹੋਏ। ਸਮਾਗਮ ਵਿੱਚ ਰੋਟਰੀ ਅਤੇ ਸੋਸਾਇਟੀ ਵੱਲੋਂ ਸਨਮਾਨਿਤ ਕੀਤੇ ਗਏ ਅਧਿਆਪਕਾਂ ਵਿੱਚ ਖ਼ਾਲਸਾ ਕਾਲਜ ਫ਼ਾਰ ਵੂਮੈਨ ਦੀ ਸਾਬਕਾ ਵਾਈਸ ਪ੍ਰਿੰਸੀਪਲ ਹਰਜਿੰਦਰ ਕੌਰ ਚੱਠਾ, ਮਾਧਵ ਵਿਦਿਆ ਨਿਕੇਤਨ ਦੀ ਅਧਿਆਪਕਾ ਅਮਨਦੀਪ ਕੌਰ, ਗੁਰੂ ਦੀ ਨਗਰੀ ਦੀ ਮਨੋਵਿਗਿਆਨਕ ਅਧਿਆਪਕਾ ਮਨਮੀਤ ਬੇਦੀ, ਸੋਸਾਇਟੀ ਸੈਂਟਰ ਦੀ ਮੁੱਖ ਸੰਚਾਲਿਕਾ ਕਮਲਦੀਪ ਕੌਰ, ਮੈਡਮ ਪੁਨੀਤ ਕੌਰ ਅਤੇ ਮੈਡਮ ਪ੍ਰੀਤੀ ਦੇ ਨਾਮ ਪ੍ਰਮੁੱਖ ਰਹੇ।ਉਨ੍ਹਾਂ ਨੂੰ ਰੋਟਰੀ ਨਾਰਥ ਅਤੇ ਸੋਸਾਇਟੀ ਵੱਲੋਂ ਸਨਮਾਨ ਚਿੰਨ੍ਹ ਅਤੇ ਦੋਸ਼ਾਲੇ ਦੇ ਕੇ ਸਨਮਾਨਿਤ ਕੀਤਾ ਗਿਆ।ਮੁੱਖ ਸਪੀਕਰ ਪ੍ਰਿੰਸੀਪਲ ਇੰਦੂ ਗੁਲਾਟੀ ਨੇ ਅਧਿਆਪਕਾਂ ਪ੍ਰਤੀ ਵਿਦਿਆਰਥੀਆਂ ਦੇ ਫ਼ਰਜ਼ਾਂ ਅਤੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਪ੍ਰਤੀ ਨਿਭਾਏ ਜਾਣ ਵਾਲੇ ਫ਼ਰਜ਼ਾਂ ਬਾਰੇ ਵਿਸਥਾਰਪੂਰਵਕ ਦੱਸਿਆ।ਇਸ ਮੌਕੇ ਰੋਟੇਰੀਅਨ ਵਿਜੇ ਭਸੀਨ, ਰਸਜੀਤ ਸਿੰਘ ਅਤੇ ਸੰਜੇ ਮਲਿਕ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਵਿਦਿਆਰਥੀਆਂ ਨੂੰ ਤਰੱਕੀ ਦੇ ਰਾਹ ਤੇ ਚੱਲਦੇ ਰਹਿਣ ਦਾ ਆਸ਼ੀਰਵਾਦ ਦਿੱਤਾ।ਸਮਾਗਮ ਦੇ ਅੰਤ ਵਿੱਚ ਮੁੱਖ ਮਹਿਮਾਨ ਐੱਚ.ਐੱਸ. ਜੋਗੀ ਅਤੇ ਮੁੱਖ ਸਪੀਕਰ ਨੂੰ ਰੋਟਰੀ ਨਾਰਥ ਅਤੇ ਸੋਸਾਇਟੀ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਏ.ਆਈ.ਸੀ.ਈ. ਸੋਸਾਇਟੀ ਦੇ ਮੈਂਬਰ ਰਮੇਸ਼ ਮਹਾਜਨ, ਸ਼੍ਰੀਮਤੀ ਪ੍ਰਿਆ ਬੇਦੀ, ਸਮਾਜ ਸੇਵਕ ਸੰਦੀਪ ਗੁਲਾਟੀ, ਰੋਟਰੀ ਅਤੇ ਸੋਸਾਇਟੀ ਦੇ ਉਪ ਪ੍ਰਧਾਨ ਅਸ਼ੋਕ ਗ੍ਰੋਵਰ, ਡਾ. ਕੁਲਦੀਪ ਸਿੰਘ ਅਰੋੜਾ, ਰਾਜਬੀਰ ਬੀਕਾਨੇਰ, ਰੋਟਰੀ ਦੇ ਸਹਾਇਕ ਗਵਰਨਰ ਕੇ.ਐਸ. ਚੱਠਾ, ਅੰਸ਼ੂ ਰਾਮਪਾਲ, ਨਿਰਮਲ ਸਿੰਘ, ਰੋਟਰੀ ਨਾਰਥ ਦੀ ਸਕੱਤਰ ਮਨਿੰਦਰ ਕੌਰ, ਐਡਵੋਕੇਟ ਆਰ.ਕੇ. ਉੱਪਲ, ਮੁਕੇਸ਼ ਨੰਦਾ, ਅੰਦੇਸ਼ ਭੱਲਾ ਸਮੇਤ ਰੋਟਰੀ ਨਾਰਥ ਅਤੇ ਏ.ਆਈ.ਸੀ.ਈ. ਸੋਸਾਇਟੀ ਦੇ ਕਈ ਮੈਂਬਰ ਮੌਜੂਦ ਸਨ।

## ਬੈਂਕ ਵੱਲੋਂ ਬ੍ਰਾਂਡ ਅੰਬੈਸਡਰ ਆਰ ਮਾਧਵਨ ਨਾਲ 'ਨਥਿੰਗ ਸਮਾਲ ਐਬਾਊਟ ਆਸ' ਮੁਹਿੰਮ ਦੀ ਸ਼ੁਰੂਆਤ

**ਅੰਮ੍ਰਿਤਸਰ :** ਉੱਜੀਵਨ ਸਮਾਲ ਫਾਇਨੈਂਸ ਬੈਂਕ ਲਿਮਿਟੇਡ (ਉੱਜੀਵਨ ਐੱਸਐੱਫਬੀ), ਜੋ 26 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ 800 ਤੋਂ ਵੱਧ ਬ੍ਰਾਂਚਾਂ ਰਾਹੀਂ 1 ਕਰੋੜ ਤੋਂ ਵੱਧ ਗਾਹਕਾਂ ਨੂੰ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ, ਨੇ ਆਪਣੀ ਨਵੀਂ ਬ੍ਰਾਂਡ ਮੁਹਿੰਮ 'ਨਥਿੰਗ ਸਮਾਲ ਐਬਾਉਟ ਅਸ' ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਇਸ ਮੁਹਿੰਮ ਵਿੱਚ ਪ੍ਰਸਿੱਧ ਅਦਾਕਾਰ ਅਤੇ ਪਦਮ ਸ਼੍ਰੀ ਐਵਾਰਡੀ ਆਰ. ਮਾਧਵਨ ਨੂੰ ਇਸ ਦਾ ਬ੍ਰਾਂਡ ਅੰਬੈਸਡਰ ਬਣਾਇਆ ਗਿਆ ਹੈ। ਇਹ ਮੁਹਿੰਮ ਗਾਹਕਾਂ ਦੀ ਇੱਕ ਅਹਿਮ ਧਾਰਨਾ 'ਤੇ ਆਧਾਰਿਤ ਹੈ: 'ਸਮਾਲ' ਸ਼ਬਦ ਕਈ ਵਾਰ ਇਹ ਧਾਰਨਾ ਪੈਦਾ ਕਰ ਸਕਦਾ ਹੈ ਕਿ ਬੈਂਕ ਮੁੱਖ ਤੌਰ 'ਤੇ ਛੋਟੀ ਰਕਮ ਵਾਲੀਆਂ ਵਿੱਤੀ ਜ਼ਰੂਰਤਾਂ ਪੂਰੀਆਂ ਕਰਦਾ ਹੈ, ਇਸ ਕੋਲ ਬੈਂਕਿੰਗ ਉਤਪਾਦਾਂ ਅਤੇ ਸੇਵਾਵਾਂ ਦੀ ਸੀਮਤ ਰੇਂਜ ਹੈ ਜਾਂ ਇਹ ਛੋਟੇ ਪੈਮਾਨੇ 'ਤੇ ਕੰਮ ਕਰਦਾ ਹੈ। 'ਨਥਿੰਗ ਸਮਾਲ ਐਬਾਉਟ ਅਸ' ਮੁਹਿੰਮ ਦਾ ਉਦੇਸ਼ ਅੱਜ ਦੇ ਉੱਜੀਵਨ ਸਮਾਲ ਫਾਇਨੈਂਸ ਬੈਂਕ ਨੂੰ ਪੇਸ਼ ਕਰਕੇ ਇਸ ਧਾਰਨਾ ਨੂੰ ਦੂਰ ਕਰਨਾ ਹੈ। ਉੱਜੀਵਨ ਸੇਵਿੰਗਜ਼, ਡਿਪਾਜ਼ਿਟ, ਲੈਂਡਿੰਗ ਅਤੇ ਬਿਜ਼ਨਸ ਬੈਂਕਿੰਗ, ਫਾਰੇਕਸ ਅਤੇ ਐੱਨਆਰਆਈ ਸੇਵਾਵਾਂ ਦੇ ਨਾਲ-ਨਾਲ ਇਨਵੈਸਟਮੈਂਟ ਅਤੇ ਵੈਲਥ ਸਲਿਊਸ਼ਨਜ਼ ਸਮੇਤ ਬੈਂਕਿੰਗ ਹੱਲਾਂ ਦੀ ਇੱਕ ਵਿਆਪਕ ਰੇਂਜ ਮੁਹੱਈਆ ਕਰਦਾ ਹੈ। ਇਸ ਦੀਆਂ ਲੋਨ ਸੇਵਾਵਾਂ 6,000 ਰੁਪਏ ਤੋਂ ਲੈ ਕੇ 250 ਕਰੋੜ ਰੁਪਏ ਤੱਕ ਹਨ, ਜੋ ਵੱਖ-ਵੱਖ ਵਿੱਤੀ ਜ਼ਰੂਰਤਾਂ ਵਾਲੇ ਗਾਹਕਾਂ ਦੀਆਂ ਲੋੜਾਂ ਪੂਰੀਆਂ ਕਰਦੀਆਂ ਹਨ। ਮੁਹਿੰਮ ਬਾਰੇ ਟਿੱਪਣੀ ਕਰਦਿਆਂ ਉੱਜੀਵਨ ਸਮਾਲ ਫਾਇਨੈਂਸ ਬੈਂਕ ਦੇ ਚੀਫ਼ ਮਾਰਕੀਟਿੰਗ ਅਫ਼ਸਰ ਲਕਸ਼ਮਣ ਵੇਲਾਯੁਥਮ ਨੇ ਕਿਹਾ: 'ਨਥਿੰਗ ਸਮਾਲ ਐਬਾਉਟ ਅਸ' ਇੱਕ ਬਿਲਕੁਲ ਅਸਲੀ ਗਾਹਕ ਧਾਰਨਾ ਤੋਂ ਸਾਹਮਣੇ ਆਈ ਹੈ। ਸਾਨੂੰ ਪਤਾ ਲੱਗਾ ਕਿ 'ਸਮਾਲ' ਸ਼ਬਦ ਕਈ ਵਾਰ ਇਹ ਧਾਰਨਾ ਪੈਦਾ ਕਰ ਸਕਦਾ ਹੈ ਕਿ ਸਾਡੀਆਂ ਸੇਵਾਵਾਂ, ਟਿਕਟ ਸਾਈਜ਼ ਜਾਂ ਇੱਥੋਂ ਤੱਕ ਕਿ ਸਾਡਾ ਪੈਮਾਨਾ ਵੀ ਸੀਮਤ ਹੋ ਸਕਦਾ ਹੈ। ਅੱਜ ਦਾ ਉੱਜੀਵਨ ਇਸ ਧਾਰਨਾ ਤੋਂ ਬਿਲਕੁਲ ਵੱਖਰਾ ਹੈ। ਇਸ ਕੋਲ ਬ੍ਰਾਂਚਾਂ ਦਾ ਵਿਸ਼ਾਲ ਨੈੱਟਵਰਕ ਅਤੇ ਬੈਂਕਿੰਗ ਤੇ ਲੈਂਡਿੰਗ ਹੱਲਾਂ ਦੀ ਇੱਕ ਵਿਆਪਕ ਰੇਂਜ ਹੈ, ਜੋ ਵੱਖ-ਵੱਖ ਗਾਹਕਾਂ ਦੀਆਂ ਜ਼ਰੂਰਤਾਂ ਪੂਰੀਆਂ ਕਰਦੀ ਹੈ। ਇਸ ਮੁਹਿੰਮ ਰਾਹੀਂ ਅਸੀਂ ਚਾਹੁੰਦੇ ਹਾਂ ਕਿ ਹਰ ਕੋਈ ਉੱਜੀਵਨ ਨੂੰ ਉਸ ਰੂਪ ਵਿੱਚ ਦੇਖੇ, ਜੋ ਇਹ ਅੱਜ ਹੈ—ਇੱਕ ਅਜਿਹਾ ਬੈਂਕ ਜਿਸ ਕੋਲ ਵੱਖ-ਵੱਖ ਵਿੱਤੀ ਜ਼ਰੂਰਤਾਂ ਪੂਰੀਆਂ ਕਰਨ ਲਈ ਪੈਮਾਨਾ, ਪਹੁੰਚ ਅਤੇ ਸੇਵਾਵਾਂ ਦੀ ਵਿਸ਼ਾਲ ਰੇਂਜ ਹੈ। ਆਰ. ਮਾਧਵਨ ਨੇ ਸਾਲਾਂ ਦੌਰਾਨ ਜੋ ਭਰੋਸੇਯੋਗਤਾ, ਪ੍ਰਮਾਣਿਕਤਾ ਅਤੇ ਵਿਸ਼ਵਾਸ ਬਣਾਇਆ ਹੈ, ਉਹ ਇਸ ਸੰਦੇਸ਼ ਨੂੰ ਪਹੁੰਚਾਉਣ ਲਈ ਉਨ੍ਹਾਂ ਨੂੰ ਕੁਦਰਤੀ ਤੌਰ 'ਤੇ ਢੁੱਕਵਾਂ ਬਣਾਉਂਦਾ ਹੈ।

## ਜ਼ਿਲ੍ਹਾ ਪੱਧਰੀ ਫੁੱਟਬਾਲ ਮੈਚ 'ਚ ਅੱਵਲ ਸਥਾਨ ਹਾਸਲ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ 70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 2026-27 ਕਰਵਾਈਆਂ ਗਈਆਂ ਜਿਸ ਵਿੱਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਫੁੱਟਬਾਲ (ਅੰਡਰ-17) ਲੜਕਿਆਂ ਦੀ ਟੀਮ ਨੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਹ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ ਏ. ਈ. ਓ. ਮਨਿੰਦਰ ਸਿੰਘ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਸ. ਜੁਗਰਾਜ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਸੇਵਾ ਦੇਵੀ ਕਾਲਜ ਤਰਨ ਤਾਰਨ ਵਿਖੇ ਕਰਵਾਏ ਗਏ ਜਿਨ੍ਹਾਂ ਦਾ ਮਕਸਦ ਸਕੂਲ ਦੇ ਬੱਚਿਆਂ ਨੂੰ ਮਾਨਸਿਕ ਅਤੇ ਸਰੀਰਕ ਪੱਖੋਂ ਮਜ਼ਬੂਤ ਬਣਾਉਣਾ ਸੀ।ਇਨ੍ਹਾਂ ਜ਼ਿਲ੍ਹਾ-ਪੱਧਰੀ ਖੇਡ ਮੁਕਾਬਲਿਆਂ ਵਿੱਚ ਜ਼ੋਨ ਗੋਇੰਦਵਾਲ ਸਾਹਿਬ ਵੱਲੋਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਆਪਣੀ ਸਖ਼ਤ ਮਿਹਨਤ ਸਦਕਾ ਅਤੇ ਕੋਚ ਸ. ਸੁਖਵਿੰਦਰ ਸਿੰਘ ਤੇ ਕੋਚ ਸ. ਰੇਸ਼ਮ ਸਿੰਘ ਦੀ ਸਹੀ ਸੇਧ ਸਦਕਾ ਫੁੱਟਬਾਲ ਅੰਡਰ-17 (ਲੜਕਿਆਂ) ਦੀ ਟੀਮ ਨੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ।ਇਸ ਮੌਕੇ ਆਪਣੀ ਖੁਸ਼ੀ ਜਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਅਗਾਂਹ ਹੋਣ ਵਾਲੀਆਂ ਖੇਡਾਂ ਵਿੱਚ ਉਚ ਕੋਟੀ ਦਾ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ।

## ਐਡਵੋਕੇਟ ਲੱਖਾ ਸਿੰਘ ਆਜ਼ਾਦ ਵੱਲੋਂ ਤਹਿਸੀਲ ਕੰਪਲੈਕਸ ਵਿਖੇ ਦਫਤਰ ਦਾ ਉਦਘਾਟਨ

**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**- ਉੱਘੇ ਸਮਾਜ ਸੇਵੀ ਅਤੇ ਐਡਵੋਕੇਟ ਲੱਖਾ ਸਿੰਘ ਆਜ਼ਾਦ ਨੇ ਤਹਿਸੀਲ ਕੰਪਲੈਕਸ ਬਾਬਾ ਬਕਾਲਾ ਸਾਹਿਬ ਵਿੱਚ ਨਵੇਂ ਦਫਤਰ ਦਾ ਉਦਘਾਟਨ ਕੀਤਾ ।ਇਸ ਮੌਕੇ ਸਵੇਰੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਗੁਰਦੁਆਰਾ ਨੌਵੀ ਪਾਤਿਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਪੰਜ ਪਿਆਰਿਆਂ ਦੀ ਸੇਵਾ ਨਿਭਾ ਰਹੇ ਸਿੰਘ ਸਾਹਿਬਾਨ ਭਾਈ ਅਮਰੀਕ ਸਿੰਘ ਫੇਰੂਮਾਨ ਵਾਲਿਆਂ ਰਸਮੀ ਤੌਰ ਤੇ ਰੀਬਨ ਕੱਟ ਕੇ ਦਫਤਰ ਦਾ ਉਦਘਾਟਨ ਕੀਤਾ ।



ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਸੂਬਾ ਪ੍ਰਧਾਨ ਹਰਜੀਪ੍ਰੀਤ ਸਿੰਘ ਕੰਗ, ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸੁਖਵਿੰਦਰ ਸਿੰਘ ਚਾਹਲ, ਬਲਵਿੰਦਰ ਸਿੰਘ ਅਠੌਲਾ, ਜਸਪਾਲ ਸਿੰਘ ਗੱਗੜਭਾਣਾ, ਸਕੱਤਰ ਸਿੰਘ ਪੁਰੇਵਾਲ, ਅਜੈਬ ਸਿੰਘ ਬੋਦੇਵਾਲ, ਨਿਰਮਲ ਸਿੰਘ ਸੰਘਾ, ਜਗੀਰ ਸਿੰਘ ਸਫਰੀ, ਹਰਪ੍ਰੀਤ ਸਿੰਘ ਹੈਪੀ ਬੁਤਾਲਾ, ਸੁਖਦੇਵ ਸਿੰਘ ਪੱਡਾ ਚੇਅਰਮੈਨ ਰਾਮਗੜ੍ਹੀਆ ਵੈਲਫੇਅਰ ਬੋਰਡ ਪੰਜਾਬ, ਅੰਮ੍ਰਿਤਸਰ ਬਾਰ ਐਸੋਸੀਏਸ਼ਨ ਤੋ ਐਡਵੋਕੇਟ ਸ਼ੁਕਰਗੁਜ਼ਾਰ ਸਿੰਘ, ਐਡਵੋਕੇਟ ਬਿਕਰਮਜੀਤ ਸਿੰਘ ਝੰਡ, ਐਡਵੋਕੇਟ ਮਨਜੀਤ ਕੌਰ, ਐਡਵੋਕੇਟ ਹਰਪ੍ਰੀਤ ਸਿੰਘ, ਐਡਵੋਕੇਟ ਜਸ਼ਨਦੀਪ ਸਿੰਘ, ਐਡਵੋਕੇਟ ਅਜੇਵੀਰ ਸਿੰਘ ਅਜਾਦ, ਐਡਵੋਕੇਟ ਹਰਮਨਦੀਪ ਸਿੰਘ ਕਲੇਰ, ਐਡਵੋਕੇਟ ਰਕੇਸ਼ ਗੁਪਤਾ, ਪ੍ਰਧਾਨ ਨਾਜਰ ਸਿੰਘ ਵਡਾਲਾ, ਵਾਇਸ ਪ੍ਰਧਾਨ ਬਲਵਿੰਦਰ ਸਿੰਘ ਮਜਦੂਰ ਯੂਨੀਅਨ, ਜਗਜੀਤ ਸਿੰਘ, ਮਹਿੰਦਰ ਸਿੰਘ, ਵਸੀਕਾ ਨਵੀਸ ਲਾਜਵੰਤ ਵੋਹਰਾ, ਵਸੀਕਾ ਨਵੀਸ ਜਗਦੀਸ਼ ਮਿਤਰ, ਅਸ਼ਟਾਮ ਫਰੋਸ ਭਾਰਤ ਭੂਸ਼ਣ, ਅਸਟਾਮ ਫਰੋਸ ਅਮਨਦੀਪ ਸਿੰਘ ਹੈਪੀ, ਮਨਜੀਤ ਸਿੰਘ ਸਠਿਆਲਾ, ਨੰਬਰਦਾਰ ਭੁਪਿੰਦਰ ਸਿੰਘ, ਨੰਬਰਦਾਰ ਮੰਗਲ ਸਿੰਘ ਮਹਿਤਾ ਬਲਜਿੰਦਰ ਸਿੰਘ ਮਹਿਤਾ, ਰਵੀ ਸੇਖੋਂ, ਸਤਨਾਮ ਸਿੰਘ, ਪ੍ਰੇਮ ਸਿੰਘ ਜੋਗਿੰਦਰ ਸਿੰਘ, ਐਡਵੋਕੇਟ ਅਰਜਨ ਵੋਹਰਾ, ਮਨਜੀਤ ਸਿੰਘ ਚੀਮਾਂ ਬਾਠ, ਮੁਨਸ਼ੀ ਵਿਸ਼ਾਲਦੀਪ ਸਿੰਘ ਵਡਾਲਾ, ਬਲਕਾਰ ਸਿੰਘ, ਹਰਵਮਤ ਸਿੰਘ ਅਤੇ ਹੋਰ ਹਾਜ਼ਰ ਸਨ ।

## ਫੇਰੂਮਾਨ 'ਚ ਨਵੀਂ ਇਕਾਈ ਦਾ ਗਠਨ; ਗਿਆਰਾਂ ਮੈਂਬਰਾਂ ਨੂੰ ਦਿੱਤੀਆਂ ਅਹੁਦੇਦਾਰੀਆਂ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਤਰਨਤਾਰਨ, ਜ਼ੋਨ ਖਡੂਰ ਸਾਹਿਬ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਫੇਰੂਮਾਨ ਵਿੱਚ ਨਵੀਂ ਇਕਾਈ ਦਾ ਗਠਨ ਕੀਤਾ ਗਿਆ। ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਇਸ ਵਕਤ ਉਚੇਚੇ ਤੌਰ 'ਤੇ ਹਾਜ਼ਰ ਸਨ। ਚੋਣਵੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਜ਼ੋਨ ਖਡੂਰ ਸਾਹਿਬ ਦੇ ਪ੍ਰਧਾਨ ਸੁਖਚੈਨ ਸਿੰਘ ਅੱਲੋਵਾਲ, ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਗੋਰਾ ਮੀਆਂਵਿੰਡ, ਆਗੂ ਗੁਰਵਿੰਦਰ ਸਿੰਘ ਕੋਟਲੀ ਵੱਲੋਂ ਜਿਲ੍ਹਾ ਅੰਮ੍ਰਿਤਸਰ ਦੇ ਪਿੰਡ ਫੇਰੂਮਾਨ ਵਿੱਚ ਨਵੀਂ ਇਕਾਈ ਦਾ ਗਠਨ ਕੀਤਾ ਗਿਆ। ਉਸ ਵਕਤ ਜ਼ਿਲ੍ਹਾ ਅੰਮ੍ਰਿਤਸਰ ਸਾਹਿਬ ਦੀ ਆਗੂ ਟੀਮ ਬਲਵਿੰਦਰ ਸਿੰਘ ਰੋਮਾਣੇ ਚੱਕ, ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਧਾਨ ਜਗਜੀਤ ਸਿੰਘ ਭਲੋਜਲਾ, ਜ਼ੋਨ ਬਾਬਾ ਬਕਾਲਾ ਸਾਹਿਬ ਦੇ ਸਕੱਤਰ ਪ੍ਰਗਟ ਸਿੰਘ ਲੋਹਗੜ੍ਹ, ਖਜ਼ਾਨਚੀ ਚਰਨ ਸਿੰਘ ਕਲੇਰ ਘੁੰਮਣ ਆਦਿ ਦੀ ਹਾਜਰੀ ਵਿੱਚ ਨਵੀਂ 11 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ।ਇਹ ਪਿੰਡ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਹੋਣ ਕਰਕੇ ਚੁਣੀ ਹੋਈ ਕਮੇਟੀ ਨੂੰ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਅੰਮ੍ਰਿਤਸਰ ਜ਼ਿਲ੍ਹੇ ਦੇ ਪ੍ਰਧਾਨ ਨੂੰ ਸੌਂਪ ਦਿੱਤੀ ਗਈ।ਰਣਜੀਤ ਸਿੰਘ ਕਲੇਰਵਾਨਾ ਨੇ ਕਿਹਾ ਕਿ 24 ਸਤੰਬਰ ਨੂੰ ਸਰਕਾਰ ਨਾਲ ਮੀਟਿੰਗ ਤੈਅ ਹੋਈ ਹੈ।ਜੇਕਰ ਸਰਕਾਰ ਇਸ ਮੀਟਿੰਗ ਵਿਚ ਸਾਡੀਆਂ ਜਾਇਜ਼ ਮੰਗਾਂ ਹੱਲ ਨਹੀਂ ਕਰਦੀ ਤਾਂ ਫਿਰ ਸਰਕਾਰ ਖਿਲਾਫ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।ਲੋਕਾਂ ਨੂੰ ਅਪੀਲ ਕੀਤੀ ਕਿ ਘਰਾਂ ਦੇ ਕੰਮ ਕਾਜ ਕਰਦੇ ਹੋਏ ਸੰਘਰਸ਼ ਲਈ ਤਿਆਰ ਬਰ ਤਿਆਰ ਰਹਿਣ। ਇਸ ਮੌਕੇ ਨਵੀਂ ਚੁਣੀ ਗਈ ਇਕਾਈ ਵਜੋਂ ਇਕਾਈ ਪ੍ਰਧਾਨ ਗੁਰਪ੍ਰੀਤ ਸਿੰਘ ਫੇਰੂਮਾਨ, ਸਕੱਤਰ ਬਚਿੱਤਰ ਸਿੰਘ ਫੇਰੂਮਾਨ, ਸੀਨੀਅਰ ਮੀਤ ਪ੍ਰਧਾਨ ਜੁਝਾਰ, ਖਜਾਨਚੀ ਸੁਖਦੇਵ ਸਿੰਘ, ਸਹਾਇਕ ਖਜਾਨਚੀ ਪ੍ਰਗਟ ਸਿੰਘ, ਮੀਤ ਪ੍ਰਧਾਨ ਹਰਪ੍ਰੀਤ ਸਿੰਘ, ਮੀਤ ਪ੍ਰਧਾਨ ਸਰਵਣ ਸਿੰਘ, ਮੀਤ ਸਕੱਤਰ ਹਰਜੀਤ ਸਿੰਘ, ਜਥੇਬੰਦਕ ਸਕੱਤਰ ਸਤਨਾਮ ਸਿੰਘ, ਪ੍ਰੈੱਸ ਸਕੱਤਰ ਦਿਲਾਵਰ ਸਿੰਘ ਆਈਟੀ ਸੈੱਲ, ਇੰਚਾਰਜ ਮਨਜੋਤ ਸਿੰਘ, ਮੈਂਬਰ ਗੁਰਭੇਜ ਸਿੰਘ, ਗੁਰਸੇਵਕ ਸਿੰਘ, ਕੁਲਵੰਤ ਸਿੰਘ ਪਿੰਡ ਫੇਰੂਮਾਨ ਕਮੇਟੀ ਵਜੋਂ ਚੁਣੇ ਗਏ ਹਨ।

## ਆਈ ਸੀ ਆਈ ਸੀ ਆਈ ਪ੍ਰੂਡੈਂਸ਼ੀਅਲ ਲਾਈਫ ਦਾ ਦਾਅਵਾ ਨਿਪਟਾਰਾ ਅਨੁਪਾਤ 99.31 ਫੀਸਦੀ

**ਅੰਮ੍ਰਿਤਸਰ :** ਆਈ ਸੀ ਆਈ ਸੀ ਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਵਿੱਤੀ ਸਾਲ 2027 ਦੀ ਪਹਿਲੀ ਤਿਮਾਹੀ ਵਿੱਚ 99.31% ਦਾ ਦਾਅਵਾ ਨਿਪਟਾਰਾ ਅਨੁਪਾਤ ਦਰਜ ਕੀਤਾ ਹੈ। ਕੰਪਨੀ ਮੁਤਾਬਕ ਇਹ ਭਾਰਤ ਦੀਆਂ ਪ੍ਰਮੁੱਖ ਜੀਵਨ ਬੀਮਾ ਕੰਪਨੀਆਂ ਵਿੱਚ ਸਭ ਤੋਂ ਵੱਧ ਹੈ। ਇਸ ਦੌਰਾਨ ਕੰਪਨੀ ਨੇ 414.08 ਕਰੋੜ ਦੇ ਵਿਅਕਤੀਗਤ ਮੌਤ ਦੇ ਦਾਅਵਿਆਂ ਦਾ ਨਿਪਟਾਰਾ ਕੀਤਾ। ਪ੍ਰਤੀ ਦਾਅਵਾ ਔਸਤ ਰਕਮ ਲਗਭਗ 15 ਲੱਖ ਰਹੀ।

ਕੰਪਨੀ ਦੇ ਅੰਡਰਰਾਈਟਿੰਗ ਅਤੇ ਰਿਟੇਲ ਕਲੇਮਜ਼ ਮੁਖੀ ਸਾਰੰਗ ਗੋਖਲੇ ਨੇ ਕਿਹਾ ਕਿ ਗੈਰ-ਪ੍ਰਮਾਣਿਤ ਮਾਮਲਿਆਂ ਵਿੱਚ ਆਖਰੀ ਦਸਤਾਵੇਜ਼ ਮਿਲਣ ਤੋਂ ਬਾਅਦ ਔਸਤ ਨਿਪਟਾਰਾ ਸਮਾਂ ਸਿਰਫ਼ 1 ਦਿਨ ਰਿਹਾ। ਉਨ੍ਹਾਂ ਮੁਤਾਬਕ ਡਿਜੀਟਾਈਜ਼ੇਸ਼ਨ ਅਤੇ 'ਗਾਹਕ-ਪਹਿਲਾਂ' ਪਹੁੰਚ ਨਾਲ ਤੇਜ਼ੀ ਨਾਲ ਦਾਅਵਿਆਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ।

## ਨਸ਼ਿਆਂ ਖ਼ਿਲਾਫ਼ ਸਾਰਿਆਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ : ਅਕਸ਼ੈ ਸ਼ਰਮਾ

**ਛੇਹਰਟਾ, (ਮਨੋਜ ਕੁਮਾਰ)**- ਨਸ਼ਾ ਮੁਕਤ ਪੰਜਾਬ ਯਾਤਰਾ ਤਹਿਤ 21 ਵਿਧਾਨ ਸਭਾ ਹਲਕਿਆਂ ਲਈ ਯੂਥ ਸੰਪਰਕ ਮੁਹਿੰਮ ਦੇ ਇੰਚਾਰਜ ਅਕਸ਼ੈ ਸ਼ਰਮਾ ਵੱਲੋਂ ਕਰਮਪੁਰਾ ਵਿਚ ਮੀਟਿੰਗ ਕੀਤੀ



ਗਈ। ਇਸ ਮੌਕੇ ਕਈ ਪਰਵਾਰਾਂ ਤੇ ਨੌਜਵਾਨਾਂ ਨਾਲ ਮੁਲਾਕਾਤ ਕੀਤੀ ਗਈ ਅਤੇ ਨਸ਼ੇ ਦੀ ਲਪੇਟ ਵਿਚ ਆਏ ਨੌਜਵਾਨਾਂ ਨੂੰ ਨਸ਼ਾ ਛੱਡਣ ਦੀ ਅਪੀਲ ਕੀਤੀ ਗਈ। ਇਸ ਮੌਕੇ ਅਕਸ਼ੈ ਸ਼ਰਮਾ ਨੇ ਕਿਹਾ ਕਿ ਇਸ ਸਮੇਂ ਪੰਜਾਬ ਨਸ਼ੇ ਦੀ ਗੰਭੀਰ ਸਮੱਸਿਆ ਨਾਲ ਜੂਝ ਰਿਹਾ ਹੈ ਤੇ ਇਸ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਅਪੀਲ ਕੀਤੀ ਕਿ ਸਾਰੇ ਮਿਲ ਕੇ ਨੌਜਵਾਨਾਂ ਨੂੰ ਨਸ਼ੇ ਵਰਗੀ ਬੁਰੀ ਬਿਮਾਰੀ ਤੋਂ ਬਾਹਰ ਕੱਢੀਏ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਹਰ ਵਰਕਰ ਸਮਾਜ ਵਿਚ ਇਸ ਬੁਰਾਈ ਵਿਚ ਫਸੇ ਵਿਅਕਤੀ ਨੂੰ ਬਾਹਰ ਕੱਢਣ ਲਈ ਹਰ ਸਮੇਂ ਮੌਜੂਦ ਹੈ। ਅਕਸ਼ੈ ਸ਼ਰਮਾ ਜਦੋਂ ਕਰਮਪੁਰਾ ਵਿਚ ਮੀਟਿੰਗ ਦੌਰਾਨ ਲੋਕਾਂ ਨਾਲ ਮੁਲਾਕਾਤ ਕਰ ਰਹੇ ਸਨ ਤਾਂ ਦੋ ਭਰਾਵਾਂ ਨੇ ਉਨ੍ਹਾਂ ਅੱਗੇ ਨਸ਼ਾ ਛੁਡਵਾਉਣ ਲਈ ਮਦਦ ਦੀ ਫਰਿਆਦ ਕੀਤੀ। ਇਸ ਤੋਂ ਬਾਅਦ ਅਕਸ਼ੈ ਸ਼ਰਮਾ ਨੇ ਤੁਰੰਤ ਦੋਵਾਂ ਨੂੰ ਹਸਪਤਾਲ ਵਿਚ ਦਾਖ਼ਲ ਕਰਵਾਇਆ ਤੇ ਉਨ੍ਹਾਂ ਦੀ ਨਸ਼ਾ ਛੁਡਵਾਉਣ ਲਈ ਇਲਾਜ ਸ਼ੁਰੂ ਕਰਵਾਉਣ ਵਿਚ ਮਦਦ ਕੀਤੀ।

## ਹੁਣ ਪੁਲਸ ਮੁਲਾਜ਼ਮ ਵੀ ਸੁਰੱਖਿਅਤ ਨਹੀਂ ਜੋ ਵੱਡੀ ਚਿੰਤਾ ਦਾ ਵਿਸ਼ਾ : ਸੱਚਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਅੰਮ੍ਰਿਤਸਰ ਵਿੱਚ ਡਿਊਟੀ ਦੌਰਾਨ ਪੁਲਿਸ ਮੁਲਾਜ਼ਮ ਦੀ ਹੱਤਿਆ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਹਲਕਾ ਮਜੀਠਾ ਦੇ ਕਾਂਗਰਸ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਪੰਜਾਬ ਵਿੱਚ ਆਮ ਲੋਕਾਂ ਤੋਂ ਬਾਅਦ ਹੁਣ ਪੁਲਸ ਮੁਲਾਜ਼ਮ ਵੀ ਸੁਰੱਖਿਅਤ ਨਹੀਂ ਰਹੇ, ਜੋ ਸੂਬੇ ਦੀ ਲੜਖੜਾਈ ਹੋਈ ਕਾਨੂੰਨ ਵਿਵਸਥਾ ਦੀ ਗੰਭੀਰ ਤਸਵੀਰ ਪੇਸ਼ ਕਰਦਾ ਹੈ। ਅੱਜ ਪਿੰਡ ਲੁੱਧੜ ਵਿੱਚ ਇੱਕ ਸਮਾਜਿਕ ਸਮਾਗਮ ਉੱਪਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੱਚਰ ਨੇ ਕਿਹਾ ਕਿ ਜਿਹੜੇ ਪੁਲਸ ਮੁਲਾਜ਼ਮ ਆਪਣੀ ਜਾਨ ਜੋਖਮ ਵਿੱਚ ਪਾ ਕੇ ਲੋਕਾਂ ਦੀ ਸੁਰੱਖਿਆ ਕਰਦੇ ਹਨ, ਜੇਕਰ ਉਹੀ ਡਿਊਟੀ ਦੌਰਾਨ ਅਪਰਾਧੀਆਂ ਦੀਆਂ ਗੋਲੀਆਂ ਦਾ ਨਿਸ਼ਾਨਾ ਬਣਨ ਲੱਗ ਪੈਣ ਤਾਂ ਇਹ ਸਰਕਾਰ ਦੀ ਕਾਨੂੰਨ ਵਿਵਸਥਾ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਪੰਜਾਬ ਦੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਸਰਕਾਰ ਦੀ ਮੁਢਲੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਪਰਾਧਕ ਘਟਨਾਵਾਂ ਦਾ ਵਧਣਾ ਅਤੇ ਅਪਰਾਧੀਆਂ ਵੱਲੋਂ ਬੇਖੌਫ਼ ਹੋ ਕੇ ਵਾਰਦਾਤਾਂ ਨੂੰ ਅੰਜਾਮ ਦੇਣਾ ਚਿੰਤਾ ਦਾ ਵਿਸ਼ਾ ਹੈ। ਸਰਕਾਰ ਨੂੰ ਜ਼ਮੀਨੀ ਹਕੀਕਤ ਵੱਲ ਧਿਆਨ ਦੇਣਾ ਚਾਹੀਦਾ ਹੈ। ਸੱਚਰ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਦਾ ਡਰ ਪੈਦਾ ਕਰਨ ਦੀ ਬਜਾਏ ਜੇਕਰ ਅਪਰਾਧੀਆਂ ਦੇ ਹੌਸਲੇ ਵਧ ਰਹੇ ਹਨ ਤਾਂ ਇਸ ਦੀ ਜਵਾਬਦੇਹੀ ਸਰਕਾਰ ਨੂੰ ਤੈਅ ਕਰਨੀ ਪਵੇਗੀ। ਉਨ੍ਹਾਂ ਮੰਗ ਕੀਤੀ ਕਿ ਪੁਲਸ ਮੁਲਾਜ਼ਮ ਦੇ ਕਤਲ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਪੁਲਿਸ ਮੁਲਾਜ਼ਮਾਂ ਦੀ ਸੁਰੱਖਿਆ ਲਈ ਠੋਸ ਕਦਮ ਚੁੱਕੇ ਜਾਣ। ਇਸ ਮੌਕੇ ਕੇਵਲ ਸਿੰਘ ਲੁੱਧੜ, ਰੇਸ਼ਮ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਹਾਜ਼ਰ ਸਨ।

## ਮੀਰੀ-ਪੀਰੀ ਖਾਲਸਾ ਮਾਰਚ ਅੱਜ ਸ਼ਾਮ ਨੂੰ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਵਿਖੇ ਕਰੇਗਾ ਵਿਸ਼ਰਾਮ

**ਧਾਰੀਵਾਲ (ਮਨਦੀਪ ਵਿੱਕੀ)**- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ ਮੀਰੀ-ਪੀਰੀ ਖਾਲਸਾ ਮਾਰਚ ਵੱਖ-ਵੱਖ ਇਤਿਹਾਸਕ ਅਤੇ ਧਾਰਮਿਕ ਸਥਾਨਾਂ ਤੋਂ ਹੁੰਦਾ ਹੋਇਆ ਵੱਖ-ਵੱਖ ਨਗਰਾਂ ਵਿੱਚ ਸੰਗਤਾਂ ਨੂੰ ਦਰਸ਼ਨ-ਦੀਦਾਰੇ ਦਿੰਦਾ ਹੋਇਆ 21 ਸਤੰਬਰ ਦੀ ਸ਼ਾਮ ਨੂੰ ਧਾਰੀਵਾਲ



ਪਹੁੰਚੇਗਾ ਅਤੇ ਰਾਤ ਦਾ ਵਿਸ਼ਰਾਮ ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਕਰੇਗਾ। ਇਹ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਗੋਸਲ, ਗਿਆਨੀ ਜਸਵਿੰਦਰ ਸਿੰਘ ਕਲੇਰ, ਜਗਰੂਪ ਸਿੰਘ ਕਲਿਆਣਪੁਰ ਅਤੇ ਗੁਰਨਾਮ ਸਿੰਘ ਪ੍ਰਚਾਰਕ ਨੇ ਸਾਂਝੇ ਤੌਰ 'ਤੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਧਾਰੀਵਾਲ ਪਹੁੰਚ ਰਹੇ ਮੀਰੀ-ਪੀਰੀ ਖਾਲਸਾ ਮਾਰਚ ਦਾ ਖਾਲਸਾਈ ਜਾਹੋ-ਜਲਾਲ ਨਾਲ ਸਵਾਗਤ ਕਰਨ ਲਈ ਵੱਡੀ ਗਿਣਤੀ ਵਿੱਚ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਵਿਖੇ ਪਹੁੰਚਣ ਅਤੇ ਗੁਰੂ ਸਾਹਿਬ ਦੇ ਦਰਸ਼ਨ ਕਰਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਸੰਗਤਾਂ ਲਈ ਗੁਰੂ ਕੇ ਲੰਗਰ ਅਤੇ ਹੋਰ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਇਹ ਮੀਰੀ-ਪੀਰੀ ਖਾਲਸਾ ਮਾਰਚ 21 ਸਤੰਬਰ ਰਾਤ ਨੂੰ ਇਤਿਹਾਸਿਕ ਗੁਰਦੁਆਰਾ ਵਿਸ਼ਰਾਮ ਕਰਨ ਮਗਰੋਂ 22 ਸਤੰਬਰ ਨੂੰ ਸਵੇਰੇ 8 ਵਜੇ ਅਗਲੇ ਪੜਾਅ ਲਈ ਰਵਾਨਾ ਹੋਵੇਗਾ। ਮਾਰਚ ਧਾਰੀਵਾਲ ਤੋਂ ਫੱਜੂਪੁਰ, ਜਾਪੂਵਾਲ, ਬੱਬਰੀ ਅਤੇ ਪਰਸੂਰਾਮ ਚੌਂਕ ਵਿਖੇ ਪਹੁੰਚੇਗਾ ਅਤੇ ਉਥੋਂ ਅਗਲੇ ਪੜਾਅ ਕਲਾਨੌਰ ਅਤੇ ਡੇਰਾ ਬਾਬਾ ਨਾਨਕ ਵੱਲ ਰਵਾਨਾ ਹੋਵੇਗਾ। ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ, ਗਿਆਨੀ ਜਸਵਿੰਦਰ ਸਿੰਘ ਕੁਲੇਰ, ਜਗਰੂਪ ਸਿੰਘ ਕਲਿਆਣਪੁਰ ਪ੍ਰਚਾਰਕ, ਗੁਰਨਾਮ ਸਿੰਘ ਪ੍ਰਚਾਰਕ, ਕਵਲਜੀਤ ਸਿੰਘ, ਗ੍ਰੰਥੀ ਬਾਬਾ ਗੁਰਦੇਵ ਸਿੰਘ ਕਲਿਆਣਪੁਰ, ਹਰਮਨਜੀਤ ਸਿੰਘ, ਸੰਦੀਪ ਸਿੰਘ ਜਫਰਵਾਲ, ਮਨਜੀਤ ਸਿੰਘ ਬੁੱਟਰ, ਸ਼ਿਵ ਚਰਨ ਸਿੰਘ, ਰਣਜੀਤ ਸਿੰਘ ਪ੍ਰਚਾਰਕ, ਡਾਕਟਰ ਰਣਜੀਤ ਸਿੰਘ ਬੇਦੀ ਕਲੋਨੀ, ਰਾਜਬੀਰ ਕੌਰ ਪ੍ਰਚਾਰਕ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ ।

## ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਗੁਰਦੇਵ ਸਿੰਘ ਬਰਾੜ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਦੇ ਪ੍ਰਧਾਨ ਗੁਰਦੇਵ ਸਿੰਘ ਬਰਾੜ (ਸੇਵਾ-ਮੁਕਤ ਆਈ.ਏ.ਐੱਸ) ਦੇ ਬੀਤੇ ਕੱਲ੍ਹ ਅਕਾਲ ਚਲਾਣਾ ਕਰ ਜਾਣ 'ਤੇ ਸੁਸਾਇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਿੱਖ ਨੈਸ਼ਨਲ ਕਾਲਜ ਅਤੇ ਕਾਲਜੀਏਟ ਸਕੂਲ ਕਾਦੀਆਂ ਦੇ ਸਮੂਹ ਸਟਾਫ, ਵਿਦਿਆਰਥੀਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ । ਕਾਲਜ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਅਗਵਾਈ ਹੇਠ ਸ਼ਨੀਵਾਰ ਸੋਗ ਸਭਾ ਕਰਕੇ ਸਮੂਹ ਸਟਾਫ ਵੱਲੋਂ ਪ੍ਰਧਾਨ ਗੁਰਦੇਵ ਸਿੰਘ ਬਰਾੜ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ। ਪ੍ਰਿੰਸੀਪਲ ਡਾ. ਹੁੰਦਲ ਕਿਹਾ ਕਿ ਉਨ੍ਹਾਂ (ਗੁਰਦੇਵ ਸਿੰਘ ਬਰਾੜ) ਨੂੰ ਲੰਮਾ ਪ੍ਰਸ਼ਾਸਨਿਕ ਤਜਰਬਾ ਸੀ ਤੇ ਕੌਮਾਂਤਰੀ ਪੱਧਰ ਦੇ ਹਾਕੀ ਖਿਡਾਰੀ ਵੀ ਸਨ। ਆਪ ਨੇ ਉੱਚ-ਸਿੱਖਿਆ ਦੇ ਖੇਤਰ ਵਿੱਚ ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਅਤੇ ਦਸਮੇਸ ਸੰਸਥਾਵਾਂ ਫਰੀਦਕੋਟ ਨਾਲ ਜੁੜੀਆਂ ਵਿਦਿਅਕ ਸੰਸਥਾਵਾਂ ਨੂੰ ਅਕਾਦਮਿਕ ਪੱਧਰ ਤੇ ਉੱਚਾ ਚੁੱਕਣ ਵਾਸਤੇ ਸਾਰਾ ਜੀਵਨ ਸਮਰਪਤ ਕੀਤਾ ਹੋਇਆ ਸੀ। ਸਿੱਖ ਨੈਸ਼ਨਲ ਕਾਲਜ ਕਾਦੀਆਂ ਸਮੇਤ ਬਾਕੀ ਵਿੱਦਿਅਕ ਅਦਾਰਿਆਂ ਦੇ ਵਿਕਾਸ ਅਤੇ



ਵਿਦਿਆਰਥੀ ਵਰਗ ਦੀਆਂ ਲੋੜਾਂ ਅਨੁਸਾਰ ਕਈ ਸ਼ਲਾਘਾਯੋਗ ਕਾਰਜ ਉਨ੍ਹਾਂ ਦੀ ਅਗਵਾਈ ਹੇਠ ਹੋਏ ਹਨ। ਗੁਰਦੇਵ ਸਿੰਘ ਬਰਾੜ ਇੱਕ ਦੂਰਅੰਦੇਸੀ ਸੋਚ ਤੇ ਦ੍ਰਿਸ਼ਟੀ ਰੱਖਣ ਵਾਲੇ ਇਨਸਾਨ ਸਨ। ਉਚੇਰੀ ਸਿੱਖਿਆ ਤੇ ਖਾਸ ਕਰ ਪੱਛੜੇ ਇਲਾਕੇ ਦੇ ਹੋਣਹਾਰ ਬੱਚਿਆਂ ਦੀ ਪੜ੍ਹਾਈ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਸਨ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ, ਸੁਸਾਇਟੀ ਅਧੀਨ ਚੱਲ ਰਹੇ ਸਿੱਖ ਨੈਸ਼ਨਲ ਕਾਲਜ ਕਾਦੀਆਂ ਸਮੇਤ ਸਮੂਹ ਵਿਦਿਅਕ ਅਦਾਰਿਆਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਦੇ ਅਕਾਲ ਚਲਾਣੇ 'ਤੇ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ, ਕਾਲਜ ਸਥਾਨਕ ਪ੍ਰਬੰਧਕ ਕਮੇਟੀ ਦੇ ਸਕੱਤਰ ਕਸ਼ਮੀਰ ਸਿੰਘ ਬੋਪਾਰਾਏ, ਸਮੂਹ ਮੈਂਬਰਾਂ, ਸਕੂਲ ਅਤੇ ਕਾਲਜ ਸਟਾਫ, ਸਮੂਹ ਵਿਦਿਆਰਥੀਆਂ, ਸਾਬਕਾ ਵਿਦਿਆਰਥੀਆਂ, ਇਲਾਕੇ ਦੀਆਂ ਪ੍ਰਮੁੱਖ ਸਖਸੀਅਤਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

## ਪ੍ਰਤਾਪ ਵਰਲਡ ਸਕੂਲ ਨੇ ਬੀ ਐੱਮ ਐੱਲ ਮੁੰਜਾਲ ਯੂਨੀਵਰਸਿਟੀ ਨਾਲ ਐੱਮ ਓ ਯੂ 'ਤੇ ਕੀਤੇ ਦਸਤਖਤ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਨੇ ਹੀਰੋ ਗਰੁੱਪ ਦੀ ਪਹਿਲਕਦਮੀ ਬੀ ਐਮ ਐਲ ਮੁੰਜਾਲ ਯੂਨੀਵਰਸਿਟੀ ( ਬੀ ਐਮ ਯੂ) ਨਾਲ ਇੱਕ ਸਮਝੌਤਾ ਯਾਦਦਾਸ਼ਤ (ਐਮ ਓ ਯੂ) 'ਤੇ ਦਸਤਖ਼ਤ ਕੀਤੇ ਹਨ। ਇਸ ਐਮ ਓ ਯੂ 'ਤੇ 18 ਸਤੰਬਰ 2026 ਨੂੰ ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿਖੇ ਦਸਤਖ਼ਤ ਕੀਤੇ ਗਏ। ਬੀ ਐਮ ਐਲ ਮੁੰਜਾਲ ਯੂਨੀਵਰਸਿਟੀ ਵੱਲੋਂ ਅਸਿਸਟੈਂਟ ਡਾਇਰੈਕਟਰ ਆਊਟਰੀਚ ਅਜੈ ਮਹਾਜਨ ਨ ਐਮ ਓ ਯੂ 'ਤੇ ਦਸਤਖ਼ਤ ਕੀਤੇ, ਜਦਕਿ ਪ੍ਰਤਾਪ ਵਰਲਡ ਸਕੂਲ ਦੀ ਨੁਮਾਇੰਦਗੀ ਡਾਇਰੈਕਟਰ ਸਨੀ ਮਹਾਜਨ ਨੇ ਕੀਤੀ। ਇਸ ਸਹਿਯੋਗ ਦਾ ਉਦੇਸ਼ ਦੋਵੇਂ ਸੰਸਥਾਵਾਂ ਵਿਚਕਾਰ ਅਕਾਦਮਿਕ ਭਾਗੀਦਾਰੀ, ਵਿਦਿਆਰਥੀ ਵਿਕਾਸ, ਖੋਜ ਅਨੁਭਵ ਅਤੇ ਫੈਕਲਟੀ ਇੰਟਰੈਕਸ਼ਨ ਨੂੰ ਮਜ਼ਬੂਤ ਕਰਨਾ ਹੈ।ਇਸ ਸਾਂਝੇਦਾਰੀ ਤਹਿਤ ਪ੍ਰਤਾਪ ਵਰਲਡ ਸਕੂਲ ਦੇ ਵਿਦਿਆਰਥੀਆਂ ਨੂੰ ਪ੍ਰੋਜੈਕਟ-ਅਧਾਰਿਤ ਸਿੱਖਿਆ, ਖੋਜ ਅਨੁਭਵ ਅਤੇ ਸਮੱਸਿਆ-ਹੱਲ ਅਧਾਰਿਤ ਗਤੀਵਿਧੀਆਂ ਦੇ ਨਾਲ-ਨਾਲ ਫੈਕਲਟੀ ਮੈਂਬਰਾਂ ਅਤੇ ਇੰਡਸਟਰੀ ਮਾਹਿਰਾਂ ਵੱਲੋਂ ਆਯੋਜਿਤ ਵਰਕਸ਼ਾਪਾਂ, ਸੈਮੀਨਾਰਾਂ, ਮਾਸਟਰਕਲਾਸ, ਇੰਟਰਨਸ਼ਿਪ ਅਤੇ ਸਮਰ ਅਤੇ ਵਿੰਟਰ ਸਕੂਲਾਂ ਵਿੱਚ ਭਾਗ ਲੈਣ ਦੇ ਮੌਕੇ ਮਿਲਣਗੇ। ਇਸ ਦੇ ਨਾਲ ਹੀ ਅਧਿਆਪਕਾਂ ਲਈ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਅਤੇ ਟ੍ਰੇਨਿੰਗ ਸੈਸ਼ਨ ਵੀ ਆਯੋਜਿਤ ਕੀਤੇ



ਜਾਣਗੇ।ਸਹਿਯੋਗ ਦਾ ਇੱਕ ਪ੍ਰਮੁੱਖ ਹਿੱਸਾ ਵਿਦਿਆਰਥੀਆਂ ਦੀ ਬੀ ਐਮ ਯੂ ਵੱਲੋਂ ਆਯੋਜਿਤ ਮੁਕਾਬਲਿਆਂ, ਹੈਕਾਥਾਨ ਅਤੇ ਇਨੋਵੇਸ਼ਨ ਚੈਲੇਂਜਾਂ ਵਿੱਚ ਭਾਗੀਦਾਰੀ ਹੋਵੇਗੀ।ਐਮ ਓ ਯੂ ਦੇ ਤਹਿਤ ਕਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਸੈਸ਼ਨ ਵੀ ਆਯੋਜਿਤ ਕੀਤੇ ਜਾਣਗੇ, ਜਿਨ੍ਹਾਂ ਵਿੱਚ ਯੂਨੀਵਰਸਿਟੀ ਲਈ ਤਿਆਰੀ, ਵਿਸ਼ਿਆਂ ਦੀ ਚੋਣ ਅਤੇ ਨਵੇਂ ਦੌਰ ਦੇ ਕਰੀਅਰ ਵਿਕਲਪਾਂ ਨਾਲ ਸੰਬੰਧਤ ਮਾਰਗਦਰਸ਼ਨ ਦਿੱਤਾ ਜਾਵੇਗਾ। ਯੂਨੀਵਰਸਿਟੀ ਯੋਗ ਵਿਦਿਆਰਥੀਆਂ ਲਈ ਸਕੂਲ ਵਿੱਚ ਅਰਜ਼ੀ ਸਬੰਧੀ ਗਤੀਵਿਧੀਆਂ ਵੀ ਆਯੋਜਿਤ ਕਰੇਗੀ।ਇਸ ਸਹਿਯੋਗ ਦੇ ਤਹਿਤ ਕਲਾਸ 9 ਤੋਂ 12 ਤੱਕ ਦੇ ਵਿਦਿਆਰਥੀਆਂ ਲਈ ਬੀ ਐਮ ਯੂ ਪਾਥਫਾਈਂਡਰ ਵੀ ਉਪਲਬਧ ਕਰਵਾਇਆ ਜਾਵੇਗਾ। ਇਹ ਇੱਕ ਅਜਿਹਾ ਪਲੇਟਫਾਰਮ ਹੈ, ਜਿਸ ਰਾਹੀਂ ਵਿਦਿਆਰਥੀ ਆਪਣੇ ਕਰੀਅਰ ਵਿਕਲਪਾਂ ਅਤੇ ਭਵਿੱਖ ਦੀ ਦਿਸ਼ਾ ਨੂੰ ਸਮਝ ਅਤੇ ਵਿਸ਼ਲੇਸ਼ਣ ਕਰ ਸਕਣਗੇ। ਇਹ ਪਹਿਲ ਵਿਦਿਆਰਥੀਆਂ ਨੂੰ ਬਿਨਾਂ ਕਿਸੇ ਵਾਧੂ ਫੀਸ ਦੇ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਹੈ।ਇਸ ਸਹਿਯੋਗ ਬਾਰੇ ਪ੍ਰਤਾਪ ਵਰਲਡ ਸਕੂਲ ਦੇ ਪ੍ਰਿੰਸੀਪਲ ਸੁਭਰਾ ਰਾਣੀ ਨੇ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਵਿੱਚ ਸਾਡਾ ਮੰਨਣਾ ਹੈ ਕਿ ਸਿੱਖਿਆ ਸਿਰਫ਼ ਕਲਾਸਰੂਮ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ, ਸਗੋਂ ਵਿਦਿਆਰਥੀਆਂ ਨੂੰ ਭਵਿੱਖ ਦੇ ਮੌਕਿਆਂ ਅਤੇ ਚੁਣੌਤੀਆਂ ਲਈ ਵੀ ਤਿਆਰ ਕਰਨਾ ਚਾਹੀਦਾ ਹੈ। ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸਨੀ ਮਹਾਜਨ ਨੇ ਇਸ ਸਹਿਯੋਗ ਲਈ ਧੰਨਵਾਦ ਪ੍ਰਗਟ ਕਰਦਿਆਂ ਬੀ ਐਮ ਐਲ ਮੁੰਜਾਲ ਯੂਨੀਵਰਸਿਟੀ ਦੇ ਅਸਿਸਟੈਂਟ ਡਾਇਰੈਕਟਰ, ਆਊਟਰੀਚ ਅਜੈ ਮਹਾਜਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਸਾਂਝੇਦਾਰੀ ਨੂੰ ਦੋਵੇਂ ਸੰਸਥਾਵਾਂ ਵੱਲੋਂ ਨਾਮਜ਼ਦ ਕੀਤੇ ਕੋਆਰਡੀਨੇਟਰਾਂ ਰਾਹੀਂ ਲਾਗੂ ਕੀਤਾ ਜਾਵੇਗਾ, ਜੋ ਗਤੀਵਿਧੀਆਂ ਦੀ ਯੋਜਨਾ, ਨਿਗਰਾਨੀ ਅਤੇ ਸਮੀਖਿਆ ਕਰਨਗੇ। ਹਰੇਕ ਪਹਿਲਕਦਮੀ ਨੂੰ ਉਪਲਬਧ ਸਰੋਤਾਂ, ਵਿਹਾਰਿਕਤਾ ਅਤੇ ਅਕਾਦਮਿਕ ਕੈਲੰਡਰ ਦੇ ਆਧਾਰ 'ਤੇ ਅੰਤਿਮ ਰੂਪ ਦਿੱਤਾ ਜਾਵੇਗਾ। ਐਮ ਓ ਯ ਦਸਤਖ਼ਤ ਦੀ ਤਾਰੀਖ ਤੋਂ ਇੱਕ ਸਾਲ ਤੱਕ ਪ੍ਰਭਾਵੀ ਰਹੇਗਾ ਅਤੇ ਆਪਸੀ ਸਹਿਮਤੀ ਨਾਲ ਇਸ ਨੂੰ ਅੱਗੇ ਵਧਾਇਆ ਜਾ ਸਕੇਗਾ।

## ਸਵਰਗ ਧਾਮ ਦੇ ਵਿਕਾਸ ਤੇ ਸੁੰਦਰੀਕਰਨ ਲਈ ਦਾਨੀ ਪਰਿਵਾਰ ਨੇ 1 ਲੱਖ ਰੁਪਏ ਦਾ ਯੋਗਦਾਨ ਦਿੱਤਾ

**ਦਸੂਹਾ (ਕਰਨੈਲ ਮਾਂਗਟ)**- ਸਵਰਗਧਾਮ ਦਸੂਹਾ ਦੇ ਵਿਕਾਸ, ਨਵੀਨੀਕਰਨ ਤੇ ਸੁੰਦਰੀਕਰਨ ਲਈ ਚੱਲ ਰਹੀ ਮੁਹਿੰਮ ਨੂੰ ਸਮਾਜ ਦੇ ਵੱਖ-ਵੱਖ ਵਰਗਾਂ ਵੱਲੋਂ ਲਗਾਤਾਰ ਸਹਿਯੋਗ ਮਿਲ ਰਿਹਾ ਹੈ। ਇਸੇ ਲੜੀ ਤਹਿਤ ਦਸੂਹਾ ਦੇ ਇੱਕ ਨਾਮਵਰ ਕਾਰੋਬਾਰੀ ਜੋ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਵਿੱਚ ਸਰਗਰਮ ਤੌਰ 'ਤੇ ਯੋਗਦਾਨ ਪਾਉਂਦੇ ਹਨ, ਵੱਲੋਂ ਆਪਣਾ ਨਾਂਅ ਜਨਤਕ ਨਾ ਕਰਨ ਦੀ ਇੱਛਾ ਨਾਲ 1 ਲੱਖ ਰੁਪਏ ਦਾ ਗੁਪਤ ਦਾਨ ਸਵਰਗਧਾਮ ਦਸੂਹਾ ਦੇ ਵਿਕਾਸ ਕਾਰਜਾਂ ਲਈ ਦਿੱਤਾ ਗਿਆ। ਇਹ ਸਹਿਯੋਗ ਰਾਸ਼ੀ ਐਡਵੋਕੇਟ



ਪੁਨੀਤ ਬੱਸੀ, ਮੈਨੇਜਰ ਸਵਰਗਧਾਮ ਦਸੂਹਾ, ਅਤੇ ਓਮਕਾਰ ਨਾਥ ਰਲਹਣ, ਪ੍ਰਧਾਨ ਸਵਰਗਧਾਮ ਦਸੂਹਾ, ਵੱਲੋਂ ਪ੍ਰਾਪਤ ਕੀਤੀ ਗਈ। ਇਸ ਮੌਕੇ ਸਵਰਗਧਾਮ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਆਉਣ ਵਾਲੇ ਪ੍ਰੋਜੈਕਟਾਂ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਸੰਬੰਧੀ ਮੈਨੇਜਰ ਐਡਵੋਕੇਟ ਪੁਨੀਤ ਬੱਸੀ ਨੇ ਦੱਸਿਆ ਕਿ ਸਵਰਗਧਾਮ ਦੇ ਵਿਕਾਸ ਕਾਰਜਾਂ ਵਿੱਚ ਭਾਜਪਾ ਦੇ ਸੀਨੀਅਰ ਆਗੂ ਰਵਿੰਦਰ ਰਵੀ ਸ਼ਿੰਗਾਰੀ ਸਾਬਕਾ ਪ੍ਰਧਾਨ ਨਗਰ ਕੌਂਸਲ ਦਸੂਹਾ ਅਤੇ ਪ੍ਰਧਾਨ ਸਨਾਤਨ ਧਰਮ ਦਸੂਹਾ ਦੀ ਭੂਮਿਕਾ ਨੂੰ ਵੀ ਮਹੱਤਵਪੂਰਨ ਦੱਸਿਆ ਗਿਆ। ਉਨ੍ਹਾਂ ਦੱਸਿਆ ਕਿ ਰਵੀ ਪ੍ਰਧਾਨ ਵੱਲੋਂ ਸਵਰਗਧਾਮ ਦੀਆਂ ਸੁਵਿਧਾਵਾਂ ਵਿੱਚ ਸੁਧਾਰ, ਸਫ਼ਾਈ, ਸੁੰਦਰੀਕਰਨ ਅਤੇ ਲੋਕਾਂ ਲਈ ਬਿਹਤਰ ਪ੍ਰਬੰਧ ਬਣਾਉਣ ਸਬੰਧੀ ਪ੍ਰਬੰਧਕ ਕਮੇਟੀ ਨੂੰ ਲਗਾਤਾਰ ਸਹਿਯੋਗ ਦਿੱਤਾ ਜਾ ਰਿਹਾ ਹੈ। ਇਸ ਮੌਕੇ ਤੇ ਸਨਾਤਨ ਧਰਮ ਸਭਾ ਦੇ ਪ੍ਰਧਾਨ ਰਵਿੰਦਰ ਰਵੀ ਸ਼ਿੰਗਾਰੀ ਨੇ ਕਿਹਾ ਕਿ ਸਵਰਗਧਾਮ ਵਰਗੀ ਸੰਸਥਾ ਕਿਸੇ ਇੱਕ ਵਿਅਕਤੀ ਜਾਂ ਪਰਵਾਰ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਅੰਤਿਮ ਸੰਸਕਾਰ ਲਈ ਆਉਣ ਵਾਲੇ ਪਰਵਾਰਾਂ ਨੂੰ ਸਾਫ਼-ਸੁਥਰਾ, ਸ਼ਾਂਤਮਈ ਅਤੇ ਸੁਵਿਧਾਜਨਕ ਵਾਤਾਵਰਣ ਮਿਲਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਵਰਗਧਾਮ ਨੂੰ ਹੋਰ ਸੁੰਦਰ ਅਤੇ ਆਧੁਨਿਕ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਸਮਾਜ ਦਾ ਸਹਿਯੋਗ ਮਹੱਤਵਪੂਰਨ ਹੈ। ਇਸ ਮੌਕੇ ਤੇ ਸਰਕਾਰੀ ਠੇਕੇਦਾਰ ਅਮਿਤ ਬੱਸੀ ਵੱਲੋਂ ਵੀ ਸਵਰਗਧਾਮ ਦੇ ਵਿਕਾਸ ਕਾਰਜਾਂ ਵਿੱਚ ਪ੍ਰਬੰਧਕ ਕਮੇਟੀ ਨੂੰ ਸਹਿਯੋਗ ਦਿੱਤਾ ਜਾ ਰਿਹਾ ਹੈ।

## ਵਿਆਹ ਪੁਰਬ ਸਮਾਗਮ ਪੂਰੇ ਜਾਹੋ ਜਲਾਲ ਨਾਲ ਸੰਪੰਨ : ਬਾਜਵਾ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਸਫਲਤਾਪੂਰਵਕ ਸੰਪੰਨ ਹੋਏ ਅਤੇ ਇਸ ਵਾਰ ਵਿਆਹ ਪੁਰਬ ਸਮਾਗਮ ਵਿੱਚ ਸੰਗਤਾਂ



ਦੀ ਰਿਕਾਰਡ ਹਾਜ਼ਰੀ ਨੇ ਆਪਣੀ ਨਿਵੇਕਲੀ ਅਤੇ ਯਾਦਗਾਰੀ ਛਾਪ ਛੱਡੀ ਹੈ। ਕਾਰਪੋਰੇਸ਼ਨ ਬਟਾਲਾ ਦੇ ਨਵਨਿਯੁਕਤ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਬਦਲੀ ਨੁਹਾਰ ਨੇ ਸੰਗਤਾਂ ਅਤੇ ਦੁਕਾਨਦਾਰਾਂ ਖਾਸ ਕਰਕੇ ਜੋ ਮੇਲੇ ਵਿੱਚ ਸਪੈਸ਼ਲ ਦੁਕਾਨਾਂ ਲਗਾਉਂਦੇ ਹਨ, ਵਲੋਂ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ ਹੈ। ਦੁਕਾਨਦਾਰਾਂ ਦਾ ਕਹਿਣਾ ਹੈ ਕਿ ਸ਼ਹਿਰ ਦੀ ਹਰ ਸੜਕ ਅਤੇ ਚੌਂਕ ਖੁੱਲ੍ਹੇ ਹੋਏ ਹਨ। ਖੂਬਸੂਰਤ ਲਾਈਟਾਂ ਲੱਗੀਆਂ ਹਨ। ਸੁਰੱਖਿਆ ਦੇ ਪੱਖ ਤੋਂ ਸੀ.ਸੀ.ਟੀ.ਵੀ ਕੈਮਰੇ ਲੱਗੇ ਹਨ, ਜਿਸ ਕਾਰਨ ਉਨ੍ਹਾਂ ਨੂੰ ਆਪਣਾ ਕਾਰੋਬਾਰ ਕਰਨ ਵਿੱਚ ਵੱਡੀ ਸਹੂਲਤ ਮਿਲੀ ਹੈ, ਜਿਸ ਲਈ ਵਿਧਾਇਕ ਸ਼ੈਰੀ ਕਲਸੀ ਵਧਾਈ ਦੇ ਪਾਤਰ ਹਨ। ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਲਗਾਤਾਰ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਸਮੁੱਚੀ ਟੀਮ ਵਲੋਂ ਦਿਨ ਰਾਤ ਸੰਗਤਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਸਨ

ਨਵਾਂ ਜ਼ਮਾਨਾ
ਸੋਮਵਾਰ, 21 ਸਤੰਬਰ 2026

# ਵੱਡੇ ਤੜਕੇ ਤਿੰਨ ਵਜੇ

*ਸੁਪਰੀਮ ਕੋਰਟ ਦੇ ਸੀਨੀਅਰ ਜੱਜ ਜਸਟਿਸ ਉੱਜਵਲ ਭੁਈਆਂ ਨੇ ਦੇਸ਼ ਵਿੱਚ ਗੈਰ-ਨਿਆਂਇਕ ਹੱਤਿਆਵਾਂ (ਐਕਸਟ੍ਰਾ-ਜੁਡੀਸ਼ਲ) ਅਤੇ ਪੁਲਸ ਹਿੰਸਾ ਵਿੱਚ ਵਾਧੇ 'ਤੇ ਚਿੰਤਾ ਪ੍ਰਗਟਾਉਂਦਿਆਂ ਸਵਾਲ ਕੀਤਾ ਹੈ ਕਿ ਜਦੋਂ ਕਿਸੇ ਅਪਰਾਧ ਦੀ ਜਾਂਚ ਅਤੇ ਮੁਕੱਦਮਾ ਚਲਾਉਣ ਲਈ ਇੱਕ ਸੰਵਿਧਾਨਕ ਅਤੇ ਕਾਨੂੰਨੀ ਪ੍ਰਕਿਰਿਆ ਹੈ, ਤਾਂ ਅਜਿਹੇ ਹਾਲਾਤ ਕਿਉਂ ਪੈਦਾ ਕੀਤੇ ਜਾਂਦੇ ਹਨ, ਜਿੱਥੇ ਮੁਲਜ਼ਮਾਂ ਦੀ ਰਾਤ ਦੇ ਹਨੇਰੇ ਵਿੱਚ ਮੌਤ ਹੋ ਜਾਂਦੀ ਹੈ। ਉਨ੍ਹਾ ਕਿਹਾ ਕਿ ਸੰਵਿਧਾਨ ਅਜਿਹੇ 'ਸ਼ਾਰਟਕਟ' ਨੂੰ ਮਨਜ਼ੂਰੀ ਨਹੀਂ ਦਿੰਦਾ। ਉਹ ਇੱਕ ਵਾਰ ਮੰਨਦੇ ਸਨ ਕਿ ਪੁਲਸ ਹਿਰਾਸਤ ਵਿੱਚ ਹਿੰਸਾ ਬੀਤੇ ਦੀ ਗੱਲ ਸੀ, ਪਰ ਹਾਲ ਹੀ ਦੀਆਂ ਘਟਨਾਵਾਂ ਨੇ ਉਨ੍ਹਾ ਨੂੰ ਇਸ 'ਤੇ ਮੁੜ ਵਿਚਾਰ ਕਰਨ ਲਈ ਮਜਬੂਰ ਕੀਤਾ ਹੈ। ਉਨ੍ਹਾ ਦਾ ਇਸ਼ਾਰਾ ਕਈ ਰਾਜਾਂ, ਖਾਸਕਰ ਯੂ ਪੀ ਵਿੱਚ ਹੁੰਦੇ ਮੁਕਾਬਲਿਆਂ ਵੱਲ ਸੀ।*

*ਸੰਵਿਧਾਨ ਮੁਤਾਬਕ ਕਿਸੇ ਵਿਅਕਤੀ 'ਤੇ ਭਾਵੇਂ ਕਿੰਨੇ ਹੀ ਗੰਭੀਰ ਅਪਰਾਧ ਦਾ ਦੋਸ਼ ਹੋਵੇ, ਉਸ ਨੂੰ ਦੋਸ਼ੀ ਸਾਬਤ ਹੋਣ ਤੱਕ ਕਾਨੂੰਨ ਦੀਆਂ ਨਜ਼ਰਾਂ ਵਿੱਚ ਦੋਸ਼ੀ ਨਹੀਂ ਮੰਨਿਆ ਜਾਂਦਾ। ਅਪਰਾਧਕ ਨਿਆਂ ਪ੍ਰਣਾਲੀ ਵਿੱਚ ਜਾਂਚ, ਦੋਸ਼ ਤੈਅ ਕਰਨ, ਮੁਕੱਦਮੇ ਅਤੇ ਸਬੂਤਾਂ ਦੇ ਆਧਾਰ 'ਤੇ ਅਦਾਲਤ ਦੇ ਫੈਸਲੇ ਦੀ ਇੱਕ ਨਿਰਧਾਰਤ ਪ੍ਰਕਿਰਿਆ ਹੈ। ਇਸ ਨਿਆਂਇਕ ਪ੍ਰਕਿਰਿਆ ਨੂੰ ਬਾਈਪਾਸ ਕਰਦੇ ਹੋਏ ਪੁਲਸ ਕੇਸ ਨੂੰ ਹੱਲ ਕਰਨ ਲਈ 'ਸ਼ਾਰਟਕਟ' ਵਰਤ ਰਹੀ ਹੈ।*

*ਬੀਤੇ ਦਿਨੀਂ ਨਵੀਂ ਦਿੱਲੀ ਵਿੱਚ 'ਸੈਂਟਰ ਫਾਰ ਡਿਸਕੋਰਸ ਆਨ ਕ੍ਰਿਮੀਨਲ ਐਂਡ ਕੰਸਟੀਚਿਊਸ਼ਨਲ ਜੂਰੀਸਪਰੂਡੈਂਸ' ਵੱਲੋਂ ਆਯੋਜਿਤ 'ਫੌਜਦਾਰੀ ਮੁਕੱਦਮੇਬਾਜ਼ੀ ਵਿੱਚ ਨੈਤਿਕਤਾ, ਮੀਡੀਆ ਦੁਆਰਾ ਮੁਕੱਦਮਾ ਅਤੇ ਬਿਆਨਾਂ ਦੀ ਪ੍ਰਵਾਨਗੀ' ਵਿਸ਼ੇ 'ਤੇ ਇੱਕ ਪ੍ਰੋਗਰਾਮ ਵਿੱਚ ਬੋਲਦਿਆਂ ਜਸਟਿਸ ਭੁਈਆਂ ਨੇ ਸਵਾਲ ਕੀਤਾ ਕਿ ਜੇ ਕਿਸੇ ਮੁਲਜ਼ਮ ਤੋਂ ਅਪਰਾਧ ਦੇ ਦ੍ਰਿਸ਼ ਨੂੰ ਦੁਬਾਰਾ ਫਿਲਮਾਉਣਾ ਹੈ ਤਾਂ ਪੁਲਸ ਇਹ ਕੰਮ ਵੱਡੇ ਤੜਕੇ 3 ਵਜੇ ਹੀ ਕਿਉਂ ਕਰਦੀ ਹੈ। ਜੇ ਕੋਈ ਤੁਰੰਤ ਅਤੇ ਗੰਭੀਰ ਐਮਰਜੈਂਸੀ ਨਹੀਂ ਹੈ, ਤਾਂ ਕੀ ਪੁਲਸ ਸਵੇਰ ਤੱਕ ਇੰਤਜ਼ਾਰ ਨਹੀਂ ਕਰ ਸਕਦੀ? ਇਸ ਦੌਰਾਨ ਮੁਲਜ਼ਮ ਦੇ ਗੋਲੀ ਨਾਲ ਜ਼ਖਮੀ ਹੋਣ ਜਾਂ ਮਰਨ ਤੋਂ ਬਾਅਦ ਪੁਲਸ ਬਿਆਨ ਦਿੰਦੀ ਹੈ ਕਿ ਮੁਲਜ਼ਮ ਨੇ ਪੁਲਸ ਕਰਮਚਾਰੀ ਦੀ ਰਾਈਫਲ ਖੋਹਣ ਦੀ ਕੋਸ਼ਿਸ਼ ਕੀਤੀ। ਮੁਲਜ਼ਮ ਨੇ ਗੋਲੀ ਚਲਾਈ ਤੇ ਜਵਾਬੀ ਫਾਇਰਿੰਗ ਕਰਨੀ ਪਈ। ਉਨ੍ਹਾ ਇੱਕ ਅਜਿਹੇ ਮਾਮਲੇ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ ਮੁਲਜ਼ਮ ਨੂੰ ਉਦਾਸ ਦੱਸਿਆ ਗਿਆ ਸੀ ਅਤੇ ਉਸ ਨੇ ਕਥਿਤ ਤੌਰ 'ਤੇ ਖੂਹ ਵਿੱਚ ਛਾਲ ਮਾਰ ਦਿੱਤੀ ਸੀ।*

*ਜਸਟਿਸ ਭੁਈਆਂ ਨੇ ਪ੍ਰਦਰਸ਼ਨਕਾਰੀਆਂ ਵਿਰੁੱਧ ਪੁਲਸ ਦੇ ਵਿਵਹਾਰ 'ਤੇ ਵੀ ਚਿੰਤਾ ਪ੍ਰਗਟ ਕੀਤੀ। ਉਨ੍ਹਾ ਕਿਹਾ ਕਿ ਉਨ੍ਹਾ ਨੌਜਵਾਨ ਆਈ ਪੀ ਐੱਸ ਅਧਿਕਾਰੀਆਂ ਨੂੰ ਪ੍ਰਦਰਸ਼ਨਕਾਰੀਆਂ 'ਤੇ ਨਿੱਜੀ ਤੌਰ 'ਤੇ ਹਮਲਾ ਕਰਦੇ ਦੇਖਿਆ ਹੈ। ਕੁਝ ਅਧਿਕਾਰੀਆਂ ਦੇ ਚਿਹਰਿਆਂ 'ਤੇ ਬਹੁਤ ਗੁੱਸਾ ਦਿਖਾਈ ਦੇ ਰਿਹਾ ਸੀ। ਇੱਕ ਪੇਸ਼ੇਵਰ ਪੁਲਸ ਅਧਿਕਾਰੀ ਨੂੰ ਇੱਕ ਪ੍ਰਦਰਸ਼ਨਕਾਰੀ 'ਤੇ ਇੰਨਾ ਗੁੱਸਾ ਕਿਉਂ ਕਰਨਾ ਪਿਆ? ਪੁਲਸ ਅਧਿਕਾਰੀਆਂ ਦੇ ਵਿਵਹਾਰ ਨੂੰ ਹਿਰਾਸਤ ਵਿੱਚ ਮੁਲਜ਼ਮਾਂ ਦੀ ਸੁਰੱਖਿਆ ਨਾਲ ਜੋੜਦੇ ਹੋਏ ਉਨ੍ਹਾ ਕਿਹਾ ਕਿ ਕੋਈ ਪੁਲਸ ਅਧਿਕਾਰੀ ਇੰਨਾ ਭੜਕ ਜਾਂਦਾ ਹੈ ਕਿ ਉਹ ਜਨਤਕ ਪ੍ਰਦਰਸ਼ਨ ਦੌਰਾਨ ਇੱਕ ਪ੍ਰਦਰਸ਼ਨਕਾਰੀ 'ਤੇ ਹਮਲਾ ਕਰ ਦਿੰਦਾ ਹੈ, ਤਾਂ ਸਵਾਲ ਇਹ ਉੱਠਦਾ ਹੈ ਕਿ ਜੇ ਕੋਈ ਮੁਲਜ਼ਮ ਰਾਤ ਨੂੰ ਪੁਲਸ ਹਿਰਾਸਤ ਵਿੱਚ ਹੋਵੇ ਤਾਂ ਉਸ ਅਧਿਕਾਰੀ ਦਾ ਰਵੱਈਆ ਕੀ ਹੋਵੇਗਾ?*

*ਜੇ ਕਿਸੇ ਮੁਲਜ਼ਮ ਦੀ ਹਿਰਾਸਤ ਵਿੱਚ ਮੌਤ ਹੋ ਜਾਂਦੀ ਹੈ, ਤਾਂ ਅਦਾਲਤ ਵਿੱਚ ਉਸ ਦੇ ਵਿਰੁੱਧ ਸਾਰੀ ਨਿਆਂਇਕ ਪ੍ਰਕਿਰਿਆ ਖਤਮ ਹੋ ਜਾਂਦੀ ਹੈ। ਇਸ ਲਈ ਹਿਰਾਸਤ ਵਿੱਚ ਵਿਅਕਤੀ ਦੀ ਸੁਰੱਖਿਆ ਅਤੇ ਪੁਲਸ ਕਾਰਵਾਈ ਦੀ ਜਵਾਬਦੇਹੀ ਇੱਕ ਲੋਕਤੰਤਰੀ ਅਤੇ ਸੰਵਿਧਾਨਕ ਪ੍ਰਣਾਲੀ ਦੇ ਜ਼ਰੂਰੀ ਅੰਗ ਹਨ। ਜਸਟਿਸ ਭੁਈਆਂ ਦੀਆਂ ਟਿੱਪਣੀਆਂ ਵੱਡਾ ਸਵਾਲ ਉਠਾਉਂਦੀਆਂ ਹਨ : ਕੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਪਰਾਧ ਨਾਲ ਲੜਨ ਦੇ ਨਾਂਅ 'ਤੇ ਕਾਨੂੰਨ ਦੀਆਂ ਸੀਮਾਵਾਂ ਨੂੰ ਪਾਰ ਕਰ ਸਕਦੀਆਂ ਹਨ?*

# ਯੂ ਪੀ ਆਈ ਵਿਵਾਦ : ਮੁਫ਼ਤਖ਼ੋਰੀ ਤੋਂ ਮਹਿੰਗੇ ਟੈਕਸਾਂ ਤੱਕ



ਗੁਰਪ੍ਰੀਤ ਲਾਹੌਰੀ

ਪਿਛਲੇ ਕੁੱਝ ਦਿਨਾਂ ਤੋਂ ਯੂ.ਪੀ.ਆਈ. ਭੁਗਤਾਨ ਫ਼ੀਸ ਵਿੱਚ ਹੋਏ ਬਦਲਾਅ ਨੂੰ ਲੈ ਕੇ ਪੂਰੇ ਮੁਲਕ ਦੇ ਅੰਦਰ ਪ੍ਰਦਰਸ਼ਨ ਹੋ ਰਹੇ ਹਨ। ਵਪਾਰੀ ਵੱਡੇ ਪੱਧਰ 'ਤੇ ਸਰਕਾਰ ਦੀ ਇਸ ਨਵੀਂ ਨੀਤੀ ਦਾ ਵਿਰੋਧ ਕਰ ਰਹੇ ਨੇ। ਯੂ.ਪੀ.ਆਈ. ਭਗਤਾਂ ਨੂੰ 0.4 ਫ਼ੀਸ ਦੀ ਐੱਮ.ਡੀ.ਆਰ. ਲਾਗੂ ਹੋਣ ਤੋਂ ਬਾਅਦ ਵਪਾਰੀਆਂ ਨੇ ਵਾਧੂ ਖ਼ਰਚੇ ਤੋਂ ਬਚਣ ਲਈ ਜਿੱਥੇ ਗਾਹਕਾਂ ਨੂੰ ਨਗਦ ਭੁਗਤਾਨ ਦੀ ਸਲਾਹ ਦਿੱਤੀ ਹੈ, ਉੱਥੇ ਹੀ ਦੂਜੇ ਪਾਸੇ ਸਰਕਾਰ ਦੇ ਇਸ ਫ਼ੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਆਲੋਚਨਾ ਵੀ ਕੀਤੀ ਹੈ। ਯੂ.ਪੀ.ਆਈ. ਦਾ ਨਸ਼ਾ ਪਿਛਲੇ ਕੁੱਝ ਸਾਲਾਂ ਤੋਂ ਪੰਜਾਬ ਸਮੇਤ ਭਾਰਤ ਦੇ ਲੋਕਾਂ ਨੂੰ ਲੱਗਿਆ ਹੈ। ਅਸੀਂ ਇੱਕ ਰੁਪਏ ਤੋਂ ਲੈ ਕੇ 10, 20, 50 ਰੁਪਏ ਤੱਕ ਵੀ ਆਪਣੀ ਜੇਬ ਵਿੱਚ ਨਹੀਂ ਰੱਖਦੇ, ਬਲਕਿ ਜੇਬ ਵਿੱਚ ਸਿਰਫ਼ ਇੱਕ ਮੋਬਾਈਲ ਅਤੇ ਉਹ ਐਪ ਰੱਖਦੇ ਹਾਂ, ਜਿਸ ਵਿੱਚ ਸਾਡਾ ਬੈਂਕ ਅਕਾਊਂਟ ਜੁੜਿਆ ਹੁੰਦਾ ਹੈ। ਮਿੰਟਾਂ-ਸਕਿੰਟਾਂ ਵਿੱਚ ਯੂ.ਪੀ.ਆਈ. ਰਾਹੀਂ ਪੇਮੈਂਟ ਕਰ ਦਿੰਦੇ ਹਾਂ, ਪਰ ਇਸ ਦੇ ਪਿੱਛੇ ਕੀ ਕੁੱਝ ਚੱਲਦਾ ਹੈ, ਉਸ ਬਾਰੇ ਕਦੇ ਵੀ ਧਿਆਨ ਦੇਣ ਦੀ ਕੋਸ਼ਿਸ਼ ਨਹੀਂ ਕੀਤੀ।

ਬੇਸ਼ੱਕ ਹੁਣ ਤੱਕ ਯੂ.ਪੀ.ਆਈ. ਬਿਲਕੁਲ ਫ਼ਰੀ ਸੀ ਅਤੇ ਇਸ ਦਾ ਕੋਈ ਵੀ ਖਰਚਾ ਆਦਿ ਨਹੀਂ ਦੇਣਾ ਪੈਂਦਾ ਸੀ, ਪਰ ਜਿਵੇਂ-ਜਿਵੇਂ ਵਕਤ ਬਦਲਦਾ ਗਿਆ, ਉਵੇਂ-ਉਵੇਂ ਸਰਕਾਰ ਨੇ ਬਦਲਾਅ ਵੀ ਕਰਨੇ ਸ਼ੁਰੂ ਕਰ ਦਿੱਤੇ। ਪਹਿਲਾਂ ਯੂ.ਪੀ.ਆਈ. 'ਤੇ ਅਸੀਂ ਅਨਲਿਮਟਿਡ ਪੇਮੈਂਟ ਕਰ ਸਕਦੇ ਹੁੰਦੇ ਸੀ, ਪਰ ਬਾਅਦ ਵਿੱਚ ਸਰਕਾਰ ਨੇ ਇਸ ਨਿਯਮ ਨੂੰ ਬਦਲ ਕੇ 2000 ਤੱਕ ਕਰ ਦਿੱਤਾ। ਇਸ ਦਾ ਤਰਕ ਇਹ ਦਿੱਤਾ ਗਿਆ ਕਿ ਇਸ ਦੇ ਨਾਲ ਜੇਕਰ ਕਿਸੇ ਦਾ ਬੈਂਕ ਖਾਤਾ ਹੈਕ ਵੀ ਹੁੰਦਾ ਹੈ ਤਾਂ ਇੱਕ ਸਮੇਂ ਦੇ ਵਿੱਚ 2000 ਤੋਂ ਜ਼ਿਆਦਾ ਕੋਈ ਵੀ ਹੈਕਰ ਖਾਤੇ ਵਿੱਚੋਂ ਕੱਢ ਨਹੀਂ ਸਕੇਗਾ।

ਬੇਸ਼ੱਕ ਸਰਕਾਰ ਦਾ ਤਰਕ ਬਹੁਤਿਆਂ ਨੂੰ ਪਸੰਦ ਆਇਆ ਹੋਵੇਗਾ, ਪਰ ਆਮ ਨਾਗਰਿਕ ਵਾਸਤੇ ਇਹ ਫ਼ੈਸਲਾ ਬਹੁਤ ਮੁਸੀਬਤ ਭਰਿਆ ਸੀ। ਵਿਦੇਸ਼ੀ ਕੰਪਨੀਆਂ ਦੇ ਆੜ੍ਹੇ ਹੱਥੀਂ ਚੜ੍ਹੀ ਦੇਸ਼ ਦੀ ਸਰਕਾਰ ਭਾਵੇਂ ਹੀ ਆਪਣੇ ਫ਼ੈਸਲੇ ਨੂੰ ਸਮੇਂ-ਸਮੇਂ 'ਤੇ ਬਦਲਦੀ ਰਹਿੰਦੀ ਹੈ, ਉੱਥੇ ਹੀ ਅਮਰੀਕੀ ਸ਼ਹਿ ਪ੍ਰਾਪਤ ਕੰਪਨੀਆਂ ਦਾ ਭਾਰਤ ਸਮੇਤ ਬਹੁ-ਗਿਣਤੀ ਦੇਸ਼ਾਂ 'ਤੇ ਅਜਿਹਾ ਕਬਜ਼ਾ ਹੋ ਚੁੱਕਿਆ ਹੈ ਕਿ ਉਹ ਮਿੰਟਾਂ-ਸਕਿੰਟਾਂ ਵਿੱਚ ਹੀ ਸਭ ਕੁੱਝ ਬਦਲ ਦਿੰਦੀਆਂ ਹਨ।

ਬਹੁਤੀਆਂ ਸੋਸ਼ਲ ਮੀਡੀਆ ਕੰਪਨੀਆਂ ਅਮਰੀਕਾ ਤੋਂ ਹੈਂਡਲ ਹੁੰਦੀਆਂ ਹਨ। ਅਮਰੀਕਾ ਦੇ ਹੱਥ ਵਿੱਚ ਬਹੁ-ਗਿਣਤੀ ਇੰਟਰਨੈੱਟ ਕੰਪਨੀਆਂ ਦੀ ਕਮਾਂਡ ਹੈ। ਅਮਰੀਕਾ ਦੇ ਹੱਥ ਵਿੱਚ ਖੇਡਦੀਆਂ ਬਹੁ-ਗਿਣਤੀ ਕੰਪਨੀਆਂ ਜਿੱਥੇ ਆਮ ਲੋਕਾਂ ਦੀ ਲੁੱਟ ਕਰਦੀਆਂ ਹਨ, ਉੱਥੇ ਹੀ ਦੂਜੇ ਪਾਸੇ ਇਸ ਸਭ ਦੇ ਜੇਕਰ ਪਿਛੋਕੜ 'ਤੇ ਨਿਗ੍ਹਾ ਮਾਰੀਏ ਤਾਂ ਪਤਾ ਲੱਗਦਾ ਹੈ ਕਿ ਕਾਰਪੋਰੇਟ ਕੰਪਨੀਆਂ ਹਮੇਸ਼ਾ ਹੀ ਸਰਕਾਰ ਪੱਖੀ ਫ਼ੈਸਲੇ ਲੈਂਦੀਆਂ ਹਨ, ਜਿਸ ਦਾ ਆਮ ਜਨਤਾ 'ਤੇ ਬੋਝ ਪੈਂਦਾ ਹੈ। ਵਿਰੋਧੀ ਧਿਰਾਂ ਤਾਂ ਇੱਥੋਂ ਤੱਕ ਕਹਿ ਰਹੀਆਂ ਹਨ ਕਿ ਕੇਂਦਰ ਅਮਰੀਕੀ ਸਾਮਰਾਜਵਾਦ ਅੱਗੇ ਝੁਕ ਗਿਆ ਹੈ, ਜਦੋਂ ਕਿ ਦੂਜੇ ਪਾਸੇ ਕੇਂਦਰ ਦਾ ਜਵਾਬ ਹੈ ਕਿ ਇਸ ਦੇ ਨਾਲ ਆਮ ਲੋਕਾਂ ਨੂੰ ਕੋਈ ਨੁਕਸਾਨ ਨਹੀਂ ਹੋਵੇਗਾ; ਇਹ ਸਿਰਫ਼ ਵਪਾਰੀ ਵਰਗ ਉੱਪਰ ਹੀ ਛੋਟਾ ਜਿਹਾ ਐੱਮ.ਡੀ.ਆਰ. ਲਗਾਇਆ ਗਿਆ ਹੈ ਅਤੇ ਇਹ ਸਭ ਕੁੱਝ ਇਸ ਲਈ, ਕਿਉਂਕਿ ਇਹ ਸਭ ਕੁੱਝ ਸਵਦੇਸ਼ੀ ਹੈ।

ਦੱਸ ਦਈਏ ਕਿ ਜਦੋਂ ਵੀ ਕੋਈ ਮੁਲਕ ਦੇ ਅੰਦਰ ਮੁਫ਼ਤ ਸੇਵਾ ਸ਼ੁਰੂ ਹੁੰਦੀ ਹੈ ਤਾਂ ਸ਼ੁਰੂਆਤੀ ਦੌਰ ਵਿੱਚ ਤਾਂ ਉਸ ਦੇ ਫ਼ਾਇਦੇ ਅਤੇ ਉਸ ਦੇ ਕਈ ਲਾਭ ਆਮ ਜਨਤਾ ਨੂੰ ਅਨੇਕਾਂ ਗਿਣਾਏ ਜਾਂਦੇ ਹਨ, ਪਰ ਜਿਵੇਂ-ਜਿਵੇਂ ਬਾਅਦ ਵਿੱਚ ਜਨਤਾ ਉਕਤ ਮੁਫ਼ਤਖ਼ੋਰੀ ਸਕੀਮ ਦੀ ਆਦੀ ਹੋ ਜਾਂਦੀ ਹੈ, ਤਾਂ ਉਸ ਵੇਲੇ ਉਕਤ ਮੁਫ਼ਤਖ਼ੋਰੀ ਸਕੀਮ ਨੂੰ ਥੋੜ੍ਹੇ ਜਿਹੇ ਪੈਸਿਆਂ ਦੇ ਨਾਲ ਅੱਗੇ ਚਾਲੂ ਰੱਖਣ ਲਈ ਕਹਿ ਦਿੱਤਾ ਜਾਂਦਾ ਹੈ। ਆਮ ਨਾਗਰਿਕ ਸ਼ੁਰੂ ਵਿੱਚ ਇਹ ਸਮਝਦੇ ਹਨ ਕਿ ਚਲੋ ਕੋਈ ਗੱਲ ਨਹੀਂ, ਕੁੱਝ ਸਮਾਂ ਤਾਂ ਮੁਫ਼ਤ ਸਹੂਲਤ ਮਿਲੀ, ਥੋੜ੍ਹੇ-ਥੋੜ੍ਹੇ ਪੈਸੇ ਭਰ ਕੇ ਅੱਗੇ ਕੰਮ ਚੱਲਦਾ ਰਹੇਗਾ; ਪਰ ਹੁੰਦਾ ਅਜਿਹਾ ਹੈ ਕਿ ਮੁਫ਼ਤ ਵਿੱਚ ਮਿਲਣ ਵਾਲੀ ਕੋਈ ਵੀ ਸਕੀਮ ਅਸਲ ਵਿੱਚ ਮੁਫ਼ਤ ਨਹੀਂ ਹੁੰਦੀ, ਬਲਕਿ ਉਸ ਦਾ ਆਮ ਨਾਗਰਿਕ ਨੂੰ ਦੁੱਗਣਾ-ਤਿੱਗਣਾ ਭੁਗਤਾਨ ਕਰਨਾ ਪੈਂਦਾ ਹੈ। ਇਸ ਤੋਂ ਇੱਕ ਗੱਲ ਤਾਂ ਸਾਫ਼ ਹੋ ਗਈ ਹੈ ਕਿ ਅਸੀਂ ਆਪਣੇ ਹੀ ਪੈਸਿਆਂ 'ਤੇ ਵਾਧੂ ਟੈਕਸ ਦੇ ਰਹੇ ਹਾਂ ਅਤੇ ਸਹੂਲਤਾਂ ਦੇ ਰੂਪ ਵਿੱਚ ਸਾਨੂੰ ਸਿਰਫ਼ ਲਾਰੇ, ਵਾਅਦੇ ਅਤੇ ਡੰਡੇ ਤੋਂ ਇਲਾਵਾ ਡਰਾਉਣ ਲਈ ਨਵੇਂ-ਨਵੇਂ ਹਕੂਮਤੀ ਡਰਾਮੇ ਮਿਲ ਰਹੇ ਹਨ।

ਭਾਰਤ ਦੀ ਇੱਕ ਮੋਬਾਈਲ ਕੰਪਨੀ ਨੇ ਕਰੀਬ ਇੱਕ ਦਹਾਕਾ ਪਹਿਲਾਂ ਜਨਤਾ ਨੂੰ ਮੁਫ਼ਤ ਵਿੱਚ ਸਿੰਮਾਂ ਵੰਡੀਆਂ ਸਨ ਅਤੇ ਕੁੱਝ ਥਾਵਾਂ 'ਤੇ ਤਾਂ ਕੂਪਨ ਵੀ ਕੱਢੇ ਗਏ ਸਨ, ਜਿਸ ਦੇ ਜ਼ਰੀਏ ਲੋਕਾਂ ਨੂੰ ਮੋਬਾਈਲ ਵੀ ਮੁਫ਼ਤ ਵਿੱਚ ਦਿੱਤੇ ਜਾਂਦੇ ਸਨ। ਉਕਤ ਮੋਬਾਈਲ ਕੰਪਨੀ ਨੇ ਜਿੱਥੇ ਕੁੱਝ ਹੀ ਮਹੀਨਿਆਂ ਵਿੱਚ ਦੇਸ਼ ਦੇ ਅੰਦਰ ਆਪਣੇ ਕਰੋੜਾਂ ਗਾਹਕ ਬਣਾ ਲਏ, ਉੱਥੇ ਹੀ ਦੇਸ਼ ਅੰਦਰ ਚੱਲਣ ਵਾਲੀਆਂ ਹੋਰ ਮੋਬਾਈਲ ਕੰਪਨੀਆਂ ਬੰਦ ਹੋਣ ਕਿਨਾਰੇ ਆ ਗਈਆਂ, ਇੱਥੋਂ ਤੱਕ ਕਿ ਸਰਕਾਰੀ ਮੋਬਾਈਲ ਕੰਪਨੀ ਬੀ.ਐੱਸ.ਐੱਨ.ਐੱਲ. ਵੀ ਖ਼ਤਮ ਹੋਣ ਕੰਢੇ ਆ ਖੜ੍ਹੀ ਹੋਈ।

ਉਕਤ ਮੋਬਾਈਲ ਕੰਪਨੀ ਨੇ ਭਾਰਤ ਦੇ ਅੰਦਰ ਕੁੱਝ ਹੀ ਮਹੀਨਿਆਂ ਵਿੱਚ ਆਪਣੇ ਕਰੋੜਾਂ ਗਾਹਕ ਬਣਾ ਲਏ। ਭਾਵੇਂ ਕਿ ਉਸ ਕੰਪਨੀ ਦਾ ਨੈੱਟਵਰਕ ਪਹਿਲਾਂ ਹੀ ਕਾਫ਼ੀ ਮਜ਼ਬੂਤ ਸੀ, ਪਰ ਉਸ ਕੰਪਨੀ ਦੁਆਰਾ ਵਰਤੀ ਗਈ ਚਲਾਕੀ ਅਤੇ ਬੈਂਕ ਤੋਂ ਲਿਆ ਗਿਆ ਕਰੋੜਾਂ ਦਾ ਕਰਜ਼ਾ ਲੋਕਾਂ ਦੀ ਸਮਝ ਵਿੱਚ ਨਹੀਂ ਆਇਆ। ਪਹਿਲਾਂ ਤਾਂ ਲੋਕ ਮੁਫ਼ਤ ਦੇ ਚੱਕਰ ਵਿੱਚ ਉਕਤ ਮੋਬਾਈਲ ਕੰਪਨੀ ਦੀਆਂ ਸਿੰਮਾਂ ਖ਼ਰੀਦਦੇ ਰਹੇ ਅਤੇ ਤਿੰਨ-ਚਾਰ ਸਾਲਾਂ ਬਾਅਦ ਜਦੋਂ ਉਕਤ ਕੰਪਨੀ ਨੇ ਆਪਣੀ ਵਸੂਲੀ ਸ਼ੁਰੂ ਕੀਤੀ ਤਾਂ ਇੱਕੋ ਦਿਨ ਵਿੱਚ ਕਰੋੜਾਂ ਦਾ ਮੁਨਾਫ਼ਾ ਆਉਣਾ ਸ਼ੁਰੂ ਹੋ ਗਿਆ।




ਦਰਅਸਲ, ਉਕਤ ਕੰਪਨੀ ਨੇ ਜਿਸ ਤਰੀਕੇ ਨਾਲ ਆਪਣੀ ਸਕੀਮ ਲਾਂਚ ਕੀਤੀ ਸੀ, ਉਸ ਤਰੀਕੇ ਨੂੰ ਆਮ ਜਨਤਾ ਸਮਝ ਹੀ ਨਹੀਂ ਸਕੀ। ਮੁਫ਼ਤ ਦੇ ਚੱਕਰ ਵਿੱਚ ਫਸੀ ਆਮ ਅਵਾਮ ਅੱਜ ਵੀ ਆਪਣੇ ਰੋਜ਼ਾਨਾ ਦੇ ਹਜ਼ਾਰਾਂ, ਲੱਖਾਂ ਰੁਪਏ ਰੀਚਾਰਜ ਦੇ ਰੂਪ ਵਿੱਚ ਉਕਤ ਕੰਪਨੀ ਨੂੰ ਅਦਾ ਕਰ ਰਹੀ ਹੈ।

ਖ਼ੈਰ, ਯੂ.ਪੀ.ਆਈ. ਮੁੱਦੇ 'ਤੇ ਵਾਪਸ ਆਉਂਦੇ ਹਾਂ; ਯੂ.ਪੀ.ਆਈ. ਦਾ ਮੁੱਦਾ ਇਸ ਵੇਲੇ ਬੇਸ਼ੱਕ ਗਰਮਾਇਆ ਹੋਇਆ ਹੈ, ਪਰ ਲੱਗਦਾ ਹੈ ਕਿ ਵਿਰੋਧੀ ਧਿਰਾਂ ਵੀ ਉਦੋਂ ਤੱਕ ਹੀ ਯੂ.ਪੀ.ਆਈ. ਦਾ ਮੁੱਦਾ ਬਣਾ ਕੇ ਲੋਕਾਂ ਸਾਹਮਣੇ ਰੱਖਣਾ ਚਾਹੁੰਦੀਆਂ ਨੇ, ਜਦੋਂ ਤੱਕ ਲੋਕ ਉਨ੍ਹਾਂ ਦੇ ਨਾਲ ਨਹੀਂ ਜੁੜ ਜਾਂਦੇ। ਦਰਅਸਲ, ਵਿਰੋਧੀ ਧਿਰ ਹੋਵੇ ਜਾਂ ਫਿਰ ਸੱਤਾ ਧਿਰ, ਹਰ ਕਿਸੇ ਨੂੰ ਵੋਟਾਂ ਨਾਲ ਹੀ ਮਤਲਬ ਹੁੰਦਾ ਹੈ। ਜਦੋਂ ਕਾਂਗਰਸ ਸੱਤਾ ਵਿੱਚ ਸੀ ਤਾਂ ਉਸ ਵਕਤ ਇਸ ਸਰਕਾਰ ਨੇ ਵੀ ਦੇਸ਼ ਦੇ ਖ਼ਿਲਾਫ਼ ਕਈ ਫ਼ੈਸਲੇ ਕੀਤੇ ਸਨ। ਭਾਵੇਂ ਕਿ ਉਨ੍ਹਾਂ ਫ਼ੈਸਲਿਆਂ ਦਾ ਸਮੇਂ-ਸਮੇਂ 'ਤੇ ਵਿਰੋਧ ਹੁੰਦਾ ਰਿਹਾ, ਪਰ ਜਿਸ ਤਰ੍ਹਾਂ ਇਸ ਵੇਲੇ ਹਕੂਮਤ ਦੁਆਰਾ ਫ਼ੈਸਲੇ ਲਏ ਜਾ ਰਹੇ ਹਨ, ਉਸ ਤੋਂ ਸਾਫ਼ ਅਤੇ ਸਪੱਸ਼ਟ ਇਹ ਹੁੰਦਾ ਹੈ ਕਿ ਸਾਰੀਆਂ ਧਿਰਾਂ ਹੀ ਇੱਕੋ ਥਾਲ਼ੀ ਦੀਆਂ ਚੱਟੀਆਂ ਨੇ ਅਤੇ ਮੌਕੇ ਦਾ ਫ਼ਾਇਦਾ ਚੁੱਕ ਕੇ ਹੀ ਅਗਲੇਰਾ ਕੰਮ ਕਰਦੀਆਂ ਨੇ।

2000 ਤੋਂ ਵੱਧ ਦੇ ਵਪਾਰਕ ਯੂ.ਪੀ.ਆਈ. ਭੁਗਤਾਨਾਂ 'ਤੇ ਫ਼ੀਸ ਲਾਉਣ ਦੇ ਫ਼ੈਸਲੇ ਦਾ ਵਿਰੋਧੀ ਧਿਰਾਂ ਦੇ ਸੰਸਥਾ ਮੈਂਬਰਾਂ ਵੱਲੋਂ ਵੀ ਸਖ਼ਤ ਵਿਰੋਧ ਕਰਦਿਆਂ ਇਸ ਨੂੰ ਲੋਕ ਵਿਰੋਧੀ ਕਰਾਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਇਹ ਮੁੱਦਾ ਸੰਸਦੀ ਸਥਾਈ ਕਮੇਟੀ ਦੀ ਮੀਟਿੰਗ ਵਿੱਚ ਵੀ ਉਠਾਇਆ ਹੈ। ਸੰਸਦ ਮੈਂਬਰਾਂ ਦੀ ਮੰਨੀਏ ਤਾਂ ਰੋਜ਼ਾਨਾ ਲੱਖਾਂ ਰੁਪਏ ਦੇ ਲੈਣ-ਦੇਣ ਯੂ.ਪੀ.ਆਈ. ਰਾਹੀਂ ਹੁੰਦੇ ਹਨ, ਪਰ ਜੇਕਰ ਆਮ ਵਪਾਰੀ 'ਤੇ ਇਸ ਦਾ ਮਾਮੂਲੀ ਜਿੰਨਾ ਵੀ ਅਸਰ ਪੈਂਦਾ ਹੈ ਤਾਂ ਉਸ ਦਾ ਸਾਰਾ ਬਜਟ ਹਿੱਲ ਜਾਵੇਗਾ। ਵੈਸੇ ਸਰਕਾਰ ਦੇ ਤਰਕ ਮੁਤਾਬਿਕ ਇਸ ਦਾ ਆਮ ਵਪਾਰ 'ਤੇ ਅਸਰ ਨਹੀਂ ਪਵੇਗਾ, ਜਦਕਿ ਅਸਲੀਅਤ ਅਤੇ ਸੱਚਾਈ ਇਹ ਹੈ ਕਿ ਵਪਾਰੀ ਅਤੇ ਆਮ ਲੋਕ ਹੀ ਇਸ ਵਿੱਚ ਨਪੀੜੇ ਜਾਣਗੇ।

ਸਰਕਾਰ ਦੇ ਫ਼ੈਸਲੇ ਕਾਰਨ ਦੇਸ਼ ਭਰ ਵਿੱਚ ਅੱਜ ਚਿੰਤਾ ਅਤੇ ਰੋਸ ਦਾ ਮਾਹੌਲ ਹੈ। ਭਾਵੇਂ ਕਿ ਇਹ ਮਾਮਲਾ ਸਭ ਦੀਆਂ ਨਜ਼ਰਾਂ ਵਿੱਚ ਹੈ, ਪਰ ਲੱਗਦਾ ਹੈ ਕਿ ਜਿਸ ਤਰੀਕੇ ਨਾਲ ਹਕੂਮਤ ਅਤੇ ਉਸ ਦਾ ਆਈ.ਟੀ ਸੈੱਲ ਕੰਮ ਕਰ ਰਿਹਾ ਹੈ, ਇਹ ਮੁੱਦਾ ਦੋ ਤੋਂ ਤਿੰਨ ਦਿਨ ਟਿਕਣ ਵਾਲਾ ਨਹੀਂ, ਬਲਕਿ ਇਸ ਤੋਂ ਪਹਿਲਾਂ ਹੀ ਖ਼ਤਮ ਹੋ ਜਾਵੇਗਾ। ਜਿਸ ਦੇ ਨਾਲ ਆਮ ਛੋਟੇ ਵਪਾਰੀਆਂ ਅਤੇ ਦੁਕਾਨਦਾਰਾਂ 'ਤੇ ਬੋਝ ਤਾਂ ਵਧੇਗਾ ਹੀ, ਨਾਲ ਹੀ ਆਮ ਨਾਗਰਿਕ ਨੂੰ ਵੀ ਇਸ ਦਾ ਨੁਕਸਾਨ ਇਸ ਤਰੀਕੇ ਨਾਲ ਹੋਵੇਗਾ ਕਿ ਚੀਜ਼ਾਂ ਦੇ ਭਾਅ ਥੋੜ੍ਹੇ ਮਹਿੰਗੇ ਹੋ ਜਾਣਗੇ, ਕਿਉਂਕਿ ਕੋਈ ਵੀ ਵਪਾਰੀ ਨਹੀਂ ਚਾਹੁੰਦਾ ਕਿ ਉਸ ਦੀ ਜੇਬ ਵਿੱਚੋਂ ਪੈਸੇ ਖ਼ਰਚੇ ਜਾਣ। ਬੇਸ਼ੱਕ ਸਰਕਾਰ ਇਹ ਕਹਿੰਦੀ ਹੈ ਕਿ ਅਸੀਂ ਵਪਾਰੀ ਜਾਂ ਫਿਰ ਆਮ ਨਾਗਰਿਕ ਦੇ ਨੁਕਸਾਨ ਬਾਰੇ ਨਹੀਂ ਸੋਚਦੇ, ਪਰ ਅਸਲੀਅਤ ਅਤੇ ਸਚਾਈ ਇਹ ਹੈ ਕਿ ਆਮ ਨਾਗਰਿਕ ਅਤੇ ਵਪਾਰੀ 'ਤੇ ਇਸ ਦਾ ਬੁਰਾ ਪ੍ਰਭਾਵ ਪਵੇਗਾ।

ਖ਼ੈਰ, ਮੁਫ਼ਤਖ਼ੋਰੀ ਵਿੱਚ ਸ਼ੁਰੂ ਕੀਤੀ ਗਈ ਯੂ.ਪੀ.ਆਈ. ਅੱਜ ਮੁਨਾਫ਼ੇ ਦਾ ਧੰਦਾ ਬਣ ਗਈ ਹੈ, ਜੋ ਚੁੱਪ-ਚੁਪੀਤੇ ਸਰਕਾਰ ਦੇ ਖ਼ਜ਼ਾਨੇ ਨੂੰ ਭਰੇਗੀ ਹੀ, ਨਾਲ ਹੀ ਆਮ ਲੋਕਾਂ ਦੀ ਜੇਬ 'ਤੇ ਵੀ ਚਿੱਟੇ ਦਿਨ ਅਤੇ ਸ਼ਰੇਆਮ ਡਾਕਾ ਮਾਰੇਗੀ, ਜਿਵੇਂ ਪੈਟਰੋਲ ਵਿੱਚ ਐਥਨੋਲ ਦੀ ਮਿਲਾਵਟ ਕਰਕੇ ਮਾਰਿਆ ਜਾ ਰਿਹਾ ਹੈ। ਆਮ ਬੰਦਾ ਮਿਲਾਵਟ ਕਰਕੇ ਜਾਂ ਫਿਰ ਧੋਖੇ ਨਾਲ ਬਿੱਲ ਇੱਧਰ-ਉੱਧਰ ਕਰਕੇ ਠੱਗੀ ਮਾਰੇ ਤਾਂ ਉਸ ਦੇ ਖ਼ਿਲਾਫ਼ ਮੁਕੱਦਮਾ ਵੀ ਦਰਜ ਹੋ ਜਾਂਦਾ ਹੈ, ਪਰ ਇੱਥੇ ਕਾਰਵਾਈ ਕੌਣ ਕਰੇ? ਦੇਸ਼ ਵਾਸੀਆਂ ਨੂੰ ਚਾਹੀਦਾ ਹੈ ਕਿ ਉਹ ਮੁਫ਼ਤਖ਼ੋਰੀ ਦੀਆਂ ਚੀਜ਼ਾਂ ਤਿਆਗ ਕੇ ਹਕੂਮਤ ਕੋਲੋਂ ਆਪਣੇ ਬਣਦੇ ਹੱਕ ਮੰਗਣ ਅਤੇ ਮਹਿੰਗਾਈ ਦੀ ਮਾਰ ਤੋਂ ਇਲਾਵਾ ਕਾਰਪੋਰੇਟ ਕੰਪਨੀਆਂ ਦੇ ਮੂਹਰੇ ਹੁੰਦੀ ਆਪਣੇ ਹੀ ਪੈਸੇ ਦੀ ਲੁੱਟ ਨੂੰ ਬਚਾਉਣ, ਨਹੀਂ ਤਾਂ ਉਹ ਵੇਲਾ ਦੂਰ ਨਹੀਂ ਹੋਵੇਗਾ, ਜਦੋਂ ਅਸੀਂ ਆਪਣੇ ਹੀ ਪੈਸਿਆਂ 'ਤੇ ਹੋਰ ਵਾਧੂ ਟੈਕਸ ਦੇਣ ਲਈ ਮਜਬੂਰ ਹੋ ਜਾਵਾਂਗੇ।

**# ਸੰਪਰਕ : 95698-20314**

# ਵਿਸ਼ਵ ਸ਼ਾਂਤੀ ਅਜੋਕੇ ਸਮੇਂ ਦੀ ਸਭ ਤੋਂ ਵੱਡੀ ਲੋੜ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਅੱਜ ਵਿਸ਼ਵ ਪੱਧਰ 'ਤੇ ਚੱਲ ਰਹੀਆਂ ਜੰਗਾਂ ਵਿਚ ਤੇ ਅੱਤਵਾਦੀਆਂ ਵੱਲੋਂ ਕੀਤੀਆਂ ਜਾ ਰਹੀਆਂ ਹੌਲਨਾਕ ਤੇ ਅਣਮਨੁੱਖੀ ਕਾਰਵਾਈਆਂ ਵਿਚ ਜੋ ਮਨੁੱਖੀ ਜਾਨ ਅਤੇ ਮਾਲ ਦੀ ਬਰਬਾਦੀ ਹੋ ਰਹੀ ਹੈ, ਉਹ ਪੂਰੀ ਤਰ੍ਹਾਂ ਟਾਲਣਯੋਗ ਅਤੇ ਨਿੰਦਣਯੋਗ ਹੈ। ਇਸੇ ਤਰ੍ਹਾਂ ਦੁਨੀਆਂ ਦੇ ਵੱਖ-ਵੱਖ ਖਿੱਤਿਆਂ ਵਿਚ ਵਾਪਰ ਰਹੀਆਂ ਜਾਤੀਗਤ ਜਾਂ ਨਸਲਵਾਦੀ ਹਿੰਸਾ ਦੀਆਂ ਘਟਨਾਵਾਂ ਵਿਚ ਬੇਸ਼ਕੀਮਤੀ ਮਨੁੱਖੀ ਜਾਨਾਂ ਦਾ ਅਜਾਈਂ ਚਲੇ ਜਾਣਾ ਵੀ ਬੇਹੱਦ ਅਫ਼ਸੋਸਨਾਕ ਅਤੇ ਦੁੱਖਦਾਇਕ ਹੈ। ਵੱਡੇ ਅਤੇ ਭਿਆਨਕ ਸੰਕਟਾਂ ਦੇ ਦੌਰ 'ਚੋਂ ਲੰਘ ਰਹੇ ਵਿਸ਼ਵ ਨੂੰ ਅੱਜ ਸ਼ਾਂਤੀ ਦੀ ਭਾਰੀ ਲੋੜ ਹੈ ਤੇ ਅੱਜ 21 ਸਤੰਬਰ ਨੂੰ ਦੁਨੀਆਂ ਭਰ ਵਿਚ ਮਨਾਏ ਜਾ ਰਹੇ 'ਵਿਸ਼ਵ ਸ਼ਾਂਤੀ ਦਿਵਸ' ਦਾ ਮੂਲ ਮੰਤਵ ਵੀ ਵਿਤਕਰਿਆਂ, ਨਫ਼ਰਤਾਂ, ਝਗੜਿਆਂ ਅਤੇ ਯੁੱਧਾਂ ਨਾਲ ਗ੍ਰਸਤ ਇਸ ਦੁਨੀਆ ਅੰਦਰ ਸ਼ਾਂਤੀ ਸਥਾਪਤੀ ਹਿੱਤ ਆਵਾਜ਼ ਬੁਲੰਦ ਕਰਨਾ ਅਤੇ ਯਤਨ ਤੇਜ਼ ਕਰਨਾ ਹੈ। 'ਵਿਸ਼ਵ ਸ਼ਾਂਤੀ ਦਿਵਸ' ਨੂੰ ਮਨਾਉਣ ਦੀ ਸ਼ੁਰੂਆਤ ਉਂਜ ਤਾਂ ਸੰਨ 1981 ਵਿਚ ਹੋਈ ਸੀ, ਪਰ ਸੰਨ 2001 ਵਿਚ ਸੰਯੁਕਤ ਰਾਸ਼ਟਰ ਸੰਘ ਦੀ ਜਨਰਲ ਅਸੈਂਬਲੀ ਭਾਵ ਆਮ ਸਭਾ ਨੇ ਸਰਬ-ਸੰਮਤੀ ਨਾਲ ਇਹ ਮਤਾ ਪਾਸ ਕੀਤਾ ਸੀ ਕਿ ਇਹ ਦਿਵਸ ਅਹਿੰਸਾ ਅਤੇ ਯੁੱਧ ਵਿਰਾਮ ਨੂੰ ਪੂਰੀ ਤਰ੍ਹਾਂ ਸਮਰਪਤ ਕੀਤਾ ਜਾਏਗਾ। ਵਿਸ਼ਵ ਵਿਚ ਸ਼ਾਂਤੀ ਸਥਾਪਤ ਕਰਨ ਦੇ ਪ੍ਰਤੀਕ ਵਜੋਂ ਸੰਯੁਕਤ ਰਾਸਟਰ ਸੰਘ ਨੇ ਇਹ ਕਿਹਾ ਸੀ ਕਿ ਇਸ ਦਿਨ ਘੱਟੋ-ਘੱਟ 24 ਘੰਟਿਆਂ ਲਈ ਦੁਨੀਆ ਦੇ ਕਿਸੇ ਵੀ ਹਿੱਸੇ ਵਿਚ ਯੁੱਧ ਜਾਂ ਹਿੰਸਾ ਸੰਬੰਧੀ ਕੋਈ ਵੀ ਗਤੀਵਿਧੀ ਨਹੀਂ ਹੋਵੇਗੀ ਤੇ ਪੂਰੀ ਦੁਨੀਆਂ ਅੰਦਰ ਸੰਪੂਰਨ ਸ਼ਾਂਤੀ ਰੱਖੀ ਜਾਵੇਗੀ। ਵਿਸ਼ਵ ਸ਼ਾਂਤੀ ਦੇ ਹਾਮੀਆਂ ਦਾ ਇਹ ਮੰਨਣਾ ਹੈ ਕਿ ਸ਼ਾਂਤੀ ਸਥਾਪਤ ਕਰਨ ਦਾ ਅਰਥ ਕੇਵਲ ਕੁਝ ਸਮੇਂ ਲਈ ਹਥਿਆਰ ਸੁੱਟ ਦੇਣਾ ਨਹੀਂ ਹੁੰਦਾ, ਸਗੋਂ ਸਮੁੱਚੀ ਦੁਨੀਆ ਦੇ ਬਾਸ਼ਿੰਦਿਆਂ ਦੇ ਮੱਥੇ ਵਿਚ ਇਸ ਸੋਚ ਦਾ ਦੀਵਾ ਜਗਾਉਣਾ ਹੈ ਕਿ ਵਿਸ਼ਵ ਸ਼ਾਂਤੀ ਹੀ ਇਕਮਾਤਰ ਐਸਾ ਤੱਤ ਹੈ, ਜੋ ਦੁਨੀਆਂ ਦੇ ਸਾਰੇ ਸਮਾਜਾਂ, ਮੁਲਕਾਂ , ਸੱਭਿਆਤਾਵਾਂ ਅਤੇ ਸੱਭਿਆਚਾਰਾਂ ਨੂੰ ਪ੍ਰਫੁੱਲਤ ਹੋਣ ਦਾ ਮੌਕਾ ਪ੍ਰਦਾਨ ਕਰਦਾ ਹੈ। ਇਸ ਦੇ ਨਾਲ ਹੀ ਇਕ ਐਸਾ ਸੰਸਾਰ ਬਣਾਉਣ ਦੀ ਲੋੜ ਵੀ ਸਾਹਮਣੇ ਆਉਂਦੀ ਹੈ, ਜਿਸ ਸੰਸਾਰ ਵਿਚ ਰੰਗਾਂ, ਨਸਲਾਂ, ਜਾਤਾਂ, ਧਰਮਾਂ ਜਾਂ ਹੱਦਾਂ-ਸਰਹੱਦਾਂ ਦੇ ਆਧਾਰ 'ਤੇ ਨਫ਼ਰਤ ਅਤੇ ਕਤਲੇਆਮ ਨੂੰ ਕੋਈ ਥਾਂ ਨਾ ਹੋਵੇ।

ਬੜੀ ਹੀ ਦੁੱਖਦਾਇਕ ਗੱਲ ਹੈ ਕਿ ਸਾਡੀ ਇਸ ਦੁਨੀਆ ਅੰਦਰ ਚੱਲ ਰਹੇ ਜੰਗਾਂ-ਯੁੱਧਾਂ ਵਿਚ ਸਾਲ 2025 ਦੌਰਾਨ 2,45,000 ਦੇ ਕਰੀਬ ਮਨੁੱਖੀ ਜਾਨਾਂ ਦਾ ਘਾਣ ਹੋ ਗਿਆ ਸੀ, ਜਦੋਂ ਕਿ ਰੂਸ-ਯੂਕਰੇਨ ਅਤੇ ਈਰਾਨ-ਅਮਰੀਕਾ ਦਰਮਿਆਨ ਤਬਾਹਕੁਨ ਯੁੱਧ ਦੇ ਨਾਲ-ਨਾਲ ਦੱਖਣ ਏਸ਼ੀਆਈ, ਮੱਧ ਪੂਰਬੀ ਅਤੇ ਉਤਰ ਅਫ਼ਰੀਕੀ ਦੇਸ਼ਾਂ ਵਿਚ ਹਿੰਸਕ ਸੰਘਰਸ਼ ਅਜੇ ਵੀ ਜਾਰੀ ਹਨ। ਸੰਯੁਕਤ ਰਾਸ਼ਟਰ ਦੇ ਉੱਚ-ਅਧਿਕਾਰੀ ਆਡਰੇ ਅਜ਼ੂਲੇ ਦਾ ਕਹਿਣਾ ਹੈ, 'ਅਜੋਕੇ ਸਮੇਂ ਦੀ ਨਫ਼ਰਤ, ਈਰਖਾ,ਪੱਖਪਾਤ ਤੇ ਤਣਾਅ ਭਰੀ ਇਸ ਦੁਨੀਆ ਵਿਚ ਮਿਲ-ਜੁਲ ਕੇ ਅਤੇ ਇਕ-ਮਿਕ ਹੋ ਕੇ ਰਹਿਣਾ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਮੁਸ਼ਕਲ ਹੈ। ਸੰਯੁਕਤ ਰਾਸ਼ਟਰ ਸੰਘ ਅਤੇ ਯੂਨੈਸਕੋ ਇਕ ਦੂਜੇ ਦਾ ਹੱਥ ਫੜੀ ਸਮੁੱਚੇ ਵਿਸ਼ਵ ਵਿਚ ਸ਼ਾਂਤੀ ਸਥਪਿਤ ਕਰਨ ਲਈ ਪੂਰੀ ਜਿੰਦਜਾਨ ਲਗਾ ਕੇ ਕੰਮ ਕਰ ਰਹੇ ਹਨ ਤੇ ਮਹੱਤਵਪੂਰਨ ਗੱਲ ਇਹ ਹੈ ਕਿ ਉਹ ਕੇਵਲ ਇਸ ਵਾਸਤੇ ਪੂਰੀ ਦ੍ਰਿੜ੍ਹਤਾ ਨਾਲ ਕੰਮ ਨਹੀਂ ਕਰ ਰਹੇ ਕਿ ਉਨ੍ਹਾਂ ਸੰਨ 2030 ਤੱਕ ਵਿਸ਼ਵ ਸ਼ਾਂਤੀ ਸਥਾਪਤ ਕਰਨ ਦਾ ਉਦੇਸ਼ ਪੂਰਾ ਕਰਨਾ ਹੈ, ਸਗੋਂ ਇਸ ਕਰਕੇ ਵੀ ਯਤਨਸ਼ੀਲ ਹਨ ਕਿ ਦੁਨੀਆ ਦੇ ਭਲੇ ਤੇ ਵਿਕਾਸ ਹਿਤ ਵਿਸ਼ਵ ਸ਼ਾਂਤੀ ਦਾ ਹੋਣਾ ਸਭ ਤੋਂ ਵੱਧ ਜ਼ਰੂਰੀ ਹੈ।' ਸ਼ਾਂਤੀ ਪੱਖੀ ਲੋਕ ਕਿਸੇ ਵੀ ਪ੍ਰਕਾਰ ਦੇ ਨਫ਼ਰਤੀ ਭਾਸ਼ਣ ਜਾਂ ਹਿੰਸਾਤਮਕ ਗਤੀਵਿਧੀਆਂ ਦੀ ਸਖ਼ਤ ਨਿਖੇਧੀ ਕਰਦੇ ਹਨ ਤੇ ਦੁਨੀਆਂ ਨੂੰ ਹਿੰਸਾ, ਨਫ਼ਰਤ ਅਤੇ ਈਰਖਾ ਤੋਂ ਮੁਕਤ ਕਰਾਉਣ ਸੰਬੰਧੀ ਲੋਕਾਂ ਨੂੰ ਪ੍ਰੇਰਿਤ ਕਰਦੇ ਹਨ।

ਗ਼ੌਰਤਲਬ ਹੈ ਕਿ ਸੰਨ 2021 ਵਿਚ ਦੁਨੀਆਂ ਦੇ 79 ਮੁਲਕਾਂ ਵਿਚ ਵਿਸ਼ਵ ਸ਼ਾਂਤੀ ਦਿਵਸ ਸੰਬੰਧੀ 628 ਵੱਡੇ ਸਮਾਗਮ ਕਰਵਾਏ ਗਏ ਸਨ ਤੇ ਲੋਕਾਂ ਨੂੰ ਵਿਸ਼ਵ ਸ਼ਾਂਤੀ ਅਤੇ ਇਸ ਦੇ ਫ਼ਲਸਰੂਪ ਮਿਲਣ ਵਾਲੇ ਫ਼ਾਇਦਿਆਂ ਪ੍ਰਤੀ ਜਾਗਰੂਕ ਕੀਤਾ ਗਿਆ ਸੀ। ਵਿਸ਼ਵ ਸ਼ਾਂਤੀ ਦਿਵਸ ਦੀ ਆਰੰਭਤਾ ਹਰ ਸਾਲ ਸੰਯੁਕਤ ਰਾਸ਼ਟਰ ਸੰਘ ਦੇ ਨਿਊਯਾਰਕ ਸਥਿਤ ਦਫ਼ਤਰ ਵਿਚ ਸਥਾਪਤ 'ਸ਼ਾਂਤੀ ਘੰਟੀ' ਨੂੰ ਖੜਕਾ ਕੇ ਕੀਤੀ ਜਾਂਦੀ ਹੈ ਤੇ ਦਿਲਚਸਪ ਤੱਥ ਇਹ ਕਿ ਵੱਡ-ਆਕਾਰੀ ਘੰਟੀ ਅਫ਼ਰੀਕਾ ਨੂੰ ਛੱਡ ਕੇ ਵਿਸ਼ਵ ਦੇ ਬਾਕੀ ਮੁਲਕਾਂ ਦੇ ਬੱਚਿਆਂ ਵੱਲੋਂ ਦਾਨ ਕੀਤੇ ਮੁਦਰਾ-ਸਿੱਕਿਆਂ ਨੂੰ ਭੱਠੀ ਵਿੱਚ ਢਾਲ ਕੇ ਬਣਾਈ ਗਈ ਸੀ ਅਤੇ 'ਯੂ ਐੱਨ ਐਸੋਸੀਏਸ਼ਨ ਆਫ਼ ਜਾਪਾਨ' ਵੱਲੋਂ ਤੋਹਫ਼ੇ ਦੇ ਰੂਪ ਵਿੱਚ ਸੰਯੁਕਤ ਰਾਸ਼ਟਰ ਸੰਘ ਦੇ ਮੁੱਖ ਦਫ਼ਤਰ ਨੂੰ ਭੇਟ ਕੀਤੀ ਗਈ ਸੀ। ਇਸ 'ਤੇ ਉਕਰੀ ਹੋਈ ਇਬਾਰਤ ਆਖ਼ਦੀ ਹੈ-'ਵਿਸ਼ਵ ਸ਼ਾਤੀ ਦੀ ਜੈ ਹੋਵੇ।' ਸੰਯੁਕਤ ਰਾਸ਼ਟਰ ਸੰਘ ਵੱਲੋਂ ਸਾਲ 2026 ਦੌਰਾਨ ਮਨਾਏ ਜਾ ਰਹੇ 'ਵਿਸ਼ਵ ਸ਼ਾਂਤੀ ਦਿਵਸ' ਦਾ ਨਿਰਧਾਰਿਤ ਕੀਤਾ ਗਿਆ ਥੀਮ ਹੈ, " ਹਰ ਦਿਨ, ਹਰ ਥਾਂ ਅਤੇ ਹਰੇਕ ਲਈ ਸ਼ਾਂਤੀ 'ਚ ਨਿਵੇਸ਼ ਕਰੋ।' ਇਹ ਥੀਮ ਇਸ਼ਾਰਾ ਕਰਦਾ ਹੈ ਕਿ ਜੇਕਰ ਸਭ ਲੋਕ ਇਕ-ਦੂਜੇ ਦੇ ਧਰਮਾਂ, ਨਸਲਾਂ, ਜਾਤਾਂ,ਭਾਸ਼ਾਵਾਂ ਤੇ ਸੱਭਿਆਚਾਰਾਂ ਦੀ ਭਿੰਨਤਾ ਨੂੰ ਸਨਮਾਨ ਦਿੰਦਿਆਂ ਹੋਇਆਂ ਸਹਿਣਸ਼ੀਲ ਬਣ ਕੇ ਇਕ-ਦੂਜੇ ਦੀ ਪ੍ਰਸੰਸਾ ਕਰਨ ਲੱਗ ਪੈਣ ਤਾਂ ਇਸ ਦੁਨੀਆਂ ਵਿਚ ਸ਼ਾਂਤੀ ,ਪ੍ਰੇਮ ਅਤੇ ਇੱਕਜੁਟਤਾ ਦੀ ਸਥਾਪਤੀ ਸਹਿਜ ਹੀ ਹੋ ਸਕਦੀ ਹੈ ਇਸ ਵਡਮੁੱਲੇ ਕਾਰਜ ਹਿੱਤ ਸੰਯੁਕਤ ਰਾਸ਼ਟਰ ਕੁੱਲ ਦੁਨੀਆ ਦੇ ਸਿਆਸੀ,ਧਾਰਮਿਕ, ਸਮਾਜ ਸੇਵੀ ਅਤੇ ਵਿਸ਼ਵ ਦੇ ਭਲੇ, ਸ਼ਾਂਤੀ ਤੇ ਏਕਤਾ ਲਈ ਯਤਨਸ਼ੀਲ ਆਗੂਆਂ ਨੂੰ ਅੱਗੇ ਆ ਕੇ ਆਪਣਾ ਯੋਗਦਾਨ ਪਾਉਣ ਦੀ ਅਪੀਲ ਕਰਦਾ ਹੈ।

**# ਸੰਪਰਕ : 97816-46008**

# ਇੰਜ ਜਿੱਤੀ ਸੀ ਲੋਕਾਂ ਅਣਖ਼ ਦੀ ਲੜਾਈ

ਪੁਲਸ ਨੇ ਸਾਡੇ ਪਿੰਡ ਦੀ ਗਰੀਬ ਜ਼ਨਾਨੀ ਮੂੰਹ ਕਾਲਾ ਕਰਕੇ ਸਵੇਰ ਦੀ ਭਿੱਖੀਵਿੰਡ ਥਾਣੇ ਸਾਹਮਣੇ ਸੜਕ 'ਤੇ ਖਲ੍ਹਾਰੀ ਹੈ। ਸਾਡੀ ਇੱਜ਼ਤ ਤਾਂ ਮਿੱਟੀ 'ਚ ਮਿਲਗੀ। ਲੋਕਾਂ ਧਾਡੇ ਕੋਲ ਘੱਲਿਆ ਬਈ ਉਹੀ ਕਾਲਜ ਵਾਲੇ ਮੁੰਡੇ ਈ ਕੁਛ ਕਰ ਸਕਦੇ ਹੁਣ ਤਾਂ!' ਇਹ ਸ਼ਬਦ ਸਨ ਭਿੱਖੀਵਿੰਡ ਨੇੜਲੇ ਪਿੰਡ 'ਮਾੜੀ ਗੌੜ ਸਿੰਘ' ਤੋਂ ਆਏ ਬੰਦਿਆਂ ਦੇ, ਜੋ ਸਾਨੂੰ ਲੱਭਦੇ-ਲੁਭਾਉਂਦੇ ਪੱਟੀ ਆਏ ਸਨ। ਉਹਨਾਂ ਦੱਸਿਆ ਕਿ ਭਿੱਖੀਵਿੰਡ ਆਲੇ ਸ਼ਰਮੇ ਥਾਣੇਦਾਰ ਦੀ ਉੱਤੋਂ ਤੱਕ ਪਹੁੰਚ ਹੈ, ਵੱਡਾ ਗੁੰਡਾ ਅਜੀਤ ਪੂਹਲਾ ਨਿਹੰਗ ਇਹਦਾ ਜੋਟੀਦਾਰ ਹੈ, ਬੜਾ ਜ਼ਾਲਮ ਥਾਣੇਦਾਰ ਹੈ ਤੇ ਇਹ ਕਿਸੇ ਦੀ ਨਹੀਂ ਸੁਣਦਾ, ਸਾਡੇ ਪਿੰਡ ਦੀ ਤਾਂ ਪੱਗ ਲਾਹ'ਤੀ ਇਸ ਨੇ।

1982 ਦੇ ਅਖੀਰਲੇ ਦਿਨਾਂ ਵਿਚ ਪੁਲਸ ਦਾ ਡੰਗ ਬੜਾ ਤਿੱਖਾ ਸੀ, ਅਖ਼ਤਿਆਰ ਸਨ, ਦਹਿਸ਼ਤ ਸੀ।ਮੇਰੀ ਉਮਰ ਓਦੋਂ 22 ਸਾਲ ਸੀ।ਸਾਡੀ ਵਿਦਿਆਰਥੀ ਜਥੇਬੰਦੀ ਸਟੂਡੈਂਟਸ ਫੈਡਰੇਸ਼ਨ ਆਫ਼ ਇੰਡੀਆ (ਐੱਸ. ਐੱਫ. ਆਈ), ਦਾ ਮੈਂ ਓਦੋਂ ਅੰਮ੍ਰਿਤਸਰ ਜ਼ਿਲ੍ਹੇ ਦਾ ਸਕੱਤਰ ਸਾਂ (ਮਗਰੋਂ ਪੰਜਾਬ ਦਾ ਸਕੱਤਰ ਅਤੇ ਪ੍ਰਧਾਨ ਵੀ ਰਿਹਾਂ), ਸਾਡਾ ਪੁਲਸ ਵਧੀਕੀਆਂ ਦੇ ਖਿਲਾਫ਼ ਆਮ ਹੀ ਸੰਘਰਸ਼ ਚਲਦਾ ਰਹਿੰਦਾ ਸੀ। ਪੱਟੀ, ਤਰਨ ਤਾਰਨ ਵਿਚ ਨਿੱਕੇ-ਵੱਡੇ ਕਈ ਘੋਲ ਲੜੇ ਜਿੱਤੇ ਸਨ, ਤਾਂ ਹੀ ਓਦਣ ਭਿੱਖੀਵਿੰਡੋਂ ਬੰਦੇ ਸਾਡੇ ਕੋਲ ਆਏ ਸਨ।

ਦਿਆਲਪੁਰੇ ਦਾ ਕਰਮ ਸਿੰਘ ਹੁੰਦਲ, ਜੋ ਮੇਰੇ ਤੋਂ ਪਹਿਲਾਂ ਜ਼ਿਲ੍ਹਾ ਸਕੱਤਰ ਸੀ, ਮਾੜੀ ਕੰਬੋਕੇ ਪਿੰਡ ਵਾਲਾ ਨੌਜਵਾਨ ਸਭਾ ਦਾ ਆਗੂ ਸਵਿੰਦਰ ਸਿੰਘ ਸੰਧੂ ਅਤੇ ਮੈਂ ਤੁਰੰਤ ਭਿੱਖੀਵਿੰਡ ਗਏ। ਸਾਡੇ ਆਉਣ ਦੀ ਭਿਣਕ ਸ਼ਰਮੇ ਥਾਣੇਦਾਰ ਨੂੰ ਲੱਗ ਗਈ ਸੀ ਤੇ ਉਹ ਸਾਡੇ ਪਹੁੰਚਣ ਤੋਂ ਪਹਿਲਾਂ ਹੀ ਜਨਾਨੀ ਦਾ ਮੂੰਹ ਧਵਾ ਕੇ ਪਿੰਡ ਛੱਡ ਆਇਆ ਸੀ।

ਅਸੀਂ ਜਾ ਕੇ ਭਿੱਖੀਵਿੰਡ ਦੀ ਆਲ ਪਾਰਟੀ ਮੀਟਿੰਗ ਸੱਦੀ।ਕਾਂਗਰਸ, ਅਕਾਲੀ, ਕਾਮਰੇਡ ਆਏ। ਵਿਚਾਰ-ਚਰਚਾ ਹੋਈ। ਸਭ ਨੇ ਕਿਹਾ ਕਿ ਥਾਣੇਦਾਰ ਬੜਾ ਭੂਤਰਿਆ ਤੇ ਇਸ ਨੇ ਇਹ ਮੂੰਹ ਕਾਲਾ ਕਰਨ ਵਾਲੀ ਬੜੀ ਮਾੜੀ ਹਰਕਤ ਕੀਤੀ ਹੈ। ਇਹ ਨਿੱਕੇ-ਮੋਟੇ ਕੇਸ ਵਿਚ ਬੰਦੇ ਨੂੰ ਫੜਨ ਗਿਆ ਸੀ ਤੇ ਬੰਦਾ ਡਰਦਾ ਭੱਜ ਗਿਆ, ਇਹ ਉਸ ਦੀ ਜ਼ਨਾਨੀ ਫੜ ਲਿਆਇਆ। ਜ਼ਨਾਨੀ ਬੇਜ਼ਤੀ ਦੀ ਮਾਰੀ ਰੋਂਦੀ ਰਹੀ ਥਾਣੇ ਅੱਗੇ ਖਲੋਤੀ।

ਥਾਣਾ ਭਿੱਖੀਵਿੰਡ-ਅੰਮ੍ਰਿਤਸਰ ਰੋਡ ਉੱਤੇ ਹੈ। ਅਸੀਂ ਥਾਣੇ ਦੇ ਗੇਟ ਦੇ ਸਾਹਮਣੇ ਸੜਕ ਦੇ ਦੂਜੇ ਪਾਸੇ ਪੱਕਾ ਤੰਬੂ ਗੱਡ ਦਿੱਤਾ। ਲਾਊਡ ਸਪੀਕਰ ਲਾ ਲਿਆ। ਪਿੰਡਾਂ ਵਿਚ ਸੁਨੇਹੇ ਭੇਜ ਦਿੱਤੇ ਗਏ। ਬਹੁਤ ਲੋਕ ਇਕੱਠੇ ਹੋਗੇ। ਅਸੀਂ ਸਪੀਕਰ 'ਤੇ ਐਲਾਨ ਕਰ ਦਿੱਤਾ ਕਿ ਥਾਣੇਦਾਰ ਨੇ ਸਾਡੀ ਇਲਾਕੇ ਦੀ ਪੱਗ ਨੂੰ ਹੱਥ ਪਾਇਆ ਹੈ। ਅਸੀਂ ਇਸ ਨੂੰ ਇਸ ਥਾਣੇ ਵਿਚ ਨਹੀਂ ਰਹਿਣ ਦੇਣਾ। ਇਹ ਖੁਦ ਹੀ ਬੋਰੀ-ਬਿਸਤਰਾ ਗੋਲ ਕਰਕੇ ਨਿਕਲ ਜਾਵੇ, ਪਰ ਉਹ ਇੰਜ ਨਿਕਲਣ ਵਾਲਾ ਨਹੀਂ ਸੀ।ਥਾਣੇ ਸਾਹਮਣੇ ਅਣਮਿਥੇ ਸਮੇਂ ਦਾ ਧਰਨਾ ਸ਼ੁਰੂ ਹੋ ਗਿਆ। ਭਰ ਸਰਦੀ ਦੇ ਦਿਨ ਸਨ।



ਡਾ. ਸੁਰਿੰਦਰ ਮੰਡ (ਪ੍ਰੋਫੈਸਰ)

ਰੋਜ਼ ਸਵੇਰੇ ਦਸ ਵਜੇ ਤੋਂ ਸ਼ਾਮ ਪੰਜ ਵਜੇ ਤੱਕ ਸਪੀਕਰ ਉੱਤੇ ਭਾਸ਼ਣ ਹੁੰਦੇ, ਨਾਹਰੇ ਵੱਜਦੇ। ਸੈਂਕੜੇ ਲੋਕ ਪਿੰਡਾਂ ਤੋਂ ਆਉਂਦੇ। ਪਹਿਲੇ ਦਿਨ ਧਰਨੇ ਉੱਤੇ ਬੈਠਣ ਵਾਲੇ ਜਥੇ ਦੀ ਅਗਵਾਈ ਅਕਾਲੀ ਆਗੂ ਜਥੇਦਾਰ ਨਰੰਜਨ ਸਿੰਘ ਪੱਟੀ ਅਕਾਲੀ ਐੱਮ. ਐੱਲ. ਏ ਨੂੰ ਸੌਂਪੀ ਗਈ। ਉਹਨਾ ਪਹਿਲਾਂ ਪੱਟੀ ਇਕ ਮੋਰਚੇ ਵਿਚ ਵੀ ਸਾਡਾ ਸਾਥ ਦਿੱਤਾ ਸੀ। ਦੂਜੇ ਦਿਨ ਕਾਂਗਰਸ ਦੇ ਸੁਹਿਰਦ ਸਥਾਨਕ ਆਗੂ ਗੁਰਚਰਨ ਸਿੰਘ ਨੇ ਧਰਨੇ ਦੀ ਅਗਵਾਈ ਕੀਤੀ। ਗੁਰਚਰਨ ਸਿੰਘ ਬਾਅਦ ਵਿਚ ਫਿਰੋਜ਼ਪੁਰ ਵੱਲੋਂ ਐੱਮ ਐੱਲ ਏ ਵੀ ਜਿੱਤਿਆ ਸੀ।ਤੀਜੇ ਦਿਨ ਸੀ ਪੀ ਆਈ ਆਗੂ ਨੰਦ ਦੀ ਅਗਵਾਈ ਵਿਚ ਧਰਨਾ ਲੱਗਾ। ਜਲੰਧਰ 'ਨਵਾਂ ਜ਼ਮਾਨਾ' ਤੋਂ ਜਤਿੰਦਰ ਪਨੂੰ ਨੇ ਆ ਕੇ ਵੀ ਸਾਡਾ ਹੌਸਲਾ ਵਧਾਇਆ। ਚੌਥੇ ਦਿਨ ਸੀ ਪੀ ਐੱਮ ਆਗੂ ਜਰਨੈਲ ਸਿੰਘ ਦਿਆਲਪੁਰਾ ਦੀ ਅਗਵਾਈ ਵਿਚ ਧਰਨਾ ਚੱਲਿਆ। ਅਸੀਂ (ਕਰਮ ਸਿੰਘ, ਸਵਿੰਦਰ ਸੰਧੂ ਅਤੇ ਮੈਂ) ਤਾਂ ਖੈਰ ਸਾਰਾ ਦਿਨ ਰੋਜ਼ ਓਥੇ ਹੀ ਹੁੰਦੇ ਸਾਂ। ਮਾਮਲਾ ਅੜ ਗਿਆ ਤੇ ਗੰਭੀਰ ਹੁੰਦਾ ਜਾਂਦਾ ਸੀ। ਸਾਡਾ ਸਾਰਾ ਜ਼ੋਰ ਮੋਰਚੇ ਨੂੰ ਪੁਰਅਮਨ ਰੱਖਣ 'ਤੇ ਸੀ, ਜਦਕਿ ਪੁਲਸ ਹਿੰਸਕ ਸ਼ਰਾਰਤ ਕਰਾਉਣ ਦੇ ਤਰੀਕੇ ਲੱਭਦੀ ਸੀ, ਤਾਂ ਕਿ ਮੋਰਚਾ ਕੁਚਲਣ ਦਾ ਬਹਾਨਾ ਬਣਜੇ।

ਮੋਰਚੇ ਦੇ ਪੰਜਵੇਂ ਦਿਨ ਸ਼ਰਮੇ ਥਾਣੇਦਾਰ ਨੇ ਗੁੰਡੇ ਨਿਹੰਗ ਅਜੀਤ ਪੂਹਲੇ ਨੂੰ ਸਾਡੇ ਤੰਬੂ ਉਖਾੜਨ ਲਈ ਲਿਆਂਦਾ। ਅਸੀਂ ਧਰਨੇ ਨੂੰ ਸੰਬੋਧਨ ਕਰ ਰਹੇ ਸਾਂ। ਰੌਲਾ ਪੈ ਗਿਆ ਕਿ ਅਜੀਤ ਪੂਹਲਾ ਨਿਹੰਗ ਦੋ ਟਰੱਕ ਭਰ ਕੇ ਬੰਦੂਕਾਂ ਵਾਲੇ ਨਿਹੰਗਾਂ ਨਾਲ ਆ ਰਿਹਾ ਧਰਨਾ ਖਦੇੜਨ, ਉਹਨੇ ਪਹਿਲਾਂ ਵੀ ਅਜਿਹੇ ਕਈ ਕੰਮ ਕੀਤੇ ਸਨ। ਅੱਧੇ ਘੰਟੇ ਬਾਅਦ ਦੋ ਟਰੱਕ ਭਰੇ ਬੰਦੂਕਾਂ ਵਾਲੇ ਨਿਹੰਗਾਂ ਦੇ ਸਾਡੇ ਦੁਆਲੇ ਆ ਖਲੋਤੇ। ਪੂਹਲੇ ਦੇ ਨਿਹੰਗ ਸਾਨੂੰ ਇਵੇਂ ਘੂਰਨ ਲੱਗੇ, ਜਿਵੇਂ ਖਾ ਜਾਣਾ ਹੁੰਦਾ। ਅਸੀਂ ਲੋਕਾਂ ਨੂੰ ਕਿਹਾ ਕਿ ਭੜਕਣਾ ਨਹੀਂ, ਘਬਰਾਉਣਾ ਨਹੀਂ, ਇਹ ਤੁਹਾਡੇ ਹੌਂਸਲੇ ਤੇ ਸਿਆਣਪ ਦਾ ਇਮਤਿਹਾਨ ਹੈ। ਤੁਸੀਂ ਗੁਰੂ ਗੋਬਿੰਦ ਸਿੰਘ ਦੇ, ਚਮਕੌਰ ਦੀ ਗੜ੍ਹੀ ਵਾਲੇ ਅਜੀਤ-ਜੁਝਾਰ ਤੇ ਸਰਹੰਦ ਦੀਆਂ ਨੀਹਾਂ ਵਿਚ ਖਲੋਤੇ ਛੋਟੇ ਸਾਹਿਬਜ਼ਾਦਿਆਂ ਦੇ ਵਾਰਿਸ ਹੋ। ਅਸੀਂ ਸੱਚਾਈ ਲਈ ਜ਼ੁਲਮ ਖਿਲਾਫ ਲੜ ਰਹੇ ਹਾਂ।ਨਿਹੰਗ ਸਾਡੇ ਭਾਸ਼ਣ ਸੁਣਨ ਲੱਗ ਪਏ, ਸ਼ਾਂਤ ਜਿਹੇ ਹੋਗੇ ਤੇ ਨਿਹੰਗਾਂ ਨੇ ਵਾਪਸੀ ਚਾਲੇ ਪਾ ਦਿੱਤੇ। ਲੋਕਾਂ ਜੈਕਾਰੇ ਛੱਡੇ।

ਥਾਣੇਦਾਰ ਹਤਾਸ਼ ਹੋ ਗਿਆ। ਉਸ ਨੇ ਆਖਰੀ ਦਾਅ ਖੇਡਿਆ। ਅਗਲੇ ਦਿਨ ਚਾਰ ਕੁ ਵਜੇ ਧਰਨੇ ਵਿਚ ਸੰਬੋਧਨਾਂ ਤੋਂ ਬਾਅਦ ਜਦ ਲੋਕ ਖਿੰਡਪੁੰਡ ਰਹੇ ਸਨ ਤਾਂ ਕਰਮ ਸਿੰਘ ਤੇ ਮੈਂ ਜ਼ਰਾ ਕੁ ਲਾਗੇ ਕਿਸੇ ਵੱਲ ਸਲਾਹ-ਮਸ਼ਵਰਾ ਕਰਨ ਗਏ। 10 ਕੁ ਮਿੰਟਾਂ 'ਚ ਹੀ ਮਗਰ ਮੁੰਡਾ ਭੱਜਾ ਆਇਆ। ਕਹਿੰਦਾ ਪੁਲਸ ਨੇ ਹਮਲਾ ਕਰਤਾ, ਤੰਬੂ ਪੁੱਟ ਘੱਤਿਆ, ਬੜਾ ਲਾਠੀਚਾਰਜ ਕਰਤਾ, ਬੰਦੇ ਜ਼ਖਮੀ ਹੋ'ਗੇ। ਸੁਰਜੀਤ, ਸੁੱਖੇ, ਪਰਗਟ, ਗੁਰਮੇਲ ਘੀਟੇ, ਜਰਨੈਲ ਸਹੁੰ, ਨੰਦ ਹੁਰਾਂ ਕਈ ਜਣਿਆਂ ਨੂੰ ਪੁਲਸ ਫੜ ਕੇ ਲੈ'ਗੀ।

ਅਸੀਂ ਦੋਵੇਂ ਆ ਕੇ ਭਿੱਖੀਵਿੰਡ ਚੌਂਕ ਵਿਚ ਇਕ ਬੈਂਚ ਉੱਪਰ ਚੜ੍ਹ ਕੇ ਚੁੱਪਚਾਪ ਖਲੋ ਗਏ। ਥਾਣਾ ਚੌਂਕ ਤੋਂ ਡੇਢ ਕੁ ਸੌ ਗਜ਼ ਹੈ। ਲੋਕ ਸਾਡੇ ਆਲੇ-ਦੁਆਲੇ ਇਕੱਠੇ ਹੋਣੇ ਸ਼ੁਰੂ ਹੋ ਗਏ। ਅੱਡੇ ਦੇ ਸਭ ਲੋਕ ਸਾਡੇ ਦੁਆਲੇ ਇਕੱਠੇ ਹੋ ਗਏ। ਦੋ ਹਜ਼ਾਰ ਦੇ ਕਰੀਬ ਲੋਕ ਬੇਹੱਦ ਰੋਸ ਵਿਚ ਸਨ।

ਅਸੀਂ ਜੋਸ਼ੀਲੇ ਭਾਸ਼ਣ ਦੇ ਕੇ ਲੋਕਾਂ ਦਾ ਹੌਸਲਾ ਬੰਨ੍ਹਾਇਆ ਅਤੇ ਆਖਿਆ ਕਿ ਹੁਣ ਆਪਾਂ ਥਾਣੇ ਅੱਗੇ ਜਾਣਾ, ਤਿਆਰ ਓ? ਲੋਕਾਂ ਹਾਂ ਮਿਲਾਈ। ਅਸਾਂ ਕਿਹਾ ਕਿ ਇਕ ਸ਼ਰਤ ਆ ਕਿ ਜੋ ਅਸੀਂ ਆਖਾਂਗੇ, ਉਹੀ ਕਰਨਾ, ਕਿਸੇ ਨੇ ਮਰਜ਼ੀ ਨਹੀਂ ਕਰਨੀ। ਲੋਕਾਂ ਹਾਮੀ ਭਰੀ। ਅਸੀਂ ਦੋ ਹਜ਼ਾਰ ਲੋਕਾਂ ਨਾਲ ਅਨੁਸ਼ਾਸਿਤ ਨਾਹਰੇ ਮਾਰਦੇ ਜਦ ਥਾਣੇ ਵੱਲ ਤੁਰੇ ਤਾਂ ਪੁਲਸ ਵੇਖ ਕੇ ਅੰਦਰ ਵੜਗੀ ਤੇ ਅੰਦਰੋਂ ਦਰਵਾਜ਼ੇ ਬੰਦ ਕਰ ਲਏ। ਗ੍ਰਿਫਤਾਰ ਮੁੰਡੇ ਅੰਦਰੋਂ ਨਾਹਰੇ ਮਾਰ ਰਹੇ ਸਨ ਤੇ ਲੋਕ ਬਾਹਰੋਂ। ਅਸੀਂ ਥਾਣੇ ਅੱਗੇ ਜੁੜੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਅਸੀਂ ਅਣਮਿਥੇ ਸਮੇਂ ਲਈ ਥਾਣੇ ਦਾ ਘਿਰਾਉ ਸ਼ੁਰੂ ਕਰ ਦਿੱਤਾ ਹੈ ਜੋ ਸਾਰੀ ਰਾਤ ਵੀ ਚੱਲੇਗਾ। ਨੇੜਲੇ ਗੁਰਦੁਆਰਿਆਂ ਤੋਂ ਲੰਗਰ, ਦਰੀਆਂ-ਬਿਸਤਰੇ ਆ ਜਾਣਗੇ। ਇਸ ਨੂੰ ਸ਼ਾਂਤਮਈ ਰੱਖਣਾ ਤੁਹਾਡੀ ਸਭ ਦੀ ਜ਼ਿੰਮੇਵਾਰੀ ਹੈ।ਵੇਖਿਓ, ਕੋਈ ਥਾਣੇ ਵੱਲ ਇੱਟ-ਵੱਟਾ ਨਾ ਚਲਾਵੇ। ਲੋਕਾਂ ਸਹਿਮਤੀ ਦਿੱਤੀ ਅਤੇ ਸਾਡੇ ਹੱਕ ਵਿਚ ਨਾਹਰੇ ਲਾਏ। ਹਨੇਰਾ ਹੋ ਰਿਹਾ ਸੀ ਤੇ ਲੋਕਾਂ ਦੀ ਭੀੜ ਵਧਦੀ ਜਾ ਰਹੀ ਸੀ।

ਪੁਲਸ ਨੂੰ ਅੰਮ੍ਰਿਤਸਰ ਤੱਕ ਭਾਜੜਾਂ ਪੈ ਗਈਆਂ। ਜੋਸ਼ੀਲੀਆਂ ਤਕਰੀਰਾਂ ਜਾਰੀ ਸਨ। ਲੋਕਾਂ ਬੇਮਿਸਾਲ ਏਕਤਾ ਅਤੇ ਅਨੁਸ਼ਾਸਨ ਰੱਖਿਆ। ਇਕ ਘੰਟੇ ਦੇ ਅੰਦਰ ਹੀ ਅੰਮ੍ਰਿਤਸਰ ਤੋਂ ਐੱਸ ਪੀ ਵਿਰਦੀ ਜੋ ਬਾਅਦ ਵਿਚ ਪੰਜਾਬ ਦਾ ਡੀ ਜੀ ਪੀ ਰਿਹਾ, ਉਹ ਆ ਗਿਆ। ਸਾਨੂੰ ਕਹਿੰਦਾ-ਅੰਦਰ ਆ ਜੋ ਮੇਰੇ ਨਾਲ ਗੱਲ ਕਰਦੇਂ ਆਂ। ਅਸੀਂ ਸਲਾਹ ਕੀਤੀ ਕਿ ਇਕ ਜਣਾ ਹੀ ਅੰਦਰ ਜਾਈਏ, ਇਕ ਬਾਹਰ ਰਹੀਏ, ਪੁਲਸ ਦੀ ਨੀਤ ਦਾ ਕੀ ਭਰੋਸਾ। ਸੋ ਕਰਮ ਸਿੰਘ ਅੰਦਰ ਗਿਆ, ਮੈਂ ਬਾਹਰ ਮੋਰਚਾ ਸੰਭਾਲਿਆ। ਐੱਸ ਪੀ ਵਿਰਦੀ ਨੇ ਅੰਦਰੋਂ ਆ ਕੇ ਕਿਹਾ ਕਿ ਮੈਂ ਥਾਣੇਦਾਰ ਨੂੰ ਲਾਈਨ ਹਾਜ਼ਰ ਕਰ ਦਿੱਤਾ ਹੈ, ਡਿਊਟੀ ਤੋਂ ਫਾਰਗ ਕਰ ਦਿੱਤਾ ਹੈ। ਲਾਠੀਚਾਰਜ ਤੇ ਔਰਤ ਨਾਲ ਵਧੀਕੀ ਵਗੈਰਾ ਦੀ ਜਾਂਚ ਕਰਕੇ ਸਖ਼ਤ ਐਕਸ਼ਨ ਲਿਆ ਜਾਵੇਗਾ। ਮੁੰਡੇ ਰਿਹਾਅ ਕਰ ਦਿੱਤੇ ਹਨ। ਲੋਕਾਂ ਜਿੱਤ ਦੇ ਜੈਕਾਰੇ ਛੱਡੇ। ਥਾਣੇਦਾਰ ਐੱਸ ਪੀ ਦੇ ਨਾਲ ਹੀ ਠਾਣਿਉਂ ਨਿਕਲ ਗਿਆ।

ਇਸ ਉਪਰੰਤ ਇਕ ਦੋ ਦਿਨਾਂ ਬਾਅਦ ਅਸੀਂ ਭਿੱਖੀਵਿੰਡ ਜਿੱਤ ਰੈਲੀ ਕੀਤੀ। ਉਸ ਵਿਚ ਪਿੰਡਾਂ ਤੋਂ ਇੰਜ ਆਪ-ਮੁਹਾਰੇ ਹਜ਼ਾਰਾਂ ਲੋਕ ਆਏ, ਜਿਵੇਂ ਕਿਤੇ ਮੇਲੇ ਜਾਂਦੇ ਨੇ। ਅੰਮ੍ਰਿਤਸਰ ਦਰਬਾਰ ਸਾਹਿਬ ਤੋਂ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਅਕਾਲੀਆਂ ਦਾ ਧਰਮ ਯੁੱਧ ਮੋਰਚਾ ਚੱਲ ਰਿਹਾ ਸੀ। ਸਾਡੀ ਜਿੱਤ ਰੈਲੀ ਨੂੰ ਸੰਤ ਲੌਂਗੋਵਾਲ ਨੇ ਵਧਾਈ ਸੰਦੇਸ਼ ਭੇਜਿਆ, ਜੋ ਵੱਡੇ ਅਕਾਲੀ ਲੀਡਰ ਮੇਜਰ ਸਿੰਘ ਉਬੋਕੇ ਨੇ ਰੈਲੀ ਵਿਚ ਪੜ੍ਹ ਕੇ ਸੁਣਾਇਆ। ਲੌਂਗੋਵਾਲ ਨੇ ਕਿਹਾ ਕਿ ਤੁਸੀਂ ਇਤਿਹਾਸਕ ਘੋਲ ਲੜਿਆ, ਜਿੱਤਿਆ ਅਤੇ ਲੋਕਾਂ ਨੂੰ ਰਸਤਾ ਵਿਖਾਇਆ ਹੈ।

ਮੇਜਰ ਸਿੰਘ ਉਬੋਕੇ ਜੋ (ਮਗਰੋਂ ਐੱਮ ਐੱਲ ਏ, ਮੰਤਰੀ, ਐੱਮ. ਪੀ ਰਹੇ) ਮੇਰੇ ਸਕੇ ਮਾਸੜ ਜੀ ਵੀ ਸਨ, ਨੇ ਮੇਰੇ ਕੰਨ ਵਿਚ ਹੌਲੀ ਜਿਹੀ ਆਖਿਆ ਬੱਚੂ ਤੂੰ ਤੇ ਬਣ ਗਿਆਂ ਪੂਰਾ ਲੀਡਰ। ਭਾਵੇਂ ਕਿ ਲੀਡਰ ਵਾਲਾ ਕੌੜਾ ਸਵਾਦ ਵੀ ਮੈਂ ਮਗਰੋਂ ਬਥੇਰਾ ਚੱਖਿਆ, ਪਰ ਫਿਰ ਵੀ ਮੇਰਾ ਅੱਜ ਵੀ ਖਿਆਲ ਹੈ ਕਿ ਲੋਕਾਂ ਨੂੰ ਆਪਣੇ ਜਾਇਜ਼ ਸੰਘਰਸ਼ ਇਵੇਂ ਸਾਂਝਿਆਂ ਲੜਨੇ ਚਾਹੀਦੇ ਹਨ।

**# ਸੰਪਰਕ : 94173-24543**

# ਸਿਰਫ 0.3 ਪ੍ਰਤੀਸ਼ਤ ਪਾਣੀ ਹੀ ਪੀਣ ਯੋਗ ਹੈ

ਪਾਣੀ ਇੱਕ ਅਜਿਹਾ ਯੋਗਿਕ ਹੈ, ਜਿਹੜਾ ਕਿ ਜਿਉਣ ਲਈ ਬਹੁਤ ਜ਼ਰੂਰੀ ਹੈ। ਇਸ ਤੋਂ ਬਿਨਾਂ ਜੀਵਨ ਸੰਭਵ ਨਹੀਂ ਹੈ। ਧਰਤੀ 'ਤੇ ਜੇਕਰ ਜੀਵਨ ਸੰਭਵ (ਹੋਰ ਹਾਲਤਾਂ ਤੋਂ ਬਿਨਾਂ) ਹੋਇਆ ਹੈ ਤਾਂ ਉਸ ਵਿੱਚ ਪਾਣੀ ਦਾ ਇੱਕ ਬਹੁਤ ਵੱਡਾ ਰੋਲ ਹੈ, ਪਰ ਅੱਜਕੱਲ੍ਹ ਪਿਛਲੇ ਲੰਬੇ ਸਮੇਂ ਤੋਂ ਇਹ ਸੁਣਦੇ ਆ ਰਹੇ ਹਾਂ ਕਿ ਧਰਤੀ ਹੇਠਲਾ ਪਾਣੀ, ਜਿਹੜਾ ਕਿ ਪੀਣਯੋਗ ਹੈ, ਲਗਾਤਾਰ ਘਟਦਾ ਜਾ ਰਿਹਾ ਹੈ। ਇਸ ਦਾ ਪੱਧਰ ਨੀਵਾਂ ਹੁੰਦਾ ਜਾ ਰਿਹਾ ਹੈ। ਹਾਲਾਂਕਿ ਵਿਗਿਆਨੀਆਂ ਨੇ ਧਰਤੀ ਦੀ ਸੱਤ੍ਹਾ ਤੋਂ ਲੱਗਭੱਗ 700 ਕਿਲੋਮੀਟਰ ਹੇਠਾਂ ਧਰਤੀ ਦੇ ਮੈਂਟਲ ਟ੍ਰਾਜ਼ੀਸ਼ਨ ਜ਼ੋਨ 'ਚ ਪਾਣੀ ਦਾ ਬਹੁਤ ਵੱਡਾ ਭੰਡਾਰ ਲੱਭਿਆ ਹੈ। ਇਹ ਭੰਡਾਰ ਇੰਨਾ ਵੱਡਾ ਹੈ ਕਿ ਧਰਤੀ ਦੇ ਸਮੁੰਦਰਾਂ ਤੋਂ ਵੀ ਇਸ ਵਿੱਚ ਪਾਣੀ ਜ਼ਿਆਦਾ ਹੈ। ਪਰ ਇਹ ਸਾਰਾ ਪਾਣੀ ਯੋਗਿਕਾਂ ਵਿੱਚ ਮੌਜੂਦ ਹੈ। ਦੂਜੀ ਸਭ ਤੋਂ ਵੱਡੀ ਗੱਲ ਹੈ, ਇਹ ਹੈ ਕਿ ਇੰਨੀ ਹੇਠਾਂ ਤੋਂ ਪਾਣੀ ਕੱਢਣ ਦੀ ਸਾਡੇ ਕੋਲ ਹਾਲੇ ਤੱਕ ਕੋਈ ਵੀ ਯੁਕਤ-ਜੁਗਾੜ (ਤਕਨੀਕ) ਨਹੀਂ ਹੈ। ਧਰਤੀ ਦਾ ਅਰਧ ਵਿਆਸ 6371 ਕਿਲੋਮੀਟਰ (3959 ਮੀਲ ) ਹੈ। ਭਾਵ ਧਰਤੀ ਦੇ ਆਰ-ਪਾਰ ਜੇ ਵਿਚਾਲੇ ਦੀ ਮੋਰਾ (ਸੁਰਾਖ) ਕੱਢਿਆ ਜਾਵੇ ਤਾਂ ਇਸ ਦੀ ਲੰਬਾਈ ਜਿਸ ਨੂੰ ਅਸੀਂ ਵਿਆਸ ਕਹਿੰਦੇ ਹਾਂ, 12756 ਕਿਲੋਮੀਟਰ (7926 ਮੀਲ) ਹੈ, ਪਰ ਮਨੁੱਖ ਅਜੇ ਤੱਕ ਸਿਰਫ 12.2 ਕਿਲੋਮੀਟਰ (40230 ਫੁੱਟ/ਕੋਲਾ ਸੁਪਰਡੀਪ ਬੋਰਹੋਲ), ਤੱਕ ਹੀ ਧਰਤੀ ਵਿੱਚ ਹੇਠਾਂ ਜਾ ਸਕਿਆ ਹੈ। ਦੂਜੇ ਸ਼ਬਦਾਂ ਵਿੱਚ ਅਸੀਂ ਕਹਿ ਸਕਦੇ ਹਾਂ ਕਿ ਫਿਲਹਾਲ ਦੀਆਂ ਤਕਨੀਕਾਂ ਦੇ ਅਨੁਸਾਰ ਅਸੀਂ ਧਰਤੀ ਦੇ 700-1000 ਕਿਲੋਮੀਟਰ ਹੇਠਾਂ ਲੱਭਿਆ ਪਾਣੀ ਨਹੀਂ ਵਰਤ ਸਕਦੇ। ਸਾਡੇ ਸੂਰਜ ਮੰਡਲ ਵਿੱਚ ਸਿਰਫ ਧਰਤੀ ਹੀ ਇੱਕ ਅਜਿਹਾ ਗ੍ਰਹਿ ਹੈ, ਜਿਸ ਉੱਤੇ ਜੀਵਨ ਸੰਭਵ ਹੈ ਅਤੇ ਜਿਸ 'ਤੇ ਪਾਣੀ ਹੈ। ਇਹ ਪਾਣੀ ਠੋਸ (ਬਰਫ) ਅਤੇ ਤਰਲ (ਪੀਣਯੋਗ ਤੇ ਦੂਜਾ ਸਮੁੰਦਰਾਂ, ਨਦੀਆਂ ਦਾ ਪਾਣੀ) ਅਤੇ ਗੈਸ (ਭਾਫ-ਬੱਦਲ) ਆਦਿ ਦੇ ਰੂਪ ਵਿੱਚ ਮੌਜੂਦ ਹੈ। ਧਰਤੀ ਦੀ ਕੁੱਲ ਸਤਾ ਦਾ 71 ਫੀਸਦੀ ਭਾਗ ਪਾਣੀ ਨਾਲ ਹੀ ਢਕਿਆ ਹੋਇਆ ਹੈ। ਇਹਨਾਂ ਵਿੱਚੋਂ ਲਗਭਗ ਸਾਰਾ ਹੀ ਪਾਣੀ ਸਮੁੰਦਰਾਂ ਵਿੱਚ ਹੈ, 97 ਫੀਸਦੀ ਅਤੇ ਪੀਣਯੋਗ ਪਾਣੀ, ਜਿਸ ਨੂੰ ਅਸੀਂ ਮਿੱਠਾ ਪਾਣੀ ਕਹਿ ਦਿੰਦੇ ਹਾਂ, ਉਹ ਸਿਰਫ 2.5 ਪ੍ਰਤੀਸ਼ਤ ਹੀ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਹਦੇ ਵਿੱਚੋਂ ਸਿਰਫ 0.3 ਪ੍ਰਤੀਸ਼ਤ ਪਾਣੀ ਹੀ ਪੀਣ ਯੋਗ ਹੈ, ਜਿਹੜਾ ਕਿ ਪਾਣੀ ਦੀ ਧਰਤੀ, ਉੱਤੇ ਮਿਕਦਾਰ ਤੋਂ ਬਹੁਤ ਜ਼ਿਆਦਾ ਘੱਟ ਹੈ। ਮਨੁੱਖੀ ਕਾਰਵਾਈਆਂ ਕਾਰਨ ਹੁਣ ਇਸ ਦੇ ਭੰਡਾਰ ਵਿੱਚ ਹੋਰ ਕਮੀ ਆ ਰਹੀ ਹੈ। ਨਦੀਆਂ, ਝੀਲਾਂ, ਦਰਿਆ ਆਦਿ ਦੂਸ਼ਿਤ ਹੋ ਰਹੇ ਹਨ ਅਤੇ ਧਰਤੀ ਹੇਠਲਾ ਪਾਣੀ ਲਗਾਤਾਰ ਪਤਾਲ ਵੱਲ ਨੂੰ ਜਾ ਰਿਹਾ ਹੈ। ਇਸ ਲਈ ਸਾਨੂੰ ਆਪਣੇ ਭਵਿੱਖ ਨੂੰ ਬਚਾਉਣ ਲਈ ਪਾਣੀ ਦੀ ਸੰਜਮ ਨਾਲ ਵਰਤੋਂ ਕਰਨੀ ਚਾਹੀਦੀ ਹੈ। ਵਰਖਾ ਦੇ ਪਾਣੀ ਨੂੰ ਸੰਭਾਲ ਕੇ ਰੱਖਣ ਅਤੇ ਵਰਤੋਂ ਯੋਗ ਬਣਾਉਣ ਦੇ ਢੰਗ ਲੱਭਣੇ ਅਤੇ ਵਰਤਣੇ ਚਾਹੀਦੇ ਹਨ ਤਾਂ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਧਰਤੀ 'ਤੇ ਪੀਣ ਜੋਗਾ ਪਾਣੀ ਬਚਿਆ ਰਹਿ ਸਕੇ ਤੇ ਧਰਤੀ ਵੀਰਾਨ, ਬੰਜਰ ਖੁਸ਼ਕ ਗ੍ਰਹਿ ਬਣਨ ਤੋਂ ਬਚਿਆ ਰਹਿ ਸਕੇ।

**-ਸੰਜੀਵ ਝਾਂਜੀ, ਜਗਰਾਉਂ, 80049-10000**

# ਮੋਦੀ ਦੇ ਜਨਮ ਦਿਨ ਮੌਕੇ ਦੀਵੇ ਨਾ ਜਗਾਉਣ ਵਾਲੇ ਵਿਦਿਆਰਥੀਆਂ ਨੂੰ ਨੋਟਿਸ ਦੇਣ ਦੀ ਸੀ ਪੀ ਆਈ ਵੱਲੋਂ ਨਿੰਦਾ



**ਲੁਧਿਆਣਾ (ਨਵਾਂ ਜ਼ਮਾਨਾ ਸਰਵਿਸ)**

ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਜ਼ਿਲ੍ਹਾ ਲੁਧਿਆਣਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ ਮੌਕੇ ਕਰਵਾਏ ਗਏ ਦੀਪ ਪ੍ਰਜਵਲਨ ਸਮਾਗਮ ਵਿੱਚ ਸ਼ਾਮਲ ਨਾ ਹੋਣ ਵਾਲੇ ਵਿਦਿਆਰਥੀਆਂ ਨੂੰ ਨੋਟਿਸ ਜਾਰੀ ਕਰਨ ਦੀਆਂ ਰਿਪੋਰਟਾਂ ਦੀ ਸਖ਼ਤ ਨਿਖੇਧੀ ਕੀਤੀ ਹੈ।ਪਾਰਟੀ ਦੇ ਕਾਰਜਕਾਰੀ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ, ਜ਼ਿਲ੍ਹਾ ਸਹਾਇਕ ਸਕੱਤਰ ਐੱਮ. ਐੱਸ. ਭਾਟੀਆ, ਡਾ. ਰਜਿੰਦਰ ਪਾਲ ਸਿੰਘ ਔਲਖ, ਡਾ. ਅਰੁਣ ਮਿੱਤਰਾ ਤੇ ਰਮੇਸ਼ ਰਤਨ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਕਿਸੇ ਵੀ ਵਿਅਕਤੀ ਦਾ ਜਨਮ ਦਿਨ ਮਨਾਉਣਾ ਉਸ ਦੀ ਆਪਣੀ ਇੱਛਾ ਤੇ ਲੋਕਾਂ ਦੀ ਮਰਜ਼ੀ ਦਾ ਮਾਮਲਾ ਹੈ।ਕਿਸੇ ਵਿਦਿਆਰਥੀ ਨੂੰ ਕਿਸੇ ਰਾਜਨੀਤਕ ਆਗੂ ਦੇ ਜਨਮ ਦਿਨ ਦੇ ਸਮਾਗਮ ਵਿੱਚ ਸ਼ਾਮਲ ਹੋਣ ਲਈ ਮਜਬੂਰ ਕਰਨਾ ਸਿੱਖਿਆ ਸੰਸਥਾਵਾਂ ਦੀ ਮਰਿਆਦਾ ਤੇ ਵਿਦਿਆਰਥੀਆਂ ਦੀ ਆਜ਼ਾਦੀ ਨਾਲ ਜੁੜੇ ਸਵਾਲ ਖੜ੍ਹੇ ਕਰਦਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਸਮੇਤ ਪਹਿਲਾਂ ਵੀ ਕਈ ਪ੍ਰਧਾਨ ਮੰਤਰੀਆਂ ਦੇ ਜਨਮ ਦਿਨ ਮਨਾਏ ਜਾਂਦੇ ਰਹੇ ਹਨ, ਪਰ ਨਹਿਰੂ ਦੇ ਜਨਮ ਦਿਨ ਨੂੰ ਬਾਲ ਦਿਵਸ ਵਜੋਂ ਮਨਾਉਣ ਦੀ ਪ੍ਰੰਪਰਾ ਵੀ ਰਹੀ ਹੈ।ਕਿਸੇ ਸਿੱਖਿਆ ਸੰਸਥਾ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ ਨੂੰ ਕਿਸੇ ਪ੍ਰਧਾਨ ਮੰਤਰੀ ਦੇ ਜਨਮ ਦਿਨ ਨਾਲ ਜੋੜਨਾ ਗੰਭੀਰ ਚਿੰਤਾ ਦਾ ਵਿਸ਼ਾ ਹੈ।ਸੀ ਪੀ ਆਈ ਆਗੂਆਂ ਨੇ ਕਿਹਾ ਕਿ 17 ਸਤੰਬਰ ਨੂੰ ਮੋਦੀ ਦੇ ਜਨਮ ਦਿਨ ਮੌਕੇ ਦੀਪ ਪ੍ਰਜਵਲਨ ਸਮਾਗਮ ਕਰਵਾਇਆ ਗਿਆ ਤੇ ਮੀਡੀਆ ਰਿਪੋਰਟਾਂ ਅਨੁਸਾਰ ਗੈਰ-ਹਾਜ਼ਰ ਵਿਦਿਆਰਥੀਆਂ ਤੋਂ ਸਪੱਸ਼ਟੀਕਰਨ ਮੰਗਿਆ ਗਿਆ।ਕੁਝ ਰਿਪੋਰਟਾਂ ਵਿੱਚ ?500 ਜੁਰਮਾਨੇ ਦੀ ਚਿਤਾਵਨੀ ਦਾ ਵੀ ਜ਼ਿਕਰ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਦੀਵੇ ਨਾ ਬਾਲਣ ਕਾਰਨ ਨੋਟਿਸ ਜਾਰੀ ਕਰਨਾ ਅਤਿ ਨਿੰਦਣਯੋਗ ਹੈ।ਜਿਹੜੇ ਵਿਦਿਆਰਥੀ ਅਜਿਹੇ ਸਮਾਗਮ ਵਿੱਚ ਸ਼ਾਮਲ ਨਹੀਂ ਹੋਏ, ਉਨ੍ਹਾਂ ਨੂੰ ਸਜ਼ਾ ਜਾਂ ਨੋਟਿਸ ਦੇਣ ਦੀ ਬਜਾਏ ਤੇਲ ਤੇ ਸਰੋਤਾਂ ਦੀ ਬਚਤ ਕਰਨ ਲਈ ਪ੍ਰਸ਼ੰਸਾ ਪੱਤਰ ਦਿੱਤੇ ਜਾਣੇ ਚਾਹੀਦੇ ਹਨ, ਕਿਉਂਕਿ ਕੁਝ ਸਮਾਂ ਪਹਿਲਾਂ ਹੀ ਸਾਡੇ ਇਸ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਤੇਲ ਦੀ ਵਰਤੋਂ ਘਟਾਉਣ ਲਈ ਕਿਹਾ ਸੀ ਤੇ ਹੁਣ ਜਿਹੜੇ ਲੋਕਾਂ ਨੇ ਤੇਲ ਦੀ ਬਚਤ ਕੀਤੀ ਹੈ, ਉਨ੍ਹਾਂ ਨੂੰ ਨੋਟਿਸ ਭੇਜੇ ਜਾ ਰਹੇ ਹਨ।ਸੀ ਪੀ ਆਈ ਆਗੂਆਂ ਨੇ ਮੰਗ ਕੀਤੀ ਕਿ ਵਿਦਿਆਰਥੀਆਂ ਨੂੰ ਜਾਰੀ ਕੀਤੇ ਗਏ ਨੋਟਿਸ ਤੁਰੰਤ ਵਾਪਸ ਲਏ ਜਾਣ ਤੇ ਇਸ ਮਾਮਲੇ ਲਈ ਜ਼ਿੰਮੇਵਾਰ ਪ੍ਰਬੰਧਕਾਂ ਵੱਲੋਂ ਦੇਸ਼ ਦੇ ਵਿਦਿਆਰਥੀਆਂ ਤੇ ਜਨਤਾ ਨੂੰ ਸਪਸ਼ਟੀਕਰਨ ਦਿੱਤਾ ਜਾਵੇ।

ਉਨ੍ਹਾਂ ਕਿਹਾ ਕਿ ਸਿੱਖਿਆ ਸੰਸਥਾਵਾਂ ਦਾ ਮੁੱਖ ਕੰਮ ਵਿਦਿਆਰਥੀਆਂ ਵਿੱਚ ਆਲੋਚਨਾਤਮਕ ਸੋਚ, ਤਰਕਸ਼ੀਲਤਾ, ਆਜ਼ਾਦ ਵਿਚਾਰ ਤੇ ਲੋਕਤੰਤਰੀ ਕਦਰਾਂ-ਕੀਮਤਾਂ ਵਿਕਸਿਤ ਕਰਨਾ ਹੈ।ਕਿਸੇ ਵੀ ਰਾਜਨੀਤਕ ਆਗੂ ਦੇ ਨਿੱਜੀ ਸਮਾਗਮ ਨੂੰ ਵਿਦਿਆਰਥੀਆਂ ਲਈ ਲਾਜ਼ਮੀ ਬਣਾਉਣਾ ਇਸ ਮਕਸਦ ਦੇ ਉਲਟ ਹੈ।

## ਪੰਜਾਬ ਦੇ ਪਾਣੀਆਂ ਸੰਬੰਧੀ ਮੱਤਭੇਦ ਗੱਲਬਾਤ ਰਾਹੀਂ ਹੱਲ ਕੀਤੇ ਜਾਣ : ਬੀ ਕੇ ਯੂ ਏਕਤਾ ਮਲਵਈ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਮਲਵਈ ਵੱਲੋਂ ਪੰਜਾਬ ਦੇ ਪਾਣੀਆਂ ਤੇ ਧਾਰਾ 78-79-80 ਸਬੰਧੀ ਕਿਸਾਨ ਜਥੇਬੰਦੀਆਂ ਦੇ ਵੱਖ-ਵੱਖ ਬਿਆਨਾਂ ਨੂੰ ਲੈ ਕੇ ਚਿੰਤਾ ਪ੍ਰਗਟ ਕਰਦਿਆਂ ਮਾਮਲੇ ਨੂੰ ਆਪਸੀ ਗੱਲਬਾਤ ਰਾਹੀਂ ਹੱਲ ਕਰਨ ਦੀ ਪਹਿਲ ਕੀਤੀ ਗਈ ਹੈ।ਜਥੇਬੰਦੀ ਵੱਲੋਂ ਸੰਯੁਕਤ ਕਿਸਾਨ ਮੋਰਚਾ ਪੰਜਾਬ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੂੰ ਸੱਦਾ ਦਿੱਤਾ ਗਿਆ ਹੈ ਕਿ 25 ਸਤੰਬਰ 2026 ਨੂੰ ਸਵੇਰੇ 11 ਵਜੇ ਮਸਤੂਆਣਾ ਸਾਹਿਬ ਵਿਖੇ ਇਕੱਠੇ ਬੈਠ ਕੇ ਪੰਜਾਬ ਦੇ ਪਾਣੀਆਂ ਤੇ ਧਾਰਾ 78-79-80 ਸਬੰਧੀ ਵਿਚਾਰ-ਚਰਚਾ ਕੀਤੀ ਜਾਵੇ ਅਤੇ ਕੋਈ ਸਾਂਝਾ ਲੋਕ ਪੱਖੀ ਹੱਲ ਕੱਢਣ ਦੀ ਕੋਸ਼ਿਸ਼ ਕੀਤੀ ਜਾਵੇ।ਬੀਕੇਯੂ ਏਕਤਾ ਮਲਵਈ ਨੇ ਕਿਹਾ ਕਿ ਪੰਜਾਬ ਦੇ ਪਾਣੀਆਂ ਵਰਗੇ ਗੰਭੀਰ ਮਾਮਲੇ 'ਤੇ ਕਿਸਾਨ ਜਥੇਬੰਦੀਆਂ ਦੇ ਵੱਖ-ਵੱਖ ਬਿਆਨ ਸਾਹਮਣੇ ਆਉਣਾ ਕਿਸਾਨ ਲਹਿਰ ਦੀ ਏਕਤਾ ਦੇ ਪੱਖੋਂ ਚਿੰਤਾ ਦਾ ਵਿਸ਼ਾ ਹੈ।ਜਥੇਬੰਦੀ ਅਨੁਸਾਰ ਪੰਜਾਬ ਦੀਆਂ ਚੋਣਾਂ ਨਜ਼ਦੀਕ ਹੋਣ ਕਾਰਨ ਰਾਜਨੀਤਕ ਪਾਰਟੀਆਂ ਇਨ੍ਹਾਂ ਮੱਤਭੇਦਾਂ ਦਾ ਆਪਣੇ ਹਿੱਤਾਂ ਲਈ ਫਾਇਦਾ ਚੁੱਕ ਸਕਦੀਆਂ ਹਨ, ਇਸ ਲਈ ਮੱਤਭੇਦਾਂ ਨੂੰ ਵਧਾਉਣ ਦੀ ਬਜਾਏ ਆਪਸ ਵਿੱਚ ਬੈਠ ਕੇ ਹੱਲ ਕਰਨ ਦੀ ਲੋੜ ਹੈ।ਜਥੇਬੰਦੀ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਪੰਜਾਬ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦਾ ਪੰਜਾਬ ਦੀ ਕਿਸਾਨ ਲਹਿਰ ਵਿੱਚ ਮਹੱਤਵਪੂਰਨ ਯੋਗਦਾਨ ਹੈ ਤੇ ਬੀਕੇਯੂ ਏਕਤਾ ਮਲਵਈ ਦੋਵਾਂ ਜਥੇਬੰਦੀਆਂ ਦਾ ਸਤਿਕਾਰ ਕਰਦੀ ਹੈ।ਮਲਵਈ ਨੇ ਸਪੱਸ਼ਟ ਕੀਤਾ ਕਿ ਇਸ ਬੈਠਕ ਦਾ ਮਕਸਦ ਕਿਸੇ ਧਿਰ ਨੂੰ ਸਹੀ ਜਾਂ ਗਲਤ ਸਾਬਿਤ ਕਰਨਾ ਨਹੀਂ, ਸਗੋਂ ਆਪਸੀ ਵਿਚਾਰ-ਵਟਾਂਦਰੇ ਰਾਹੀਂ ਮੱਤਭੇਦਾਂ ਨੂੰ ਸਮਝਣਾ ਤੇ ਪੰਜਾਬ ਦੇ ਹਿੱਤ ਵਿੱਚ ਸਾਂਝੀ ਸਮਝ ਬਣਾਉਣ ਦਾ ਰਸਤਾ ਕੱਢਣਾ ਹੈ।ਭਾਰਤੀ ਕਿਸਾਨ ਯੂਨੀਅਨ ਏਕਤਾ ਮਲਵਈ ਨੇ ਦੋਵਾਂ ਜਥੇਬੰਦੀਆਂ ਨੂੰ 25 ਸਤੰਬਰ ਦੀ ਬੈਠਕ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।



# ਡੀ ਏ ਤੋਂ ਅਸੰਤੁਸ਼ਟ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਵਿਧਾਇਕਾਂ ਦੇ ਘਰਾਂ ਦਾ ਘਿਰਾਓ

## ਤਮਾਮ ਮੰਗਾਂ ਦੀ ਪੂਰਤੀ ਤੱਕ ਸੰਘਰਸ਼ ਜਾਰੀ ਰਹੇਗਾ : ਮੁਲਾਜ਼ਮ ਆਗੂ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਬੀਤੇ ਦਿਨੀਂ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਰਕਾਰ ਵਿਚਕਾਰ ਵਿਚਕਾਰ ਹੋਈ ਮੀਟਿੰਗ ਦਾ ਕੋਈ ਠੋਸ ਸਿੱਟਾ ਨਾ ਨਿਕਲਣ ਕਰਕੇ ਅਤੇ ਕੋਈ ਸਿਰਫ ਭਰੋਸਾ ਮਿਲਣ ਕਾਰਨ ਫਰੰਟ ਤੇ ਸਾਂਝੀ ਤਾਲਮੇਲ ਕਮੇਟੀ ਪੰਜਾਬ ਵੱਲੋਂ ਪਹਿਲਾਂ ਤੋਂ ਐਲਾਨੇ ਐਕਸ਼ਨਾਂ ਨੂੰ ਬਰਕਰਾਰ ਰੱਖਦਿਆਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਮਾਨਸਾ ਤੇ ਸਰਦੂਲਗੜ੍ਹ ਤੋਂ ਇਲਾਵਾ ਬੁਢਲਾਡਾ ਦੇ ਵਿਧਾਇਕਾਂ ਦੇ ਘਰਾਂ ਦਾ ਘਿਰਾਓ ਕੀਤਾ। ਇਸ ਮੌਕੇ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਪ੍ਰਤਾਪ ਸਿੰਘ ਖੁਡਾਲ, ਆਤਮਾ ਸਿੰਘ ਪਮਾਰ, ਕਰਮਜੀਤ ਸਿੰਘ ਤਾਮਕੋਟ, ਹਰਪ੍ਰੀਤ ਬਿੱਟੂ, ਜਗਦੇਵ ਸਿੰਘ ਘੁਰਕਣੀ, ਦਰਸ਼ਨ ਅਲੀਸ਼ੇਰ, ਧਰਮਿੰਦਰ ਸਿੰਘ ਹੀਰੇਵਾਲਾ, ਹੰਸਾ ਸਿੰਘ ਡੇਲੂਆਣਾ, ਗੁਰਪ੍ਰੀਤ ਦਲੇਲਵਾਲਾ, ਗੁਰਜੀਤ ਸਿੰਘ ਲਾਲਿਆਂਵਾਲੀ ਤੇ ਬਿੱਕਰਜੀਤ ਸਿੰਘ ਸਾਧੂਵਾਲਾ ਨੇ ਕਿਹਾ ਕਿ ਮੁਲਾਜ਼ਮ ਤੇ ਪੈਨਸ਼ਨਰਜ਼ ਸਰਕਾਰ ਵੱਲੋਂ ਐਲਾਨੇ 8% ਡੀ ਏ ਤੋਂ ਸੰਤੁਸ਼ਟ ਨਹੀਂ ਅਤੇ ਨਾ ਹੀ ਇਹ ਫਰੰਟ ਦੀ ਮੰਗ ਹੀ ਸੀ।

ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਤਮਾਮ ਜਾਇਜ਼ ਤੇ ਹੱਕੀ ਮੰਗਾਂ ਮਨਵਾਉਣ ਤੱਕ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ, ਕਿਉਂਕਿ ਪਿਛਲੇ ਸਾਢੇ ਚਾਰ ਸਾਲ ਤੋਂ ਉਨ੍ਹਾਂ ਨੂੰ ਸਿਰਫ ਭਰੋਸਿਆਂ ਤੇ ਲਾਰਿਆਂ ਤੋਂ ਸਿਵਾਏ ਹੋਰ ਕੁੱਝ ਵੀ ਨਹੀਂ ਮਿਲਿਆ।ਸਤਨਾਮ ਸਿੰਘ, ਰਾਜ ਕੁਮਾਰ ਰੰਗਾ, ਲੱਖਣ ਲਾਲ ਮੱਤ, ਗੁਰਚਰਨ ਸਿੰਘ ਮੰਦਰਾਂ, ਜਸਵੀਰ ਸਿੰਘ ਖ਼ਾਲਸਾ, ਮਨਮੋਹਨ ਸਿੰਘ, ਨਵੀਨ ਬੋਹਾ, ਲਖਵਿੰਦਰ ਮਾਨ, ਰਾਜਵਿੰਦਰ ਬਹਿਣੀਵਾਲ, ਬਿੱਕਰ ਸਿੰਘ ਮਾਖਾ, ਕੁਲਦੀਪ ਖੋਖਰ, ਕੇਵਲ ਸਿੰਘ ਆਦਮਕੇ ਨੇ ਕਿਹਾ ਕਿ ਇਸ ਸਰਕਾਰ ਦੇ ਨੁਮਾਇੰਦੇ ਵਿਰੋਧੀ ਧਿਰ 'ਚ ਹੁੰਦਿਆਂ ਮੁਲਾਜ਼ਮ, ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਦੇ ਸਮਰਥਨ 'ਚ ਜਥੇਬੰਦੀਆਂ ਦੇ ਧਰਨਿਆਂ 'ਚ ਆ ਕੇ ਬੈਠਦੇ ਸਨ, ਪ੍ਰੰਤੂ ਹੁਣ ਉਹ ਮੰਗਾਂ ਸੁਣਨ ਲਈ ਵੀ ਤਿਆਰ ਨਹੀਂ।

ਸੁਖਵਿੰਦਰ ਸਿੰਘ, ਕੇਵਲ ਸਿੰਘ, ਡਾ. ਜਨਕ ਰਾਜ ਸਿੰਗਲਾ, ਰਾਮ ਸਿੰਘ ਖੋਖਰ ਨੇ ਕਿਹਾ ਕਿ ਮੁਲਾਜ਼ਮ ਆਪਣੀਆਂ ਸਾਰੀਆਂ ਮੰਗਾਂ ਪੁਰਾਣੀ ਪੈਨਸ਼ਨ ਬਹਾਲੀ, 17-07-20 ਤੋਂ 15-01-15 ਦੇ ਪੱਤਰ ਵਾਪਸ ਕਰਵਾਉਣ, 18% ਡੀ ਏ ਜਾਰੀ ਕਰਨਾ, ਮਾਣ ਭੱਤਾ ਵਰਕਰਾਂ ਦੇ ਭੱਤੇ 'ਚ ਵਾਧਾ ਕਰਵਾਉਣ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ, 37 ਤਰ੍ਹਾਂ ਦੇ ਕੱਟੇ ਭੱਤਿਆਂ ਦੀ ਮੁੜ ਬਹਾਲੀ ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣਾ, 200 ਰੁਪਏ ਜਜ਼ੀਆ ਟੈਕਸ ਬੰਦ ਕਰਨ ਆਦਿ ਵਰਗੀਆਂ ਹੱਕੀ ਮੰਗਾਂ ਪੂਰੀਆਂ ਹੋਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ।

ਬਿੱਕਰ ਸਿੰਘ ਮਘਾਣੀਆਂ, ਅਜੈਬ ਅਲੀਸ਼ੇਰ, ਨਵਦੀਪ ਮੱਤੀ, ਗੁਰਜੰਟ ਸਿੰਘ ਆਦਿ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਨਾਲ ਹੋਈ ਮੀਟਿੰਗ 'ਚ ਕਿਸੇ ਵੀ ਮੰਗ ਦੀ ਪੂਰੀ ਨਾ ਹੋਣ ਕਾਰਨ ਉਹ ਆਪਣੇ ਪਹਿਲਾਂ ਦਿੱਤੇ ਪ੍ਰੋਗਰਾਮ ਜਾਰੀ ਰੱਖਣਗੇ।ਉਨ੍ਹਾਂ ਕਿਹਾ ਕਿ ਸੰਘਰਸ਼ ਨੂੰ ਤੇਜ਼ ਕਰਨ ਲਈ ਫਰੰਟ ਤੇ ਸਾਂਝੀ ਤਾਲਮੇਲ ਕਮੇਟੀ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ 27 ਸਤੰਬਰ ਨੂੰ ਲੁਧਿਆਣਾ ਵਿਖੇ ਸੱਦ ਲਈ ਗਈ ਹੈ। ਆਗੂਆਂ ਜੱਗਾ ਸਿੰਘ ਅਲੀਸ਼ੇਰ, ਸ਼ਿੰਦਰਪਾਲ ਸਿੰਘ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਸੱਦਾ ਦਿੱਤਾ ਸੂਬਾਈ ਲੀਡਰਸ਼ਿਪ ਵੱਲੋਂ ਕਿ ਪਹਿਲਾਂ ਐਲਾਨੇ ਗਏ ਪ੍ਰੋਗਰਾਮਾਂ ਨੂੰ ਲਾਗੂ ਕਰਨ ਲਈ ਹੁਣੇ ਤੋਂ ਹੀ ਤਿਆਰੀਆਂ ਵਿੱਢ ਦੇਣ। ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਸੰਦੀਪ ਵਾਲੀਆ ਵੱਲੋਂ ਬਾਖੂਬੀ ਨਿਭਾਈ ਗਈ।

## ਕਾਤਰਾਂ

### ਪੋਨਾ ਵਿਖੇ ਤੀਜਾ ਵਿਸ਼ਾਲ ਜਗਰਾਤਾ ਤੇ ਭੰਡਾਰਾ 22 ਨੂੰ

**ਜਗਰਾਉਂ (ਸੰਜੀਵ ਅਰੋੜਾ)**-ਮਾਂ ਚਿੰਤਪੁਰਨੀ ਕਲੱਬ ਪਿੰਡ ਪੋਨਾ ਵੱਲੋਂ ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਤੀਜਾ ਵਿਸ਼ਾਲ ਜਗਰਾਤਾ ਤੇ ਭੰਡਾਰਾ 22 ਸਤੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਪ੍ਰਧਾਨ ਬਲਵੀਰ ਸਿੰਘ ਪੋਨਾ ਨੇ ਦੱਸਿਆ ਕਿ ਗਾਇਕ ਜੇ ਨਵਜ ਤੇ ਹੋਰ ਕਲਾਕਾਰਾਂ ਸਮੇਤ ਪ੍ਰਸਿੱਧ ਭਜਨ ਮੰਡਲੀਆਂ ਵੱਲੋਂ ਮਹਾਂਮਾਈ ਦੀਆਂ ਭੇਟਾਂ ਦਾ ਗੁਣਗਾਨ ਕੀਤਾ ਜਾਵੇਗਾ ਅਤੇ ਮਾਤਾ ਦੀ ਜੋਤ ਭੱਦਰਕਾਲੀ ਮੰਦਰ ਜਗਰਾਉਂ ਤੋਂ ਲਿਆਈ ਜਾਵੇਗੀ। ਉਨ੍ਹਾਂ ਦੱਸਿਆ ਕਿ ਤੀਜਾ ਵਿਸ਼ਾਲ ਜਗਰਾਤੇ ਦਾ ਉਦਘਾਟਨ ਸਰਪੰਚ ਹਰਪ੍ਰੀਤ ਸਿੰਘ ਰਾਜੂ ਪੋਨਾ ਤੇ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਸਾਂਝੇ ਤੌਰ 'ਤੇ ਕੀਤਾ ਜਾਵੇਗਾ। ਇਸ ਮੌਕੇ ਮਾਂ ਚਿੰਤਪੁਰਨੀ ਕਲੱਬ ਦੇ ਮੈਂਬਰ ਹਾਜ਼ਰ ਸਨ।

### ਜ਼ਿਲ੍ਹਾ ਪੱਧਰੀ ਖੇਡਾਂ ਹੁਣ 27 ਤੋਂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ) :** ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ 2026 ਸੀਜ਼ਨ-4' ਤਹਿਤ ਕਰਵਾਈਆਂ ਜਾ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਅਨਿੰਦਰਵੀਰ ਕੌਰ ਬਰਾੜ ਨੇ ਦੱਸਿਆ ਕਿ ਪਹਿਲਾਂ ਇਹ ਜ਼ਿਲ੍ਹਾ ਪੱਧਰੀ ਖੇਡਾਂ 20 ਸਤੰਬਰ 2026 ਤੋਂ 30 ਸਤੰਬਰ 2026 ਕਰਵਾਈਆਂ ਜਾਣੀਆਂ ਸਨ ਅਤੇ ਹੁਣ ਖੇਡ ਵਿਭਾਗ ਪੰਜਾਬ ਦੀਆਂ ਜਾਰੀ ਹਦਾਇਤਾਂ ਅਨੁਸਾਰ ਹੁਣ ਖੇਡਾਂ 27 ਸਤੰਬਰ 2026 ਤੋਂ 05 ਅਕਤੂਬਰ 2026 ਤੱਕ ਕਰਵਾਈਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਲਈ ਆਨਲਾਈਨ ਰਜਿਸਟਰੇਸ਼ਨ ਵਿੱਚ ਮਿਤੀ 25 ਸਤੰਬਰ 2026 ਤੱਕ ਦਾ ਵਾਧਾ ਕੀਤਾ ਗਿਆ ਹੈ।ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਖਿਡਾਰੀ Sports.punjab.gov.in 'ਤੇ ਰਜਿਸਟਰਡ ਕਰ ਸਕਦੇ ਹਨ ਤੇ ਰਜਿਸਟਰੇਸ਼ਨ ਸਬੰਧੀ ਵਧੇਰੇ ਜਾਣਕਾਰੀ ਲਈ ਸ੍ਰੀਮਤੀ ਸੁਰੇਖਾ (ਕਲਰਕ) ਮੋ: 78142-89102, ਦੀਪੀ ਕੋਚ 97815-72027 ਤੇ ਅੰਜਲੀ ਕੋਚ 82849-70454 ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

### ਨਸ਼ੇ ਦੀਆਂ ਗੋਲੀਆਂ ਸਣੇ ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 20 ਨਸ਼ੀਲੀਆਂ ਗੋਲੀਆ ਸਣੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਸੁਨੀਲ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਕਰਦੇ ਹੋਏ ਸਥਾਨਕ ਲੱਲਾ ਬਸਤੀ ਦੇ ਬੈਕਸਾਇਡ ਬਣੀ ਸਮਾਧ ਦੇ ਕੋਲ ਪੁੱਜੇ ਤਾਂ ਇਕ ਵਿਅਕਤੀ ਪੁਲਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਖਿਸਕਣ ਲੱਗਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਤਲਾਸ਼ੀ ਕੀਤੀ ਗਈ ਤਾਂ ਉਸ ਪਾਸੋਂ 20 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਸੁਖਚੈਨ ਸਿੰਘ ਪੁੱਤਰ ਰਾਮ ਸਿੰਘ ਵਾਸੀ ਢੰਡੀ ਖੁਰਦ ਨੂੰ ਨਸ਼ੇ ਦੀਆਂ ਗੋਲੀਆਂ ਸਣੇ ਕਾਬੂ ਕਰਨ ਉਪਰੰਤ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਹੈ।

# ਪੰਜ ਰੋਜ਼ਾ ਬਾਬਾ .ਫ਼ਰੀਦ ਸਾਹਿਤ ਮੇਲੇ ਦਾ ਆਗਾਜ਼

- ਹਲਕਾ ਵਿਧਾਇਕ ਸੇਖੋਂ ਤੇ ਡੀ ਸੀ ਨੇ ਕੀਤਾ ਮੇਲੇ ਦਾ ਉਦਘਾਟਨ
- ਲੋਕਾਂ ਨੂੰ ਵੱਧ ਤੋਂ ਵੱਧ ਸਾਹਿਤ ਪੜ੍ਹਨ ਦੀ ਕੀਤੀ ਅਪੀਲ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਬਾਬਾ ਸ਼ੇਖ਼ ਫ਼ਰੀਦ ਆਗਮਨ ਪੁਰਬ ਮੌਕੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ (ਰਜਿ.) ਫ਼ਰੀਦਕੋਟ ਦੇ ਸਹਿਯੋਗ ਨਾਲ ਦੇਸ਼ ਭਗਤ ਪੰਡਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਫ਼ਰੀਦਕੋਟ ਵਿਖੇ ਪੰਜ ਰੋਜ਼ਾ ਬਾਬਾ ਫ਼ਰੀਦ ਸਾਹਿਤ ਮੇਲਾ ਕਰਵਾਇਆ ਜਾ ਰਿਹਾ ਹੈ।ਮੇਲੇ ਦਾ ਉਦਘਾਟਨ ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਵੱਲੋਂ ਕੀਤਾ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਫ਼ਰੀਦਕੋਟ ਸ੍ਰੀ ਰਾਹੁਲ ਚਾਬਾ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਕੇਸ਼ਵ, ਪ੍ਰਿੰਸੀਪਲ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਸ੍ਰੀ ਰਾਜੇਸ਼ ਮੋਹਨ ਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਸ੍ਰੀ ਮਨਜੀਤ ਪੁਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਕਿਤਾਬਾਂ ਮਨੁੱਖ ਦੇ ਜੀਵਨ ਨੂੰ ਸਹੀ ਦਿਸ਼ਾ ਦੇਣ ਅਤੇ ਉਸ ਦੀ ਸੋਚ ਨੂੰ ਵਿਸ਼ਾਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਸਾਹਿਤ ਸਾਨੂੰ ਆਪਣੇ ਵਿਰਸੇ, ਸੱਭਿਆਚਾਰ ਤੇ ਸਮਾਜ ਨਾਲ ਜੋੜਦਾ ਹੈ।ਉਨ੍ਹਾਂ ਨੌਜਵਾਨਾਂ ਸਮੇਤ ਹਰ ਵਰਗ ਦੇ ਲੋਕਾਂ ਨੂੰ ਵੱਧ ਤੋਂ ਵੱਧ ਸਾਹਿਤ ਪੜ੍ਹਨ ਅਤੇ ਪੰਜਾਬੀ ਭਾਸ਼ਾ ਤੇ ਸਾਹਿਤ ਨਾਲ ਜੁੜਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਬਾਬਾ ਫ਼ਰੀਦ ਸਾਹਿਤ ਮੇਲਾ ਪੰਜਾਬੀ ਸਾਹਿਤ ਤੇ ਪੁਸਤਕ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਸਾਬਿਤ ਹੋ ਰਿਹਾ ਹੈ।ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਸਾਹਿਤ ਪੜ੍ਹਨ ਸਬੰਧੀ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਕਿਤਾਬਾਂ ਗਿਆਨ ਹਾਸਲ ਕਰਨ ਦੇ ਨਾਲ-ਨਾਲ ਮਨੁੱਖ ਦੀ ਸੋਚ ਤੇ ਸ਼ਖ਼ਸੀਅਤ ਦੇ ਵਿਕਾਸ ਵਿੱਚ ਵੀ ਅਹਿਮ ਯੋਗਦਾਨ ਪਾਉਂਦੀਆਂ ਹਨ।ਜ਼ਿਲ੍ਹਾ ਭਾਸ਼ਾ ਅਫ਼ਸਰ ਸ੍ਰੀ ਮਨਜੀਤ ਪੁਰੀ ਨੇ ਬਾਬਾ ਫ਼ਰੀਦ ਸਾਹਿਤ ਮੇਲੇ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਮੇਲਾ ਮਾਲਵੇ ਦੇ ਪ੍ਰਮੁੱਖ ਪੁਸਤਕ ਮੇਲਿਆਂ ਵਿੱਚੋਂ ਇੱਕ ਹੈ, ਜਿਸ ਦੌਰਾਨ ਹਰ ਸਾਲ ਸੈਂਕੜੇ ਨਵੀਆਂ ਕਿਤਾਬਾਂ ਰਿਲੀਜ਼ ਕੀਤੀਆਂ ਜਾਂਦੀਆਂ ਹਨ।ਉਨ੍ਹਾਂ ਦੱਸਿਆ ਕਿ ਇਸ ਵਾਰ ਮੇਲੇ ਵਿੱਚ ਕਰੀਬ 75 ਪ੍ਰਕਾਸ਼ਕਾਂ ਵੱਲੋਂ ਸ਼ਮੂਲੀਅਤ ਕੀਤੀ ਗਈ ਹੈ।

ਇਸ ਮੌਕੇ ਸਟੇਜ ਸੰਚਾਲਨ ਦੀ ਭੂਮਿਕਾ ਜਸਬੀਰ ਜੱਸੀ ਵੱਲੋਂ ਨਿਭਾਈ ਗਈ।ਸਮਾਗਮ ਵਿੱਚ ਅਜੀਤਪਾਲ ਜਟਾਣਾ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਗਾ, ਜਗਦੀਪ ਸੰਧੂ ਜ਼ਿਲ੍ਹਾ ਭਾਸ਼ਾ ਅਫ਼ਸਰ ਫ਼ਿਰੋਜ਼ਪੁਰ, ਕੰਵਰਜੀਤ ਸਿੰਘ ਸਿੱਧੂ ਖੋਜ ਅਫ਼ਸਰ, ਗੁਰਮੀਤ ਕੜਿਆਲਵੀ, ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਫ਼ਰੀਦਕੋਟ ਤੋਂ ਇਲਾਵਾ ਸਾਹਿਤ ਪ੍ਰੇਮੀ ਹਾਜ਼ਰ ਸਨ।

## ਚੰਬਾ 'ਚ ਦੇਸ਼ ਭਰ ਤੋਂ ਇਕੱਠੇ ਹੋਣਗੇ ਇਲੈਕਟ੍ਰੋਹੋਮਿਓਪੈਥਿਕ ਡਾਕਟਰ

**ਕੱਲ੍ਹ ਤੋਂ ਸ਼ੁਰੂ ਹੋਵੇਗਾ ਪੰਜ ਰੋਜ਼ਾ ਸਿਖਲਾਈ ਪ੍ਰੋਗਰਾਮ : ਡਾ. ਸੇਖੋਂ**



**ਮੋਗਾ (ਇਕਬਾਲ ਸਿੰਘ ਖਹਿਰਾ)**

ਵਿਸ਼ਵ ਪੱਧਰ 'ਤੇ ਪ੍ਰਚਲਿਤ ਹਰਬਲ ਅਧਾਰਤ ਇਲਾਜ ਪ੍ਰਣਾਲੀ ਇਲੈਕਟ੍ਰੋਹੋਮਿਓਪੈਥੀ ਸਬੰਧੀ ਹਿਮਾਚਲ ਪ੍ਰਦੇਸ਼ ਦੇ ਸ਼ਹਿਰ ਚੰਬਾ ਵਿਖੇ 22 ਤੋਂ 27 ਸਤੰਬਰ ਤੱਕ ਪੰਜ ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ।ਇਸ ਪ੍ਰੋਗਰਾਮ ਵਿੱਚ ਦੇਸ਼ ਭਰ ਤੋਂ ਲਗਭਗ 150 ਤੋਂ ਵੀ ਵਧੇਰੇ ਇਲੈਕਟ੍ਰੋਹੋਮਿਓਪੈਥਿਕ ਡਾਕਟਰ ਸ਼ਮੂਲੀਅਤ ਕਰਨਗੇ।ਇਸ ਦੌਰਾਨ ਡਾਕਟਰਾਂ ਨੂੰ ਇਸ ਚਿਕਿਤਸਾ ਪ੍ਰਣਾਲੀ ਦੀਆਂ ਵਿਸ਼ੇਸ਼ਤਾਵਾਂ, ਬਾਰੀਕੀਆਂ ਤੇ ਵਿਹਾਰਕ ਪੱਖਾਂ ਸਬੰਧੀ ਸਿਖਲਾਈ ਦਿੱਤੀ ਜਾਵੇਗੀ।ਪੰਜਾਬ ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਐਸੋਸੀਏਸ਼ਨ (ਈ.ਡੀ.ਐੱਮ.ਏ.) ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਨੇ ਦੱਸਿਆ ਕਿ ਪੰਜਾਬ ਵਿੱਚ ਪਿਛਲੇ ਤਿੰਨ ਦਹਾਕਿਆਂ ਤੋਂ ਇਲੈਕਟ੍ਰੋਹੋਮਿਓਪੈਥੀ ਦੇ ਖੇਤਰ ਵਿੱਚ ਲਗਾਤਾਰ ਵਿਕਾਸ ਤੇ ਖੋਜ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਰਬਿਸਨ ਇੰਡੀਆ ਇਲੈਕਟ੍ਰੋਹੋਮਿਓ ਫਾਰਮਾ ਰਾਹੀਂ ਭਾਰਤ ਵਿੱਚ ਲੋਕਾਂ ਤੱਕ ਗੁਣਵੱਤਾ ਵਾਲੀਆਂ ਦਵਾਈਆਂ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ।ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਕਾਰਜਸ਼ੀਲ ਸਿਹਤ ਕੇਂਦਰਾਂ ਰਾਹੀਂ ਇਸ ਚਿਕਿਤਸਾ ਪ੍ਰਣਾਲੀ ਨਾਲ ਸਬੰਧਤ ਸੇਵਾਵਾਂ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਡਾ. ਸੇਖੋਂ ਨੇ ਕਿਹਾ ਕਿ ਇਲੈਕਟ੍ਰੋਹੋਮਿਓਪੈਥੀ ਸਬੰਧੀ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਦਿਲਚਸਪੀ ਲਗਾਤਾਰ ਵੱਧ ਰਹੀ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਭਾਰਤ ਸਰਕਾਰ ਦੇ ਸਿਹਤ ਮੰਤਰਾਲੇ ਵੱਲੋਂ ਗਠਿਤ ਮਾਹਿਰ ਕਮੇਟੀ ਵੱਲੋਂ ਦੇਸ਼ ਭਰ ਵਿੱਚ ਦੌਰੇ ਕਰਕੇ ਇਸ ਪ੍ਰਣਾਲੀ ਸਬੰਧੀ ਜਾਂਚ ਤੇ ਅਧਿਐਨ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਤੇ ਰਬਿਸਨ ਫਾਊਂਡੇਸ਼ਨ ਦੇ ਸਾਂਝੇ ਤੱਤਵਾਧਾਨ ਹੇਠ ਹੋਣ ਵਾਲੇ ਇਸ ਸਿਖਲਾਈ ਪ੍ਰੋਗਰਾਮ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।

# ਅਧਿਆਪਕਾਂ ਤੋਂ ਗੈਰ-ਵਿੱਦਿਅਕ ਕੰਮ ਲੈਣਾ ਅਤਿਅੰਤ ਮੰਦਭਾਗਾ : ਐਡਵੋਕੇਟ ਵਿਜੇ ਧੀਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਧਿਆਪਕ ਜਥੇਬੰਦੀਆਂ ਨੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਤੋਂ ਲਏ ਜਾਣ ਵਾਲੇ ਗੈਰ-ਵਿੱਦਿਆ ਕੰਮਾਂ ਦਾ ਪੂਰਨ ਤੌਰ 'ਤੇ ਬਾਈਕਾਟ ਕੀਤਾ ਹੈ। ਅਧਿਆਪਕ ਜਥੇਬੰਦੀਆਂ ਦੇ ਇਸ ਬਾਈਕਾਟ ਨੂੰ ਜਾਇਜ਼ ਮੰਨਦਿਆਂ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੀਆਂ ਜਥੇਬੰਦੀਆਂਵ ਨੇ ਸਮਰਥਨ ਕੀਤਾ ਹੈ।ਇਸ ਮੌਕੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਸੇਵਾ, ਸ਼ਰਤਾਂ ਮੁਤਾਬਕ ਅਧਿਆਪਕਾਂ ਦਾ ਮੁੱਖ ਕੰਮ ਕੇਵਲ ਤੇ ਕੇਵਲ ਵਿਦਿਆਰਥੀਆਂ ਨੂੰ ਪੜ੍ਹਾਉਣਾ ਹੈ।ਧੀਰ ਨੇ ਕਿਹਾ ਕਿ ਗੈਰ-ਵਿੱਦਿਅਕ ਕਾਰਜ ਵਿੱਚ ਲੱਗੇ ਹੋਣ ਕਾਰਨ ਵਿਦਿਆਰਥੀਆਂ ਨੂੰ ਪੜ੍ਹਨ ਤੇ ਅਧਿਆਪਕਾਂ ਨੂੰ ਪੜ੍ਹਾਉਣ ਦਾ ਸਮਾਂ ਹੀ ਨਹੀਂ ਮਿਲਦਾ, ਜਿਸ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਹੁੰਦੀ ਹੈ ਅਤੇ ਇਮਤਿਹਾਨਾਂ ਵਿੱਚ ਮਾੜੇ ਨਤੀਜਿਆਂ ਦਾ ਠੀਕਰਾ ਸਰਕਾਰ ਅਧਿਆਪਕਾਂ ਦੇ ਸਿਰ ਫੋੜ ਦਿੰਦੀ ਹੈ।ਧੀਰ ਨੇ ਕਿਹਾ ਕਿ ਅਜਿਹੇ ਹਾਲਾਤਾਂ ਵਿੱਚ ਸਿੱਖਿਆ ਦਾ ਮਿਆਰ ਕਿਵੇਂ ਉੱਚਾ ਚੁੱਕਿਆ ਜਾ ਸਕਦਾ ਹੈ।ਇਸ ਸਮੱਸਿਆ ਦਾ ਸਥਾਈ ਸਮਾਧਾਨ ਕਰਨ ਬਾਬਤ ਆਪਣਾ ਸੁਝਾਓ ਦਿੰਦਿਆਂ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਗੈਰ-ਵਿੱਦਿਅਕ ਕੰਮ ਲਗਾਤਾਰ ਚਲਦੇ ਰਹਿੰਦੇ ਹਨ, ਇਸ ਲਈ ਸਰਕਾਰ ਗੈਰ-ਵਿੱਦਿਆ ਕੰਮਾਂ ਲਈ ਇੱਕ ਅਲੱਗ ਤੋਂ ਮਹਿਕਮਾ ਪੰਜਵਾਂ ਟਾਇਰ ਜਾਂ ਕਿਸੇ ਹੋਰ ਨਾਮ ਹੇਠ ਨਵੇਂ ਮਹਿਕਮੇ ਦੀ ਸਿਰਜਣਾ ਕਰੇ।

ਇਸ ਮੌਕੇ ਪੱਲੇਦਾਰਾਂ ਦੇ ਸੂਬਾ ਆਗੂ ਸਾਬਕਾ ਮੈਂਬਰ ਪਾਰਲੀਮੈਂਟ ਕੇਵਲ ਸਿੰਘ ਲੰਡੇ ਕੇ ਤੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਨੇ ਕਿਹਾ ਕਿ ਗੈਰ-ਵਿੱਦਿਅਕ ਕੰਮ ਕਰਵਾਉਣ ਕਾਰਨ ਅਧਿਆਪਕਾਂ ਦਾ ਕੀਮਤੀ ਸਮਾਂ ਕਲਾਸ ਰੂਮ ਤੋਂ ਬਾਹਰ ਲੰਘ ਰਿਹਾ ਹੈ, ਜਿਸ ਕਾਰਨ ਅਧਿਆਪਕ ਵਿਦਿਆਰਥੀਆਂ ਦੀ ਪੜ੍ਹਾਈ ਤੇ ਵਿੱਦਿਅਕ ਗਤੀਵਿਧੀਆਂ ਨੂੰ ਸਮਾਂ ਨਹੀਂ ਦੇ ਸਕਦੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਪੱਲੇਦਾਰਾਂ ਦੇ ਸੂਬਾ ਆਗੂ ਕੇਵਲ ਸਿੰਘ ਸਾਬਕਾ ਮੈਂਬਰ ਪਾਰਲੀਮੈਂਟ, ਈ ਰਿਕਸ਼ਾ ਮਜ਼ਦੂਰ ਸੰਘ ਤੋਂ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਮੇ ਵਾਲਾ, ਜਸਵਿੰਦਰ ਸਿੰਘ ਡੱਡ, ਜਨਰਲ ਸਕੱਤਰ ਮੇਜਰ ਸਿੰਘ ਲੰਡੇ ਕੇ, ਰਜਿੰਦਰ ਕਾਲਾ, ਗੁਰਚਰਨ ਸਿੰਘ, ਸੁਖਦੇਵ ਸਿੰਘ, ਜਸਵੰਤ ਸਿੰਘ ਜੱਸਾ, ਰਿੰਪੀ, ਮਦਨ ਲਾਲ, ਰਕੇਸ਼ ਕੁਮਾਰ, ਕਮਲਜੀਤ ਸਿੰਘ ਰੌਲੀ, ਬੱਬੂ, ਗੁਰਚਰਨ ਸਿੰਘ ਬਹੋਨਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਸੰਘਰਸ਼ ਤੇਜ਼ ਕਰਨ ਦਾ ਐਲਾਨ

**23 ਤੋਂ ਵਿੱਤ ਮੰਤਰੀ ਦੀ ਰਿਹਾਇਸ਼ ਅੱਗੇ ਦਿੱਤਾ ਜਾਵੇਗਾ ਅਣਮਿੱਥੇ ਸਮੇਂ ਦਾ ਧਰਨਾ**



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਆਪਣੀਆ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੇ ਹੱਲ ਲਈ ਸੰਘਰਸ਼ ਨੂੰ ਹੋਰ ਤੇਜ ਕਰਨ ਦਾ ਐਲਾਨ ਕੀਤਾ ਗਿਆ ਹੈ। ਜਥੇਬੰਦੀ ਦੇ ਆਗੂਆਂ ਗੁਰਇੰਦਰਪਾਲ ਸਿੰਘ, ਅਭਿਮਨਯੂ ਤ੍ਰਿਪਾਠੀ ਤੇ ਸੀ ਐੱਚ ਬੀ ਆਗੂ ਹਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਯੂਨੀਅਨ ਦੀ ਪਾਵਰਕਾਮ ਦੇ ਡਾਇਰੈਕਟਰ ਨਾਲ ਹੋਈ ਮੀਟਿੰਗ ਦੌਰਾਨ ਵੱਖ ਵੱਖ ਕੈਟਾਗਿਰੀਆਂ ਦੇ ਠੇਕਾ ਮੁਲਾਜ਼ਮਾਂ ਨੂੰ ਸਿੱਧੇ ਮਹਿਕਮੇ ਅਧੀਨ ਲੈਣ ਸਮੇਤ ਕਈ ਮੰਗਾਂ ਤੇ ਮਸਲਿਆਂ 'ਤੇ ਵਿਚਾਰ ਕੀਤਾ ਗਿਆ। ਮੀਟਿੰਗ ਦੌਰਾਨ ਐੱਨ ਸੀ ਸੀ, ਸੀ ਆਰ ਸੀ, ਪੈਸਕੋ ਤੇ ਸਟੋਰਾਂ ਵਿੱਚ ਕੰਮ ਕਰ ਰਹੇ ਠੇਕਾ ਮੁਲਾਜ਼ਮਾਂ ਨੂੰ ਸਿੱਧੇ ਪਾਵਰਕਾਮ ਅਧੀਨ ਲੈਣ ਸਬੰਧੀ ਵੀ ਵਿਚਾਰ ਚਰਚਾ ਕੀਤੀ ਗਈ। ਹਾਲਾਂਕਿ ਮੀਟਿੰਗ ਵਿੱਚ ਉਨ੍ਹਾਂ ਦੀਆਂ ਮੰਗਾਂ ਤੇ ਮਸਲਿਆਂ ਦਾ ਕੋਈ ਠੋਸ ਹੱਲ ਨਹੀਂ ਨਿਕਲਿਆ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੰਗਾਂ ਤੇ ਮਸਲਿਆਂ ਦੇ ਹੱਲ ਲਈ ਲਗਾਤਾਰ ਮੀਟਿੰਗਾਂ ਤਾਂ ਕੀਤੀਆ ਜਾ ਰਹੀਆ ਹਨ, ਪਰ ਅਜੇ ਤੱਕ ਕੋਈ ਠੋਸ ਨਤੀਜਾ ਸਾਹਮਣੇ ਨਹੀਂ ਆਇਆ। ਹੁਣ ਵਿੱਤ ਮੰਤਰੀ ਨਾਲ ਮੀਟਿੰਗ 22 ਸਤੰਬਰ 2026 ਨੂੰ ਮੁੜ ਤੈਅ ਕੀਤੀ ਗਈ ਹੈ। ਯੂਨੀਅਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ 22 ਸਤੰਬਰ ਦੀ ਮੀਟਿੰਗ ਦੌਰਾਨ ਮੰਗਾਂ ਤੇ ਮਸਲਿਆਂ ਦਾ ਹੱਲ ਨਾ ਕੀਤਾ ਗਿਆ ਤਾਂ ਐੱਨ ਸੀ ਸੀ, ਸੀ ਆਰ ਸੀ, ਪੈਸਕੋ, ਸਟੋਰ ਦੇ ਕਾਮੇ ਤੇ ਸੀ ਐੱਚ ਬੀ ਦੇ ਠੇਕਾ ਮੁਲਾਜ਼ਮ ਸਰਕਾਰ ਤੇ ਪਾਵਰਕਾਮ ਖਿਲਾਫ ਆਪਣਾ ਰੋਸ ਜ਼ਾਹਰ ਕਰਨ ਲਈ 23 ਸਤੰਬਰ 2026 ਤੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਰਿਹਾਇਸ਼ ਅੱਗੇ ਅਣਮਿੱਥੇ ਸਮੇਂ ਲਈ ਧਰਨਾ ਦੇਣ ਲਈ ਮਜਬੂਰ ਹੋਣਗੇ। ਆਗੂਆਂ ਨੇ ਮੰਗ ਕੀਤੀ ਕਿ ਠੇਕਾ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ।

## ਪੰਜਾਬ 'ਵਰਸਿਟੀ ਚੋਣਾਂ 'ਚ ਵੋਟਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਨਤੀਜੇ ਭਲਕੇ

**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਦੀਆਂ ਚੋਣਾਂ ਲਈ ਐਤਵਾਰ ਨੂੰ ਜਲਾਲਾਬਾਦ ਦੇ ਗੁਰੂ ਰਾਮਦਾਸ ਬੀ.ਐਡ. ਕਾਲਜ ਵਿਖੇ ਪੋਲਿੰਗ ਬੂਥ ਬਣਾਇਆ ਗਿਆ, ਜਿੱਥੇ ਯੋਗ ਵੋਟਰਾਂ ਵੱਲੋਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ ਗਈ। ਚੋਣਾਂ ਨੂੰ ਲੈ ਕੇ ਵੋਟਰਾਂ ਵਿੱਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿਛਲੀ ਵਾਰ ਸੈਨੇਟ ਚੋਣ ਵਿੱਚ ਜੇਤੂ ਰਹੇ ਸਿਮਰਨਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਇਸ ਵਾਰ ਸੈਨੇਟ ਦੀਆਂ ਚੋਣਾਂ ਵਿੱਚ ਕੁੱਲ 51 ਉਮੀਦਵਾਰ ਆਪਣੀ ਕਿਸਮਤ ਅਜ਼ਮਾ ਰਹੇ ਹਨ, ਜਿਨ੍ਹਾਂ ਵਿੱਚੋਂ 15 ਉਮੀਦਵਾਰਾਂ ਨੂੰ ਜੇਤੂ ਐਲਾਨਿਆ ਜਾਣਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਨਾਲ ਸਬੰਧਤ ਯੋਗ ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਵੋਟਰ ਇਨ੍ਹਾਂ ਚੋਣਾਂ ਵਿੱਚ ਆਪਣੀ ਵੋਟ ਪਾ ਰਹੇ ਹਨ। ਸਿਮਰਨਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਸੈਨੇਟ ਦੀਆਂ ਚੋਣਾਂ ਪੰਜਾਬ ਯੂਨੀਵਰਸਿਟੀ ਦੇ ਆਉਣ ਵਾਲੇ ਸਮੇਂ ਲਈ ਮਹੱਤਵਪੂਰਨ ਹਨ। ਚੁਣੇ ਜਾਣ ਵਾਲੇ 15 ਸੈਨੇਟਰ ਯੂਨੀਵਰਸਿਟੀ ਨਾਲ ਜੁੜੇ ਅਹਿਮ ਮਾਮਲਿਆਂ ਵਿੱਚ ਆਪਣੀ ਭੂਮਿਕਾ ਨਿਭਾਉਣਗੇ ਅਤੇ ਯੂਨੀਵਰਸਿਟੀ ਦੇ ਵਿਕਾਸ ਤੇ ਬਿਹਤਰੀ ਲਈ ਕੰਮ ਕਰਨਗੇ। ਉਨ੍ਹਾਂ ਦੱਸਿਆ ਕਿ ਚੋਣ ਨਤੀਜੇ 22 ਸਤੰਬਰ ਨੂੰ ਐਲਾਨੇ ਜਾਣਗੇ ਜਿਸ ਤੋਂ ਬਾਅਦ ਜੇਤੂ ਉਮੀਦਵਾਰ ਆਪਣੀਆਂ ਜ਼ਿੰਮੇਵਾਰੀਆਂ ਸੰਭਾਲਣਗੇ।

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ) :** ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਸੈਨੇਟ ਚੋਣਾਂ ਦੇ ਮੱਦੇਨਜ਼ਰ ਸਥਾਨਕ ਆਰੀਆ ਸਕੂਲ ਵਿਖੇ ਬਣਾਏ ਗਏ ਪੋਲਿੰਗ ਬੂਥ 'ਤੇ ਵੋਟਿੰਗ ਦੀ ਪ੍ਰਕਿਰਿਆ ਪੂਰੇ ਅਮਨ-ਅਮਾਨ ਅਤੇ ਉਤਸ਼ਾਹ ਨਾਲ ਨੇਪਰੇ ਚੜ੍ਹੀ।ਭਾਵੇਂ ਮੌਸਮ ਵਿੱਚ ਕਾਫੀ ਤਪਸ਼ ਅਤੇ ਗਰਮੀ ਸੀ, ਪਰ ਇਸ ਦੇ ਬਾਵਜੂਦ ਇਲਾਕੇ ਦੇ ਵੋਟਰਾਂ ਦੇ ਬੁਲੰਦ ਹੌਸਲੇ ਅੱਗੇ ਗਰਮੀ ਫਿੱਕੀ ਪੈਂਦੀ ਨਜ਼ਰ ਆਈ। ਪੰਜਾਬ ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਦੀ ਡਿਗਰੀ ਹਾਸਲ ਕਰ ਚੁੱਕੇ ਸਿੱਖਿਅਤ ਵੋਟਰਾਂ ਨੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਦਿਲਚਸਪੀ ਦਿਖਾਈ।ਰਜਿਸਟਰਡ ਗ੍ਰੈਜੂਏਟ ਹਲਕੇ ਤੋਂ ਉਮੀਦਵਾਰ ਪ੍ਰੋਫੈਸਰ ਜਗਪਾਲ ਸਿੰਘ ਦੇ ਹੱਕ ਵਿੱਚ ਧੂਰੀ ਤੋਂ ਸਾਬਕਾ ਕੌਂਸਲਰ ਐਡਵੋਕੇਟ ਮਲਕੀਅਤ ਸਿੰਘ ਮਾਨ ਦੀ ਸੁਚੱਜੀ ਅਗਵਾਈ ਹੇਠ ਵਿਸ਼ੇਸ਼ ਬੂਥ ਲਗਾਇਆ ਗਿਆ ਸੀ। ਇਸ ਮੌਕੇ ਸਾਬਕਾ ਕੌਂਸਲਰ ਅਮਰੀਕ ਸਿੰਘ, ਸਾਬਕਾ ਐਸ.ਡੀ.ਓ ਰਾਜਿੰਦਰ ਸਿੰਘ ਭੋਲਾ, ਸਾਬਕਾ ਪ੍ਰਧਾਨ ਜਗਦੀਸ਼ ਸ਼ਰਮਾ ਆਦਿ ਹਾਜ਼ਰ ਸਨ।

# ਡੀ ਸੀ ਮਾਡਲ ਸਕੂਲ 'ਚ ਮਨਾਇਆ ਗ੍ਰੈਂਡ ਪੇਰੈਂਟਸ ਡੇਅ

**ਦਾਦਾ-ਦਾਦੀ ਤੇ ਨਾਨਾ-ਨਾਨੀ ਨਾਲ ਬੱਚਿਆਂ ਨੇ ਕੀਤੀ ਮਸਤੀ**



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੱਚਿਆਂ ਲਈ ਦਾਦਾ-ਦਾਦੀ ਤੇ ਨਾਨਾ-ਨਾਨੀ ਕੇਵਲ ਪਰਿਵਾਰ ਦਾ ਹਿੱਸਾ ਨਹੀਂ, ਸਗੋਂ ਪਿਆਰ, ਸੰਸਕਾਰ ਤੇ ਤਜਰਬੇ ਦੀ ਅਜਿਹੀ ਵਿਰਾਸਤ ਹਨ, ਜੋ ਪੀੜ੍ਹੀਆਂ ਨੂੰ ਆਪਸ ਵਿੱਚ ਜੋੜਦੀ ਹੈ। ਇਸੇ ਖ਼ੂਬਸੂਰਤ ਰਿਸ਼ਤੇ ਨੂੰ ਸਮਰਪਤ ਕਰਦੇ ਹੋਏ ਡੀ ਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿੱਚ ਗ੍ਰੈਂਡਪੇਰੈਂਟਸ ਡੇਅ ਉਤਸ਼ਾਹ ਤੇ ਭਾਵੁਕ ਮਾਹੌਲ ਵਿੱਚ ਮਨਾਇਆ ਗਿਆ। ਪ੍ਰੋਗਰਾਮ ਵਿਚ ਬੱਚਿਆਂ ਤੇ ਉਨ੍ਹਾਂ ਦੇ ਦਾਦਾ-ਦਾਦੀ ਤੇ ਨਾਨਾ-ਨਾਨੀ ਦੀ ਮੌਜੂਦਗੀ ਨੇ ਪੂਰੇ ਵਾਤਾਵਰਨ ਨੂੰ ਪਰਿਵਾਰਕ ਖੁਸ਼ੀਆਂ ਨਾਲ ਭਰ ਦਿੱਤਾ। ਪ੍ਰਿੰਸੀਪਲ ਯਾਚਨਾ ਚਾਵਲਾ ਨੇ ਦੱਸਿਆ ਕਿ ਸਮਾਰੋਹ ਦੌਰਾਨ ਵਿਦਿਆਰਥੀਆਂ ਨੇ ਸੰਗੀਤ, ਨਾਚ ਤੇ ਮਨੋਰੰਜਕ ਸੱਭਿਆਚਾਰਕ ਪੇਸ਼ਕਾਰੀਆਂ ਦੇ ਮਾਧਿਅਮ ਨਾਲ ਆਪਣੇ ਬਜ਼ੁਰਗਾਂ ਪ੍ਰਤੀ ਪਿਆਰ ਤੇ ਸਤਿਕਾਰ ਪ੍ਰਗਟਾਇਆ। ਬੱਚਿਆਂ ਦੀਆਂ ਪੇਸ਼ਕਾਰੀਆਂ ਨੇ ਦਰਸ਼ਕਾਂ ਦੀਆਂ ਖ਼ੂਬ ਤਾਲੀਆਂ ਬਟੋਰੀਆਂ। ਸਭ ਤੋਂ ਭਾਵੁਕ ਪਲ ਉਸ ਸਮੇਂ ਦੇਖਣ ਨੂੰ ਮਿਲੇ, ਜਦੋਂ ਦਾਦਾ-ਦਾਦੀ ਤੇ ਨਾਨਾ-ਨਾਨੀ ਨੇ ਵੀ ਆਪਣੇ ਪੋਤੇ-ਪੋਤੀਆਂ ਅਤੇ ਦੋਹਤੇ-ਦੋਹਤੀਆਂ ਨਾਲ ਵਿਸ਼ੇਸ਼ ਪੇਸ਼ਕਾਰੀਆਂ ਵਿੱਚ ਹਿੱਸਾ ਲਿਆ। ਬੱਚਿਆਂ ਦੇ ਉਤਸ਼ਾਹ ਤੇ ਉਨ੍ਹਾਂ ਦੇ ਚਿਹਰੇ 'ਤੇ ਦਾਦਾ-ਦਾਦੀ ਲਈ ਦਿਖਾਈ ਦੇ ਰਿਹਾ ਸਤਿਕਾਰ ਪ੍ਰੋਗਰਾਮ ਦੀ ਖਾਸੀਅਤ ਰਿਹਾ। ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਦੇ ਮਾਧਿਅਮ ਨਾਲ ਇਹ ਸੁਨੇਹਾ ਦਿੱਤਾ ਕਿ ਬਜ਼ੁਰਗਾਂ ਦਾ ਮੋਹ ਤੇ ਆਸ਼ੀਰਵਾਦ ਉਨ੍ਹਾਂ ਦੇ ਜੀਵਨ ਦੀ ਸਭ ਤੋਂ ਅਨਮੋਲ ਪੂੰਜੀ ਹੈ। ਪ੍ਰਿੰਸੀਪਲ ਯਾਚਨਾ ਚਾਵਲਾ ਨੇ ਸਾਰੇ ਦਾਦਾ-ਦਾਦੀ ਤੇ ਨਾਨਾ-ਨਾਨੀ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਦਾ ਪਿਆਰ, ਤਜਰਬਾ ਤੇ ਮਾਰਗਦਰਸ਼ਨ ਬੱਚਿਆਂ ਦੇ ਸ਼ਖ਼ਸੀਅਤ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗ ਪਰਵਾਰ ਦੀਆਂ ਉਨ੍ਹਾਂ ਮਜ਼ਬੂਤ ਕੜੀਆਂ ਵਾਂਗ ਹਨ, ਜੋ ਨਵੀਂ ਪੀੜ੍ਹੀ ਨੂੰ ਸੰਸਕਾਰਾਂ ਤੇ ਰਵਾਇਤਾਂ ਨਾਲ ਜੋੜਦੀਆਂ ਹਨ। ਅੰਤ ਵਿੱਚ ਬੱਚਿਆਂ ਤੇ ਉਨ੍ਹਾਂ ਦੇ ਦਾਦਾ-ਦਾਦੀ ਤੇ ਨਾਨਾ-ਨਾਨੀ ਨੇ ਇਕ-ਦੂਜੇ ਨਾਲ ਯਾਦਗਾਰੀ ਪਲ ਬਿਤਾਏ। ਸਮਾਰੋਹ ਨੇ ਸਾਰਿਆਂ ਦੇ ਚਿਹਰਿਆਂ 'ਤੇ ਮੁਸਕਾਨ ਬਿਖੇਰੀ ਤੇ ਪਰਵਾਰ ਵਿੱਚ ਬਜ਼ੁਰਗਾਂ ਦੇ ਮਹੱਤਵ ਦਾ ਭਾਵੁਕ ਸੁਨੇਹਾ ਦਿੱਤਾ।

# ਸੇਖੋਂ ਤੇ ਡੀ ਸੀ ਨੇ ਵਿਰਾਸਤੀ ਕਾਫਲੇ ਨੂੰ ਦਿਖਾਈ ਹਰੀ ਝੰਡੀ

**ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਤੇ ਰਵਾਇਤੀ ਪਹਿਰਾਵਿਆਂ ਦੀਆਂ ਵੰਨਗੀਆਂ ਨੇ ਦਰਸ਼ਕਾਂ ਨੂੰ ਕੀਤਾ ਮੋਹਿਤ**



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਮਹਾਨ ਸੂਫ਼ੀ ਸੰਤ ਬਾਬਾ ਸ਼ੇਖ ਫ਼ਰੀਦ ਜੀ ਦੀ ਯਾਦ ਵਿੱਚ ਮਨਾਏ ਜਾ ਰਹੇ ਬਾਬਾ ਸ਼ੇਖ ਫ਼ਰੀਦ ਆਗਮਨ ਪੁਰਬ ਦੇ ਸਬੰਧ ਵਿੱਚ ਅੱਜ ਵੱਖ-ਵੱਖ ਰਾਜਾਂ ਦੇ ਰਵਾਇਤੀ ਪਹਿਰਾਵਿਆਂ, ਸੱਭਿਆਚਾਰ ਤੇ ਵਿਰਾਸਤ ਦੇ ਰੰਗ ਵਿੱਚ ਰੰਗਿਆ ਵਿਰਾਸਤੀ ਕਾਫਲਾ ਕਿਲ੍ਹਾ ਮੁਬਾਰਕ ਤੋਂ ਸ਼ੁਰੂ ਹੋ ਕੇ ਦਰਬਾਰ ਗੰਜ ਵਿਖੇ ਪੁੱਜਿਆ। ਵਿਰਾਸਤੀ ਕਾਫਲੇ ਨੇ ਸ਼ਹਿਰ ਵਾਸੀਆਂ ਤੇ ਵੱਡੀ ਗਿਣਤੀ ਵਿੱਚ ਮੌਜੂਦ ਦਰਸ਼ਕਾਂ ਨੂੰ ਆਪਣੀ ਵਿਰਾਸਤ ਤੇ ਸੱਭਿਆਚਾਰ ਨਾਲ ਜੋੜਿਆ।ਇਸ ਵਿਰਾਸਤੀ ਕਾਫਲੇ ਨੂੰ ਵਿਧਾਇਕ ਫ਼ਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਤੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਕਿਲ੍ਹਾ ਮੁਬਾਰਕ ਤੋਂ ਸਾਂਝੇ ਤੌਰ 'ਤੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਮੌਕੇ ਕਾਫਲੇ ਵਿੱਚ ਜ਼ਿਲ੍ਹੇ ਦੀਆਂ ਵੱਖ-ਵੱਖ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀਆਂ ਤੋਂ ਇਲਾਵਾ ਨੌਰਥ ਜ਼ੋਨ ਕਲਚਰ ਸੈਂਟਰ ਦੇ ਕਲਾਕਾਰਾਂ ਵੱਲੋਂ ਵੀ ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਨੂੰ ਦਰਸਾਉਂਦੀਆਂ ਕਲਾਤਮਕ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਵੱਖ-ਵੱਖ ਰਵਾਇਤੀ ਪਹਿਰਾਵਿਆਂ ਵਿੱਚ ਸਜੇ ਵਿਦਿਆਰਥੀ, ਕਲਾਕਾਰ, ਸਜੇ ਹੋਏ ਘੋੜੇ ਤੇ ਊਠ ਕਾਫਲੇ ਦੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।ਕਾਫਲੇ ਦੇ ਰਸਤੇ ਵਿੱਚ ਸ਼ਹਿਰ ਵਾਸੀਆਂ ਵੱਲੋਂ ਇਸ ਦਾ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ ਤੇ ਲੋਕਾਂ ਨੇ ਵਿਰਾਸਤੀ ਕਾਫਲੇ ਦਾ ਭਰਪੂਰ ਆਨੰਦ ਮਾਣਿਆ।ਇਸ ਮੌਕੇ ਵਿਧਾਇਕ ਸ੍ਰ. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਅੱਜ ਦੀ ਪੀੜ੍ਹੀ ਨੂੰ ਆਪਣੇ ਪੁਰਾਤਨ ਵਿਰਸੇ ਤੇ ਸੱਭਿਆਚਾਰ ਨਾਲ ਜੋੜਨ ਲਈ ਹਰ ਸਾਲ ਵਿਰਾਸਤੀ ਮੇਲੇ ਦਾ ਆਯੋਜਨ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਪੰਜਾਬ ਦੇ ਅਮੀਰ ਸੱਭਿਆਚਾਰ ਤੇ ਵਿਰਾਸਤ ਬਾਰੇ ਜਾਣੂ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਬਾਬਾ ਫ਼ਰੀਦ ਜੀ ਦੀ ਪਵਿੱਤਰ ਧਰਤੀ 'ਤੇ ਮਨਾਏ ਜਾਂਦੇ ਇਸ ਮੇਲੇ ਦਾ ਮੁੱਖ ਮਕਸਦ ਲੋਕਾਂ ਨੂੰ ਆਪਸੀ ਭਾਈਚਾਰੇ, ਧਰਮ, ਸੱਭਿਆਚਾਰ ਤੇ ਵਿਰਾਸਤ ਨਾਲ ਜੋੜਨਾ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਦੱਸਿਆ ਕਿ ਬਾਬਾ ਸ਼ੇਖ ਫ਼ਰੀਦ ਆਗਮਨ ਪੁਰਬ ਦੀ ਸ਼ੁਰੂਆਤ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ ਹੈ ਤੇ ਵਿਰਾਸਤੀ ਕਾਫਲਾ ਬਾਬਾ ਫ਼ਰੀਦ ਆਗਮਨ ਪੁਰਬ ਮੇਲੇ ਦਾ ਇੱਕ ਅਹਿਮ ਹਿੱਸਾ ਹੈ, ਜਿਸ ਦਾ ਹਰ ਸਾਲ ਆਯੋਜਨ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਇਸ ਕਾਫਲੇ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚੇ ਰਵਾਇਤੀ ਪਹਿਰਾਵਿਆਂ ਵਿੱਚ ਸੱਜ ਕੇ ਅਤੇ ਘੋੜਿਆਂ ਤੇ ਊਠਾਂ ਨੂੰ ਸੁੰਦਰ ਢੰਗ ਨਾਲ ਸਜਾ ਕੇ ਕਿਲ੍ਹਾ ਮੁਬਾਰਕ ਤੋਂ ਦਰਬਾਰ ਗੰਜ ਤੱਕ ਜਾਂਦੇ ਹਨ ਅਤੇ ਲੋਕਾਂ ਨੂੰ ਆਪਣੀ ਅਮੀਰ ਵਿਰਾਸਤ ਨਾਲ ਜੋੜਦੇ ਹਨ।ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਭਾਰਤ ਦੇ ਵੱਖ-ਵੱਖ ਸੂਬਿਆਂ ਦੀ ਵਿਭਿੰਨ ਸੱਭਿਆਚਾਰਕ ਵਿਰਾਸਤ ਨੂੰ ਪ੍ਰਦਰਸ਼ਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਸਾਨੂੰ ਭਾਰਤ ਦੀ ਅਮੀਰ ਵਿਭਿੰਨਤਾ, ਵੱਖ-ਵੱਖ ਸੱਭਿਆਚਾਰਾਂ ਤੇ ਆਪਸੀ ਪਿਆਰ ਤੇ ਭਾਈਚਾਰੇ ਨੂੰ ਨੇੜਿਓਂ ਜਾਨਣ ਦਾ ਮੌਕਾ ਮਿਲਦਾ ਹੈ।ਉਨ੍ਹਾਂ ਦੱਸਿਆ ਕਿ ਬਾਬਾ ਫ਼ਰੀਦ ਆਗਮਨ ਪੁਰਬ ਮੇਲੇ ਦੌਰਾਨ ਹੋਰ ਵੀ ਵੱਖ-ਵੱਖ ਸੱਭਿਆਚਾਰਕ, ਧਾਰਮਿਕ ਤੇ ਖੇਡਾਂ ਨਾਲ ਸਬੰਧਤ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਇਨ੍ਹਾਂ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਮੇਲੇ ਦਾ ਆਨੰਦ ਮਾਣਨ ਤੇ ਆਪਣੀ ਅਮੀਰ ਵਿਰਾਸਤ ਨਾਲ ਜੁੜਨ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਬਲਜਿੰਦਰ ਸਿੰਘ ਅਹੂਜਾ, ਮਨਦੀਪ ਮੌਂਗਾ ਸੈਕਟਰੀ ਰੈੱਡ ਕਰਾਸ, ਮਨਪ੍ਰੀਤ ਸਿੰਘ ਧਾਲੀਵਾਲ, ਅਮਰਜੀਤ ਸਿੰਘ ਪਰਮਾਰ, ਜਸਬੀਰ ਸਿੰਘ ਜੱਸੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀ ਤੇ ਹੋਰ ਪਤਵੰਤੇ ਹਾਜ਼ਰ ਸਨ।

## ਨਿੰਦਰ ਘੁਗਿਆਣਵੀ ਦੀ ਜ਼ਿਲ੍ਹਾ ਚੋਣ ਅੰਬੈਸਡਰ ਵਜੋਂ ਨਿਯੁਕਤੀ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਦੇ ਮੁੱਖ ਚੋਣ ਕਮਿਸ਼ਨਰ ਵੱਲੋਂ ਫਰੀਦਕੋਟ ਦੇ ਪਿੰਡ ਘੁਗਿਆਣੇ ਦੇ ਜੰਮਪਲ ਤੇ ਨਾਮਵਰ ਸਾਹਿਤਕਾਰ ਨਿੰਦਰ ਘੁਗਿਆਣਵੀ ਨੂੰ ਜ਼ਿਲ੍ਹਾ ਚੋਣ ਅੰਬੈਸਡਰ ਨਿਯੁਕਤ ਕਰਨਾ ਪੂਰੇ ਇਲਾਕੇ ਲਈ ਬੇਹੱਦ ਮਾਣ ਵਾਲੀ ਗੱਲ ਹੈ।ਜ਼ਿਲ੍ਹਾ ਚੋਣ ਅਫ਼ਸਰ ਮੈਡਮ ਪੂਨਮ ਸਿੱਧੂ ਦੀ ਹਾਜ਼ਰੀ ਵਿੱਚ ਸਹੁੰ ਚੁੱਕ ਕੇ ਉਨ੍ਹਾਂ ਨੇ ਇਸ ਜ਼ਿੰਮੇਵਾਰੀ ਦੀ ਸ਼ੁਰੂਆਤ ਕੀਤੀ ਹੈ।ਸਾਲ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਉਨ੍ਹਾਂ ਨੇ ਇਹ ਸੇਵਾ ਨਿਭਾਈ ਸੀ।ਚੋਣਾਂ ਵੇਲੇ ਅਕਸਰ ਦੇਖਿਆ ਜਾਂਦਾ ਹੈ ਕਿ ਲੋਕ ਵੋਟ ਪਾਉਣ ਪ੍ਰਤੀ ਉਦਾਸੀਨਤਾ ਦਿਖਾਉਂਦੇ ਹਨ।ਵੋਟਿੰਗ ਪ੍ਰਤੀਸ਼ਤ ਵਧਾਉਣ ਲਈ ਇੱਕ ਅਜਿਹੇ ਚਿਹਰੇ ਦੀ ਲੋੜ ਸੀ, ਜਿਸ ਦੀ ਸਮਾਜ ਵਿੱਚ ਆਪਣੀ ਪਛਾਣ ਹੋਵੇ।ਨਿੰਦਰ ਘੁਗਿਆਣਵੀ ਇਲਾਕੇ ਦੀ ਪ੍ਰਸਿੱਧ ਸ਼ਖ਼ਸੀਅਤ ਹਨ।ਲੋਕ ਉਨ੍ਹਾਂ ਦੀ ਗੱਲ ਸੁਣਦੇ ਤੇ ਮੰਨਦੇ ਹਨ, ਇਸ ਲਈ ਵੋਟਰ ਜਾਗਰੂਕਤਾ ਲਈ ਉਹ ਸਭ ਤੋਂ ਢੁੱਕਵਾਂ ਨਾਂਅ ਹਨ।ਇੱਕ ਸਾਹਿਤਕਾਰ ਹੋਣ ਦੇ ਨਾਤੇ ਉਹ ਆਪਣੀ ਕਲਾ ਤੇ ਸ਼ਬਦਾਂ ਜ਼ਰੀਏ ਲੋਕਾਂ ਨੂੰ ਵੋਟ ਦੇ ਅਧਿਕਾਰ ਤੇ ਇਸ ਦੀ ਤਾਕਤ ਬਾਰੇ ਸਹਿਜ ਤਰੀਕੇ ਨਾਲ ਸਮਝਾ ਸਕਦੇ ਹਨ।ਪਹਿਲੀ ਵਾਰ ਵੋਟ ਬਣਾਉਣ ਤੇ ਪਾਉਣ ਵਾਲੇ ਨੌਜਵਾਨ ਉਨ੍ਹਾਂ ਤੋਂ ਪ੍ਰੇਰਿਤ ਹੋ ਕੇ ਚੋਣ ਪ੍ਰਕਿਰਿਆ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਗੇ।ਉਹ ਵੋਟਰਾਂ ਨੂੰ ਬਿਨਾਂ ਕਿਸੇ ਲਾਲਚ, ਡਰ ਜਾਂ ਪੱਖਪਾਤ ਦੇ ਸਹੀ ਉਮੀਦਵਾਰ ਚੁਣਨ ਲਈ ਪ੍ਰੇਰਿਤ ਕਰਨਗੇ, ਜਿਸ ਨਾਲ ਲੋਕਤੰਤਰ ਮਜ਼ਬੂਤ ਹੋਵੇਗਾ।ਨਿੰਦਰ ਘੁਗਿਆਣਵੀ ਦੀ ਸਰਗਰਮੀ ਨਾਲ ਚੋਣ ਕਮਿਸ਼ਨ ਦੀਆਂ ਨੀਤੀਆਂ ਤੇ ਜਾਣਕਾਰੀ ਆਮ ਲੋਕਾਂ ਤੱਕ ਆਸਾਨੀ ਨਾਲ ਪਹੁੰਚੇਗੀ।

# ਮਾਨ ਸਰਕਾਰ ਵਿਕਾਸ ਦੀ ਥਾਂ ਨੀਂਹ ਪੱਥਰ ਰੱਖਣ ਨੂੰ ਦੇ ਰਹੀ ਤਰਜੀਹ : ਹਰਦਿਆਲ ਕੰਬੋਜ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਅਤੇ ਸਾਬਕਾ ਵਿਧਾਇਕ ਤੇ ਕਾਂਗਰਸ ਮੈਨੀਫੈਸਟੋ ਦੇ ਕੋ-ਚੇਅਰਮੈਨ ਹਰਦਿਆਲ ਸਿੰਘ ਕੰਬੋਜ ਨੇ ਆਮ ਆਦਮੀ ਪਾਰਟੀ 'ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਅੱਜ ਪੰਜਾਬ ਰਾਜ ਅੰਦਰ ਸਿਰਫ ਭ੍ਰਿਸ਼ਟਾਚਾਰ, ਨਸ਼ਿਆਂ ਤੇ ਕ੍ਰਾਈਮ ਨੂੰ ਬੜ੍ਹਾਵਾ ਮਿਲਿਆ ਹੈ, ਜਦੋਂ ਕਿ ਲੋਕਾਂ ਲਈ ਵਿਕਾਸ ਨਾਂ ਦਾ ਕੋਈ ਵੀ ਕੰਮ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਪੰਜਾਬ ਅੰਦਰ ਲੋਕਾਂ ਨੂੰ ਝੂਠੇ ਸਬਜ਼ਬਾਗ ਦਿਖਾ ਰਹੀ ਹੈ, ਜਦੋਂ ਕਿ ਅਸਲੀਅਤ ਕੁੱਝ ਹੋਰ ਹੈ।ਉਨ੍ਹਾਂ ਕਿਹਾ ਕਿ ਸਰਕਾਰ ਸੂਬੇ ਦਾ ਸਰਵ-ਪੱਖੀ ਵਿਕਾਸ ਕਰਨ ਦੀ ਥਾਂ ਸਿਰਫ਼ ਨੀਂਹ ਪੱਥਰ ਰੱਖਣ ਦੀ ਕੋਝੀ ਰਾਜਨੀਤੀ ਕਰਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਅੱਜ ਸਾਰੀਆਂ ਪੇਂਡੂ ਤੇ ਸ਼ਹਿਰੀ ਸੜਕਾਂ ਟੁੱਟੀਆਂ ਪਈਆਂ ਹਨ, ਜਿਸ ਕਾਰਨ ਲੋਕਾਂ ਦਾ ਇਸ ਸਰਕਾਰ ਤੋਂ ਮੋਹ ਭੰਗ ਹੋ ਗਿਆ ਹੈ।ਹਰਦਿਆਲ ਕੰਬੋਜ ਨੇ ਕਿਹਾ ਕਿ ਜਿਸ ਤਰ੍ਹਾਂ ਪਿੰਡਾਂ ਤੇ ਸ਼ਹਿਰਾਂ ਵਿੱਚ ਕਾਂਗਰਸ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ, ਉਸ ਤੋਂ ਜ਼ਾਹਰ ਹੈ ਕਿ 2027 ਦੀਆਂ ਚੋਣਾਂ ਵਿੱਚ ਕਾਂਗਰਸ ਸ਼ਾਨਦਾਰ ਜਿੱਤ ਹਾਸਲ ਕਰਕੇ ਆਪਣੀ ਸਰਕਾਰ ਬਣਾਏਗੀ।ਇਸ ਮੌਕੇ ਸਾਬਕਾ ਵਿਧਾਇਕ ਕੰਬੋਜ ਨੇ ਕਿਹਾ ਕਿ ਅੱਜ ਵੀ ਲੋਕ ਕਾਂਗਰਸ ਸਰਕਾਰ ਹੋਰ ਵੱਲੋਂ ਕਰਵਾਏ ਵਿਕਾਸ ਕਾਰਜਾਂ ਨੂੰ ਯਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ 'ਆਪ' ਦੇ ਨੁਮਾਇੰਦਿਆਂ ਦੀ ਅਗਵਾਈ ਹੇਠ ਲੋਕਾਂ ਦੀ ਵੱਡੀ ਲੁੱਟ ਹੋ ਰਹੀ ਹੈ, ਜਿਸ ਕਾਰਨ ਆਮ ਲੋਕਾਂ 'ਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਉਣ ਵਾਲੀਆਂ ਚੋਣਾਂ 'ਚ ਆਮ ਆਦਮੀ ਪਾਰਟੀ ਨੂੰ ਇਸ ਦਾ ਸਬਕ ਸਿਖਾਉਣਗੇ ਤੇ ਪੰਜਾਬ ਵਿੱਚੋਂ 'ਆਪ' ਦਾ ਸਫਾਇਆ ਕਰਨਗੇ।ਹੁਣ ਉਹ ਦਿਨ ਦੂਰ ਨਹੀਂ, ਜਦੋਂ ਕਾਂਗਰਸ ਪੰਜਾਬ ਅੰਦਰ ਆਪਣੀ ਸਰਕਾਰ ਬਣਾਵੇਗੀ ਤੇ ਲੋਕਾਂ ਲਈ ਡੱਟ ਕੇ ਕੰਮ ਕਰੇਗੀ।

## ਲੁੱਟ-ਖੋਹ ਤੇ ਜਾਨਲੇਵਾ ਹਮਲੇ ਦੇ ਮਾਮਲੇ 'ਚ ਚਾਰ ਗ੍ਰਿਫ਼ਤਾਰ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਥਾਣਾ ਸਿਟੀ ਸੁਨਾਮ ਪੁਲਸ ਨੇ ਲੁੱਟ-ਖੋਹ ਤੇ ਜਾਨਲੇਵਾ ਹਮਲੇ ਦੇ ਮਾਮਲੇ ਵਿੱਚ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਦਕਿ ਮਾਮਲੇ ਵਿੱਚ ਨਾਮਜ਼ਦ ਹੋਰ ਅਣਪਛਾਤੇ ਵਿਅਕਤੀਆਂ ਦੀ ਭਾਲ ਜਾਰੀ ਹੈ।ਪੁਲਸ ਵੱਲੋਂ ਜਾਰੀ ਪ੍ਰੈੱਸ ਨੋਟ ਅਨੁਸਾਰ 16 ਸਤੰਬਰ ਨੂੰ ਜਸਵੀਰ ਸਿੰਘ ਵਾਸੀ ਸੁਨਾਮ ਆਪਣੇ ਘਰ ਜਾ ਰਿਹਾ ਸੀ।ਕਰੀਬ ਸਾਢੇ 3 ਵਜੇ ਕੁਝ ਵਿਅਕਤੀਆਂ ਨੇ ਹਥਿਆਰਾਂ ਸਮੇਤ ਮੋਟਰਸਾਈਕਲਾਂ 'ਤੇ ਉਸ ਨੂੰ ਘੇਰ ਲਿਆ।ਮੁਲਜ਼ਮਾਂ ਵੱਲੋਂ ਉਸ ਦੀ ਕਮੀਜ਼ ਦੀ ਜੇਬ ਵਿੱਚੋਂ 2500 ਰੁਪਏ ਕਥਿਤ ਤੌਰ 'ਤੇ ਖੋਹ ਲਏ ਗਏ।ਜਦੋਂ ਉਹ ਉਸ ਦਾ ਮੋਬਾਈਲ ਫੋਨ ਖੋਹਣ ਲੱਗੇ ਤਾਂ ਜਸਵੀਰ ਸਿੰਘ ਵੱਲੋਂ ਰੋਕਣ 'ਤੇ ਉਸ ਦੀ ਕੁੱਟਮਾਰ ਕਰਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ ਗਿਆ।ਜ਼ਖ਼ਮੀ ਨੂੰ ਇਲਾਜ ਲਈ ਸਿਵਲ ਹਸਪਤਾਲ ਸੁਨਾਮ ਦਾਖਲ ਕਰਵਾਇਆ ਗਿਆ।ਪੁਲਸ ਮੁਤਾਬਕ ਜਸਵੀਰ ਸਿੰਘ ਦੇ ਬਿਆਨਾਂ 'ਤੇ ਥਾਣਾ ਸਿਟੀ ਸੁਨਾਮ ਵਿਖੇ ਮੁਕੱਦਮਾ ਦਰਜ ਕੀਤਾ ਗਿਆ।ਪੁਲਸ ਨੇ ਹਰਪਾਲ ਸਿੰਘ ਪੁੱਤਰ ਗੁਰਪ੍ਰੀਤ ਸਿੰਘ, ਮਨੀ ਪੁੱਤਰ ਇੰਦਰਜੀਤ ਸਿੰਘ, ਜਗਤਾਰ ਸਿੰਘ ਉਰਫ਼ ਹੈਰੀ ਪੁੱਤਰ ਸ਼ਮਸ਼ੇਰ ਸਿੰਘ ਤੇ ਜਗਤਾਰ ਸਿੰਘ ਪੁੱਤਰ ਜਨਕ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਇਲਾਕਾ ਮੈਜਿਸਟ੍ਰੇਟ ਸੁਨਾਮ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਪੁਲਸ ਰਿਮਾਂਡ ਦਿੱਤਾ ਗਿਆ।ਪੁਲਸ ਦਾ ਕਹਿਣਾ ਹੈ ਕਿ ਬਾਕੀ ਅਣਪਛਾਤੇ ਮੁਲਜ਼ਮਾਂ ਦੀ ਭਾਲ ਕੀਤੀ ਜਾ ਰਹੀ ਹੈ।

# ਐੱਲ ਈ ਡੀ ਵੈਨ ਨੇ ਪਿੰਡਾਂ 'ਚ ਪਹੁੰਚਾਇਆ ਗੁਰੂ ਰਵਿਦਾਸ ਜੀ ਦਾ ਸੰਦੇਸ਼



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਐੱਲ ਈ ਡੀ ਵੈਨ ਵੱਲੋਂ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਕਾਨਿਆਂਵਾਲੀ ਤੇ ਭੰਗੇਵਾਲਾ ਵਿਖੇ ਪਹੁੰਚ ਕੇ ਪਿੰਡ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਜਾਣੂੰ ਕਰਵਾਇਆ ਗਿਆ।ਡਾਕੂਮੈਂਟਰੀ ਵੈਨਾਂ ਰਾਹੀਂ ਕਰੀਬ 30 ਮਿੰਟ ਦੀ ਸ੍ਰੀ ਗੁਰੂ ਰਵਿਦਾਸ ਜੀ ਦੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਜੀਵਨ, ਫਲਸਫੇ ਤੇ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਪਿੰਡ ਵਾਸੀਆਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਤੇ ਸਮਾਜ ਵਿੱਚ ਇੱਕ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਤੋਂ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ 'ਚ ਭਾਈਚਾਰਾ ਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।

# ਚੋਰੀ ਦੇ ਮੋਟਰਸਾਈਕਲ ਸਮੇਤ ਦੋ ਸਕੇ ਭਰਾ ਪੁਲਸ ਅੜਿੱਕੇ




**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਰੇਲਵੇ ਪੁਲਸ ਚੌਕੀ ਧੂਰੀ ਨੇ ਮੁਸਤੈਦੀ ਵਿਖਾਉਂਦਿਆਂ ਚੋਰੀ ਦੇ ਮੋਟਰਸਾਈਕਲ ਸਮੇਤ ਦੋ ਸਕੇ ਭਰਾਵਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਜੀ.ਆਰ.ਪੀ. ਥਾਣਾ ਮੁਖੀ ਥਾਣੇਦਾਰ ਪਾਖਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਏ.ਐੱਸ.ਆਈ. ਗਗਨਦੀਪ ਜੋਸ਼ੀ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਰੇਲਵੇ ਸਟੇਸ਼ਨ ਧੂਰੀ ਵਿਖੇ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਜਾ ਰਹੀ ਸੀ। ਇਸ ਦੌਰਾਨ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਹਰਜੀਵਨ ਦੇ ਰਹਿਣ ਵਾਲੇ ਦੋ ਸਕੇ ਭਰਾਵਾਂ ਪ੍ਰਿੰਸ ਤੇ ਰਾਕੇਸ਼ ਕੁਮਾਰ ਨੂੰ ਕਾਬੂ ਕੀਤਾ।ਪੁੱਛਗਿੱਛ ਤੇ ਬਾਰੀਕੀ ਨਾਲ ਕੀਤੀ ਚੈਕਿੰਗ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ ਚੋਰੀ ਕੀਤਾ ਹੋਇਆ ਕਾਲੇ ਰੰਗ ਦਾ ਹੀਰੋ ਸਪਲੈਂਡਰ ਮੋਟਰਸਾਈਕਲ ਬਰਾਮਦ ਹੋਇਆ।ਪੁਲਸ ਅਧਿਕਾਰੀਆਂ ਅਨੁਸਾਰ ਇਸ ਮਾਮਲੇ ਸਬੰਧੀ ਪਿੰਡ ਪੱਧਨੀ ਦੇ ਰਹਿਣ ਵਾਲੇ ਲਵਪ੍ਰੀਤ ਸਿੰਘ ਨੇ ਬਿਆਨ ਦਰਜ ਕਰਵਾਏ ਸਨ।ਸ਼ਿਕਾਇਤਕਰਤਾ ਅਨੁਸਾਰ 16 ਸਤੰਬਰ ਨੂੰ ਰੇਲਵੇ ਸਟੇਸ਼ਨ ਧੂਰੀ ਤੋਂ ਉਸ ਦਾ ਮੋਟਰਸਾਈਕਲ ਕੋਈ ਅਣਪਛਾਤਾ ਵਿਅਕਤੀ ਚੋਰੀ ਕਰ ਕੇ ਲੈ ਗਿਆ ਸੀ।ਇਸ ਬਿਆਨ ਦੇ ਆਧਾਰ 'ਤੇ ਥਾਣਾ ਜੀ.ਆਰ.ਪੀ. ਸੰਗਰੂਰ ਵਿਖੇ 18 ਸਤੰਬਰ ਨੂੰ ਮੁਕੱਦਮਾ ਦਰਜ ਕਰ ਕੇ ਤਫ਼ਤੀਸ਼ ਸ਼ੁਰੂ ਕੀਤੀ ਗਈ ਸੀ।ਤਫ਼ਤੀਸ਼ ਦੌਰਾਨ ਬਰਾਮਦਗੀ ਹੋਣ ਤੋਂ ਬਾਅਦ ਪੁਲਸ ਨੇ ਦੋਵਾਂ ਮੁਲਜ਼ਮਾਂ ਵਿਰੁੱਧ ਅਗਲੀ ਕਾਨੂੰਨੀ ਕਾਰਵਾਈ ਆਰੰਭ ਦਿੱਤੀ ਹੈ।

# ਆਪ ਦੇ ਬੂਥ ਮੈਂਬਰ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਘਰ-ਘਰ ਪਹੁੰਚਾਉਣਗੇ : ਦੀਪਕ ਸੂਦ



**ਰਾਜਪੁਰਾ (ਰਮੇਸ਼ ਕਟਾਰੀਆ)**-ਆਪ ਦੇ 2.68 ਲੱਖ ਤੋਂ ਵੱਧ ਬੂਥ ਕਮੇਟੀਆਂ ਦੇ ਮੈਂਬਰ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ ਦਿੱਤੀਆਂ ਗਈਆਂ ਸਹੂਲਤਾਂ ਅਤੇ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਘਰ ਘਰ ਪਹੁੰਚਾਉਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ ਵੱਲੋਂ ਮਾਨ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਘਰ ਘਰ ਪਹੁੰਚਾਉਣ ਦੀ ਸ਼ੁਰੂ ਕੀਤੀ ਜਾ ਰਹੀ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਕੀਤਾ।ਚੇਅਰਮੈਨ ਸ੍ਰੀ ਸੂਦ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, 10 ਲੱਖ ਦਾ ਮੁਫ਼ਤ ਸਿਹਤ ਬੀਮਾ ਦਿੱਤਾ ਜਾ ਰਿਹਾ ਹੈ, ਔਰਤਾਂ ਨੂੰ ਹਜ਼ਾਰ ਅਤੇ 1500 ਰੁਪਏ ਹਰ ਮਹੀਨੇ ਦਿੱਤੇ ਜਾ ਰਹੇ ਹਨ, ਬੱਚਿਆਂ ਨੂੰ ਨਿੱਜੀ ਸਕੂਲਾਂ ਵਰਗੀਆਂ ਸਹੂਲਤਾਂ ਦੇ ਕੇ ਮੁਫ਼ਤ ਪੜ੍ਹਾਈ ਕਰਵਾਈ ਜਾ ਰਹੀ ਹੈ, ਨਸ਼ਾ ਤਸਕਰੀ ਰੋਕਣ ਲਈ ਸਰਹੱਦ ਉੱਪਰ ਡਰੋਨ ਸਿਸਟਮ ਦੀ ਸ਼ੁਰੂਆਤ ਕੀਤੀ ਗਈ ਹੈ, ਸੜਕ ਹਾਦਸੇ ਰੋਕਣ ਲਈ ਸੜਕ ਸੁਰੱਖਿਆ ਫੋਰਸ ਤਾਇਨਾਤ ਕੀਤੀ ਗਈ ਹੈ, ਹਜ਼ਾਰਾਂ ਲੋਕਾਂ ਨੂੰ ਘਰ ਬੈਠੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

# ਸਨੌਰ 'ਚ ਭਾਜਪਾ ਦੀ ਫਤਿਹ ਰੈਲੀ ਇਤਿਹਾਸ ਰਚੇਗੀ : ਪੂਨੀਆ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਬੀ ਜੇ ਪੀ ਹਲਕਾ ਸਨੌਰ ਦੇ ਇੰਚਾਰਜ ਸਤਪਾਲ ਸਿੰਘ ਪੂਨੀਆ ਨੇ ਕਿਹਾ ਹੈ ਕਿ ਪਾਰਟੀ ਵੱਲੋਂ 27 ਸਤੰਬਰ ਨੂੰ ਸਨੌਰ ਹਲਕੇ ਦੀ ਤਹਿਸੀਲ ਦੁੱਧਨ ਸਾਧਾਂ ਵਿਖੇ ਹੋਣ ਜਾ ਰਹੀ 'ਮਿਸ਼ਨ 2027 ਫਤਿਹ ਰੈਲੀ' ਇਤਿਹਾਸ ਰਚੇਗੀ! ਉਨ੍ਹਾਂ ਕਿਹਾ ਕਿ ਹਲਕਾ ਸਨੌਰ ਰੈਲੀ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਰੈਲੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।ਉਨ੍ਹਾਂ ਦੱਸਿਆ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਭਾਜਪਾ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਭਾਜਪਾ ਪੰਜਾਬ ਦੇ ਇੰਚਾਰਜ ਸਤੀਸ਼ ਪੂਨੀਆ ਰੈਲੀ ਵਿੱਚ ਪਹੁੰਚਣਗੇ।ਇਸ ਮੌਕੇ ਸਤਿੰਦਰਪਾਲ ਸਿੰਘ, ਸਵਰਨ ਸਿੰਘ, ਅੰਗਰੇਜ਼ ਸਿੰਘ ਫੌਜੀ, ਹਰਜਿੰਦਰ ਸਿੰਘ, ਗੁਰਕੀਰਤ ਸਿੰਘ ਅਤੇ ਸਰੇਸ਼ ਪਾਲ ਸਮੇਤ ਹੋਰ ਸਾਥੀ ਮੌਜੂਦ ਸਨ।

# ਮਾਊਂਟ ਇੰਟਰਨੈਸ਼ਨਲ ਸਕੂਲ ਬਾਘਾ ਪੁਰਾਣਾ ਵਿਖੇ ਕੁਇਜ਼ ਮੁਕਾਬਲਾ



**ਬਾਘਾ ਪੁਰਾਣਾ ਸਤੰਬਰ (ਮਨੀ ਸਿੰਗਲਾ)**-ਮਾਊਂਟ ਇੰਟਰਨੈਸ਼ਨਲ ਸਕੂਲ ਬਾਘਾ ਪੁਰਾਣਾ ਵਿਦਿਆਰਥੀਆਂ ਨੂੰ ਗਿਆਨ, ਹੁਨਰ ਅਤੇ ਚੰਗੀਆਂ ਕਦਰਾਂ-ਕੀਮਤਾਂ ਨਾਲ ਜੋੜਦਿਆਂ ਸਿੱਖਿਆ ਦੇ ਖੇਤਰ ਵਿਚ ਨਵੀਆਂ ਉਚਾਈਆਂ ਛੂਹਣ ਵੱਲ ਨਿਰੰਤਰ ਅੱਗੇ ਵੱਧ ਰਿਹਾ ਹੈ।ਸਕੂਲ ਵੱਲੋਂ ਵਿਦਿਆਰਥੀਆਂ ਦੀ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਰਚਨਾਤਮਕ ਕਾਰਜਾਂ ਅਤੇ ਵੱਖ-ਵੱਖ ਗਿਆਨਵਰਧਕ ਮੁਕਾਬਲਿਆਂ ਰਾਹੀਂ ਉਨ੍ਹਾਂ ਦੇ ਸਰਵਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਸਕੂਲ ਦੇ ਡਾਇਰੈਕਟਰ ਅਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਅਜਿਹੀਆਂ ਗਤੀਵਿਧੀਆਂ ਬਹੁਤ ਜ਼ਰੂਰੀ ਹਨ।ਬੀਤੇ ਦਿਨ ਸਕੂਲ ਵਿਚ ਹੋਏ ਕੁਇਜ਼ ਮੁਕਾਬਲਿਆਂ 'ਚ ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲਿਆਂ ਵਿਚ ਮੱਲਾਂ ਮਾਰਨ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ।

# ਡੀ ਸੀ ਦਫਤਰਾਂ ਦੇ ਘਿਰਾਓ ਸੰਬੰਧੀ ਵਿਚਾਰ-ਵਟਾਂਦਰਾ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰਪਾਲ/ਪੂਜਾ)**-ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ, ਲੈਂਡ ਪੂਲਿੰਗ ਪਾਲਸੀ ਦੀ ਵਾਪਸੀ, ਜਮੀਨਾਂ ਦੇ ਮਾਲਕੀ ਹੱਕ ,ਕਰਜ਼ਾ ਮੁਕਤੀ ਅਤੇ ਹੋਰ ਮੰਗਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ 5 ਅਕਤੂਬਰ ਨੂੰ ਡੀ ਸੀ ਦਫ਼ਤਰਾਂ ਘਿਰਾਓ ਦੇ ਦਿੱਤੇ ਸੱਦੇ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਪਿੰਡ ਮਲੋਟ ਦੇ ਗੁਰਦੁਆਰਾ ਸਾਹਿਬ ਵਿਖੇ ਹੋਈ ।ਜਿਸ ਵਿਚ ਘਿਰਾਓ ਸਬੰਧੀ ਵਿਚਾਰ ਵਟਾਂਦਾਰਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ , ਸੀਨੀਅਰ ਮੀਤ ਪ੍ਰਧਾਨ ਗੁਰਪਾਸ ਸਿੰਘ ਸਿੰਘੇਵਾਲਾ,ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ, ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ ਨੇ ਆਖਿਆ ਕਿ ਮੁਕਤ ਵਪਾਰ ਖੇਤੀ ਖੇਤਰ ਤੋਂ ਇਲਾਵਾ ਸਨਅਤੀ ਅਤੇ ਪ੍ਰਚੂਨ ਖੇਤਰ ਦੀ ਵੀ ਤਬਾਹੀ ਦਾ ਸਾਧਨ ਬਣੇਗਾ, ਸਿੱਟੇ ਵਜੋਂ ਦੇਸ਼ ਭਰ ਵਿੱਚ ਬੇਰੁਜ਼ਗਾਰੀ ਮਹਿੰਗਾਈ ਵਧੇਗੀ। ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ ਦੱਸਿਆ ਕੇ ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਜਲਦੀ ਵਿਧਾਨ ਸਭਾ ਦਾ ਸੈਸ਼ਨ ਬਲਾਉਣ ਦੀ ਮੰਗ ਵੀ ਕੀਤੀ ਗਈ ਹੈ ਜਿਸ ਵਿਚ ਲੈਂਡ ਪੂਲਿੰਗ ਪਾਲਿਸੀ ਮੁੱਢੋਂ ਰੱਦ ਕਰਕੇ ਜਮੀਨਾਂ ਦੇ ਮਾਲਕੀ ਹੱਕ ਬਹਾਲ ਕਰਨ ਦੇ ਮਤੇ ਪੇਸ਼ ਕੀਤੇ ਜਾਣ। ਇਸ ਮੌਕੇ ਗਿੱਦੜਬਾਹਾ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਅਜੈਬ ਸਿੰਘ ਮੱਲਣ ,ਕਮੇਟੀ ਮੈਂਬਰ ਹਰਪਾਲ ਸਿੰਘ ਚੀਮਾ ਧੂਲਕੋਟ, ਲੰਬੀ ਬਲਾਕ ਦੇ ਜਨਰਲ ਸਕੱਤਰ ਮਲਕੀਤ ਸਿੰਘ ਗੱਗੜ, ਵਿੱਤ ਸਕੱਤਰ ਮਨੋਹਰ ਸਿੰਘ ਸਿੱਖਵਾਲਾ, ਡਾ ਹਰਪਾਲ ਸਿੰਘ ਕਿੱਲਿਆਂਵਾਲੀ, ਨਿਸ਼ਾਨ ਸਿੰਘ, ਪਿੱਪਲ ਸਿੰਘ ਕੱਖਾਂ ਵਾਲੀ, ਜੋਗਿੰਦਰ ਸਿੰਘ ਭੁੱਲਰ, ਗੁਰਤੇਜ ਸਿੰਘ ਖੁੱਡੀਆਂ, ਗੁਰਸੇਵਕ ਸਿੰਘ ਲੰਬੀ, ਮਲੋਟ ਦੇ ਬੋਹੜ ਸਿੰਘ, ਸੁਖਦੇਵ ਸਿੰਘ, ਕੁਲਦੀਪ ਸਿੰਘ ਮਲੋਟ ,ਮਨਜੀਤ ਸਿੰਘ, ਗੁਰਮੇਲ ਸਿੰਘ ਫਾਜ਼ਿਲਕਾ, ਅੰਗਰੇਜ਼ ਸਿੰਘ ਸਰਦਾਰ ਗੜ ( ਬਠਿੰਡਾ), ਗੀਤ ਕਾਰ ਹਰਦੀਪ ਸਿੰਘ, ਮਲੋਟ ਪਿੰਡ ਇਕਾਈ ਦੇ ਪ੍ਰਧਾਨ ਸਕੱਤਰ ਆਦਿ ਵੱਡੀ ਗਿਣਤੀ ਕਿਸਾਨ ਮਜ਼ਦੂਰ ਹਾਜ਼ਰ ਸਨ।

# ਲੋਕ ਭਲਾਈ ਸਕੀਮਾਂ ਦਾ ਅਧਿਕਾਰ ਸਿਰਫ਼ ਲੋੜਵੰਦ ਪਰਵਾਰਾਂ ਨੂੰ ਹੀ ਹੋਣਾ ਚਾਹੀਦਾ : ਡਾ. ਗਰਗ

## ਖੇਤ 'ਚ ਪਸੀਨਾ ਵਹਾਉਂਦਾ ਕਿਸਾਨ-ਮਜ਼ਦੂਰ ਖ਼ੈਰਾਤ ਨਹੀਂ, ਸਗੋਂ ਹੱਕ ਮੰਗਦੈ : ਲੱਖੋਵਾਲ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਦੇ ਹਕੀਕੀ ਤੇ ਗੰਭੀਰ ਮੁੱਦਿਆਂ 'ਤੇ ਨਿਰੰਤਰ ਸੰਘਰਸ਼ ਕਰ ਰਹੀ ਜਥੇਬੰਦੀ 'ਪਿੰਡ ਬਚਾਓ-ਪੰਜਾਬ ਬਚਾਓ' ਵੱਲੋਂ ਸਥਾਨਕ ਮਹਾਰਾਜਾ ਅਗਰਸੈਨ ਭਵਨ 'ਚ 'ਪੰਜਾਬ ਦੇ ਆਰਥਿਕ ਤੇ ਸਿਆਸੀ ਹਾਲਾਤ ਦੇ ਗੰਭੀਰ ਸੰਦਰਭ 'ਚ ਕਲਿਆਣਕਾਰੀ ਰਾਜ ਤੇ ਖ਼ੈਰਾਤ ਵਿਚਲਾ ਫ਼ਰਕ' ਵਿਸ਼ੇ 'ਤੇ ਇੱਕ ਵਿਸ਼ੇਸ਼ ਤੇ ਪ੍ਰਭਾਵਸ਼ਾਲੀ ਵਿਚਾਰ ਚਰਚਾ ਸਮਾਗਮ ਕਰਵਾਇਆ ਗਿਆ।ਆਸ-ਪਾਸ ਦੇ ਪਿੰਡਾਂ ਤੋਂ ਸੈਂਕੜਿਆਂ ਦੀ ਗਿਣਤੀ 'ਚ ਪਹੁੰਚੇ ਚੇਤਨ ਲੋਕਾਂ ਦੀ ਭਰਵੀਂ ਹਾਜ਼ਰੀ ਨੇ ਸਾਬਿਤ ਕਰ ਦਿੱਤਾ ਕਿ ਪੰਜਾਬ ਦੇ ਲੋਕ ਹੁਣ ਸਿਆਸੀ ਪਾਰਟੀਆਂ ਦੀਆਂ ਮੁਫ਼ਤ ਦੀਆਂ 'ਰਿਉੜੀਆਂ' ਤੋਂ ਅੱਕ ਚੁੱਕੇ ਹਨ ਤੇ ਆਪਣੇ ਬੁਨਿਆਦੀ ਹੱਕਾਂ ਲਈ ਲਾਮਬੰਦ ਹੋਣ ਵੱਲ ਵਧ ਰਹੇ ਹਨ।ਸੈਮੀਨਾਰ ਦੌਰਾਨ ਸਮਾਜ ਸੇਵੀ ਤੇ ਪੰਜਾਬ ਚਿੰਤਕ ਡਾ. ਪਿਆਰੇ ਲਾਲ ਗਰਗ ਨੇ ਤਿੱਖੇ ਸ਼ਬਦੀ ਵਾਰ ਕਰਦਿਆਂ ਕਿਹਾ ਕਿ ਲੋਕ ਭਲਾਈ ਸਕੀਮਾਂ ਦਾ ਅਧਿਕਾਰ ਸਿਰਫ਼ ਤੇ ਸਿਰਫ਼ ਲੋੜਵੰਦ ਪਰਿਵਾਰਾਂ ਨੂੰ ਹੀ ਹੋਣਾ ਚਾਹੀਦਾ ਹੈ।ਜੋ ਲੋਕ ਅਮੀਰਾਂ ਨੂੰ ਵੀ ਇਸ ਲਾਈਨ 'ਚ ਖੜ੍ਹਾ ਕਰਕੇ ਇਸ ਨੂੰ ਉਨ੍ਹਾਂ ਦਾ 'ਅਧਿਕਾਰ' ਦੱਸਦੇ ਹਨ, ਉਹ ਜਨਤਾ ਨਾਲ ਬਹੁਤ ਵੱਡਾ ਧੋਖਾ ਕਰ ਰਹੇ ਹਨ।ਮਗਨਰੇਗਾ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਗਰੀਬਾਂ ਨੂੰ ਰੁਜ਼ਗਾਰ ਦਾ ਕਾਨੂੰਨੀ ਅਧਿਕਾਰ ਦੇਣ ਲਈ ਇਹ ਐਕਟ ਬਣਾਇਆ ਗਿਆ ਸੀ, ਪਰ ਮੌਜੂਦਾ ਕੇਂਦਰ ਵੱਲੋਂ ਇਸ ਨੂੰ ਬੰਦ ਕਰਨ ਦੇ ਨਾਲ-ਨਾਲ ਪੰਜਾਬ ਸਰਕਾਰ ਨੇ ਵੀ ਕੇਂਦਰ ਦੀ ਤਰਜ਼ 'ਤੇ 'ਵੀ ਬੀ ਜੀ ਰਾਮ ਜੀ ਕਾਨੂੰਨ' ਲਾਗੂ ਕਰਕੇ ਗਰੀਬਾਂ ਦੇ ਚੁੱਲ੍ਹੇ ਠੰਢੇ ਕਰਨ ਦਾ ਕੰਮ ਕੀਤਾ ਹੈ।

'ਪਿੰਡ ਬਚਾਓ-ਪੰਜਾਬ ਬਚਾਓ' ਦੇ ਆਗੂ ਤੇ ਸਾਬਕਾ ਵਿਧਾਇਕ ਕਾਮਰੇਡ ਤਰਸੇਮ ਜੋਧਾਂ ਨੇ ਦੇਸ਼ 'ਚ ਵਧ ਰਹੇ ਅਮੀਰ-ਗਰੀਬ ਦੇ ਪਾੜੇ 'ਤੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਕੁੱਝ ਚੋਣਵੇਂ ਕਾਰਪੋਰੇਟ ਘਰਾਣਿਆਂ ਨੇ ਦੇਸ਼ ਦੀ ਸਮੁੱਚੀ ਇਕਾਨਮੀ 'ਤੇ ਕਬਜ਼ਾ ਕਰ ਲਿਆ ਹੈ।ਪਿੰਡ ਤੂਰਬੰਜਾਰਾ ਦੇ ਗੁਲਜ਼ਾਰ ਸਿੰਘ ਦੀ ਦਰਦਨਾਕ ਮੌਤ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਜੇਕਰ ਸਰਕਾਰੀ ਹਸਪਤਾਲਾਂ 'ਚ ਇਲਾਜ ਦੇ ਪੁਖ਼ਤਾ ਪ੍ਰਬੰਧ ਹੁੰਦੇ ਤਾਂ ਗੁਲਜ਼ਾਰ ਸਿੰਘ ਦੀ ਜਾਨ ਬਚ ਸਕਦੀ ਸੀ।ਸੰਯੁਕਤ ਕਿਸਾਨ ਮੋਰਚਾ ਦੇ ਆਗੂ ਹਰਿੰਦਰ ਸਿੰਘ ਲੱਖੋਵਾਲ ਤੇ ਸੋਸ਼ਲਿਸਟ ਪਾਰਟੀ ਇੰਡੀਆ ਦੇ ਕੌਮੀ ਜਨਰਲ ਸਕੱਤਰ ਹਰਿੰਦਰ ਸਿੰਘ ਮਾਨਸ਼ਾਹੀਆ ਨੇ ਸਾਂਝੇ ਤੌਰ 'ਤੇ ਕਿਹਾ ਕਿ ਖੇਤਾਂ 'ਚ ਦਿਨ-ਰਾਤ ਪਸੀਨਾ ਵਹਾਉਣ ਵਾਲਾ ਕਿਸਾਨ ਤੇ ਮਜ਼ਦੂਰ ਸਰਕਾਰਾਂ ਤੋਂ ਖ਼ੈਰਾਤ ਨਹੀਂ, ਸਗੋਂ ਆਪਣਾ ਬਣਦਾ ਹੱਕ ਮੰਗਦਾ ਹੈ।1000-1500 ਰੁਪਏ ਵਾਲੀਆਂ ਮੁਫ਼ਤ ਸਕੀਮਾਂ 'ਤੇ ਤੰਜ ਕੱਸਦਿਆਂ ਉਨ੍ਹਾਂ ਕਿਹਾ ਕਿ ਅਜਿਹੀਆਂ ਸਕੀਮਾਂ ਮਸਲੇ ਦਾ ਹੱਲ ਨਹੀਂ, ਸਗੋਂ ਪੰਜਾਬ ਨੂੰ ਆਰਥਿਕ ਤਬਾਹੀ ਵੱਲ ਧੱਕ ਰਹੀਆਂ ਹਨ। ਪਰਾਲੀ ਵਾਲੀਆਂ ਮਸ਼ੀਨਾਂ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਪਹਿਲਾਂ ਮਸ਼ੀਨਾਂ ਦੀ ਕੀਮਤ ਦੁੱਗਣੀ ਕਰ ਦਿੱਤੀ ਜਾਂਦੀ ਹੈ ਤੇ ਫਿਰ ਉੱਪਰੋਂ ਸਬਸਿਡੀ ਦਾ ਦਿਖਾਵਾ ਕੀਤਾ ਜਾਂਦਾ ਹੈ, ਜਿਸ ਨਾਲ ਕਿਸਾਨ ਨੂੰ ਕੋਈ ਆਰਥਿਕ ਲਾਭ ਨਹੀਂ ਹੁੰਦਾ।ਉਨ੍ਹਾਂ ਅਫ਼ਸੋਸ ਜਤਾਇਆ ਕਿ ਅੱਜ ਕਿਸਾਨ ਕਰਜ਼ ਮੁਆਫ਼ੀ ਦਾ ਮੁੱਦਾ ਕਿਸੇ ਸਿਆਸੀ ਪਾਰਟੀ ਦੇ ਏਜੰਡੇ 'ਤੇ ਨਹੀਂ ਹੈ, ਜਦਕਿ ਫ਼ਸਲਾਂ ਦਾ ਨੁਕਸਾਨ ਝੱਲ ਰਹੇ ਕਿਸਾਨਾਂ ਨੂੰ ਕਰਜ਼ ਮੁਕਤ ਕਰਨ ਲਈ ਠੋਸ ਨੀਤੀ ਦੀ ਲੋੜ ਹੈ।ਇਸ ਮੌਕੇ ਸੀਨੀਅਰ ਪੱਤਰਕਾਰ ਹਮੀਰ ਸਿੰਘ, ਕਾਂਗਰਸ ਦੇ ਚੋਣ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਤੇ ਲੋਕ ਸਭਾ ਮੈਂਬਰ ਡਾ. ਅਮਰ ਸਿੰਘ, ਅਕਾਲੀ ਦਲ ਵਾਰਿਸ ਪੰਜਾਬ ਦੀ ਮੈਨੀਫੈਸਟੋ ਚੋਣ ਕਮੇਟੀ ਦੇ ਚੇਅਰਮੈਨ ਬਾਬੂ ਸਿੰਘ ਬਰਾੜ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਦੇ ਜਨਰਲ ਸਕੱਤਰ ਡਾ. ਖੁਸ਼ਹਾਲ ਸਿੰਘ ਤੋਂ ਇਲਾਵਾ ਸੋਸ਼ਲਿਸਟ, ਸੀ ਪੀ ਆਈ ਦੇ ਕ੍ਰਿਸ਼ਨ ਚੌਹਾਨ, ਕਰਨੈਲ ਸਿੰਘ ਜਖੇਪਲ, ਐਡਵੋਕੇਟ ਵਿਜੇ ਸਿੰਗਲਾ, ਕਿਰਨਜੀਤ ਸਿੰਘ ਗਹਿਰੀ, ਅਬਦੁਲ ਸ਼ਕੂਰ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ, ਸੁਖਵਿੰਦਰ ਔਲਖ, ਬਲਰਾਜ ਨੰਗਲ, ਬਿੱਕਰਜੀਤ ਸਾਧੂਵਾਲਾ, ਅਮਨ ਸਿੰਗਲਾ ਢੈਪਈ, ਡਾ. ਜਨਕ ਰਾਜ ਸਿੰਗਲਾ ਵੀ ਹਾਜ਼ਰ ਸਨ।

# ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਏ ਡੀ ਸੀ ਵੱਲੋਂ ਬੈਨਰ ਜਾਰੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫ਼ਿਰੋਜ਼ਪੁਰ ਵਿਚ 'ਸਵੱਛਤਾ ਹੀ ਸੇਵਾ ਮੁਹਿੰਮ-2026' ਮੁਹਿੰਮ ਤਹਿਤ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕ੍ਰਿਸ਼ਨਾ ਪਾਲ ਰਾਜਪੂਤ ਵੱਲੋਂ ਮੁਹਿੰਮ ਸਬੰਧੀ ਬੈਨਰ ਜਾਰੀ ਕਰਕੇ ਸਵੱਛਤਾ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਤੇ ਸਾਫ਼-ਸੁਥਰਾ ਵਾਤਾਵਰਨ ਬਣਾਈ ਰੱਖਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਨੇ ਸਵੱਛਤਾ ਨੂੰ ਰੋਜ਼ਾਨਾ ਜੀਵਨ ਦਾ ਅਹਿਮ ਹਿੱਸਾ ਬਣਾਉਣ, ਆਲੇ-ਦੁਆਲੇ ਦੀ ਸਫ਼ਾਈ ਰੱਖਣ, ਕੂੜੇ ਦਾ ਸਹੀ ਨਿਪਟਾਰਾ ਕਰਨ ਤੇ ਸਵੱਛਤਾ ਪ੍ਰਤੀ ਜ਼ਿੰਮੇਵਾਰ ਬਣਨ ਦੀ ਅਪੀਲ ਕੀਤੀ। ਮੁਹਿੰਮ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਸਵੱਛਤਾ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ 'ਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ 'ਸਵੱਛਤਾ ਹੀ ਸੇਵਾ' ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਵਿੱਚ ਸਫ਼ਾਈ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਸਵੱਛ ਤੇ ਸਿਹਤਮੰਦ ਭਾਰਤ ਦੀ ਸਿਰਜਣਾ ਲਈ ਹਰ ਵਰਗ ਦੀ ਭਾਗੀਦਾਰੀ ਯਕੀਨੀ ਬਣਾਉਣਾ ਹੈ।

# ਪੁਲਸ ਨਜ਼ਰਬੰਦੀ ਨੂੰ ਝਕਾਨੀ ਦੇ ਕੇ ਧੂਰਾ ਪਹੁੰਚੇ ਗੋਲਡੀ ਖੰਗੂੜਾ

## ਫੇਸਬੁੱਕ 'ਤੇ ਲਾਈਵ ਹੁੰਦਿਆਂ ਹੀ ਪ੍ਰਸ਼ਾਸਨ 'ਚ ਹੜਕੰਪ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਮੁੱਖ ਮੰਤਰੀ ਪੰਜਾਬ ਦੀ ਹਲਕਾ ਧੂਰੀ ਦੇ ਦੋ ਦਿਨਾਂ ਦੌਰੇ ਦੌਰਾਨ ਸਿਆਸੀ ਪਾਰਾ ਉਸ ਵੇਲੇ ਪੂਰੀ ਤਰ੍ਹਾਂ ਭਖ ਗਿਆ, ਜਦੋਂ ਹਲਕੇ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਆਪਣੀ ਪਤਨੀ ਸਿਮਰਤ ਖੰਗੂੜਾ ਦੇ ਨਾਲ ਪੁਲਸ ਦੇ ਸਖ਼ਤ ਪਹਿਰੇ ਨੂੰ ਝਕਾਨੀ ਦੇ ਕੇ ਮੁੱਖ ਮੰਤਰੀ ਦੀ ਆਮਦ ਵਾਲੇ ਪਿੰਡ ਧੂਰਾ ਵਿਖੇ ਪਹੁੰਚਣ 'ਚ ਕਾਮਯਾਬ ਹੋ ਗਏ। ਜ਼ਿਕਰਯੋਗ ਹੈ ਕਿ ਸਾਬਕਾ ਵਿਧਾਇਕ ਗੋਲਡੀ ਵੱਲੋਂ ਮੁੱਖ ਮੰਤਰੀ ਨਾਲ ਹਲਕੇ ਦੇ ਮੁੱਦਿਆਂ 'ਤੇ ਗੱਲਬਾਤ ਕਰਨ ਲਈ ਪੰਜ ਮਿੰਟ ਦਾ ਸਮਾਂ ਮੰਗਿਆ ਗਿਆ ਸੀ।ਸਮਾਂ ਨਾ ਮਿਲਣ ਦੀ ਸੂਰਤ ਵਿੱਚ ਉਨ੍ਹਾਂ ਨੇ ਪਿੰਡ ਧੂਰਾ ਵਿਖੇ ਮੁੱਖ ਮੰਤਰੀ ਦਾ ਕਾਲੀਆਂ ਝੰਡੀਆਂ ਨਾਲ ਵਿਰੋਧ ਕਰਨ ਦਾ ਐਲਾਨ ਕੀਤਾ ਸੀ।ਇਸ ਐਲਾਨ ਤੋਂ ਬਾਅਦ ਪ੍ਰਸ਼ਾਸਨ ਨੇ ਮੁਸਤੈਦੀ ਦਿਖਾਉਂਦੇ ਹੋਏ ਬੀਤੇ ਦਿਨ ਤੋਂ ਹੀ ਸਾਬਕਾ ਵਿਧਾਇਕ ਦੀ ਰਿਹਾਇਸ਼ ਨੂੰ ਪੁਲਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਸੀ, ਪਰ ਅੱਜ ਮੁੱਖ ਮੰਤਰੀ ਦੇ ਪ੍ਰੋਗਰਾਮ ਤੋਂ ਕੁਝ ਸਮਾਂ ਪਹਿਲਾਂ ਹੀ ਗੋਲਡੀ ਖੰਗੂੜਾ ਪੁਲਸ ਦੀਆਂ ਅੱਖਾਂ 'ਚ ਘੱਟਾ ਪਾ ਕੇ ਪਿੰਡ ਧੂਰਾ ਜਾ ਪਹੁੰਚੇ।ਪਿੰਡ ਧੂਰਾ ਵਿਖੇ ਪਹੁੰਚ ਕੇ ਜਿਉਂ ਹੀ ਗੋਲਡੀ ਖੰਗੂੜਾ ਨੇ ਆਪਣੇ ਫੇਸਬੁੱਕ ਪੇਜ 'ਤੇ ਲਾਈਵ ਹੋ ਕੇ ਆਪਣੀ ਪਹੁੰਚ ਬਾਰੇ ਸੂਚਨਾ ਦਿੱਤੀ ਤਾਂ ਪੁਲਸ ਪ੍ਰਸ਼ਾਸਨ ਨੂੰ ਹੱਥਾਂ-ਪੈਰਾਂ ਦੀ ਪੈ ਗਈ।ਮੌਕੇ 'ਤੇ ਤਾਇਨਾਤ ਉੱਚ ਪੁਲਸ ਅਧਿਕਾਰੀਆਂ ਨੇ ਤੁਰੰਤ ਹਰਕਤ ਵਿੱਚ ਆਉਂਦਿਆਂ ਉਨ੍ਹਾਂ ਨੂੰ ਘੇਰ ਲਿਆ ਤੇ ਮੁੱਖ ਮੰਤਰੀ ਦੇ ਸਮਾਗਮ ਵਾਲੀ ਥਾਂ ਵੱਲ ਵਧਣ ਤੋਂ ਰੋਕਦਿਆਂ ਨਜ਼ਰਬੰਦ ਕਰ ਲਿਆ।ਇਸ ਮੌਕੇ ਸਰਕਾਰ ਦੀ ਧੱਕੇਸ਼ਾਹੀ 'ਤੇ ਬੋਲਦਿਆਂ ਸਾਬਕਾ ਵਿਧਾਇਕ ਗੋਲਡੀ ਖੰਗੂੜਾ ਨੇ ਮੁੱਖ ਮੰਤਰੀ 'ਤੇ ਸਿੱਧਾ ਸਵਾਲ ਕੀਤਾ ਕਿ ਆਖਿਰ ਸਰਕਾਰ ਨੂੰ ਜਨਤਾ ਦੇ ਸਵਾਲਾਂ ਤੋਂ ਇੰਨੀ ਘਬਰਾਹਟ ਕਿਉਂ ਹੈ? ਲੋਕਤੰਤਰ ਪ੍ਰਣਾਲੀ ਵਿੱਚ ਸਰਕਾਰ ਤੋਂ ਸਵਾਲ ਪੁੱਛਣਾ ਹਰ ਨਾਗਰਿਕ ਦਾ ਸੰਵਿਧਾਨਕ ਹੱਕ ਹੈ।ਸਰਕਾਰ ਨੂੰ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।ਉਨ੍ਹਾਂ ਅੱਗੇ ਆਖਿਆ ਕਿ ਮੁੱਖ ਮੰਤਰੀ ਸਾਹਿਬ, ਸਿਰਫ਼ ਇੱਕ ਸਵਾਲ ਪੁੱਛਣ ਦੇ ਬਦਲੇ ਮੈਨੂੰ ਪਰਿਵਾਰ ਸਮੇਤ ਘਰ ਵਿੱਚ ਨਜ਼ਰਬੰਦ ਕਰਕੇ ਲੋਕਤੰਤਰੀ ਮੁੱਲਾਂ ਦਾ ਘਾਣ ਕੀਤਾ ਗਿਆ ਹੈ।ਸਵਾਲ ਪੁੱਛਣ ਵਾਲੀ ਆਵਾਜ਼ ਨੂੰ ਲਾਠੀ ਜਾਂ ਨਜ਼ਰਬੰਦੀ ਨਾਲ ਦਬਾਇਆ ਨਹੀਂ ਜਾ ਸਕਦਾ, ਬਲਕਿ ਲੋਕਾਂ ਦੇ ਸਵਾਲਾਂ ਦਾ ਸਾਹਮਣਾ ਕਰਕੇ ਜਵਾਬ ਦੇਣਾ ਹੀ ਇੱਕ ਚੁਣੀ ਹੋਈ ਸਰਕਾਰ ਦੀ ਅਸਲ ਜ਼ਿੰਮੇਵਾਰੀ ਹੁੰਦੀ ਹੈ।

# ਸੱਪ ਦੇ ਡੰਗਣ 'ਤੇ ਝਾੜ-ਫੂਕ 'ਚ ਸਮਾਂ ਨਾ ਕਰੋ ਖ਼ਰਾਬ, ਤੁਰੰਤ ਪਹੁੰਚੋ ਹਸਪਤਾਲ : ਡਾ. ਰੇਖਾ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਵਲ ਸਰਜਨ ਫਿਰੋਜ਼ਪੁਰ ਡਾ. ਪਰਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤੇ ਡਾ. ਰੇਖਾ ਭੱਟੀ ਸੀਨੀਅਰ ਮੈਡੀਕਲ ਅਫਸਰ ਮਮਦੋਟ ਦੇ ਹੁਕਮਾਂ ਅਨੁਸਾਰ ਬਲਾਕ ਮਮਦੋਟ ਅਧੀਨ ਆਉਂਦੇ ਪਿੰਡ ਕੰਧਾਂ ਵਾਲੀ ਵਿਖੇ 'ਅੰਤਰਰਾਸ਼ਟਰੀ ਸੱਪ ਦੇ ਡੰਗਣ ਬਾਰੇ ਜਾਗਰੂਕਤਾ ਦਿਵਸ' ਮੌਕੇ ਅਮਰਜੀਤ ਬੀ.ਬੀ.ਈ. ਵੱਲੋਂ ਲੋਕਾਂ ਨੂੰ ਸੱਪ ਦੇ ਡੰਗਣ ਤੋਂ ਬਚਾਅ, ਲੱਛਣਾਂ ਦੀ ਪਛਾਣ ਤੇ ਤੁਰੰਤ ਇਲਾਜ ਬਾਰੇ ਅਹਿਮ ਜਾਣਕਾਰੀ ਸਾਂਝੀ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਸੱਪ ਦੇ ਡੰਗ ਤੋਂ ਬਚੇ ਲੋਕ ਤੇ ਸੱਪ ਫੜਨ ਵਾਲੇ ਰੈਸਕਿਊਅਰ ਸਮਾਜ ਵਿੱਚ ਵੱਡਾ ਬਦਲਾਅ ਲਿਆ ਸਕਦੇ ਹਨ। ਉਨ੍ਹਾਂ ਦੇ ਤਜਰਬੇ ਲੋਕਾਂ ਨੂੰ ਇਹ ਵਿਸ਼ਵਾਸ ਦਿਵਾਉਂਦੇ ਹਨ ਕਿ ਸਮੇਂ ਸਿਰ ਹਸਪਤਾਲ ਪਹੁੰਚ ਕੇ ਜਾਨ ਬਚਾਈ ਜਾ ਸਕਦੀ ਹੈ, ਡੰਗ ਵਾਲੀ ਥਾਂ 'ਤੇ ਤੇਜ਼ ਦਰਦ, ਸੋਜ, ਅੱਖਾਂ ਦੇ ਪੋਟੇ ਝੁਕਣਾ, ਬੋਲਣ ਵਿੱਚ ਤਕਲੀਫ ਜਾਂ ਖੂਨ ਵਗਣਾ ਸੱਪ ਦੇ ਜ਼ਹਿਰੀਲੇ ਹੋਣ ਦੇ ਮੁੱਖ ਲੱਛਣ ਹਨ ਤੇ ਇਸ ਲਈ 'ਐਂਟੀ-ਸਨੇਕ ਵੈਨਮ' ਦਾ ਟੀਕਾ ਹੈ, ਜੋ ਕਿ ਸਰਕਾਰੀ ਹਸਪਤਾਲਾਂ ਵਿਚ ਬਿਲਕੁਲ ਮੁਫ਼ਤ ਉਪਲਬੱਧ ਹੈ। ਜ਼ਰੂਰੀ ਸਾਵਧਾਨੀਆਂ ਮਰੀਜ਼ ਨੂੰ ਸ਼ਾਂਤ ਰੱਖੋ ਤੇ ਪ੍ਰਭਾਵਿਤ ਅੰਗ ਨੂੰ ਹਿਲਣ-ਜੁਲਣ ਨਾ ਦਿਓ, ਡੰਗ ਵਾਲੀ ਥਾਂ 'ਤੇ ਕੋਈ ਧਾਗਾ, ਰੱਸੀ ਜਾਂ ਪੱਟੀ ਜ਼ੋਰ ਨਾਲ ਨਾ ਬੰਨ੍ਹੋ ਸਰੀਰ 'ਤੇ ਪਾਏ ਗਹਿਣੇ, ਛਾਪਾਂ ਜਾਂ ਘੜੀ ਤੁਰੰਤ ਉਤਾਰ ਦਿਓ, ਜ਼ਖਮ 'ਤੇ ਚੀਰਾ ਨਾ ਲਗਾਓ ਤੇ ਨਾ ਹੀ ਮੂੰਹ ਨਾਲ ਜ਼ਹਿਰ ਚੂਸੋ। ਮਰੀਜ਼ ਨੂੰ ਤੁਰੰਤ ਨੇੜਲੇ ਸਰਕਾਰੀ ਹਸਪਤਾਲ ਲੈ ਕੇ ਜਾਓ, ਦੇਸੀ ਨੁਸਖੇ, ਜੜ੍ਹੀ-ਬੂਟੀਆਂ ਜਾਂ ਝਾੜ-ਫੂਕ ਵਿੱਚ ਸਮਾਂ ਬਰਬਾਦ ਨਾ ਕਰੋ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਸੱਪ ਦੇ ਡੰਗਣ ਦੀ ਸਥਿਤੀ ਵਿੱਚ ਬਿਨਾਂ ਸਮਾਂ ਗਵਾਏ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ ਪਹੁੰਚ ਕੇ ਇਲਾਜ ਕਰਵਾਇਆ ਜਾਵੇ। ਇਸ ਮੌਕੇ ਸਰੋਜ ਮ ਪ ਹ ਵ (ਫੀ), ਅਕਵਿੰਦਰ ਕੌਰ ਆਂਗਣਵਾੜੀ ਵਰਕਰ, ਲੱਛਮੀ ਬਾਈ ਆਸ਼ਾ ਫੈਸਲ਼ਿਟੇਟਰ, ਪ੍ਰੀਤੋ ਬਾਈ ਆਸ਼ਾ ਵਰਕਰ ਤੇ ਲੋਕ ਹਾਜ਼ਰ ਸਨ।

# ਟੈਂਪੂ ਨੇ ਇਕ ਵਿਅਕਤੀ ਨੂੰ ਕੁਚਲਿਆ



**ਮਲੋਟ (ਰਜਿੰਦਰ ਜੁਨੇਜਾ)**-ਪਿੰਡ ਆਲਮਵਾਲਾ ਦੇ ਬੱਸ ਅੱਡੇ 'ਤੇ ਵਾਪਰੇ ਸੜਕ ਹਾਦਸੇ ਵਿੱਚ 55 ਸਾਲਾ ਵਿਅਕਤੀ ਦੀ ਮੌਤ ਹੋ ਗਈ। ਸਾਮਾਨ ਨਾਲ ਲੱਦੇ ਛੋਟੇ ਹਾਥੀ ਟੈਂਪੂ ਨੇ ਸੜਕ 'ਤੇ ਪੈਦਲ ਜਾ ਰਹੇ ਵਿਅਕਤੀ ਨੂੰ ਪਿੱਛਿਓਂ ਟੱਕਰ ਮਾਰ ਦਿੱਤੀ।ਟੱਕਰ ਤੋਂ ਬਾਅਦ ਵਾਹਨ ਉਸ ਨੂੰ ਕਾਫ਼ੀ ਦੂਰ ਤੱਕ ਘਸੀਟਦਾ ਲੈ ਗਿਆ।ਹਾਦਸੇ ਤੋਂ ਬਾਅਦ ਟੈਂਪੂ ਛੱਡ ਕੇ ਚਾਲਕ ਖੇਤਾਂ ਵਿਚ ਦੀ ਫ਼ਰਾਰ ਹੋ ਗਿਆ।ਮ੍ਰਿਤਕ ਦੀ ਪਛਾਣ ਪਿੰਡ ਆਲਮਵਾਲਾ ਨਿਵਾਸੀ ਹਰਬੰਸ ਸਿੰਘ ਵਜੋਂ ਹੋਈ ਹੈ।ਸੂਚਨਾ ਮਿਲਣ 'ਤੇ ਸੜਕ ਸੁਰੱਖਿਆ ਫੋਰਸ ਦੇ ਜਵਾਨ ਵੀ ਮੌਕੇ 'ਤੇ ਪਹੁੰਚੇ ਅਤੇ ਹਰਬੰਸ ਸਿੰਘ ਨੂੰ ਸਿਵਲ ਹਸਪਤਾਲ ਮਲੋਟ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਜਾਂਚ ਤੋਂ ਬਾਅਦ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

# ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨੇ ਲੋੜਵੰਦਾਂ ਨੂੰ ਦਿੱਤਾ ਸਮਾਨ



**ਨਾਭਾ (ਅਮਨ ਗਰਗ)**-ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਵੱਲੋਂ ਪ੍ਰਧਾਨ ਓਮ ਪ੍ਰਕਾਸ਼ ਇੰਦਰਾਜ਼ ਦੀ ਅਗਵਾਈ ਵਿਚ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਵਧ ਚੜ੍ਹ ਕੇ ਕੀਤੇ ਜਾਂਦੇ ਹਨ। ਸੰਸਥਾ ਦੇ ਸੂਬਾ ਕੈਸ਼ੀਅਰ ਅਸ਼ਵਨੀ ਮਦਾਨ ਅਤੇ ਇਕਾਈ ਨਾਭਾ ਦੇ ਜਨਰਲ ਸਕੱਤਰ ਵਿਕਾਸ ਮਿੱਤਲ ਨੇ ਦੱਸਿਆ ਕਿ ਪਟਿਆਲਾ ਦੇ ਪਿੰਡ ਰੋਂਗਲਾ ਦੇ ਓਲਡ ਏਜ ਹੋਮ ਆਸ਼ਰਮ ਵਿਖੇ ਖਾਣ ਪੀਣ ਦਾ ਸਮਾਨ ਜਿਵੇਂ, ਆਟਾ, ਫਰੂਟ, ਰਸ, ਬਿਸਕੁਟ, ਚਾਵਲ ਅਤੇ ਬਜ਼ੁਰਗਾਂ ਲਈ ਡਾਈਪਰ ਦਿੱਤੇ ਗਏ ਹਨ।ਉਹਨਾਂ ਲੋੜੀਂਦਾ ਸਮਾਨ ਬਜ਼ੁਰਗਾਂ ਨੂੰ ਦੇਣ ਲਈ ਨੀਲਮ ਵਰਮਾ ਦਾ ਸਹਿਯੋਗ ਦੇਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸ਼ੀਤਲ ਜੈਨ, ਸੁਨੀਲ ਗੁਪਤਾ, ਦਰਸ਼ਨ ਜੀਦੀਆ, ਅਨੁਪ੍ਰੀਆ ਗਰਗ, ਸੁਧਾ ਰਾਣੀ, ਹੀਨਾ ਸਿੰਗਲਾ, ਆਸ਼ਾ ਜੈਨ, ਰਜਨੀ ਮਿੱਤਲ ਆਦਿ ਨੇ ਕਿਹਾ ਕਿ ਇਹ ਕਾਰਜ ਨੀਲਮ ਵਰਮਾ ਨੇ ਆਪਣੇ ਸਵਰਗੀ ਬੇਟੇ ਅਭਿਨਵ ਦੀ ਨਿੱਘੀ ਯਾਦ ਵਿੱਚ ਕੀਤਾ ਹੈ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਨੇ ਐੱਸ ਐੱਮ ਓ ਨੂੰ ਸੌਂਪਿਆ ਬਾਇਓ-ਡਾਟਾ

## ਸ਼ਾਰਟ ਟਰਮ ਕੋਰਸ ਕਰਵਾਉਣ ਦੀ ਕੀਤੀ ਮੰਗ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**
ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ. 295) ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਦੀ ਅਗਵਾਈ ਹੇਠ ਅਤੇ ਜ਼ਿਲ੍ਹਾ ਪ੍ਰਧਾਨ ਡਾ. ਹਰਭਜਨ ਕੰਬੋਜ, ਬਲਾਕ ਫ਼ਿਰੋਜ਼ਪੁਰ ਕੈਂਟ ਦੇ ਪ੍ਰਧਾਨ ਡਾ. ਅਨਿਲ ਸ਼ਰਮਾ (ਗੁਰੂ ਜੀ) ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਤੇ ਬਲਾਕ ਚੇਅਰਮੈਨ ਡਾ. ਮਨਪ੍ਰੀਤ ਸਿੰਘ ਦੀ ਦੇਖ-ਰੇਖ ਹੇਠ ਇਕ ਵਿਸ਼ੇਸ਼ ਵਫ਼ਦ ਵੱਲੋਂ ਬਲਾਕ ਫ਼ਿਰੋਜ਼ਪੁਰ ਕੈਂਟ ਦੇ ਸਮੂਹ ਡਾਕਟਰ ਸਾਥੀਆਂ ਦਾ ਬਾਇਓ-ਡਾਟਾ ਫ਼ਿਰੋਜ਼ਪੁਰ ਦੇ ਮੈਡੀਕਲ ਅਫ਼ਸਰ (ਐੱਸ.ਐੱਮ.ਓ.) ਡਾ. ਨਿਖਿਲ ਗੁਪਤਾ ਦੇ ਦਫ਼ਤਰੀ ਸਟਾਫ਼ ਨੂੰ ਸੌਂਪਿਆ ਗਿਆ। ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਮੌਜੂਦਾ ਭਗਵੰਤ ਮਾਨ ਸਰਕਾਰ ਵੱਲੋਂ ਦਿੱਤੇ ਗਏ ਵਿਸ਼ਵਾਸ ਅਨੁਸਾਰ ਪੰਜਾਬ ਦੇ ਸਮੂਹ ਅਣ-ਰਜਿਸਟਰਡ ਪੇਂਡੂ ਤੇ ਸ਼ਹਿਰੀ ਡਾਕਟਰ, ਜੋ ਪਿਛਲੇ ਲੰਮੇ ਸਮੇਂ ਤੋਂ ਲੋਕਾਂ ਨੂੰ ਆਪਣੀਆਂ ਸਿਹਤ ਸੇਵਾਵਾਂ ਨਿਭਾਅ ਰਹੇ ਹਨ, ਨੂੰ ਕੋਈ ਸ਼ਾਰਟ ਟਰਮ ਕੋਰਸ ਕਰਵਾਇਆ ਜਾਵੇ, ਤਾਂ ਜੋ ਉਹ ਆਪਣੀ ਰੋਜ਼ੀ-ਰੋਟੀ ਇੱਜ਼ਤ ਨਾਲ ਕਮਾ ਸਕਣ। ਇਸੇ ਵਿਸ਼ਵਾਸ ਤਹਿਤ ਅੱਜ ਪੂਰੇ ਪੰਜਾਬ ਵਿੱਚ ਹਰੇਕ ਬਲਾਕ ਦੇ ਐੱਸ.ਐੱਮ.ਓ. ਸਾਹਿਬਾਨ ਨੂੰ ਮਿਲ ਕੇ ਡਾਕਟਰਾਂ ਦੀ ਪੂਰੀ ਡਿਟੇਲ ਤੇ ਬਾਇਓ-ਡਾਟਾ ਸਾਂਝਾ ਕੀਤਾ ਜਾ ਰਿਹਾ ਹੈ। ਆਗੂਆਂ ਨੇ ਇਹ ਵੀ ਦੱਸਿਆ ਕਿ ਇਸ ਸਬੰਧੀ ਉਹ ਪੰਜਾਬ ਦੇ ਸਿਹਤ ਮੰਤਰੀ ਨਾਲ ਵੀ ਅਹਿਮ ਮੀਟਿੰਗ ਕਰ ਚੁੱਕੇ ਹਨ, ਜਿਸ ਵਿੱਚ ਉਨ੍ਹਾਂ ਨੂੰ ਪੇਂਡੂ ਤੇ ਸ਼ਹਿਰੀ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਸਮੱਸਿਆਵਾਂ ਤੇ ਸ਼ਾਰਟ ਟਰਮ ਕੋਰਸ ਕਰਵਾਉਣ ਦੀ ਮੰਗ ਤੋਂ ਜਾਣੂ ਕਰਵਾਇਆ ਗਿਆ ਸੀ। ਸਿਹਤ ਮੰਤਰੀ ਵੱਲੋਂ ਵੀ ਉਨ੍ਹਾਂ ਦੀਆਂ ਮੰਗਾਂ 'ਤੇ ਹਮਦਰਦੀਪੂਰਵਕ ਵਿਚਾਰ ਕਰਨ ਦਾ ਭਰੋਸਾ ਦਿੱਤਾ ਗਿਆ ਸੀ। ਐਸੋਸੀਏਸ਼ਨ ਨੇ ਮੰਗ ਕੀਤੀ ਕਿ ਸਰਕਾਰ ਆਪਣੇ ਵਾਅਦੇ ਅਨੁਸਾਰ ਜਲਦ ਤੋਂ ਜਲਦ ਇਨ੍ਹਾਂ ਡਾਕਟਰਾਂ ਲਈ ਵਿਸ਼ੇਸ਼ ਕੋਰਸ ਸ਼ੁਰੂ ਕਰੇ, ਤਾਂ ਜੋ ਲੰਮੇ ਸਮੇਂ ਤੋਂ ਸੇਵਾਵਾਂ ਦੇ ਰਹੇ ਇਹ ਪ੍ਰੈਕਟੀਸ਼ਨਰ ਬਿਨਾਂ ਕਿਸੇ ਖੇਚਲ ਦੇ ਆਪਣਾ ਕੰਮ-ਕਾਰ ਜਾਰੀ ਰੱਖ ਸਕਣ। ਇਸ ਮੌਕੇ ਬਲਾਕ ਫ਼ਿਰੋਜ਼ਪੁਰ ਕੈਂਟ ਦੇ ਵੱਡੀ ਗਿਣਤੀ ਵਿੱਚ ਡਾਕਟਰ ਸਾਥੀ ਹਾਜ਼ਰ ਸਨ।

# ਬੰਦੀ ਸਿੰਘਾਂ ਦੀ ਰਿਹਾਈ ਲਈ ਰੋਸ ਪ੍ਰਦਰਸ਼ਨ 2 ਤੋਂ

**ਬੱਧਨੀ ਕਲਾਂ (ਲਵਲੀ ਕੁਮਾਰ)**-ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਸ਼ੇਰੇ ਪੰਜਾਬ ਯੂਨੀਅਨ ਦੀ ਅਗਵਾਈ ਹੇਠ 2 ਤੋਂ 4 ਅਕਤੂਬਰ ਤੱਕ ਫਤਿਹਗੜ੍ਹ ਸਾਹਿਬ ਤੋਂ ਦਮਦਮਾ ਸਾਹਿਬ ਤੱਕ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਹ ਜਾਣਕਾਰੀ ਸ਼ੇਰੇ ਪੰਜਾਬ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਨੇ ਦਿੱਤੀ।

ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਲੰਮੇ ਸਮੇਂ ਤੋਂ ਲਟਕਿਆ ਹੋਇਆ ਹੈ, ਜਿਸ ਕਾਰਨ ਸਿੱਖ ਸੰਗਤਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਯੂਨੀਅਨ ਵੱਲੋਂ ਇਸ ਮੰਗ ਨੂੰ ਲੈ ਕੇ ਲੋਕਤੰਤਰਿਕ ਢੰਗ ਨਾਲ ਆਵਾਜ਼ ਬੁਲੰਦ ਕੀਤੀ ਜਾਵੇਗੀ ਤੇ ਸਰਕਾਰ ਤੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਢੁੱਕਵੇਂ ਕਦਮ ਚੁੱਕਣ ਦੀ ਮੰਗ ਕੀਤੀ ਜਾਵੇਗੀ।ਆਤਮਾ ਸਿੰਘ ਧੂੜਕੋਟ ਨੇ ਸਮੂਹ ਸੰਗਤਾਂ ਤੇ ਇਨਸਾਫ਼ ਪਸੰਦ ਲੋਕਾਂ ਨੂੰ 2 ਤੋਂ 4 ਅਕਤੂਬਰ ਤੱਕ ਕੀਤੇ ਜਾ ਰਹੇ ਇਸ ਰੋਸ ਪ੍ਰਦਰਸ਼ਨ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

# ਸਪਰਿੰਗ ਫੀਲਡ ਸਕੂਲ ਦੇ ਬੱਚਿਆਂ ਦੀ ਪੰਜਾਬ ਪੱਧਰ ਦੀਆਂ ਖੇਡਾਂ ਲਈ ਚੋਣ



**ਬਾਘਾ ਪੁਰਾਣਾ ਸਤੰਬਰ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਸੰਸਥਾ ਸਪਰਿੰਗ ਫੀਲਡ ਕਾਨਵੈਂਟ ਸਕੂਲ ਦੇ ਬੱਚਿਆਂ ਨੇ ਜ਼ੋਨ ਲੈਵਲ ਵਿਚ ਵਧੀਆ ਕਾਰਗੁਜ਼ਾਰੀ ਦਿਖਾਈ, ਜਿਸ ਕਰਕੇ ਜ਼ਿਲ੍ਹਾ ਮੋਗਾ ਦੀ ਟੀਮ ਵਿਚ ਬੱਚਿਆਂ ਨੂੰ ਸ਼ਾਮਲ ਕੀਤਾ ਗਿਆ ਹੈ। ਮੋਗਾ ਜ਼ਿਲੇ ਵਿਚੋਂ ਪੰਜਾਬ ਟੀਮ ਵਿਚ ਸ਼ਾਮਲ ਹੋਣ ਵਾਲੇ ਸਕੂਲ ਦੇ ਬੱਚੇ ਹੈਂਡਬਾਲ-ਪੁਨੀਤ ਕੌਰ ਅੰਡਰ-17, ਨਵਦੀਪ ਕੌਰ ਅੰਡਰ-17, ਜਸ਼ਨਦੀਪ ਕੌਰ ਅੰਡਰ-14,ਹਰਲੀਨ ਕੌਰ ਅੰਡਰ-14, ਪ੍ਰਭਜੋਤ ਕੌਰ ਅੰਡਰ-14, ਗੁਰਦੀਪ ਕੌਰ ਅੰਡਰ-19, ਰਾਜਦੀਪ ਕੌਰ ਅੰਡਰ-19,ਪ੍ਰਭਦੀਪ ਸਿੰਘ ਅੰਡਰ-17, ਫੁੱਟਬਾਲ ਟੀਮ ਵਿਚ ਗੁਰਨੂਰ ਸਿੰਘ ਅੰਡਰ-17, ਕ੍ਰਿਕਟ ਵਿਚ ਮੋਹਿਤ ਸ਼ਰਮਾ ਅੰਡਰ-19, ਉਦਿਤ ਸਿੰਗਲਾ ਅੰਡਰ-19 ਰੈਸਲਿੰਗ ਵਿਚ ਗੁਰਹਿਮਤ ਕੌਰ ਅੰਡਰ-14 ਹਨ। ਇਨ੍ਹਾਂ ਬੱਚਿਆਂ ਨੂੰ ਸਕੂਲ ਚੇਅਰਮੈਨ ਨਰ ਸਿੰਘ ਬਰਾੜ ਅਤੇ ਪ੍ਰਿੰਸੀਪਲ ਬਾਇਜੂ ਵਿਜੇ ਨੇ ਵਧਾਈ ਦਿੱਤੀ ਅਤੇ ਡੀ.ਪੀ.ਈ. ਹਰਜਿੰਦਰ ਸਿੰਘ ਅਤੇ ਡੀ.ਪੀ.ਈ. ਹਰਦੀਪ ਕੌਰ ਦੁਆਰਾ ਬੱਚਿਆਂ ਨੂੰ ਕਰਵਾਈ ਗਈ ਸਖ਼ਤ ਮਿਹਨਤ ਦੀ ਪ੍ਰਸ਼ੰਸਾ ਕੀਤੀ।

# ਅਗਾਮੀ ਚੋਣਾਂ 'ਚ ਨਸ਼ੇ ਦਾ ਮੁੱਦਾ ਹਾਵੀ ਰਹੇਗਾ : ਐਡਵੋਕੇਟ ਗੋਇਲ




**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਜਿਉਂ-ਜਿਉਂ ਆਗਾਮੀ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਤਿਉਂ-ਤਿਉਂ ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਨੇ ਆਪਣੀਆਂ ਚੋਣ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਵੱਖ-ਵੱਖ ਸਿਆਸੀ ਧਿਰਾਂ ਵੱਲੋਂ ਨਸ਼ਿਆਂ ਦੇ ਮੁੱਦੇ ਨੂੰ ਪ੍ਰਮੁੱਖਤਾ ਨਾਲ ਉਠਾਇਆ ਜਾ ਰਿਹਾ ਹੈ, ਜਿਸ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਨਸ਼ਿਆਂ ਦਾ ਮੁੱਦਾ ਅਹਿਮ ਚੋਣ ਮੁੱਦਾ ਬਣਿਆ ਰਹੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਐਡਵੋਕੇਟ ਚਮਨ ਲਾਲ ਗੋਇਲ ਨੇ ਹਲਕਾ ਨਿਹਾਲ ਸਿੰਘ ਵਾਲਾ ਦੇ ਕਰੀਬ ਇੱਕ ਦਰਜਨ ਪਿੰਡਾਂ ਦਾ ਦੌਰਾ ਕਰਨ ਉਪਰੰਤ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ।ਐਡਵੋਕੇਟ ਗੋਇਲ ਨੇ ਕਿਹਾ ਕਿ ਉਨ੍ਹਾਂ ਦੇ ਪਿੰਡਾਂ ਦੇ ਦੌਰੇ ਦੌਰਾਨ ਕੁਝ ਲੋਕਾਂ ਵੱਲੋਂ ਇਹ ਵਿਚਾਰ ਪ੍ਰਗਟ ਕੀਤਾ ਗਿਆ ਕਿ ਨਸ਼ਿਆਂ ਦੀ ਸਮੱਸਿਆ ਨੂੰ ਸਿਆਸੀ ਪਾਰਟੀਆਂ ਵੱਲੋਂ ਚੋਣਾਂ ਸਮੇਂ ਮੁੱਖ ਮੁੱਦੇ ਵਜੋਂ ਉਭਾਰਿਆ ਜਾਂਦਾ ਹੈ, ਜਦ ਕਿ ਇਸ ਸਮੱਸਿਆ ਦੇ ਪੱਕੇ ਹੱਲ ਲਈ ਠੋਸ ਕਦਮ ਚੁੱਕਣ ਦੀ ਲੋੜ ਹੈ।

# ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ ਖ਼ੂਨਦਾਨ ਕੈਂਪ ਲਗਾਇਆ




**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**
ਬਾਬਾ ਫ਼ਰੀਦ ਆਗਮਨ ਪੁਰਬ-2026 ਦੇ ਸ਼ੁੱਭ ਅਵਸਰ 'ਤੇ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਦੇ ਪ੍ਰਿੰਸੀਪਲ ਡਾ. ਪੂਜਾ ਭੱਲਾ ਦੀ ਅਗਵਾਈ ਹੇਠ ਕਾਲਜ ਦੇ ਐੱਨ.ਐੱਸ.ਐੱਸ. ਵਿਭਾਗ, ਯੂਥ ਰੈੱਡ ਕਰਾਸ ਵਿਭਾਗ ਤੇ ਰੈੱਡ ਰਿਬਨ ਕਲੱਬਾਂ ਦੇ ਸਹਿਯੋਗ ਨਾਲ ਸੰਜੀਵਨੀ ਹਾਲ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਮੌਕੇ ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦਿਆਂ ਕੈਂਪ ਦਾ ਉਦਘਾਟਨ ਕੀਤਾ, ਜਦਕਿ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ (ਆਈ.ਏ.ਐੱਸ.) ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਕੇ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਕੈਂਪ ਦਾ ਉਦਘਾਟਨ ਕਰਦਿਆਂ ਮੁੱਖ ਮਹਿਮਾਨ ਸ. ਗੁਰਦਿੱਤ ਸਿੰਘ ਸੇਖੋਂ ਨੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਖ਼ੂਨਦਾਨ ਇੱਕ ਨੇਕ ਤੇ ਮਹਾਨ ਕਾਰਜ ਹੈ, ਜਿਸ ਨਾਲ ਮਨੁੱਖਤਾ ਦੀ ਸੱਚੀ-ਸੁਚੀ ਸੇਵਾ ਹੁੰਦੀ ਹੈ।ਸਾਬਕਾ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ, ਐੱਨ.ਐੱਸ.ਐੱਸ. ਕੋਆਰਡੀਨੇਟਰ ਪ੍ਰੋ. ਹਿਮਾਂਸ਼ੂ ਨਾਗਪਾਲ ਤੇ ਕਨਵੀਨਰ ਡਾ. ਸੁਖਜੀਤ ਸਿੰਘ ਨੇ ਵੀ ਖ਼ੂਨਦਾਨ ਦੀ ਮਹੱਤਤਾ, ਸਮਾਜਿਕ ਬੁਰਾਈਆਂ ਤੇ ਨਸ਼ਿਆਂ ਤੋਂ ਦੂਰ ਰਹਿਣ ਤੇ ਤੰਦਰੁਸਤ ਜੀਵਨ ਜਿਉਣ ਲਈ ਪ੍ਰੇਰਿਤ ਕੀਤਾ।ਕੈਂਪ ਦੌਰਾਨ ਵਿਦਿਆਰਥੀਆਂ, ਸਟਾਫ਼, ਪੁਰਾਣੇ ਵਿਦਿਆਰਥੀਆਂ ਤੇ ਇਲਾਕਾ ਨਿਵਾਸੀਆਂ ਦੇ ਉਤਸ਼ਾਹਜਨਕ ਸਹਿਯੋਗ ਨਾਲ ਕੁੱਲ 55 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।ਖ਼ੂਨਦਾਨ ਕਰਨ ਵਾਲਿਆਂ ਵਿੱਚ ਕਾਲਜ ਦੇ ਪ੍ਰੋ. ਬੂਟਾ ਸਿੰਘ, ਪ੍ਰੋ. ਹਿਮਾਂਸ਼ੂ ਨਾਗਪਾਲ, ਪ੍ਰੋ. ਸ਼ਮਸ਼ੇਰ ਸਿੰਘ, ਡਾ. ਵੀਰਪਾਲ ਕੌਰ, ਪ੍ਰੋ. ਸੁਸ਼ੀਲ ਸਿੰਘ, ਸ੍ਰੀ ਜਤਿੰਦਰ ਕੁਮਾਰ ਤੇ ਸ੍ਰੀ ਸੰਦੀਪ ਕੁਮਾਰ (ਸੀਨੀਅਰ ਐੱਲ.ਏ.) ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।ਕੈਂਪ ਵਿੱਚ ਬਲੱਡ ਬੈਂਕ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ ਦੀ ਡਾਕਟਰੀ ਟੀਮ ਨੇ ਅਹਿਮ ਭੂਮਿਕਾ ਨਿਭਾਈ।ਸਹਾਰਾ ਸੇਵਾ ਸੁਸਾਇਟੀ ਦੇ ਚੇਅਰਮੈਨ ਪ੍ਰਵੀਨ ਕਾਲਾ, ਪ੍ਰਧਾਨ ਅਸ਼ੋਕ ਭਟਨਾਗਰ ਅਤੇ ਸਮੂਹ ਅਹੁਦੇਦਾਰਾਂ ਵੱਲੋਂ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਤੇ ਮੋਮੈਂਟੋ ਦਿੱਤੇ ਗਏ। ਇਸ ਕੈਂਪ ਨੂੰ ਪੰਜਾਬ ਨੈਸ਼ਨਲ ਬੈਂਕ ਫ਼ਰੀਦਕੋਟ ਵੱਲੋਂ ਸਪਾਂਸਰ ਕੀਤਾ ਗਿਆ।ਕੈਂਪ ਦੇ ਅੰਤ ਵਿੱਚ ਮੁੱਖ ਮਹਿਮਾਨਾਂ ਵੱਲੋਂ ਖ਼ੂਨਦਾਨੀਆਂ ਨੂੰ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ।ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਬੂਟਾ ਸਿੰਘ ਤੇ ਪ੍ਰੋ. ਮਨਿੰਦਰ ਕੌਰ ਵਿਰਕ ਨੇ ਨਿਭਾਈ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲੋੜਵੰਦਾਂ ਨੂੰ ਦਿੱਤੀ ਸਹਾਇਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਡਾਕਟਰ ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਵੱਲੋਂ ਡੇਰਾ ਭਾਈ ਮਸਤਾਨ ਸਿੰਘ ਸ੍ਰੀ ਮੁਕਤਸਰ ਸਾਹਿਬ ਵਿਖੇ ਕੰਮ ਕਰਨ ਤੋਂ ਅਸਮਰਥ ਵਿਅਕਤੀਆਂ ਨੂੰ ਇੱਕ ਲੱਖ ਤੀਹ ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਮਹੰਤ ਕਸ਼ਮੀਰ ਸਿੰਘ ਅਤੇ ਡਾਕਟਰ ਮਨਰਾਜ ਸਿੰਘ ਮੈਡੀਕਲ ਅਫ਼ਸਰ ਸ੍ਰੀ ਮੁਕਤਸਰ ਸਾਹਿਬ ਦੀ ਹਾਜ਼ਰੀ ਵਿੱਚ ਦਿੱਤੀ ਗਈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਲੋਕ 70% ਅੰਗਹੀਣ ਹਨ ਅਤੇ ਕੰਮ ਕਰਨ ਤੋਂ ਅਸਮਰਥ ਹਨ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਹ ਰਾਸ਼ੀ ਇਨ੍ਹਾਂ ਨੂੰ ਹਰ ਮਹੀਨੇ ਦਿੱਤੀ ਜਾਂਦੀ ਹੈ।ਡਾਕਟਰ ਮਨਰਾਜ ਸਿੰਘ ਵੱਲੋਂ ਡਾ ਓਬਰਾਏ ਦੇ ਦੁਨੀਆਂ ਭਰ ਵਿੱਚ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦਾਂ ਵੱਲੋਂ ਡਾ ਓਬਰਾਏ ਦਾ ਧੰਨਵਾਦ ਕੀਤਾ ਗਿਆ। ਸਹਾਇਤਾ ਰਾਸ਼ੀ ਲੈਣ ਆਉਣ ਵਾਲੀਆਂ ਲਈ ਲੰਗਰ ਆਦਿ ਦਾ ਪ੍ਰਬੰਧ ਮਹੰਤ ਕਸ਼ਮੀਰ ਸਿੰਘ ਵੱਲੋਂ ਕੀਤਾ ਗਿਆ।ਇਸ ਮੌਕੇ ਕਰਮਜੀਤ ਸਿੰਘ ਏ,ਏ,ਈ ਬਿਜਲੀ ਬੋਰਡ, ਗੁਰਪਾਲ ਸਿੰਘ ਪਾਲੀ, ਮਲਕੀਤ ਸਿੰਘ ਰਿਟਾ ਬੈਂਕ ਮੈਨੇਜਰ ਮੀਤ ਪ੍ਰਧਾਨ, ਅਸ਼ੋਕ ਕੁਮਾਰ, ਬਲਜੀਤ ਸਿੰਘ ਮਾਨ ਰਿਟਾ ਪ੍ਰਿੰਸੀਪਲ, ਗੁਰਜੀਤ ਸਿੰਘ ਜੀਤਾ ਆਦਿ ਹਾਜ਼ਰ ਸਨ।

# ਅਮਨ-ਅਮਾਨ ਕਾਰਨ ਹੀ ਲੱਗ ਰਹੇ ਹਨ ਮੇਲੇ : ਤੇਜਿੰਦਰ ਮਹਿਤਾ



**ਪਟਿਆਲਾ (ਰਾਜਿੰਦਰ ਥਿੰਦ)**-ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਵਲੋਂ ਪੰਜਾਬ ਅੰਦਰ ਅਮਨ-ਕਾਨੂੰਨ ਅਤੇ ਸ਼ਾਂਤੀ ਸਥਾਪਤ ਕਰਨ ਦੇ ਕਾਰਨ ਹੀ ਅੱਜ ਪੰਜਾਬ ਅੰਦਰ ਸ਼ਾਂਤੀ ਦਾ ਮਾਹੌਲ ਬਣਿਆ ਹੋਇਆ ਹੈ।ਅਮਨ-ਕਾਨੂੰਨ ਸਥਾਪਤ ਹੋਣ ਨਾਲ ਹੀ ਪੰਜਾਬ ਅੰਦਰ ਅੱਜ ਖੇਡ ਅਤੇ ਸੱਭਿਆਚਾਰਕ ਮੇਲੇ ਲੱਗ ਰਹੇ ਹਨ।ਪਟਿਆਲਾ ਵਿਖੇ ਸੱਭਿਆਚਾਰ ਨੂੰ ਸਮਰਪਿਤ ਲੱਗੇ ਸਵਦੇਸ਼ੀ ਮੇਲੇ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਤੇਜਿੰਦਰ ਮਹਿਤਾ ਵਲੋਂ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਪ੍ਰਸਿੱਧ ਗਾਇਕ ਆਰ ਨੇਤ ਨੂੰ ਸਨਮਾਨਤ ਕੀਤਾ।ਉਨ੍ਹਾਂ ਕਿਹਾ ਕਿ ਆਰ ਨੇਤ ਦੇਸ਼-ਵਿਦੇਸ਼ ਵਿੱਚ ਆਪਣੀ ਗਾਇਕੀ ਨਾਲ ਨਾਮਣਾ ਖੱਟ ਚੁੱਕੇ ਹਨ ਅਤੇ ਉਨ੍ਹਾਂ ਨੇ ਪੰਜਾਬ ਦਾ ਨਾਮ ਦੁਨੀਆਂ ਭਰ ਵਿਚ ਉਚਾ ਕੀਤਾ ਹੈ।ਮਹਿਤਾ ਨੇ ਮੇਲੇ ਵਿੱਚ ਪਹੁੰਚੇ ਸਮੂਹ ਕਲਾਕਾਰਾਂ ਅਤੇ ਕਲਾ ਪ੍ਰੇਮੀਆਂ ਨੂੰ ਦਿਲੋਂ ਜੀ ਆਇਆਂ ਆਖਿਆ।

# ਲੰਮੇ ਸਮੇਂ ਤੋਂ ਸੰਤਾਪ ਹੰਢਾ ਰਹੇ ਗੁਰੂ ਨਾਨਕ ਬਸਤੀ ਵਾਸੀਆਂ ਨੂੰ ਮਿਲੀ ਰਾਹਤ : ਕਾਕਾ ਬਰਾੜ

## ਸ਼ਹਿਰ 'ਚ ਵੱਡੇ ਪੱਧਰ 'ਤੇ ਚੱਲ ਰਹੇ ਹਨ ਵਿਕਾਸ ਕਾਰਜ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ਼ਹਿਰ ਵਿਖੇ ਚੱਲ ਰਹੇ ਸੀਵਰੇਜ ਤੇ ਵਾਟਰ ਸਪਲਾਈ ਪ੍ਰੋਜੈਕਟ ਦੌਰਾਨ ਸਥਾਨਕ ਬਠਿੰਡਾ ਰੋਡ ਸਥਿਤ ਗੁਰੂ ਨਾਨਕ ਬਸਤੀ ਵਿੱਚ ਸੀਵਰੇਜ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ।ਇਹ ਬਸਤੀ ਪਿਛਲੇ ਲੰਬੇ ਸਮੇਂ ਤੋਂ ਸੰਤਾਪ ਹੰਢਾ ਰਹੀ ਸੀ, ਜਿਸ ਨੂੰ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਰਾਹਤ ਦਿੰਦਿਆਂ ਇਸ ਕੰਮ ਨੂੰ ਸ਼ੁਰੂ ਕਰਵਾਇਆ।ਇਸ ਮੌਕੇ ਕੌਂਸਲਰ ਧਰਮਿੰਦਰ ਸਿੰਘ, ਕੌਂਸਲਰ ਛਿੰਦਰ ਕੌਰ ਤੋਂ ਇਲਾਵਾ ਹੋਰ ਹਾਜ਼ਰ ਸਨ।ਇਸ ਮੌਕੇ ਬਸਤੀ ਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਮੁੱਖਮੰਤਰੀ ਭਗਵੰਤ ਸਿੰਘ ਕਾਨ ਵੱਲੋਂ ਦਿੱਤੀਆਂ ਗਈਆਂ ਗਰੰਟੀਆਂ ਨੂੰ ਪੂਰਾ ਕੀਤਾ ਗਿਆ ਹੈ ਅਤੇ ਇਸ ਤੋਂ ਇਲਾਵਾ ਸ਼ਹਿਰ ਦੀ ਭਲਾਈ ਲਈ ਵਿਕਾਸ ਕਾਰਜ ਜ਼ੋਰ ਸ਼ੋਰ ਨਾਲ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਕਈ ਇਲਾਕੇ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਰਹੇ, ਜਿਸ ਕਾਰਨ ਹੁਣ ਲੋਕਾਂ ਦਾ ਆਮ ਆਦਮੀ ਪਾਰਟੀ ਪ੍ਰੀਤ ਵਿਸ਼ਵਾਸ ਵਧਿਆ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਰ ਵਰਗ ਨੂੰ ਨਾਲ ਲੈ ਕੇ ਚੱਲ ਰਹੀ ਹੈ ਤੇ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਗੁਰੂ ਨਾਨਕ ਬਸਤੀ ਦੇ ਵਸਨੀਕਾਂ ਨੂੰ ਭਰੋਸਾ ਦਿਵਾਇਆ ਕਿ ਸੀਵਰੇਜ ਤੇ ਵਾਟਰ ਸਪਲਾਈ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕਰ ਲਿਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਇਸ ਸਮੱਸਿਆ ਤੋਂ ਪੂਰੀ ਤਰ੍ਹਾਂ ਨਿਜਾਤ ਮਿਲ ਸਕੇ।ਇਸ ਮੌਕੇ ਬਸਤੀ ਵਾਸੀਆਂ ਨੇ ਲੱਡੂ ਵੰਡ ਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਪੂਰੀ ਹੋਈ ਹੈ।ਸ਼ਹਿਰ ਨਿਵਾਸੀਆਂ ਨੇ ਆਮ ਆਦਮੀ ਪਾਰਟੀ ਦੀ ਇਸ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ ਤੇ ਉਮੀਦ ਜਤਾਈ ਕਿ ਸ਼ਹਿਰ ਦੇ ਬਾਕੀ ਰਹਿੰਦੇ ਵਿਕਾਸ ਕਾਰਜ ਵੀ ਇਸੇ ਤਰ੍ਹਾਂ ਜਲਦ ਹੀ ਨੇਪਰੇ ਚੜ੍ਹਨਗੇ।ਇਸ ਮੌਕੇ ਕੌਂਸਲਰ ਸੁਖਜਿੰਦਰ ਸਿੰਘ ਬੱਬਲੂ ਬਰਾੜ, ਗੁਰਪ੍ਰੀਤ ਸਿੰਘ ਕੌਂਸਲਰ, ਹਰਬੰਸ ਸਿੰਘ ਮਾਨ, ਜਸਵਿੰਦਰ ਸਿੰਘ, ਸੁਖਮੰਦਰ ਸਿੰਘ, ਬਲਜਿੰਦਰ ਸਿੰਘ, ਕੌਂਸਲਰ ਰਾਮ ਸਿੰਘ ਪੱਪੀ, ਚੇਅਰਮੈਨ ਵਿਜੇ ਕਨੌਜੀਆ, ਜਸਵਿੰਦਰ ਸਿੰਘ ਬੱਲਮਗੜ੍ਹ ਤੋਂ ਇਲਾਵਾ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

# ਔਰਤ ਦੀ ਕੁੱਟਮਾਰ ਕਰਨ 'ਤੇ ਪਤੀ-ਪਤਨੀ ਖਿਲਾਫ ਕੇਸ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਚੱਕ ਖੁੰਡ ਵਾਲਾ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ ਪਤੀ-ਪਤਨੀ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਪੁਲਸ ਚੌਕੀ ਘੁਬਾਇਆ ਦੇ ਇੰਚਾਰਜ ਏ.ਐੱਸ.ਆਈ. ਅਭੀਸ਼ੇਕ ਸ਼ਰਮਾ ਨੇ ਦੱਸਿਆ ਕਿ ਸ਼ਿਕਾਇਤਕਰਤਾ ਵਿੰਦੋ ਬਾਈ ਪਤਨੀ ਜੰਗੀਰ ਕੌਰ ਵਾਸੀ ਚੱਕ ਖੁੰਡ ਵਾਲਾ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਮਿਤੀ 12-09-2026 ਨੂੰ ਸਵੇਰੇ 9 ਵਜੇ ਆਪਣੀ ਮੱਝਾਂ ਵਾਲੀ ਹਵੇਲੀ ਵਿੱਚ ਮੱਝਾਂ ਨੂੰ ਪਾਣੀ ਵਗੈਰਾ ਰਹੀ ਸੀ ਤਾਂ ਗੀਟਾ ਰਾਣੀ ਤੇ ਉਸ ਦਾ ਪਤੀ ਜਗਸੀਰ ਸਿੰਘ ਪੁੱਤਰ ਲਛਮਣ ਸਿੰਘ ਵਾਸੀਆਨ ਚੱਕ ਖੁੰਡ ਵਾਲਾ ਉਸ ਨੂੰ ਗਾਲੀ-ਗਲੋਚ ਕਰ ਲੱਗ ਪਏ ਤੇ ਜਦੋਂ ਉਹ (ਮੁਦੱਈ ਵਿੰਦੋ ਬਾਈ) ਆਪਣੇ ਘਰ ਨੂੰ ਆਉਣ ਲੱਗੀ ਤਾਂ ਗੀਟਾ ਰਾਣੀ ਤੇ ਉਸ ਦੇ ਪਤੀ ਜਗਸੀਰ ਸਿੰਘ ਨੇ ਉਸ ਦੀ ਕੁੱਟਮਾਰ ਕੀਤੀ। ਪੁਲਸ ਵੱਲੋਂ ਮੁਦੱਈ ਵਿੰਦੋ ਬਾਈ ਦੇ ਬਿਆਨਾਂ 'ਤੇ ਗੀਟਾ ਰਾਣੀ ਤੇ ਜਗਸੀਰ ਸਿੰਘ ਖਿਲਾਫ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਚੱਕ ਪੰਜ ਕੋਹੀ 'ਚ ਵਿਸ਼ੇਸ਼ ਸਫ਼ਾਈ ਅਭਿਆਨ



**ਜਲਾਲਾਬਾਦ (ਜੀਤ ਕੁਮਾਰ/ ਜੰਗੀਰ ਕੌਰ)**-ਇਲਾਕੇ ਨੂੰ ਸਾਫ਼-ਸੁਥਰਾ ਅਤੇ ਬੀਮਾਰੀਆਂ ਮੁਕਤ ਬਣਾਉਣ ਦੇ ਮਨੋਰਥ ਨਾਲ ਜਲਾਲਾਬਾਦ ਦੇ ਪਿੰਡ ਚੱਕ ਪੰਜ ਕੋਹੀ ਵਿਖੇ 'ਸਵੱਛਤਾ ਹੀ ਸੇਵਾ 2026' ਮੁਹਿੰਮ ਅਧੀਨ ਇੱਕ ਬਹੁਤ ਹੀ ਸ਼ਲਾਘਾਯੋਗ ਸਫ਼ਾਈ ਅਭਿਆਨ ਚਲਾਇਆ ਗਿਆ। ਇਹ ਉਪਰਾਲਾ ਪਿੰਡ ਦੇ ਸਰਪੰਚ ਅਤੇ ਸਮੂਹ ਪਿੰਡ ਵਾਸੀਆਂ ਦੇ ਸਾਂਝੇ ਸਹਿਯੋਗ ਅਤੇ ਉਤਸ਼ਾਹ ਨਾਲ ਨੇਪਰੇ ਚੜ੍ਹਿਆ। ਇਸ ਮੁਹਿੰਮ ਦੌਰਾਨ ਪਿੰਡ ਵਾਸੀਆਂ ਨੇ ਇੱਕਜੁੱਟ ਹੋ ਕੇ ਪਿੰਡ ਦੀ ਮੁੱਖ ਫਿਰਨੀ ਦੀ ਮੁਕੰਮਲ ਸਾਫ਼-ਸਫ਼ਾਈ ਕੀਤੀ। ਇਸ ਦੇ ਨਾਲ ਹੀ ਪਿੰਡ ਵਿਖੇ ਸਥਾਪਿਤ ਸਾਲਡ ਵੇਸਟ ਮੈਨੇਜਮੈਂਟ ਪਲਾਂਟ ਅਤੇ ਇਸ ਦੇ ਆਲੇ-ਦੁਆਲੇ ਦੇ ਖੇਤਰ ਨੂੰ ਵਿਸ਼ੇਸ਼ ਤੌਰ 'ਤੇ ਸਾਫ਼ ਕਰਕੇ ਵਾਤਾਵਰਨ ਨੂੰ ਸੁਹਾਵਣਾ ਬਣਾਇਆ ਗਿਆ। ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਜਲਾਲਾਬਾਦ ਵੱਲੋਂ ਅਮਨਦੀਪ ਕੰਬੋਜ ਬੀ. ਆਰ. ਸੀ , ਮੈਡਮ ਪਰਮਿੰਦਰ ਕੌਰ ਬੀ. ਆਰ. ਸੀ, ਸਰਪੰਚ ਗੁਰਮੀਤ ਸਿੰਘ ਅਤੇ ਸਮੂਹ ਮੈਂਬਰ ਸਾਹਿਬਾਨ ਗ੍ਰਾਮ ਪੰਚਾਇਤ, ਅਤੇ ਭੈਣ ਬਰਖ਼ਾ ਕੌਰ ਖਾਲਸਾ ਦੀ ਸਾਰੀ ਟੀਮ ਮੌਜੂਦ ਰਹੇ।

## ਡਾ. ਬਲਜੀਤ ਕੌਰ ਨੇ ਮਲੋਟ ਵਿਖੇ ਚੌਕ ਦੇ ਨਵੀਨੀਕਰਨ ਦਾ ਰੱਖਿਆ ਨੀਂਹ ਪੱਥਰ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਹਲਕਾ ਮਲੋਟ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਪੰਜਾਬ ਡਾ. ਬਲਜੀਤ ਕੌਰ ਨੇ ਐਤਵਾਰ ਮਲੋਟ ਦੇ ਸ੍ਰੀ ਗੁਰੂ ਨਾਨਕ ਦੇਵ ਜੀ ਚੌਕ ਲਈ 17 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਨਵੀਨੀਕਰਨ ਦੇ ਕੰਮ ਲਈ ਨੀਂਹ ਪੱਥਰ ਰੱਖਿਆ।ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਚੌਕ ਦੇ ਨਵੀਨੀਕਰਨ ਦੀ ਮਲੋਟ ਵਾਸੀਆਂ ਦੀ ਪਿਛਲੇ ਲੰਮੇ ਸਮੇਂ ਤੋਂ ਮੰਗ ਸੀ ਅਤੇ ਤਿੰਨ ਮਹੀਨਿਆਂ ਦੇ ਵਿੱਚ ਇਸ ਚੌਕ ਦੇ ਕੰਮ ਨੂੰ ਪੂਰਾ ਕਰ ਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਵਾਅਦਿਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਇਸ ਦੇ ਵਾਅਦੇ ਤਹਿਤ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਮਾਂਵਾਂ ਧੀਆਂ ਸਤਿਕਾਰ ਯੋਜਨਾ ਦੇ ਤਹਿਤ ਅਗਲੀ ਕਿਸ਼ਤ ਰਾਹੀਂ ਪਹਿਲੀ ਅਕਤੂਬਰ ਨੂੰ ਔਰਤਾਂ ਨੂੰ ਸਨਮਾਨ ਰਾਸ਼ੀ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਸਾਢੇ ਚਾਰ ਸਾਲਾਂ ਦੇ ਕੀਤੇ ਕੰਮਾਂ ਨੂੰ ਲੈ ਕੇ ਡੋਰ ਟੂ ਡੋਰ ਜਾਵਾਂਗੇ ਅਤੇ ਲੋਕਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕਰਾਂਗੇ।ਇਸ ਮੌਕੇ ਕਾਰਜ ਸਾਧਕ ਅਫ਼ਸਰ ਮੰਗਤ ਰਾਮ, ਨਗਰ ਕੌਂਸਲ ਪ੍ਰਧਾਨ ਜੋਨੀ ਗਰਗ, ਸ਼ਹਿਰੀ ਪ੍ਰਧਾਨ ਸੋਮ ਕਾਲੜਾ, ਦਫ਼ਤਰ ਇੰਚਾਰਜ ਸਤਪਾਲ ਗਿਰਧਰ, ਆਪ ਆਗੂ ਕਰਮਜੀਤ ਸ਼ਰਮਾ, ਪੀ.ਏ.ਅਰਸ਼ ਸਿੱਧੂ, ਪੀ. ਏ . ਛਿੰਦਰ ਧਾਲ ਸਿੰਘ, ਜ਼ਿਲ੍ਹਾ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਕੁਆਰਡੀਨੇਟਰ ਡਾ. ਸੁਖਦੇਵ ਸਿੰਘ, ਰਾਮ ਸਿੰਘ, ਸਰੂਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

## ਦਸਤਾਰ ਉਤਾਰਨ ਦੀ ਘਟਨਾ ਅਤਿ ਨਿੰਦਣਯੋਗ : ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਥਾਈਲੈਂਡ ਵਿਚ ਇਕ ਬਜ਼ੁਰਗ ਵਿਅਕਤੀ ਨਾਲ ਕੁੱਟਮਾਰ ਕਰਨ ਅਤੇ ਉਸ ਦੀ ਦਸਤਾਰ ਉਤਾਰੇ ਜਾਣ ਸੰਬੰਧੀ ਸੋਸ਼ਲ ਮੀਡੀਆ 'ਤੇ ਸਾਹਮਣੇ ਆਈ ਵੀਡੀਓ 'ਤੇ ਘਟਨਾ ਨੂੰ ਬੇਹੱਦ ਮੰਦਭਾਗਾ ਅਤੇ ਚਿੰਤਾਜਨਕ ਆਖਿਆ ਹੈ।ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਕਿਹਾ ਕਿ ਬਜ਼ੁਰਗ ਸਿੱਖ ਦੀ ਦਸਤਾਰ ਦੀ ਜਾਣਬੁੱਝ ਕੇ ਬੇਅਦਬੀ ਕਰਨਾ ਅਤੇ ਉਸ ਨਾਲ ਮਾਰਕੁਟਾਈ ਕੀਤੇ ਜਾਣ ਦੀ ਘਟਨਾ ਸਿੱਖ ਭਾਵਨਾਵਾਂ ਨੂੰ ਠੇਸ ਮਾਰਨ ਵਾਲੀ ਹੈ। ਉਨ੍ਹਾਂ ਕਿਹਾ ਕਿ ਦਸਤਾਰ ਸਿੱਖ ਦੀ ਪਛਾਣ ਅਤੇ ਸਤਿਕਾਰ ਦਾ ਪ੍ਰਤੀਕ ਹੈ, ਇਸ ਲਈ ਇਸ ਨਾਲ ਕਿਸੇ ਵੀ ਤਰ੍ਹਾਂ ਦੀ ਅਪਮਾਨਜਨਕ ਹਰਕਤ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀ ਹੈ। ਉਨ੍ਹਾਂ ਜਿਥੇ ਭਾਰਤ ਦੇ ਵਿਦੇਸ਼ ਮੰਤਰੀ ਨੂੰ ਇਹ ਮਾਮਲਾ ਕੂਟਨੀਤਕ ਤੌਰ 'ਤੇ ਥਾਈਲੈਂਡ ਸਰਕਾਰ ਕੋਲ ਉਠਾਉਣ ਲਈ ਆਖਿਆ, ਉਥੇ ਹੀ ਥਾਈਲੈਂਡ ਦੇ ਸੰਬੰਧਤ ਅਧਿਕਾਰੀਆਂ ਨੂੰ ਵੀ ਮਾਮਲੇ ਦੀ ਨਿਰਪੱਖ ਜਾਂਚ ਕਰ ਕੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੀ ਅਪੀਲ ਕੀਤੀ।

## ਕੋਟਾਂ ਕਾਲਜ ਵਿਖੇ 'ਆਓ ਪੁਸਤਕ ਪੜ੍ਹੀਏ' ਲੜੀ ਤਹਿਤ ਪੁਸਤਕ ਸਮੀਖਿਆ



ਦੋਰਾਹਾ (ਹਰਮਿੰਦਰ ਸੇਠ)-ਮਾਤਾ ਗੰਗਾ ਖ਼ਾਲਸਾ ਕਾਲਜ ਮੰਜੀ ਸਾਹਿਬ ਕੋਟਾਂ ਲੁਧਿਆਣਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਰਹਿਨੁਮਾਈ ਅਤੇ ਇੰਜੀ. ਸੁਖਮਿੰਦਰ ਸਿੰਘ, ਸਕੱਤਰ ਵਿੱਦਿਆ ਦੇ ਦਿਸ਼ਾ-ਨਿਰਦੇਸ਼ਾਂ ਅਧੀਨ 'ਆਓ ਪੁਸਤਕ ਪੜ੍ਹੀਏ' ਲੜੀ ਤਹਿਤ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਲਾਇਬ੍ਰੇਰੀ ਵਿਭਾਗ ਦੇ ਸਹਿਯੋਗ ਨਾਲ ਪੁਸਤਕ ਸਮੀਖਿਆ ਦਾ ਆਯੋਜਨ ਕੀਤਾ ਗਿਆ। ਇਸ ਉਪਰਾਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਪੁਸਤਕਾਂ ਅਤੇ ਸਾਹਿਤ ਪ੍ਰਤੀ ਰੁਚੀ ਪੈਦਾ ਕਰਨਾ, ਉਨ੍ਹਾਂ ਦੀ ਪੜ੍ਹਨ ਦੀ ਆਦਤ ਨੂੰ ਵਿਕਸਿਤ ਕਰਨਾ ਅਤੇ ਉਨ੍ਹਾਂ ਨੂੰ ਸਾਰਥਕ ਤੇ ਗੁਣਵੱਤਾਪੂਰਨ ਸਾਹਿਤ ਨਾਲ ਜੋੜਨਾ ਸੀ।ਸਮਾਗਮ ਦੌਰਾਨ ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਮਨਜੀਤ ਕੌਰ ਭੱਟੀ ਨੇ ਵਿਦਿਆਰਥੀਆਂ ਨੂੰ ਪੁਸਤਕਾਂ ਨਾਲ ਜੁੜਨ ਲਈ ਪ੍ਰੇਰਿਤ ਕਰਦਿਆਂ ਪ੍ਰਸਿੱਧ ਸਾਹਿਤਕਾਰ ਡਾ. ਰਤਨ ਸਿੰਘ ਜੱਗੀ ਦੀ ਪੁਸਤਕ 'ਸਾਹਿਤ ਦੇ ਰੂਪ' ਬਾਰੇ ਵਿਚਾਰ-ਚਰਚਾ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਪੁਸਤਕ ਸਮੀਖਿਆ ਕਰਨ ਦੇ ਮੁੱਖ ਨੁਕਤਿਆਂ ਅਤੇ ਇਸ ਦੀ ਵਿਧੀ ਬਾਰੇ ਵੀ ਜਾਣਕਾਰੀ ਦਿੱਤੀ।ਡਾ. ਰੂਪ ਕੌਰ ਨੇ ਵਿਦਿਆਰਥੀਆਂ ਨੂੰ ਸਿਲੇਬਸ ਤੋਂ ਇਲਾਵਾ ਵੀ ਚੰਗੀਆਂ ਅਤੇ ਗਿਆਨਵਰਧਕ ਪੁਸਤਕਾਂ ਪੜ੍ਹਨ ਲਈ ਪ੍ਰੇਰਿਤ ਕੀਤਾ। ਲਾਇਬ੍ਰੇਰੀ ਵਿਭਾਗ ਵੱਲੋਂ ਬਲਜੀਤ ਕੌਰ ਨੇ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਨਾਲ ਵੱਧ ਤੋਂ ਵੱਧ ਜੁੜਨ ਅਤੇ ਉਪਲਬਧ ਸਾਹਿਤ ਤੇ ਗਿਆਨਵਰਧਕ ਪੁਸਤਕਾਂ ਦਾ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਮਨਦੀਪ ਕੌਰ ਨੇ ਲਾਇਬ੍ਰੇਰੀ ਦੇ ਨਿਯਮਾਂ ਅਤੇ ਪੁਸਤਕਾਂ ਜਾਰੀ ਕਰਵਾਉਣ ਦੀ ਪ੍ਰਕਿਰਿਆ ਸਬੰਧੀ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ।ਸਮਾਗਮ ਦੌਰਾਨ ਬੀ.ਐੱਸ.ਸੀ. ਭਾਗ ਤੀਜਾ ਦੀ ਵਿਦਿਆਰਥਣ ਨਰਿੰਦਰ ਕੌਰ ਨੇ ਪ੍ਰਸਿੱਧ ਲੇਖਿਕਾ ਦਲੀਪ ਕੌਰ ਟਿਵਾਣਾ ਦੀ ਪੁਸਤਕ 'ਗਫ਼ੂਰ ਸੀ ਉਸ ਦਾ ਨਾਂ' ਦੀ ਪੁਸਤਕ ਸਮੀਖਿਆ ਪੇਸ਼ ਕੀਤੀ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਪੰਜਾਬੀ ਵਿਭਾਗ ਅਤੇ ਲਾਇਬ੍ਰੇਰੀ ਵਿਭਾਗ ਵੱਲੋਂ ਕੀਤੇ ਗਏ ਇਸ ਸਾਰਥਕ ਉਪਰਾਲੇ ਦੀ ਸ਼ਲਾਘਾ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਨਿਯਮਿਤ ਤੌਰ 'ਤੇ ਚੰਗੀਆਂ ਪੁਸਤਕਾਂ ਪੜ੍ਹਨ ਅਤੇ ਆਪਣੇ ਗਿਆਨ ਦੇ ਦਾਇਰੇ ਨੂੰ ਵਿਸ਼ਾਲ ਕਰਨ ਲਈ ਪ੍ਰੇਰਿਤ ਕੀਤਾ।

## ਗੋਲੀਆਂ ਮਾਰ ਕੇ ਨੌਜਵਾਨ ਦਾ ਕਤਲ

ਜ਼ੀਰਾ (ਨਰਿੰਦਰ ਅਨੇਜਾ)-ਪੁਲਸ ਥਾਣਾ ਮੱਖੂ ਅਧੀਨ ਪੈਂਦੇ ਪਿੰਡ ਪੱਧਰੀ ਵਿਖੇ ਸਹੁਰੇ ਪਰਵਾਰ ਵੱਲੋਂ ਦਿਨ ਦਿਹਾੜੇ ਇਕ ਨੌਜਵਾਨ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਸਿਵਲ ਹਸਪਤਾਲ ਜ਼ੀਰਾ ਵਿਖੇ ਮ੍ਰਿਤਕ ਦਵਿੰਦਰ ਸਿੰਘ ਉਰਫ ਦੀਪੂ (23) ਪੁੱਤਰ ਰਸਾਲ ਸਿੰਘ ਵਾਸੀ ਪਿੰਡ ਦੀਨੇ ਕੇ ਦੇ ਭਰਾ ਮਲਕੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੀ ਭੈਣ ਸਰਬਜੀਤ ਕੌਰ ਦਾ ਵਿਆਹ ਬਲਜੀਤ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਪਿੰਡ ਲੱਖੋ ਕੇ ਬਹਿਰਾਮ ਨਾਲ ਵਿਆਹੀ ਹੋਈ ਸੀ। ਉਸ ਨੇ ਦੋਸ਼ ਲਗਾਉਂਦਿਆਂ ਦੱਸਿਆ ਕਿ ਸਾਡੀ ਭੈਣ ਸਰਬਜੀਤ ਕੌਰ ਦੇ ਸਹੁਰੇ ਪਰਵਾਰ ਦੇ ਮੈਂਬਰ ਅਕਸਰ ਹੀ ਉਸ ਨਾਲ ਲੜਾਈ ਝਗੜਾ ਕਰਦੇ ਅਤੇ ਕੁੱਟਮਾਰ ਕਰਦੇ ਸਨ। ਜਿਸ ਤੋਂ ਤੰਗ ਆ ਕੇ ਕਰੀਬ 15 ਦਿਨ ਪਹਿਲਾਂ ਅਸੀਂ ਆਪਣੀ ਭੈਣ ਸਰਬਜੀਤ ਕੌਰ ਨੂੰ ਪਿੰਡ ਆਪਣੇ ਕੋਲ ਲੈ ਆਏ ਸੀ। ਮਲਕੀਤ ਸਿੰਘ ਨੇ ਦੱਸਿਆ ਕਿ ਅੱਜ ਜਦੋਂ ਸਾਡਾ ਭਰਾ ਦਵਿੰਦਰ ਸਿੰਘ ਆਪਣੀ ਬਾਂਹ 'ਤੇ ਪੱਟੀ ਕਰਵਾਉਣ ਲਈ ਮੋਟਰਸਾਈਕਲ 'ਤੇ ਪਿੰਡ ਪੱਧਰੀ ਵਿਖੇ ਜਾ ਰਿਹਾ ਸੀ ਤਾਂ ਰਸਤੇ ਵਿੱਚ ਅਸਲੇ ਸਮੇਤ ਦੋ ਗੱਡੀਆਂ 'ਤੇ ਸਵਾਰ ਹੋ ਕੇ ਆਏ ਸਾਡੀ ਭੈਣ ਦੇ ਸਹੁਰਾ ਪਰਵਾਰ ਦੇ ਮੈਂਬਰਾਂ ਨੇ ਉਸ 'ਤੇ ਗੋਲੀਆਂ ਚਲਾ ਦਿੱਤੀਆਂ ਜਿਨ੍ਹਾਂ ਵਿੱਚੋਂ ਇੱਕ ਗੋਲੀ ਉਸ ਦੇ ਹੱਥ ਅਤੇ ਦੂਸਰੀ ਗੋਲੀ ਛਾਤੀ ਵਿੱਚ ਲੱਗਣ ਕਾਰਨ ਉਹ ਗੰਭੀਰ ਰੂਪ ਵਿੱਚ ਫੱਟੜ ਹੋ ਗਿਆ, ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਜ਼ੀਰਾ ਵਿਖੇ ਲਿਆਂਦਾ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ।ਹਮਲਾਵਰਾਂ ਦੀਆਂ ਗੱਡੀਆਂ ਦੀਆਂ ਫੋਟੋਆਂ ਵੀ ਸੀ.ਸੀ.ਟੀ.ਵੀ.ਕੈਮਰੇ ਵਿੱਚ ਕੈਦ ਹੋ ਗਈਆਂ ਹਨ। ਇਸ ਸਬੰਧ ਵਿੱਚ ਸੂਚਨਾ ਮਿਲਣ 'ਤੇ ਥਾਣਾ ਮੱਖੂ ਦੀ ਪੁਲਸ ਨੇ ਮ੍ਰਿਤਕ ਦੀ ਲਾਸ਼ ਕਬਜ਼ੇ ਵਿੱਚ ਲੈ ਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



## ਖਾਲੀ ਪਲਾਟਾਂ 'ਚ ਪਏ ਪਲਾਸਟਿਕ ਦੇ ਲਿਫ਼ਾਫ਼ੇ ਚੁਕਵਾ ਕੇ ਸਫ਼ਾਈ ਕਰਵਾਈ



ਪਾਤੜਾਂ/ਘੱਗਾ (ਨਿਸ਼ਾਨ ਸਿੰਘ ਬਣਵਾਲਾ)-ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਕਸਬਾ ਘੱਗਾ ਦੀ ਨਗਰ ਪੰਚਾਇਤ ਵੱਲੋਂ ਪੰਜਾਬ ਸਰਕਾਰ ਦੀ ਤਰਫੋਂ ਸੂਬੇ ਵਿੱਚ ਚਲਾਈ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਪ੍ਰਧਾਨ ਮਿੰਟੂ ਸਿੰਘ ਅਤੇ ਕਾਰਜ ਸਾਧਕ ਅਫ਼ਸਰ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਸ਼ਹਿਰ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ। ਇਸ ਦੌਰਾਨ ਵੱਖ-ਵੱਖ ਥਾਵਾਂ ਤੇ ਖਾਲੀ ਪਲਾਟਾਂ ਵਿੱਚ ਪਏ ਪਲਾਸਟਿਕ ਦੇ ਲਿਫ਼ਾਫ਼ੇ ਅਤੇ ਹੋਰ ਕੂੜਾ ਚੁਕਵਾ ਕੇ ਸਫ਼ਾਈ ਕਰਵਾਈ ਗਈ। ਨਗਰ ਪੰਚਾਇਤ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਕੂੜਾ ਸੜਕਾਂ ਦੇ ਕਿਨਾਰਿਆਂ, ਖਾਲੀ ਪਲਾਟਾਂ ਅਤੇ ਜਨਤਕ ਥਾਵਾਂ 'ਤੇ ਨਾ ਸੁੱਟਣ ਅਤੇ ਕੂੜੇ ਨੂੰ ਨਿਰਧਾਰਤ ਸਥਾਨਾਂ 'ਤੇ ਹੀ ਪਾਉਣ।ਅਧਿਕਾਰੀਆਂ ਨੇ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਲਈ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ 'ਸਵੱਛਤਾ ਹੀ ਸੇਵਾ' ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ।

## ਭਾਰਤੀ ਕਿਸਾਨ ਯੂਨੀਅਨ ਏਕਤਾ 5 ਨੂੰ ਡਿਪਟੀ ਕਮਿਸ਼ਨਰ ਦਫਤਰ ਦਾ ਕਰੇਗੀ ਘਿਰਾਓ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੀ ਮੀਟਿੰਗ ਜਗਦੀਪ ਸਿੰਘ ਛੰਨਾ ਦੀ ਪ੍ਰਧਾਨਗੀ ਹੇਠ ਡਰੌਲੀ ਵਿਖੇ ਹੋਈ। ਜਿਸ ਵਿੱਚ ਜ਼ਿਲ੍ਹਾ ਪਟਿਆਲਾ ਦੇ ਵੱਖ-ਵੱਖ ਪਿੰਡ ਇਕਾਈਆਂ ਦੇ ਆਗੂ ਤੇ ਬਲਾਕ ਕਮੇਟੀਆਂ ਦੇ ਨੁਮਾਇੰਦੇ ਸ਼ਾਮਲ ਹੋਏ। ਮੀਟਿੰਗ ਵਿੱਚ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾ ਝਾੜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਉਗਰਾਹਾਂ ਨੇ 14 ਸਤੰਬਰ ਤੱਕ ਚੱਲੇ ਪੱਕੇ ਮੋਰਚਾ ਵਿੱਚ ਕਿਸਾਨਾਂ ਦੀ ਸ਼ਮੂਲੀਅਤ ਤੇ ਮੰਗਾਂ ਪ੍ਰਤੀ ਦੱਸਦੇ ਹੋਏ ਕਿਹਾ ਕਿ ਸਰਕਾਰ ਕਿਸਾਨੀ ਮੰਗਾਂ ਪ੍ਰਤੀ ਘੇਸਲ ਮਾਰੀ ਬੈਠੀ ਹੈ ਤੇ ਲਾਰੇ ਲੱਪੇ ਲਾ ਕੇ ਸਮਾਂ ਲੰਘਾ ਰਹੀ ਹੈ। ਅਬਾਦਕਾਰਾਂ ਦੇ ਮਾਲਕੀ ਹੱਕ ਦੇਣ, ਕਰਜ਼ੇ ਦੀ ਸਮੱਸਿਆ ਨੂੰ ਹੱਲ ਕਰਨ, ਲੈਂਡ ਪੂਲਿੰਗ ਨੀਤੀ ਵਾਪਸ ਲੈਣ, ਸੰਘਰਸ਼ਾਂ ਦੌਰਾਨ ਕਿਸਾਨਾਂ ਖਿਲਾਫ ਦਰਜ ਕੀਤੇ ਕੇਸ ਵਾਪਸ ਲੈਣ, ਫਸਲਾਂ ਦੇ ਨੁਕਸਾਨ ਦਾ ਮੁਆਵਜ਼ਾ ਤੇ ਖੁਦਕੁਸ਼ੀ ਪੀੜਤ, ਪਰਵਾਰਾਂ ਨੂੰ ਰਾਹਤ ਦੇਣ ਦੀ ਥਾਂ ਪੰਜਾਬ ਨੂੰ ਪੁਲਸ ਰਾਜ ਵਿੱਚ ਤਬਦੀਲ ਕਰਕੇ ਲੋਕਾਂ ਦੀ ਜ਼ਬਾਨਬੰਦੀ ਕਰ ਰਹੀ ਹੈ। ਜਗਤਾਰ ਸਿੰਘ ਕਾਲਾਝਾੜ ਨੇ ਕਿਹਾ ਕਿ ਮੁੱਦਿਆ 'ਤੇ ਬੋਲਦੇ ਹੋਏ ਮੰਗਾਂ ਦੀ ਪ੍ਰਾਪਤੀ ਲਈ ਅੰਤ ਨੂੰ ਵੱਡੇ ਪੱਧਰ 'ਤੇ ਜਥੇਬੰਦ ਹੋਣ ਦੀ ਲੋੜ ਨੂੰ ਉਭਾਰਿਆ ਗਿਆ ਤੇ ਸੂਬਾ ਕਮੇਟੀ ਵੱਲੋਂ 5 ਅਕਤੂਬਰ ਨੂੰ ਡੀ.ਸੀ. ਦਫਤਰ ਪਟਿਆਲਾ ਦੇ ਘਿਰਾਓ ਸਬੰਧੀ ਵਿਉਂਤਬੰਦੀ ਕੀਤੀ ਗਈ। ਮੀਟਿੰਗ ਵਿਖੇ ਵੱਖ-ਵੱਖ ਬਲਾਕ ਆਗੂਆਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਪ੍ਰਚਾਰ ਤੇ ਲਾਮਬੰਦੀ ਕਰਕੇ ਵੱਡੀ ਗਿਣਤੀ ਵਿੱਚ 5 ਅਕਤੂਬਰ ਨੂੰ ਪਟਿਆਲਾ ਵਿਖੇ ਪਹੁੰਚਣ ਦਾ ਫੈਸਲਾ ਕੀਤਾ ਗਿਆ ਤੇ ਔਰਤਾਂ ਦੀ ਵੱਡੀ ਪੱਧਰ 'ਤੇ ਸ਼ਮੂਲੀਅਤ ਕਰਵਾਉਣ ਦਾ ਅਹਿਦ ਲਿਆ ਗਿਆ। ਇਸ ਸਮੇਂ ਜਨਰਲ ਸਕੱਤਰ ਸੁਖਮਿੰਦਰ ਸਿੰਘ ਬਾਰਨ, ਜਗਮੇਲ ਸਿੰਘ ਗਾਜੇਵਾਲ ਜ਼ਿਲ੍ਹਾ ਸੰਗਠਨ ਸਕੱਤਰ ਬਲਰਾਜ ਜੋਸ਼ੀ ਤੋਂ ਇਲਾਵਾ ਭਰਪੂਰ ਸਿੰਘ ਗਾਜੇਵਾਸ, ਹਰਦੀਪ ਡਰੌਲੀ, ਜਸਵਿੰਦਰ ਸਿੰਘ ਸਾਲੂਵਾਲ, ਮਨਦੀਪ ਬਾਰਨ, ਅਵਤਾਰ ਸਿੰਘ ਬੁਰੜ, ਅਵਤਾਰ ਫੱਗਣ ਮਾਜਰਾ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂ ਵਰਕਰ/ਔਰਤਾਂ, ਭੈਣਾਂ ਸ਼ਾਮਲ ਸਨ।

## ਮੁਲਾਜ਼ਮਾਂ ਨੂੰ 8 ਫ਼ੀਸਦੀ ਡੀ ਏ ਵਾਧਾ ਦੇਣਾ ਸਰਕਾਰ ਦਾ ਸਵਾਗਤਯੋਗ ਕਦਮ : ਡਾ. ਜਸਪ੍ਰੀਤ ਸਿੰਘ ਬੀਜਾ



ਦੋਰਾਹਾ (ਹਰਮਿੰਦਰ ਸੇਠ)- ਐਸ.ਸੀ. ਵਿੰਗ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਡਾ. ਜਸਪ੍ਰੀਤ ਸਿੰਘ ਬੀਜਾ ਨੇ ਪੰਜਾਬ ਸਰਕਾਰ ਵੱਲੋਂ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ ਵਿੱਚ 8 ਫ਼ੀਸਦੀ ਵਾਧਾ ਕਰਕੇ ਡੀ.ਏ. ਨੂੰ 50 ਫ਼ੀਸਦੀ ਕਰਨ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਇਸ ਨੂੰ ਮੁਲਾਜ਼ਮਾਂ ਲਈ ਵੱਡੀ ਰਾਹਤ ਕਰਾਰ ਦਿੱਤਾ ਹੈ।ਡਾ. ਬੀਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੁਲਾਜ਼ਮ ਜਥੇਬੰਦੀਆਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਗੰਭੀਰਤਾ ਦਿਖਾਈ ਗਈ ਹੈ। ਡੀ.ਏ. ਵਿੱਚ 8 ਫ਼ੀਸਦੀ ਵਾਧੇ ਦਾ ਫ਼ੈਸਲਾ ਕਰਨਾ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਨਿਰੰਤਰ ਸੰਵਾਦ ਰੱਖਣ ਦਾ ਫ਼ੈਸਲਾ ਵੀ ਸ਼ਲਾਘਾਯੋਗ ਹੈ। ਡਾ. ਬੀਜਾ ਨੇ ਆਸ ਪ੍ਰਗਟਾਈ ਕਿ ਅਕਤੂਬਰ ਵਿੱਚ ਹੋਣ ਵਾਲੀ ਅਗਲੀ ਮੀਟਿੰਗ ਦੌਰਾਨ ਹੋਰ ਲੰਬਿਤ ਮੰਗਾਂ 'ਤੇ ਵੀ ਠੋਸ ਫ਼ੈਸਲੇ ਲਏ ਜਾਣਗੇ।ਡਾ. ਬੀਜਾ ਨੇ ਕਿਹਾ ਕਿ ਮੁਲਾਜ਼ਮਾਂ ਦੇ ਹਿੱਤਾਂ ਨਾਲ ਜੁੜੇ ਮਸਲਿਆਂ ਦਾ ਸਮੇਂ ਸਿਰ ਹੱਲ ਹੋਣ ਨਾਲ ਸਰਕਾਰੀ ਪ੍ਰਬੰਧਨ ਹੋਰ ਪ੍ਰਭਾਵਸ਼ਾਲੀ ਬਣੇਗਾ ਅਤੇ ਮੁਲਾਜ਼ਮ ਵੀ ਹੋਰ ਉਤਸ਼ਾਹ ਨਾਲ ਆਪਣੀਆਂ ਸੇਵਾਵਾਂ ਨਿਭਾਉਣਗੇ।

## ਹਰ ਘਰ ਪੰਜਾ-ਹਰ ਘਰ ਝੰਡਾ ਅਭਿਆਨ ਤਹਿਤ ਕਾਂਗਰਸ ਨੂੰ ਮਜ਼ਬੂਤ ਕੀਤਾ ਜਾਵੇਗਾ : ਗੌਰਵ ਸੰਧੂ



ਸਨੌਰ, ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਚੇਅਰਮੈਨ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਵਿਸ਼ੇਸ਼ ਮੁਲਾਕਾਤ ਕਰਕੇ 2027 ਦੀਆਂ ਅਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗੌਰਵ ਸੰਧੂ ਨੇ ਦੱਸਿਆ ਕਿ ਪੰਜਾਬ ਪ੍ਰਦੇਸ਼ ਕਾਂਗਰਸ ਵਲੋਂ ਹਰ ਘਰ ਪੰਜਾ, ਹਰ ਘਰ ਝੰਡਾ ਨਾਮ ਹੇਠ ਰਾਜ ਪੱਧਰੀ ਅਭਿਆਨ ਦੀ ਸ਼ੁਰੂਆਤ ਕੀਤੀ ਗਈ। ਇਸ ਸਬੰਧੀ ਦੱਸਿਆ ਕਿ ਕਾਂਗਰਸ ਨੂੰ 2027 ਦੀਆਂ ਚੋਣਾਂ ਵਿਚ ਕਾਮਯਾਬ ਕਰਨ ਲਈ ਚਲਾਏ ਗਏ ਇਸ ਮਿਸ਼ਨ ਰਾਹੀਂ ਕਾਂਗਰਸ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾਵੇਗਾ। ਸੰਧੂ ਨੇ ਕਿਹਾ ਕਿ ਹਰ ਘਰ ਪੰਜਾ, ਹਰ ਘਰ ਝੰਡਾ ਸਿਰਫ਼ ਝੰਡਾ ਲਗਾਉਣ ਦਾ ਪ੍ਰੋਗਰਾਮ ਨਹੀਂ ਸਗੋਂ ਪੰਜਾਬ ਦੇ ਹਰ ਘਰ ਤੱਕ ਕਾਂਗਰਸ ਦੀ ਵਿਚਾਰਧਾਰਾ, ਸੰਗਠਨ ਅਤੇ ਯੂਥ ਕਾਂਗਰਸ ਦੀ ਆਵਾਜ਼ ਪਹੁੰਚਾਉਣ ਦਾ ਇੱਕ ਵੱਡਾ ਅਭਿਆਨ ਹੈ।ਅਭਿਆਨ ਤਹਿਤ ਕਾਂਗਰਸ ਦੇ ਵਰਕਰ ਜ਼ਿਲ੍ਹਾ, ਵਿਧਾਨ ਸਭਾ, ਬਲਾਕ, ਮੰਡਲ/ਵਾਰਡ ਅਤੇ ਬੂਥ ਪੱਧਰ ਤੱਕ ਘਰ-ਘਰ ਸੰਪਰਕ ਕਰਨਗੇ। ਇਸ ਦੌਰਾਨ ਆਮ ਲੋਕਾਂ ਅਤੇ ਖਾਸ ਕਰਕੇ ਨੌਜਵਾਨਾਂ ਨਾਲ ਸਿੱਧਾ ਸੰਵਾਦ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੁੱਦਿਆਂ ਨੂੰ ਸੁਣਿਆ ਜਾਵੇਗਾ।ਇਸ ਮੁਹਿੰਮ ਦਾ ਮੁੱਖ ਉਦੇਸ਼ ਕਾਂਗਰਸ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨਾ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਯੂਥ ਕਾਂਗਰਸ ਨਾਲ ਜੋੜਨਾ ਹੈ। ਜਿੱਥੇ ਸਥਾਨਕ ਨਿਯਮਾਂ ਅਤੇ ਜਾਇਦਾਦ ਦੇ ਮਾਲਕ ਦੀ ਇਜਾਜ਼ਤ ਹੋਵੇਗੀ, ਉੱਥੇ ਕਾਂਗਰਸ ਦਾ ਝੰਡਾ ਲਗਾਇਆ ਜਾਵੇਗਾ। ਇਸ ਦੇ ਨਾਲ ਹੀ ਅਭਿਆਨ ਨੂੰ ਡਿਜੀਟਲ ਪੱਧਰ 'ਤੇ ਵੀ ਵੱਡੇ ਪੱਧਰ 'ਤੇ ਚਲਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਅਭਿਆਨ ਦਾ ਮਕਸਦ ਸਿਰਫ਼ ਝੰਡਾ ਲਗਾਉਣਾ ਨਹੀਂ, ਸਗੋਂ ਪੰਜਾਬ ਦੇ ਹਰ ਘਰ ਤੱਕ ਕਾਂਗਰਸ ਦੀ ਆਵਾਜ਼ ਪਹੁੰਚਾਉਣਾ, ਲੋਕਾਂ ਦੀ ਗੱਲ ਸੁਣਨਾ ਅਤੇ ਨੌਜਵਾਨਾਂ ਨੂੰ ਸੰਗਠਨ ਨਾਲ ਜੋੜਨਾ ਹੈ।

## ਫ਼ਿਲਮ 'ਸਤਲੁਜ' ਲਈ ਲੱਗੀ ਗੋਲਕ ਦੀ ਰਾਸ਼ੀ ਪਿੰਗਲਵਾੜਾ ਨੂੰ ਹੋਵੇਗੀ ਭੇਟ




ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਫ਼ਿਲਮ 'ਸਤਲੁਜ' ਦੇ ਸਮਰਥਨ ਵਿੱਚ ਨਾਭਾ ਨੇੜਲੇ ਥੂਹੀ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਲਗਾਈ ਗਈ ਗੋਲਕ ਹੁਣ ਮਨੁੱਖਤਾ ਦੀ ਸੇਵਾ ਲਈ ਸਮਰਪਤ ਹੋਵੇਗੀ। ਫ਼ਿਲਮ ਦੇ ਨਿਰਮਾਤਾ ਹਨੀ ਤਰੇਹਨ ਨੇ ਗੋਲਕ ਵਿੱਚ ਇਕੱਤਰ ਹੋਈ ਰਾਸ਼ੀ ਪਿੰਗਲਵਾੜਾ ਅੰਮ੍ਰਿਤਸਰ ਨੂੰ ਭੇਟ ਕਰਨ ਦੀ ਇੱਛਾ ਪ੍ਰਗਟਾਈ ਹੈ। ਨਾਲ ਹੀ ਉਨ੍ਹਾਂ ਨੇ ਪਿੰਡ ਵਾਸੀਆਂ ਵੱਲੋਂ ਦਿੱਤੇ ਗਏ ਅਣਮੁੱਲੇ ਸਮਰਥਨ ਲਈ ਧੰਨਵਾਦ ਵੀ ਕੀਤਾ।ਹਨੀ ਤਰੇਹਨ ਨੇ ਸੋਸ਼ਲ ਮੀਡੀਆ 'ਤੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਦਲਵੀਰ ਸਿੰਘ ਥੂਹੀ ਨੂੰ ਟੈਗ ਕਰਦਿਆਂ ਲਿਖਿਆ ਕਿ ਉਨ੍ਹਾਂ ਨੂੰ ਖ਼ੁਸ਼ੀ ਹੈ ਕਿ 'ਸਤਲੁਜ' ਪਿੰਡ ਤੱਕ ਪਹੁੰਚੀ ਅਤੇ ਲੋਕਾਂ ਨੇ ਇਸ ਨੂੰ ਇੰਨਾ ਪਿਆਰ ਦਿੱਤਾ। ਉਨ੍ਹਾਂ ਲਿਖਿਆ, ਸਾਨੂੰ ਸਿਰਫ਼ ਤੁਹਾਡਾ ਪਿਆਰ ਅਤੇ ਅਸ਼ੀਰਵਾਦ ਚਾਹੀਦਾ ਹੈ। ਉਨ੍ਹਾਂ ਪਿੰਡ ਵਾਸੀਆਂ ਦਾ ਇਸ ਵਿਲੱਖਣ ਉਪਰਾਲੇ ਲਈ ਧੰਨਵਾਦ ਕੀਤਾ ਹੈ। ਗੁਰਦੁਆਰਾ ਕਮੇਟੀ ਦੇ ਪ੍ਰਧਾਨ ਦਲਵੀਰ ਸਿੰਘ ਥੂਹੀ ਨੇ ਦੱਸਿਆ ਕਿ ਹਨੀ ਤ੍ਰੇਹਨ ਨੇ ਸੁਨੇਹਾ ਭੇਜ ਕੇ ਬੇਨਤੀ ਕੀਤੀ ਹੈ ਕਿ ਗੋਲਕ ਵਿੱਚ ਇਕੱਤਰ ਹੋਈ ਰਾਸ਼ੀ ਪਿੰਗਲਵਾੜਾ ਅੰਮ੍ਰਿਤਸਰ ਨੂੰ ਭੇਟ ਕਰ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਫ਼ਿਲਮ ਨਿਰਮਾਤਾ ਦੀ ਸਾਦਗੀ ਅਤੇ ਸਮਾਜ ਪ੍ਰਤੀ ਉਨ੍ਹਾਂ ਦੀ ਸੰਵੇਦਨਸ਼ੀਲ ਸੋਚ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ ਹਨੀ ਤ੍ਰੇਹਨ ਦੀ ਇੱਛਾ ਅਨੁਸਾਰ ਗੋਲਕ ਖੋਲ੍ਹ ਕੇ ਸਾਰੀ ਰਾਸ਼ੀ ਪਿੰਗਲਵਾੜਾ ਨੂੰ ਭੇਟ ਕੀਤੀ ਜਾਵੇਗੀ। ਥੂਹੀ ਪਿੰਡ ਵਿੱਚ 'ਸਤਲੁਜ' ਦੀ ਵਿਸ਼ੇਸ਼ ਸਕਰੀਨਿੰਗ ਤੋਂ ਬਾਅਦ ਕਈ ਪਿੰਡ ਵਾਸੀਆਂ ਨੇ ਫ਼ਿਲਮ ਮੁਫ਼ਤ ਦੇਖਣ ਦੀ ਬਜਾਏ ਟਿਕਟ ਦੇ ਬਰਾਬਰ ਰਕਮ ਅਦਾ ਕਰਨ ਦੀ ਇੱਛਾ ਪ੍ਰਗਟਾਈ ਸੀ। ਇਸ ਤੋਂ ਬਾਅਦ ਗੁਰਦੁਆਰਾ ਸਾਹਿਬ ਵਿੱਚ ਫ਼ਿਲਮ ਦੇ ਸਮਰਥਨ ਲਈ ਗੋਲਕ ਰੱਖਣ ਦਾ ਫ਼ੈਸਲਾ ਲਿਆ ਗਿਆ।ਪੰਚਾਇਤ ਮੈਂਬਰ ਅਮਰੀਕ ਸ਼ਰਮਾ ਨੇ ਕਿਹਾ ਕਿ ਭਾਵੇਂ ਉਹ ਨਿਰਮਾਤਾ ਦਾ ਆਰਥਿਕ ਨੁਕਸਾਨ ਪੂਰਾ ਨਹੀਂ ਕਰ ਸਕਦੇ, ਪਰ ਇਹ ਉਨ੍ਹਾਂ ਦੇ ਕੰਮ ਅਤੇ ਹੌਸਲੇ ਨੂੰ ਸਲਾਮ ਕਰਨ ਦਾ ਇੱਕ ਨਿਮਾਣਾ ਯਤਨ ਹੈ।

## ਡੀ ਆਰ ਤਜੇਸ਼ਵਰ ਸਿੰਘ ਨਾਮਜ਼ਦ, ਵਿਭਾਗੀ ਕਾਰਵਾਈ 'ਤੇ ਸਵਾਲ

ਦੋਰਾਹਾ (ਹਰਮਿੰਦਰ ਸੇਠ)-ਪੰਜਾਬ ਵਿਜੀਲੈਂਸ ਬਿਊਰੋ ਦੀ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਵੱਲੋਂ ਰਿਸ਼ਵਤ ਮਾਮਲੇ ਦੀ ਜਾਂਚ ਦੌਰਾਨ ਉੱਪ-ਰਜਿਸਟਰਾਰ ਸਹਿਕਾਰੀ ਸਭਾਵਾਂ ਲੁਧਿਆਣਾ ਤਜੇਸ਼ਵਰ ਸਿੰਘ ਨੂੰ ਵੀ ਮਾਮਲੇ ਵਿੱਚ ਨਾਮਜ਼ਦ ਕੀਤਾ ਗਿਆ ਹੈ।ਵਿਜੀਲੈਂਸ ਵੱਲੋਂ 3 ਸਤੰਬਰ 2026 ਨੂੰ ਬੀ.ਐੱਨ.ਐੱਸ. ਦੀ ਧਾਰਾ 61(2) ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਵਾਧਾ ਜੁਰਮ ਦਰਜ ਕੀਤਾ ਗਿਆ।ਇਹ ਕਾਰਵਾਈ ਸਹਾਇਕ ਰਜਿਸਟਰਾਰ ਨਿਖਿਲ ਗਰਗ ਦੀ ਕਥਿਤ ?1 ਲੱਖ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰੀ ਨਾਲ ਜੁੜੇ ਮਾਮਲੇ ਦੀ ਅਗਲੀ ਜਾਂਚ ਦਾ ਹਿੱਸਾ ਹੈ।ਗਰਗ 'ਤੇ ਸਹਿਕਾਰੀ ਸਭਾ ਦੇ ਮੈਨੇਜਰ ਸ੍ਰ. ਮਨਪ੍ਰੀਤ ਸਿੰਘ, ਜੋ ਵਾਧੂ ਚਾਰਜ ਸੰਭਾਲ ਰਹੇ ਸਨ, ਦੀ ਦੋਰਾਹਾ ਸਹਿਕਾਰੀ ਸਭਾ ਵਿੱਚ ਪੱਕੇ ਤੌਰ 'ਤੇ ਬਦਲੀ ਕਰਵਾਉਣ ਦੇ ਬਦਲੇ ?5 ਲੱਖ ਦੀ ਕਥਿਤ ਰਿਸ਼ਵਤ ਮੰਗਣ ਦਾ ਦੋਸ਼ ਹੈ। ਇਸੇ ਦੌਰਾਨ ਤਜੇਸ਼ਵਰ ਸਿੰਘ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ 27 ਅਕਤੂਬਰ 2026 ਤੱਕ ਅੰਤ੍ਰਿਮ ਗ੍ਰਿਫ਼ਤਾਰੀ ਰਾਹਤ ਮਿਲਣ ਦੀ ਜਾਣਕਾਰੀ ਹੈ।ਅਦਾਲਤੀ ਸ਼ਰਤਾਂ ਅਨੁਸਾਰ ਪਾਸਪੋਰਟ ਜਮ੍ਹਾਂ ਕਰਵਾਉਣ ਤੇ ਵਿਜੀਲੈਂਸ ਜਾਂਚ ਵਿੱਚ ਸ਼ਾਮਲ ਹੋਣ ਦੇ ਨਿਰਦੇਸ਼ ਦਿੱਤੇ ਗਏ ਹਨ।ਤਜੇਸ਼ਵਰ ਸਿੰਘ ਦੇ ਮਾਮਲੇ ਵਿੱਚ ਨਾਮਜ਼ਦ ਹੋਣ ਦੇ ਬਾਵਜੂਦ ਮੌਜੂਦਾ ਅਹੁਦੇ 'ਤੇ ਬਣੇ ਰਹਿਣ ਨੂੰ ਲੈ ਕੇ ਸਹਿਕਾਰਤਾ ਵਿਭਾਗ ਦੀ ਕਾਰਵਾਈ 'ਤੇ ਸਵਾਲ ਉੱਠ ਰਹੇ ਹਨ।ਸਹਿਕਾਰੀ ਸਭਾਵਾਂ ਨਾਲ ਸਿੱਧੇ ਤੌਰ 'ਤੇ ਜੁੜੇ ਕਿਸਾਨਾਂ ਦੇ ਹਿੱਤਾਂ ਨੂੰ ਦੇਖਦਿਆਂ ਮਾਮਲੇ ਵਿੱਚ ਪਾਰਦਰਸ਼ੀ ਤੇ ਉਚਿਤ ਪ੍ਰਸ਼ਾਸਨਿਕ ਕਾਰਵਾਈ ਦੀ ਮੰਗ ਸਾਹਮਣੇ ਆ ਰਹੀ ਹੈ।ਇਸ ਮਾਮਲੇ ਸਬੰਧੀ ਸਹਿਕਾਰਤਾ ਵਿਭਾਗ ਦਾ ਪੱਖ ਜਾਣਨ ਲਈ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਪਟਿਆਲਾ ਮੰਡਲ ਸ੍ਰੀ ਕੁਲਦੀਪ ਕੁਮਾਰ ਨਾਲ ਉਨ੍ਹਾਂ ਦੇ ਫੋਨ ਨੰਬਰ 'ਤੇ ਕਈ ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਉਨ੍ਹਾਂ ਨਾਲ ਫੋਨ 'ਤੇ ਸੰਪਰਕ ਨਹੀਂ ਹੋ ਸਕਿਆ।ਵਿਭਾਗ ਵੱਲੋਂ ਕੋਈ ਪ੍ਰਤੀਕਿਰਿਆ ਮਿਲਣ 'ਤੇ ਉਸ ਨੂੰ ਵੀ ਖ਼ਬਰ ਵਿੱਚ ਸ਼ਾਮਲ ਕੀਤਾ ਜਾਵੇਗਾ।

### ਭਾਜਪਾ ਦੇ ਮੁੱਖ ਦਫਤਰ ਦਾ ਉਦਘਾਟਨ

ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਭਾਜਪਾ ਦਾ ਮੁੱਖ ਦਫਤਰ ਨੰਗਲ ਵਿਖੇ ਖੋਲ੍ਹਿਆ ਗਿਆ ਜਿਸ ਵਿੱਚ ਅਨੰਦਪੁਰ ਸਾਹਿਬ ਤੋਂ ਵੀ ਭਾਰੀ ਗਿਣਤੀ ਵਿੱਚ ਭਾਜਪਾ ਆਗੂ ਸ਼ਾਮਿਲ ਹੋਏ ਜਿਸ ਵਿਚ ਦਲਜੀਤ ਮਾਂਗੇਵਾਲ, ਜਨਰਲ ਸਕੱਤਰ ਪਰਦੀਪ ਕੋਟਲਾ,ਅਮਰ ਸੋਢੀ ਮੀਤ ਪ੍ਰਧਾਨ ਆਪਣੀ ਟੀਮ ਨਾਲ,ਤਰਲੋਚਨ ਮਜਾਰਾ, ਰਣਜੀਤ ਸਿੰਘ,ਸ਼ਾਂਤਨੂ, ਕਮਲ ਜੀ, ਹਰੀ ਓਮ ਕੌਸ਼ਲ,ਮੋਹਿੰਦਰ ਸਿੰਘ,ਧਰਮਪਾਲ,ਮੋਨੂੰ, ਮਹੀਵਾਲ,ਚੰਨਣ ਸਾਬਕਾ ਸਰਪੰਚ, ਗੁਰਪਾਲ ਬਰੋਟੂ, ਅਤੇ ਮਹਿਲਾ ਮੋਰਚਾ ਦੇ ਮੰਡਲ ਪ੍ਰਧਾਨ ਮੀਨਾ ਗਾਂਧੀ, ਪਰਵੀਨ ਕੌਸ਼ਲ,ਕਿਰਨਾ ਗਿੱਲ, ਨਿਧੀ ਕੌਸ਼ਲ,ਹਰਬੰਸ ਕੌਰ,ਵੰਦਨਾ ਸ਼ਾਰਦਾ ਅਤੇ ਭਾਰੀ ਗਿਣਤੀ ਵਿੱਚ ਭਾਜਪਾ ਵਰਕਰ ਪਹੁੰਚੇ।ਅਮਰ ਸੋਢੀ ਨੇ ਦੱਸਿਆ ਕਿ ਇਸ ਦਫ਼ਤਰ ਦੇ ਖੁੱਲਣ ਨਾਲ ਇਲਾਕੇ ਦੀ ਜਨਤਾ ਨੂੰ ਕੇਂਦਰ ਸਰਕਾਰ ਵੱਲੋਂ ਚਲਾਇਆ ਜਾ ਰਹੀਆ ਸਕੀਮਾਂ ਬਾਰੇ ਜਾਣੂ ਕਰਵਾਇਆ ਜਾਵੇਗਾ ਅਤੇ ਹਰ ਤਰ੍ਹਾਂ ਦੇ ਕਾਰਡ,ਜਿਵੇਂ ਕਿਸਾਨ ਕਾਰਡ,ਆਯੁਸ਼ਮਾਨ ਕਾਰਡ, ਕਿਸਾਨ ਬੀਮਾ,ਪ੍ਰਧਾਨ ਮੰਤਰੀ ਅਵਾਸ ਯੋਜਨਾ ਦੇ ਫਾਰਮ ਬਿਨਾ ਕਿਸੇ ਸ਼ੁਲਕ ਤੋਂ ਭਰੇ ਜਾਣਗੇ।

## ਐੱਲ ਈ ਡੀ 'ਤੇ ਦਿਖਾਈ ਗੁਰੂ ਰਵਿਦਾਸ ਜੀ ਦੇ ਜੀਵਨ ਬਾਰੇ ਦਸਤਾਵੇਜ਼ੀ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੁਰੂ ਕੀਤੀ ਗਈ ਵਿਸ਼ੇਸ਼ ਦਸਤਾਵੇਜ਼ੀ ਮੁਹਿੰਮ ਨੂੰ ਪਿੰਡ ਪੱਧਰ 'ਤੇ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਉਪਰਾਲੇ ਦਾ ਮਕਸਦ ਗੁਰੂ ਸਾਹਿਬ ਦੇ ਪਵਿੱਤਰ ਜੀਵਨ, ਸਮਾਜਿਕ ਬਰਾਬਰੀ, ਮਨੁੱਖਤਾ ਤੇ ਭਾਈਚਾਰੇ ਦੇ ਮਹਾਨ ਸੰਦੇਸ਼ ਨੂੰ ਹਰ ਘਰ ਤੱਕ ਪਹੁੰਚਾਉਣਾ ਹੈ, ਤਾਂ ਜੋ ਲੋਕ ਆਪਣੇ ਅਧਿਆਤਮਕ ਤੇ ਸਮਾਜਿਕ ਵਿਰਸੇ ਨਾਲ ਹੋਰ ਮਜ਼ਬੂਤੀ ਨਾਲ ਜੁੜ ਸਕਣ। ਜ਼ਿਲ੍ਹੇ ਦੇ ਬਲਾਕ ਜ਼ੀਰਾ ਦੇ ਢੰਡੀਆਂ ਖੁਰਦ, ਸੰਤੂ ਵਾਲਾ, ਬੋਤੀਆਂ ਵਾਲਾ, ਫੇਰੋ ਕੇ ਤੇ ਨਵਾਂ ਜ਼ੀਰਾ, ਚੂਚਕ ਵਿੰਡ ਆਦਿ ਵਿਖੇ ਆਧੁਨਿਕ ਵੱਡੀ ਐੱਲ.ਈ.ਡੀ. ਸਕ੍ਰੀਨ ਰਾਹੀਂ ਇਹ 30 ਮਿੰਟ ਦੀ ਪ੍ਰਭਾਵਸ਼ਾਲੀ ਦਸਤਾਵੇਜ਼ੀ ਫ਼ਿਲਮ ਸੰਗਤਾਂ ਨੂੰ ਦਿਖਾਈ ਗਈ। ਫ਼ਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੇ ਮਨੁੱਖਤਾਵਾਦੀ ਫ਼ਲਸਫ਼ੇ, ਸਮਾਜਿਕ ਸਮਾਨਤਾ ਤੇ ਲੋਕ-ਭਲਾਈ ਲਈ ਦਿੱਤੇ ਸੰਦੇਸ਼ਾਂ ਨੂੰ ਬਹੁਤ ਹੀ ਪ੍ਰੇਰਨਾਦਾਇਕ ਢੰਗ ਨਾਲ ਪੇਸ਼ ਕੀਤਾ ਗਿਆ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਨਾ ਸਿਰਫ਼ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੋੜਦੇ ਹਨ, ਸਗੋਂ ਸਮਾਜ ਵਿੱਚ ਆਪਸੀ ਪਿਆਰ, ਸਾਂਝ, ਬਰਾਬਰੀ ਤੇ ਸਦਭਾਵਨਾ ਦੀ ਭਾਵਨਾ ਨੂੰ ਵੀ ਹੋਰ ਮਜ਼ਬੂਤ ਕਰਦੇ ਹਨ।

## ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਵਫਦ ਨੇ ਚੇਅਰਮੈਨ ਥਿੰਦ ਨਾਲ ਕੀਤੀ ਮੁਲਾਕਾਤ



ਫਿਰੋਜ਼ਪੁਰ (ਗੁਰਬਚਨ ਸਿੰਘ)-ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਸੂਬਾਈ ਚੇਅਰਮੈਨ (ਕੈਬਨਿਟ ਰੈਂਕ) ਮਲਕੀਤ ਸਿੰਘ ਥਿੰਦ ਦੀ ਰਿਹਾਇਸ਼ ਵਿਖੇ ਘੱਟਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਅਤੇ ਅੱਚਲ ਸਾਹਿਬ ਤੋਂ ਰਾਮਗੜ੍ਹੀਆ ਭਾਈਚਾਰੇ ਤਰਫੋਂ ਗੁਰਨਾਮ ਸਿੰਘ ਅਧਾਰਿਤ 2 ਮੈਂਬਰੀ ਵਫਦ ਨੇ ਮੁਲਾਕਾਤ ਕੀਤੀ।ਇਸ ਮੁਲਾਕਾਤ ਦੌਰਾਨ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਚੇਅਰਮੈਨ ਥਿੰਦ ਨੂੰ ਸੱਦਾ ਦਿੱਤਾ ਕਿ ਉਹ ਜ਼ਿਲ੍ਹਾ ਪੱਧਰ ਤੋਂ ਇਲਾਵਾ ਸਥਾਨਕ ਪੱਧਰ 'ਤੇ ਵੀ ਭਾਈਚਾਰੇ ਦੀ ਸੁਣਵਾਈ ਕਰਨ।ਉਨ੍ਹਾ ਚੇਅਰਮੈਨ ਥਿੰਦ ਨੂੰ ਸੁਝਾਅ ਦਿੱਤਾ ਕਿ ਜ਼ਿਲਾ ਅਤੇ ਬਲਾਕ ਪੱਧਰ ਤੇ ਕਮਿਸ਼ਨ ਦਾ ਸਹਿਯੋਗ ਕਰਨ ਲਈ ਤਾਲਮੇਲ ਕਮੇਟੀਆਂ ਦੀ ਬਹਾਲੀ 'ਤੇ ਵਿਚਾਰ ਕਰਨ।ਚੇਅਰਮੈਨ ਥਿੰਦ ਨੇ ਆਪਣੀ ਰਿਹਾਇਸ਼ 'ਤੇ ਰੱਖੀ ਪੱਤਰਕਾਰ ਮਿਲਣੀ ਮੌਕੇ ਦੱਸਿਆ ਕਿ ਬਿਆਸ ਤੋਂ ਸਤਨਾਮ ਸਿੰਘ ਗਿੱਲ ਅਤੇ ਗੁਰਨਾਮ ਸਿੰਘ ਅੱਜ ਮੈਨੂੰ ਮਿਲਣ ਲਈ ਮੇਰੇ ਕੋਲ ਆਏ ਹਨ।ਇਨ੍ਹਾਂ ਨਾਲ ਭਾਈਚਾਰੇ ਦੀਆਂ ਸ਼ਿਕਾਇਤਾਂ ਸੁਣਨ ਅਤੇ ਸ੍ਰੀ ਹਰਗੋਬਿੰਦਪੁਰ ਅਤੇ ਬਾਬਾ ਬਕਾਲਾ ਸਾਹਿਬ ਸਬ ਡਵੀਜ਼ਨ ਵਿੱਚ ਲੋਕਾਂ ਦੀ ਸੁਣਵਾਈ ਕਰ ਲਈ ਪ੍ਰੋਗਰਾਮ ਉਲੀਕਣ ਲਈ ਮੇਰੇ ਪਾਸ ਆਏ ਹਨ।ਉਨ੍ਹਾਂ ਦੱਸਿਆ ਕਿ ਕੰਬੋਜ ਭਾਈਚਾਰੇ ਅਤੇ ਪੱਛੜੀਆਂ ਸ਼੍ਰੇਣੀਆਂ ਵਰਗ ਦੇ ਲੋਕਾਂ ਨਾਲ ਜ਼ਿਲ੍ਹਾ ਪੱਧਰ 'ਤੇ ਮੀਟਿੰਗਾਂ ਕਰਨ ਦਾ ਪ੍ਰੋਗਰਾਮ ਸ਼ੁਰੂ ਕਰਨ ਲਈ ਹਰ ਜ਼ਿਲ੍ਹੇ ਚੋਂ ਸੁਨੇਹੇ ਆ ਰਹੇ ਹਨ। ਚੇਅਰਮੈਨ ਥਿੰਦ ਨੇ ਕਿਹਾ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਸਾਰੇ ਹੀ ਕਮਿਸ਼ਨ ਨੂੰ ਐਸੋਸੀਏਟ ਕਰਨ ਵਾਲੀ ਇੱਕ ਅਜਿਹੀ ਸੰਸਥਾ ਹੈ ਜੋ ਕਿ ਹਰ ਵਰਗ ਅਤੇ ਹਰ ਭਾਈਚਾਰੇ ਦੇ ਲੋਕਾਂ ਦੀ ਪ੍ਰਤੀਨਿਧਤਾ ਕਰਦੀ ਹੈ।ਉਨ੍ਹਾ ਨੇ ਦੱਸਿਆ ਕਿ ਅਸੀਂ ਲੋਕ ਹਿੱਤ ਦੇ ਮੁੱਦੇ ਤੇ ਜਥੇਬੰਦੀਆਂ ਤੋਂ ਵੀ ਸੰਭਵ ਮਦਦ ਲਵਾਂਗੇ।

## ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਪਾਤੜਾਂ ਵਿਖੇ ਸਫ਼ਾਈ ਮੁਹਿੰਮ ਚਲਾਈ




ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਸਵੱਛ ਬਣਾਉਣ ਦੇ ਉਦੇਸ਼ ਨਾਲ 17 ਸਤੰਬਰ ਤੋਂ 2 ਅਕਤੂਬਰ ਤੱਕ ਚਲਾਈ ਜਾ ਰਹੀ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਨਗਰ ਕੌਂਸਲ ਪਾਤੜਾਂ ਵੱਲੋਂ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ। ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਅਤੇ ਕਾਰਜ ਸਾਧਕ ਅਫ਼ਸਰ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਸ਼ਹਿਰ ਦੇ ਨਰਵਾਣਾ ਰੋਡ 'ਤੇ ਵਿਸ਼ੇਸ਼ ਸਫ਼ਾਈ ਕਾਰਜ ਕਰਵਾਏ ਗਏ। ਇਸ ਦੌਰਾਨ ਸੜਕ ਦੇ ਆਲੇ-ਦੁਆਲੇ ਪਏ ਕੂੜੇ ਅਤੇ ਗਾਰਬੇਜ ਨੂੰ ਹਟਾ ਕੇ ਇਲਾਕੇ ਦੀ ਸਫ਼ਾਈ ਕੀਤੀ ਗਈ। ਇਸ ਤੋਂ ਇਲਾਵਾ ਸੜਕਾਂ ਦੇ ਆਲੇ-ਦੁਆਲੇ ਖਿੱਲਰੇ ਪਏ ਪਲਾਸਟਿਕ ਦੇ ਲਿਫ਼ਾਫ਼ੇ ਅਤੇ ਹੋਰ ਕੂੜਾ ਵੀ ਇਕੱਠਾ ਕਰਕੇ ਹਟਾਇਆ ਗਿਆ। ਨਗਰ ਕੌਂਸਲ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਸਵੱਛਤਾ ਨੂੰ ਸਿਰਫ਼ ਸਰਕਾਰੀ ਮੁਹਿੰਮ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਹਰ ਨਾਗਰਿਕ ਇਸ ਨੂੰ ਆਪਣੀ ਰੋਜ਼ਾਨਾ ਜ਼ਿੰਮੇਵਾਰੀ ਸਮਝੇ। ਲੋਕ ਆਪਣੇ ਘਰਾਂ, ਦੁਕਾਨਾਂ ਅਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਸਫ਼ਾਈ ਬਣਾਈ ਰੱਖਣ ਅਤੇ ਕੂੜਾ ਨਿਰਧਾਰਤ ਸਥਾਨਾਂ 'ਤੇ ਹੀ ਪਾਉਣ। ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਬਲਜਿੰਦਰ ਸਿੰਘ ਨੇ ਕਿਹਾ ਕਿ ਸ਼ਹਿਰ ਨੂੰ ਸਾਫ਼, ਸੁੰਦਰ ਅਤੇ ਹਰਿਆ-ਭਰਿਆ ਬਣਾਉਣ ਲਈ ਲੋਕਾਂ ਦੀ ਭਾਗੀਦਾਰੀ ਬੇਹੱਦ ਜ਼ਰੂਰੀ ਹੈ ਅਤੇ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਅਜਿਹੀਆਂ ਗਤੀਵਿਧੀਆਂ ਲਗਾਤਾਰ ਜਾਰੀ ਰਹਿਣਗੀਆਂ।

## ਸੰਸਾਰ 'ਚ ਵਧਦਾ ਜਾ ਰਿਹੈ ਜ਼ਮੀਨੀ ਪਾਣੀ ਦਾ ਸੰਕਟ !

ਪਟਿਆਲਾ, (ਰਾਜਿੰਦਰ ਥਿੰਦ)-ਸੰਸਾਰ ਭਰ ਵਿੱਚ ਜੇਕਰ ਧਰਤੀ ਹੇਠਲੇ ਪਾਣੀ ਦੀ ਗੱਲ ਕੀਤੀ ਜਾਵੇ ਤਾਂ ਤਾਂ ਪਾਣੀ ਦਾ ਸੰਕਟ ਲਗਾਤਾਰ ਗੰਭੀਰ ਹੁੰਦਾ ਜਾ ਰਿਹਾ ਹੈ, ਜਿਸ ਦੇ ਚਲਦਿਆਂ ਸਾਲ 2025 'ਚ ਵਿਸ਼ਵ ਪੱਧਰ 'ਤੇ 34 ਫ਼ੀਸਦੀ ਧਰਤੀ ਹੇਠਲੇ ਪਾਣੀ ਦੀ ਨਿਗਰਾਨੀ ਕਰਨ ਵਾਲੇ ਕੇਂਦਰਾਂ 'ਤੇ ਪਾਣੀ ਦਾ ਪੱਧਰ ਆਮ ਨਾਲੋਂ ਹੇਠਾਂ ਦਰਜ ਕੀਤਾ ਗਿਆ, ਜਦਕਿ 2024 'ਚ ਇਹ ਅੰਕੜਾ 25 ਫ਼ੀਸਦੀ ਸੀ।ਇਸ ਤਰ੍ਹਾਂ ਮਹਿਜ਼ ਇੱਕ ਸਾਲ ਦੇ ਅੰਦਰ ਇਸ ਸੰਕਟ 'ਚ 9 ਫ਼ੀਸਦੀ ਦਾ ਵਾਧਾ ਦੇਖਿਆ ਗਿਆ ਹੈ।ਭਾਰਤ ਦੇ ਉੱਤਰ-ਪੱਛਮੀ ਇਲਾਕਿਆਂ 'ਚ ਵੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ, ਜਿੱਥੇ ਧਰਤੀ ਹੇਠਲੇ ਪਾਣੀ ਦਾ ਪੱਧਰ ਆਮ ਨਾਲੋਂ ਕਾਫ਼ੀ ਹੇਠਾਂ ਪਹੁੰਚ ਚੁੱਕਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਵਿਸ਼ਵ ਪੱਧਰ 'ਤੇ ਪਿਛਲੇ ਤਿੰਨ ਸਾਲਾਂ ਦੌਰਾਨ ਧਰਤੀ ਹੇਠਲੇ ਪਾਣੀ ਦੀ ਸਥਿਤੀ ਤੇਜ਼ੀ ਨਾਲ ਖ਼ਰਾਬ ਹੋਈ ਹੈ।ਮੌਜੂਦਾ ਸਮੇਂ 'ਚ ਦੁਨੀਆ ਦੇ 65 ਫ਼ੀਸਦੀ ਧਰਤੀ ਹੇਠਲੇ ਪਾਣੀ ਦੀ ਨਿਗਰਾਨੀ ਕਰਨ ਵਾਲੇ ਕੇਂਦਰਾਂ 'ਤੇ ਪਾਣੀ ਦਾ ਪੱਧਰ ਆਮ ਹੱਦ ਤੋਂ ਬਾਹਰ ਚਲਾ ਗਿਆ ਹੈ।ਗਲੋਬਲ ਵਾਰਮਿੰਗ ਦੇ ਪ੍ਰਭਾਵ ਕਾਰਨ ਪਿਛਲੇ ਤਿੰਨ ਸਾਲਾਂ 'ਚ ਦੁਨੀਆ ਭਰ ਦੇ ਗਲੇਸ਼ੀਅਰਾਂ ਤੋਂ 1400 ਗੀਗਾਟਨ ਬਰਫ਼ ਪਿਘਲ ਕੇ ਨਸ਼ਟ ਹੋ ਚੁੱਕੀ ਹੈ।ਪਿਛਲੇ ਪੰਜ ਸਾਲਾਂ 'ਚ ਪਾਣੀ ਦੀ ਕਮੀ ਤੇ ਇਸ ਨਾਲ ਜੁੜੀਆਂ ਸਮੱਸਿਆਵਾਂ ਕਾਰਨ ਹੋਈਆਂ ਕੁੱਲ ਮੌਤਾਂ 'ਚੋਂ 80 ਫ਼ੀਸਦੀ ਮੌਤਾਂ ਏਸ਼ੀਆ ਤੇ ਅਫ਼ਰੀਕਾ 'ਚ ਦਰਜ ਕੀਤੀਆਂ ਗਈਆਂ, ਉੱਥੇ ਹੀ ਸਾਲ 2021 ਤੋਂ 2025 ਦੇ ਚਾਰ ਸਾਲਾਂ ਦੌਰਾਨ ਗੰਗਾ ਤੇ ਸਿੰਧੂ ਦਰਿਆ ਦੇ ਉੱਪਰੀ ਬੇਸਿਨ ਖੇਤਰਾਂ 'ਚ ਧਰਤੀ ਹੇਠਾਂ ਜਮ੍ਹਾਂ ਪਾਣੀ 'ਚ ਲਗਾਤਾਰ ਕਮੀ ਦੇਖੀ ਗਈ ਹੈ।ਸਾਲ 2025 ਦਰਿਆਵਾਂ ਦੇ ਪਾਣੀ ਦੇ ਵਹਾਅ ਦੇ ਲਿਹਾਜ਼ ਨਾਲ ਵੀ ਬੇਹੱਦ ਪ੍ਰਤੀਕੂਲ ਸਾਬਿਤ ਹੋਇਆ ਹੈ।ਇਸ ਦੌਰਾਨ ਦੁਨੀਆ ਦੇ 36 ਫ਼ੀਸਦੀ ਦਰਿਆਈ ਖੇਤਰਾਂ 'ਚ ਪਾਣੀ ਦਾ ਵਹਾਅ ਆਮ ਨਾਲੋਂ ਘੱਟ ਰਿਹਾ।ਅੰਕੜਿਆਂ ਅਨੁਸਾਰ ਸਾਲ-1991 ਤੋਂ ਲੈ ਕੇ 2025 ਤੱਕ ਦੀ ਮਿਆਦ 'ਚ ਇਹ ਦਰਿਆਵਾਂ ਲਈ ਹੁਣ ਤੱਕ ਦਾ ਸਭ ਤੋਂ ਸੁੱਕਾ ਸਾਲ ਦਰਜ ਕੀਤਾ ਗਿਆ।


## ਕਲਾਸੀਫਾਈਡ ਇਸ਼ਤਿਹਾਰ

### Change of Name

I, Aishpreet Singh son of Davinder Singh Village Barwala Tehsil Patti District Tarn Taran have changed my name from Aishpreet Singh to Surname as Singh and my given name is Aishpreet Plz note it.

I, Rani Chopra W/o Late S. Madan Lal Nayyar R/o H.No. 202, Gali No. 4, Arman Nagar, Tehsil & Distt. Jalandhar, Punjab declare that Rani Chopra & Shushma Rani is one and the same person. All concerned please note.

I, Neelam W/O Ganesh Kumar R/O Mohalla Kool Wala, Sarna, Po- Sarna, Distt- Pathankot, Punjab -145025. Have Changed My Name From Neelam To Neelam Sharma.

I Lovepreet Singh S/o Nirmal Singh R/o Vill.Sadarpur, Po.Baja Chak, Teh.Dasuya, Punjab, 144214, I have changed my name from Lovepreet Singh to Singh Lovepreet and declare that Lovepreet is my given name and Singh is my Surname.

I, Rajeev Kakar S/o Prem Nath Kakkar R/o House No 658, Shree Ji Basant Avenue, Amritsar have changed my name from Rajeev Kakar to Rajeev Kakkar

I, Tejinder Kaur W/o Chanchal Singh R/o Patti Sultan Di, Sultanwind Pind Amritsar have changed my name from Tejinder Kaur to Tajinder Kaur

I, Davinder W/o Harwinder Singh R/o L-2/549, Gurnam Nagar, Sultanwind Road, Amritsar have changed my name from Davinder to Davinder Kaur

I, Simran Kaur W/o Tajinder Singh R/o H. No. 7, Gali No.1, Ram Singh Colony, Sultanwind Road, Amritsar have changed my name from Simran Kaur to Simranjit Kaur.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### Change of Name

I Anurag Kumar S/o Ram Nayak Yadav R/o H.No. 96-A, Gali No.19, Partap Estate, Chheharta, Amritsar have changed my name from Anurag Kumar To Anurag Kumar Yadav. All Please Note.

I, Parveen Kumar s/o Manohar Lal r/o Mohalla Jallian, Ward No.8, Urmar, Distt. Hoshiarpur, Punjab have changed my name to Parveen Kumar Jolly. All Please Note.

I Mandip Kaur W/o Gulzar Singh R/o VPO Kohala, Distt Jalandhar have changed my name from Mandip Kaur to Mandeep Kaur.

I, Jatin S/o Harish Kumar R/o H.No. 1/562, Shalimar Avenue, Kapurthala, Punjab have changed my name from Jatin to Jatin Jaiswal. All Please Note.

I, Khushi d/o Jasvinder Singh r/o VPO. Daroli Kalan, Distt.Jalandhar have added my surname as Khushi Kaur (Surname as Kaur) All Please Note.

I, Ajit Pal Alias Raju Ghuman s/o Dalip Singh r/o 82, Mithapur, Jalandhar-144022, Punjab have changed my name as Ajit Pal Singh. All Please Note.

I, Jatinpreet Singh s/o Sccha Singh r/o Vill. Rawan, Po. Jhinger Kalan, Distt. Hoshiarpur-144205, Punjab have changed my name to Jatin Preet Singh. All Please Note.

I, Mohan s/o Prem Kumar r/o H.No.112, Gali No.05, Indra Colony, Jalandhar have changed my name to Mohan Kumar (Surname as Kumar) All Please Note.

### ਆਮ ਸੂਚਨਾ

ਮੈਂ, ਮਨੀਸ਼ ਕੁਮਾਰ ਸ਼੍ਰੀਵਾਸਤਵ ਪੁੱਤਰ ਸ੍ਰੀ ਰਾਮ ਅਨੁਗ੍ਰਹ ਲਾਲ, ਵਾਸੀ ਗਲੀ ਨੰਬਰ 3, ਓਲਡ ਸੁੰਦਰ ਨਗਰ, ਨੇੜੇ ਮਹੰਤਾਂ ਦਾ ਡੇਰਾ, ਮੁੰਡੀਆਂ ਕਲਾਂ, ਲੁਧਿਆਣਾ, ਪੰਜਾਬ-141015, ਇਹ ਐਲਾਨ ਕਰਦਾ ਹਾਂ ਕਿ ਮੇਰੇ ਪੁੱਤਰ ਵੰਸ਼ ਸ਼੍ਰੀਵਾਸਤਵ ਦੇ ਸਕੂਲ (ਡੀ.ਸੀ.ਐੱਮ. ਪ੍ਰੈਜ਼ੀਡੈਂਸੀ, ਜਮਾਲਪੁਰ) ਦੇ ਰਿਕਾਰਡ ਵਿੱਚ ਮੇਰਾ ਨਾਂਅ ਗਲਤੀ ਨਾਲ ਮਨੀਸ਼ ਕੇ ਆਰ ਸ਼੍ਰੀਵਾਸਤਵ ਦਰਜ ਹੋ ਗਿਆ ਹੈ। ਇਸ ਲਈ ਕਿਰਪਾ ਕਰਕੇ ਸਕੂਲ ਦੇ ਰਿਕਾਰਡ ਵਿੱਚ ਮੇਰਾ ਨਾਂਅ ਮਨੀਸ਼ ਕੇ ਆਰ ਸ਼੍ਰੀਵਾਸਤਵ ਦੀ ਬਜਾਏ ਮਨੀਸ਼ ਕੁਮਾਰ ਸ਼੍ਰੀਵਾਸਤਵ ਵਜੋਂ ਦਰੁਸਤ ਕੀਤਾ ਜਾਵੇ।

### ਨਾਂਅ ਦੀ ਬਦਲੀ

ਮੈਂ, ਨਰਿੰਦਰ ਸਿੰਘ ਸੰਧੂ ਵਾਸੀ ਪਿੰਡ ਤੇ ਡਾਕਖਾਨਾ ਸਰੀਂਹ, ਧਾਲੀਵਾਲ ਰੋਡ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ 144043 ਨੇ ਆਪਣਾ ਨਾਂਅ ਨਰਿੰਦਰ ਸਿੰਘ ਤੋਂ ਬਦਲ ਕੇ ਨਰਿੰਦਰ ਸਿੰਘ ਸੰਧੂ ਰੱਖ ਲਿਆ ਹੈ।

### ਬੇਦਖਲੀ ਨੋਟਿਸ

ਮੈਂ ਸਤਿਆ ਪਤਨੀ ਦਲਬੀਰ ਸਿੰਘ ਵਾਸੀ ਲੋਹੀਆਂ ਖਾਸ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਜਤਿੰਦਰ ਕੌਰ ਉਰਫ਼ ਗੋਗਾਂ, ਲੜਕਾ ਪਵਿੱਤਰ ਸਿੰਘ, ਨੂੰਹ ਰਵੀ ਪਤਨੀ ਪਵਿੱਤਰ ਸਿੰਘ ਅਤੇ ਉਸਦਾ ਪਰਿਵਾਰ ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਨੂੰ ਮੈਂ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜ਼ਿੰਮੇਵਾਰ ਹੋਵੇਗਾ।

ਮੈਂ ਸੰਜੀਵ ਕੁਮਾਰ ਪੁੱਤਰ ਪ੍ਰੇਮ ਕੁਮਾਰ ਸ਼ਰਮਾ ਪੀਰਾਂਵਾਲਾ ਗੇਟ ਮੁਹੱਲਾ ਬਾਜੜਾ ਸੁਨਾਮ ਮੇਰੀ ਪੁੱਤਰੀ ਛਵੀ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹੈ। ਅੱਜ ਤੋਂ ਬਾਅਦ ਕਿਸੇ ਵੀ ਲੈਣ-ਦੇਣ ਦੀ ਜ਼ਿੰਮੇਵਾਰੀ ਖੁਦ ਹੋਵੇਗੀ।

ਮੈਂ, ਨਰਿੰਦਰ ਕੌਰ ਪਤਨੀ ਲੇਟ ਅਵਤਾਰ ਸਿੰਘ ਵਾਸੀ ਪਿੰਡ ਤਾਰਾਗੜ੍ਹ, ਧਰਮਕੋਟ ਬੱਗਾ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਬਲਰਾਜ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਬੇਬੀ ਪਤਨੀ ਬਿੱਲੂ ਵਾਸੀ ਗਲੀ ਨੰਬਰ 2 ਰਤਨਪੁਰਾ ਫਗਵਾੜਾ ਜਿਲਾਂ ਕਪੂਰਥਲਾ ਦੀ ਹਲਫੀਆ ਬਿਆਨ ਕਰਦੀ ਹਾਂ। ਮੇਰਾ ਲੜਕਾ ਅਮਨ ਸਿਮਰ ਆਪਣੀ ਮਨ ਮਰਜੀ ਕਰਦਾ ਹੈ। ਮੇਰੇ ਕਹਿਣੇ ਵਿੱਚ ਨਹੀਂ ਹੈ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਨਵਤੇਜ ਸਿੰਘ ਪੁੱਤਰ ਪ੍ਰੀਤਮ ਸਿੰਘ ਅਤੇ ਲਖਵਿੰਦਰ ਕੌਰ ਪਤਨੀ ਨਵਤੇਜ ਸਿੰਘ ਵਾਸੀ ਗਲੀ ਨੰ: 18, ਕੱਚਾ ਦੋਸਾਂਝ ਰੋਡ, ਨੇੜੇ ਬੱਬੂ ਦੀ ਕੋਠੀ, ਸ਼ਹੀਦ ਭਗਤ ਸਿੰਘ ਨਗਰ ਮੋਗਾ, ਜ਼ਿਲ੍ਹਾ ਮੋਗਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਜਦੀਪ ਸਿੰਘ, ਨੂੰਹ ਅੰਜਲੀ ਪਤਨੀ ਰਾਜਦੀਪ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਿਟਾਨੀ ਵਿਧਵਾ ਰਾਜ ਕੁਮਾਰ ਵਾਸੀ ਗਲੀ ਤੇਜ਼ਾਬ ਵਾਲੀ, ਬਾਬਾ ਜੀਵਨ ਸਿੰਘ ਕਾਲੋਨੀ, ਆਬਾਦੀ ਅੰਨਗੜ੍ਹ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਰੁਣ ਕੁਮਾਰ ਅਤੇ ਉਸ ਦੀ ਪਤਨੀ ਸੰਜੂ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਅਤੇ ਇਨ੍ਹਾਂ ਦੇ ਬੱਚਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਇਨ੍ਹਾਂ ਨਾਲ ਕੋਈ ਰਿਸ਼ਤਾ ਨਹੀਂ।

ਅਸੀਂ, ਸੰਦੀਪ ਸਿੰਘ ਪੁੱਤਰ ਜੀਤ ਸਿੰਘ ਅਤੇ ਕੁਲਵਿੰਦਰ ਕੌਰ ਪਤਨੀ ਸੰਦੀਪ ਸਿੰਘ ਵਾਸੀਆਨ ਮਕਾਨ ਨੰ: 12, ਗਲੀ ਕਲੱਬ ਵਾਲੀ, ਘਨੂਪੁਰ ਕਾਲੇ ਰੋਡ, ਰਾਜ ਐਵੇਨਿਊ, ਛੇਹਰਟਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਅਰਸ਼ਦੀਪ ਕੌਰ, ਜਵਾਈ ਬਲਪ੍ਰੀਤ ਸਿੰਘ ਪੁੱਤਰ ਬਲਰਾਜ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

### ਜ਼ਿਲ੍ਹਾ ਦਫਤਰ, ਪਨਸਪ, 51/2 ਪ੍ਰੀਤ ਨਗਰ ਲਾਡੋਵਾਲੀ ਰੋਡ, ਜਲੰਧਰ

### ਟੈਂਡਰ ਨੋਟਿਸ

ਜ਼ਿਲ੍ਹਾ ਜਲੰਧਰ ਵਿੱਚ PM POSHAN Scheme ਅਧੀਨ ਅਨਾਜ ਦੀ ਵੰਡ ਲਈ ਪਨਸਪ ਜਲੰਧਰ ਵੱਲੋਂ ਮਿਤੀ: 01.10.2026 ਤੋਂ 30.09.2028 ਤੱਕ ਜਲੰਧਰ (ਈਸਟ-1, ਈਸਟ-4, ਵੈਸਟ-1, ਵੈਸਟ-2, ਕਰਤਾਰਪੁਰ, ਆਦਮਪੁਰ, ਅਲਾਵਲਪੁਰ, ਭੋਗਪੁਰ, ਨਕੋਦਰ-1, ਨਕੋਦਰ-2, ਸ਼ਾਹਕੋਟ-1, ਸ਼ਾਹਕੋਟ-2, ਲੋਹੀਆਂ ਖਾਸ, ਗੁਰਾਇਆ-1, ਗੁਰਾਇਆ-2, ਫਿਲੌਰ ਅਤੇ ਨੂਰਮਹਿਲ) ਬਲਾਕਾਂ ਦੇ ਸਪਲਾਈ ਦੇ ਕੰਮ ਲਈ ਠੇਕੇਦਾਰਾਂ ਦੀ ਨਿਯੁਕਤੀ ਸੰਬੰਧੀ ਈ-ਟੈਂਡਰ ਮੰਗੇ ਜਾਂਦੇ ਹਨ, ਜੋ ਮਿਤੀ: 15.09.2026 ਨੂੰ ਈ-ਪ੍ਰੋਕਿਊਰਮੈਂਟ ਵੈੱਬ ਸਾਈਟ (http://eproc.punjab.gov.in/) 'ਤੇ ਪ੍ਰਕਾਸ਼ਿਤ ਹੋਣਗੇ।ਟੈਂਡਰ ਫਾਰਮ ਮਿਤੀ 15.09.2026 ਨੂੰ ਸਵੇਰੇ 11:00 ਵਜੇ ਤੋਂ ਮਿਤੀ 23.09.2026 ਨੂੰ 11:00 ਵਜੇ ਤੱਕ ਆਨ ਲਾਈਨ ਸਬਮਿਟ ਕੀਤੇ ਜਾਣਗੇ।ਟੈਂਡਰ ਫਾਰਮ ਦੀ ਟੈਕਨੀਕਲ ਬਿਡ ਮਿਤੀ 23.09.2026 ਨੂੰ ਦੁਪਹਿਰ 2:00 ਵਜੇ ਖੋਲ੍ਹੀ ਜਾਵੇਗੀ।ਟੈਂਡਰ ਸੰਬੰਧੀ ਹੋਰ ਹਦਾਇਤਾਂ ਕਿਸੇ ਵੀ ਕੰਮ ਵਾਲੇ ਦਿਨ ਜ਼ਿਲ੍ਹਾ ਦਫਤਰ, ਪਨਸਪ, 51/2 ਪ੍ਰੀਤ ਨਗਰ ਲਾਡੋਵਾਲੀ ਰੋਡ ਜਲੰਧਰ ਵਿਖੇ ਵੇਖੀਆਂ ਜਾ ਸਕਦੀਆਂ ਹਨ।ਵਿਭਾਗੀ ਕਮੇਟੀ ਨੂੰ ਕੋਈ ਵੀ ਟੈਂਡਰ ਬਿਨਾਂ ਕਾਰਨ ਦੱਸੇ ਰੱਦ ਕਰਨ ਦਾ ਅਧਿਕਾਰ ਹੋਵੇਗਾ। ਜੇਕਰ ਟੈਂਡਰ ਸੰਬੰਧੀ ਕੋਈ ਵੀ ਸੋਧ ਹੋਵੇਗੀ ਤਾਂ ਵੈੱਬਸਾਈਟ/ਨੋਟਿਸ ਬੋਰਡ 'ਤੇ ਅਪਲੋਡ ਕਰ ਦਿੱਤੀ ਜਾਵੇਗੀ।

ਜ਼ਿਲ੍ਹਾ ਮੈਨੇਜਰ ਪਨਸਪ ਜਲੰਧਰ ।

### COURT NOTICE

(U/o 5 Rule 20 CPC)
In the Court of Mandeep Kaur Civil Judge (Junior Division), Amritsar
CNR No. PBAS02-003900-2025
Next Date:- 14-10-2026
Harpreet Singh
Vs.
1. Lakhwinder Singh
Publication Issued To:
5. Rupinder Kaur, Village Chakk Mukund, Khasa, Amritsar
6. Sharanjit Kaur, Vpo Vachhoa, Tehsil Ajnala, District Amritsar, 7. Paramjit Kaur @ Harjit Kaur, VPO Vachhoa, Tehsil Ajnala, District Amritsar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 14-10-2026 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 18-09-2026

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।

ਕੇਸ ਨੰ: 638/ਐੱਫ. ਟੀ. ਸੀ./ਐੱਨ.ਆਰ. ਆਈਜ਼ — ਕੇਸ ਅਨੁਵਾਨ - ਗੁਰਦਿਆਲ ਸਿੰਘ ਬਨਾਮ ਕੁਲਵੀਰ ਕੌਰ ਅਤੇ ਹੋਰ
ਖੇਵਟ- 50, 51, 52, 53, 54, 59, 112, 113, 114 — ਵਾਕਿਆ ਪਿੰਡ - ਘੁਮਿਆਰਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ Gurdial Singh S/o Late Chajja Singh R/o Village Ghumiara, Sub-Teh. Kartarpur, Tehsil and District Jalandhar at Present 12608 67A AVE Surrey BC V3W1G3 Canada

ਬਨਾਮ

ਨੋਟਿਸ ਬਨਾਮ :-

1. Baljit Singh S/o Gurdawar Singh S/o Pargat Singh 2. Sukhwinder Singh S/o Ajit Singh 3. Bikkar Singh S/o Dyal Singh 4. Gurmit Kaur wd/o Dyal Singh 5. Pritam Kaur wd/o Ajit Singh 6. Jaswinder Kaur wd/o Amarjit Singh 7. Surinder Kaur D/o Mehar Singh 8. Amarjit Kaur D/o Mehar Singh 9. Harbikkar Singh S/o Pal Singh 10. Balbir Kaur @ Bhajan Kaur wd/o Pal Singh 11. Narinderjit Kaur D/o Pal Singh 12. Nazeer Mohammad S/o Kasamdeen 13. Babudeen S/o Kasamdeen 14. Surjit Singh S/o Bhan Singh 15. Darshan Singh s/o Teja Singh 16. Tarsem Singh S/o Teja Singh 17. Lashkar Singh S/o Fauja Singh 18. Bhajan Singh S/o Fauja Singh 19. Kulwinder Singh S/o Gurdeep Singh 20. Harjinder Singh S/o Jarnail Singh 21. Pardeep Singh S/o Jarnail Singh 22. Surjit Singh S/o Jarnail Singh 23. Sukhwinder Singh S/o Gurdeep Singh 24. Bano w/o Babu Deen 25. Baksish Kaur wd/o Mehanga Singh 26. Harjinder Singh S/o Mehanga Singh 27. Balkar Singh S/o Mehanga Singh 28. Sarabjit Kaur wd/o Kulvir Singh 29. Sharandeep Singh S/o Kulvir Singh 30. Surjit Kaur w/o Malkit Singh 31. Sakina w/o Mohammad Manja 32. Kulvir Kaur wd/o Jagjit Singh 33. Paramjot Kaur D/o Jagjit Singh 34. Joginder Singh S/o Resham Singh 35. Lakhvir Singh S/o Joginder Singh 36. Jasbir Kaur wd/o Joginder Singh 37. Dalbagh Singh S/o Joginder Singh 38. Saif Ali Khan S/o Mohamad Waseer 39. Baljit Singh S/o Gurdawar Singh 40. Sucha Singh S/o Sohan Singh 41. Harbans Kaur w/o Gurmej Singh S/o Sohan Singh 42. Inderpal Singh S/o Gurmej Singh 43. Onkar Singh S/o Gurmejsingh 44. Baljinder Kaur D/o Gurmej Singh 45. Paramjit Kaur D/o Gurmejsingh, All R/o Village Ghumiara, Sub Teh. Kartarpur, District Jalandhar, 46. Punjab Gramin Bank, GT Road, Kartarpur Distt. Jalandhar through its Branch Manager 47. Union Bank of India Branch Mustfapur Sub- Tehsil Kartarpur Distt. Jalandhar through its Branch Manager 48. Oriental Bank of Commerce, Kartarpur Distt. Jalandhar through its Branch Manager 49. The Kartarpur Primary Co-Operative Agricultural Development Bank Ltd. through its Branch Manager.

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 29.09.2026 ਨੂੰ ਦੁਪਹਿਰ 02.00 ਵਜੇ ਦੀ ਤਰੀਕ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 14.09.2026 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।

ਨੰ: 320/ਰੀਡਰ/ਡੀ. ਆਰ. ਓ. ਮਿਤੀ : 14.9.26

# ਮਹਿੰਦੀਪੁਰ ਵੱਲੋਂ ਹਲਕਾ ਹੁਸ਼ਿਆਰਪੁਰ ਦੀ ਪੱਛੜੀਆਂ ਸ਼੍ਰੇਣੀਆਂ ਦੀ ਟੀਮ ਦਾ ਐਲਾਨ

## ਦੁਆਬੇ 'ਚ ਸ਼੍ਰੋਮਣੀ ਅਕਾਲੀ ਦਲ ਦੀ ਜਥੇਬੰਦਕ ਪਕੜ ਹੋ ਰਹੀ ਹੈ ਮਜ਼ਬੂਤ : ਡਾ. ਚੀਮਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀ ਲੜੀ ਤਹਿਤ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਵਿੱਚ ਪੱਛੜੀਆਂ ਸ਼੍ਰੇਣੀਆਂ ਵਿੰਗ ਦੀ ਜਥੇਬੰਦੀ ਦਾ ਵਿਸਥਾਰ ਕੀਤਾ ਗਿਆ। ਪਾਰਟੀ ਦੇ ਪੱਛੜੀਆਂ ਸ਼੍ਰੇਣੀਆਂ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਮਹਿੰਦੀਪੁਰ ਨੇ ਜ਼ਿਲ੍ਹਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੰਜੀਵ ਤਲਵਾੜ, ਪੱਛੜੀਆਂ ਸ਼੍ਰੇਣੀਆਂ ਵਿੰਗ ਪੰਜਾਬ ਦੇ ਜਨਰਲ ਸਕੱਤਰ ਬਿਕਰਮਜੀਤ ਸਿੰਘ ਕਲਸੀ, ਦੁਆਬਾ ਜ਼ੋਨ ਦੇ ਇੰਚਾਰਜ ਸਤਨਾਮ ਸਿੰਘ ਚੱਗਰਾਂ, ਹਲਕਾ ਇੰਚਾਰਜ ਰਿਟਾਇਰ ਜੰਗਲਾਤ ਅਫਸਰ ਸੰਜੀਵ ਕੁਮਾਰ ਅਤੇ ਹੋਰ ਸੀਨੀਅਰ ਆਗੂਆਂ ਨਾਲ ਵਿਚਾਰ-ਵਟਾਂਦਰੇ ਉਪਰੰਤ ਹਲਕਾ ਹੁਸ਼ਿਆਰਪੁਰ ਨਾਲ ਸੰਬੰਧਤ ਪੱਛੜੀਆਂ ਸ਼੍ਰੇਣੀਆਂ ਦੀ ਨਵੀਂ ਟੀਮ ਦਾ ਐਲਾਨ ਕੀਤਾ। ਨਵੀਂ ਟੀਮ ਵਿੱਚ ਸੁਖਵਿੰਦਰ ਸਿੰਘ ਕਲਸੀ, ਰਮੇਸ਼ ਕੁਮਾਰ ਸੈਣੀ ਅਤੇ ਰਵਿੰਦਰ ਸਿੰਘ ਮਿੰਟੂ ਨੂੰ ਜ਼ਿਲ੍ਹੇ ਦਾ ਸੀਨੀਅਰ ਉਪ ਪ੍ਰਧਾਨ, ਗੁਲਜ਼ਾਰੀ ਲਾਲ ਮਾਂਗਰਾ, ਕੁਲਵੰਤ ਸਿੰਘ ਜੋਗੀ ਅਤੇ ਹਰਭਜਨ ਵਧਾਵਨ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦਾ ਮੀਤ ਪ੍ਰਧਾਨ ਅਤੇ ਅਵਤਾਰ ਸਿੰਘ ਤਾਰੀ, ਹਰਜਸ਼ਨ ਅਨੰਦ, ਤਰਸੇਮ ਸਿੰਘ, ਸੁਨੀਲ ਭਾਰਦਵਾਜ ਅਤੇ ਤਿਲਕ ਰਾਜ ਚੌਹਾਨ ਨੂੰ ਜ਼ਿਲ੍ਹਾ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਬਲਜਿੰਦਰ ਸਿੰਘ ਨੂੰ ਸਰਕਲ ਹੁਸ਼ਿਆਰਪੁਰ ਦਾ ਪੱਛੜੀਆਂ ਸ਼੍ਰੇਣੀਆਂ ਵਿੰਗ ਦਾ ਪ੍ਰਧਾਨ ਅਤੇ ਜਤਿੰਦਰ ਸਿੰਘ ਲਾਲੀ ਨੂੰ ਸਰਕਲ ਹੁਸ਼ਿਆਰਪੁਰ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਡਾ. ਦਲਜੀਤ ਸਿੰਘ ਚੀਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਡਾ. ਚੀਮਾ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਦੁਆਬੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜਥੇਬੰਦਕ ਪਕੜ ਮਜ਼ਬੂਤ ਹੋ ਰਹੀ ਹੈ ਅਤੇ ਵਰਕਰਾਂ ਦੀ ਸਰਗਰਮੀ ਪਾਰਟੀ ਨੂੰ ਹੋਰ ਤਾਕਤ ਦੇ ਰਹੀ ਹੈ। ਡਾ. ਚੀਮਾ ਨੇ ਕਿਹਾ ਕਿ ਪੱਛੜੀਆਂ ਸ਼੍ਰੇਣੀਆਂ ਸਮਾਜ ਦਾ ਇੱਕ ਮਹੱਤਵਪੂਰਨ ਹਿੱਸਾ ਹਨ ਅਤੇ ਇਨ੍ਹਾਂ ਨਾਲ ਸੰਬੰਧਤ ਵਰਕਰਾਂ ਨੂੰ ਪਾਰਟੀ ਦੀ ਜਥੇਬੰਦੀ ਵਿੱਚ ਬਣਦਾ ਸਥਾਨ ਅਤੇ ਜ਼ਿੰਮੇਵਾਰੀ ਦੇਣਾ ਪਾਰਟੀ ਦੀ ਜਥੇਬੰਦਕ ਪ੍ਰਕਿਰਿਆ ਦਾ ਅਹਿਮ ਹਿੱਸਾ ਹੈ। ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਵਰਕਰਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ।ਇਸ ਮੌਕੇ ਭੁਪਿੰਦਰ ਸਿੰਘ ਮਹਿੰਦੀਪੁਰ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਅਤੇ ਸੀਨੀਅਰ ਲੀਡਰਸ਼ਿਪ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇਗਾ। ਸੰਜੀਵ ਤਲਵਾੜ ਅਤੇ ਬਿਕਰਮਜੀਤ ਸਿੰਘ ਕਲਸੀ ਨੇ ਵੀ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਮੀਦ ਪ੍ਰਗਟ ਕੀਤੀ ਕਿ ਨਵੀਂ ਟੀਮ ਪਾਰਟੀ ਦੀ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਤੇਜ਼ ਕਰੇਗੀ। ਇਸ ਮੌਕੇ ਸੀਨੀਅਰ ਆਗੂ ਜਗਤਾਰ ਸਿੰਘ, ਇਕਬਾਲ ਸਿੰਘ ਗੰਧੀ, ਜਸਵਿੰਦਰ ਸਿੰਘ, ਐਡਵੋਕੇਟ ਸੂਰਜ ਸਿੰਘ ਅਤੇ ਸੰਜੀਵ ਸਿੰਘ ਸਮੇਤ ਪਾਰਟੀ ਦੇ ਹੋਰ ਸੀਨੀਅਰ ਆਗੂ, ਅਹੁਦੇਦਾਰ ਅਤੇ ਵਰਕਰ ਵੀ ਹਾਜ਼ਰ ਸਨ।



# ਲਾਇਲਪੁਰ ਖਾਲਸਾ ਕਾਲਜ ਨੇ ਮਨਾਇਆ ਅੰਤਰਰਾਸ਼ਟਰੀ ਲੋਕਤੰਤਰ ਦਿਵਸ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਦੇ ਰਾਜਨੀਤੀ ਸ਼ਾਸਤਰ ਵਿਭਾਗ ਵੱਲੋਂ ਮੁਖੀ ਪ੍ਰੋ.ਅਨੂ ਕੁਮਾਰੀ ਦੀ ਅਗਵਾਈ ਹੇਠ 40 ਤੋਂ ਵੱਧ ਵਿਦਿਆਰਥੀਆਂ ਨੇ ਅੰਤਰਰਾਸ਼ਟਰੀ ਲੋਕਤੰਤਰ ਦਿਵਸ ਪ੍ਰੋਗਰਾਮ ਵਿਚ ਭਾਗ ਲਿਆ। ਇਸ ਮੌਕੇ ਕਾਲਜ ਦੇ ਮਾਣਯੋਗ ਪ੍ਰਿੰਸੀਪਲ ਡਾ. ਜਸਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਹੋਰ ਸਹਾਇਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ। ਵਿਦਿਆਰਥੀਆਂ ਨੇ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ ਅਤੇ ਲੇਖ ਲਿਖਣ ਮੁਕਾਬਲਿਆਂ ਵਿਚ ਭਾਗ ਲਿਆ। ਪੋਸਟਰ ਮੇਕਿੰਗ ਵਿਚ ਪਹਿਲਾ ਸਥਾਨ ਹਿਮਾਂਸ਼ੂ (ਬੀ.ਏ. ਸਮੈਸਟਰ ਪਹਿਲਾ), ਦੂਜਾ ਕੋਮਲ (ਐਮ.ਏ ਅਰਥ ਸ਼ਾਸਤਰ ਸਮੈਸਟਰ ਤੀਜਾ) ਤੇ ਤੀਜਾ ਸਥਾਨ ਨਾਜ਼ੀਆ ਖਾਤੂਨ (ਬੀ.ਏ. ਸਮੈਸਟਰ ਪਹਿਲਾ) ਨੇ ਪ੍ਰਾਪਤ ਕੀਤਾ। ਸਲੋਗਨ ਰਾਈਟਿੰਗ ਮੁਕਾਬਲਿਆਂ ਵਿੱਚੋਂ ਪਹਿਲਾ ਸਥਾਨ ਸਿਮਰਨ ਕੌਰ (ਐਮ.ਏ ਰਾਜਨੀਤੀ ਸ਼ਾਸਤਰ ਸਮੈਸਟਰ ਪਹਿਲਾ), ਦੂਜਾ ਕੁੰਦਨ ਕੁਮਾਰ (ਐਮ.ਏ ਰਾਜਨੀਤੀ ਸ਼ਾਸਤਰ ਸਮੈਸਟਰ ਪਹਿਲਾ) ਅਤੇ ਕੋਮਲ ਕੌਰ (ਐਮ.ਏ ਅਰਥ ਸ਼ਾਸਤਰ ਸਮੈਸਟਰ ਤੀਜਾ) ਅਤੇ ਤੀਜਾ ਸਥਾਨ ਰੋਮਿਲ ਸੋਹਪਾਲ (ਬੀ.ਏ ਸਮੈਸਟਰ ਪਹਿਲਾ)।ਲੇਖ ਲਿਖਣ ਮੁਕਾਬਲੇ ਵਿੱਚ ਪਹਿਲਾ ਸਥਾਨ ਇਸ਼ਾ (ਬੀ.ਏ. ਸਮੈਸਟਰ ਪਹਿਲਾ), ਦੂਜਾ ਨਿਤਿਕਾ ਅਤੇ ਹਰਮਨਪ੍ਰੀਤ ਕੌਰ (ਐਮ .ਏ. ਸਮੈਸਟਰ ਪਹਿਲਾ) ਅਤੇ ਤੀਜਾ ਸਥਾਨ ਖੁਸ਼ੀ ਕੁਮਾਰੀ (ਐਮ. ਏ ਰਾਜਨੀਤੀ ਸ਼ਾਸਤਰ ਸਮੈਸਟਰ ਪਹਿਲਾ) ਨੇ ਪ੍ਰਾਪਤ ਕੀਤਾ। ਇਸ ਪ੍ਰੋਗਰਾਮ ਦੌਰਾਨ ਪ੍ਰੋ. ਅਜੀਤਪਾਲ ਸਿੰਘ ਅਤੇ ਪ੍ਰੋ. ਸੋਨੀਆ ਨੇ ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲਿਆਂ ਵਿੱਚ ਜੱਜ ਦੀ ਭੂਮਿਕਾ ਨਿਭਾਈ ਅਤੇ ਪ੍ਰੋ. ਸੰਜੇ ਸ਼ਾਹ ਅਤੇ ਪ੍ਰੋ. ਮਿਲਖੀਪ੍ਰੀਤ ਨੇ ਲੇਖ ਲਿਖਣ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਨਿਭਾਈ।



# ਭਾਰਟਾ 'ਚ ਚੋਰਾਂ ਵੱਲੋਂ ਲਗਾਤਾਰ ਤਿੰਨ ਦਿਨ ਚੋਰੀਆਂ

**ਮਾਹਿਲਪੁਰ (ਸਫ਼ਰੀ)**- ਥਾਣਾ ਮਾਹਿਲਪੁਰ ਅਧੀਨ ਪੈਂਦੇ ਪਿੰਡ ਭਾਰਟਾ ਵਿਚ ਚੋਰ ਲਗਾਤਾਰ ਤਿੰਨ ਦਿਨ ਸਰਗਰਮ ਰਹੇ ਤੇ ਚੋਰੀਆਂ ਕਰਦੇ ਰਹੇ।ਲਿਖਤੀ ਸ਼ਿਕਾਇਤਾਂ ਦੇਣ ਦੇ ਬਾਵਜੂਦ ਪੁਲਸ ਨੇ ਹੁਣ ਤੱਕ ਪੀੜਤ ਪਰਿਵਾਰਾਂ ਦੀ ਕੋਈ ਸਾਰ ਨਹੀਂ ਲਈ।ਪ੍ਰਾਪਤ ਜਾਣਕਾਰੀ ਅਨੁਸਾਰ ਸਤਪਾਲ ਪੁੱਤਰ ਜੁਵਾਲਾ ਸਿੰਘ ਵਾਸੀ ਪਿੰਡ ਭਾਰਟਾ ਨੇ ਪਿੰਡ ਦੇ ਸਰਪੰਚ ਪ੍ਰਵੀਨ ਬਾਲਾ, ਪੰਚ ਚਮਨ ਲਾਲ, ਲਛਮਣ ਦਾਸ, ਗੁਰਦੇਵ ਸਿੰਘ, ਦਵਿੰਦਰ ਪਾਲ, ਕਮਲਜੀਤ ਜਸਪਾਲ ਸਿੰਘ ਦੀ ਮੌਜੂਦਗੀ ਵਿੱਚ ਦੱਸਿਆ ਕਿ ਅਸੀਂ 16 ਸਤੰਬਰ ਨੂੰ ਥਾਣਾ ਮਾਹਿਲਪੁਰ ਵਿਖੇ ਘਰ ਦੀ ਚੋਰੀ ਸਬੰਧੀ ਲਿਖਤੀ ਸ਼ਿਕਾਇਤ ਨੰਬਰ 135 ਦਰਜ ਕਰਵਾਈ ਸੀ ਜਿਸ ਵਿੱਚ ਲਿਖਿਆ ਸੀ ਕਿ ਸਾਡੇ ਘਰੋਂ ਸਿਖਰ ਦੁਪਹਿਰੇ ਵੀਹ ਹਜ਼ਾਰ ਰੁਪਏ ਦੀ ਨਗਦੀ ਉਸ ਵੇਲੇ ਚੋਰੀ ਹੋ ਗਈ ਜਦੋਂ ਅਸੀਂ ਆਪਣੇ ਰਿਸ਼ਤੇਦਾਰੀ 'ਚ ਮਰਗ ਤੇ ਗਏ ਹੋਏ ਸੀ।ਥਾਣਾ ਮਾਹਿਲਪੁਰ ਵਿੱਚ ਦਿੱਤੀ ਦਰਖਾਸਤ ਵਿੱਚ ਬਕਾਇਦਾ ਚੋਰਾਂ ਦਾ ਨਾਮ ਵੀ ਦਰਜ ਹਨ।ਪਰ ਪੁਲਸ ਨੇ ਹੁਣ ਤੱਕ ਨਾ ਤਾਂ ਕੋਈ ਕਰਵਾਈ ਅਤੇ ਨਾ ਹੀ ਪਿੰਡ ਭਾਰਟਾ 'ਚ ਫੇਰੀ ਪਾਈ। ਇਸੇ ਤਰਾਂ ਜੋਤੀ ਰਾਣੀ ਪਤਨੀ ਕੁਲਵਿੰਦਰ ਸਿੰਘ ਵਾਸੀ ਪਿੰਡ ਭਾਰਟਾ ਨੇ ਦੱਸਿਆ ਕਿ 17 ਸਤੰਬਰ ਨੂੰ ਕਰੀਬ 11ਵਜੇ ਮੈਂ ਘਰੋਂ ਦੁੱਧ ਲੈਣ ਗਈ ਹੋਈ ਸੀ ਮੇਰੀ ਸੱਸ ਤੇ ਬੱਚੇ ਗੁਰਦੁਆਰਾ ਵਿਖੇ ਗਏ ਹੋਏ ਸੀ, ਪਿੱਛੋਂ ਚੋਰਾਂ ਨੇ ਪਿਛਲੀ ਕੰਧ ਟੱਪ ਕੇ ਦਰਵਾਜ਼ੇ ਉੱਤੇ ਲਗੀ ਜਾਲੀ ਭੰਨ ਘਰ ਅੰਦਰ ਦਾਖਲ ਹੋ ਕੇ ਦੋ ਅਲਮਾਰੀਆਂ ਦੀ ਭੰਨ ਤੋੜ ਕਰਕੇ ਵੀਹ ਹਜ਼ਾਰ ਰੁਪਏ ਦੀ ਨਗਦੀ ਲੈ ਗਏ। ਉਨ੍ਹਾਂ ਦੱਸਿਆ ਕਿ ਅਸੀ ਇਸ ਦੀ ਦਰਖਾਸਤ 17 ਸਤੰਬਰ ਨੂੰ ਦਿੱਤੀ ਸੀ ।ਪਰ ਥਾਣਾ ਮਾਹਿਲਪੁਰ ਦੀ ਪੁਲਿਸ ਨੇ ਹੁਣ ਤੱਕ ਕੋਈ ਕਾਰਵਾਈ ਨਹੀ ਕੀਤੀ ਅਤੇ ਨਾ ਹੀ ਭਾਰਟਾ ਪਿੰਡ ਫ਼ੇਰੀ ਪਾਈ ਹੈ। ਇਸੇ ਤਰ੍ਹਾਂ 17 ਸਤੰਬਰ ਨੂੰ ਕਸ਼ਮੀਰ ਸਿੰਘ ਪੁੱਤਰ ਨਰੰਜਨ ਦਾਸ ਦੇ ਘਰ ਤੇ ਲੱਗੇ ਕੈਮਰੇ ਚੋਰਾਂ ਨੇ ਉਤਾਰ ਲਏ। ਪਿੰਡ ਦੀ ਸਰਪੰਚ ਪ੍ਰਵੀਨ ਬਾਲਾ, ਪੰਚਾਇਤ ਮੈਂਬਰਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪਿੰਡ ਭਾਰਟਾ 'ਚ ਇਨ ਦਿਨਾਂ ਦਿਨ ਦਿਹਾੜੇ ਹੋਈਆਂ ਇਨ੍ਹਾਂ ਚੋਰੀਆਂ ਤੋਂ ਥਾਣਾ ਮਾਹਿਲਪੁਰ ਨੂੰ ਕਈ ਵਾਰ ਜਾਣੂ ਕਰਵਾ ਚੁੱਕੇ ਹਾਂ, ਪਰ ਪੁਲਸ ਦਾ ਕੋਈ ਵੀ ਕਰਮਚਾਰੀ ਪਿੰਡ ਭਾਰਟਾ 'ਚ ਨਹੀਂ ਆਇਆ ਜਿਸ ਕਰਕੇ ਭਾਰਟਾ ਵਾਸੀਆਂ 'ਚ ਪੁਲਸ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ।



# ਗ੍ਰਾਮ ਪੰਚਾਇਤ ਵਿਕਾਸ ਯੋਜਨਾ ਸਿਖਲਾਈ ਕੈਂਪ ਸੰਪੰਨ




**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਜ਼ਿਲ੍ਹਾ ਜਲੰਧਰ ਦੇ ਬਲਾਕ ਨੂਰਮਹਿਲ ਵਿਖੇ 11 ਰੋਜ਼ਾ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਸਿਖਲਾਈ ਕੈਂਪ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਅਸ਼ੋਕ ਕੁਮਾਰ ਦੀ ਅਗਵਾਈ ਵਿੱਚ ਸੰਪੰਨ ਹੋਇਆ। ਇਸ ਕੈਂਪ ਦੇ ਆਖਰੀ ਦਿਨ ਹਾਜ਼ਰ ਹੋਏ ਸਰਪੰਚਾਂ, ਪੰਚਾਂ, ਆਸ਼ਾ ਵਰਕਰ, ਆਂਗਣਵਾੜੀ ਵਰਕਰ, ਸਕੂਲ ਅਧਿਆਪਕ ਆਦਿ ਸਰਕਾਰੀ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀਆਂ ਦਾ ਧੰਨਵਾਦ ਕੀਤਾ ਗਿਆ।ਇਸ ਸਿਖਲਾਈ ਕੈਂਪ ਦੌਰਾਨ ਪ੍ਰਦੇਸ਼ਿਕ ਦਿਹਾਤੀ ਵਿਕਾਸ ਤੇ ਪੰਚਾਇਤੀ ਰਾਜ ਸੰਸਥਾ ਮੋਹਾਲੀ ਤੋਂ ਰਿਸੋਰਸ ਪਰਸਨ ਬਲਵਿੰਦਰ ਪਾਲ ਸਿੰਘ ਅਤੇ ਗੁਰਵਿੰਦਰ ਕੌਰ ਵੱਲੋਂ ਭਾਗੀਦਾਰਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਉਹਨਾਂ ਨੇ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਤਹਿਤ ਪੰਚਾਇਤਾਂ ਦੀਆਂ ਕਾਨੂੰਨੀ ਜ਼ਿੰਮੇਵਾਰੀਆਂ, ਸਰਕਾਰੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ, ਕਾਰਗੁਜ਼ਾਰੀ ਅਧਾਰਿਤ ਗ੍ਰਾਂਟ ਅਤੇ ਪੰਚਾਇਤਾਂ ਨੂੰ ਆਪਣੇ ਸਰੋਤਾਂ ਰਾਹੀਂ ਆਮਦਨ ਵਧਾਉਣ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਯੋਜਨਾਬੱਧ ਤਰੀਕਿਆਂ ਤੇ ਚਰਚਾ ਵੀ ਕੀਤੀ ਗਈ।ਇਸ ਮੌਕੇ ਅਸ਼ੋਕ ਕੁਮਾਰ ਬੀ ਡੀ ਪੀ ਓ ਨੂਰਮਹਿਲ ਵੱਲੋਂ ਵਿਸ਼ੇਸ਼ ਤੌਰ ਤੇ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਚੁਣੇ ਹੋਏ ਨੁਮਾਇੰਦਿਆਂ ਦੀ ਕਾਰਗੁਜ਼ਾਰੀ ਵਿੱਚ ਨਿਖਾਰ ਲਿਆਉਂਦੇ ਹਨ ਅਤੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਭੂਮਿਕਾ ਨਿਭਾਉਂਦੇ ਹਨ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਕੁਲਵਿੰਦਰ ਕੁਮਾਰ ਪੰਚਾਇਤ ਅਫਸਰ, ਟੈਕਸ ਕੁਲੈਕਟਰ ਅਜਿੰਦਰ ਕੁਮਾਰ, ਬਲਾਕ ਨੂਰਮਹਿਲ ਦੇ ਅਮਨਦੀਪ, ਰਜਿੰਦਰ ਸਿੰਘ, ਪਰਵਿੰਦਰ ਸਿੰਘ ਪੰਚਾਇਤ ਵਿਕਾਸ ਸਕੱਤਰਾਂ ਵੱਲੋਂ ਮਹੱਤਵਪੂਰਨ ਸਹਿਯੋਗ ਪਾਇਆ ਗਿਆ।

# ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ 'ਤੇ ਰੋਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੇ ਪਿੰਡ ਜੇਜੋਂ ਤੋਂ ਮਾਹਿਲਪੁਰ ਰੋਡ ਅਤੇ ਨੰਗਲ ਤੋਂ ਗੜ੍ਹਸ਼ੰਕਰ ਰੋਡ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਨੂੰ ਕੇਵਲ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਆਵਾਜਾਈ ਦੀ ਆਗਿਆ ਦੇ ਹੁਕਮ ਜਾਰੀ ਕੀਤੇ ਹਨ ਅਤੇ ਇਸ ਸਮੇਂ ਤੋਂ ਇਲਾਵਾ ਇਨ੍ਹਾਂ ਸੜਕਾਂ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ 'ਤੇ ਰੋਕ ਰਹੇਗੀ। ਜਾਰੀ ਹੁਕਮਾਂ ਅਨੁਸਾਰ ਜ਼ਿਲਾ ਪ੍ਰਸ਼ਾਸਨ ਦੇ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੈਂਦੇ ਮਾਹਿਲਪੁਰ ਰੋਡ ਅਤੇ ਨੰਗਲ ਤੋਂ ਗੜ੍ਹਸ਼ੰਕਰ ਰੋਡ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੇ ਕਾਰਨ ਸੜਕਾਂ 'ਤੇ ਹਾਦਸੇ ਹੋ ਰਹੇ ਹਨ ਜਿਨ੍ਹਾਂ ਕਾਰਨ ਜਾਨੀ ਅਤੇ ਮਾਲੀ ਨੁਕਸਾਨ ਹੁੰਦਾ ਹੈ ਜਿਸ ਕਰਕੇ ਲੋਕ ਚਿੰਤਾਂ ਨੂੰ ਮੁੱਖ ਰੱਖਦੇ ਹੋਏ ਇਨ੍ਹਾਂ ਸੜਕਾਂ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ ਨੂੰ ਸਮਾਂਬੱਧ ਤਰੀਕੇ ਨਾਲ ਚਲਾਉਣ ਦੀ ਜ਼ਰੂਰਤ ਹੈ। ਡਿਪਟੀ ਕਮਿਸ਼ਨਰ ਵੱਲੋਂ ਜਾਰੀ ਹੁਕਮਾਂ ਅਨੁਸਾਰ ਉਪ ਪੁਲਿਸ ਕਪਤਾਨ, ਗੜ੍ਹਸ਼ੰਕਰ ਇਹ ਯਕੀਨੀ ਬਣਾਉਣਗੇ ਕਿ ਟ੍ਰੈਫਿਕ ਪੁਲਿਸ ਵਲੋਂ ਟਿੱਪਰ/ਟਰੱਕਾਂ ਦੀ ਓਵਰਸਪੀਡ ਚੈੱਕ ਕੀਤੀ ਗਈ ਹੈ। ਰੀਜਨਲ ਟਰਾਂਸਪੋਰਟ ਅਥਾਰਟੀ ਹੁਸ਼ਿਆਰਪੁਰ ਇਨ੍ਹਾਂ ਹੁਕਮਾਂ ਸਨਮੁੱਖ ਓਵਰਲੋਡਿੰਗ ਅਤੇ ਹੋਰ ਨਿਯਮਾਂ ਦੀ ਉਲੰਘਣਾ ਸਬੰਧੀ ਚੈਕਿੰਗ ਅਤੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣਗੇ। ਇਹ ਹੁਕਮ 20 ਨਵੰਬਰ, 2026 ਤੱਕ ਲਾਗੂ ਰਹਿਣਗੇ।



# ਏ ਜੀ ਆਈ ਗਲੋਬਲ ਸਕੂਲ ਵੱਲੋਂ ਕੌਸ਼ਲ ਸਿੱਖਿਆ ਬਾਰੇ ਸੈਮੀਨਾਰ



**ਜਲੰਧਰ (ਰਮੇਸ਼ ਬਾਂਸਾ)**- ਏ ਜੀ ਆਈ ਗਲੋਬਲ ਸਕੂਲ ਵਿੱਚ ਕੌਸ਼ਲ ਸਿੱਖਿਆ ਬਾਰੇ ਇੱਕ ਵਿਸ਼ੇਸ਼ ਸਮਰੱਥਾ ਵਿਕਾਸ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਸ਼ਹਿਰਾਂ ਤੋਂ ਲਗਭਗ 45 ਅਧਿਆਪਕ ਤੇ ਪ੍ਰਿੰਸੀਪਲ ਸ਼ਾਮਲ ਹੋਏ।ਇਸ ਪ੍ਰੋਗਰਾਮ ਦਾ ਮੁੱਖ ਮਕਸਦ ਕਲਾਸ 9 ਲਈ ਸ਼ੁਰੂ ਕੀਤੇ ਗਈ ਨਵੀਂ 'ਕੌਸ਼ਲ ਵਿਕਾਸ' ਕਿਤਾਬ ਨੂੰ ਸਕੂਲਾਂ ਵਿੱਚ ਸਹੀ ਤਰੀਕੇ ਨਾਲ ਲਾਗੂ ਕਰਨਾ ਸੀ। ਇਸ ਦੇ ਨਾਲ ਬੱਚਿਆਂ ਦੀਆਂ ਵਿਹਾਰਕ ਯੋਗਤਾਵਾਂ ਅਤੇ ਜੀਵਨ ਵਿੱਚ ਕੰਮ ਆਉਣ ਵਾਲੇ ਜ਼ਰੂਰੀ ਹੁਨਰ ਵਿਕਸਿਤ ਕਰਨ ਉੱਤੇ ਵੀ ਖਾਸ ਧਿਆਨ ਦਿੱਤਾ ਗਿਆ। ਪ੍ਰੋਗਰਾਮ ਦੌਰਾਨ ਅਧਿਆਪਕਾਂ ਨੂੰ ਦੱਸਿਆ ਗਿਆ ਕਿ ਕੌਸ਼ਲ ਸਿੱਖਿਆ ਨੂੰ ਰੋਜ਼ਾਨਾ ਦੀ ਕਲਾਸ ਦੀ ਪੜ੍ਹਾਈ ਨਾਲ ਕਿਵੇਂ ਜੋੜਿਆ ਜਾ ਸਕਦਾ ਹੈ। ਇਸ ਦੇ ਨਾਲ ਬੱਚਿਆਂ ਨੂੰ ਇਹ ਵੀ ਸਿਖਾਉਣ ਬਾਰੇ ਜਾਣਕਾਰੀ ਦਿੱਤੀ ਗਈ ਕਿ ਉਹ ਇਨ੍ਹਾਂ ਹੁਨਰਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਕਿਵੇਂ ਵਰਤ ਸਕਦੇ ਹਨ।ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਏ ਜੀ ਆਈ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਨੇ ਕਿਹਾ ਕਿ ਤੇਜ਼ੀ ਨਾਲ ਬਦਲ ਰਹੀ ਦੁਨੀਆ ਵਿੱਚ ਕੌਸ਼ਲ ਸਿੱਖਿਆ ਦੀ ਮਹੱਤਤਾ ਲਗਾਤਾਰ ਵੱਧ ਰਹੀ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਸਿਰਫ਼ ਕਿਤਾਬਾਂ ਅਤੇ ਇਮਤਿਹਾਨਾਂ ਤੱਕ ਹੀ ਸੀਮਿਤ ਨਹੀਂ ਹੋਣੀ ਚਾਹੀਦੀ। ਬੱਚਿਆ ਨੂੰ ਅਜਿਹੇ ਵਿਹਾਰਕ ਹੁਨਰ ਵੀ ਸਿਖਾਏ ਜਾਣੇ ਚਾਹੀਦੇ ਹਨ, ਜੋ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਰਚਨਾਤਮਕ ਸੋਚ ਅਤੇ ਬਦਲਦੀਆਂ ਹਾਲਾਤਾਂ ਦਾ ਸਾਹਮਣਾ ਕਰਨ ਦੀ ਸਮਰੱਥਾ ਪੈਦਾ ਕਰਨ। ਸਕਿਲ ਐਜੂਕੇਸ਼ਨ ਦੇ ਐਡੀਸ਼ਨਲ ਡਾਇਰੈਕਟਰ ਡਾ. ਆਰ ਪੀ ਸਿੰਘ ਨੇ ਵੀ ਆਨਲਾਈਨ ਰਾਹੀਂ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸੰਬੋਧਨ ਕੀਤਾ।

# ਪ੍ਰਕਾਸ਼ ਪੁਰਬ ਨੂੰ ਸਮਰਪਤ ਡਾਕੂਮੈਂਟਰੀ ਦਿਖਾਈ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਡੇਰਾਬੱਸੀ ਬਲਾਕ ਦੇ ਪਿੰਡ ਜੌਹਲਪੁਰ, ਰਜਾਪੁਰ ਅਤੇ ਖੇਲਣ ਵਿਖੇ 30 ਮਿੰਟ ਦੀ ਵਿਸ਼ੇਸ਼ ਦਸਤਾਵੇਜ਼ੀ ਫਿਲਮ ਐੱਲ ਈ ਡੀ ਸਕਰੀਨ ਰਾਹੀਂ ਦਿਖਾਈ ਗਈ।ਇਸ ਮੌਕੇ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਦਸਤਾਵੇਜ਼ੀ ਫਿਲਮ ਦੇਖ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਵਿਚਾਰਾਂ ਅਤੇ ਸਮਾਜ ਨੂੰ ਦਿੱਤੀ ਮਹਾਨ ਸੇਧ ਬਾਰੇ ਜਾਣਕਾਰੀ ਹਾਸਲ ਕੀਤੀ। ਜਾਣਕਾਰੀ ਦਿੰਦੇ ਹੋਏ ਡੇਰਾਬੱਸੀ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਹੁਣ ਡੇਰਾਬੱਸੀ ਬਲਾਕ ਦੇ 81 ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਤੇ ਸਿੱਖਿਆਵਾਂ ਤੇ ਅਧਾਰਿਤ ਡਾਕੂਮੈਂਟਰੀ ਫਿਲਮ ਦਿਖਾਈ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਅਤੇ ਵਿਚਾਰ ਅੱਜ ਵੀ ਸਮਾਜ ਲਈ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਨੇ ਮਨੁੱਖਤਾ ਨੂੰ ਆਪਸੀ ਭਾਈਚਾਰੇ, ਬਰਾਬਰੀ, ਸਾਂਝ ਅਤੇ ਸੱਚਾਈ ਦੇ ਰਾਹ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਪਿੰਡ ਜੌਹਲਪੁਰ, ਰਜਾਪੁਰ ਅਤੇ ਖੇਲਣ ਵਿੱਚ ਐਸ.ਈ.ਡੀ. ਸਕਰੀਨ 'ਤੇ ਦਿਖਾਈ ਗਈ ਕਰੀਬ 30 ਮਿੰਟ ਦੀ ਇਸ ਦਸਤਾਵੇਜ਼ੀ ਫਿਲਮ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਨਾਲ ਸਬੰਧਤ ਮਹੱਤਵਪੂਰਨ ਪੱਖਾਂ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।



## ਮੁਫ਼ਤ ਆਯੁਰਵੇਦ ਕੈਂਪ ਲਗਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਕੇਂਦਰੀ ਆਯੁਰਵੇਦ ਖੋਜ ਸੰਸਥਾ ਮੋਤੀ ਬਾਗ ਰੋਡ ਪਟਿਆਲਾ ਵਲੋਂ ਆਈ ਡਾਕਟਰਾਂ ਦੀ ਟੀਮ ਵਲੋਂ 7ਵਾਂ ਆਯੁਰਵੇਦ ਦਿਵਸ 'ਹਰ ਦਿਨ ਹਰ ਘਰ ਆਯੁਰਵੇਦ' ਤਹਿਤ ਗੁਰਦੁਆਰਾ ਸ੍ਰੀ ਗੁਪਤਸਰ ਸਾਹਿਬ ਮੋਰਿੰਡਾ ਵਿਖੇ ਮੁਫ਼ਤ ਆਯੁਰਵੇਦ ਕੈਂਪ ਲਗਾਇਆ ਗਿਆ। ਇਸ ਕੈਂਪ ਸੰਬੰਧੀ ਜਾਣਕਾਰੀ ਦਿੰਦਿਆਂ ਸਾਬਕਾ ਕੌਂਸਲਰ ਰਾਜਪ੍ਰੀਤ ਸਿੰਘ ਰਾਜੀ ਨੇ ਦੱਸਿਆ ਕਿ ਕੇਂਦਰੀ ਆਯੁਰਵੇਦ ਖੋਜ ਸੰਸਥਾ ਪਟਿਆਲਾ ਵਲੋਂ ਗੁਰਦੁਆਰਾ ਗੁਪਤਸਰ ਸਾਹਿਬ ਵਿਖੇ 15 ਦਿਨਾਂ ਬਾਅਦ ਇਹ ਆਯੁਰਵੇਦ ਕੈਂਪ ਲਗਾਇਆ ਜਾਂਦਾ ਹੈ, ਇਹਨਾਂ ਵਲੋਂ 6ਵਾਂ ਕੈਂਪ ਲਗਾਇਆ ਗਿਆ ਹੈ। ਕੈਂਪ ਦੌਰਾਨ ਡਾਕਟਰਾਂ ਦੀ ਟੀਮ ਵਲੋਂ 85 ਮਰੀਜ਼ਾਂ ਦਾ ਚੈੱਕਅਪ ਕਰਕੇ ਉਹਨਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਗਈਆ। ਇਸ ਮੌਕੇ ਡਾਕਟਰ ਰਵੀ ਨੇ ਦੱਸਿਆ ਕਿ ਕੇਂਦਰੀ ਆਯੁਰਵੇਦ ਖੋਜ ਸੰਸਥਾ ਮੋਤੀ ਬਾਗ ਰੋਡ ਪਟਿਆਲਾ ਵਲੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਇਹ ਕੈਂਪ ਲਗਾਏ ਜਾ ਰਹੇ ਹਨ। ਇਹਨਾਂ ਕੈਂਪਾਂ ਵਿਚ ਲੋਕਾਂ ਨੂੰ ਫ੍ਰੀ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਡਾ. ਸਿਵਾਨੀ ਗਰਗ, ਡਾ. ਪ੍ਰਿਅੰਕਾ ਕਪੂਰ, ਡਾ. ਰਵੀ ਤੇ ਡਾ. ਪੁਲਕਿਤ ਤੋਂ ਇਲਾਵਾ ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਕੌਂਸਲਰ ਹਰਜੀਤ ਸਿੰਘ ਸੋਢੀ, ਸਾਬਕਾ ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਸੰਗਤ ਸਿੰਘ ਭਾਮੀਆ, ਗਿਆਨੀ ਭਗਵੰਤ ਸਿੰਘ, ਗਿਆਨੀ ਗੁਰਭੇਜ ਸਿੰਘ, ਸਮਾਜਸੇਵੀ ਅਮਨਪ੍ਰੀਤ ਸਿੰਘ ਅਮਨਾ, ਗੁਰਮੀਤ ਸਿੰਘ, ਚਤਰ ਸਿੰਘ ਆਦਿ ਹਾਜ਼ਰ ਸਨ।



# ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਸ ਵੱਲੋਂ ਇੱਕ ਵਿਅਕਤੀ ਨੂੰ 20 ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ ਕੀਤਾ ਗਿਆ ਹੈ। ਜਿਸ ਵਿੱਚ ਪੁਲਸ ਥਾਣਾ ਸਦਰ ਨਵਾਂਸ਼ਹਿਰ ਦੇ ਐੱਸ ਐੱਚ ਓ ਵਰਿੰਦਰ ਕੁਮਾਰ ਨੇ ਦੱਸਿਆ ਕਿ ਏ ਐੱਸ ਆਈ ਸੰਜੀਵ ਕੁਮਾਰ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਪੁਲਸ ਚੌਕੀ ਜਾਡਲਾ ਤੋਂ ਸਿਗਲੀਗਰ ਬਸਤੀ ਹੁੰਦੇ ਹੋਏ ਮੇਨ ਹਾਈਵੇ ਰੋਡ ਨੂੰ ਜਾ ਰਹੇ ਸੀ। ਜਦੋਂ ਪੁਲਸ ਪਾਰਟੀ ਮੇਨ ਹਾਈਵੇ ਦੇ ਨੇੜੇ ਬੁੱਗੇ ਦਾ ਪੌਅ ਜਾਡਲਾ ਪੁੱਜੀ ਤਾਂ ਪੌਅ ਕੋਲ ਬਣੇ ਬੱਸ ਅੱਡੇ ਦੀ ਸ਼ੈੱਡ ਦੀ ਪਿਛਲੀ ਸਾਈਡ ਤੋਂ ਇੱਕ ਨੌਜਵਾਨ ਸੜਕ ਵੱਲ ਨੂੰ ਆਇਆ। ਜਿਸ ਨੇ ਪੁਲਸ ਪਾਰਟੀ ਦੀ ਗੱਡੀ ਦੇਖ ਕੇ ਆਪਣੇ ਹੱਥ ਵਿਚ ਫੜੀ ਕੋਈ ਵਸਤ ਇਕਦਮ ਹੇਠਾਂ ਜ਼ਮੀਨ 'ਤੇ ਸੁੱਟ ਦਿੱਤੀ ਤੇ ਖੁਦ ਹਾਈਵੇ ਵੱਲ ਨੂੰ ਮੁੜ ਪਿਆ। ਜਿਸ ਨੂੰ ਕਾਬੂ ਕਰ ਕੇ ਨਾਮ ਪਤਾ ਪੁੱਛਿਆ, ਜਿਸ ਨੇ ਆਪਣਾ ਨਾਮ ਮਨਪ੍ਰੀਤ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਮੀਰਪੁਰ ਜੱਟਾਂ ਦੱਸਿਆ। ਉਸ ਵੱਲੋਂ ਸੁੱਟੇ ਦੋ ਪੱਤਿਆਂ ਵਿਚ 10/10 ਕੁੱਲ 20 ਨਸ਼ੇ ਦੀਆਂ ਗੋਲੀਆਂ ਅਲਪਰਾਜੋਲਮ ਬਰਾਮਦ ਹੋਣ 'ਤੇ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ।

# 27 ਨੂੰ ਮਨਾਇਆ ਜਾਵੇਗਾ 'ਵਿਦਿਆਰਥੀ ਨੌਜਵਾਨ ਮੇਲਾ' : ਸ਼ਸ਼ੀ ਰਾਣਾ

**ਬਲਾਚੌਰ (ਜਸਵਿੰਦਰ ਬੈਂਸ)**- ਅੱਜ ਦੇ ਗੰਭੀਰ ਅਤੇ ਨਾਜ਼ੁਕ ਦੌਰ ਵਿੱਚ ਜਿੱਥੇ ਮਾਰੂ ਨਸ਼ਿਆਂ ਦਾ ਛੇਵਾਂ ਦਰਿਆ ਸਾਡੀ ਆਉਣ ਵਾਲੀ ਜਵਾਨੀ ਨੂੰ ਦੀਮਕ ਵਾਂਗ ਚੱਟ ਕੇ ਬਰਬਾਦ ਕਰ ਰਿਹਾ ਹੈ, ਉੱਥੇ ਹੀ ਨੌਜਵਾਨਾਂ ਨੂੰ ਇਸ ਭੈੜੀ ਅਲਾਮਤ ਅਤੇ ਭਟਕਾਅ ਤੋਂ ਬਚਾਉਣ ਲਈ 'ਸ਼ਹੀਦ ਭਗਤ ਸਿੰਘ ਨੌਜਵਾਨ ਫੈਡਰੇਸ਼ਨ' ਵੱਲੋਂ ਨਿਭਾਇਆ ਜਾ ਰਿਹਾ ਰੋਲ ਅਤਿ ਸ਼ਲਾਘਾਯੋਗ ਅਤੇ ਪ੍ਰੇਰਨਾਦਾਇਕ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬੀਬੀ ਸ਼ਸ਼ੀ ਰਾਣਾ (ਸਾਬਕਾ ਸਰਪੰਚ ਅਤੇ ਸਰਪ੍ਰਸਤ, ਸ਼ਹੀਦ ਭਗਤ ਸਿੰਘ ਨੌਜਵਾਨ ਫੈਡਰੇਸ਼ਨ) ਨੇ ਕਬੱਡੀ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾ ਸਮੂਹ ਪਿੰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਆਪਣੀਆਂ ਆਉਣ ਵਾਲੀਆਂ ਨਸਲਾਂ, ਬੱਚਿਆਂ ਅਤੇ ਜਵਾਨੀ ਦੇ ਸੁਨਹਿਰੀ ਭਵਿੱਖ ਨੂੰ ਬਚਾਉਣ ਦੇ ਇਸ ਅਹਿਮ ਤੇ ਸਮਾਜਿਕ ਕਾਰਜ ਵਿੱਚ ਫੈਡਰੇਸ਼ਨ ਦਾ ਪੂਰਨ ਸਹਿਯੋਗ ਕਰਨ। ਬੀਬੀ ਰਾਣਾ ਨੇ ਵਿਸ਼ੇਸ਼ ਜ਼ੋਰ ਦਿੰਦਿਆਂ ਕਿਹਾ ਕਿ ਨਸ਼ਿਆਂ ਦੀ ਬੁਰਾਈ ਨੂੰ ਜੜ੍ਹੋਂ ਠੱਲ੍ਹ ਪਾਉਣ ਲਈ ਸਭ ਤੋਂ ਜ਼ਰੂਰੀ ਕਦਮ ਨੌਜਵਾਨਾਂ ਦੇ ਮਾਨਸਿਕ ਤੇ ਚੇਤਨਾ ਪੱਧਰ ਦਾ ਵਿਕਾਸ ਕਰਨਾ ਹੈ। ਨੌਜਵਾਨਾਂ ਨੂੰ ਗਲਤ ਰਸਤੇ ਤੋਂ ਮੋੜ ਕੇ ਸਹੀ ਦਿਸ਼ਾ ਵੱਲ ਲੈ ਜਾਣ ਲਈ ਚੰਗੀ ਤੇ ਮਿਆਰੀ ਵਿੱਦਿਆ, ਖੇਡਾਂ ਅਤੇ ਉੱਚੇ-ਸੁੱਚੇ ਨੈਤਿਕ ਸੱਭਿਆਚਾਰ ਦੀ ਸਖ਼ਤ ਲੋੜ ਹੈ। ਉਹਨਾਂ ਦੱਸਿਆ ਕਿ ਪਿਛਲੇ ਛੇ ਮਹੀਨਿਆਂ ਤੋਂ ਸ਼ਹੀਦ ਭਗਤ ਸਿੰਘ ਨੌਜਵਾਨ ਫੈਡਰੇਸ਼ਨ ਅਤੇ ਭਾਈ ਲਾਲੋ ਲੋਕ ਮੰਚ ਵੱਲੋਂ ਪਿੰਡ ਵਿੱਚ ਨਸ਼ਿਆਂ ਦੀ ਮੰਗ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਾਂਝੇ ਤੌਰ 'ਤੇ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਸਾਂਝੇ ਅਤੇ ਲੋਕ-ਪੱਖੀ ਯਤਨਾਂ ਦੇ ਬਹੁਤ ਹੀ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਅਤੇ ਇਸ ਮੁਹਿੰਮ ਨੂੰ ਇਲਾਕੇ ਵਿੱਚ ਵੱਡੀ ਕਾਮਯਾਬੀ ਮਿਲ ਰਹੀ ਹੈ।ਇਸ ਸਮਾਗਮ ਦੌਰਾਨ ਡਾਕਟਰ ਪਵਨ ਕੁਮਾਰ ਅਤੇ ਨੌਜਵਾਨ ਫੈਡਰੇਸ਼ਨ ਦੇ ਪ੍ਰਧਾਨ ਅਭੀ ਸਿੰਘ ਨੇ ਅਹਿਮ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਇੱਕ ਵਿਸ਼ੇਸ਼ ਵਿਦਿਆਰਥੀ ਨੌਜਵਾਨ ਮੇਲਾ 27 ਸਤੰਬਰ ਨੂੰ ਸਵੇਰੇ ਠੀਕ 9:00 ਵਜੇ ਕਰਵਾਇਆ ਜਾਵੇਗਾ।ਇਸ ਮੇਲੇ ਦੀ ਸ਼ੁਰੂਆਤ ਪਹਿਲੀ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਵਿਦਿਅਕ ਤੇ ਗਿਆਨਵਰਧਕ ਮੁਕਾਬਲਿਆਂ ਨਾਲ ਹੋਵੇਗੀ । ਇਸ ਦੇ ਨਾਲ ਹੀ, ਇੱਕ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਵੀ ਲਗਾਇਆ ਜਾਵੇਗਾ, ਜਿਸ ਵਿੱਚ ਮਾਹਰ ਡਾਕਟਰਾਂ ਵੱਲੋਂ ਲੋੜਵੰਦ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ ਅਤੇ ਲੋੜੀਂਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ।



# ਸੀ ਟੀ ਗਰੁੱਪ 'ਚ ਡਰੋਨ ਤਕਨਾਲੋਜੀ ਤੇ ਏਅਰੋ ਮਾਡਲਿੰਗ 'ਤੇ ਦੋ ਰੋਜ਼ਾ ਵਰਕਸ਼ਾਪ

**ਜਲੰਧਰ (ਸ਼ੈਲੀ ਐਲਬਰਟ)**- ਸੀਟੀ ਇੰਸਟੀਚਿਊਟ ਆਫ਼ ਟੈਕਨਾਲੋਜੀ ਐਂਡ ਰਿਸਰਚ (ਸੀ ਟੀ ਆਈ ਟੀ ਆਰ) ਮਕਸੂਦਾਂ ਵਿਖੇ ਡਰੋਨ ਅਤੇ ਏਅਰੋਮਾਡਲਿੰਗ ਸੰਬੰਧੀ ਦੋ ਰੋਜ਼ਾ ਵਿਹਾਰਕ ਵਰਕਸ਼ਾਪ ਕਰਵਾਈ ਗਈ। ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਅਤੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਵੱਲੋਂ ਆਯੋਜਿਤ ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ ਡਰੋਨ ਤਕਨਾਲੋਜੀ, ਏਅਰੋਮਾਡਲਿੰਗ, ਹਵਾਈ ਜਹਾਜ਼ਾਂ ਦੇ ਮੂਲ ਸਿਧਾਂਤਾਂ ਅਤੇ ਉਡਾਣ ਸੰਚਾਲਨ ਦਾ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਸੀ।ਵਰਕਸ਼ਾਪ ਵਿੱਚ ਇੰਜੀਨੀਅਰਿੰਗ, ਕੰਪਿਊਟਰ ਐਪਲੀਕੇਸ਼ਨ ਅਤੇ ਸੀਟੀ ਪਬਲਿਕ ਸਕੂਲ ਦੇ 75 ਵਿਦਿਆਰਥੀਆਂ ਨੇ ਭਾਗ ਲਿਆ। ਪਹਿਲੇ ਦਿਨ ਵਿਦਿਆਰਥੀਆਂ ਨੂੰ ਹਵਾਈ ਜਹਾਜ਼ਾਂ ਅਤੇ ਡਰੋਨ ਤਕਨਾਲੋਜੀ ਦੇ ਮੂਲ ਸਿਧਾਂਤਾਂ ਨਾਲ ਜਾਣੂ ਕਰਵਾਇਆ ਗਿਆ। ਇਸ ਦੌਰਾਨ ਲਿਫਟ, ਥਰਸਟ, ਡਰੈਗ, ਭਾਰ, ਸਥਿਰਤਾ ਅਤੇ ਕੰਟਰੋਲ ਸਰਫੇਸ ਵਰਗੇ ਮਹੱਤਵਪੂਰਨ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਵੱਖ-ਵੱਖ ਕਿਸਮਾਂ ਦੇ ਡਰੋਨਾਂ, ਉਨ੍ਹਾਂ ਦੇ ਉਪਯੋਗ ਅਤੇ ਮੋਟਰਾਂ, ਪ੍ਰੋਪੈਲਰਾਂ, ਈ ਐਸ ਸੀ, ਫਲਾਈਟ ਕੰਟਰੋਲਰ, ਬੈਟਰੀ, ਟ੍ਰਾਂਸਮੀਟਰ, ਰਿਸੀਵਰ ਅਤੇ ਸੈਂਸਰਾਂ ਵਰਗੇ ਮੁੱਖ ਹਿੱਸਿਆਂ ਬਾਰੇ ਵੀ ਜਾਣਿਆ।ਦੂਜੇ ਦਿਨ ਵਿਹਾਰਕ ਏਅਰੋਮਾਡਲਿੰਗ ਅਤੇ ਉਡਾਣ ਪ੍ਰਦਰਸ਼ਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਵਿਦਿਆਰਥੀਆਂ ਨੇ ਏਅਰੋਡਾਇਨਾਮਿਕ ਡਿਜ਼ਾਈਨ, ਮਾਡਲ ਬਣਾਉਣ ਲਈ ਸਮੱਗਰੀ, ਵਿੰਗ ਅਤੇ ਫਿਊਜ਼ਲੇਜ ਅਸੈਂਬਲੀ, ਸੰਤੁਲਨ, ਸਥਿਰਤਾ, ਫਲਾਈਟ ਕੰਟਰੋਲ ਅਤੇ ਮਾਡਲ ਲਾਂਚ ਕਰਨ ਦੀਆਂ ਤਕਨੀਕਾਂ ਸਿੱਖੀਆਂ। ਵਿਦਿਆਰਥੀਆਂ ਵੱਲੋਂ ਇੱਕ ਕਾਰਜਸ਼ੀਲ ਏਅਰ ਗਲਾਈਡਰ ਤਿਆਰ ਕੀਤਾ ਗਿਆ, ਜਿਸ ਤੋਂ ਬਾਅਦ ਲਾਈਵ ਏਅਰ ਗਲਾਈਡਰ ਫਲਾਈ ਸ਼ੋਅ ਰਾਹੀਂ ਹਵਾਈ ਗਤੀ ਵਿਗਿਆਨ ਅਤੇ ਉਡਾਣ ਦੇ ਸਿਧਾਂਤਾਂ ਦਾ ਵਿਹਾਰਕ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਮਕਸੂਦਾਂ ਦੇ ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਵਿਦਿਆਰਥੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਦੀ ਸ਼ਲਾਘਾ ਕੀਤੀ । ਦੋ ਰੋਜ਼ਾ ਵਰਕਸ਼ਾਪ ਨੇ ਵਿਦਿਆਰਥੀਆਂ ਨੂੰ ਯੂਏਵੀ ਤਕਨਾਲੋਜੀ, ਏਅਰੋਡਾਇਨਾਮਿਕਸ, ਪ੍ਰੋਪਲਸ਼ਨ, ਏਅਰੋਮਾਡਲਿੰਗ ਅਤੇ ਫਲਾਈਟ ਓਪਰੇਸ਼ਨਜ਼ ਦੀ ਵਿਹਾਰਕ ਸਮਝ ਪ੍ਰਦਾਨ ਕੀਤੀ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਯੂਏਵੀ ਤਕਨਾਲੋਜੀ, ਏਅਰੋਸਪੇਸ ਇੰਜੀਨੀਅਰਿੰਗ, ਏਵੀਏਸ਼ਨ ਅਤੇ ਏਅਰੋਮਾਡਲਿੰਗ ਵਿੱਚ ਭਵਿੱਖ ਦੀਆਂ ਸੰਭਾਵਨਾਵਾਂ ਨਾਲ ਵੀ ਜਾਣੂ ਕਰਵਾਇਆ ਗਿਆ।



## ਸੰਤ ਬਾਬਾ ਮੱਘਰ ਸਿੰਘ ਤੇ ਸੰਤ ਬਾਬਾ ਜੋਗਿੰਦਰ ਸਿੰਘ ਦੀ ਬਰਸੀ ਮਨਾਈ



**ਕਰਤਾਰਪੁਰ (ਹਰਮੇਸ਼ ਦੱਤ)**- ਗੁਰਦੁਆਰਾ ਸੰਤ ਬਾਬਾ ਨਿਧਾਨ ਸਿੰਘ ਜੀ ਟਾਹਲੀ ਸਾਹਿਬ ਵਿਖੇ ਸੰਤ ਬਾਬਾ ਮਘਰ ਸਿੰਘ ਦੀ 41ਵੀਂ ਬਰਸੀ ਅਤੇ ਸੰਤ ਬਾਬਾ ਜੋਗਿੰਦਰ ਸਿੰਘ ਦੀ 15ਵੀਂ ਬਰਸੀ ਮਨਾਈ ਗਈ। ਇਸ ਮੌਕੇ ਕਈ ਮਹਾਨ ਸੰਤ ਅਤੇ ਰਾਗੀ ਵੀ ਮੌਜੂਦ ਸਨ। ਬਰਸੀ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਸ਼ਬਦ ਕੀਰਤਨ ਕੀਤਾ ਗਿਆ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ। ਸੰਤ ਬਾਬਾ ਪਿਆਰਾ ਸਿੰਘ ਵੱਲੋਂ ਸੰਤਾਂ ਦੀ ਜੀਵਨੀ 'ਤੇ ਚਾਨਣਾ ਪਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੁਖੀ ਬੀਬੀ ਭਜਨ ਕੌਰ, ਸਕੂਲ ਦੀ ਚੇਅਰਪਰਸਨ ਸੁਰਿੰਦਰ ਕੌਰ, ਡਾ: ਚਰਨ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ, ਪਰਵਿੰਦਰ ਕੌਰ ਆਦਿ ਹਾਜ਼ਰ ਸਨ।

## ਨਸ਼ਾ ਮੁਕਤ ਪੰਜਾਬ ਯਾਤਰਾ ਨੌਜਵਾਨਾਂ ਨੂੰ ਨਵੀਂ ਦਿਸ਼ਾ ਦੇਵੇਗੀ : ਲੱਕੀ

**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਉਤਸ਼ਾਹ ਪਾਇਆ ਜਾ ਰਿਹਾ ਹੈ। ਭਾਜਪਾ ਵੱਲੋਂ ਸ਼ੁਰੂ ਕੀਤੀਆਂ ਇਹ ਯਾਤਰਾਵਾਂ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਤੱਕ ਪਹੁੰਚਣ ਦਾ ਪ੍ਰੋਗਰਾਮ ਰੱਖਦੀਆਂ ਹਨ ਅਤੇ ਨਸ਼ਿਆਂ ਖ਼ਿਲਾਫ਼ ਜਨ ਜਾਗਰੂਕਤਾ ਪੈਦਾ ਕਰਨ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਾਜਵਿੰਦਰ ਸਿੰਘ ਲੱਕੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਯਾਤਰਾ ਸਿਰਫ਼ ਇੱਕ ਯਾਤਰਾ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਅਤੇ ਪਰਿਵਾਰਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੀ ਇੱਕ ਵੱਡੀ ਕੋਸ਼ਿਸ਼ ਹੈ।ਐਡਵੋਕੇਟ ਲੱਕੀ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਨੂੰ ਸਿੱਖਿਆ, ਰੁਜ਼ਗਾਰ, ਖੇਡਾਂ, ਹੁਨਰ ਵਿਕਾਸ ਅਤੇ ਸਿਹਤਮੰਦ ਜੀਵਨ ਨਾਲ ਜੋੜਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਸ਼ਕਤੀ ਸੂਬੇ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਇਸ ਸ਼ਕਤੀ ਨੂੰ ਨਸ਼ਿਆਂ ਦੀ ਬਜਾਏ ਵਿਕਾਸ ਦੇ ਰਾਹ 'ਤੇ ਲਗਾਉਣ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ।



## ਨਸ਼ਾ ਮੁਕਤ ਪੰਜਾਬ ਯਾਤਰਾ ਦਾ ਅਨੰਦਪੁਰ ਸਾਹਿਬ 'ਚ ਭਰਵਾਂ ਸਵਾਗਤ ਕੀਤਾ ਜਾਵੇਗਾ : ਮਿੱਤਲ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਪੰਜਾਬ ਭਾਜਪਾ ਦੇ ਸਾਬਕਾ ਸਕੱਤਰ ਐਡਵੋਕੇਟ ਅਰਵਿੰਦ ਮਿੱਤਲ ਵੱਲੋਂ ਸਥਾਨਕ ਮਾਡਲ ਟਾਊਨ ਵਿਖੇ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਸਵਾਗਤ ਅਤੇ ਇਸ ਸੰਬੰਧੀ ਕੀਤੀਆਂ ਜਾਣ ਵਾਲੀਆਂ ਤਿਆਰੀਆਂ ਨੂੰ ਲੈ ਕੇ ਭਾਜਪਾ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਵਿੱਚ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ ਅਤੇ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਅਰਵਿੰਦ ਮਿੱਤਲ ਨੇ ਕਿਹਾ ਕਿ ਪੰਜਾਬ ਭਾਜਪਾ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ਦਾ ਮੁੱਖ ਮੰਤਵ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਲੋਕਾਂ ਨੂੰ ਲਾਮਬੰਦ ਕਰਨਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਪੰਜਾਬ ਦੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਈ ਸਮਾਜ ਦੇ ਹਰ ਵਰਗ ਨੂੰ ਇਸ ਸਮੱਸਿਆ ਦੇ ਖ਼ਾਤਮੇ ਲਈ ਅੱਗੇ ਆਉਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਭਾਜਪਾ ਆਗੂ ਅਤੇ ਵਰਕਰ ਪਿੰਡਾਂ ਵਿੱਚ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਸਰੀਰਕ, ਸਮਾਜਿਕ ਅਤੇ ਪਰਿਵਾਰਕ ਨੁਕਸਾਨਾਂ ਬਾਰੇ ਜਾਣਕਾਰੀ ਦੇਣਗੇ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਪੰਜਾਬ ਦੀ ਤਰੱਕੀ ਵਿੱਚ ਆਪਣੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ।



# ਵਾਤਾਵਰਣ ਸੁਰੱਖਿਆ ਤੇ ਸਵੱਛਤਾ ਸੰਬੰਧੀ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ

**ਮੁਹਾਲੀ (ਗੁਰਜੀਤ ਬਿੱਲਾ)**- ਸ਼ਹੀਦ ਮੇਜਰ ਹਰਵਿੰਦਰ ਪਾਲ ਸਿੰਘ ਸ਼ੌਰਿਆ ਚੱਕਰ ਵਿਜੇਤਾ ਸਰਕਾਰੀ ਕਾਲਜ ਮੋਹਾਲੀ ਵਿਖੇ ਕਾਲਜ ਦੀ ਪ੍ਰਿੰਸੀਪਲ ਜਸਪ੍ਰੀਤ ਕੌਰ ਬੈਂਸ ਦੀ ਅਗਵਾਈ ਹੇਠ ਈਕੋ ਕਲੱਬ ਵੱਲੋਂ ਐੱਨ ਐੱਸ ਐੱਸ ਦੇ ਸਹਿਯੋਗ ਨਾਲ ਵਾਤਾਵਰਣ ਦੀ ਸੁਰੱਖਿਆ, ਸਵੱਛਤਾ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਤਿੰਨ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਦੀ ਲੜੀ ਤਹਿਤ 15 ਸਤੰਬਰ ਨੂੰ 'ਸਿੰਗਲ ਯੂਜ਼ ਪਲਾਸਟਿਕ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾਲ ਵਾਤਾਵਰਣ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਂਦਿਆਂ ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਇਸ ਦੇ ਬਦਲ ਵਜੋਂ ਵਾਤਾਵਰਣ ਪੱਖੀ ਵਿਕਲਪ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸੇ ਲੜੀ ਤਹਿਤ 17 ਸਤੰਬਰ ਨੂੰ ਵਾਤਾਵਰਣ ਸੁਰੱਖਿਆ ਰੈਲੀ ਕੱਢੀ ਗਈ।

ਰੈਲੀ ਦੌਰਾਨ ਵਿਦਿਆਰਥੀਆਂ ਨੇ ਵਾਤਾਵਰਣ ਦੀ ਸੰਭਾਲ, ਪਲਾਸਟਿਕ ਦੀ ਘੱਟ ਵਰਤੋਂ, ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਕੁਦਰਤੀ ਸਰੋਤਾਂ ਦੀ ਸਾਂਭ-ਸੰਭਾਲ ਦਾ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ 18 ਸਤੰਬਰ ਨੂੰ ਸਫ਼ਾਈ ਮੁਹਿੰਮ ਚਲਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਕਾਲਜ ਕੈਂਪਸ ਅਤੇ ਇਸ ਦੇ ਆਸ-ਪਾਸ ਦੇ ਖੇਤਰ ਦੀ ਸਫ਼ਾਈ ਕੀਤੀ। ਇਸ ਮੁਹਿੰਮ ਰਾਹੀਂ ਵਿਦਿਆਰਥੀਆਂ ਨੇ ਸਵੱਛਤਾ ਅਤੇ ਵਾਤਾਵਰਣ ਦੀ ਸੰਭਾਲ ਪ੍ਰਤੀ ਆਪਣੀ ਜ਼ਿੰਮੇਵਾਰੀ ਦਾ ਪ੍ਰਗਟਾਵਾ ਕੀਤਾ।



# ਯੂਥ ਵਲੰਟੀਅਰ ਐਵਾਰਡਜ਼ 2026 ਮੌਕੇ ਚਾਰ ਨੌਜਵਾਨ ਸ਼ਖ਼ਸ਼ੀਅਤਾਂ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕੇਅਰਨੈੱਸ ਐਂਡ ਅਵੇਰਨੈੱਸ ਵੈਲਫੇਅਰ ਸੁਸਾਇਟੀ (ਰਜਿ.) ਅਤੇ ਰਿਸ਼ੀ ਫਾਊਂਡੇਸ਼ਨ (ਰਜਿ.) ਵਲੋਂ 'ਯੂਥ ਵਲੰਟੀਅਰ ਐਵਾਰਡਸ 2026' ਰਾਜ ਪੱਧਰੀ ਸਮਾਗਮ ਦਾ ਆਯੋਜਨ ਸਿਟਰਸ ਅਸਟੇਟ ਹੁਸ਼ਿਆਰਪੁਰ ਵਿਖੇ ਕੀਤਾ ਗਿਆ ਜਿਸ ਵਿੱਚ ਪੋ: ਜਗਮੋਹਨ ਸਿੰਘ (ਭਾਨਜਾ ਸ਼ਹੀਦ ਭਗਤ ਸਿੰਘ) ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਪਹਿਲਕਦਮੀ ਦਾ ਮਨੋਰਥ ਨੌਜਵਾਨਾਂ ਨੂੰ ਸਮਾਜ ਅਤੇ ਭਾਈਚਾਰੇ ਦੇ ਵਿਕਾਸ ਵਿੱਚ ਸਰਗਰਮ ਯੋਗਦਾਨ ਪਾਉਣ ਲਈ ਉਤਸ਼ਾਹਿਤ, ਪ੍ਰੇਰਿਤ ਕਰਨਾ ਅਤੇ ਉਨ੍ਹਾਂ ਦਾ ਹੌਂਸਲਾ ਵਧਾਉਣਾ ਹੈ। ਇਹ ਪੁਰਸਕਾਰ ਚਾਰ ਸ਼੍ਰੇਣੀਆਂ-ਸਮਾਜ ਸੇਵਾ, ਸਿੱਖਿਆ, ਕਲਾ ਤੇ ਸੱਭਿਆਚਾਰ ਅਤੇ ਖੇਡਾਂ ਲਈ ਦਿੱਤੇ ਗਏ। ਸਮਾਜ ਸੇਵਾ ਵਿੱਚ ਅੰਮ੍ਰਿਤਜੋਤ ਸਿੰਘ ਨੂੰ ਮਨੁੱਖੀ ਅਧਿਕਾਰਾਂ, ਜਨਤਕ ਸੇਵਾ, ਮਾਨਵਤਾਵਾਦੀ ਸਹਾਇਤਾ, ਬਚਾਅ ਅਤੇ ਮੁੜ-ਵਸੇਬੇ, ਸਿਹਤ ਸੰਭਾਲ ਸਹਾਇਤਾ, ਆਫ਼ਤ ਰਾਹਤ ਅਤੇ ਸਮਾਜ ਭਲਾਈ ਦੇ ਖੇਤਰਾਂ ਵਿੱਚ ਉਨ੍ਹਾਂ ਦੀ ਬੇਮਿਸਾਲ ਵਚਨਬੱਧਤਾ ਲਈ ਸਨਮਾਨਿਤ ਕੀਤਾ ਗਿਆ। ਸਿੱਖਿਆ ਵਿੱਚ ਇੰਜੀ. ਜੀਵਨਜੋਤ ਸਿੰਘ ਨੂੰ ਉਨ੍ਹਾਂ ਸਿੱਖਿਆ ਖੇਤਰ ਵਿੱਚ ਦਿੱਤੇ ਯੋਗਦਾਨ ਲਈ ਸਨਮਾਨਿਆ ਗਿਆ। ਉਨ੍ਹਾਂ ਦੇ ਹੁਣ ਤੱਕ 50 ਤੋਂ ਵੱਧ ਖੋਜ ਪ੍ਰਕਾਸ਼ਨ ਹੋ ਚੁੱਕੇ ਹਨ। ਉਨ੍ਹਾਂ ਦੁਆਰਾ ਅਤੇ ਸਾਂਝੇ ਤੌਰ 'ਤੇ ਚਾਰ ਕਿਤਾਬਾਂ ਵੀ ਲਿਖੀਆਂ ਜਾ ਚੁੱਕੀਆਂ ਹਨ। ਉਨ੍ਹਾਂ ਨੇ ਸਿੱਖਿਆ ਅਤੇ ਖੋਜ ਵੱਲ ਅਸਾਧਾਰਨ ਵਚਨਬੱਧਤਾ ਦਿਖਾਈ ਹੈ। ਇੰਜੀ. ਜੀਵਨਜੋਤ ਸਿੰਘ ਨੂੰ ਉਨ੍ਹਾਂ ਦੀ ਉੱਤਮ ਅਕਾਦਮਿਕ ਉੱਤਮਤਾ, ਸ਼ਾਨਦਾਰ ਖੋਜ ਯੋਗਦਾਨਾਂ ਅਤੇ ਉਤਕ੍ਰਿਸ਼ਟ ਸੰਸਥਾਗਤ ਨੇਤ੍ਰਿਤਵ ਲਈ ਸਨਮਾਨਿਤ ਕੀਤਾ ਜਾਂਦਾ ਹੈ। ਕਲਾ ਤੇ ਸੱਭਿਆਚਾਰ ਵਿੱਚ ਗੁਰਅਮਾਨਤ ਕੌਰ ਨੂੰ ਸਨਮਾਨ ਦਿੱਤਾ ਗਿਆ। ਉਹ ਇੱਕ ਪ੍ਰਤਿਭਾਸ਼ਾਲੀ ਕਲਾਕਾਰ ਹੈ ਜੋ ਪੋਰਟਰੇਟ, ਪੇਂਟਿੰਗਜ਼, ਫੈਬਰਿਕ ਪੇਂਟਿੰਗ, ਲਿੱਪਣ ਆਰਟ ਅਤੇ ਹੋਰ ਰਚਨਾਤਮਕ ਰੂਪਾਂ ਰਾਹੀਂ ਭਾਰਤੀ ਕਲਾ ਨੂੰ ਪੂਰੇ ਉਤਸ਼ਾਹ ਨਾਲ ਪ੍ਰੋਤਸਾਹਿਤ ਕਰ ਰਹੀ ਹੈ । ਅੰਮ੍ਰਿਤਪਾਲ ਸਿੰਘ ਨੂੰ ਐਥਲੈਟਿਕਸ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਅਤੇ ਖੇਡਾਂ ਵਿੱਚ ਬੇਮਿਸਾਲ ਯੋਗਦਾਨ ਲਈ ਸਨਮਾਨਤ ਕੀਤਾ ਗਿਆ। ਉਸਨੇ 39ਵੀਂ ਰਾਸ਼ਟਰੀ ਜੂਨੀਅਰ ਐਥਲੈਟਿਕਸ ਚੈਂਪੀਅਨਸ਼ਿਪ 2024 ਵਿੱਚ ਲੰਬੀ ਛਾਲ ਵਿੱਚ ਨਵਾਂ ਰਾਸ਼ਟਰੀ ਰਿਕਾਰਡ ਕਾਇਮ ਕਰਦਿਆਂ ਸੋਨ ਤਗਮਾ ਜਿੱਤਿਆ ਸੀ। ਇਸ ਸਾਰੇ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਵਿੱਚ ਸਿਟਰਸ ਅਸਟੇਟ ਛਾਉਣੀ ਕਲਾਂ ਦਾ ਸਹਿਯੋਗ ਸ਼ਾਮਿਲ ਰਿਹਾ। ਸਾਰੇ ਸਮਾਗਮ ਦਾ ਮੰਚ ਸੰਚਾਲਨ ਸੇਜਲ ਹੰਸ ਵਲੋਂ ਬੜੀ ਕੁਸ਼ਲਤਾ ਨਾਲ ਕੀਤਾ ਗਿਆ।




# ਪਰਾਲੀ ਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ 'ਤੇ ਪਾਬੰਦੀ

**ਜਲੰਧਰ (ਇਕਬਾਲ ਸਿੰਘ ਉਭੀ)**- ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਵਿੱਚ ਝੋਨੇ ਦੀ ਪਰਾਲੀ ਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ 'ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਮਿਤੀ 16 ਨਵੰਬਰ 2026 ਤੱਕ ਲਾਗੂ ਰਹੇਗਾ।ਆਮ ਦੇਖਣ ਵਿੱਚ ਆਇਆ ਹੈ ਕਿ ਝੋਨੇ ਦੀ ਕਟਾਈ ਉਪਰੰਤ ਪਰਾਲੀ ਤੇ ਰਹਿੰਦ ਖੂੰਹਦ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਨੁਕਸਾਨ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ, ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ।ਇਸ ਤੋਂ ਇਲਾਵਾ ਜ਼ਮੀਨ ਦਾ ਉਪਯੋਗੀ ਜੀਵਕ ਮਾਦਾ, ਜੋ ਕਿ ਜ਼ਮੀਨ ਲਈ ਬਹੁਤ ਲਾਭਦਾਇਕ ਹੈ, ਦਾ ਵੀ ਨੁਕਸਾਨ ਹੁੰਦਾ ਹੈ ਤੇ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ। ਇਸ ਦੇ ਨਾਲ ਆਲੇ-ਦੁਆਲੇ ਖੜ੍ਹੀ ਫਸਲ ਜਾਂ ਪਿੰਡ ਵਿੱਚ ਵੀ ਅੱਗ ਲੱਗਣ ਦਾ ਡਰ ਰਹਿੰਦਾ ਹੈ, ਜਿਸ ਨਾਲ ਵੱਡੇ ਹਾਦਸੇ ਵਾਪਰ ਸਕਦੇ ਹਨ। ਸੜਕਾਂ ਦੁਆਲੇ ਮੌਜੂਦ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਆਵਾਜਾਈ ਵਿਚ ਵਿਘਨ ਪੈਂਦਾ ਹੈ ਅਤੇ ਕਈ ਹਾਦਸੇ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਨਾਲ ਸਿੱਧਾ ਨੁਕਸਾਨ ਕਿਸਾਨਾਂ ਨੂੰ ਹੁੰਦਾ ਹੈ ਅਤੇ ਉਸ ਦਾ ਅਸਿੱਧੇ ਤੌਰ 'ਤੇ ਅਸਰ ਦੇਸ਼ ਦੇ ਉਤਪਾਦਨ 'ਤੇ ਵੀ ਪੈਂਦਾ ਹੈ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਰੋਸ ਮਾਰਚ ਉਪਰੰਤ ਵਿਧਾਇਕ ਦੇ ਘਰ ਦਾ ਘਿਰਾਓ

**ਬੰਗਾ (ਅਵਤਾਰ ਕਲੇਰ)** ਪੰਜਾਬ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੇ ਸੰਘਰਸ਼ ਅਤੇ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਵੀ ਪੰਜਾਬ ਸਰਕਾਰ ਵਲੋਂ ਹੰਕਾਰੀ ਤੇ ਅੜੀਅਲ ਵਤੀਰਾ ਅਪਣਾਉਂਦੇ ਹੋਏ ਮੁਲਾਜ਼ਮਾਂ/ਪੈਨਸ਼ਨਰਾਂ ਉਪਰ ਡੀ ਏ ਸਬੰਧੀ ਕੋਰਟ ਦਾ ਫੈਸਲਾ ਲਾਗੂ ਨਾ ਕਰਨ ਤੇ ਹੋਰ ਅਹਿਮ ਮੰਗਾਂ ਨਾ ਮੰਨਣ ਤੇ ਮੁਲਾਜ਼ਮ ਆਗੂਆਂ ਦੀਆਂ ਬਦਲੀਆਂ ਕਰਨ ਵਿਰੁੱਧ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਵਲੋਂ ਪੰਜਾਬ ਦੇ ਮੰਤਰੀਆਂ ਦੇ ਦਫਤਰਾਂ/ਘਰਾਂ ਦੇ ਘਿਰਾਓ ਦੇ ਸੱਦੇ ਤਹਿਤ ਜ਼ਿਲ੍ਹਾ ਨਵਾਂਸ਼ਹਿਰ ਦੇ ਹਲਕਾ ਬੰਗਾ ਦੇ ਵਿਧਾਇਕ ਸੁਖਵਿੰਦਰ ਕੁਮਾਰ ਸੁੱਖੀ ਦੇ ਘਰ ਦਾ ਘਿਰਾਓ ਕਰਕੇ ਮੁਲਾਜ਼ਮਾ ਤੇ ਪੈਨਸ਼ਨਰਾਂ ਵੱਲੋਂ ਸ਼ ਭ ਸ ਨਗਰ ਦੇ ਜ਼ਿਲ੍ਹਾ ਤਾਲਮੇਲ ਕਮੇਟੀ ਮੈਂਬਰ ਜਸਵਿੰਦਰ ਔਜਲਾ, ਰਾਮ ਕਿਸ਼ਨ ਪੱਲੀ ਝਿੱਕੀ, ਕਰਨੈਲ ਸਿੰਘ ਰਾਹੋਂ, ਹਰਵਿੰਦਰ ਸਿੰਘ ਉਪਲ, ਮਲਕੀਤ ਮੰਢਾਲੀ ਦੀ ਅਗਵਾਈ ਵਿੱਚ ਸਥਾਨਕ ਭਗਵਾਨ ਬਾਲਮੀਕ ਮੰਦਰ ਵਿਖੇ ਵਿਸ਼ਾਲ ਇੱਕਠ ਉਪਰੰਤ ਹਲਕਾ ਵਿਧਾਇਕ ਸੁਖਵਿੰਦਰ ਕੁਮਾਰ ਸੁੱਖੀ ਦੀ ਰਿਹਾਇਸ਼ ਵੱਲ ਨੂੰ ਜਬਰਦਸਤ ਰੋਸ ਮਾਰਚ ਅਤੇ ਮੁਜ਼ਾਹਰਾ ਕੀਤਾ ਗਿਆ। ਜਿਸ ਵਿੱਚ ਵੱਡੀ ਗਿਣਤੀ ਮਿਡ ਡੇ ਮੀਲ, ਆਂਗਨਵਾੜੀ ਅਤੇ ਆਸ਼ਾ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੋਸ ਮਾਰਚ ਅਤੇ ਮੁਜ਼ਾਹਰੇ ਵਿੱਚ ਸ਼ਾਮਿਲ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਆਪਣੀਆਂ ਜੱਥੇਬੰਦੀਆਂ ਦੇ ਝੰਡਿਆਂ ਦੇ ਨਾਲ ਰੋਸ ਦਾ ਪ੍ਰਗਟਾਵਾ ਕਰਨ ਲਈ ਕਾਲੇ ਝੰਡੇ ਵੀ ਚੁੱਕੇ ਹੋਏ ਸਨ । ਰੋਸ ਮਾਰਚ ਦੌਰਾਨ ਮੁਜਾਹਰਾਕਾਰੀਆਂ ਨੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਨਾਅਰੇਬਾਜ਼ੀ ਕੀਤੀ। ਇਸ ਸਮੇਂ ਤਾਲ ਮੇਲ ਕਮੇਟੀ ਦੇ ਆਗੂਆਂ ਕੁਲਦੀਪ ਸਿੰਘ ਦੌੜਕਾ, ਕੁਲਵਿੰਦਰ ਅਟਵਾਲ, ਵਿਜੇ ਕੁਮਾਰ, ਰਾਜ ਰਾਣੀ, ਜਗਨ ਨਾਥ, ਸੋਹਣ ਲਾਲ ਸਹਿਜਲ, ਅੰਮ੍ਰਿਤਪਾਲ ਸਿੰਘ, ਸ਼ਕੁੰਤਲਾ ਸਰੋਏ, ਜਸਵੀਰ ਕੌਰ, ਬਲਵਿੰਦਰ ਸਿੰਘ ਨੌਰਾ, ਸੁਰਿੰਦਰ ਪਾਲ, ਹਰੀਬਿਲਾਸ , ਇਸ਼ਾਨ ਮੱਕੜ ਵਲੋਂ ਜ਼ੋਰਦਾਰ ਮੰਗ ਕੀਤੀ ਗਈ ਕਿ ਸਰਕਾਰ ਆਪਣੇ ਕੀਤੇ ਵਾਅਦਿਆਂ ਅਤੇ ਹਾਈ ਕੋਰਟ ਦੇ ਫੈਸਲੇ ਅਨੁਸਾਰ ਰਹਿੰਦੇ 18 ਪ੍ਰਤੀਸ਼ਤ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨ, ਪੈਨਸ਼ਨ ਦੁਹਰਾਈ 2.59 ਦੇ ਗੁਣਾਕ ਨਾਲ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਅਨਰਿਵਾਈਜਡ ਕੈਟਾਗਰੀਆਂ ਦੀ ਤਨਖਾਹ 2.59 ਦੇ ਗੁਣਾਕ ਨਾਲ ਸੋਧਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਮਾਣ ਭੱਤਾ ਇਨਸੈਂਟਿਵ ਵਰਕਰਾਂ ਨੂੰ ਘੱਟੋ ਘੱਟ ਉਜਰਤਾਂ ਦੇ ਘੇਰੇ ਵਿੱਚ ਲਿਆਉਣ, ਤਨਖਾਹਾਂ ਸੋਧਣ ਦੇ ਨਾਂਅ 'ਤੇ ਪੇਂਡੂ ਭੱਤੇ ਸਮੇਤ ਕੱਟੇ ਗਏ ਸਮੁੱਚੇ ਭੱਤੇ ਬਹਾਲ ਕਰਨ, ਏ ਸੀ ਪੀ ਸਕੀਮ ਬਹਾਲ ਕਰਨ, ਮੁਲਾਜ਼ਮ ਵਿਰੋਧੀ ਨੋਟੀਫਕੇਸ਼ਨ 15.01.2015 ਦਾ ਮੁਢਲੀ ਤਨਖਾਹ 'ਤੇ ਨਿਯੁਕਤੀ ਦਾ ਪੱਤਰ, 17.07.2020 ਦਾ ਕੇਂਦਰੀ ਸਕੇਲ ਲਾਗੂ ਕਰਨ ਦੇ ਪੱਤਰ ਨੂੰ ਰੱਦ ਕਰਨ ਅਦਾਲਤਾਂ ਵੱਲੋਂ ਮੁਲਾਜ਼ਮਾ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤੇ ਗਏ ਫੈਸਲਿਆਂ ਨੂੰ ਜਨਰਲਾਈਜ਼ ਕਰਨ ਆਦਿ ਵਾਜਬ ਬਿਨਾ ਕਿਸੇ ਦੇਰੀ ਦੇ ਲਾਗੂ ਕਰੇ ।

ਜੇ ਸਰਕਾਰ ਨੇ ਹਾਲੇ ਵੀ ਇਹਨਾਂ ਮੰਗਾਂ ਪ੍ਰਤੀ ਕੋਈ ਠੋਸ ਕਾਰਵਾਈ ਨਾ ਕੀਤੀ ਤਾਂ ਭਵਿੱਖ ਸਰਕਾਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਜ਼ਬਰਦਸਤ ਗੁੱਸੇ ਤੇ ਰੋਸ ਦਾ ਸਾਹਮਣਾ ਕਰਨਾ ਪਵੇਗਾ।ਇਸ ਸਮੇਂ ਸ਼ੰਕਰ ਦਾਸ, ਰਾਜਵਿੰਦਰ ਕੌਰ, ਸੁਰਜੀਤ ਸੈਂਪਲੇ, ਜਗਦੀਪ ਸੈਂਪਲੇ, ਗੁਰਪ੍ਰੀਤ ਕੰਬੋਜ, ਕਮਲਜੀਤ ਕੌਰ, ਕਿਰਨ ਮੱਲ੍ਹਪੋਤਾ, ਰਿੰਪੀ ਰਾਹੋਂ, ਜਸਵਿੰਦਰ ਕੌਰ, ਨੀਟਾਂ ਰਾਣੀ, ਕਸ਼ਮੀਰ ਕੌਰ, ਊਸ਼ਾ ਰਾਣੀ, ਅਮਨਦੀਪ ਕੌਰ, ਸੰਤੋਖ ਦਾਸ, ਬੁੱਧ ਦਾਸ, ਜਸਵੀਰ ਖੋਥੜਾਂ ਰਾਮ ਜੀਤ, ਰਾਜ ਕੁਮਾਰ, ਕੁੰਦਨ ਲਾਲ, ਦੀਨ ਦਿਆਲ, ਪਿਰਥੀ ਪਾਲ, ਇੰਸਪੈਕਟਰ ਰਾਮ ਦਾਸ ਸਿੰਘ, ਬਲਵੀਰ ਰਾਮ, ਰਮੇਸ਼ ਕੁਮਾਰ, ਰਾਕੇਸ਼ ਕੁਮਾਰ, ਚੰਦਰ ਸ਼ੇਖਰ ਵਰਮਾ, ਨਰਿੰਦਰ ਸਿੰਘ ਭਾਰਟਾ, ਦਿਹਾਤੀ ਮਜ਼ਦੂਰ ਸਭਾ ਤੋਂ ਹਰਪਾਲ ਸਿੰਘ ਜਗਤਪੁਰ, ਬਲਵਿੰਦਰ ਸਿੰਘ, ਹਰਜਿੰਦਰ ਕੁਮਾਰ ਸੁਰਿੰਦਰ ਪਾਲ, ਵਿਜੇ ਕੁਮਾਰ, ਨਸੀਬ ਚੰਦ, ਜੀਤ ਰਾਮ, ਰਾਮ ਲੁਭਾਇਆ ਉੱਚਾ ਆਦਿ ਮੁਲਾਜ਼ਮ ਪੈਨਸ਼ਨਜ ਹਾਜ਼ਰ ਸਨ।



# ਜੀ ਬੀ ਪੀ ਸੁਸਾਇਟੀ 'ਚ ਰੰਗਾਰੰਗ ਸੰਗੀਤਕ ਸ਼ਾਮ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਜੀ ਬੀ ਪੀ ਸੋਸਾਇਟੀ ਡੇਰਾਬੱਸੀ ਵਿਖੇ 'ਏਕ ਸ਼ਾਮ ਮਸਤਾਨੀ' ਨਾਮ ਹੇਠ ਇੱਕ ਰੰਗਾਰੰਗ ਸੰਗੀਤਕ ਸ਼ਾਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਗਾਇਕਾਂ ਵੱਲੋਂ ਪੇਸ਼ ਕੀਤੇ ਪੁਰਾਣੇ ਅਤੇ ਸਦਾਬਹਾਰ ਗੀਤਾਂ ਨੇ ਮਾਹੌਲ ਨੂੰ ਸੁਰਾਂ ਨਾਲ ਰੰਗ ਦਿੱਤਾ ਅਤੇ ਹਾਜ਼ਰ ਦਰਸ਼ਕਾਂ ਨੇ ਗੀਤਾਂ ਦਾ ਖੂਬ ਆਨੰਦ ਮਾਣਿਆ।ਜੀ ਬੀ ਪੀ ਸੋਸਾਇਟੀ ਵੱਲੋਂ ਕਰਵਾਏ ਇਸ ਸਮਾਗਮ ਵਿੱਚ ਡੇਰਾਬੱਸੀ ਵਿਧਾਨ ਸਭਾ ਤੋਂ ਕਾਂਗਰਸ ਪਾਰਟੀ ਦੇ ਪ੍ਰਤੀਨਿਧੀ ਅਤੇ ਪੰਜਾਬ ਕਾਂਗਰਸ ਦੇ ਬੁਲਾਰੇ ਅਮਿਤ ਬਾਵਾ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਐਸ ਏ ਐਸ ਨਗਰ ਜ਼ਿਲ੍ਹਾ ਕਾਂਗਰਸ ਦੇ ਉਪ ਪ੍ਰਧਾਨ ਮਨੋਜ ਸ਼ਰਮਾ, ਜ਼ਿਲ੍ਹਾ ਕਾਂਗਰਸ ਜਨਰਲ ਸਕੱਤਰ ਪ੍ਰਵੀਨ ਮਖੀਜਾ ਅਤੇ ਡੇਰਾਬੱਸੀ ਵਿਧਾਨ ਸਭਾ ਮਹਿਲਾ ਕਾਂਗਰਸ ਪ੍ਰਧਾਨ ਕਿਰਨ ਮਖੀਜਾ ਵੀ ਹਾਜ਼ਰ ਰਹੇ।ਸਮਾਗਮ ਵਿੱਚ ਜੀ ਬੀ ਪੀ ਸੋਸਾਇਟੀ ਦੇ ਵਸਨੀਕਾਂ ਤੋਂ ਇਲਾਵਾ ਸ਼ਹਿਰ ਦੇ ਸੰਗੀਤ ਪ੍ਰੇਮੀਆਂ ਅਤੇ ਗਾਇਕੀ ਨਾਲ ਜੁੜੀਆਂ ਕਈ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸਮਾਗਮ ਦਾ ਪ੍ਰਬੰਧ ਸਚਿਨ ਸਿੱਕਾ, ਗੁਰਪਾਲ ਕਟਾਰੀਆ, ਐਸ ਏ ਐਸ ਨਗਰ ਜ਼ਿਲ੍ਹਾ ਕਾਂਗਰਸ ਸੇਵਾ ਦਲ ਦੇ ਜਨਰਲ ਸਕੱਤਰ ਸਹਿਦੇਵ ਅਤੇ ਜੀ ਬੀ ਪੀ ਰੈਜ਼ੀਡੈਂਟ ਵੈਲਫੇਅਰ ਸੋਸਾਇਟੀ ਦੇ ਸਾਬਕਾ ਪ੍ਰਧਾਨ ਪ੍ਰੇਮ ਸਾਗਰ ਵਰਮਾ ਦੀ ਅਗਵਾਈ ਹੇਠ ਕੀਤਾ ਗਿਆ। ਰਵੀ ਵਧਵਾ ਨੇ ਸਟੇਜ ਪ੍ਰਬੰਧਨ ਦੀ ਜ਼ਿੰਮੇਵਾਰੀ ਨਿਭਾਈ। ਇਸ ਮੌਕੇ 'ਹੋਮ ਫਾਰ ਯੂ' ਦੇ ਡਾਇਰੈਕਟਰ ਕਪਿਲ ਵਧਵਾ ਅਤੇ ਸਮਾਜ ਸੇਵਕ ਤੇ ਰੀਅਲ ਅਸਟੇਟ ਕਾਰੋਬਾਰੀ ਰਮੇਸ਼ ਸੈਣੀ ਵੀ ਮੌਜੂਦ ਸਨ।ਮੁੱਖ ਮਹਿਮਾਨ ਅਮਿਤ ਬਾਵਾ ਸੈਣੀ ਨੇ ਕਿਹਾ ਕਿ ਤੇਜ਼ ਰਫ਼ਤਾਰ ਜ਼ਿੰਦਗੀ ਵਿੱਚ ਸੰਗੀਤ ਮਾਨਸਿਕ ਅਤੇ ਆਤਮਿਕ ਸਕੂਨ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ 'ਰੀਲ ਯੁੱਗ' ਵਿੱਚ ਅਜਿਹੇ ਪ੍ਰੋਗਰਾਮ ਲੋਕਾਂ ਨੂੰ ਆਪਸ ਵਿੱਚ ਜੋੜਨ ਦਾ ਕੰਮ ਕਰਦੇ ਹਨ।



# 31 ਵਿਦਿਆਰਥੀਆਂ ਨੂੰ ਇੰਟਰਨਸ਼ਿਪ ਤੇ ਰੁਜ਼ਗਾਰ ਦੇ ਮੌਕੇ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ, ਜਲੰਧਰ ਵਿਖੇ ਬੀ.ਟੈਕ. ਕੰਪਿਊਟਰ ਸਾਇੰਸ ਇੰਜੀਨੀਅਰਿੰਗ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਲਈ ਵੱਖ-ਵੱਖ ਨਾਮਵਰ ਆਈ.ਟੀ. ਕੰਪਨੀਆਂ ਵੱਲੋਂ ਇੰਟਰਨਸ਼ਿਪ-ਕਮ-ਕੈਂਪਸ ਪਲੇਸਮੈਂਟ ਡਰਾਈਵ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਡਰਾਈਵ ਵਿੱਚ ਬੇਬੋ ਟੈਕਨਾਲੋਜੀਜ਼ ਨੋਵੇਮ ਕੰਟਰੋਲਜ਼, ਓ ਜੀ ਸਰਵਿਸਿਜ਼,ਸੀ ਐਸ ਸਾਫਟ ਸਲੂਸ਼ਨਜ਼ ਪਿਸੌਫਟ ਇਨਫਾਰਮੈਟਿਕਸ, ਸਾਲੀਟੇਅਰ ਇਨਫੋਸਿਸ ਵਰਗੀਆਂ ਪ੍ਰਸਿੱਧ ਕੰਪਨੀਆਂ ਨੇ ਭਾਗ ਲਿਆ।

ਕੰਪਨੀਆਂ ਵੱਲੋਂ ਚੁਣੇ ਗਏ ਵਿਦਿਆਰਥੀਆਂ ਨੂੰ ਮੁਫ਼ਤ ਅਤੇ ਸਟਾਈਪੈਂਡ ਆਧਾਰਿਤ ਇੰਟਰਨਸ਼ਿਪ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ। ਇੰਟਰਨਸ਼ਿਪ ਦੌਰਾਨ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦੇ ਆਧਾਰ 'ਤੇ ਉਨ੍ਹਾਂ ਨੂੰ ਇੰਟਰਨਸ਼ਿਪ ਉਪਰੰਤ ਨੌਕਰੀ ਦੇ ਮੌਕੇ ਵੀ ਮਿਲਣਗੇ। ਇਸ ਉਪਰਾਲੇ ਨਾਲ ਵਿਦਿਆਰਥੀਆਂ ਨੂੰ ਪ੍ਰਸਿੱਧ ਆਈ.ਟੀ. ਕੰਪਨੀਆਂ ਵਿੱਚ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨ ਅਤੇ ਭਵਿੱਖ ਵਿੱਚ ਰੁਜ਼ਗਾਰ ਦੇ ਮੌਕੇ ਹਾਸਲ ਕਰਨ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਪ੍ਰਾਪਤ ਹੋਇਆ।

ਕੁਲਪਤੀ ਸੰਤ ਮਨਮੋਹਨ ਸਿੰਘ ਅਤੇ ਵਾਈਸ-ਚਾਂਸਲਰ ਡਾ. ਪਲਵਿੰਦਰ ਸਿੰਘ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਬੰਧਤ ਵਿਭਾਗ ਦੇ ਅਧਿਕਾਰੀ, ਫੈਕਲਟੀ ਮੈਂਬਰ ਅਤੇ ਵਿਦਿਆਰਥੀ ਵੀ ਹਾਜ਼ਰ ਸਨ।

# ਲੋੜੀਂਦੇ ਮੁਲਜ਼ਮ ਫੜਨ 'ਚ ਵੱਡੀ ਸਫਲਤਾ ਮਿਲੀ



**ਖਰੜ (ਹਰਨਾਮ ਸਿੰਘ ਡੱਲਾ)** ਖਰੜ ਸਦਾ ਪੁਲਸ ਨੂੰ ਚੋਰੀ ਦੀਆਂ ਵਾਰਦਾਤਾਂ ਵਿੱਚ ਲੋੜੀਂਦੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਵੱਡੀ ਸਫ਼ਲਤਾ ਮਿਲੀ ਹੈ।ਥਾਣਾ ਸਦਰ ਖਰੜ ਦੇ ਇੰਸਪੈਕਟਰ ਐੱਸ ਐੱਚ ਓ ਸੁਨੀਲ ਕੁਮਾਰ ਨੇ ਇਸ ਕੇਸ ਨੂੰ ਸਫਲਤਾ ਦਾ ਅੰਜਾਮ ਦਿੱਤਾ ਹੈ।ਜ਼ਿਲ੍ਹਾ ਪੁਲਸ ਕਪਤਾਨ ਐੱਸ ਐੱਸ ਨਗਰ (ਮੋਹਾਲੀ) ਵਰੁਣ ਸ਼ਰਮਾ ਆਈ.ਪੀ.ਐਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੁਲਸ ਕਪਤਾਨ ਜਸਪਿੰਦਰ ਸਿੰਘ ਪੀ.ਪੀ.ਐਸ.ਅਤੇ ਡੀ.ਐਸ.ਪੀ. ਖਰੜ-1 ਇਸ਼ਾਨ ਸਿੰਗਲਾ ਦੀ ਅਗਵਾਈ ਵਿੱਚ ਥਾਣਾ ਸਦਰ ਖਰੜ ਦੇ ਏਰੀਏ ਵਿੱਚ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਮੁਹਿੰਮ ਚਲਾਈ ਗਈ ਹੈ।ਇਸ ਤਹਿਤ ਸ਼ੇਰਾ ਪੁੱਤਰ ਰਾਜੂ ਵਾਸੀ ਸਾਹਿਬਾਜਪੁਰ, ਰਾਏਕੋਟ (ਲੁਧਿਆਣਾ) ਹਿਮਾਸ਼ੂ ਕੁਮਾਰ ਪੁੱਤਰ ਧਰਮਪਾਲ ਸਿੰਘ ਵਾਸੀ ਪਿੰਡ ਰਾਮ ਸ਼ੇਰਗੜ੍ਹ, ਥਾਣਾ ਹਸਨਪੁਰ ਅਮਰੋਹਾ (ਯੂਪੀ) ਅਤੇ ਸਮੀਰ ਅੰਸਾਰੀ ਪੁੱਤਰ ਹਾਮਦ ਅੰਸਾਰੀ ਵਾਸੀ ਨਿਊ ਸਲੇਮ ਕੇ-ਬਲਾਕ ਬੈਂਡ ਵਾਜੇ ਵਾਲੀ ਗਲੀ, ਪੂਰਵੀ ਦਿੱਲੀ ਪਾਸੋਂ ਚਾਰ ਟਰੈਕਟਰ ਤਿੰਨ ਟਰਾਲੀਆਂ ਇੱਕ ਟੋਆ ਪੁੱਟਣ ਵਾਲੀ ਮਸ਼ੀਨ ਅਤੇ ਬਿਜਲੀ ਦੀਆਂ ਸਟੀਲ ਤਾਰਾਂ ਦੇ ਅੱਠ ਰੋਲ ਬਰਾਮਦ ਕੀਤੇ ਗਏ ਹਨ। ਤਫਤੀਸ਼ ਦੌਰਾਨ ਹਿਮਾਸ਼ੂ ਨੇ ਦੱਸਿਆ ਕਿ ਉਸ ਵੱਲੋਂ ਟਰੈਕਟਰ ਅਤੇ ਟਰਾਲੀਆਂ ਚੋਰੀ ਕੀਤੇ ਗਏ ਹਨ। ਹਿਮਾਸ਼ੂ ਦੀ ਪੁੱਛਗਿੱਛ ਤੋਂ ਹੀ ਸਮੀਰ ਅੰਸਾਰੀ ਪੁੱਤਰ ਹਾਮਦ ਅੰਸਾਰੀ ਵਾਸੀ ਨਿਊ ਸਲੇਮ ਕੇ-ਬਲਾਕ, ਬੈਂਡ ਵਾਜੇ ਵਾਲੀ ਗਲੀ ਪੂਰਵੀ ਦਿੱਲੀ ਤੋਂ ਟੋਏ ਪੁੱਟਣ ਵਾਲੀ ਮਸ਼ੀਨ ਅਤੇ ਅੱਠ ਰੋਲ ਬਿਜਲੀ ਦੀਆਂ ਤਾਰਾਂ ਬਰਾਮਦ ਕੀਤੇ ਗਏ ਹਨ। ਥਾਣਾ ਸਦਰ ਵੱਲੋਂ ਮੁਕਦਮਾ ਦਰਜ ਕਰ ਲਿਆ ਗਿਆ ਹੈ। ਜਿਸ ਦੀ ਤਫਤੀਸ਼ ਜਾਰੀ ਹੈ।

# ਸੀਚੇਵਾਲ ਦੇ ਯਤਨਾਂ ਸਦਕਾ ਵਿਦੇਸ਼ 'ਚ ਫਸੇ ਦੋ ਪੰਜਾਬੀਆਂ ਦੀ ਵਤਨ ਵਾਪਸੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਵਿਦੇਸ਼ਾਂ 'ਚ ਫਸੇ ਭਾਰਤੀਆਂ ਦੀ ਵਤਨ ਵਾਪਸੀ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਪਹਿਲਕਦਮੀ ਸਦਕਾ ਪੰਜਾਬ ਦੇ ਦੋ ਹੋਰ ਨੌਜਵਾਨਾਂ ਦੀ ਸੁਰੱਖਿਅਤ ਭਾਰਤ ਵਾਪਸੀ ਹੋਈ ਹੈ।ਜ਼ਿਲ੍ਹਾ ਤਰਨ ਤਾਰਨ ਦੇ ਰਾਜਿੰਦਰਪਾਲ ਸਿੰਘ ਦੀ ਲਗਭਗ ਤਿੰਨ ਸਾਲ ਬਾਅਦ ਵਤਨ ਵਾਪਸੀ ਹੋਈ, ਜਦਕਿ ਅੰਮ੍ਰਿਤਸਰ ਨਾਲ ਸਬੰਧਤ ਜਸਬੀਰ ਸਿੰਘ ਵੀ 8 ਮਹੀਨਿਆਂ ਤੋਂ ਵਿਦੇਸ਼ ਵਿੱਚ ਫਸੇ ਰਹਿਣ ਮਗਰੋਂ 3 ਸਤੰਬਰ 2026 ਨੂੰ ਆਪਣੇ ਪਰਵਾਰ ਕੋਲ ਪਹੁੰਚ ਗਿਆ।ਤਰਨ ਤਾਰਨ ਦੇ ਰਾਜਿੰਦਰਪਾਲ ਸਿੰਘ ਦੇ ਪਰਵਾਰ ਨੇ 8 ਦਸੰਬਰ ਨੂੰ ਸੰਤ ਸੀਚੇਵਾਲ ਨਾਲ ਸੰਪਰਕ ਕਰਕੇ ਆਪਣੇ ਪੁੱਤਰ ਦੀ ਵਾਪਸੀ ਲਈ ਮਦਦ ਦੀ ਅਪੀਲ ਕੀਤੀ ਸੀ।ਪਰਵਾਰ ਅਨੁਸਾਰ ਰਾਜਿੰਦਰਪਾਲ ਆਪਣੀ ਸਜ਼ਾ ਪੂਰੀ ਕਰਨ ਦੇ ਬਾਵਜੂਦ ਲੰਬੇ ਸਮੇਂ ਤੱਕ ਭਾਰਤ ਵਾਪਸ ਨਹੀਂ ਆ ਸਕਿਆ।ਭਾਰਤ ਪਰਤਣ ਮਗਰੋਂ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਪਹੁੰਚੇ ਰਾਜਿੰਦਰਪਾਲ ਸਿੰਘ ਨੇ ਦੱਸਿਆ ਕਿ ਉਸ ਨੂੰ ਇੱਕ ਅਜਿਹੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ। ਜਿਸ ਵਿੱਚ ਉਸਦੇ ਨਾਲ ਜਾ ਰਹੇ



ਟਰੱਕਾਂ ਦੇ ਸਮਾਨ ਵਿੱਚ ਕਥਿਤ ਤੌਰ 'ਤੇ ਕੁਝ ਬਰਾਮਦ ਹੋਇਆ ਸੀ। ਉਸਦਾ ਕਹਿਣਾ ਹੈ ਕਿ ਬੇਗੁਨਾਹ ਹੋਣ ਦੇ ਬਾਵਜੂਦ ਉਸਨੂੰ ਵੀ ਇੱਕ ਕੰਪਨੀ ਦੇ ਕਾਗਜ਼ ਹੋਣ ਕਰਕੇ ਲੰਬਾ ਸਮਾਂ ਜੇਲ੍ਹ ਵਿੱਚ ਰਹਿਣਾ ਪਿਆ ਅਤੇ ਸਜ਼ਾ ਪੂਰੀ ਹੋਣ ਤੋਂ ਬਾਅਦ ਵੀ ਉਸਦੀ ਵਾਪਸੀ ਨਹੀਂ ਹੋ ਸਕੀ।

ਇਸੇ ਤਰ੍ਹਾਂ ਅੰਮ੍ਰਿਤਸਰ ਦੇ ਰਹਿਣ ਵਾਲੇ ਜਸਬੀਰ ਸਿੰਘ ਦੀ ਵੀ ਸੰਤ ਸੀਚੇਵਾਲ ਦੇ ਯਤਨਾਂ ਸਦਕਾ ਵਤਨ ਵਾਪਸੀ ਹੋਈ ਹੈ। ਜਸਬੀਰ ਸਿੰਘ ਦੇ ਪਰਵਾਰ ਨੇ 7 ਜਨਵਰੀ ਨੂੰ ਸੰਤ ਸੀਚੇਵਾਲ ਕੋਲ ਪਹੁੰਚ ਕਰਕੇ ਉਸਦੀ ਵਾਪਸੀ ਲਈ ਮਦਦ ਦੀ ਅਪੀਲ ਕੀਤੀ ਸੀ। ਲਗਾਤਾਰ ਕੀਤੀ ਗਈ ਪੈਰਵੀ ਤੋਂ ਬਾਅਦ ਜਸਬੀਰ ਸਿੰਘ 3 ਸਤੰਬਰ 2026 ਨੂੰ ਭਾਰਤ ਪਰਤ ਆਇਆ।ਪਰਵਾਰ ਅਨੁਸਾਰ ਜਸਬੀਰ ਸਿੰਘ ਵੀ ਰਾਜਿੰਦਰਪਾਲ ਵਾਂਗ ਵਿਦੇਸ਼ ਵਿੱਚ ਫਸ ਗਿਆ ਸੀ ਅਤੇ ਲੰਬੇ ਸਮੇਂ ਤੋਂ ਉਸਦੀ ਵਾਪਸੀ ਦੀ ਉਡੀਕ ਕੀਤੀ ਜਾ ਰਹੀ ਸੀ।ਸੰਤ ਸੀਚੇਵਾਲ ਵੱਲੋਂ ਪੰਜਾਬ ਦੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਵਿਦੇਸ਼ ਜਾਣ ਲਈ ਕਿਸੇ ਵੀ ਏਜੰਟ ਜਾਂ ਵਿਚੋਲੇ 'ਤੇ ਭਰੋਸਾ ਕਰਨ ਤੋਂ ਪਹਿਲਾਂ ਉਸਦੀ ਪੂਰੀ ਜਾਂਚ-ਪੜਤਾਲ ਕੀਤੀ ਜਾਵੇ। ਵਿਦੇਸ਼ ਜਾਣ ਦੀ ਜਲਦਬਾਜ਼ੀ ਵਿੱਚ ਅਜਿਹਾ ਫੈਸਲਾ ਨਾ ਲਿਆ ਜਾਵੇ ਜਿਸ ਨਾਲ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਲੰਬੇ ਸਮੇਂ ਤੱਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇ।

# ਆਟੋ ਮੋਬਾਈਲ ਵਿਭਾਗ ਦੇ ਵਿਦਿਆਰਥੀਆਂ ਨੇ ਸੰਤ ਵਾਲਵ ਇੰਡਸਟਰੀ ਦਾ ਕੀਤਾ ਉਦਯੋਗਿਕ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੌਲੀਟੈਕਨਿਕ ਕਾਲਜ, ਜਲੰਧਰ ਦੇ ਆਟੋਮੋਬਾਈਲ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਉਦਯੋਗਿਕ ਖੇਤਰ ਦੀ ਪ੍ਰੈਕਟੀਕਲ ਜਾਣਕਾਰੀ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸੰਤ ਵਾਲਵ ਇੰਡਸਟਰੀ ਵਿਖੇ ਉਦਯੋਗਿਕ ਦੌਰਾ ਕਰਵਾਇਆ ਗਿਆ।ਇਹ ਦੌਰਾ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਸਰਪ੍ਰਸਤੀ ਅਤੇ ਵਿਭਾਗ ਮੁਖੀ ਗੌਰਵ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਆਟੋ ਮੋਬਾਈਲ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ



ਉਦਯੋਗਿਕ ਦੌਰੇ ਵਿਦਿਆਰਥੀਆਂ ਦੇ ਹੁਨਰ ਵਿਕਾਸ ਅਤੇ ਉਨ੍ਹਾਂ ਨੂੰ ਉਦਯੋਗ ਦੀਆਂ ਅਸਲ ਲੋੜਾਂ ਨਾਲ ਜਾਣੂ ਕਰਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੀਆਂ ਸਿੱਖਿਆਤਮਕ ਅਤੇ ਤਕਨੀਕੀ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ।ਵਿਭਾਗ ਮੁਖੀ ਸ੍ਰੀ ਗੌਰਵ ਸ਼ਰਮਾ ਨੇ ਕਿਹਾ ਕਿ ਅਜਿਹੇ ਉਦਯੋਗਿਕ ਦੌਰੇ ਵਿਦਿਆਰਥੀਆਂ ਨੂੰ ਕਲਾਸਰੂਮ ਵਿੱਚ ਪ੍ਰਾਪਤ ਸਿਧਾਂਤਕ ਗਿਆਨ ਨੂੰ ਅਸਲ ਉਦਯੋਗਿਕ ਪ੍ਰਕਿਰਿਆਵਾਂ ਨਾਲ ਜੋੜਨ ਦਾ ਮੌਕਾ ਦਿੰਦੇ ਹਨ।ਵਿਦਿਆਰਥੀਆਂ ਨੇ ਇਸ ਦੌਰੇ ਨੂੰ ਗਿਆਨਵਰਧਕ ਅਤੇ ਬਹੁਤ ਹੀ ਲਾਭਦਾਇਕ ਦੱਸਿਆ।ਇਸ ਮੌਕੇ ਵਿਭਾਗ ਮੁਖੀ ਗੌਰਵ ਸ਼ਰਮਾ ਅਤੇ ਲੈਕਚਰਰ ਸਾਹਿਲ ਨੇ ਵਿਦਿਆਰਥੀਆਂ ਦੀ ਰਹਿਨੁਮਾਈ ਕੀਤੀ ਅਤੇ ਉਦਯੋਗਿਕ ਦੌਰੇ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।

# ਤੜਕਸਾਰ ਵੇਰਕਾ ਪਲਾਂਟ ਕੋਲ ਪੁਲਸ ਮੁਲਾਜ਼ਮ ਦੀ ਗੱਡੀ ਪਲਟੀ



**ਫਿਲੌਰ (ਨਿਰਮਲ)** ਫਿਲੌਰ ਦੇ ਨਜ਼ਦੀਕੀ ਵੇਰਕਾ ਮਿਲਕ ਪਲਾਂਟ ਵਿਖੇ ਇੱਕ ਕਾਰ ਪਲਟਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਏ ਐਸ ਆਈ ਸਰਬਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਫੋਨ ਆਇਆ ਸੀ ਕਿ ਵੇਰਕਾ ਮਿਲਕ ਬਾਰ ਨਜ਼ਦੀਕ ਗੱਡੀ ਪਲਟ ਗਈ ਹੈ ਜਦੋਂ ਅਸੀਂ ਮੌਕੇ 'ਤੇ ਜਾ ਕੇ ਦੇਖਿਆ ਤਾਂ ਕਰੇਟਾ ਕਾਰ ਨੰਬਰ ਪੀ ਬੀ 91 ਈ 5323 ਪਲਟੀ ਪਈ ਸੀ ਅਤੇ ਜਿਸ ਨੂੰ ਜਗਜੀਵਨ ਰਾਮ ਚਲਾ ਰਿਹਾ ਸੀ ਜਿਸ ਦੇ ਮਾਮੂਲੀ ਸੱਟਾਂ ਲੱਗੀਆਂ ਸਨ, ਜਿਸ ਨੂੰ ਮੁੱਢਲੀ ਸਹਾਇਤਾ ਦੇਣ ਉਪਰੰਤ ਮਾਮਲਾ ਥਾਣਾ ਫਿਲੌਰ ਨੂੰ ਸੂਚਿਤ ਕਰ ਦਿੱਤਾ।

## ਪੰਜਾਬ ਸਰਕਾਰ ਡਾ. ਅੰਬੇਡਕਰ ਸਮਾਰਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਏ : ਐਡਵੋਕੇਟ ਰਣਜੀਤ ਕੁਮਾਰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬਾੜੀਆਂ ਵਿਖੇ ਬੀਤੀ ਦਿਨੀ ਡਾਕਟਰ ਬੀ ਆਰ ਅੰਬੇਡਕਰ ਸਾਹਿਬ ਦੇ ਬੁੱਤ ਦੀ ਬੇ-ਅਦਬੀ ਬਹੁਤ ਹੀ ਮੰਦਭਾਗੀ ਘਟਨਾ ਜੋ ਕਿਸੇ ਵੀ ਢੰਗ ਨਾਲ



ਮੁਆਫੀ ਯੋਗ ਨਹੀਂ ਅਸੀਂ ਸਖਤ ਸ਼ਬਦਾਂ ਵਿੱਚ ਨਿਖੇਦੀ ਕਰਦੇ ਹਾਂ ਅਤੇ ਭਗਵੰਤ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਪੰਜਾਬ ਵਿੱਚ ਬਾਰਬਾਰ ਹੋ ਰਹੀਆਂ।ਬਾਬਾ ਸਾਹਿਬ ਦੇ ਬੁੱਤਾਂ ਅਤੇ ਸਮਾਰਕਾ ਦੀ ਤੋੜਫੋੜ ਅਤੇ ਬੇਅਦਬੀ ਗੰਭੀਰ ਮਸਲਾ ਹੈ।ਇੱਕ ਸ਼ਾਜਿਸ਼ ਦੇ ਤਹਿਤ ਸੰਵਿਧਾਨ ਨਿਰਮਾਤਾ, ਗਰੀਬਾਂ, ਮਜ਼ਲੂਮਾਂ, ਦਲਿਤਾਂ, ਪੱਛੜੀਆਂ, ਔਰਤਾਂ ਦੇ ਮਸੀਹਾ ਦੇ ਬੁੱਤਾਂ ਦੀ ਬਾਰੇ ਬਾਰੇ ਬੇਅਦਬੀ ਕਰ ਪੰਜਾਬ ਦਾ ਮਾਹੌਲ ਵਿਗਾੜਨ ਦੀ ਕੋਝੀ ਕੋਸ਼ਿਸ਼ ਹੈ।ਇਹਨਾਂ ਘਟਨਾਵਾਂ ਨੂੰ ਗੰਭੀਰਤਾ ਨੂੰ ਲੈਂਦੇ ਹੋਏ ਭਗਵੰਤ ਸਰਕਾਰ ਨੂੰ ਉੱਚ ਪੱਧਰੀ ਟੀਮ ਬਣਾ ਕੇ ਜਾਂਚ ਪੜਤਾਲ ਕਰਕੇ ਦੋਸ਼ੀਆਂ ਦੀ ਨਿਸ਼ਾਨ ਦੇਹੀ ਕਰ ਕਾਰਵਾਈ ਕਰੇ ਅਤੇ ਨਾਲ ਹੀ ਭਗਵੰਤ ਸਰਕਾਰ ਬਾਬਾ ਸਾਹਿਬ ਡਾਕਟਰ ਅੰਬੇਡਕਰ ਦੇ ਬੁੱਤਾਂ ਅਤੇ ਸਮਾਰਥਕਾ ਦੀ ਸੁਰੱਖਿਆ ਯਕੀਨੀ ਕਰੇ।

## ਮੁੱਖ ਮੰਤਰੀ ਦੀ ਕੋਠੀ ਦੇ ਘੇਰਾਓ 'ਚ ਜਲੰਧਰ 'ਚ ਹਜ਼ਾਰਾਂ ਨੰਬਰਦਾਰ ਹੋਣਗੇ ਸ਼ਾਮਲ

**ਨਕੋਦਰ (ਮਨਜੀਤ ਮਾਨ)**- ਨੰਬਰਦਾਰ ਯੂਨੀਅਨ ਦੀ ਇੱਕ ਭਰਵੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਕੰਵਲ ਸਿੰਘ ਮੁੱਧ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਕਿਹਾ ਕਿ ਨੰਬਰਦਾਰ ਪਿਛਲੇ ਕਈ



ਦਹਾਕਿਆਂ ਤੋਂ ਆਪਣੀਆਂ ਹੱਕੀ ਮੰਗਾਂ ਨੂੰ ਪੂਰਾ ਕਰਵਾਉਣ ਲਈ ਸੰਘਰਸ਼ ਕਰ ਰਹੇ ਹਨ।ਪ੍ਰੰਤੂ ਪੰਜਾਬ ਸਰਕਾਰ ਵੱਲੋਂ ਨੰਬਰਦਾਰਾਂ ਦੀਆਂ ਜਾਇਜ ਮੰਗਾਂ ਨੂੰ ਮੰਨਣ ਤੋਂ ਆਨਾਕਾਨੀ ਕੀਤੀ ਜਾ ਰਹੀ ਹੈ। ਜੋ ਸਰਕਾਰ ਦੀ ਨੰਬਰਦਾਰਾਂ ਪ੍ਰਤੀ ਬੇਰੁਖੀ ਨੂੰ ਸਾਬਿਤ ਕਰਦਾ ਹੈ।ਮੰਗਾਂ ਨੂੰ ਮਨਵਾਉਣ ਲਈ ਨੰਬਰਦਾਰ ਯੂਨੀਅਨ ਦੇ ਪੰਜਾਬ ਦੇ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਜੇ ਦਿਸ਼ਾ ਨਿਰਦੇਸ਼ਾਂ ਤਹਿਤ ਸੂਬਾ ਬਾਡੀ ਦੇ ਅਹੁਦੇਦਾਰਾਂ ਨੇ ਫੈਸਲਾ ਕੀਤਾ ਹੈ ਕਿ ਪੰਜ ਅਕਤੂਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਪੰਜਾਬ ਦੀ ਕੋਠੀ ਦਾ ਘਰਾਓ ਕਰਕੇ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਤਹਿਸੀਲ ਪ੍ਰਧਾਨ ਸੁਰਜੀਤ ਸਿੰਘ ਹੇਅਰ ਅਤੇ ਚਰਨਜੀਤ ਸਿੰਘ ਕਰਤਾਰਪੁਰ ਮੁੱਖ ਬੁਲਾਰਾ ਪੰਜਾਬ ਨੇ ਕਿਹਾ ਕਿ ਪੰਜ ਅਕਤੂਬਰ ਨੂੰ ਜਲੰਧਰ ਜ਼ਿਲ੍ਹੇ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਨੰਬਰਦਾਰ ਸਰਦਾਰ ਹਰਕੰਵਲ ਸਿੰਘ ਮੁੱਧ ਸੀਨੀਅਰ ਮੀਤ ਪ੍ਰਧਾਨ ਪੰਜਾਬ ਦੀ ਅਗਵਾਈ ਵਿੱਚ ਵੱਡੇ ਕਾਫਲੇ ਵਿੱਚ ਰੈਲੀ ਦੇ ਰੂਪ ਵਿੱਚ ਸ਼ਾਮਲ ਹੋਣਗੇ।

## ਸ੍ਰੀ ਹਨੂਮਤ ਇੰਸਟੀਚਿਊਟ ਵਿਖੇ 'ਸੰਭਾਵਨਾ ਤੋਂ ਉਤਮਤਾ' ਵਿਸ਼ੇ 'ਤੇ ਲੈਕਚਰ ਕਰਵਾਇਆ

**ਗੁਰਾਇਆ (ਬਿੰਦਰ ਸੁਮਨ)** ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਵੱਲੋਂ ਵਿਦਿਆਰਥੀਆਂ ਲਈ 'ਸੰਭਾਵਨਾ ਤੋਂ ਉੱਤਮਤਾ, ਮਾਈਂਡਸੈੱਟ, ਅਨੁਸ਼ਾਸਨ ਅਤੇ ਸਮਾਰਟ ਐਕਸ਼ਨ ਰਾਹੀਂ ਸਫਲ ਕਰੀਅਰ ਦੀ



ਉਸਾਰੀ' ਵਿਸ਼ੇ 'ਤੇ ਗੈਸਟ ਲੈਕਚਰ ਕਾਲਜ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਦੀ ਅਗਵਾਈ ਹੇਠ ਕਰਵਾਇਆ ਗਿਆ।ਜਿਸਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਸਮਰੱਥਾ ਪਛਾਨਣ ਦੇ ਨਾਲ-ਨਾਲ ਸਹੀ ਸੋਚ, ਅਨੁਸ਼ਾਸਨ ਅਤੇ ਵਿਵਹਾਰਕ ਪਹੁੰਚ ਰਾਹੀਂ ਆਪਣੇ ਕਰੀਅਰ ਨੂੰ ਸਫਲਤਾ ਵੱਲ ਲਿਜਾਣ ਲਈ ਪ੍ਰੇਰਿਤ ਕਰਨਾ ਸੀ।ਇਸ ਮੌਕੇ ਗੈਸਟ ਸਪੀਕਰ ਵਜੋਂ ਮਿਸ ਅਰਸ਼ਦੀਪ ਕੌਰ ਨੇ ਵਿਦਿਆਰਥੀਆਂ ਨਾਲ ਆਪਣੇ ਅਕਾਦਮਿਕ ਅਤੇ ਪੇਸ਼ੇਵਰ ਤਜਰਬੇ ਸਾਂਝੇ ਕੀਤੇ।ਅਰਸ਼ਦੀਪ ਕੌਰ ਨੇ ਕਿਹਾ ਕਿ ਸਿਰਫ਼ ਅਕਾਦਮਿਕ ਗਿਆਨ ਹਾਸਲ ਕਰਨਾ ਹੀ ਸਫਲ ਕਰੀਅਰ ਲਈ ਕਾਫ਼ੀ ਨਹੀਂ ਹੈ। ਉਨ੍ਹਾਂ ਨੇ ਸਹੀ ਸੋਚ, ਅਨੁਸ਼ਾਸਨ, ਨਿਰੰਤਰਤਾ ਅਤੇ ਸੋਚ-ਸਮਝ ਕੇ ਕੀਤੀ ਕਾਰਵਾਈ ਨੂੰ ਸਫਲਤਾ ਦੀਆਂ ਮਹੱਤਵਪੂਰਨ ਕੁੰਜੀਆਂ ਦੱਸਿਆ। ਅਰਸ਼ਦੀਪ ਕੌਰ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਆਪਣੇ ਅਸਲ ਤਜਰਬਿਆਂ ਦੇ ਆਧਾਰ 'ਤੇ ਵਿਵਹਾਰਕ ਸੁਝਾਅ ਦਿੱਤੇ। ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਦੱਸਿਆ ਕਿ ਸੰਸਥਾ ਵੱਲੋਂ ਵਿਦਿਆਰਥੀਆਂ ਨੂੰ ਕਲਾਸਰੂਮ ਦੀ ਪੜ੍ਹਾਈ ਦੇ ਨਾਲ-ਨਾਲ ਅਸਲ ਜੀਵਨ ਅਤੇ ਪੇਸ਼ੇਵਰ ਖੇਤਰ ਨਾਲ ਜੁੜੇ ਤਜਰਬੇ ਪ੍ਰਦਾਨ ਕਰਨ ਲਈ ਅਜਿਹੇ ਪ੍ਰੋਗਰਾਮ ਕਰਵਾਏ ਜਾਂਦੇ ਹਨ।

ਇਸ ਗੈਸਟ ਲੈਕਚਰ ਨੇ ਵਿਦਿਆਰਥੀਆਂ ਨੂੰ ਕਰੀਅਰ ਜਾਗਰੂਕਤਾ, ਹੁਨਰ ਵਿਕਾਸ ਅਤੇ ਵਿਵਹਾਰਕ ਸਿੱਖਿਆ ਦੇ ਨਾਲ ਆਪਣੇ ਭਵਿੱਖ ਲਈ ਅਨੁਸ਼ਾਸਿਤ ਅਤੇ ਸੋਚ-ਸਮਝ ਕੇ ਕਦਮ ਚੁੱਕਣ ਦਾ ਸੰਦੇਸ਼ ਦਿੱਤਾ।

# ਇਨੋਸੈਂਟ ਹਾਰਟਸ ਸਕੂਲ ਦੇ ਨੰਨ੍ਹੇ ਕਦਮਾਂ ਨੇ ਸਿਰਜਿਆ ਸਸ਼ਕਤ ਭਾਰਤ ਦਾ ਸੁਪਨਾ


**ਜਲੰਧਰ (ਸ਼ੈਲੀ ਐਲਬਰਟ)** ਇਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਵਿਖੇ ਐਲ ਕੇ ਜੀ ਜਮਾਤ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੀ ਪ੍ਰਤਿਭਾ, ਊਰਜਾ ਅਤੇ ਆਤਮ-ਵਿਸ਼ਵਾਸ ਨੂੰ ਮੰਚ ਪ੍ਰਦਾਨ ਕਰਨ ਦੇ ਉਦੇਸ਼ ਨਾਲ ਵਾਈਵੇਸ਼ਸ ਵਾਈਬ੍ਰੇਂਸ 2026-27 ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਹ ਪ੍ਰੋਗਰਾਮ ਨੰਨ੍ਹੇ ਕਦਮ-ਸਸ਼ਕਤ ਭਾਰਤ ਅਤੇ ਹਮ ਫਿਟ ਤੋ ਇੰਡੀਆ ਫਿਟ ਵਰਗੇ ਪ੍ਰੇਰਣਾਦਾਇਕ ਵਿਸ਼ਿਆਂ 'ਤੇ ਆਧਾਰਿਤ ਸੀ।ਇਸ ਮੌਕੇ ਐਲ.ਕੇ.ਜੀ. ਦੇ ਬੱਚਿਆਂ ਨੇ ਪੂਰੇ ਉਤਸ਼ਾਹ ਅਤੇ ਉਮੰਗ ਨਾਲ ਵੱਖ-ਵੱਖ ਸੱਭਿਆਚਾਰਕ ਅਤੇ ਸਰੀਰਕ



ਗਤੀਵਿਧੀਆਂ ਵਿੱਚ ਆਪਣੀ ਪ੍ਰਤਿਭਾ ਦਾ ਮਨਮੋਹਕ ਪ੍ਰਦਰਸ਼ਨ ਕੀਤਾ।ਇਸ ਪ੍ਰੋਗਰਾਮ ਵਿੱਚ ਡਾਇਰੈਕਟਰ ਸੀ.ਐਸ.ਆਰ. ਡਾ. ਪਲਕ ਗੁਪਤਾ ਬੋਰੀ, ਡਿਪਟੀ ਡਾਇਰੈਕਟਰ ਮੈਡੀਕਲ ਸਾਇੰਸਜ਼ ਡਾ. ਰੋਹਨ ਬੋਰੀ ਸਮੇਤ ਹੋਰ ਪ੍ਰਸਿੱਧ ਮਹਿਮਾਨਾਂ ਨੇ ਹਾਜ਼ਰੀ ਭਰੀ। ਨੰਨ੍ਹੇ ਕਲਾਕਾਰਾਂ ਨੇ 'ਮੰਗਲ ਮੂਰਤੀ ਮੋਰਯਾ' ਦੀ ਪੇਸ਼ਕਾਰੀ ਰਾਹੀਂ ਗਣੇਸ਼ ਵੰਦਨਾ ਕੀਤੀ ਅਤੇ ਮਾਹੌਲ ਨੂੰ ਭਗਤੀਮਈ ਬਣਾ ਦਿੱਤਾ। ਇਸ ਤੋਂ ਬਾਅਦ 'ਗੁੱਡ ਮਾਰਨਿੰਗ' ਐਕਸ਼ਨ ਸੌਂਗ ਰਾਹੀਂ ਬੱਚਿਆਂ ਨੇ ਆਪਣੀ ਚੰਚਲਤਾ ਅਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ।ਪ੍ਰੋਗਰਾਮ ਦੌਰਾਨ 'ਆਦਿਯੋਗ' ਦੀ ਪੇਸ਼ਕਾਰੀ ਰਾਹੀਂ ਯੋਗ ਦੇ ਮਹੱਤਵ ਨੂੰ ਦਰਸਾਇਆ ਗਿਆ, ਜਦਕਿ 'ਹੈਂਡ ਕਲੈਪ' ਏਰੋਬਿਕਸ ਨੇ ਬੱਚਿਆਂ ਦੀ ਊਰਜਾ ਅਤੇ ਤਾਲਮੇਲ ਨੂੰ ਉਜਾਗਰ ਕੀਤਾ। ਪ੍ਰੋਗਰਾਮ ਦਾ ਵਿਸ਼ੇਸ਼ ਆਕਰਸ਼ਣ 'ਹਮ ਫਿਟ ਤੋ ਇੰਡੀਆ ਫਿਟ' ਥੀਮ ਗੀਤ ਰਿਹਾ, ਜਿਸ ਨੇ ਸਿਹਤਮੰਦ ਜੀਵਨਸ਼ੈਲੀ ਅਤੇ ਤੰਦਰੁਸਤ ਭਾਰਤ ਦਾ ਸੰਦੇਸ਼ ਦਿੱਤਾ।ਪ੍ਰੋਗਰਾਮ ਦੇ ਅੰਤ ਵਿੱਚ ਵੋਟ ਆਫ਼ ਥੈਂਕਸ ਪੇਸ਼ ਕੀਤਾ ਗਿਆ ਅਤੇ ਰਾਸ਼ਟਰੀ ਗਾਨ ਦੇ ਨਾਲ ਸਮਾਰੋਹ ਦਾ ਸਮਾਪਨ ਹੋਇਆ।

## ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਆਮ ਲੋਕਾਂ ਦਾ ਸਹਿਯੋਗ ਜ਼ਰੂਰੀ : ਥਾਣਾ ਮੁਖੀ

**ਦਿਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਨਸ਼ਿਆਂ ਦੇ ਮਾਰੂ ਰੁਝਾਨ ਨੂੰ ਠੱਲ੍ਹ ਪਾਉਣ ਲਈ ਆਮ ਲੋਕਾਂ ਦਾ ਪੁਲਿਸ ਪ੍ਰਸ਼ਾਸਨ ਨੂੰ ਸਹਿਯੋਗ ਦੇਣਾ ਬੇਹੱਦ ਜ਼ਰੂਰੀ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਥਾਣਾ ਮੁਖੀ ਦਿਲਵਾਂ ਜਸਦੀਪ ਸਿੰਘ ਨੇ ਕੀਤਾ। ਉਨ੍ਹਾਂ ਕਿਹਾ ਕਿ ਦਿਲਵਾਂ ਇਲਾਕੇ ਅੰਦਰ ਨਸ਼ਿਆਂ ਦਾ ਕਾਲਾ ਧੰਦਾ ਕਰਨ ਵਾਲਿਆਂ ਤੇ ਅਮਨ ਕਾਨੂੰਨ ਦੀ ਵਿਵਸਥਾ ਨੂੰ ਭੰਗ ਕਰਨ ਵਾਲੇ ਅਨਸਰ ਚਾਹੇ ਕੋਈ ਵੀ ਹੋਣ ਕਿਸੇ ਵੀ ਕੀਮਤ 'ਤੇ ਬਖ਼ਸ਼ੇ ਨਹੀਂ ਜਾਣਗੇ। ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰਦਿਆਂ ਮਾੜੇ ਅਨਸਰਾਂ ਤੇ ਨਸ਼ਾ ਵਿਕਰੇਤਾਵਾਂ ਖ਼ਿਲਾਫ਼ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਰਹੇ ਨਸ਼ੇ ਪੰਜਾਬ ਦੀ ਜਵਾਨੀ ਦਾ ਬੇੜਾ ਗਰਕ ਕਰ ਰਹੇ ਹਨ, ਜਿਸ ਕਰਕੇ ਲੋਕ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਦੇਣ, ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ।



## ਮੁਸਤਫ਼ਾ ਨੇ ਸ਼ਕਿੰਦਰ ਸ਼ੇਖ ਨੂੰ ਹਰਾ ਕੇ ਅਲਟੋ ਕਾਰ ਜਿੱਤੀ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਲੱਖਾਂ ਦੇ ਦਾਤੇ ਦਾ 122ਵਾਂ ਨੂਰਮਹਿਲ ਇਲਾਕੇ ਦਾ ਇਤਿਹਾਸਿਕ ਛਿੰਝ ਮੇਲਾ ਨਕੋਦਰ ਰੋਡ ਨੂਰਮਹਿਲ ਵਿਖੇ ਕਰਵਾਇਆ ਜਾ ਰਿਹਾ ਹੈ।ਛਿੰਝ ਮੇਲੇ ਪਿੜ ਦੀ ਸ਼ੁਰੂਆਤ ਸਾਈਂ ਸੋਢੀ ਸ਼ਾਹ ਅਤੇ ਸਾਂਈ ਉਸਤਾਦ ਸ਼ਾਹ ਉਮਰਪੁਰ ਵਾਲਿਆਂ ਵੱਲੋਂ ਹਵਨ ਧੂਫ ਪਾ ਕੇ ਕੀਤੀ।ਛਿੰਝ ਮੇਲੇ 'ਤੇ ਮੁੱਖ ਮਹਿਮਾਨ ਬੀਬੀ ਇੰਦਰਜੀਤ ਕੌਰ ਮਾਨ ਹਲਕਾ ਵਿਧਾਇਕ ਨਕੋਦਰ, ਗੁਰਪ੍ਰਤਾਪ ਸਿੰਘ ਵਡਾਲਾ ਸਾਬਕਾ ਐਮ.ਐੱਲ.ਏ ਨਕੋਦਰ, ਡਾ.ਨਵਜੋਤ ਸਿੰਘ ਦਾਹੀਆ ਨਕੋਦਰ ਹਲਕਾ ਇੰਚਾਰਜ ਕਾਂਗਰਸ ਅਤੇ ਰਾਣਾ ਰੰਧਾਵਾ ਸੀਨੀਅਰ ਕਾਂਗਰਸ ਆਗੂ ਵਜੋਂ ਪਹੁੰਚੇ।ਬੀਬੀ ਮਾਨ ਨੇ ਕਮੇਟੀ ਵਾਲਿਆਂ ਨੂੰ ਇਹ ਵੀ ਵਿਸ਼ਵਾਸ ਦਵਾਇਆ ਹੈ ਕਿ 2027 ਵਿੱਚ ਨੂਰਮਹਿਲ ਵਾਸੀਆਂ ਨੂੰ ਸਟੇਡੀਅਮ ਬਣਾ ਕੇ ਦਿੱਤਾ ਜਾਵੇਗਾ। ਪਟਕੇ ਦੀ ਕੁਸ਼ਤੀ ਮੁਸਤਫ਼ਾ ਇਰਾਨ ਪਹਿਲਵਾਨ ਤੇ ਸ਼ਕਿੰਦਰ ਸ਼ੇਖ ਵਿਚਕਾਰ ਹੋਈ ਜਿਸ ਵਿਚ ਮੁਸਤਫ਼ਾ ਇਰਾਨ ਨੇ ਸਕਿੰਦਰ ਸ਼ੇਖ ਨੂੰ ਹਰਾਕੇ ਅਲਟੋਕਾਰ ਜਿੱਤੀ।ਦੂਜੇ ਪਟਕੇ ਦੀ ਕੁਸ਼ਤੀ ਰਵੀ ਵੇਹਰਾਂ ਨੇ ਜਨੇਵੀ ਇਰਾਨੀ ਨੂੰ ਹਰਾਕੇ ਇੱਕ ਲੱਖ ਰੁਪਏ ਦਾ ਇਨਾਮ ਜਿੱਤਿਆ।

## ਮੀਰੀ ਪੀਰੀ ਖਾਲਸਾ ਮਾਰਚ ਦਾ ਡਰੋਲੀ ਕਾਲਰਾ ਪਹੁੰਚਣ 'ਤੇ ਭਰਵਾਂ ਸਵਾਗਤ

**ਆਦਮਪੁਰ (ਪਰਮਜੀਤ ਸਿੰਘ)**- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ੍ਰੀ ਅਕਾਲ ਤਖ਼ਤ



ਸਾਹਿਬ ਵੱਲੋਂ ਕੱਢੇ ਜਾ ਰਹੇ ਮੀਰੀ ਪੀਰੀ ਖ਼ਾਲਸਾ ਮਾਰਚ ਦਾ ਆਦਮਪੁਰ ਵਿਖੇ ਪਹੁੰਚਣ ਤੋਂ ਪਹਿਲਾਂ ਆਦਮਪੁਰ ਦੇ ਨਜ਼ਦੀਕੀ ਪਿੰਡ ਡਰੋਲੀ ਕਲਾ ਵਿਖੇ ਧੰਨ-ਧੰਨ ਸ਼ਹੀਦ ਬਾਬਾ ਮਤੀ ਜੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਦੇਖ-ਰੇਖ ਹੇਠ ਇਲਾਕੇ ਦੀਆਂ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮੀਰੀ ਪੀਰੀ ਖਾਲਸਾ ਮਾਰਚ ਦਾ ਮਕਸਦ ਹੀ ਕੌਮ ਦੀ ਇਕਜੁੱਟਤਾ ਦਾ ਸੁਨੇਹਾ ਦੇਣ ਦੇ ਨਾਲ-ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਹੈ।ਇਸ ਮੌਕੇ ਧੰਨ ਧੰਨ ਸ਼ਹੀਦ ਬਾਬਾ ਮਤੀ ਜੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਪੰਜ ਪਿਆਰਿਆਂ ਅਤੇ ਨਿਸ਼ਾਨਚੀ ਸਿੰਘਾਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

## ਅੱਸੂ ਦੀ ਸੰਗਰਾਂਦ ਮੌਕੇ ਧਾਰਮਿਕ ਸਮਾਗਮ



**ਆਦਮਪੁਰ, (ਪਰਮਜੀਤ ਸਿੰਘ)**- ਗੁਰਦੁਆਰਾ ਧੰਨ-ਧੰਨ ਸ਼ਹੀਦ ਬਾਬਾ ਮੱਤੀ ਜੀ ਡਰੋਲੀ ਕਲਾਂ ਵਿਖੇ ਸਮੂਹ ਕਮੇਟੀ ਮੈਂਬਰਾਂ ਤੇ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਕਮੇਟੀ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਦੀ ਦੇਖ-ਰੇਖ ਹੇਠ ਅੱਸੂ ਮਹੀਨੇ ਦੀ ਸੰਗਰਾਂਦ ਦੇ ਪਵਿੱਤਰ ਦਿਹਾੜੇ ਮੌਕੇ ਧਾਰਮਿਕ ਸਮਾਗਮ ਕਰਵਾਇਆ ਗਿਆ।ਜਥੇ. ਮਨੋਹਰ ਸਿੰਘ ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਨੇ ਦੱਸਿਆ ਕਿ ਅੱਸੂ ਦੀ ਸੰਗਰਾਂਦ ਮੌਕੇ ਲੜੀਵਾਰ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।

## ਡਾ. ਕੁਲਦੀਪ ਰਾਏ ਸ਼੍ਰੋਮਣੀ ਅਕਾਲੀ ਦਲ ਬਾਦਲ 'ਚ ਸ਼ਾਮਲ

**ਫਿਲੌਰ (ਨਿਰਮਲ)** ਹਲਕਾ ਫਿਲੌਰ ਦੇ ਉਘੇ ਸਮਾਜ ਸੇਵੀ ਡਾ: ਕੁਲਦੀਪ ਰਾਏ ਇਲਾਕੇ ਵਿੱਚ ਵੱਡੇ ਪੱਧਰ 'ਤੇ ਸਮਾਜ ਸੇਵੀ ਕੰਮ ਕਰਦੇ ਆ ਰਹੇ ਹਨ।ਡਾਕਟਰ ਕੁਲਦੀਪ ਰਾਏ ਸ਼੍ਰੋਮਣੀ ਅਕਾਲੀ ਦਲ



ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਰਹਿਨੁਮਾਈ ਹੇਠ ਅਕਾਲੀ ਦਲ ਬਾਦਲ 'ਚ ਸ਼ਾਮਲ ਹੋ ਗਏ। ਜਿਨ੍ਹਾਂ ਨੂੰ ਸੁਖਬੀਰ ਸਿੰਘ ਬਾਦਲ ਵੱਲੋਂ ਸਿਰੋਪਾਓ ਪਾ ਕੇ ਸ਼ਾਮਲ ਕੀਤਾ।ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪਾਰਟੀ 'ਚ ਆਉਣ ਵਾਲੇ ਹਰ ਵਿਅਕਤੀ ਨੂੰ ਬਣਦਾ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਡਾ: ਕੁਲਦੀਪ ਰਾਏ ਨੇ ਕਿਹਾ ਕਿ ਉਹ ਪੂਰੀ ਤਨਦੇਹੀ ਨਾਲ ਪਾਰਟੀ 'ਚ ਸੇਵਾ ਨਿਭਾਉਣਗੇ।ਇਸ ਮੌਕੇ ਹਾਜ਼ਰ ਕੁਲਵਿੰਦਰ ਸਿੰਘ, ਅਮਰੀਕ ਸਿੰਘ, ਜੋਗਾ ਸਿੰਘ, ਸੀਨੀਅਰ ਆਗੂ ਹਰਜਿੰਦਰ ਸਿੰਘ ਲੱਲੀਆਂ , ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ, ਕੁਲਵਿੰਦਰ ਸਿੰਘ ਸੰਧੂ, ਮਨਜੀਤ ਸਿੰਘ ਬਿੱਲਾ, ਜਸਵੀਰ ਸਿੰਘ ਅਤੇ ਹੋਰ ਸਨ।

## ਮਰਦਮਸ਼ੁਮਾਰੀ-2027 ਦੇ ਦੂਜੇ ਪੜਾਅ ਲਈ ਚਾਰਜ ਅਫ਼ਸਰਾਂ ਦੀ ਸਿਖਲਾਈ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹੇ ਵਿੱਚ ਮਰਦਮਸ਼ੁਮਾਰੀ-2027 ਤਹਿਤ ਦੂਜੇ ਪੜਾਅ ਦੇ ਕੰਮ ਲਈ ਚਾਰਜ ਅਫ਼ਸਰਾਂ ਦਾ ਦੋ ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ।ਇਸ ਸਿਖਲਾਈ ਪ੍ਰੋਗਰਾਮ



ਵਿੱਚ ਜ਼ਿਲ੍ਹੇ ਦੀਆਂ ਨਗਰ ਕੌਂਸਲਾਂ ਦੇ ਸਮੂਹ ਤਹਿਸੀਲਦਾਰਾਂ ਅਤੇ ਕਾਰਜ ਸਾਧਕ ਅਫ਼ਸਰਾਂ (ਈ ਓਜ਼), ਉਨ੍ਹਾਂ ਦੇ ਤਕਨੀਕੀ ਸਹਾਇਕਾਂ ਅਤੇ ਮਰਦਮਸ਼ੁਮਾਰੀ ਅਮਲੇ ਨੇ ਭਾਗ ਲਿਆ। ਇਸ ਮੌਕੇ ਪੰਜਾਬ ਦੇ ਮਰਦਮਸ਼ੁਮਾਰੀ ਵਿਭਾਗ ਵੱਲੋਂ ਤਾਇਨਾਤ ਕੀਤੇ ਗਏ ਜ਼ਿਲ੍ਹਾ ਕੋਆਰਡੀਨੇਟਰ ਵਿੱਕੀ ਕੁਮਾਰ ਕਟਾਰੀਆ, ਜ਼ਿਲ੍ਹਾ ਇੰਚਾਰਜ ਵਿਨੈ ਕੁਮਾਰ, ਏ ਆਰ ਓ ਜਗਪਾਲ ਸਿੰਘ ਨੇ ਸਬੰਧਤ ਅਧਿਕਾਰੀਆਂ ਨੂੰ ਸਿਖਲਾਈ ਦਿੱਤੀ। ਪੰਜਾਬ ਵਿੱਚ ਮਰਦਮਸ਼ੁਮਾਰੀ ਦਾ ਦੂਜਾ ਪੜਾਅ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਕਰਵਾਇਆ ਜਾਵੇਗਾ, ਜਦਕਿ ਸੋਧ (ਰਿਵੀਜ਼ਨ) ਪੜਾਅ 5 ਜਨਵਰੀ ਤੋਂ 9 ਜਨਵਰੀ 2027 ਤੱਕ ਕਰਵਾਏ ਜਾਣ ਤੋਂ ਬਾਅਦ 9 ਜਨਵਰੀ 2027 ਨੂੰ ਮੁਕੰਮਲ ਹੋਵੇਗਾ। 1 ਦਸੰਬਰ ਤੋਂ ਗਿਣਤੀਕਾਰ (ਇਨਿਊਮੇਰੇਟਰ) ਡੇਟਾ ਇਕੱਠਾ ਕਰਨ ਲਈ ਘਰ-ਘਰ ਜਾਣਗੇ। ਸਵੈ-ਗਣਨਾ (ਸੈਲਫ਼-ਇਨਿਊਮਰੇਸ਼ਨ) ਪੋਰਟਲ 16 ਨਵੰਬਰ ਤੋਂ 30 ਨਵੰਬਰ 2026 ਤੱਕ ਸਾਰੇ ਨਾਗਰਿਕਾਂ ਲਈ ਖੁੱਲ੍ਹਾ ਰਹੇਗਾ, ਜਿਸ ਨਾਲ ਨਾਗਰਿਕ ਆਨਲਾਈਨ ਆਪਣੀ ਮਰਦਮਸ਼ੁਮਾਰੀ ਖੁਦ ਕਰ ਸਕਣਗੇ।

## ਅਜਨੋਹਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਅਜਨੋਹਾ ਤੋਂ ਸ਼ਰਧਾਲੂਆਂ ਦੀ ਬੱਸ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤੀ ਗਈ। ਇਸ ਮੌਕੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ।ਇਸ ਮੌਕੇ ਤਰੁਣ ਅਰੋੜਾ, ਡਾਇਰੈਕਟਰ ਪੰਜਾਬ ਸਰਕਾਰ ਪੇਡਾ ਸਟੇਟ ਸੈਕਟਰੀ ਆਪ ਪੰਜਾਬ ਵੀ ਐਸ ਐਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਅਤੇ ਭਲਾਈ ਨੂੰ ਪਹਿਲ ਦਿੱਤੀ ਜਾ ਰਹੀ ਹੈ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਯਾਤਰਾ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ-ਭਲਾਈ ਨਾਲ ਜੁੜੀਆਂ ਵੱਖ-ਵੱਖ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਸਰਕਾਰ ਦਾ ਮਕਸਦ ਆਮ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਇਸ ਮੌਕੇ ਹਲਕੇ ਦੇ ਚੇਅਰਮੈਨ ਸਰਪੰਚ ਸੰਦੀਪ ਸਿੰਘ , ਬਲਾਕ ਸਮਿਤੀ ਮੈਂਬਰ, ਪਿੰਡ ਦੇ ਸਰਪੰਚ, ਗ੍ਰਾਮ ਪੰਚਾਇਤ ਦੇ ਮੈਂਬਰ ਅਤੇ ਹੋਰ ਪਤਵੰਤੇ ਸੱਜਣ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮੂਹ ਹਾਜ਼ਰੀਨ ਵੱਲੋਂ ਸ਼ਰਧਾਲੂਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਬੱਸ ਨੂੰ ਰਵਾਨਾ ਕੀਤਾ ਗਿਆ।

# 11 ਰੋਜ਼ਾ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਸਿਖਲਾਈ ਕੈਂਪ ਸੰਪੰਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਜ਼ਿਲ੍ਹਾ ਜਲੰਧਰ ਦੇ ਬਲਾਕ ਨੂਰਮਹਿਲ ਵਿਖੇ 11 ਰੋਜਾ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਸਿਖਲਾਈ ਕੈਂਪ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਅਸ਼ੋਕ ਕੁਮਾਰ ਦੀ ਅਗਵਾਈ ਵਿੱਚ ਸੰਪਨ ਹੋਇਆ।ਕੈਂਪ ਦੇ ਆਖਰੀ ਦਿਨ ਹਾਜ਼ਰ ਹੋਏ ਸਰਪੰਚਾਂ, ਪੰਚਾਂ, ਆਸ਼ਾ ਵਰਕਰ, ਆਂਗਣਵਾੜੀ ਵਰਕਰ, ਸਕੂਲ ਅਧਿਆਪਕ ਆਦਿ ਸਰਕਾਰੀ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀਆਂ ਦਾ ਧੰਨਵਾਦ ਕੀਤਾ ਗਿਆ।ਸਿਖਲਾਈ ਕੈਂਪ ਦੌਰਾਨ ਪ੍ਰਦੇਸ਼ਿਕ ਦਿਹਾਤੀ ਵਿਕਾਸ ਤੇ ਪੰਚਾਇਤੀ ਰਾਜ ਸੰਸਥਾ ਮੋਹਾਲੀ ਤੋਂ ਰਿਸੋਰਸ ਪਰਸਨ ਬਲਵਿੰਦਰ ਪਾਲ ਸਿੰਘ ਅਤੇ ਸ੍ਰੀਮਤੀ ਗੁਰਵਿੰਦਰ ਕੌਰ ਵੱਲੋਂ ਭਾਗੀਦਾਰਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਉਹਨਾਂ ਨੇ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਤਹਿਤ ਪੰਚਾਇਤਾਂ ਦੀਆਂ ਕਾਨੂੰਨੀ ਜ਼ਿੰਮੇਵਾਰੀਆਂ, ਸਰਕਾਰੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਕਾਰੁਜਗਾਰੀ ਅਧਾਰਿਤ ਗ੍ਰਾਂਟ ਅਤੇ ਪੰਚਾਇਤਾਂ ਨੂੰ ਆਪਣੇ ਸਰੋਤਾਂ ਰਾਹੀਂ ਆਮਦਨ ਵਧਾਉਣ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਸ ਸਮੇਂ ਅਸ਼ੋਕ ਕੁਮਾਰ ਬੀਡੀਪੀਓ ਨੂਰਮਹਿਲ ਵੱਲੋਂ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਚੁਣੇ ਹੋਏ ਨੁਮਾਇੰਦਿਆਂ ਦੀ ਕਾਰਗੁਜ਼ਾਰੀ ਵਿੱਚ ਨਿਖਾਰ ਲਿਆਉਂਦੇ ਹਨ ਅਤੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਹੋਰ ਮਜਬੂਤ ਬਣਾਉਣ ਵਿੱਚ ਭੂਮਿਕਾ ਨਿਭਾਉਂਦੇ ਹਨ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਕੁਲਵਿੰਦਰ ਕੁਮਾਰ ਪੰਚਾਇਤ ਅਫਸਰ, ਟੈਕਸ ਕੁਲੈਕਟਰ ਅਜਿੰਦਰ ਕੁਮਾਰ, ਬਲਾਕ ਨੂਰਮਹਿਲ ਦੇ ਅਮਨਦੀਪ, ਰਜਿੰਦਰ ਸਿੰਘ, ਪਰਵਿੰਦਰ ਸਿੰਘ ਪੰਚਾਇਤ ਵਿਕਾਸ ਸਕੱਤਰਾਂ ਵੱਲੋਂ ਮਹੱਤਵਪੂਰਨ ਸਹਿਯੋਗ ਪਾਇਆ ਗਿਆ।

# ਡਿਪਟੀ ਕਮਿਸ਼ਨਰ ਨੇ ਸਿੱਧ ਬਾਬਾ ਸੋਢਲ ਮੇਲੇ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**25 ਨੂੰ ਮੀਟ ਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ**

**ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)** ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ 25 ਸਤੰਬਰ ਨੂੰ ਮਨਾਏ ਜਾ ਰਹੇ ਸ਼੍ਰੀ ਸਿੱਧ ਬਾਬਾ ਸੋਢਲ ਮੇਲੇ ਦੀਆਂ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਮੇਲੇ ਵਿੱਚ ਵੱਡੀ ਗਿਣਤੀ ਸ਼ਰਧਾਲੂਆਂ ਦੀ ਸ਼ਮੂਲੀਅਤ ਦੇ ਮੱਦੇਨਜ਼ਰ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੇਲੇ ਦੀ ਖੇਤਰ ਵਿੱਚ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਇਹ ਯਕੀਨੀ ਬਣਾਇਆ ਜਾਵੇ ਕਿ ਸ਼ਰਧਾਲੂ ਬਿਨਾਂ ਕਿਸੇ ਦਿੱਕਤ ਦੇ ਸ਼੍ਰੀ ਸਿੱਧ ਬਾਬਾ ਸੋਢਲ ਮੇਲੇ ਵਿੱਚ ਸ਼ਾਮਲ ਹੋ ਕੇ ਸ਼ਰਧਾ ਭੇਟ ਕਰ ਸਕਣ।

ਸ੍ਰੀ ਵਾਲੀਆ ਨੇ ਸੁਰੱਖਿਆ, ਆਵਾਜਾਈ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਲੋੜੀਂਦੀ ਗਿਣਤੀ ਵਿੱਚ ਪੁਲਿਸ ਕਰਮਚਾਰੀਆਂ ਦੀ ਤਾਇਨਾਤੀ, ਮਹਿਲਾ ਪੁਲਿਸ, ਸੁਚੱਜੀ ਨਿਗਰਾਨੀ, ਆਵਾਜਾਈ ਦੇ ਬਦਲਵੇਂ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੇਲੇ ਦੌਰਾਨ ਵੱਡੀ ਗਿਣਤੀ ਸ਼ਰਧਾਲੂ ਮੰਦਿਰ ਵਿਖੇ ਮੱਥਾ ਟੇਕਣ ਅਤੇ ਸ਼ਰਧਾ ਭੇਟ ਕਰਨ ਲਈ ਆਉਂਦੇ ਹਨ, ਜਿਨ੍ਹਾਂ ਦੀ ਸਹੂਲਤ ਲਈ ਪ੍ਰਬੰਧਾਂ ਪੱਖੋਂ ਕੋਈ ਕਮੀ ਨਹੀਂ ਰਹਿਣੀ ਚਾਹੀਦੀ।ਉਨ੍ਹਾਂ ਸਮੂਹ ਵਿਭਾਗਾਂ ਨੂੰ ਬਿਹਤਰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ ਤਾਂ ਜੋ ਸ਼੍ਰੀ ਸਿੱਧ ਬਾਬਾ ਸੋਢਲ ਮੇਲੇ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਜ਼ਿਲ੍ਹਾ ਮੈਜਿਸਟ੍ਰੇਟ ਵਰਜੀਤ ਵਾਲੀਆ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸਿੱਧ ਬਾਬਾ ਸੋਢਲ ਮੇਲੇ ਦੌਰਾਨ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੀ ਸਿੱਧ ਬਾਬਾ ਸੋਢਲ ਮੰਦਰ ਤੋਂ ਇਕ ਕਿਲੋਮੀਟਰ ਦੇ ਖੇਤਰ ਵਿੱਚ 25 ਸਤੰਬਰ ਨੂੰ ਮੀਟ ਅਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਲਗਾਈ ਗਈ ਹੈ।

## ਐਮ ਵੋਕ ਵੈਬ ਟੈਕਨੋਲੋਜੀ ਐਂਡ ਮਲਟੀਮੀਡੀਆ ਸਮੈਸਟਰ ਪਹਿਲਾ ਦਾ ਨਤੀਜਾ ਰਿਹਾ ਸ਼ਾਨਦਾਰ

**ਜਲੰਧਰ (ਸ਼ੈਲੀ ਐਲਬਰਟ)** ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੇ ਐਮ. ਵੋਕ ਵੈਬ ਟੈਕਨੋਲੋਜੀ ਐਂਡ ਮਲਟੀਮੀਡੀਆ ਦੂਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਐਲਾਨੇ ਗਏ ਨਤੀਜਿਆਂ ਵਿਚੋਂ ਵਿਦਿਆਰਥੀ ਪ੍ਰਿੰਸ ਚੋਪੜਾ ਨੇ 10 ਵਿਚੋਂ 9.60 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਦਿਆਰਥੀ ਅਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਪ੍ਰੀਖਿਆਵਾਂ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਂਦੇ ਹਨ, ਉਨ੍ਹਾਂ ਨੂੰ ਵਿਸ਼ੇਸ਼ ਸਹੂਲਤਾਂ ਵੀ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ, ਮੁਖੀ ਕੰਪਿਊਟਰ ਸਾਇੰਸ ਤੇ ਆਈ.ਟੀ. ਵਿਭਾਗ, ਡਾ. ਦਲਜੀਤ ਕੌਰ ਅਤੇ ਪ੍ਰੋ. ਐਨੀ ਗੋਇਲ ਵੀ ਮੌਜੂਦ ਸਨ।



## ਸਿਹਤ ਵਿਭਾਗ ਵੱਲੋਂ ਨਰਸਰੀਆਂ ਦਾ ਨਿਰੀਖਣ

**ਮੁਹਾਲੀ (ਗੁਰਜੀਤ ਬਿੱਲਾ)**- 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਲਈ ਜ਼ਿਲ੍ਹੇ ਦੀਆਂ ਵੱਖ-ਵੱਖ ਨਰਸਰੀਆਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਵਿਸ਼ੇਸ਼ ਜਾਂਚ ਅਤੇ ਜਾਗਰੂਕਤਾ ਮੁਹਿੰਮ ਚਲਾਈ ਗਈ। ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਚਲਾਈ ਗਈ ਮੁਹਿੰਮ ਵਿੱਚ ਸੀਨੀਅਰ ਸਿਹਤ ਅਧਿਕਾਰੀਆਂ ਅਤੇ ਫੀਲਡ ਸਟਾਫ਼ ਨੇ ਸਰਗਰਮੀ ਨਾਲ ਹਿੱਸਾ ਲਿਆ। ਨਰਸਿੰਗ ਕਾਲਜ ਦੇ ਵਿਦਿਆਰਥੀਆਂ ਨੇ ਵੀ ਸਿਹਤ ਟੀਮਾਂ ਨਾਲ ਮਿਲ ਕੇ ਜਾਂਚ ਅਤੇ ਜਾਗਰੂਕਤਾ ਗਤੀਵਿਧੀਆਂ ਵਿੱਚ ਸਹਿਯੋਗ ਦਿੱਤਾ। ਸਿਹਤ ਟੀਮਾਂ ਨੇ ਨਰਸਰੀਆਂ ਵਿੱਚ ਖੜ੍ਹੇ ਪਾਣੀ, ਪਾਣੀ ਇਕੱਠਾ ਹੋਣ ਵਾਲੀਆਂ ਥਾਵਾਂ ਅਤੇ ਮੱਛਰਾਂ ਦੇ ਪੈਦਾ ਹੋਣ ਵਾਲੀਆਂ ਸੰਭਾਵੀ ਥਾਵਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਅਤੇ ਦਵਾਈ ਦਾ ਛਿੜਕਾਅ ਵੀ ਕੀਤਾ। ਨਰਸਰੀ ਮਾਲਕਾਂ ਅਤੇ ਕਰਮਚਾਰੀਆਂ ਨੂੰ ਡੇਂਗੂ ਤੋਂ ਬਚਾਅ ਲਈ ਪਾਣੀ ਨੂੰ ਖੜ੍ਹਾ ਨਾ ਹੋਣ ਦੇਣ, ਗਮਲਿਆਂ ਅਤੇ ਹੋਰ ਪਾਣੀ ਵਾਲੇ ਭਾਂਡਿਆਂ ਦੀ ਨਿਯਮਤ ਸਫਾਈ ਕਰਨ ਅਤੇ ਮੱਛਰਾਂ ਦੇ ਪੈਦਾ ਹੋਣ ਵਾਲੇ ਸਥਾਨਾਂ ਨੂੰ ਤੁਰੰਤ ਖਤਮ ਕਰਨ ਲਈ ਜਾਗਰੂਕ ਕੀਤਾ ਗਿਆ। ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਰ ਸ਼ੁੱਕਰਵਾਰ ਨੂੰ ਆਪਣੇ ਘਰ, ਦੁਕਾਨ, ਦਫ਼ਤਰ ਅਤੇ ਆਲੇ-ਦੁਆਲੇ ਦੀਆਂ ਥਾਵਾਂ 'ਤੇ ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਡੇਂਗੂ ਦੇ ਲਾਰਵੇ ਨੂੰ ਪੈਦਾ ਹੋਣ ਤੋਂ ਪਹਿਲਾਂ ਹੀ ਖਤਮ ਕਰਨ।



# 22 ਖੇਡਾਂ 'ਚ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀ ਲੈ ਸਕਣਗੇ ਭਾਗ

**ਕਪੂਰਥਲਾ (ਮਨਜੀਤ ਮਾਨ)** ਜ਼ਿਲ੍ਹਾ ਖੇਡ ਅਫ਼ਸਰ, ਕਪੂਰਥਲਾ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਖੇਡ ਵਿਭਾਗ, ਪੰਜਾਬ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਬਲਾਕ ਪੱਧਰੀ ਖੇਡਾਂ ਦੇ ਸਫਲ ਆਯੋਜਨ ਤੋਂ ਬਾਅਦ ਹੁਣ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ 28 ਸਤੰਬਰ ਤੋਂ ਹੋਵੇਗੀ ਅਤੇ ਇਹ ਮੁਕਾਬਲੇ 3 ਅਕਤੂਬਰ ਤੱਕ ਜ਼ਿਲ੍ਹਾ ਕਪੂਰਥਲਾ ਦੇ ਵੱਖ-ਵੱਖ ਖੇਡ ਸਥਾਨਾਂ (ਵੈਨਿਊ) 'ਤੇ ਕਰਵਾਏ ਜਾਣਗੇ।ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਇਨ੍ਹਾਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਕੁੱਲ 22 ਖੇਡਾਂ ਵਿੱਚ ਖਿਡਾਰੀ ਭਾਗ ਲੈ ਸਕਦੇ ਹਨ। ਮੁਕਾਬਲਿਆਂ ਵਿੱਚ ਅੰਡਰ-14, ਅੰਡਰ-17, ਅੰਡਰ-21, 21-30, 31-40, 41-50, 51-60, 61-70 ਅਤੇ 70 ਸਾਲ ਤੋਂ ਵੱਧ ਉਮਰ ਵਰਗ ਦੇ ਖਿਡਾਰੀ ਹਿੱਸਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਅਥਲੈਟਿਕਸ, ਕਬੱਡੀ (ਨੈਸ਼ਨਲ ਅਤੇ ਸਰਕਲ ਸਟਾਇਲ), ਵਾਲੀਬਾਲ, ਖੋ-ਖੋ, ਬਾਸਕਟਬਾਲ, ਕਿੱਕ ਬਾਕਸਿੰਗ, ਬੈਡਮਿੰਟਨ, ਬਾਕਸਿੰਗ, ਫੁੱਟਬਾਲ, ਕੁਸ਼ਤੀ, ਗੱਤਕਾ, ਟੇਬਲ ਟੈਨਿਸ, ਚੈੱਸ, ਤੈਰਾਕੀ, ਸ਼ੂਟਿੰਗ, ਰੋਲਰ ਸਕੇਟਿੰਗ, ਲਾਅਨ ਟੈਨਿਸ, ਹਾਕੀ, ਵੈਟਲਿਫਟਿੰਗ, ਪਾਵਰ ਲਿਫਟਿੰਗ ਅਤੇ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ 28 ਸਤੰਬਰ ਤੋਂ 3 ਅਕਤੂਬਰ ਤੱਕ ਵੱਖ-ਵੱਖ ਮਿਤੀਆਂ ਨੂੰ ਲੜਕੇ ਅਤੇ ਲੜਕੀਆਂ ਦੇ ਵੱਖ-ਵੱਖ ਏਜ ਗਰੁੱਪਾਂ (ਅੰਡਰ 14, 17, 21 ਅਤੇ ਹੋਰਨਾਂ ਉਮਰ ਵਰਗਾਂ) ਵਿੱਚ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਭਾਗ ਲੈਣ ਦੇ ਚਾਹਵਾਨ ਖਿਡਾਰੀ ਵਧੇਰੇ ਜਾਣਕਾਰੀ ਲਈ ਦਫ਼ਤਰ ਜ਼ਿਲ੍ਹਾ ਖੇਡ ਅਫ਼ਸਰ, ਕਪੂਰਥਲਾ ਵਿਖੇ ਸਥਿਤ ਹੈਲਪ ਡੈਸਕ ਨਾਲ ਸੰਪਰਕ ਕਰ ਸਕਦੇ ਹਨ।

# ਹੁਸ਼ਿਆਰਪੁਰ ਦੇ ਲਾਜਵੰਤੀ ਸਟੇਡੀਅਮ ਤੋਂ 500 ਡਰੋਨਾਂ ਨੇ ਅਸਮਾਨ ਨੂੰ ਕੀਤਾ ਰੌਸ਼ਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜ ਭਰ ਵਿਚ ਕਰਵਾਏ ਜਾ ਰਹੇ ਡਰੋਨ ਸ਼ੋਅਜ਼ ਦੀ ਲੜੀ ਤਹਿਤ ਸਥਾਨਕ ਬਹੁਮੰਤਵੀ ਆਊਟਡੋਰ ਲਾਜਵੰਤੀ ਸਟੇਡੀਅਮ ਵਿਖੇ ਡਰੋਨ ਸ਼ੋਅ ਦੌਰਾਨ 500



ਡਰੋਨਾਂ ਰਾਹੀ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਫਲਸਫੇ ਦੀ ਬੇਹੱਦ ਖੂਬਸੂਰਤ ਪੇਸ਼ਕਾਰੀ ਕੀਤੀ ਗਈ ਜਿਸ ਨੂੰ ਵੱਡੀ ਗਿਣਤੀ ਵਿਚ ਸੰਗਤ ਨੇ ਬੜੀ ਭਾਵਨਾ ਅਤੇ ਉਤਸ਼ਾਹ ਨਾਲ ਦੇਖਿਆ। ਲਾਜਵੰਤੀ ਸਟੇਡੀਅਮ ਵਿਖੇ ਹੋਏ ਸ਼ਾਨਦਾਰ ਡਰੋਨ ਸ਼ੋਅ ਨੇ ਅਸਮਾਨ ਨੂੰ ਰੁਸ਼ਨਾਉਂਦਿਆਂ ਗੁਰੂ ਜੀ ਦੇ ਜੀਵਨ ਅਤੇ ਮਹਾਨ ਸਿੱਖਿਆਵਾਂ ਨੂੰ ਡਿਜੀਟਲ ਅਤੇ ਤਕਨਾਲੋਜੀ ਦੇ ਸੁਮੇਲ ਰਾਹੀਂ ਪੇਸ਼ ਕੀਤਾ। ਸੰਗਤ ਨੂੰ ਸੰਬੋਧਨ ਕਰਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੁਰੂ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ ਅਤੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਸੂਬੇ ਭਰ ਵਿਚ ਜਾਰੀ ਹੈ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਡਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ। ਸਮਾਗਮ ਦੌਰਾਨ ਸੰਤ ਪਰਦੀਪ ਦਾਸ ਕਠਾਰ, ਸੰਤ ਕੁਲਦੀਪ ਦਾਸ ਬੱਸੀ ਮਰੂਫ,ਸੰਤ ਧਰਮ ਪਾਲ ਧਾਮ ਚਾਨਣਪੁਰੀ ਸ਼ੇਰਗੜ੍ਹ , ਸੰਤ ਗੁਰਮੇਲ ਦਾਸ ਰਹੀਮਪੁਰ, ਸੰਤ ਬਲਬੀਰ ਦਾਸ ਸਾਹਰੀ, ਬਾਬਾ ਰਾਮ ਮੂਰਤੀ ਨਾਰਾ, ਪਾਠੀ ਲਾਲ ਸਿੰਘ, ਡਾ. ਪ੍ਰਵੇਸ਼ ਦੇਵਾ ਜੀ ਤੋਂ ਇਲਾਵਾ ਮੇਅਰ ਪ੍ਰਵੀਨ ਸੈਣੀ, ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੁਮਾਰ, ਡਿਪਟੀ ਮੇਅਰ ਸੰਦੀਪ ਚੇਚੀ, ਕੌਂਸਲਰ ਮੁਖੀ ਰਾਮ, ਕੌਂਸਲਰ ਤੀਰਥ ਰਾਮ, ਕੌਂਸਲਰ ਅਜੇ ਕੁਮਾਰ, ਕੌਂਸਲਰ ਸਤਪਾਲ, ਕੌਂਸਲਰ ਅੰਜਨਾ ਸ਼ਰਮਾ, ਕੌਂਸਲਰ ਗੁਰਬਖਸ਼ ਕੌਰ, ਕੌਂਸਲਰ ਜਸਵੰਤ ਰਾਏ ਕਾਲਾ, ਕੌਂਸਲਰ ਲਖਬੀਰ ਸਿੰਘ, ਕੌਂਸਲਰ ਭੁਪਿੰਦਰ ਸਿੰਘ, ਕੌਂਸਲਰ ਭੁਪਿੰਦਰ ਸਿੰਘ, ਕੌਂਸਲਰ ਜਤਿੰਦਰ ਕੌਰ, ਕੌਂਸਲਰ ਨਵੀਨ ਕੁਮਾਰ, ਸਾਬਕਾ ਕੌਂਸਲਰ ਸੁਰੇਖਾ ਬਰਜਾਤਾ, ਚੇਅਰਮੈਨ ਮਾਰਕੀਟ ਕਮੇਟੀ ਜਸਪਾਲ ਸਿੰਘ ਚੇਚੀ, ਸਾਬਕਾ ਕੌਂਸਲਰ ਮੋਹਨ ਲਾਲ ਪਹਿਲਵਾਨ, ਭਾਰੀ ਗਿਣਤੀ ਵਿਚ ਸੰਗਤ ਵੀ ਮੌਜੂਦ ਸੀ।ਡਰੋਨ ਸ਼ੋਅ ਦੌਰਾਨ ਰਾਗੀ ਭਾਈ ਜਸਵੀਰ ਸਿੰਘ ਨੇ ਗੁਰਬਾਣੀ ਦੇ ਸ਼ਬਦ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।

## ਰਮੇਸ਼ ਨੁੱਸੀਵਾਲ ਦਾ 'ਰਿਟਾਇਰਮੈਂਟ ਧਮਾਲਾਂ' ਪਾ ਰਿਹਾ ਹਰ ਪਾਸੇ

**ਕਪੂਰਥਲਾ (ਮਨਜੀਤ ਮਾਨ)**- ਰਮੇਸ਼ ਨੁੱਸੀਵਾਲ ਦਾ ਗੀਤ ਰਿਟਾਇਰਮੈਂਟ ਅੱਜ-ਕੱਲ੍ਹ ਹਰ ਪਾਸੇ ਛਾਇਆ ਹੋਇਆ ਹੈ। ਇਹ ਗੀਤ ਇਸ ਗੱਲ ਦਾ ਭੁਲੇਖਾ ਪਾਉਂਦਾ ਹੈ ਕਿ ਰਮੇਸ਼ ਨੁੱਸੀਵਾਲ ਨੇ ਰਿਟਾਇਰਮੈਂਟ ਲੈ ਲਈ ਹੈ ਪਰ ਨਹੀਂ, ਇਸ ਗੀਤ ਦਾ ਨਾਂ ਹੀ ਰਿਟਾਇਰਮੈਂਟ ਹੈ। ਰਮੇਸ਼ ਨੁੱਸੀਵਾਲ ਨੇ ਅਜੇ ਕੋਈ ਰਿਟਾਇਰਮੈਂਟ ਨਹੀਂ ਲਈ । ਜੋ ਲੋਕ ਵੀ ਆਪਣੀਆਂ ਨੌਕਰੀਆਂ ਤੋਂ ਰਿਟਾਇਰ ਹੋ ਰਹੇ ਨੇ, ਜਾਂ ਹੋਣ ਵਾਲੇ ਨੇ, ਜਾਂ ਹੋ ਚੁੱਕੇ ਨੇ ਉਨ੍ਹਾਂ ਲਈ ਇੱਕ ਬਹੁਤ ਹੀ ਸਕੂਨ ਵਾਲਾ ਗੀਤ ਹੈ। ਇਹ ਗੀਤ ਅਵਤਾਰ ਸਿੰਘ ਬੈਂਸ ਦਾ ਲਿਖਿਆ ਹੋਇਆ ਹੈ । ਇਸ ਦਾ ਮਿਊਜ਼ਿਕ ਜੇ ਰਿਆਜ਼ ਨੇ ਕੀਤਾ ਹੈ ਅਤੇ ਇਸ ਨੂੰ ਸੁਰੀਲੀ ਤੇ ਬੁਲੰਦ ਆਵਾਜ਼ ਵਿੱਚ ਗਾਇਆ ਹੈ ਰਮੇਸ਼ ਨੁੱਸੀਵਾਲ ਨੇ। ਇਹ ਗੀਤ ਦੂਰਦਰਸ਼ਨ ਦੇ ਡੀ ਡੀ ਪੰਜਾਬੀ ਪ੍ਰੋਗਰਾਮ ਤੇ ਮਹਿਫ਼ਿਲ ਮਿੱਤਰਾਂ ਦੀ ਵਿੱਚ ਵੀ ਆਪਣੀ ਧਾਕ ਜਮਾ ਚੁੱਕਾ ਹੈ। ਰਮੇਸ਼ ਨੁੱਸੀਵਾਲ ਨੇ ਦੱਸਿਆ ਕਿ ਇਹ ਇੱਕ ਅਲੱਗ ਹੀ ਵਿਸ਼ਾ ਸੀ ਅਤੇ ਮੈਨੂੰ ਪਹਿਲੀ ਵਾਰੀ ਹੀ ਦੇਖ ਕੇ ਬਹੁਤ ਪਸੰਦ ਆਇਆ ਅਤੇ ਅਸੀਂ ਇਸ ਗੀਤ ਨੂੰ ਜਲਦ ਤੋਂ ਜਲਦ ਰਿਕਾਰਡ ਕਰਕੇ ਸਰੋਤਿਆਂ ਦੇ ਰੂਬਰੂ ਕਰ ਦਿੱਤਾ ।




# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਮੌਕੇ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਮੰਜੋਮਜਾਰਾ ਠੱਕਰਵਾਲ ਵਿਖੇ ਗੁਰਦੁਆਰਾ ਤੱਪ ਅਸਥਾਨ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਡੇਰੇ ਵੱਲੋਂ ਜਗਤ ਗੁਰੂ, ਪਾਤਸ਼ਾਹੀ ਪਹਿਲੀ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਗਏ।ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ ਨੇ



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ, ਸੰਤ ਬਾਬਾ ਜਸਵੰਤ ਸਿੰਘ ਖੇੜਾ, ਭਾਈ ਨਰਿੰਦਰ ਸਿੰਘ ਗੋਰਾ ਹੁਸ਼ਿਆਰਪੁਰ, ਭਾਈ ਗੁਰਬਖਸ਼ ਸਿੰਘ ਮਨੀਲਾ, ਭਾਈ ਸਤਨਾਮ ਸਿੰਘ ਸਹਿਗਲ ਭੁੰਗਰਨੀ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ ਵੱਲੋਂ ਆਏ ਹੋਏ ਰਾਗੀ ਜੱਥੇ, ਪ੍ਰਮੁੱਖ ਸਖ਼ਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਬੀਬੀ ਬਲਵੀਰ ਕੌਰ, ਹਰਜੀਤ ਕੌਰ, ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ, ਦਰਸ਼ਨ ਸਿੰਘ ਰਾਜਾ, ਮਨਪ੍ਰੀਤ ਸਿੰਘ, ਲੈਕਚਰਾਰ ਜਸਵਿੰਦਰ ਸਿੰਘ ਜੱਸੀ, ਮੁੱਖਤਿਆਰ ਸਿੰਘ ਮਾਣਕੋ, ਮਹਿੰਦਰ ਸਿੰਘ ਫੌਜੀ ਮਾਈਓਪੱਟੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।


# ਰਿਵਾਲਵਰ ਦੀ ਨੋਕ 'ਤੇ 50 ਹਜ਼ਾਰ ਦੀ ਲੁੱਟ

**ਫਿਲੌਰ (ਨਿਰਮਲ)** ਫਿਲੌਰ ਦੇ ਹਾਈਵੇ ਸਥਿਤ ਪਿੰਡ ਭੱਟੀਆਂ ਵਿਖੇ ਰਿਵਾਲਵਰ ਦੀ ਨੋਕ 'ਤੇ ਜੰਮੂ-ਕਸ਼ਮੀਰ ਦੀ ਗੱਡੀ ਦੇ ਡਰਾਈਵਰ ਨਾਲ ਕੁੱਟਮਾਰ ਕਰਕੇ 50,000 ਦੀ ਨਗਦੀ ਲੁੱਟਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਗੱਡੀ ਦੇ ਡਰਾਈਵਰ ਅਰਸੀਦ ਅਹਿਮਦ ਨੇ ਦੱਸਿਆ ਕਿ ਉਹ ਹਾਈਵੇ ਤੇ ਜਾ ਰਿਹਾ ਸੀ ਕਿ ਉਨ੍ਹਾਂ ਦੀ ਕੰਪਨੀ ਦੀ ਗੱਡੀ ਜਾਂ ਰਹੀ ਸੀ ਜਿਸ ਨੇ ਉਨ੍ਹਾਂ ਨੂੰ 50000 ਰੁਪਏ ਫੜਾਏ ਸਨ ਪੈਸੇ ਫੜਨ ਤੋਂ ਬਾਅਦ ਅਸੀਂ ਦੋ ਕਿਲੋਮੀਟਰ ਗਏ ਸੀ ਕਿ ਉਨ੍ਹਾਂ ਪਿੱਛੇ ਇੱਕ ਗੱਡੀ ਲੱਗ ਗਈ ਜੋ ਆਪਣੀ ਗੱਡੀ ਸੱਜੇ ਅਤੇ ਖੱਬੇ ਪਾਸੇ ਦੀ ਕੱਢਣ ਦੀ ਕੋਸ਼ਿਸ਼ ਕਰਨ ਲੱਗੇ ਅਸੀਂ ਆਪਣੀ ਗੱਡੀ ਸਾਈਡ ਤੇ ਲਾ ਦਿੱਤੀ ਤਾਂ ਉਸ ਗੱਡੀ ਵਾਲਿਆਂ ਨੇ ਉਸ ਦੀ ਗੱਡੀ ਦੀ ਭੰਨਤੋੜ ਸ਼ੁਰੂ ਕਰ ਦਿੱਤੀ ਅਤੇ ਰਿਵਾਲਵਰ ਦੀ ਨੋਕ ਤੇ 50 ਹਜ਼ਾਰ ਰੁਪਏ ਲੁੱਟ ਕੇ ਲੈ ਗਏ। ਡਰਾਈਵਰ ਵੱਲੋਂ 112 ਨੰਬਰ ਤੇ ਸਹਾਇਤਾ ਲਈ ਫੋਨ ਕੀਤਾ ਮੌਕੇ 'ਤੇ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਸੁਨੀਲ ਕੁਮਾਰ ਪਹੁੰਚੇ ਜਿਨ੍ਹਾਂ ਟਰੱਕ ਡਰਾਈਵਰ ਨੂੰ ਮੁੱਢਲੀ ਸਹਾਇਤਾ ਦਿੱਤੀ ਅਤੇ ਮੌਕੇ 'ਤੇ ਥਾਣਾ ਫਿਲੌਰ ਨੂੰ ਸੂਚਿਤ ਕੀਤਾ।

ਇਸ ਸਬੰਧੀ ਪਿੰਡ ਭੱਟੀਆਂ ਦੇ ਸਰਪੰਚ ਸਰਬਜੀਤ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਾਡੇ ਪਿੰਡ ਦੇ ਨੌਜਵਾਨਾ ਨੇ ਸੋਚਿਆ ਕਿ ਇਹ ਲੜਾਈ ਹੋਈ ਹੈ ਉਹ ਛੁਡਾਉਣ ਨੂੰ ਆਏ ਤਾਂ ਉਕਤ ਲੁਟੇਰੇ ਨੌਜਵਾਨਾਂ ਪਿੱਛੇ ਵੀ ਦੌੜੇ।ਇਸ ਸਬੰਧੀ ਐਸ ਆਈ ਧਰਮਿੰਦਰ ਕੁਮਾਰ ਨੇ ਦੱਸਿਆ ਕਿ ਡਰਾਈਵਰ ਦੇ ਬਿਆਨਾ 'ਤੇ ਪਰਚਾ ਦਰਜ ਕਰਕੇ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾਵੇਗੀ।

## ਬਰਾੜ ਦਾ ਅਕਾਲ ਚਲਾਣਾ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ

**ਚੰਡੀਗੜ੍ਹ (ਸੁਰਜੀਤ ਸੁਮਨ)** ਪ੍ਰਮੁੱਖ ਕਿਸਾਨ ਆਗੂ ਅਤੇ ਸਾਬਕਾ ਡਾਇਰੈਕਟਰ ਪੰਜਾਬ ਮੰਡੀ ਬੋਰਡ ਰਾਜਿੰਦਰ ਸਿੰਘ ਬਡਹੇੜੀ ਨੇ ਸਰਦਾਰ ਗੁਰਦੇਵ ਸਿੰਘ ਬਰਾੜ ਦੇ ਅਕਾਲ ਚਲਾਣੇ 'ਤੇ ਗਹਿਰਾ ਦੁੱਖ



ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਪੰਥ ਦੀ ਬਹੁਤ ਹੀ ਪਿਆਰੀ ਸ਼ਖ਼ਸੀਅਤ, ਪੰਥ ਦਰਦੀ, ਪੰਥ ਪ੍ਰਸਤ ਆਗੂ, ਇੱਕ ਇਮਾਨਦਾਰ ਅਫਸਰ ਅਤੇ ਸਿੱਖ ਐਜੂਕੇਸ਼ਨਲ ਸੁਸਾਇਟੀ, ਚੰਡੀਗੜ੍ਹ ਦੇ ਪ੍ਰਧਾਨ ਗੁਰਦੇਵ ਸਿੰਘ ਬਰਾੜ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ।ਜ਼ਿਕਰਯੋਗ ਹੈ ਕਿ ਭਾਰਤ ਸਰਕਾਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਹਮਲਾ ਕਰਨ ਤੋਂ ਪਹਿਲਾਂ ਸਰਦਾਰ ਗੁਰਦੇਵ ਸਿੰਘ ਬਰਾੜ, ਜੋ ਉਸ ਸਮੇਂ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਸਨ, ਪਾਸੋਂ ਜਦੋਂ ਮਨਜ਼ੂਰੀ ਮੰਗੀ ਤਾਂ ਇਸ ਦਲੇਰ ਅਫਸਰ ਨੇ ਸਪੱਸ਼ਟ ਕਿਹਾ ਕਿ ਮੈਂ ਅਪਣੇ ਗੁਰੂ ਦੇ ਘਰ ਉੱਤੇ ਹਮਲੇ ਲਈ ਸਹਿਮਤੀ ਨਹੀਂ ਦੇਵਾਂਗਾ।ਇਸ ਦਲੇਰੀ ਅਤੇ ਵਿਦਿਅਕ ਖੇਤਰ ਵਿੱਚ ਸਰਦਾਰ ਗੁਰਦੇਵ ਸਿੰਘ ਬਰਾੜ ਵੱਲੋਂ ਨਿਭਾਏ ਗਏ ਰੋਲ ਨੂੰ ਸਿੱਖ ਇਤਿਹਾਸ ਵਿੱਚ ਹਮੇਸ਼ਾ ਯਾਦ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਅਕਾਲ ਪੁਰਖ, ਵਾਹਿਗੁਰੂ ਸਨਮੁੱਖ ਅਰਦਾਸ ਹੈ ਕਿ ਉਹਨਾਂ ਦੀ ਆਤਮਾ ਨੂੰ ਸ਼ਾਂਤੀ ਬਖਸ਼ਿਸ਼ ਕਰਨ ਅਤੇ ਪਿੱਛੇ ਉਹਨਾਂ ਦੇ ਪਰਿਵਾਰ ਸਮੇਤ ਸਮੂਹ ਸੰਗਤ ਨੂੰ ਉਹਨਾਂ ਦੇ ਵਿਛੋੜੇ ਨੂੰ ਮਿੱਠਾ ਕਰਕੇ ਮੰਨਣ ਦਾ ਬੱਲ ਬਖਸ਼ਣ।

## ਸਾਹਿਤਕਾਰ ਪਰਮਿੰਦਰ ਸਿੰਘ ਪ੍ਰੇਮ ਨਹੀਂ ਰਹੇ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੋਰਿੰਡਾ ਦੇ ਨੌਜਵਾਨ ਸਾਹਿਤਕਾਰ ਪਰਮਿੰਦਰ ਸਿੰਘ ਪ੍ਰੇਮ ਅਚਾਨਕ ਸੜਕ ਦੁਰਘਟਨਾ ਵਿੱਚ ਚੱਲ ਵਸੇ। ਪਰਮਿੰਦਰ ਸਿੰਘ ਪ੍ਰੇਮ ਇਲਾਕੇ ਦੀਆਂ ਸਾਹਿਤਕ ਅਤੇ ਸਭਿਆਚਾਰਕ ਸਰਗਰਮੀਆਂ ਨਾਲ ਜੁੜੇ ਹੋਏ ਸਨ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਨੌਜਵਾਨ ਸਾਹਿਤ ਸਭਾ ਰਜਿ. ਮੋਰਿੰਡਾ ਦੇ ਜਨਰਲ ਸਕੱਤਰ ਰਾਬਿੰਦਰ ਸਿੰਘ ਰੱਬੀ ਨੇ ਦੱਸਿਆ ਕਿ ਪਰਮਿੰਦਰ ਸਿੰਘ ਪ੍ਰੇਮ ਆਪਣੇ ਪਿੱਛੇ ਸੁਪਤਨੀ, ਦੋ ਬੱਚੀਆਂ ਅਤੇ ਇੱਕ ਬੱਚਾ ਛੱਡ ਗਏ ਹਨ ।ਇਲਾਕੇ ਦੀਆਂ ਸਾਹਿਤਕ, ਸੱਭਿਆਚਾਰਕ, ਸਮਾਜ ਸੇਵੀ ਜਥੇਬੰਦੀਆਂ ਨੇ ਇਸ ਦੁਰਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

## ਮੁਫ਼ਤ ਸਹਾਇਕ ਉਪਕਰਣ ਵੰਡ ਕੈਂਪ ਲਗਾਇਆ

### ਹਰ ਲੋੜਵੰਦ ਤੱਕ ਸੇਵਾ ਪਹੁੰਚਾਉਣ ਦਾ ਸੰਕਲਪ : ਅਰਸ਼ ਸੱਚਰ



**ਫਰੀਦਕੋਟ (ਗੁਰਪ੍ਰੀਤ ਸਿੰਘ)**-ਲੋਕਾਂ ਦੀ ਸੇਵਾ ਲੋਕਾਂ ਦਾ ਵਿਸ਼ਵਾਸ ਮਿਸ਼ਨ 2027 ਦੇ ਸੰਕਲਪ ਤਹਿਤ ਸਮਾਜ ਸੇਵੀ ਤੇ ਆਮ ਆਦਮੀ ਪਾਰਟੀ ਫਰੀਦਕੋਟ ਦੇ ਸੀਨੀਅਰ ਆਗੂ ਅਰਸ਼ ਸੱਚਰ ਵੱਲੋਂ ਚਲਾਈ ਜਾ ਰਹੀ ਲੋਕ ਭਲਾਈ ਮੁਹਿੰਮ ਅਧੀਨ 10ਵਾਂ ਮੁਫ਼ਤ ਸਹਾਇਕ ਉਪਕਰਣ ਵੰਡ ਕੈਂਪ ਲਗਾਇਆ ਗਿਆ, ਜਿਸ ਰਾਹੀਂ ਲਗਭਗ 100 ਲੋੜਵੰਦ ਭੈਣਾਂ-ਭਰਾਵਾਂ ਤੱਕ ਨਿਸ਼ੁਲਕ ਸਹਾਇਤਾ ਪਹੁੰਚਾਈ ਗਈ। ਅਰਸ਼ ਸੱਚਰ ਨੇ ਦੱਸਿਆ ਕਿ ਇਸ ਮੁਹਿੰਮ ਦਾ ਮਕਸਦ ਦਿਵਿਆਂਗਜਨਾਂ, ਸੀਨੀਅਰ ਸਿਟੀਜ਼ਨਾਂ ਤੇ ਹੋਰ ਯੋਗ ਲੋੜਵੰਦਾਂ ਤੱਕ ਉਨ੍ਹਾਂ ਦੀ ਜ਼ਰੂਰਤ ਅਨੁਸਾਰ ਹੀਅਰਿੰਗ ਏਡਜ਼, ਵ੍ਹੀਲਚੇਅਰਾਂ, ਵਾਕਰ, ਟ੍ਰਾਈਸਾਈਕਲ, ਨਕਲੀ ਅੰਗ, ਬੈਸਾਖੀਆਂ, ਵਾਕਿੰਗ ਸਟਿਕਸ, ਕੈਲੀਪਰ, ਸੀ ਪੀ ਚੇਅਰਾਂ ਤੇ ਹੋਰ ਸਹਾਇਕ ਉਪਕਰਣ ਮੁਫ਼ਤ ਪਹੁੰਚਾਉਣ ਲਈ ਲਗਾਤਾਰ ਯਤਨ ਕਰਨਾ ਹੈ।ਉਨ੍ਹਾਂ ਕਿਹਾ ਕਿ ਮਿਸ਼ਨ-2027 ਤਹਿਤ ਫਰੀਦਕੋਟ ਵਿਧਾਨ ਸਭਾ ਹਲਕੇ ਦੇ ਹਰ ਪਿੰਡ, ਹਰ ਵਾਰਡ ਤੇ ਹਰ ਲੋੜਵੰਦ ਪਰਵਾਰ ਤੱਕ ਪਹੁੰਚ ਬਣਾਉਣ ਦਾ ਯਤਨ ਜਾਰੀ ਰਹੇਗਾ।ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿਰਫ਼ ਸੁਣਨਾ ਹੀ ਨਹੀਂ, ਸਗੋਂ ਸਬੰਧਤ ਵਿਭਾਗਾਂ ਤੇ ਸੰਸਥਾਵਾਂ ਨਾਲ ਤਾਲਮੇਲ ਕਰਕੇ ਉਨ੍ਹਾਂ ਦੇ ਹੱਲ ਤੇ ਸਰਕਾਰੀ ਭਲਾਈ ਸਕੀਮਾਂ ਦਾ ਲਾਭ ਯੋਗ ਲੋਕਾਂ ਤੱਕ ਪਹੁੰਚਾਉਣ ਲਈ ਪੈਰਵੀ ਕੀਤੀ ਜਾਵੇਗੀ।ਅਰਸ਼ ਸੱਚਰ ਨੇ ਕਿਹਾ ਕਿ ਸੇਵਾ ਸਾਡੇ ਲਈ ਸਿਰਫ਼ ਇੱਕ ਕੈਂਪ ਜਾਂ ਇੱਕ ਦਿਨ ਦਾ ਕੰਮ ਨਹੀਂ, ਸਗੋਂ ਲੋਕਾਂ ਪ੍ਰਤੀ ਸਾਡੀ ਜ਼ਿੰਮੇਵਾਰੀ ਤੇ ਨਿਰੰਤਰ ਵਚਨਬੱਧਤਾ ਹੈ।ਸਾਡੀ ਕੋਸ਼ਿਸ਼ ਹੈ ਕਿ ਆਰਥਿਕ ਮਜਬੂਰੀ ਕਾਰਨ ਕੋਈ ਵੀ ਯੋਗ ਲੋੜਵੰਦ ਜ਼ਰੂਰੀ ਸਹਾਇਕ ਉਪਕਰਣ ਤੋਂ ਵਾਂਝਾ ਨਾ ਰਹੇ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਲੋਕ ਭਲਾਈ ਕੈਂਪਾਂ ਤੇ ਸੇਵਾ ਕਾਰਜਾਂ ਨੂੰ ਹੋਰ ਵਿਸਥਾਰ ਦਿੱਤਾ ਜਾਵੇਗਾ।

## ਬੱਸ-ਟਰੈਕਟਰ ਟੱਕਰ 'ਚ ਦੋ ਗੰਭੀਰ ਜ਼ਖ਼ਮੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਲੁਧਿਆਣਾ-ਬਰਨਾਲਾ ਮੁੱਖ ਮਾਰਗ 'ਤੇ ਪਿੰਡ ਵਜੀਦਕੇ ਖ਼ੁਰਦ ਵਿਖੇ ਗੁਰਦੁਆਰਾ ਸਤਿ ਕਰਤਾਰ ਸਾਹਿਬ ਦੇ ਸਾਹਮਣੇ ਇੱਕ ਨਿੱਜੀ ਕੰਪਨੀ ਦੀ ਬੱਸ ਵੱਲੋਂ ਟਰੈਕਟਰ-ਟਰਾਲੀ ਨੂੰ ਪਿੱਛੋਂ ਜ਼ੋਰਦਾਰ ਟੱਕਰ ਮਾਰਨ ਕਾਰਨ ਭਿਆਨਕ ਸੜਕ ਹਾਦਸਾ ਵਾਪਰਿਆ।ਹਾਦਸੇ ਵਿੱਚ ਟਰੈਕਟਰ ਸਵਾਰ ਦੋ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ, ਜਦਕਿ ਟੱਕਰ ਕਾਰਨ ਟਰੈਕਟਰ ਵਿਚਾਲਿਓਂ ਟੁੱਟ ਕੇ ਸੜਕ ਕਿਨਾਰੇ ਝੋਨੇ ਦੇ ਖੇਤ ਵਿੱਚ ਜਾ ਡਿੱਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਇੱਟਾਂ ਢੋਹਣ ਵਾਲੀ ਖਾਲੀ ਟਰੈਕਟਰ-ਟਰਾਲੀ ਮਹਿਲ ਕਲਾਂ ਤੋਂ ਬਰਨਾਲਾ ਵੱਲ ਜਾ ਰਹੀ ਸੀ।ਜਦੋਂ ਇਹ ਵਜੀਦਕੇ ਖ਼ੁਰਦ ਵਿਖੇ ਗੁਰਦੁਆਰਾ ਸਤਿ ਕਰਤਾਰ ਸਾਹਿਬ ਦੇ ਸਾਹਮਣੇ ਪੁੱਜੀ ਤਾਂ ਪਿੱਛੋਂ ਆ ਰਹੀ ਨਿੱਜੀ ਕੰਪਨੀ ਦੀ ਬੱਸ ਨੇ ਇਸ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ।ਟੱਕਰ ਇੰਨੀ ਭਿਆਨਕ ਸੀ ਕਿ ਟਰੈਕਟਰ ਸੜਕ ਤੋਂ ਹੇਠਾਂ ਝੋਨੇ ਦੀ ਫ਼ਸਲ ਵਿੱਚ ਜਾ ਡਿੱਗਿਆ ਤੇ ਉਸ 'ਤੇ ਸਵਾਰ ਦੋਵੇਂ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਏ।ਜ਼ਖ਼ਮੀਆਂ ਦੀ ਪਛਾਣ ਗੁਰਤੇਜ ਸਿੰਘ ਪੁੱਤਰ ਹਾਕਮ ਸਿੰਘ ਤੇ ਗੁਰਮੀਤ ਸਿੰਘ ਪੁੱਤਰ ਬਿੱਕਰ ਸਿੰਘ, ਵਾਸੀ ਠੀਕਰੀਵਾਲ, ਵਜੋਂ ਹੋਈ ਹੈ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੇ ਮੁਲਾਜ਼ਮ ਵਿਸ਼ਾਲ ਕੁਮਾਰ ਮਹਿਲਾਂ, ਸਿਪਾਹੀ ਗਗਨਪ੍ਰੀਤ ਕੌਰ ਤੇ ਹਰਮਨਜੋਤ ਕੌਰ ਮੌਕੇ 'ਤੇ ਪੁੱਜੇ।ਉਨ੍ਹਾਂ ਆਸ-ਪਾਸ ਦੇ ਲੋਕਾਂ ਤੇ ਰਾਹਗੀਰਾਂ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਤੁਰੰਤ ਸਿਵਲ ਹਸਪਤਾਲ ਬਰਨਾਲਾ ਪਹੁੰਚਾਇਆ, ਜਿੱਥੇ ਉਨ੍ਹਾਂ ਨੂੰ ਇਲਾਜ ਲਈ ਦਾਖ਼ਲ ਕਰਵਾਇਆ ਗਿਆ।

## ਸਿਹਤ ਵਿਭਾਗ ਵੱਲੋਂ ਮੈਡੀਕਲ ਸਟੋਰਾਂ ਤੇ ਗੋਦਾਮ 'ਤੇ ਛਾਪੇਮਾਰੀ

■ ਕਰੀਬ 43 ਲੱਖ ਰੁਪਏ ਦੀਆਂ ਦਵਾਈਆਂ ਜ਼ਬਤ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਪਰਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿਹਤ ਵਿਭਾਗ ਫ਼ਿਰੋਜ਼ਪੁਰ ਦੀ ਟੀਮ ਵੱਲੋਂ ਡਰੱਗਜ਼ ਤੇ ਕਾਸਮੈਟਿਕਸ ਐਕਟ ਤਹਿਤ ਗੈਰ-ਕਾਨੂੰਨੀ ਦਵਾਈਆਂ ਦੀ ਵਿਕਰੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਮੁਹਿੰਮ ਤਹਿਤ ਜ਼ੋਨਲ ਲਾਇਸੰਸ ਅਥਾਰਟੀ ਲਖਵੰਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਡਰੱਗ ਕੰਟਰੋਲ ਅਫ਼ਸਰ ਫ਼ਿਰੋਜ਼ਪੁਰ ਸੋਨੀਆ ਗੁਪਤਾ, ਡਰੱਗ ਕੰਟਰੋਲ ਅਫ਼ਸਰ ਫ਼ਰੀਦਕੋਟ ਹਰਜਿੰਦਰ ਸਿੰਘ ਤੇ ਡਰੱਗ ਕੰਟਰੋਲ ਅਫ਼ਸਰ ਫਾਜ਼ਿਲਕਾ ਹਰਿਤਾ ਬੰਸਲ ਦੀ ਸਾਂਝੀ ਟੀਮ ਵੱਲੋਂ ਫਿਰੋਜ਼ਪੁਰ ਦੇ ਵੱਖ-ਵੱਖ ਮੈਡੀਕਲ ਸਟੋਰਾਂ ਤੇ ਗੋਦਾਮਾਂ 'ਤੇ ਅਚਨਚੇਤ ਛਾਪੇਮਾਰੀ ਕੀਤੀ ਗਈ। ਇਸ ਛਾਪੇਮਾਰੀ ਦੌਰਾਨ ਟੀਮ ਵੱਲੋਂ ਸਭ ਤੋਂ ਪਹਿਲਾਂ ਮੈਸ. ਪਿਲ ਕਲੱਬ ਫਿਰੋਜ਼ਪੁਰ ਸਿਟੀ ਦੀ ਚੈਕਿੰਗ ਕੀਤੀ ਗਈ। ਜਾਂਚ ਦੌਰਾਨ ਮੌਕੇ 'ਤੇ ਸਬੰਧਤ ਫਰਮ ਦੇ ਮਾਲਕ ਕੋਲੋਂ ਜਦੋਂ ਦਵਾਈਆ ਦੇ ਖਰੀਦ-ਵਿਕਰੀ ਦੇ ਰਿਕਾਰਡ ਦੀ ਚੈਕਿੰਗ ਕੀਤੀ ਗਈ ਤਾਂ ਵੱਡੀਆਂ ਖਾਮੀਆਂ ਪਾਈਆਂ ਗਈਆਂ ਤੇ ਸਬੰਧਤ ਫਰਮ ਦਾ ਮਾਲਕ ਇਸ ਬਾਰੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕਿਆ। ਇਸ ਦੇ ਚੱਲਦਿਆਂ ਟੀਮ ਨੇ 5 ਤਰ੍ਹਾਂ ਦੀਆਂ ਐਲੋਪੈਥਿਕ ਦਵਾਈਆਂ ਜ਼ਬਤ ਕੀਤੀਆਂ, ਜਿਨ੍ਹਾਂ ਵਿੱਚ 14,100 ਟੈਬਲੇਟਾਂ ਤੇ 7,920 ਐੱਮ.ਟੀ.ਪੀ. ਕਿੱਟਾਂ ਸ਼ਾਮਲ ਹਨ। ਜ਼ਬਤ ਕੀਤੀਆਂ ਗਈਆਂ ਦਵਾਈਆਂ ਦੀ ਕੁੱਲ ਕੀਮਤ 30,24,380 ਰੁਪਏ ਦੇ ਕਰੀਬ ਬਣਦੀ ਹੈ।

ਇਸ ਉਪਰੰਤ ਟੀਮ ਵੱਲੋਂ ਮੈਸ. ਆਰ. ਐੱਸ. ਫਾਰਮਾ ਦੇ ਗੋਬਰ ਮੰਡੀ ਸਥਿਤ ਗੋਦਾਮ 'ਚ ਛਾਪੇਮਾਰੀ ਕੀਤੀ ਗਈ। ਇਸ ਦੌਰਾਨ ਫਰਮ ਦੇ ਮਾਲਕ, ਜੋ ਕਿ ਮੌਕੇ 'ਤੇ ਮੌਜੂਦ ਸਨ, ਕੋਲੋਂ ਸਟਾਕ ਤੇ ਖਰੀਦ-ਵੇਚ ਰਿਕਾਰਡ ਦੀ ਚੈਕਿੰਗ ਕੀਤੀ ਤਾਂ ਇੱਥੇ ਵੀ ਰਿਕਾਰਡ ਵਿੱਚ ਵੱਡੀ ਖਾਮੀਆਂ ਪਾਈਆਂ ਗਈਆਂ। ਟੀਮ ਵੱਲੋਂ ਮੌਕੇ 'ਤੇ 8 ਵੱਖ-ਵੱਖ ਤਰ੍ਹਾਂ ਦੀਆਂ ਦਵਾਈਆਂ ਜ਼ਬਤ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 1,511 ਐੱਮ.ਟੀ.ਪੀ ਕਿੱਟਾਂ, 44,400 ਕੈਪਸੂਲ ਅਤੇ 1,569 ਟੈਬਲੇਟਾਂ ਸ਼ਾਮਲ ਹਨ। ਇਸ ਜ਼ਬਤੀ ਦੀ ਕੁੱਲ ਕੀਮਤ ਲਗਭਗ 12,75,698 ਰੁਪਏ ਹੈ। ਇਸ ਪੂਰੀ ਕਾਰਵਾਈ ਦੌਰਾਨ ਸਿਹਤ ਵਿਭਾਗ ਦੀ ਟੀਮ ਨੇ ਕੁੱਲ 42,99,978 ਰੁਪਏ ਦੀਆਂ ਅਨਿਯਮਿਤ ਦਵਾਈਆਂ ਤੇ ਐੱਮ.ਟੀ.ਪੀ ਕਿੱਟਾਂ ਜ਼ਬਤ ਕੀਤੀਆਂ ਗਈਆਂ। ਸੋਨੀਆ ਗੁਪਤਾ ਡਰੱਗ ਕੰਟਰੋਲ ਅਫ਼ਸਰ ਫਿਰੋਜ਼ਪੁਰ ਨੇ ਦੱਸਿਆ ਕਿ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਤੇ ਡਰੱਗਜ਼ ਐਂਡ ਕਾਸਮੈਟਿਕਸ ਐਕਟ ਤਹਿਤ ਸਬੰਧਤ ਫਰਮਾ ਖਿਲਾਫ ਬਣਦੀ ਵਿਭਾਗੀ ਤੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

## ਗੁਰੂ ਨਾਨਕ ਕਾਲਜ ਵਿਖੇ ਓਰੀਐਂਟੇਸ਼ਨ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ



**ਬੁਢਲਾਡਾ (ਅਸ਼ੋਕ ਲਾਕੜਾ)**-ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਐੱਨ ਐੱਸ ਐੱਸ ਵਿਭਾਗ ਵੱਲੋਂ ਨਵੇਂ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਪਹਿਲੇ ਸਾਲ ਦੇ ਵਿਦਿਆਰਥੀਆਂ ਨੂੰ ਰਾਸ਼ਟਰੀ ਸੇਵਾ ਯੋਜਨਾ (ਐੱਨ.ਐੱਸ.ਐੱਸ.) ਦੇ ਮਕਸਦ, ਇਸ ਦੇ ਮੋਟੋ 'NOT ME BUT YOU' ਤੇ ਇਸ ਦੀਆਂ ਸਮਾਜ ਭਲਾਈ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦੇਣਾ ਸੀ।ਇਸ ਦੌਰਾਨ ਡਾ. ਜਗਦੀਪ ਸਿੰਘ ਨੇ ਪ੍ਰੋਗਰਾਮ ਦੀ ਸ਼ੁਰੂਆਤ ਵਿਚ ਸਾਰੇ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ, ਉਨ੍ਹਾਂ ਵਿਦਿਆਰਥੀਆਂ ਨੂੰ ਐੱਨ.ਐੱਸ.ਐੱਸ. ਦੀਆਂ ਆਉਣ ਵਾਲੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸੈਸ਼ਨ ਦੌਰਾਨ ਕਾਲਜ ਵਿੱਚ ਸਫ਼ਾਈ ਮੁਹਿੰਮ, ਰੁੱਖ ਲਗਾਓ ਮੁਹਿੰਮ, ਖੂਨਦਾਨ ਕੈਂਪ, ਸੜਕ ਸੁਰੱਖਿਆ ਜਾਗਰੂਕਤਾ ਸੈਮੀਨਾਰ ਅਤੇ ਸੱਤ ਰੋਜ਼ਾ ਸਪੈਸ਼ਲ ਕੈਂਪ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਵਿਦਿਆਰਥੀਆਂ ਨੂੰ ਸਮਾਜ ਸੇਵਾ ਨਾਲ ਸਿੱਧਾ ਜੁੜਨ ਦਾ ਮੌਕਾ ਮਿਲੇਗਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐੱਨ.ਐੱਸ.ਐੱਸ. ਸਿਰਫ਼ ਇੱਕ ਸੰਸਥਾ ਨਹੀਂ ਸਗੋਂ ਸੇਵਾ, ਅਨੁਸ਼ਾਸਨ ਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿੱਚ ਕਿਤਾਬੀ ਗਿਆਨ ਦੇ ਨਾਲ-ਨਾਲ ਸਮਾਜਿਕ ਗਿਆਨ ਹੋਣਾ ਬਹੁਤ ਜ਼ਰੂਰੀ ਹੈ ਤੇ ਐੱਨ.ਐੱਸ.ਐੱਸ. ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ, ਲੀਡਰਸ਼ਿਪ ਤੇ ਸ਼ਖ਼ਸੀਅਤ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।ਉਨ੍ਹਾਂ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਐੱਨ.ਐੱਸ.ਐੱਸ. ਵਿੱਚ ਵਲੰਟੀਅਰ ਵਜੋਂ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰੋ. ਰਮਨਜੀਤ ਕੌਰ ਕਾਮਰਸ ਵਿਭਾਗ, ਡਾ. ਗੁਰਪ੍ਰੀਤ ਕੌਰ, ਫਿਜੀਕਲ ਐਜੂਕੇਸ਼ਨ ਵਿਭਾਗ, ਡਾ. ਗੁਰਜੀਤ ਕੌਰ ਹਿੰਦੀ ਵਿਭਾਗ, ਪ੍ਰੋ. ਗੁਰਵਿੰਦਰ ਸਿੰਘ ਪੰਜਾਬੀ ਵਿਭਾਗ, ਪ੍ਰੋ. ਸਿਮਰਨ ਸਿੰਘ ਕੰਪਿਊਟਰ ਵਿਭਾਗ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਕਿਸਾਨ ਮੋਰਚੇ ਦੇ ਸੀਨੀਅਰ ਆਗੂ ਬੂਟਾ ਸਿੰਘ ਸ਼ਾਦੀਪੁਰ ਦਾ ਸਨਮਾਨ



**ਭੁਨਰਹੇੜੀ/ਸਨੌਰ (ਰਾਜਿੰਦਰ ਸਿੰਘ ਥਿੰਦ)**-ਪਿੰਡ ਕਾਠਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚੇ ਦੀ ਹੋਈ ਜਿੱਤ ਦੀ ਖ਼ੁਸ਼ੀ ਵਿੱਚ ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਵੱਲੋਂ ਸਮਾਗਮ ਕਰਵਾਇਆ ਗਿਆ।ਇਸ ਮੌਕੇ ਯੂਨੀਅਨ ਦੇ ਕੌਮੀ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਦਾ ਪਿੰਡ ਵਾਸੀਆਂ ਤੇ ਕਿਸਾਨ ਆਗੂਆਂ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ ਤੇ ਕਿਸਾਨੀ ਸੰਘਰਸ਼ ਵਿੱਚ ਨਿਭਾਈ ਭੂਮਿਕਾ ਦੀ ਸ਼ਲਾਘਾ ਕੀਤੀ ਗਈ।ਸਮਾਗਮ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਦੇ ਕੌਮੀ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਨੇ ਕਿਹਾ ਕਿ ਕਿਸਾਨੀ ਹੱਕਾਂ ਤੇ ਮੰਗਾਂ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਵੱਲੋਂ ਲੰਮੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਕਿਸਾਨਾਂ ਨੇ ਇਕਜੁੱਟ ਹੋ ਕੇ ਆਪਣੀ ਆਵਾਜ਼ ਬੁਲੰਦ ਕੀਤੀ ਤੇ ਕਿਸਾਨੀ ਮਸਲਿਆਂ ਨੂੰ ਮਜ਼ਬੂਤੀ ਨਾਲ ਉਠਾਇਆ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਏਕਤਾ ਤੇ ਜਥੇਬੰਦਕ ਤਾਕਤ ਹੀ ਸੰਘਰਸ਼ ਦੀ ਮੁੱਖ ਤਾਕਤ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਕਿਸਾਨਾਂ ਦੇ ਹੱਕਾਂ ਤੇ ਮੰਗਾਂ ਲਈ ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਵੱਲੋਂ ਭਵਿੱਖ ਵਿੱਚ ਵੀ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਉਨ੍ਹਾਂ ਕਾਠਗੜ੍ਹ ਦੇ ਪਿੰਡ ਵਾਸੀਆਂ ਵੱਲੋਂ ਕੀਤੇ ਗਏ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਕਿਸਾਨਾਂ ਵਿੱਚ ਹੌਸਲਾ ਤੇ ਏਕਤਾ ਪੈਦਾ ਕਰਦੇ ਹਨ।ਇਸ ਮੌਕੇ ਕਿਸਾਨ ਆਗੂਆਂ ਅਤੇ ਪਿੰਡ ਵਾਸੀਆਂ ਨੇ ਕਿਸਾਨੀ ਮਸਲਿਆਂ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ।

## ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਵੰਡੇ



**ਕੋਟਕਪੂਰਾ (ਰਛਪਾਲ ਭੁੱਲਰ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਵਿੱਢੀ ਮੁਹਿੰਮ ਤਹਿਤ ਪਿੰਡ ਚਹਿਲ ਵਿਖੇ ਸੁਖਦੇਵ ਸਿੰਘ ਸਰਪੰਚ ਦੇ ਗ੍ਰਹਿ ਵਿਖੇ ਮਨਤਾਰ ਸਿੰਘ ਬਰਾੜ (ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ, ਕੋਟਕਪੂਰਾ) ਤੇ ਸ਼ੇਰ ਸਿੰਘ ਮੰਡ (ਜ਼ਿਲ੍ਹਾ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ, ਫਰੀਦਕੋਟ) ਦੀ ਸਾਂਝੀ ਅਗਵਾਈ ਹੇਠ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਸਰਕਲ ਚਹਿਲ ਨਾਲ ਸਬੰਧਤ ਸ਼੍ਰੋਮਣੀ ਅਕਾਲੀ ਦਲ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ਗਏ।ਸਮਾਗਮ ਦੌਰਾਨ ਹਾਜ਼ਰ ਸੀਨੀਅਰ ਆਗੂਆਂ ਨੇ ਸਾਰੇ ਨਵੇਂ ਬਣੇ ਅਹੁਦੇਦਾਰਾਂ ਨੂੰ ਦਿਲੋਂ ਵਧਾਈ ਦਿੱਤੀ ਤੇ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ।ਇਸ ਸਮੇਂ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ਼ੇਰ ਸਿੰਘ ਮੰਡ ਤੇ ਮਨਤਾਰ ਸਿੰਘ ਬਰਾੜ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਜ਼ਮੀਨੀ ਪੱਧਰ 'ਤੇ ਮਿਹਨਤ ਕਰਨ ਵਾਲੇ ਵਰਕਰਾਂ ਦਾ ਮਾਣ-ਸਤਿਕਾਰ ਕਰਦਾ ਆਇਆ ਹੈ।ਉਨ੍ਹਾਂ ਨੇ ਨਵ-ਨਿਯੁਕਤ ਆਗੂਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪੋ-ਆਪਣੇ ਖੇਤਰਾਂ ਵਿੱਚ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ, ਆਮ ਲੋਕਾਂ ਨਾਲ ਰਾਬਤਾ ਕਾਇਮ ਕਰਨ ਤੇ ਪਾਰਟੀ ਚੜ੍ਹਦੀ ਕਲਾ ਲਈ ਪੂਰੀ ਤਨਦੇਹੀ, ਇਮਾਨਦਾਰੀ ਤੇ ਇਕਜੁੱਟਤਾ ਨਾਲ ਕੰਮ ਕਰਨ। ਨਵ-ਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਹਾਈਕਮਾਂਡ ਤੇ ਸਥਾਨਕ ਆਗੂਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਲਗਨ ਨਾਲ ਨਿਭਾਉਣਗੇ ਅਤੇ ਹਲਕੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰਨਗੇ।ਇਸ ਸਮਾਗਮ ਵਿੱਚ ਪਿੰਡ ਦੇ ਸਰਪੰਚ ਸੁਖਦੇਵ ਸਿੰਘ ਤੋਂ ਇਲਾਵਾ ਸਰਕਲ ਦੇ ਹੋਰ ਸੀਨੀਅਰ ਆਗੂ, ਪੰਚ-ਸਰਪੰਚ ਤੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸਨ।

## ਹਰਸਿਮਰਤ ਬਾਦਲ 24 ਨੂੰ ਮੋਗਾ 'ਚ ਕਰਨਗੇ ਸ਼ਿਰਕਤ : ਸੰਨੀ ਗਿੱਲ

**ਮੋਗਾ (ਇਕਬਾਲ ਸਿੰਘ ਖਹਿਰਾ)**-24 ਸਤੰਬਰ ਵੀਰਵਾਰ ਨੂੰ ਸਾਬਕਾ ਕੇਂਦਰੀ ਮੰਤਰੀ ਤੇ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਮੋਗਾ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਨਾਲ ਸਾਲ 2027 ਦੀਆਂ ਚੋਣਾਂ ਨੂੰ ਲੈ ਕੇ ਇੱਕ ਵਿਸ਼ੇਸ਼ ਮੀਟਿੰਗ ਕਰਨਗੇ ਤਾਂ ਕਿ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸ਼ਾਨੋ ਸ਼ੌਕਤ ਨਾਲ ਲਿਆਂਦੀ ਜਾਵੇ, ਜਿਸ ਦਾ ਮੁੱਢ ਬੱਝ ਚੁੱਕਿਆ ਹੈ।ਬੀਬਾ ਹਰਸਿਮਰਤ ਕੌਰ ਬਾਦਲ ਦੀ ਮੋਗਾ ਆਮਦ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਹਲਕੇ ਦੇ ਵਰਕਰਾਂ ਤੇ ਆਗੂਆਂ ਨਾਲ ਮੀਟਿੰਗ ਕੀਤੀ।

ਇਸ ਮੌਕੇ ਮੀਟਿੰਗ ਦੌਰਾਨ ਸੀਨੀਅਰ ਆਗੂਆਂ ਵਿੱਚ ਕੌਮੀ ਮੀਤ ਪ੍ਰਧਾਨ ਰਾਜਵੰਤ ਸਿੰਘ ਮਾਹਲਾ, ਕੌਮੀ ਮੀਤ ਪ੍ਰਧਾਨ ਰਣਜੀਤ ਸਿੰਘ ਭਾਊ, ਬੀ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਚਰਨਜੀਤ ਸਿੰਘ ਝੰਡੇਆਣਾ, ਸਾਬਕਾ ਚੇਅਰਮੈਨ ਜਗਦੀਸ਼ ਛਾਬੜਾ, ਸੀਨੀਅਰ ਆਗੂ ਤੇ ਕੌਂਸਲਰ ਗੋਵਰਧਨ ਪੋਪਲੀ, ਸਾਬਕਾ ਕੌਂਸਲਰ ਦੀਪਇੰਦਰ ਸੰਧੂ, ਯੂਥ ਅਕਾਲੀ ਦਲ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਦੇਬ ਅਸੀਸ ਮਲਿਕ, ਹਲਕਾ ਮੋਗਾ ਦੇ ਯੂਥ ਪ੍ਰਧਾਨ ਸੁਖਬੀਰ ਸਿੰਘ ਗਿੱਲ, ਐਸ ਓ ਆਈ ਦੇ ਪ੍ਰਧਾਨ ਜੋਏਦੀਪ ਸ਼ਰਮਾ, ਸਰਫਿਰੋਜ ਅਲੀ ਭੁੱਟੋ ਹਾਜ਼ਰ ਸਨ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 24 ਸਤੰਬਰ ਵੀਰਵਾਰ ਨੂੰ ਬੀਬਾ ਹਰਸਿਮਰਤ ਕੌਰ ਬਾਦਲ ਦੀ ਮੋਗਾ ਫੇਰੀ ਬੜੀ ਅਹਿਮ ਹੈ ਤੇ ਉਹ ਮੋਗਾ ਵਿਖੇ ਜਿੱਥੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈਕੇ ਸ੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਨਾਲ ਇੱਕ ਮੀਟਿੰਗ ਕਰਨਗੇ ਉੱਥੇ ਉਹ ਆਪ ਸਰਕਾਰ ਦੀਆਂ ਸੂਬੇ ਪ੍ਰਤੀ ਗਲਤ ਨੀਤੀਆਂ ਖਿਲਾਫ ਆਪਣੀ ਅਵਾਜ਼ ਵੀ ਬੁਲੰਦ ਕਰਨਗੇ।

## ਭਾਈ ਲਾਲੋ ਦਾ ਜਨਮ ਦਿਹਾੜਾ ਮਨਾਉਣ ਸੰਬੰਧੀ ਵਿਉਂਤਬੰਦੀ ਉਲੀਕੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਰਾਮਗੜ੍ਹੀਆ ਅਕਾਲ ਜਥੇਬੰਦੀ ਰਜਿ. ਨੰਬਰ 188 (ਪੰਜਾਬ) ਦੀ ਅਹਿਮ ਮੀਟਿੰਗ ਜਥੇਬੰਦੀ ਦੇ ਮੁੱਖ ਦਫ਼ਤਰ ਮਹਿਲ ਕਲਾਂ ਵਿਖੇ ਸੂਬਾ ਮੀਤ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਬ੍ਰਹਮ ਗਿਆਨੀ ਕਿਰਤੀ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਉਣ ਸਬੰਧੀ ਵਿਚਾਰ-ਵਟਾਂਦਰਾ ਕਰਦਿਆਂ ਸਮਾਗਮਾਂ ਦੀ ਵਿਉਂਤਬੰਦੀ ਉਲੀਕੀ ਗਈ।ਆਗੂਆਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਿਰਤੀ ਭਾਈ ਲਾਲੋ ਜੀ ਦਾ ਜਨਮ ਦਿਹਾੜਾ 24 ਸਤੰਬਰ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਸ਼ਰਧਾ ਸਹਿਤ ਮਨਾਇਆ ਜਾਵੇਗਾ।ਇਸ ਤੋਂ ਇਲਾਵਾ 28 ਸਤੰਬਰ ਨੂੰ ਗੁਰਦੁਆਰਾ ਛੇਵੀਂ ਪਾਤਸ਼ਾਹੀ, ਮਹਿਲ ਕਲਾਂ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਜਾਵੇਗਾ।ਮੀਟਿੰਗ ਦੌਰਾਨ ਸਮਾਗਮਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਰੂਰੀ ਜ਼ਿੰਮੇਵਾਰੀਆਂ ਤੇ ਪ੍ਰਬੰਧਾਂ ਸਬੰਧੀ ਵਿਚਾਰ ਕੀਤਾ ਗਿਆ। ਇਸ ਮੌਕੇ ਸੂਬਾ ਸਕੱਤਰ ਜਰਨੈਲ ਸਿੰਘ ਮਠਾੜੂ, ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਸੋਹਲ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਸਿੰਘ ਟੱਲੇਵਾਲ, ਜ਼ਿਲ੍ਹਾ ਜਨਰਲ ਸਕੱਤਰ ਭਰਪੂਰ ਸਿੰਘ ਜਗਦੇ, ਜ਼ਿਲ੍ਹਾ ਮੀਤ ਪ੍ਰਧਾਨ ਪ੍ਰਮਜੀਤ ਸਿੰਘ ਬਰਨਾਲਾ, ਹਲਕਾ ਪ੍ਰਧਾਨ ਬੁੱਧ ਸਿੰਘ ਮਹਿਲ ਕਲਾਂ ਤੇ ਹਲਕਾ ਮੀਤ ਪ੍ਰਧਾਨ ਬਲਵੀਰ ਸਿੰਘ ਛੀਨੀਵਾਲ ਆਦਿ ਹਾਜ਼ਰ ਸਨ।

## ਟੀ ਬੀ ਦੇ ਲੋੜਵੰਦ 33 ਮਰੀਜ਼ਾਂ ਨੂੰ ਪੌਸ਼ਟਿਕ ਆਹਾਰ ਕਿੱਟਾਂ ਵੰਡੀਆਂ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਵਲ ਹਸਪਤਾਲ ਡਾ. ਪਰਮਿੰਦਰ ਸਿੰਘ ਦੀ ਅਗਵਾਈ ਵਿਚ ਮਿਸ਼ਨ ਨਿਕਸ਼ੇ ਮਿੱਤਰਾ ਅਧੀਨ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਡਾ. ਚੇਤਨ ਕੱਕੜ ਜ਼ਿਲ੍ਹਾ ਟੀ. ਬੀ. ਅਫਸਰ ਦੀ ਨਿਗਰਾਨੀ 'ਚ ਏ. ਡਬਲਯੂ. ਐੱਲ. ਐਗਰੀ ਬਿਜ਼ਨੈੱਸ ਲਿਮਿਟਿਡ ਸਾਈਆਂ ਵਾਲਾ ਫਿਰੋਜ਼ਪੁਰ ਵੱਲੋਂ ਟੀ. ਬੀ. ਦੇ ਲੋੜਵੰਦ ਇਲਾਜ ਅਧੀਨ 70 ਮਰੀਜ਼ਾਂ ਨੂੰ ਹਰ ਮਹੀਨੇ ਪੌਸ਼ਟਿਕ ਖੁਰਾਕ ਦੇਣ ਲਈ ਗੋਦ ਲਿਆ ਹੈ। ਇਸ ਮੁਹਿੰਮ ਦੀ ਸ਼ੁਰੂਆਤ ਕਰਦੇ ਕਰਦੇ ਸਮੀਰ ਪੰਟਾ (ਐੱਚ. ਆਰ. ਹੈੱਡ) ਤੇ ਸੰਦੀਪ ਸਕਸੈਨਾ (ਪਲੈਂਟ ਹੈੱਡ) ਦੀ ਦੇਖ ਰੇਖ ਹੇਠ ਅੱਜ ਟੀ. ਬੀ. ਦੇ ਲੋੜਵੰਦ 33 ਮਰੀਜ਼ਾਂ ਨੂੰ ਪੌਸ਼ਟਿਕ ਆਹਾਰ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਡਾ. ਚੇਤਨ ਕੱਕੜ ਜ਼ਿਲ੍ਹਾ ਟੀ. ਬੀ. ਅਫਸਰ ਤੇ ਰਾਜ ਕੁਮਾਰ ਫਾਰਮੇਸੀ ਅਫਸਰ ਨੇ ਮਰੀਜ਼ਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਟੀ. ਬੀ. ਦੀ ਬਿਮਾਰੀ ਤੋਂ ਸਮੇਂ ਸਮੇਂ ਸਿਰ ਚੈੱਕਅੱਪ, ਟੈਸਟ ਤੇ ਦਵਾਈਆਂ ਦੇ ਨਾਲ-ਨਾਲ ਪੌਸ਼ਟਿਕ ਆਹਾਰ ਅਤੇ ਕੁਝ ਸਾਵਧਾਨੀਆਂ ਵਰਤ ਕੇ ਪੂਰੀ ਤਰ੍ਹਾਂ ਸਿਹਤਮੰਦ ਹੋ ਸਕਦੇ ਹਾਂ ਤੇ ਇਸ ਨੂੰ ਫੈਲਣ ਤੋਂ ਵੀ ਰੋਕਿਆ ਜਾ ਸਕਦਾ ਹੈ। ਇਸ ਸਾਰੇ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਨਰੇਸ਼ ਕੁਮਾਰ ਗਰਗ (ਫਾਰਮੇਸੀ ਅਫਸਰ), ਰਾਜਦੀਪ ਸਿੰਘ ਟੀ ਬੀ ਐੱਚ ਪੀ, ਹਰਮਿੰਦਰ ਸਿੰਘ ਟੀ.ਬੀ.ਐੱਚ.ਵੀ., ਅਰੁਣ ਐੱਲ.ਟੀ., ਸਿਮਰਨਜੀਤ ਸਿੰਘ ਐੱਲ.ਟੀ., ਕਮਲਜੀਤ ਸਿੰਘ ਐੱਸ.ਟੀ.ਐੱਸ., ਵੀਰਪਾਲ ਕੌਰ, ਬੰਦਨਾ ਤੇ ਵਿਲੀਅਮ ਨੇ ਵਿਸ਼ੇਸ਼ ਯੋਗਦਾਨ ਪਾਇਆ।

## ਬਾਬਾ ਬਲਜਿੰਦਰ ਸਿੰਘ ਫੁੱਟਬਾਲ ਅਕੈਡਮੀ ਵੱਲੋਂ ਖਿਡਾਰੀਆਂ ਦਾ ਸਨਮਾਨ




**ਰਾਏਕੋਟ (ਸੰਤੋਖ ਗਿੱਲ)**-ਇਤਿਹਾਸਕ ਪਿੰਡ ਗੁੱਜਰਵਾਲ ਦੀ ਬਾਬਾ ਬਲਜਿੰਦਰ ਸਿੰਘ ਫੁੱਟਬਾਲ ਅਕੈਡਮੀ ਵੱਲੋਂ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਸਨਮਾਨ ਸਮਾਗਮ ਕਰਵਾਇਆ ਗਿਆ।ਸਮਾਗਮ ਦੌਰਾਨ ਰਾਜ ਤੇ ਜ਼ਿਲ੍ਹਾ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਖਿਡਾਰਨਾਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਪਿਛਲੇ ਸਾਲ ਕੌਮੀ ਪੱਧਰ 'ਤੇ ਖੇਡਣ ਵਾਲੇ ਖਿਡਾਰੀਆਂ ਨੂੰ ਸਰਟੀਫਿਕੇਟ, ਜਦਕਿ ਸਾਈਕਲਿੰਗ ਵਿੱਚ ਰਾਜ ਪੱਧਰ 'ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਵਿਸ਼ੇਸ਼ ਇਨਾਮ ਪ੍ਰਦਾਨ ਕੀਤੇ ਗਏ।ਪਨਗ੍ਰੇਨ ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਨੇ ਖਿਡਾਰੀਆਂ ਨੂੰ ਇਨਾਮ ਤਕਸੀਮ ਕਰਦਿਆਂ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ।ਇਸ ਮੌਕੇ ਡਾ. ਤੇਜਪਾਲ ਸਿੰਘ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਮੌਕੇ ਪ੍ਰਦਾਨ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਅਕੈਡਮੀ ਦੇ ਪ੍ਰਬੰਧਕ ਸਰਬਜੀਤ ਸਿੰਘ ਸੋਨੂੰ ਤੇ ਕਮਲਜੀਤ ਸਿੰਘ ਨੇ ਦੱਸਿਆ ਕਿ ਅਕੈਡਮੀ ਦੇ ਖਿਡਾਰੀਆਂ ਨੇ ਵੱਖ-ਵੱਖ ਪੱਧਰਾਂ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਸਮਾਗਮ ਵਿੱਚ ਸਰਪੰਚ ਹਰਦੀਪ ਸਿੰਘ ਗਰੇਵਾਲ, ਜਥੇਦਾਰ ਜਗਰੂਪ ਸਿੰਘ, ਜਥੇਦਾਰ ਬਲਵੀਰ ਸਿੰਘ ਗਰੇਵਾਲ, ਹਰਜੋਤ ਸਿੰਘ, ਬਲਜੀਤ ਸਿੰਘ, ਸੁਖਪਾਲ ਸਿੰਘ ਗਰੇਵਾਲ, ਪ੍ਰਿੰਸੀਪਲ ਬਲਵਿੰਦਰ ਸਿੰਘ ਤੇ ਪ੍ਰਧਾਨ ਦਿਆਲ ਸਿੰਘ ਸਮੇਤ ਹੋਰ ਪਤਵੰਤੇ ਮੌਜੂਦ ਸਨ।

## ਡਾ. ਸੁਰਜੀਤ ਸਿੰਘ ਦਈਆ ਜ਼ਿਲ੍ਹਾ ਸੈਕਟਰੀ ਨਿਯੁਕਤ



**ਸਮਾਣਾ (ਇਕਬਾਲ ਸਿੰਘ ਬੱਲ)**-ਬਹੁਜਨ ਸਮਾਜ ਪਾਰਟੀ ਵੱਲੋਂ ਡਾ. ਸੁਰਜੀਤ ਸਿੰਘ ਦਈਆ ਨੂੰ ਹਲਕਾ ਸਮਾਣਾ ਦਾ ਇੰਚਾਰਜ ਤੇ ਜ਼ਿਲ੍ਹਾ ਪਟਿਆਲਾ ਦਾ ਸੈਕਟਰੀ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਤੋਂ ਬਾਅਦ ਡਾ. ਦਈਆ ਨੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਯਤਨਸ਼ੀਲ ਰਹਿਣਗੇ।ਇਸ ਮੌਕੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵੀ ਹਲਕਾ ਸਮਾਣਾ ਵਿੱਚ ਚਰਚਾ ਤੇਜ਼ ਹੋ ਗਈ ਹੈ।ਡਾ. ਸੁਰਜੀਤ ਸਿੰਘ ਦਈਆ ਦੇ 2027 ਵਿੱਚ ਹਲਕਾ ਸਮਾਣਾ ਤੋਂ ਬਸਪਾ ਦੇ ਉਮੀਦਵਾਰ ਹੋਣ ਦੀ ਗੱਲ ਸਾਹਮਣੇ ਆਈ ਹੈ।ਪਾਰਟੀ ਵੱਲੋਂ ਕੀਤੀ ਗਈ ਇਸ ਨਿਯੁਕਤੀ ਨੂੰ ਹਲਕਾ ਸਮਾਣਾ ਵਿੱਚ ਬਸਪਾ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰਨ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ।

## ਖੋਜ ਤੇ ਨਵੀਨਤਾ ਦੀ ਉੱਤਮਤਾ ਹਾਸਲ ਕਰਨ ਵਾਲੀਆਂ ਸ਼ਖਸੀਅਤਾਂ ਦਾ ਸਨਮਾਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਵੱਲੋਂ ਡੀਬੀਯੂ ਕੋਰ ਰਿਸਰਚ ਐਕਸੀਲੈਂਸ ਐਵਾਰਡ-2026 ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਇਸ ਮੌਕੇ ਖੋਜ, ਨਵੀਨਤਾ, ਪੇਟੈਂਟ, ਵਿਗਿਆਨਕ ਤਰੱਕੀ ਤੇ ਅਕਾਦਮਿਕ ਉੱਤਮਤਾ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੀਆਂ ਸ਼ਖ਼ਸੀਅਤਾਂ ਦੀਆਂ ਉਪਲਬਧੀਆਂ ਦਾ ਸਨਮਾਨ ਕੀਤਾ ਗਿਆ।ਸਮਾਗਮ ਵਿੱਚ ਬੈਂਕ ਆਫ ਇੰਡੀਆ ਦੇ ਫੀਲਡ ਜਨਰਲ ਮੈਨੇਜਰ ਸ੍ਰੀ ਅਨਿਲ ਕੁਮਾਰ ਵਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਤੋਂ ਇਲਾਵਾ ਸਿੱਖਿਆ ਤੇ ਉਦਯੋਗ ਖੇਤਰ ਦੀ ਨੁਮਾਇੰਦਗੀ ਕਰਨ ਵਾਲੇ ਸਨਮਾਨਤ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਵੀ ਮੌਜੂਦ ਰਹੇ।ਡੀਬੀਯੂ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ, ਪ੍ਰੈਜ਼ੀਡੈਂਟ ਪ੍ਰੋ. (ਇੰਜੀ.) ਸੰਦੀਪ ਸਿੰਘ, ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਤੇ ਪ੍ਰੋ. (ਡਾ.) ਪਰਵਿੰਦਰ ਸਿੰਘ, ਉਪ-ਪ੍ਰਧਾਨ ਦੀ ਹਾਜ਼ਰੀ ਨੇ ਸਮਾਗਮ ਦੀ ਮਹੱਤਤਾ ਨੂੰ ਹੋਰ ਵਧਾਇਆ।ਸਮਾਗਮ ਦੌਰਾਨ ਵੱਖ-ਵੱਖ ਮਾਣਯੋਗ ਸ਼੍ਰੇਣੀਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਤੇ ਉੱਤਮਤਾ ਲਈ ਪੁਰਸਕਾਰ ਪ੍ਰਦਾਨ ਕੀਤੇ ਗਏ।ਇਸ ਦੇ ਨਾਲ-ਨਾਲ ਖੋਜ ਦੇ ਵੱਖ-ਵੱਖ ਪੜਾਵਾਂ ਵਿੱਚ ਕਾਰਜਸ਼ੀਲ ਪ੍ਰਤਿਭਾਵਾਂ ਦੀਆਂ ਪ੍ਰਾਪਤੀਆਂ ਨੂੰ ਵੀ ਮਾਨਤਾ ਦਿੱਤੀ ਗਈ।ਸਮਾਗਮ ਦਾ ਮੁੱਖ ਆਕਰਸ਼ਣ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੇ ਲੱਦਾਖ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਤੇ ਕਾਰਗਿਲ ਪ੍ਰੋ. ਸੁਰਿੰਦਰ ਕੁਮਾਰ ਮਹਿਤਾ ਨੂੰ ਖੋਜ ਦੇ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਖੋਜ ਵਿੱਚ ਜੀਵਨ ਭਰ ਦੀ ਪ੍ਰਾਪਤੀ ਪੁਰਸਕਾਰ ਪ੍ਰਦਾਨ ਕਰਨਾ ਰਿਹਾ। ਇਹ ਸਨਮਾਨ ਖੋਜ ਦੇ ਵਿਆਪਕ ਪਰਿਵੇਸ਼ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਦੀ ਮਾਨਤਾ ਵਜੋਂ ਦਿੱਤਾ ਗਿਆ।ਇਸੇ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਸਾਬਕਾ ਉਪ-ਕੁਲਪਤੀ ਪ੍ਰੋ. (ਡਾ.) ਅਭਿਜੀਤ ਜੋਸ਼ੀ ਨੂੰ ਉੱਤਮ ਅੰਤਰਰਾਸ਼ਟਰੀ ਵਿਗਿਆਨੀ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਵਿਗਿਆਨ, ਵਿਦਵਤਾ ਤੇ ਅੰਤਰਰਾਸ਼ਟਰੀ ਅਕਾਦਮਿਕ ਸਾਂਝ ਦੇ ਖੇਤਰ ਵਿੱਚ ਉਨ੍ਹਾਂ ਦੇ ਵਿਸ਼ੇਸ਼ ਯੋਗਦਾਨ ਲਈ ਪ੍ਰਦਾਨ ਕੀਤਾ ਗਿਆ।

## ਅਧਿਆਪਕਾ ਜਤਿੰਦਰ ਕੌਰ ਬੈਸਟ ਟੀਚਰ ਐਵਾਰਡ ਨਾਲ ਸਨਮਾਨਤ



**ਜਗਰਾਉਂ (ਸੰਜੀਵ ਅਰੋੜਾ)**-ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਲਈ ਮਾਣ ਵਾਲੀ ਗੱਲ ਹੈ ਕਿ ਸਕੂਲ ਦੀ ਸਮਰਪਤ ਅਧਿਆਪਕਾ ਜਤਿੰਦਰ ਕੌਰ ਮੈਮ ਨੂੰ ਸੀਟੀ ਯੂਨੀਵਰਸਿਟੀ ਲੁਧਿਆਣਾ ਵਿਖੇ ਵਿਸ਼ੇਸ਼ ਸਮਾਰੋਹ ਦੌਰਾਨ 'ਬੈਸਟ ਟੀਚਰ ਐਵਾਰਡ 2026-27' ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਦੀ ਮਿਹਨਤ, ਅਧਿਆਪਨ ਪ੍ਰਤੀ ਸਮਰਪਣ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਯੋਗਦਾਨ ਦੀ ਪ੍ਰਸ਼ੰਸਾ ਵਜੋਂ ਦਿੱਤਾ ਗਿਆ। ਇਸ ਮੌਕੇ ਚਰਨਜੀਤ ਸਿੰਘ ਚੰਨੀ ਸਮੇਤ ਹੋਰ ਸਨਮਾਨਤ ਸ਼ਖ਼ਸੀਅਤਾਂ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ। ਸਕੂਲ ਦੇ ਪ੍ਰਿੰਸੀਪਲ, ਪ੍ਰਬੰਧਕ ਕਮੇਟੀ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਜਤਿੰਦਰ ਕੌਰ ਨੂੰ ਇਸ ਉਪਲਬਧੀ ਲਈ ਦਿਲੋਂ ਮੁਬਾਰਕਬਾਦ ਦਿੱਤੀ ਤੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ।

## ਡਿਪਟੀ ਮੇਅਰ ਵੱਲੋਂ ਵਾਰਡ ਨੰਬਰ 40 'ਚ ਵਾਟਰ ਸਪਲਾਈ ਪ੍ਰੋਜੈਕਟ ਦੀ ਸ਼ੁਰੂਆਤ



**ਲੁਧਿਆਣਾ (ਰਾਜ ਸਿੰਗਲਾ)**-ਵਧੀਆ ਬੁਨਿਆਦੀ ਢਾਂਚਾ ਵਿਕਸਤ ਕਰਨ ਦੀ ਦਿਸ਼ਾ ਵਿੱਚ ਕਦਮ ਵਧਾਉਂਦੇ ਹੋਏ, ਡਿਪਟੀ ਮੇਅਰ ਪ੍ਰਿੰਸ ਜੌਹਰ ਨੇ ਸ਼ਿਮਲਾਪੁਰੀ ਵਾਰਡ ਨੰਬਰ 40 ਦੀ 'ਮਾਇਆ ਸ਼ੋਪ ਵਾਲੀ ਗਲੀ' ਵਿੱਚ ਪਾਣੀ ਦੀ ਸਪਲਾਈ ਲਾਈਨ ਵਿਛਾਉਣ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ।ਇਹ ਪ੍ਰੋਜੈਕਟ ਕੌਂਸਲਰ ਕੋਟੇ ਤਹਿਤ ਲਗਭਗ 31 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ।ਡਿਪਟੀ ਮੇਅਰ ਜੌਹਰ ਨੇ ਦੱਸਿਆ ਕਿ ਇਲਾਕਾ ਨਿਵਾਸੀਆਂ ਨੇ ਪੁਰਾਣੀਆਂ ਪਾਣੀ ਦੀਆਂ ਲਾਈਨਾਂ ਨੂੰ ਬਦਲਣ ਦੀ ਮੰਗ ਕੀਤੀ ਸੀ, ਜਿਸ ਤੋਂ ਬਾਅਦ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ।ਇਸ ਨਾਲ ਇਲਾਕੇ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਸੁਚਾਰੂ ਹੋਵੇਗੀ।ਡਿਪਟੀ ਮੇਅਰ ਜੌਹਰ ਨੇ ਅੱਗੇ ਕਿਹਾ ਕਿ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਕੰਮ ਕਰਦਿਆਂ ਉਹ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹਨ। ਡਿਪਟੀ ਮੇਅਰ ਜੌਹਰ ਨੇ ਇਹ ਵੀ ਦੱਸਿਆ ਕਿ ਵਧੀਆ ਬੁਨਿਆਦੀ ਢਾਂਚਾ ਵਿਕਸਤ ਕਰਨ ਤੇ ਨਿਵਾਸੀਆਂ ਨੂੰ ਰਾਹਤ ਪ੍ਰਦਾਨ ਕਰਨ ਲਈ ਵੱਡੀ ਗਿਣਤੀ ਵਿੱਚ ਵਿਕਾਸ ਪ੍ਰੋਜੈਕਟ ਕੀਤੇ ਜਾ ਰਹੇ ਹਨ। ਉਦਘਾਟਨੀ ਸਮਾਰੋਹ ਦੌਰਾਨ ਸੁਰਜੀਤ ਸਿੰਘ ਭਮਰਾ, ਅਵਤਾਰ ਸਿੰਘ ਭਮਰਾ, ਹਰਬੰਸ ਸਿੰਘ, ਜੀਤ ਕੰਡਾ, ਮਨਮੋਹਨ ਸਿੰਘ, ਚਰਨਜੀਤ ਸਿੰਘ, ਸੁਰਜੀਤ ਸਿੰਘ, ਅਵਤਾਰ ਸਿੰਘ, ਰਿੰਕੂ, ਗੌਰਵ, ਗੋਬਿੰਦ, ਪਾਲ ਪਰਾਸ਼ਰ, ਧਰਮਪਾਲ ਬਿੱਟੂ, ਕੁਲਬੀਰ ਕੇ.ਵੀ. ਤੇ ਹੋਰ ਹਾਜ਼ਰ ਸਨ।

## ਤਰਖਾਣ ਮਾਜਰਾ 'ਚ ਰੱਖਿਆ ਪਾਣੀ ਵਾਲੀ ਟੈਂਕੀ ਦਾ ਨੀਂਹ ਪੱਥਰ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪਿੰਡ ਤਰਖਾਣ ਮਾਜਰਾ ਦੇ ਵਸਨੀਕਾਂ ਨੂੰ ਪੀਣ ਵਾਲੇ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਵੱਲ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਪਿੰਡ ਵਿੱਚ ਬਣਾਈ ਜਾਣ ਵਾਲੀ ਪਾਣੀ ਵਾਲੀ ਟੈਂਕੀ ਦਾ ਨੀਂਹ ਪੱਥਰ ਸ੍ਰ. ਚਰਨਜੀਤ ਸਿੰਘ ਰੱਖੜਾ ਵੱਲੋਂ ਰੱਖਿਆ ਗਿਆ।ਇਸ ਮੌਕੇ ਪਿੰਡ ਵਾਸੀਆਂ ਵਿੱਚ ਖ਼ੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਪਿੰਡ ਦੀ ਸਰਪੰਚ ਕਰਮਜੀਤ ਕੌਰ ਪਤਨੀ ਸੋਨੀ ਸਿੰਘ ਨੇ ਦੱਸਿਆ ਕਿ ਪਿੰਡ ਦੇ ਲੋਕਾਂ ਦੀ ਪੀਣ ਵਾਲੇ ਪਾਣੀ ਨਾਲ ਸਬੰਧਤ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਪਾਣੀ ਦੀ ਟੈਂਕੀ ਦੇ ਨਿਰਮਾਣ ਲਈ ਲਗਾਤਾਰ ਯਤਨ ਕੀਤੇ ਗਏ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਨੂੰ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪਹਿਲ ਹੈ ਤੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ।ਪਿੰਡ ਵਾਸੀਆਂ ਅਨੁਸਾਰ ਪਾਣੀ ਦੀ ਟੈਂਕੀ ਦਾ ਨਿਰਮਾਣ ਸ਼ੁਰੂ ਹੋਣ ਨਾਲ ਪੀਣ ਵਾਲੇ ਪਾਣੀ ਦੀ ਸਮੱਸਿਆ ਤੋਂ ਰਾਹਤ ਮਿਲਣ ਦੀ ਉਮੀਦ ਹੈ।ਉਨ੍ਹਾਂ ਸਰਪੰਚ ਕਰਮਜੀਤ ਕੌਰ ਤੇ ਇਸ ਕਾਰਜ ਵਿੱਚ ਸਹਿਯੋਗ ਕਰਨ ਵਾਲੇ ਸਮੂਹ ਵਿਅਕਤੀਆਂ ਦਾ ਧੰਨਵਾਦ ਕੀਤਾ।

## ਐਡਵੋਕੇਟ ਯਸ ਗਰਗ ਬਾਰ ਐਸੋਸੀਏਸ਼ਨ ਜੈਤੋ ਦੇ ਦੂਜੀ ਵਾਰ ਜਨਰਲ ਸਕੱਤਰ ਬਣੇ

■ ਸਾਰੀ ਟੀਮ ਸਰਬਸੰਮਤੀ ਨਾਲ ਨਿਰਵਿਰੋਧ ਚੁਣੀ ਗਈ



**ਜੈਤੋ (ਸਤੀਸ਼ ਕੁਮਾਰ ਭੀਰੀ)**

ਜੈਤੋ ਬਾਰ ਐਸੋਸੀਏਸ਼ਨ ਦੀਆਂ ਸਾਲਾਨਾ ਚੋਣਾਂ ਲਈ ਨਾਮਜ਼ਦਗੀ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਨਵੀਂ ਚੁਣੀ ਗਈ ਟੀਮ ਨੇ ਆਪਣਾ ਕੰਮ ਕਾਜ ਸ਼ੁਰੂ ਕਰ ਦਿੱਤਾ ਹੈ।ਐਡਵੋਕੇਟ ਯਸ ਗਰਗ ਲਗਾਤਾਰ ਦੂਜੀ ਵਾਰ ਬਾਰ ਐਸੋਸੀਏਸ਼ਨ ਜੈਤੋ ਦੇ ਜਨਰਲ ਸਕੱਤਰ ਬਣੇ ਹਨ।ਨਵੀਂ ਟੀਮ ਦੇ ਕੰਮ ਸ਼ੁਰੂ ਕਰਨ ਮੌਕੇ ਬਾਰ ਮੈਂਬਰਾਂ ਵੱਲੋਂ ਸਮੂਹ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਗਈ ਤੇ ਨਵੇਂ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਰਿਟਰਨਿੰਗ ਅਫ਼ਸਰ ਐਡਵੋਕੇਟ ਸਤਿੰਦਰਪਾਲ ਕੌਰ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਬਾਰ ਐਸੋਸੀਏਸ਼ਨ ਜੈਤੋ ਦੀਆਂ ਚੋਣਾਂ ਲਈ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਅੰਤਿਮ ਮਿਤੀ ਤੱਕ ਕਿਸੇ ਵੀ ਹੋਰ ਕੈਂਡੀਡੇਟ ਵੱਲੋਂ ਨਾਮਜ਼ਦਗੀ ਪੇਪਰ ਦਾਖ਼ਲ ਨਾ ਕਰਨ 'ਤੇ ਸਮੁੱਚੀ ਟੀਮ ਨੂੰ ਸਰਵਸੰਮਤੀ ਨਾਲ ਵਿਜੇਤਾ ਘੋਸ਼ਿਤ ਕਰ ਦਿੱਤਾ ਗਿਆ। ਨਵੀਂ ਚੁਣੀ ਟੀਮ ਵਿੱਚ ਐਡਵੋਕੇਟ ਮਨਦੀਪ ਸਿੰਘ ਕੁਲਾਰ ਪ੍ਰਧਾਨ, ਐਡਵੋਕੇਟ ਸੰਜੀਵ ਗੋਇਲ ਵਾਈਸ ਪ੍ਰਧਾਨ, ਐਡਵੋਕੇਟ ਰੋਜ਼ੀ ਵਾਈਸ ਪ੍ਰਧਾਨ (ਮਹਿਲਾ ਰਾਖਵਾਂ), ਐਡਵੋਕੇਟ ਯਸ਼ ਗਰਗ ਸਕੱਤਰ, ਐਡਵੋਕੇਟ ਸੁਖਵੀਰ ਕੌਰ ਜੁਆਇੰਟ ਸਕੱਤਰ ਤੇ ਐਡਵੋਕੇਟ ਗੌਰਵ ਸ਼ਰਮਾ ਖ਼ਜ਼ਾਨਚੀ ਚੁਣੇ ਗਏ ਹਨ।ਇਸ ਸਮਾਗਮ ਮੌਕੇ ਐਡਵੋਕੇਟ ਅਮਿਤ ਮਿੱਤਲ ਗੋਲਡੂ, ਐਡਵੋਕੇਟ ਕੁਲਦੀਪ ਮਿੱਤਲ, ਐਡਵੋਕੇਟ ਸਤੀਸ਼ ਕੁਮਾਰ ਭੀਰੀ ਵੱਲੋਂ ਐਡਵੋਕੇਟ ਯਸ ਗਰਗ ਸਮੇਤ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ ਗਈ।ਐਡਵੋਕੇਟ ਸਤਿੰਦਰਪਾਲ ਕੌਰ ਨੇ ਦੱਸਿਆ ਕਿ ਅੱਜ ਨਵੀਂ ਟੀਮ ਨੂੰ ਚਾਰਜ ਸੌਂਪਣ ਦੀ ਰਸਮੀ ਪ੍ਰਕਿਰਿਆ ਪੂਰੀ ਕੀਤੀ ਗਈ। ਸਮਾਗਮ ਵਿੱਚ ਜੈਤੋ ਦੇ ਜੱਜ ਸਾਹਿਬਾਨ ਸ੍ਰੀ ਸ਼ਮਿੰਦਰਪਾਲ ਸਿੰਘ ਤੇ ਸ੍ਰੀ ਕਰਨਿਕ ਸਿੰਘ ਹਾਂਡਾ ਤੋਂ ਇਲਾਵਾ ਜੈਤੋ ਬਾਰ ਦੇ ਮੈਂਬਰਾਂ ਤੇ ਨਵੀਂ ਚੁਣੀ ਟੀਮ ਨੇ ਸ਼ਮੂਲੀਅਤ ਕੀਤੀ।

## ਬਿਨਾਂ ਨੰਬਰ ਪਲੇਟ ਵਾਲੇ ਆਟੋਆਂ ਤੋਂ ਲੋਕ ਪ੍ਰੇਸ਼ਾਨ




**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਸ਼ਹਿਰ ਵਿੱਚ ਬਿਨਾਂ ਨੰਬਰ ਪਲੇਟਾਂ ਵਾਲੇ ਆਟੋ ਰਿਕਸ਼ਿਆਂ ਦੀ ਵਧਦੀ ਗਿਣਤੀ ਨੂੰ ਲੈ ਕੇ ਲੋਕਾਂ ਵਿੱਚ ਰੋਸ ਹੈ।ਲੋਕਾਂ ਦਾ ਦੋਸ਼ ਹੈ ਕਿ ਜੀ. ਟੀ. ਰੋਡ, ਅਮਲੋਹ ਰੋਡ, ਮਲੇਰਕੋਟਲਾ ਰੋਡ ਸਮਰਾਲਾ ਰੋਡ ਏ ਐੱਸ ਕਾਲਜ ਤੇ ਬੱਸ ਸਟੈਂਡ ਨੇੜੇ ਕਈ ਆਟੋ ਬਿਨਾਂ ਨੰਬਰ ਪਲੇਟਾਂ ਤੇ ਕਥਿਤ ਤੌਰ 'ਤੇ ਅਧੂਰੇ ਦਸਤਾਵੇਜ਼ਾਂ ਨਾਲ ਚੱਲਦੇ ਦੇਖੇ ਜਾ ਸਕਦੇ ਹਨ, ਜਿਸ ਕਾਰਨ ਖੰਨਾ ਸ਼ਹਿਰ ਵਿੱਚ ਟ੍ਰੈਫਿਕ ਜਾਮ ਦੀ ਸਮੱਸਿਆ ਵਧ ਰਹੀ ਹੈ।ਨੰਬਰਦਾਰ ਸੰਤੋਖ ਸਿੰਘ ਬੈਨੀਪਾਲ ਵੱਲੋਂ ਟ੍ਰੈਫਿਕ ਪੁਲਸ ਦੀ ਕਾਰਵਾਈ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਆਮ ਵਾਹਨ ਚਾਲਕਾਂ ਦੇ ਚਲਾਨ ਕੀਤੇ ਜਾਂਦੇ ਹਨ, ਪਰ ਬਿਨਾਂ ਨੰਬਰ ਵਾਲੇ ਆਟੋਆਂ ਖ਼ਿਲਾਫ਼ ਲੋੜੀਂਦੀ ਸਖ਼ਤੀ ਨਹੀਂ ਦਿਖਾਈ ਦਿੰਦੀ।ਉਨ੍ਹਾਂ ਪ੍ਰਸ਼ਾਸਨ ਤੋਂ ਆਟੋਆਂ ਦੀ ਰਜਿਸਟ੍ਰੇਸ਼ਨ, ਪਰਮਿਟ, ਬੀਮਾ ਤੇ ਲਾਇਸੈਂਸ ਦੀ ਜਾਂਚ ਕਰਕੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਅਤੇ ਜੀ. ਟੀ. ਰੋਡ ਦੇ ਜਾਮ ਦਾ ਸਥਾਈ ਹੱਲ ਕਰਨ ਦੀ ਮੰਗ ਕੀਤੀ ਹੈ।ਇਸ ਸਬੰਧੀ ਖੰਨਾ ਟ੍ਰੈਫਿਕ ਪੁਲਸ ਦੇ ਇੰਚਾਰਜ ਇੰਸਪੈਕਟਰ ਕੁਲਜੀਤ ਸਿੰਘ ਨਾਲ ਗੱਲ ਕਰਨ 'ਤੇ ਉਨ੍ਹਾਂ ਕਿਹਾ ਕਿ ਇਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਚੱਲ ਰਹੀ ਹੈ।ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਬਖ਼ਸ਼ੇ ਨਹੀਂ ਜਾਣਗੇ।

## ਪ੍ਰਸਿੱਧ ਸਿੱਖਿਆ ਸ਼ਾਸਤਰੀ ਗੁਰਦੇਵ ਸਿੰਘ ਬਰਾੜ ਦੀ ਦੇਹ ਪੀ ਜੀ ਆਈ ਨੂੰ ਦਾਨ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪ੍ਰਸ਼ਾਸਨ ਤੇ ਸਿੱਖਿਆ ਦੇ ਖੇਤਰ ਵਿੱਚ ਆਪਣੀ ਅਮਿੱਟ ਛਾਪ ਛੱਡਣ ਵਾਲੇ ਸਾਬਕਾ ਸੀਨੀਅਰ ਆਈਏਐੱਸ ਅਧਿਕਾਰੀ ਤੇ ਮਹਾਨ ਅਕਾਦਮਿਕ ਗੁਰਦੇਵ ਸਿੰਘ ਬਰਾੜ (95) ਬੀਤੇ ਦਿਨ ਅਕਾਲ ਚਲਾਣਾ ਕਰ ਗਏ।ਮੂਲ ਰੂਪ ਵਿੱਚ ਫ਼ਰੀਦਕੋਟ ਦੇ ਰਹਿਣ ਵਾਲੇ ਸਰਦਾਰ ਬਰਾੜ ਦਾ ਜੀਵਨ ਉੱਚ ਸਿਧਾਂਤਾਂ, ਹਿੰਮਤ ਤੇ ਸਮਾਜ ਸੇਵਾ ਦੀ ਮਿਸਾਲੀ ਉਦਾਹਰਣ ਰਿਹਾ।ਉਨ੍ਹਾਂ ਦਾ ਸਭ ਤੋਂ ਚਰਚਿਤ ਪ੍ਰਸ਼ਾਸਕੀ ਸਮਾਂ 1984 ਦਾ ਸੀ, ਜਦੋਂ ਉਹ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਨ। ਆਪ੍ਰੇਸ਼ਨ ਬਲੂ ਸਟਾਰ ਦੌਰਾਨ ਉਨ੍ਹਾਂ ਇਸ ਫ਼ੌਜੀ ਕਾਰਵਾਈ ਪ੍ਰਤੀ ਆਪਣੀ ਅਸਹਿਮਤੀ ਪ੍ਰਗਟ ਕੀਤੀ ਸੀ, ਜਿਸ ਦੀ ਕੀਮਤ ਉਨ੍ਹਾਂ ਨੂੰ ਤਬਾਦਲੇ ਦੇ ਰੂਪ ਵਿੱਚ ਚੁਕਾਉਣੀ ਪਈ। ਸੇਵਾਮੁਕਤੀ ਤੋਂ ਬਾਅਦ ਉਨ੍ਹਾਂ ਨੇ ਆਪਣਾ ਜੀਵਨ ਸਿੱਖਿਆ ਤੇ ਸਮਾਜ ਸੇਵਾ ਨੂੰ ਸਮਰਪਤ ਕੀਤਾ। ਉਹ 2004 ਤੋਂ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਤੇ ਸੰਗਤ ਸਾਹਿਬ ਭਾਈ ਫੇਰੂ ਸਿੱਖ ਐਜੂਕੇਸ਼ਨਲ ਸੁਸਾਇਟੀ (ਦਸਮੇਸ਼ ਗਰੁੱਪ) ਦੇ ਚੇਅਰਮੈਨ ਵਜੋਂ ਸੇਵਾਵਾਂ ਨਿਭਾਅ ਰਹੇ ਸਨ।ਉਨ੍ਹਾਂ ਦੀ ਸਰਪ੍ਰਸਤੀ ਹੇਠ ਕਈ ਸੰਸਥਾਵਾਂ ਨੇ ਨੈਕ (NAAC) ਰੈਂਕਿੰਗ ਵਿੱਚ 'ਏ' ਗ੍ਰੇਡ ਹਾਸਲ ਕੀਤਾ।ਉਨ੍ਹਾਂ ਨੂੰ 'ਪੰਜਾਬ ਰਤਨ' ਨਾਲ ਵੀ ਸਨਮਾਨਤ ਕੀਤਾ ਗਿਆ।ਉਹ ਅੰਤਰਰਾਸ਼ਟਰੀ ਹਾਕੀ ਖਿਡਾਰੀ ਵੀ ਰਹੇ।ਆਪਣੀ ਅੰਤਿਮ ਇੱਛਾ ਅਨੁਸਾਰ ਉਨ੍ਹਾਂ ਦੀ ਦੇਹ ਡਾਕਟਰੀ ਖੋਜ ਲਈ ਪੀਜੀਆਈ ਚੰਡੀਗੜ੍ਹ ਨੂੰ ਦਾਨ ਕੀਤੀ ਗਈ। ਇਸ ਤੋਂ ਪਹਿਲਾਂ ਦਸੰਬਰ 2018 ਵਿੱਚ ਉਨ੍ਹਾਂ ਦੀ ਪਤਨੀ ਸੁਰਜੀਤ ਕੌਰ ਦੀ ਦੇਹ ਵੀ ਪੀਜੀਆਈ ਨੂੰ ਦਾਨ ਕੀਤੀ ਗਈ ਸੀ।ਉਨ੍ਹਾਂ ਦੇ ਅਕਾਲ ਚਲਾਣੇ 'ਤੇ ਵੱਖ-ਵੱਖ ਸ਼ਖ਼ਸੀਅਤਾਂ, ਸਮਾਜ ਸੇਵੀਆਂ ਤੇ ਖੇਡ ਪ੍ਰੇਮੀਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

## ਮੁੱਖ ਮੰਤਰੀ ਕਿਸਾਨਾਂ ਨਾਲ ਸਿੱਧੀ ਤੇ ਸਨਮਾਨਜਨਕ ਗੱਲਬਾਤ ਕਰਨ : ਭੁਪਿੰਦਰ ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਅਨੁਸ਼ਾਸ਼ਨੀ ਕਮੇਟੀ ਮੈਂਬਰ ਹਰਜੀਤ ਸਿੰਘ ਮਨਾਵਾਂ, ਹਰਮਨਪ੍ਰੀਤ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੁਧਿਆਣਾ ਵਿਖੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕਿਸਾਨ ਮੇਲੇ ਦੌਰਾਨ ਕਿਸਾਨ ਜਥੇਬੰਦੀਆਂ ਨੂੰ ਧਰਨਿਆਂ ਦੀ ਬਜਾਏ ਸਿੱਧੀ ਗੱਲਬਾਤ ਕਰਨ ਦੀ ਕੀਤੀ ਅਪੀਲ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ ਧਰਨੇ ਲਾਉਣ ਦਾ ਕੋਈ ਸ਼ੌਕ ਨਹੀਂ ਹੁੰਦਾ।ਕਿਸਾਨ ਆਪਣਾ ਕੀਮਤੀ ਸਮਾਂ, ਆਪਣਾ ਕੰਮ-ਕਾਰ ਅਤੇ ਆਪਣੀ ਖੇਤੀ ਛੱਡ ਕੇ ਸੜਕਾਂ 'ਤੇ ਤਾਂ ਹੀ ਆਉਂਦਾ ਹੈ ਜਦੋਂ ਉਸ ਦੀਆਂ ਮੰਗਾਂ ਨੂੰ ਸਰਕਾਰ ਵੱਲੋਂ ਗੰਭੀਰਤਾ ਨਾਲ ਨਾ ਸੁਣਿਆ ਜਾਵੇ।ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣ ਆਪ ਨੂੰ ਕਿਸਾਨਾਂ ਮਿੱਤਰ ਕੀੜਾ ਦੱਸਦਿਆਂ ਕਿਹਾ ਕਿ ਕਿਸਾਨ ਉਸ 'ਤੇ ਸਪਰੇਅ ਕਰ ਰਹੇ ਹਨ ਤੇ ਧਰਨੇ ਲਗਾਉਣ ਦੀ ਬਜਾਏ ਪਹਿਲਾਂ ਉਨ੍ਹਾਂ ਨਾਲ ਮੀਟਿੰਗ ਕਰਨ।ਇਹ ਬਿਆਨ ਮੀਡੀਆ ਵਿੱਚ ਵੀ ਰਿਪੋਰਟ ਹੋਇਆ ਹੈ ਜੇ ਪੰਜਾਬ ਦਾ ਮੁੱਖ ਮੰਤਰੀ ਕਿਸਾਨਾਂ ਦਾ ਐਡਾ ਹੀ ਮਿੱਤਰ ਕੀੜਾ ਹੈ ਤਾਂ ਕਿਸਾਨਾਂ ਉੱਪਰ ਪਰਾਲੀ ਸਾੜਨ ਦੇ ਕੀਤੇ ਹੋਏ ਮੁਕੱਦਮੇ ਤੁਰੰਤ ਪ੍ਰਭਾਵ ਨਾਲ ਰੱਦ ਕਰੇ ਤਾਂ ਜੋ ਕਿਸਾਨਾਂ ਨੂੰ ਮਹਿਸੂਸ ਹੋਵੇ ਕਿ ਵਾਕਿਆ ਹੀ ਪੰਜਾਬ ਦਾ ਮੁੱਖ ਮੰਤਰੀ ਸਾਡਾ ਮਿੱਤਰ ਹੈ।ਉਨ੍ਹਾਂ ਸਪੱਸ਼ਟ ਕਿਹਾ ਕਿ ਕਿਸਾਨ ਸਰਕਾਰ ਦੇ ਦੁਸ਼ਮਣ ਨਹੀਂ ਹਨ।ਕਿਸਾਨ ਸਿਰਫ਼ ਆਪਣੀਆਂ ਹੱਕੀ ਮੰਗਾਂ ਲਈ ਆਵਾਜ਼ ਬੁਲੰਦ ਕਰ ਰਹੇ ਹਨ।ਮੁੱਖ ਮੰਤਰੀ ਨੂੰ ਕਿਸਾਨਾਂ ਦੇ ਸੰਘਰਸ਼ ਨੂੰ ਵਿਅੰਗ ਜਾਂ ਚੁਟਕਲੇ ਵਜੋਂ ਪੇਸ਼ ਕਰਨ ਦੀ ਬਜਾਏ ਪੰਜਾਬ ਦੀ ਖੇਤੀ ਨਾਲ ਜੁੜੇ ਅਸਲ ਮਸਲਿਆਂ ਐੱਮ.ਐੱਸ.ਪੀ., ਖੇਤੀ ਵਿਭਿੰਨਤਾ, ਬਿਜਲੀ, ਪਾਣੀ, ਕਰਜ਼ਾ, ਜ਼ਮੀਨ ਤੇ ਕਿਸਾਨੀ ਦੀ ਆਰਥਿਕ ਸਥਿਰਤਾ 'ਤੇ ਗੰਭੀਰ ਗੱਲਬਾਤ ਕਰਨੀ ਚਾਹੀਦੀ ਹੈ।

## ਗੁਰੂ ਨਾਨਕ ਦੇਵ ਜੀ ਦਾ ਵਿਆਹ ਪੁਰਬ ਸ਼ਰਧਾ ਨਾਲ ਮਨਾਇਆ



**ਬੁਢਲਾਡਾ (ਅਸ਼ੋਕ ਲਾਕੜਾ)**-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਵਿਖੇ ਸਮੂਹ ਸਾਧ ਸੰਗਤ ਵੱਲੋਂ ਪਹਿਲੇ ਪਾਤਸ਼ਾਹ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਆਹ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਹਜ਼ੂਰੀ ਰਾਗੀ ਜਥਾ ਭਾਈ ਸੁਖਵਿੰਦਰ ਸਿੰਘ ਤੇ ਭਾਈ ਜੁਗਰਾਜ ਸਿੰਘ ਦੇ ਰਾਗੀ ਜਥੇ ਨੇ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਦੇ ਸਬੰਧ ਨੂੰ ਸਮਰਪਤ ਮਨੋਹਰ ਗੁਰਬਾਣੀ ਕੀਰਤਨ ਰਾਹੀਂ ਗੁਰੂ ਜਸ ਸਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਉਨ੍ਹਾਂ ਸਿੱਖ ਸੰਗਤਾਂ ਨੂੰ ਬਾਣੀ, ਬਾਣੇ ਨਾਲ ਜੁੜ ਕੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਸਿੰਘ ਸੱਜਣ ਲਈ ਪ੍ਰੇਰਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਨਾਮ ਸਿੰਘ ਕੋਹਲੀ, ਦਵਿੰਦਰਪਾਲ ਸਿੰਘ ਨਾਗਪਾਲ, ਮਿਸਤਰੀ ਜਰਨੈਲ ਸਿੰਘ, ਸੁਖਦੇਵ ਸਿੰਘ, ਡਾਕਟਰ ਪ੍ਰਿਤਪਾਲ ਸਿੰਘ ਕੋਹਲੀ, ਜਸਵੰਤ ਸਿੰਘ, ਮਾਸਟਰ ਰਜਿੰਦਰ ਸਿੰਘ, ਵਰਿੰਦਰ ਸਿੰਘ ਹੈਰੀ ਆਦਿ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ।


## ਵਿਧਾਇਕ ਭੁੱਲਰ ਵੱਲੋਂ 'ਸਵੱਛਤਾ ਹੀ ਸੇਵਾ' ਮੁਹਿੰਮ ਦੀ ਸ਼ੁਰੂਆਤ

### ਸਾਫ਼-ਸੁਥਰੇ ਤੇ ਸਿਹਤਮੰਦ ਪੰਜਾਬ ਦੀ ਸਿਰਜਣਾ ਲਈ ਸਹੁੰ ਚੁਕਾਈ



**ਫਿਰੋਜ਼ਪੁਰ (ਗੁਰਬਚਨ ਸਿੰਘ)**-'ਸਵੱਛਤਾ ਹੀ ਸੇਵਾ' ਮੁਹਿੰਮ ਦੀ ਸ਼ੁਰੂਆਤ ਜ਼ਿਲ੍ਹਾ ਪੱਧਰ 'ਤੇ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਸ੍ਰ. ਰਣਬੀਰ ਸਿੰਘ ਭੁੱਲਰ ਵੱਲੋਂ ਪਿੰਡਾਂ ਦੇ ਸਰਪੰਚ ਸਾਹਿਬਾਨ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕੀਤੀ ਗਈ।ਇਸ ਮੌਕੇ ਹਾਜ਼ਰ ਸਮੂਹ ਭਾਗੀਦਾਰਾਂ ਵੱਲੋਂ ਸਹੁੰ ਚੁੱਕੀ ਗਈ ਕਿ 'ਸਵੱਛਤਾ ਹੀ ਸੇਵਾ' ਮੁਹਿੰਮ ਦੌਰਾਨ ਇੱਕ ਸਾਫ਼-ਸੁਥਰੇ ਤੇ ਸਿਹਤਮੰਦ ਪੰਜਾਬ ਅਤੇ ਭਾਰਤ ਦੀ ਸਿਰਜਣਾ ਲਈ ਸਾਰੇ ਮਿਲ ਕੇ ਸਵੱਛਤਾ ਬਣਾਈ ਰੱਖਣ ਲਈ ਵਚਨਬੱਧ ਹੋਣਗੇ।ਇਸ ਮੌਕੇ ਜਾਣਕਾਰੀ ਦਿੰਦਿਆਂ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ 17 ਸਤੰਬਰ ਤੋਂ 2 ਅਕਤੂਬਰ 2026 ਤੱਕ ਚੱਲਣ ਵਾਲੀ ਇਸ ਮੁਹਿੰਮ ਦੌਰਾਨ ਪਿੰਡਾਂ ਤੇ ਸਾਂਝੀਆਂ ਥਾਵਾਂ 'ਤੇ ਸਾਫ਼-ਸਫ਼ਾਈ ਦੀ ਵਿਵਸਥਾ ਰੱਖਣ ਅਤੇ ਪਾਣੀ, ਸਫ਼ਾਈ ਤੇ ਸਵੱਛਤਾ ਸਬੰਧੀ ਜਾਗਰੂਕਤਾ ਨੂੰ ਉਤਸ਼ਾਹਤ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕੀਤੀਆਂ ਜਾਣਗੀਆਂ।ਇਸ ਮੁਹਿੰਮ ਦਾ ਉਦੇਸ਼ ਲੋਕਾਂ ਤੇ ਨੌਜਵਾਨਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਕਰਨਾ ਤੇ ਉਨ੍ਹਾਂ ਨੂੰ ਆਪਣੇ ਘਰਾਂ, ਪਿੰਡਾਂ ਤੇ ਸਾਂਝੀਆਂ ਥਾਵਾਂ ਨੂੰ ਸਾਫ਼-ਸੁਥਰਾ ਰੱਖਣ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਲੋਕਾਂ ਨੂੰ ਸਵੱਛਤਾ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਤੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਲਈ ਅਪੀਲ ਕੀਤੀ।ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਇਸ ਮੌਕੇ ਹਰ ਘਰ ਜਲ, ਹਰ ਘਰ ਸਵੱਛਤਾ ਦਾ ਸੰਦੇਸ਼ ਦਿੰਦਿਆਂ ਲੋਕਾਂ ਨੂੰ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਅਪੀਲ ਕੀਤੀ।ਇਸ ਮੌਕੇ ਬਲਾਕ ਰਿਸੋਰਸ ਕੋਆਰਡੀਨੇਟਰ ਮਨਦੀਪ ਸਿੰਘ, ਗੁਰਭੇਜ ਸਿੰਘ, ਜਸਵਿੰਦਰ ਸਿੰਘ ਤੇ ਨਛੱਤਰ ਸਿੰਘ ਤੋਂ ਇਲਾਵਾ ਪਿੰਡਾਂ ਦੇ ਸਰਪੰਚ, ਮੈਂਬਰ ਪੰਚਾਇਤਾਂ ਤੇ ਪਿੰਡ ਵਾਸੀ ਹਾਜ਼ਰ ਸਨ।

## ਲੁਧਿਆਣਾ ਤੋਂ ਪਰਸੀਮੋਨ ਫਲਾਂ ਦੀ ਰੇਲ ਮਾਰਗ ਰਾਹੀਂ ਢੋਆ-ਢੁਆਈ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਹੇਠ ਫਿਰੋਜ਼ਪੁਰ ਮੰਡਲ ਦੇ ਬਿਜ਼ਨੈੱਸ ਡਿਵੈਲਪਮੈਂਟ ਯੂਨਿਟ ਦੇ ਵਿਸ਼ੇਸ਼ ਯਤਨਾਂ ਨਾਲ 'ਪਰਸੀਮੋਨ ਫਲਾਂ' ਦੀ ਰੇਲ ਮਾਰਗ ਰਾਹੀਂ ਢੋਆ-ਢੁਆਈ ਲਈ ਲਗਾਤਾਰ ਨਵਾਂ ਆਵਾਜਾਈ ਕਾਰੋਬਾਰ ਹਾਸਲ ਕੀਤਾ ਜਾ ਰਿਹਾ ਹੈ। ਬੀਤੇ ਸ਼ਨੀਵਾਰ ਟਰੇਨ ਨੰਬਰ 13152 (ਕੋਲਕਾਤਾ ਐਕਸਪ੍ਰੈੱਸ) ਵਿੱਚ ਪਹਿਲੀ ਵਾਰ ਲੁਧਿਆਣਾ ਰੇਲਵੇ ਸਟੇਸ਼ਨ ਤੋਂ 'ਪਰਸੀਮੋਨ ਫਲਾਂ' ਦੀ ਆਊਟਵਰਡ ਲੋਡਿੰਗ ਸਫ਼ਲਤਾਪੂਰਵਕ ਕੀਤੀ ਗਈ। ਟਰੇਨ ਨੰਬਰ 13152 ਵਿੱਚ ਲੁਧਿਆਣਾ ਤੋਂ 128 ਪੈਕੇਟਾਂ ਵਿੱਚ 3,180 ਕਿਲੋਗ੍ਰਾਮ 'ਪਰਸੀਮੋਨ ਫਲ' ਕੋਲਕਾਤਾ ਲਈ ਲੋਡ ਕੀਤੇ ਗਏ। ਸੀਨੀਅਰ ਮੰਡਲ ਕਮਰਸ਼ੀਅਲ ਮੈਨੇਜਰ/ਫਰੇਟ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਦੀ ਭਰੋਸੇਯੋਗ ਤੇ ਸਮੇਂ ਸਿਰ ਮਾਲ ਆਵਾਜਾਈ ਵਿਵਸਥਾ ਵਪਾਰੀਆਂ ਨੂੰ ਬਿਹਤਰ ਸਹੂਲਤ ਪ੍ਰਦਾਨ ਕਰ ਰਹੀ ਹੈ। ਮੰਡਲ ਮਾਲ ਆਵਾਜਾਈ ਵਧਾਉਣ ਤੇ ਵਾਤਾਵਰਣ-ਅਨੁਕੂਲ ਆਵਾਜਾਈ ਸੇਵਾਵਾਂ ਉਪਲਬੱਧ ਕਰਵਾਉਣ ਲਈ ਨਿਰੰਤਰ ਯਤਨਸ਼ੀਲ ਹੈ।

# ਪਿੰਡ ਪੱਡਾ 'ਚ ਸਰਪੰਚ ਦੇ ਭਰਾ ਦਾ ਗੋਲੀਆਂ ਮਾਰ ਕੇ ਕਤਲ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੁਲਸ ਥਾਣਾ ਡੇਰਾ ਬਾਬਾ ਨਾਨਕ ਅੰਦਰ ਪੈਂਦੇ ਪਿੰਡ ਪੱਡਾ ਦੇ ਮੌਜੂਦਾ ਸਰਪੰਚ ਨਵਦੀਪ ਸਿੰਘ ਦੇ ਛੋਟੇ ਭਰਾ ਸੁਖਰਾਜ ਸਿੰਘ ਉਰਫ ਕਾਕਾ 27 ਸਾਲਾ ਪੁੱਤਰ ਬਲਕਾਰ ਸਿੰਘ ਨੂੰ ਅਣਪਛਾਤੇ ਹਮਲਾਵਰਾਂ ਵੱਲੋਂ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦੇਣ ਦਾ ਮਾਮਲਾ ਸਾਹਮਣੇ ਹੋਇਆ ਹੈ।ਉਧਰ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸ ਐੱਚ ਓ ਅਸ਼ੋਕ ਕੁਮਾਰ ਸ਼ਰਮਾ ਵੱਲੋਂ ਪੁਲਿਸ ਪਾਰਟੀ ਸਮੇਤ ਪਹੁੰਚ ਕੇ ਜਾਂਚ ਆਰੰਭ ਕਰ ਦਿੱਤੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਪੱਡਾ ਦੇ ਮੌਜੂਦਾ ਸਰਪੰਚ ਨਵਦੀਪ ਸਿੰਘ ਨੇ ਦੱਸਿਆ ਕਿ ਮੇਰਾ ਭਰਾ ਸੁਖਰਾਜ ਸਿੰਘ ਕਾਕਾ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਰੱਖੇ ਗਏ ਸਮਾਗਮ ਵਿੱਚ ਨਤਮਸਤਕ ਹੋ ਕੇ ਵਾਪਸ ਪਿੰਡ ਨੂੰ ਆ ਰਿਹਾ ਸੀ ।ਜਦੋਂ ਉਹ ਪਿੰਡ ਦੀ ਫਿਰਨੀ ਤੇ ਪਹੁੰਚਿਆ ਤਾਂ ਇੱਕ ਸਵਿਫਟ ਗੱਡੀ ਤੇ ਸਵਾਰ ਕੁਝ ਨੌਜਵਾਨਾਂ ਵੱਲੋਂ ਉਸ ਦੇ ਉਪਰ ਤਾਬੜ ਤੋੜ ਗੋਲੀਆਂ ਚਲਾ ਦਿੱਤੀਆਂ ਗਈਆਂ,ਜਿਸ ਕਾਰਨ ਮੇਰੇ ਭਰਾ ਦੀ ਮੌਕੇ ਤੇ ਹੀ ਮੌਤ ਹੋ ਗਈ ।ਸੁਖਰਾਜ ਸਿੰਘ ਕਾਕਾ ਦੀ ਮੌਤ ਦੀ ਖਬਰ ਸੁਣਨ ਨਾਲ ਪਿੰਡ ਪੱਡਾ ਵਿੱਚ ਸੋਗ ਦੀ ਲਹਿਰ ਚੱਲ ਰਹੀ ਹੈ ਤੇ ਪਰਿਵਾਰ ਦਾ ਰੋ-ਰੋ ਬੁਰਾ ਹਾਲ ਹੋਇਆ ਹੈ।ਸਰਪੰਚ ਨਵਦੀਪ ਸਿੰਘ ਨੇ ਦੱਸਿਆ ਕਿ ਅੱਜ ਤੋਂ ਕੁਝ ਮਹੀਨੇ ਪਹਿਲਾਂ ਵੀ ਉਨ੍ਹਾਂ ਦੇ ਛੋਟੇ ਭਰਾ ਸੁਖਰਾਜ ਸਿੰਘ ਉਰਫ ਕਾਕਾ ਦੇ ਉਪਰ ਪਿੰਡ ਸ਼ਾਹਪੁਰ ਜਾਜਨ ਵਿੱਚ ਜਾਨ ਲੇਵਾ ਹਮਲਾ ਹੋਇਆ ਸੀ ਜਿਸ ਵਿੱਚ ਉਹ ਵਾਲ ਵਾਲ ਬਚ ਗਿਆ ਸੀ ਪਰ ਪੁਲਸ ਨੇ ਉਸ ਹਮਲਾਵਰਾਂ ਉੱਪਰ ਕੋਈ ਵੀ ਠੋਸ ਕਾਰਵਾਈ ਨਹੀਂ ਕੀਤੀ ਸੀ,ਇਸ ਮੌਕੇ ਉਨਾ ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਇਨਸਾਫ ਦੀ ਮੰਗ ਕੀਤੀ ਗਈ ਹੈ।ਇਸ ਸਬੰਧੀ ਜਦੋਂ ਪੱਤਰਕਾਰਾਂ ਵੱਲੋਂ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਦੱਸਿਆ ਕਿ ਸੁਖਰਾਜ ਸਿੰਘ ਉਰਫ ਕਾਕਾ ਦੇ ਭਰਾ ਸਰਪੰਚ ਨਵਦੀਪ ਸਿੰਘ ਦੇ ਬਿਆਨਾਂ ਦੇ ਆਧਾਰ ਤੇ ਤਿੰਨ ਲੋਕਾਂ ਦੇ ਖਿਲਾਫ ਬਾਈ ਨੇਮ ਅਤੇ ਦੋ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਕਤਲ ਦੀਆਂ ਧਾਰਾਵਾਂ ਤਹਿਤ ਮੁਕੱਦਮਾ ਨੰਬਰ 199 ਦਰਜ ਕੀਤਾ ਗਿਆ ਹੈ ਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਬਟਾਲਾ ਭੇਜ ਦਿੱਤਾ ਗਿਆ ਹੈ ਤੇ ਮੌਕੇ ਤੋਂ ਦੋ ਗੋਲੀਆਂ ਦੇ ਖੋਲ ਬਰਾਮਦ ਹੋਏ ਹਨ, ਉਨ੍ਹਾਂ ਦੱਸਿਆ ਕਿ ਮ੍ਰਿਤਕ ਸੁਖਰਾਜ ਸਿੰਘ ਦੇ ਉਪਰ ਵੀ ਕਈ ਅਪਰਾਧਿਕ ਮਾਮਲੇ ਦਰਜ ਹਨ, ਪਰ ਮੁੱਢਲੀ ਪੁੱਛਗਿੱਛ ਦੌਰਾਨ ਇਹ ਮਾਮਲਾ ਕੋਈ ਆਪਸੀ ਰੰਜਿਸ਼ ਦਾ ਦੱਸਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਤੇ ਆਸ ਪਾਸ ਲੱਗੇ ਸੀਸੀਟੀਵੀ ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ ਤੇ ਜਲਦੀ ਹੀ ਮੁਲਜ਼ਮ ਪੁਲਸ ਦੀ ਗ੍ਰਿਫਤ ਵਿੱਚ ਹੋਣਗੇ।

## ਤਖ਼ਤ ਸ੍ਰੀ ਕੇਸਗੜ੍ਹ ਤੋਂ ਆਰੰਭ ਨਗਰ ਕੀਰਤਨ ਅੱਜ ਸ਼ਾਮ 4 ਵਜੇ ਪਹੁੰਚੇਗਾ ਕਾਦੀਆਂ : ਜਥੇਦਾਰ ਗੋਰਾ



ਕਾਦੀਆਂ, ਧਾਰੀਵਾਲ, ਮਨਦੀਪ (ਯਾਦਵਿੰਦਰ ਸਿੰਘ, ਮਨਦੀਪ ਵਿੱਕੀ)-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਆਰੰਭ ਹੋਏ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਮੀਰੀ ਪੀਰੀ ਖਾਲਸਾ ਮਾਰਚ ਮਹਾਨ ਨਗਰ ਕੀਰਤਨ ਅੱਜ ਸ਼ਾਮ 4 ਵਜੇ ਦੇ ਕਰੀਬ ਕਾਦੀਆਂ ਸ਼ਹਿਰ ਵਿਖੇ ਪਹੁੰਚੇਗਾ।

ਉਕਤ ਜਾਣਕਾਰੀ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਰੇਲਵੇ ਰੋਡ ਕਾਦੀਆਂ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨਾਲ ਮੀਟਿੰਗ ਕਰਕੇ ਦਿੰਦਿਆਂ ਦੱਸਿਆ ਕਿ ਇਹ ਮਹਾਨ ਨਗਰ ਕੀਰਤਨ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਹਰਚੋਵਾਲ, ਭਾਮੜੀ, ਸ਼ਾਹਪੁਰ, ਢੱਪਈ, ਕਾਹਲਵਾਂ ਮੋੜ, ਨੰਗਲ, ਬਿਜਲੀ ਘਰ ਚੌਂਕ ਤੋਂ ਰੇਲਵੇ ਰੋਡ ਕਾਦੀਆਂ, ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਰਾਹੀਂ ਹੁੰਦਾ ਹੋਇਆ ਖਾਰਾ, ਮਾਲੀਆ, ਕੋਟ ਟੋਡਰ ਮੱਲ, ਸਠਿਆਲੀ ਪੁਲ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਪਹੁੰਚ ਕੇ ਰਾਤ ਦਾ ਵਿਸ਼ਰਾਮ ਕਰੇਗਾ।ਜਥੇਦਾਰ ਗੋਰਾ ਨੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਕਿਹਾ ਕਿ ਨਗਰ ਕੀਰਤਨ ਦੇ ਕਾਦੀਆਂ ਪਹੁੰਚਣ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ।

ਇਸ ਮੌਕੇ ਗੁਰਤਿੰਦਰ ਪਾਲ ਸਿੰਘ ਭਾਟੀਆ ਐਡੀਸ਼ਨਲ ਮੈਨੇਜਰ ਸ੍ਰੀ ਦਰਬਾਰ ਸਾਹਿਬ, ਭਾਈ ਚਰਨਜੀਤ ਸਿੰਘ ਗ੍ਰੰਥੀ, ਤਰਸੇਮ ਸਿੰਘ, ਗੁਰਮੁੱਖ ਸਿੰਘ ਖਾਲਸਾ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਕਪਿਲ ਦੀਪ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਗੁਰਸੇਵਕ ਸਿੰਘ, ਜਤਿੰਦਰ ਸਿੰਘ, ਰਤਨ ਸਿੰਘ, ਬਲਵਿੰਦਰ ਸਿੰਘ, ਦਲਜੀਤ ਸਿੰਘ, ਤਰਲੋਕ ਸਿੰਘ, ਚੈਨ ਸਿੰਘ, ਜਗੀਰ ਸਿੰਘ, ਦਵਿੰਦਰ ਸਿੰਘ, ਦਿਲਬਾਗ ਸਿੰਘ, ਪ੍ਰਿਥੀਪਾਲ ਸਿੰਘ ਨਿਰਮਾਣ, ਦਲਜੀਤ ਸਿੰਘ ਬਿੱਟੂ ਆਦਿ ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਮੈਂਬਰ ਹਾਜ਼ਰ ਸਨ।

## ਕਸਬਾ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ 'ਚ ਬਾਬਾ ਸ੍ਰੀ ਚੰਦ ਦਾ ਜਨਮ ਦਿਹਾੜਾ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਚੰਦੂਨੰਗਲ, ਜੌੜੀਆਂ ਖੁਰਦ, ਪੱਖੋਕੇ, ਟਾਹਲੀ ਸਾਹਿਬ ਤੇ ਹਰੂਵਾਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀਚੰਦ ਜੀ ਦਾ ਜਨਮ ਦਿਹਾੜਾ ਸੰਗਤਾਂ ਦੇ ਸਹਿਯੋਗ ਨਾਲ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਪਿੰਡ ਚੰਦੂ ਨੰਗਲ ਦਰਬਾਰ ਬਾਬਾ ਸ੍ਰੀ ਚੰਦਰ ਜੀ ਦੇ ਅਸਥਾਨ ਵਿਖੇ ਇਲਾਕੇ ਦੀਆਂ ਸੰਗਤਾਂ ਵੱਲੋਂ ਰੱਖੇ ਗਏ 29 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਵੱਖ-ਵੱਖ ਕੀਰਤਨੀ ਜਥਿਆਂ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਬਾਬਾ ਸ੍ਰੀ ਚੰਦਰ ਜੀ ਦਾ ਆਰਤਾ ਗਾਇਨ ਕੀਤਾ ਗਿਆ।ਇਸ ਮੌਕੇ ਬਾਬਾ ਨਿਸ਼ਾਨ ਸਿੰਘ ਮਛਰਾਲਾ ਦੇ ਕਵੀਸ਼ਰੀ ਜਥੇ ਵੱਲੋਂ ਬਾਬਾ ਸ੍ਰੀ ਚੰਦਰ ਜੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।

ਇਸ ਮੌਕੇ ਦਰਬਾਰ ਬਾਬਾ ਸ੍ਰੀ ਚੰਦਰ ਜੀ ਦੇ ਮੁੱਖ ਸੇਵਾਦਾਰ ਮਹੰਤ ਭਗਵਾਨ ਦਾਸ ਵੱਲੋਂ ਬਾਬਾ ਸ੍ਰੀ ਚੰਦਰ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪਰਮੀਤ ਸਿੰਘ ਬੇਦੀ, ਐੱਨ. ਆਰ. ਆਈ. ਬਾਬਾ ਰਜਿੰਦਰ ਸਿੰਘ ਬੇਦੀ, ਬਾਬਾ ਲਾਲ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਜੁਗਨੂੰ, ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ , ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਖੁਸ਼ਹਾਲਪੁਰ, ਜਸਪਾਲ ਸਿੰਘ ਬੇਦੀ ਸਾਬਕਾ ਜੇ. ਈ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਉ ਸਾਹਿਬ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ।

ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਚੇਅਰਮੈਨ ਰੇਸ਼ਮ ਸਿੰਘ ਪੱਡਾ, ਆੜ੍ਹਤੀ ਬਲਵਿੰਦਰ ਸਿੰਘ ਗੋਰਾਇਆ, ਕੌਂਸਲਰ ਬਲਕਾਰ ਸਿੰਘ ਫੌਜੀ, ਮਨਜੀਤ ਸਿੰਘ ਬੇਦੀ, ਕੁਲਬੀਰ ਸਿੰਘ ਬੇਦੀ, ਸੋਨੂੰ ਬੇਦੀ, ਦੇਸ ਰਾਜ ਕਾਨੂੰਗੋ, ਸੰਨੀ ਬੇਦੀ, ਗੁਰਦੀਪ ਸਿੰਘ ਬੇਦੀ, ਸਰਬਜੀਤ ਸਿੰਘ ਮੋਹਨਾ, ਪਰਮਜੀਤ ਸਿੰਘ ਸਾਬੀ, ਸੰਤੋਖ ਸਿੰਘ ਪੱਪੀ, ਪਲਵਿੰਦਰ ਸਿੰਘ ਬਾਠਾਂਵਾਲ, ਰਿੰਕੂ ਲੰਬੜਦਾਰ, ਗੋਲਡੀ ਸਮੇਤ ਪਿੰਡ ਚੰਦੂ ਨੰਗਲ ਜੌੜੀਆਂ ਖੁਰਦ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ ।

## ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ ਅੱਜ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ 21 ਸਤੰਬਰ ਨੂੰ ਸਕੂਲ ਆਫ ਐਮੀਨੈਂਸ, ਪੱਟੀ ਵਿਖੇ ਡਰੋਨ ਸ਼ੋਅ ਕਰਵਾਇਆ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਰਾਹੁਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਾਮ ਸਮੇਂ ਹੋਣ ਵਾਲਾ ਇਹ ਡਰੋਨ ਸ਼ੋਅ ਵਿਲੱਖਣ ਅਨੁਭਵ ਹੋਵੇਗਾ, ਜੋ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫ਼ੇ ਅਤੇ ਸਿੱਖਿਆਵਾਂ ਦੀ ਬਾਕਮਾਲ ਪੇਸ਼ਕਾਰੀ ਕਰੇਗਾ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਕੂਲ ਆਫ ਐਮੀਨੈਂਸ ਦੀ ਗਰਾਊਂਡ ਵਿੱਚ ਸੰਗਤ ਦੇ ਬੈਠਣ ਅਤੇ ਚਾਹ-ਪਾਣੀ ਦੇ ਢੁੱਕਵੇਂ ਇੰਤਜ਼ਾਮ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਸ਼ਾਮ 6:30 ਵਜੇ ਤੋਂ ਸਮਾਗਮ ਸ਼ੁਰੂ ਹੋਵੇਗਾ, ਜਿਸ ਵਿਚ ਗੁਰਬਾਣੀ ਕੀਰਤਨ ਤੋਂ ਬਾਅਦ 8:00 ਵਜੇ ਡਰੋਨ ਸ਼ੋਅ ਹੋਵੇਗਾ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਰੋਨ ਸ਼ੋਅ ਦੌਰਾਨ ਇਕੋ ਸਮੇਂ 500 ਡਰੋਨ ਅਸਮਾਨ ਵਿਚ ਉੱਡਦੇ ਹੋਏ ਗੁਰੂ ਜੀ ਦੇ ਫ਼ਲਸਫ਼ੇ ਬਾਰੇ ਡਿਜੀਟਲ ਢੰਗ ਨਾਲ ਪੇਸ਼ਕਾਰੀ ਕਰਨਗੇ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਜਿਹੇ 92 ਡਰੋਨ ਸ਼ੋਅ ਸੂਬੇ ਭਰ ਵਿਚ ਕਰਵਾਏ ਜਾ ਰਹੇ ਹਨ।ਉਨ੍ਹਾਂ ਨੇ ਪੱਟੀ ਅਤੇ ਸਮੁੱਚੇ ਜ਼ਿਲ੍ਹਾ ਵਾਸੀਆਂ ਨੂੰ ਇਸ ਵਿਲੱਖਣ ਪੇਸ਼ਕਾਰੀ ਨੂੰ ਦੇਖਣ ਲਈ ਪਰਿਵਾਰਾਂ ਸਮੇਤ ਹੁੰਮ-ਹੁੰਮਾ ਕੇ ਪਹੁੰਚਣ ਦਾ ਸੱਦਾ ਦਿੱਤਾ ਤਾਂ ਜੋ ਗੁਰੂ ਜੀ ਦੇ ਜੀਵਨ ਅਤੇ ਫਲਸਫ਼ੇ ਤੋਂ ਪ੍ਰੇਰਣਾ ਲਈ ਜਾ ਸਕੇ।

## ਨਸ਼ਿਆਂ ਵਿਰੁੱਧ ਮੁਹਿੰਮ ਨੂੰ ਲੈ ਕੇ ਪੁਲਸ ਨੇ ਸਖ਼ਤ ਰਵੱਈਆ ਅਪਣਾਇਆ: ਡੀ ਐੱਸ ਪੀ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ): ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਡੀਐੱਸਪੀ ਮਜੀਠਾ ਕਮਲਮੀਤ ਸਿੰਘ ਨੇ ਹਲਕਾ ਮਜੀਠਾ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰੀ ਜਾਂ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਗਤੀਵਿਧੀਆਂ ਬਾਰੇ ਪੁਲਸ ਨੂੰ ਸੂਚਿਤ ਕਰਨ।ਉਨ੍ਹਾਂ ਕਿਹਾ ਕਿ ਸ਼ਰਾਰਤੀ ਅਨਸਰਾਂ, ਨਸ਼ਾ ਤਸਕਰਾਂ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਬਲਾਕ ਪ੍ਰਧਾਨ ਸਰਪੰਚ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਵੱਲੋਂ ਹਲਕੇ ਦੇ ਵਿਕਾਸ ਕਾਰਜਾਂ ਦੇ ਨਾਲ-ਨਾਲ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕੇ ਨੂੰ ਨਸ਼ਾ ਮੁਕਤ ਬਣਾਉਣ ਲਈ ਲੋਕਾਂ ਅਤੇ ਪ੍ਰਸ਼ਾਸਨ ਦੇ ਸਹਿਯੋਗ ਨਾਲ ਯਤਨ ਜਾਰੀ ਹਨ।ਇਸ ਮੌਕੇ ਕਰਨਦੀਪ ਸਿੰਘ ਚੇਅਰਮੈਨ ਤਲਵੰਡੀ, ਸਰਪੰਚ ਗੁਰਪਿੰਦਰ ਸਿੰਘ ਝੰਡੇ, ਸਿਕੰਦਰ ਸਿੰਘ ਖਿਦੋਵਾਲੀ, ਸਰਪੰਚ ਬਲਬੀਰ ਸਿੰਘ ਬੋਪਾਰਾਏ, ਸਰਪੰਚ ਜਗਦੀਸ਼ ਸਿੰਘ ਭੀਲੋਵਾਲ, ਸਰਪੰਚ ਮਨਦੀਪ ਸਿੰਘ ਤਨੇਲ ਅਤੇ ਪਰਗਟ ਸਿੰਘ ਸ਼ਹਿਜ਼ਾਦਾ ਸਮੇਤ ਹੋਰ ਆਗੂ ਤੇ ਪਤਵੰਤੇ ਹਾਜ਼ਰ ਸਨ।

## ਹਰਭਜਨ ਬਾਜਵਾ ਦੇ ਦਿਹਾਂਤ ਨਾਲ ਸਾਹਿਤ ਤੇ ਕਲਾ ਦੇ ਖੇਤਰ 'ਚ ਵੱਡਾ ਖਲਾਅ ਪੈਦਾ ਹੋਇਆ : ਯਾਦਵ, ਔਲਖ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸੰਸਾਰ ਪ੍ਰਸਿੱਧ ਚਿੱਤਰਕਾਰ ਸ: ਸੋਭਾ ਸਿੰਘ ਦੇ ਸ਼ਾਗਿਰਦ ਅਤੇ ਅੰਤਰਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਫ਼ੋਟੋ ਕਲਾਕਾਰ ਬਟਾਲਾ ਵਾਸੀ ਹਰਭਜਨ ਸਿੰਘ ਬਾਜਵਾ ਦੇ ਦਿਹਾਂਤ 'ਤੇ ਫੋਕਲੋਰ ਰਿਸਰਚ ਅਕਾਦਮੀ ਅੰਮ੍ਰਿਤਸਰ ਦੇ ਪ੍ਰਧਾਨ ਰਮੇਸ਼ ਯਾਦਵ, ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ, ਜ਼ਿਲ੍ਹਾ ਅੰਮ੍ਰਿਤਸਰ ਦੇ ਜਨਰਲ ਸਕੱਤਰ ਅਤੇ ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ਰਮੇਸ਼ ਯਾਦਵ ਅਤੇ ਧਰਵਿੰਦਰ ਸਿੰਘ ਔਲਖ ਨੇ ਕਿਹਾ ਕਿ ਹਰਭਜਨ ਸਿੰਘ ਬਾਜਵਾ ਦੇ ਦਿਹਾਂਤ ਨਾਲ ਕਸਾਹਿਤ ਅਤੇ ਕਲਾ ਦੇ ਖੇਤਰ ਵਿੱਚ ਇੱਕ ਵੱਡਾ ਖਲਾਅ ਪੈਦਾ ਹੋ ਗਿਆ ਹੈ, ਜਿਸ ਨੂੰ ਭਰਨਾ ਬਹੁਤ ਮੁਸ਼ਕਲ ਹੈ। ਉਨ੍ਹਾਂ ਕਿਹਾ ਕਿ ਬਾਬਾ ਬਾਜਵਾ ਇੱਕ ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਸਨ, ਜਿਨ੍ਹਾਂ ਨੇ ਆਪਣੀ ਕਲਾਤਮਕ ਪ੍ਰਤਿਭਾ, ਸਾਹਿਤਕ ਸੂਝ-ਬੂਝ ਅਤੇ ਸਿਰਜਣਾਤਮਕ ਸੋਚ ਰਾਹੀਂ ਪੰਜਾਬੀ ਸਾਹਿਤ ਅਤੇ ਕਲਾ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾਈ।ਉਨ੍ਹਾਂ ਕਿਹਾ ਕਿ ਹਰਭਜਨ ਸਿੰਘ ਬਾਜਵਾ ਨੇ ਪ੍ਰਸਿੱਧ ਚਿੱਤਰਕਾਰ ਸ: ਸੋਭਾ ਸਿੰਘ ਤੋਂ ਕਲਾ ਦੀਆਂ ਬਾਰੀਕੀਆਂ ਸਿੱਖੀਆਂ ਅਤੇ ਆਪਣੀ ਮਿਹਨਤ ਤੇ ਲਗਨ ਸਦਕਾ ਫ਼ੋਟੋਗ੍ਰਾਫ਼ੀ ਦੇ ਖੇਤਰ ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਨਾਮਣਾ ਖੱਟਿਆ। ਉਨ੍ਹਾਂ ਦੀ ਕਲਾ ਵਿੱਚ ਪੰਜਾਬ ਦੀ ਮਿੱਟੀ, ਸੱਭਿਆਚਾਰ, ਲੋਕ ਜੀਵਨ ਅਤੇ ਕੁਦਰਤ ਨਾਲ ਜੁੜੇ ਵਿਭਿੰਨ ਪੱਖਾਂ ਦੀ ਝਲਕ ਦਿਖਾਈ ਦਿੰਦੀ ਸੀ।ਉਹ ਆਪਣੀ ਕਲਾ ਰਾਹੀਂ ਸਮਾਜ ਅਤੇ ਸੱਭਿਆਚਾਰਕ ਵਿਰਸੇ ਨਾਲ ਲੋਕਾਂ ਨੂੰ ਜੋੜਨ ਦਾ ਕੰਮ ਕਰਦੇ ਰਹੇ।ਦੋਵਾਂ ਆਗੂਆਂ ਨੇ ਕਿਹਾ ਕਿ ਬਾਬਾ ਬਾਜਵਾ ਸਿਰਫ਼ ਇੱਕ ਪ੍ਰਸਿੱਧ ਫ਼ੋਟੋ ਕਲਾਕਾਰ ਹੀ ਨਹੀਂ ਸਨ, ਸਗੋਂ ਇੱਕ ਸੰਵੇਦਨਸ਼ੀਲ ਸ਼ਾਇਰ ਅਤੇ ਸਾਹਿਤ ਤੇ ਕਲਾ ਦੇ ਪ੍ਰੇਮੀ ਵੀ ਸਨ।ਰਮੇਸ਼ ਯਾਦਵ ਅਤੇ ਧਰਵਿੰਦਰ ਸਿੰਘ ਔਲਖ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।

## ਤਰਸਿੱਕਾ ਦੇ ਖੇਡ ਸਟੇਡੀਅਮ ਦਾ ਨਾਂਅ ਸੰਤ ਬਾਬਾ ਪ੍ਰੀਤਮ ਸਿੰਘ ਦੇ ਨਾਂਅ 'ਤੇ ਰੱਖਣ ਦਾ ਐਲਾਨ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀ ਛੇਵੀਂ ਬਰਸੀ ਸਬੰਧੀ ਵਿਸ਼ੇਸ਼ ਧਾਰਮਿਕ ਸਮਾਗਮ ਗੁਰਦੁਆਰਾ ਭਗਤਾਂ ਦਾ ਡੇਰਾ, ਤਰਸਿੱਕਾ ਵਿਖੇ ਪੂਰੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਗਿਆ।ਇਸ ਮੌਕੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸੰਤ ਬਾਬਾ ਪ੍ਰੀਤਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਲੋਕ ਈ. ਟੀ. ਓ. ਨੇ ਕਿਹਾ ਕਿ ਸੰਤ ਬਾਬਾ ਪ੍ਰੀਤਮ ਸਿੰਘ ਜੀ ਰੱਬੀ ਰੂਹ ਸਨ, ਜਿਨ੍ਹਾਂ ਨੇ ਆਪਣਾ ਜੀਵਨ ਲੋਕ ਸੇਵਾ ਅਤੇ ਧਾਰਮਿਕ ਕਾਰਜਾਂ ਨੂੰ ਸਮਰਪਿਤ ਕੀਤਾ।ਉਨ੍ਹਾਂ ਕਿਹਾ ਕਿ ਸੰਤ ਬਾਬਾ ਪ੍ਰੀਤਮ ਸਿੰਘ ਜੀ ਵੱਲੋਂ ਸੰਗਤ ਨੂੰ ਗੁਰੂ ਸ਼ਬਦ ਨਾਲ ਜੋੜਨ ਅਤੇ ਧਾਰਮਿਕ ਕਦਰਾਂ-ਕੀਮਤਾਂ ਨੂੰ ਪ੍ਰਫੁੱਲਤ ਕਰਨ ਲਈ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀ ਸਾਦਗੀ, ਸੇਵਾ ਭਾਵਨਾ ਅਤੇ ਲੋਕਾਂ ਨੂੰ ਸਹੀ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨ ਵਾਲੀ ਸੋਚ ਸਮਾਜ ਲਈ ਪ੍ਰੇਰਨਾ ਦਾ ਸਰੋਤ ਹੈ।ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਸੰਤਾਂ ਦੀਆਂ ਸਿੱਖਿਆਵਾਂ ਅਤੇ ਸੇਵਾ ਭਾਵਨਾ ਨੂੰ ਅੱਗੇ ਵਧਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ।ਇਸ ਉਪਰੰਤ ਲੋਕ ਨਿਰਮਾਣ ਮੰਤਰੀ ਨੇ ਤਰਸਿੱਕਾ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ 'ਤੇ ਪੰਜਾਬ ਸਰਕਾਰ ਵੱਲੋਂ ਕਰੀਬ 3 ਕਰੋੜ ਰੁਪਏ ਦੀ ਲਾਗਤ ਨਾਲ 8 ਏਕੜ ਰਕਬੇ ਵਿੱਚ ਬਣਾਏ ਜਾ ਰਹੇ ਖੇਡ ਸਟੇਡੀਅਮ ਦਾ ਨਿਰੀਖਣ ਕੀਤਾ।ਉਨ੍ਹਾਂ ਨੇ ਚੱਲ ਰਹੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਤੋਂ ਸਟੇਡੀਅਮ ਵਿੱਚ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਖੇਡ ਸਟੇਡੀਅਮ ਵਿੱਚ ਹਾਕੀ ਗਰਾਊਂਡ, 400 ਮੀਟਰ ਅਥਲੈਟਿਕ ਟਰੈਕ, ਸਕੇਟਿੰਗ ਗਰਾਊਂਡ, ਕਬੱਡੀ ਗਰਾਊਂਡ ਅਤੇ ਵਾਲੀਬਾਲ ਗਰਾਊਂਡ ਸਮੇਤ ਹੋਰ ਖੇਡ ਸਹੂਲਤਾਂ ਵਿਕਸਿਤ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਮੰਤਰੀ ਨੇ ਐਲਾਨ ਕੀਤਾ ਕਿ ਤਰਸਿੱਕਾ ਵਿਖੇ ਬਣ ਰਹੇ ਇਸ ਖੇਡ ਸਟੇਡੀਅਮ ਦਾ ਨਾਂਅ ਸੰਤ ਬਾਬਾ ਪ੍ਰੀਤਮ ਸਿੰਘ ਦੇ ਨਾਂਅ 'ਤੇ ਰੱਖਿਆ ਜਾਵੇਗਾ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਗੁਰਦੇਵ ਸਿੰਘ ਅਤੇ ਪ੍ਰਬੰਧਕਾਂ ਵੱਲੋਂ ਲੋਕ ਨਿਰਮਾਣ ਮੰਤਰੀ ਈ.ਟੀ.ਓ. ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ ਅਤੇ ਸੰਤ ਬਾਬਾ ਪ੍ਰੀਤਮ ਸਿੰਘ ਨੂੰ ਸ਼ਰਧਾ ਸਹਿਤ ਨਮਨ ਕੀਤਾ।

## 'ਪੱਗਾਂ ਵਾਲੇ ਸਾਈਕਲ ਸਵਾਰ' ਰੈਲੀ ਦਾ ਬਟਾਲਾ ਪਹੁੰਚਣ 'ਤੇ ਨਿੱਘਾ ਸਵਾਗਤ



ਬਟਾਲਾ, (ਤਰਲੋਕ ਬੱਗਾ)-ਤੇਜਿੰਦਰਪਾਲ ਸਿੰਘ ਸੰਧੂ, ਸਾਬਕਾ ਏ. ਡੀ. ਸੀ. ਗੁਰਦਾਸਪੁਰ ਦੀ ਅਗਵਾਈ ਵਿੱਚ ਸ੍ਰੀ ਅੰਮ੍ਰਿਤਸਰ ਤੋਂ ਬਟਾਲਾ ਪਹੁੰਚੀ 'ਪੱਗਾਂ ਵਾਲੇ ਸਾਈਕਲ ਸਵਾਰ' ਰੈਲੀ ਦਾ ਚੋਣ ਤਹਿਸੀਲਦਾਰ ਗੁਰਦਾਸਪੁਰ ਮਨਜਿੰਦਰ ਸਿੰਘ ਬਾਜਵਾ ਵੱਲੋਂ ਬਟਾਲਾ ਸ੍ਰੀ ਅੰਮ੍ਰਿਤਸਰ ਬਾਈਪਾਸ, ਜੀ ਸਟਾਰ ਹੋਟਲ ਵਿਖੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਏਡੀਸੀ (ਸੇਵਾਮੁਕਤ) ਤੇਜਿੰਦਰਪਾਲ ਸਿੰਘ ਸੰਧੂ ਨੇ ਦੱਸਿਆ ਕਿ ਉਹ ਅੱਜ ਸਵੇਰੇ ਕਰੀਬ 5.30 ਸ੍ਰੀ ਅੰਮ੍ਰਿਤਸਰ ਤੋਂ ਸਾਈਕਲ ਰਾਹੀਂ ਬਟਾਲੇ ਵਿਖੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੇ ਸਨ।ਉਨ੍ਹਾਂ ਦੱਸਿਆ ਕਿ ਆਪਣੇ ਸਾਥੀਆਂ ਨਾਲ ਪਹਿਲਾਂ ਵੀ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਕਰ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਸਾਈਕਲ ਰੈਲੀ ਨਾ ਸਿਰਫ਼ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਦੀ ਹੈ, ਸਗੋਂ ਵਾਤਾਵਰਣ ਦੀ ਸੁਰੱਖਿਆ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਵੀ ਦਿੰਦੀਆਂ ਹਨ।ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਵਧਦੀ ਹੈ ਅਤੇ ਸਮਾਜ ਵਿੱਚ ਸਕਾਰਾਤਮਕ ਸੋਚ ਨੂੰ ਬਲ ਮਿਲਦਾ ਹੈ।ਇਸ ਮੌਕੇ ਗੱਲ ਕਰਦਿਆਂ ਚੋਣ ਤਹਿਸੀਲਦਾਰ ਗੁਰਦਾਸਪੁਰ ਮਨਜਿੰਦਰ ਸਿੰਘ ਬਾਜਵਾ ਨੇ ਏਡੀਸੀ ਸੰਧੂ ਵਲੋਂ ਗੁਰਦਾਸਪੁਰ ਵਿਖੇ ਬਹੁਤ ਵਧੀਆ ਸੇਵਾਵਾਂ ਨਿਭਾਈਆਂ ਗਈਆਂ ਸਨ ਅਤੇ ਉਨ੍ਹਾਂ ਨੇ ਹਮੇਸ਼ਾ ਆਪਣੀ ਡਿਊਟੀ ਦੌਰਾਨ ਸਮਾਜ ਭਲਾਈ ਕਾਰਜਾਂ ਨੂੰ ਪਹਿਲ ਦਿੱਤੀ। ਉਨ੍ਹਾਂ ਏਡੀਸੀ ਸੰਧੂ ਅਤੇ ਉਨ੍ਹਾਂ ਦੀ ਪੂਰੀ ਟੀਮ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਦੀ ਚੰਗੀ ਸਿਹਤ ਅਤੇ ਅਜਿਹੇ ਸਾਰਥਕ ਉਪਰਾਲਿਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਰੈਲੀ ਵਿੱਚ ਸ਼ਾਮਲ ਸਾਈਕਲ ਸਵਾਰਾਂ ਨੇ ਦੱਸਿਆ ਕਿ ਉਨ੍ਹਾਂ ਦਾ ਉਦੇਸ਼ ਲੋਕਾਂ ਨੂੰ ਤੰਦਰੁਸਤ ਜੀਵਨ ਅਪਣਾਉਣ, ਪ੍ਰਦੂਸ਼ਣ ਘਟਾਉਣ ਅਤੇ ਸਾਈਕਲ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸਾਈਕਲਿੰਗ ਇੱਕ ਸਸਤਾ, ਸਿਹਤਮੰਦ ਅਤੇ ਵਾਤਾਵਰਣ ਪੱਖੀ ਸਾਧਨ ਹੈ, ਜਿਸ ਨੂੰ ਵੱਧ ਤੋਂ ਵੱਧ ਲੋਕਾਂ ਵੱਲੋਂ ਅਪਣਾਇਆ ਜਾਣਾ ਚਾਹੀਦਾ ਹੈ।

## 'ਨਥਿੰਗ ਸਮਾਲ ਅਬਾਊਟ ਅੱਸ' ਮੁਹਿੰਮ ਦੀ ਸ਼ੁਰੂਆਤ

'ਅੰਮ੍ਰਿਤਸਰ : ਉਜੀਵਨ ਸਮਾਲ ਫਾਇਨੈਂਸ ਬੈਂਕ ਲਿਮਿਟੇਡ (ਉਜੀਵਨ ਐੱਸਐੱਫਬੀ), ਜੋ 26 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ 800 ਤੋਂ ਵੱਧ ਬ੍ਰਾਂਚਾਂ ਰਾਹੀਂ 1 ਕਰੋੜ ਤੋਂ ਵੱਧ ਗਾਹਕਾਂ ਨੂੰ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ, ਨੇ ਆਪਣੀ ਨਵੀਂ ਬ੍ਰਾਂਡ ਮੁਹਿੰਮ 'ਨਥਿੰਗ ਸਮਾਲ ਐਬਾਊਟ ਅੱਸ' ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।ਇਸ ਮੁਹਿੰਮ ਵਿੱਚ ਪ੍ਰਸਿੱਧ ਅਦਾਕਾਰ ਅਤੇ ਪਦਮ ਸ਼੍ਰੀ ਐਵਾਰਡੀ ਆਰ. ਮਾਧਵਨ ਨੂੰ ਇਸ ਦਾ ਬ੍ਰਾਂਡ ਅੰਬੈਸਡਰ ਬਣਾਇਆ ਗਿਆ ਹੈ।ਇਹ ਮੁਹਿੰਮ ਗਾਹਕਾਂ ਦੀ ਇੱਕ ਅਹਿਮ ਧਾਰਨਾ 'ਤੇ ਆਧਾਰਿਤ ਹੈ। 'ਨਥਿੰਗ ਸਮਾਲ ਐਬਾਊਟ ਅੱਸ' ਮੁਹਿੰਮ ਦਾ ਉਦੇਸ਼ ਅੱਜ ਦੇ ਉਜੀਵਨ ਸਮਾਲ ਫਾਇਨੈਂਸ ਬੈਂਕ ਨੂੰ ਪੇਸ਼ ਕਰਕੇ ਇਸ ਧਾਰਨਾ ਨੂੰ ਦੂਰ ਕਰਨਾ ਹੈ।ਉਜੀਵਨ ਸੇਵਿੰਗਜ਼, ਡਿਪਾਜ਼ਿਟ, ਲੈਂਡਿੰਗ ਅਤੇ ਬਿਜ਼ਨਸ ਬੈਂਕਿੰਗ, ਫਾਰੈਕਸ ਅਤੇ ਐੱਨਆਰਆਈ ਸੇਵਾਵਾਂ ਦੇ ਨਾਲ-ਨਾਲ ਇਨਵੈਸਟਮੈਂਟ ਅਤੇ ਵੈਲਥ ਸਲਿਊਸ਼ਨਜ਼ ਸਮੇਤ ਬੈਂਕਿੰਗ ਹੱਲਾਂ ਦੀ ਇੱਕ ਵਿਆਪਕ ਰੇਂਜ ਮੁਹੱਈਆ ਕਰਦਾ ਹੈ।ਇਸ ਦੀਆਂ ਕਰਜ਼ਾ ਸੇਵਾਵਾਂ 6,000 ਰੁਪਏ ਤੋਂ ਲੈ ਕੇ 250 ਕਰੋੜ ਰੁਪਏ ਤੱਕ ਹਨ, ਜੋ ਵੱਖ-ਵੱਖ ਵਿੱਤੀ ਜ਼ਰੂਰਤਾਂ ਵਾਲੇ ਗਾਹਕਾਂ ਦੀਆਂ ਲੋੜਾਂ ਪੂਰੀਆਂ ਕਰਦੀਆਂ ਹਨ।

## ਬਾਬਾ ਸ੍ਰੀ ਚੰਦ ਦੇ ਜਨਮ ਦਿਹਾੜੇ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਮਾਣ-ਸਨਮਾਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀਚੰਦ ਜੀ ਦਾ ਜਨਮ ਦਿਹਾੜਾ ਪਿੰਡ ਚੰਦੂ ਨੰਗਲ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ (ਜੁਗਨੂੰ) ਵੱਲੋਂ ਸ਼ਹਿਰ ਦੇ ਬੇਦੀ ਪਰਿਵਾਰਾਂ ਦੇ ਸਹਿਯੋਗ ਨਾਲ ਸੰਗਤਾਂ ਲਈ ਲੰਗਰ ਭੰਡਾਰਾ ਲਾਇਆ ਗਿਆ ।ਇਸ ਮੌਕੇ ਕੁਲਵਿੰਦਰ ਸਿੰਘ ਜੁਗਨੂੰ ਵੱਲੋਂ ਸੰਗਤਾਂ ਨੂੰ ਭਗਵਾਨ ਬਾਬਾ ਸ਼੍ਰੀ ਚੰਦ ਦੇ ਜਨਮ ਦਿਹਾੜੇ ਦੀ ਵਧਾਈ ਦੇਣ ਉਪਰੰਤ ਬਾਬਾ ਸ਼੍ਰੀ ਚੰਦ ਦੇ ਜਨਮ ਦਿਹਾੜੇ ਮੌਕੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਜਿਸ ਵਿੱਚ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਐੱਨ. ਆਰ. ਆਈ. ਬਾਬਾ ਰਜਿੰਦਰ ਸਿੰਘ ਬੇਦੀ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਚੇਅਰਮੈਨ ਰੇਸ਼ਮ ਸਿੰਘ ਪੱਡਾ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਬਲਕਾਰ ਸਿੰਘ ਫੌਜੀ, ਸੰਮਤੀ ਮੈਂਬਰ ਬਲਵਿੰਦਰ ਸਿੰਘ ਗੋਰਾਇਆ, ਪ੍ਰਿੰਸੀਪਲ ਹਰਜੀਤ ਸਿੰਘ ਬੇਦੀ, ਸਰਬਜੀਤ ਸਿੰਘ ਬੇਦੀ, ਡਾਕਟਰ ਗੁਰਦੇਵ ਸਿੰਘ, ਸੁਰਿੰਦਰ ਸਿੰਘ ਰਿੰਪਲ, ਦੇਸ ਰਾਜ ਕਾਨੂੰਗੋ, ਪੱਤਰਕਾਰ ਰਮੇਸ਼ ਸ਼ਰਮਾ, ਚਰਨਜੀਤ ਸਿੰਘ ਬੇਦੀ, ਕਰਨੈਲ ਸਿੰਘ ਦਾਉਦੀਆਂ, ਕੁਲਬੀਰ ਸਿੰਘ ਬੇਦੀ ਆਦਿ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਉ ਸਾਹਿਬ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪਿਆਰਾ ਸਿੰਘ ਮਕੈਨਿਕ, ਕਿੱਟੂ ਮਹਿਰਾ ਤੇ ਇਲਾਵਾ ਪਿੰਡ ਚੰਦੂ ਨੰਗਲ-ਜੌੜੀਆਂ ਖੁਰਦ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ ।

## 79ਵੇਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਦਾ ਮੰਗਲਮਈ ਆਗਾਜ਼




ਸਰਾਏ ਅਮਾਨਤ ਖਾਂ/ਸਮਾਲਖਾ, (ਮੱਖਣ ਮਨੋਜ)-ਵਿਭਿੰਨਤਾਵਾਂ ਨਾਲ ਸਜੇ ਇਸ ਸੰਸਾਰ ਵਿੱਚ ਸਾਡੇ ਰੂਪ, ਭਾਸ਼ਾਵਾਂ ਅਤੇ ਜੀਵਨ-ਸ਼ੈਲੀਆਂ ਭਾਵੇਂ ਵੱਖ-ਵੱਖ ਹੋਣ, ਪਰ ਇਨ੍ਹਾਂ ਬਾਹਰੀ ਭਿੰਨਤਾਵਾਂ ਪਿੱਛੇ ਵੱਸਣ ਵਾਲੀ ਚੇਤਨਾ ਇੱਕੋ ਹੀ ਹੈ।ਅਸੀਂ ਸਾਰੇ ਇੱਕੋ ਪਰਮਾਤਮਾ ਦੀ ਸੰਤਾਨ ਹਾਂ, ਜਿਨ੍ਹਾਂ ਨੂੰ ਸਤਿਗੁਰੂ ਨੇ ਪਿਆਰ ਦੇ ਅਦਿੱਖ ਧਾਗੇ ਵਿੱਚ ਬੰਨ੍ਹ ਕੇ ਮਾਨਵਤਾ ਨੂੰ ਏਕਤਾ ਦਾ ਸੰਦੇਸ਼ ਦਿੱਤਾ ਹੈ।ਸੰਤ ਨਿਰੰਕਾਰੀ ਮਿਸ਼ਨ ਇਸੇ ਭਾਵਨਾ ਨੂੰ 'ਵਸੁਧੈਵ ਕੁਟੁੰਬਕਮ'- 'ਸਮੁੱਚਾ ਸੰਸਾਰ ਇੱਕ ਪਰਿਵਾਰ' ਦੇ ਰੂਪ ਵਿੱਚ ਜੀਵੰਤ ਕਰ ਰਿਹਾ ਹੈ, ਜਿੱਥੇ ਪਿਆਰ ਕੇਵਲ ਵਿਚਾਰ ਨਹੀਂ, ਸਗੋਂ ਜੀਵਨ ਜਿਊਣ ਦੀ ਸ਼ੈਲੀ ਨੂੰ ਦਰਸਾਉਂਦਾ ਹੈ।79ਵਾਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਪਰਮ ਸ਼ਰਧੇਯ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੀ ਪਾਵਨ ਹਜ਼ੂਰੀ ਵਿੱਚ 23 ਤੋਂ 26 ਅਕਤੂਬਰ ਤੱਕ ਸੰਤ ਨਿਰੰਕਾਰੀ ਅਧਿਆਤਮਿਕ ਸਥਲ, ਸਮਾਲਖਾ, ਹਰਿਆਣਾ ਵਿਖੇ ਸ਼ਰਧਾ ਅਤੇ ਪਿਆਰ ਨਾਲ ਕਰਵਾਇਆ ਜਾਵੇਗਾ, ਜਿਸ ਵਿੱਚ ਆਤਮਿਕ ਚੇਤਨਾ ਅਤੇ ਮਾਨਵ-ਏਕਤਾ ਦੇ ਸੰਦੇਸ਼ ਨੂੰ ਹਿਰਦੇ ਵਿੱਚ ਸਾਂਭੀ ਦੇਸ਼-ਵਿਦੇਸ਼ ਤੋਂ ਲੱਖਾਂ ਸ਼ਰਧਾਲੂ ਭਗਤ ਸ਼ਾਮਲ ਹੋਣਗੇ।ਸਤਿਗੁਰੂ ਦੇ ਦਿਵਯ ਦਰਸ਼ਨਾਂ ਅਤੇ ਪਾਵਨ ਪ੍ਰਵਚਨਾਂ ਤੋਂ ਸ਼ਰਧਾਲੂ ਆਤਮਿਕ ਸ਼ਾਂਤੀ ਪ੍ਰਾਪਤ ਕਰਦੇ ਹੋਏ ਆਪਣੇ ਜੀਵਨ ਵਿੱਚ ਪਿਆਰ, ਸੇਵਾ, ਕਰੁਣਾ ਅਤੇ ਮਾਨਵਤਾ ਦੇ ਭਾਵ ਨੂੰ ਅਪਣਾਉਣ ਦੀ ਪ੍ਰੇਰਨਾ ਪ੍ਰਾਪਤ ਕਰਨਗੇ।ਸਮਾਗਮ ਦੀਆਂ ਸੇਵਾਵਾਂ ਦਾ ਸ਼ੁਭ-ਆਰੰਭ ਅੱਜ ਸ਼ਰਧਾ, ਸਮਰਪਣ ਅਤੇ ਸੇਵਾ-ਭਾਵ ਨਾਲ ਭਰਪੂਰ ਮਾਹੌਲ ਵਿੱਚ ਹੋਇਆ।ਨਿਰੰਕਾਰੀ ਰਾਜਪਿਤਾ ਰਮਿਤ ਜੀ ਦੇ ਪਾਵਨ ਕਰ-ਕਮਲਾਂ ਨਾਲ ਸੇਵਾ ਸਥਲ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਮਿਸ਼ਨ ਦੀ ਕਾਰਜਕਾਰਨੀ ਕਮੇਟੀ, ਕੇਂਦਰੀ ਸੇਵਾਦਲ ਦੇ ਅਧਿਕਾਰੀ ਅਤੇ ਹਜ਼ਾਰਾਂ ਸ਼ਰਧਾਲੂ ਭਗਤਾਂ ਨੇ ਪਿਆਰ ਅਤੇ ਨਿਸ਼ਠਾ ਨਾਲ ਸੇਵਾ ਵਿੱਚ ਹਿੱਸਾ ਲਿਆ।ਸੰਤ ਨਿਰੰਕਾਰੀ ਮੰਡਲ ਦੀ ਪ੍ਰਧਾਨ ਰਾਜਕੁਮਾਰੀ ਅਤੇ ਸੰਤ ਨਿਰੰਕਾਰੀ ਮੰਡਲ ਦੇ ਸਕੱਤਰ ਜੋਗਿੰਦਰ ਸੁਖੀਜਾ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਨਿਰੰਕਾਰੀ ਰਾਜਪਿਤਾ ਸਵਾਗਤ ਕੀਤਾ।

## ਗਰਿੱਪ ਐਂਡ ਗੇਨ ਦੇ ਨਕਸ਼ ਪਰਾਸ਼ਰ ਨੇ ਜਿੱਤਿਆ ਗੋਲਡ ਮੈਡਲ




**ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)** : ਬੀਤੇ ਦਿਨੀਂ ਪਠਾਨਕੋਟ ਵਿੱਚ ਹੋਈਆਂ ਸਬ-ਜੂਨੀਅਰ ਸਕੂਲ ਰਾਜ ਖੇਡਾਂ ਵਿਚ ਗਰਿੱਪ ਐਂਡ ਗੇਨ ਫਿਟਨੈੱਸ ਸੈਂਟਰ, ਮੋਹਨੀ ਪਾਰਕ ਦੇ ਖਿਡਾਰੀ ਨਕਸ਼ ਪਰਾਸ਼ਰ ਨੇ ਜੂਡੋ ਦੇ ਅੰਡਰ-14 ਗਰੁੱਪ ਵਿਚ 50 ਕਿਲੋਗ੍ਰਾਮ ਪਲੱਸ ਭਾਰ ਵਰਗ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ ਹੈ। ਗਰਿਪ ਐਂਡ ਗੇਨ ਫਿਟਨੈੱਸ ਸੈਂਟਰ ਦੇ ਕੋਚ ਕਰਮਜੀਤ ਸਿੰਘ ਨੇ ਦੱਸਿਆ ਕਿ ਨਕਸ਼ ਪਰਾਸ਼ਰ ਖ਼ਾਲਸਾ ਕਾਲਜ ਪਬਲਿਕ ਸਕੂਲ, ਅੰਮ੍ਰਿਤਸਰ ਦਾ 7ਵੀਂ ਜਮਾਤ ਦਾ ਵਿਦਿਆਰਥੀ ਹੈ। ਉਨ੍ਹਾਂ ਦੱਸਿਆ ਕਿ ਉਸ ਨੇ ਪਿਛਲੇ ਸਾਲ ਤੋਂ ਉਨ੍ਹਾਂ ਕੋਲੋਂ ਜੂਡੋ ਦਾ ਅਭਿਆਸ ਕਰਨਾ ਸ਼ੁਰੂ ਕੀਤਾ ਸੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਕੋਲੋਂ ਅਭਿਆਸ ਕਰਨ ਵਾਲੇ ਬਹੁਤ ਸਾਰੇ ਖਿਡਾਰੀ ਕੌਮਾਂਤਰੀ ਤੇ ਕੌਮੀ ਪੱਧਰ 'ਤੇ ਖੇਡ ਚੁੱਕੇ ਹਨ। ਉਨ੍ਹਾਂ ਦੇ ਸੈਂਟਰ ਦੇ ਹੀ ਹਰਸ਼ ਸ਼ਰਮਾ ਨੇ ਬੀਤੀ ਜੁਲਾਈ ਵਿਚ ਕੈਡਿਟ ਐਂਡ ਜੂਨੀਅਰ ਏਸ਼ੀਅਨ ਜੂਡੋ ਚੈਂਪੀਅਨਸ਼ਿਪ ਦੌਰਾਨ ਜੂਨੀਅਰ ਵਰਗ ਦੇ 100 ਕਿਲੋਗ੍ਰਾਮ ਭਾਰ ਵਰਗ ਵਿਚ ਕਾਂਸੀ ਦਾ ਤਮਗਾ ਜਿੱਤਿਆ ਸੀ।

ਭਾਜਪਾ ਸਪੋਰਟਸ ਸੈੱਲ ਪੰਜਾਬ ਦੇ ਕੋ-ਕਨਵੀਨਰ ਅਰੁਣ ਭੱਲਾ, ਜੂਡੋ ਐਸੋਸੀਏਸ਼ਨ ਅੰਮ੍ਰਿਤਸਰ ਦੇ ਪ੍ਰਧਾਨ ਤੇ ਕੌਮਾਂਤਰੀ ਖਿਡਾਰੀ ਇੰਸਪੈਕਟਰ ਹਰਜਿੰਦਰ ਸਿੰਘ ਬਿਜਲੀ ਅਤੇ ਜਨਰਲ ਸਕੱਤਰ ਇੰਸਪੈਕਟਰ ਪਰਮਜੀਤ ਸਿੰਘ ਨੇ ਇਸ ਪ੍ਰਾਪਤ 'ਤੇ ਨਕਸ਼ ਪਰਾਸ਼ਰ ਤੇ ਕੋਚ ਕਰਮਜੀਤ ਸਿੰਘ ਨੂੰ ਵਧਾਈ ਦਿੱਤੀ ਹੈ।

## ਪੋਕਸੋ ਐਕਟ-2012 ਸਬੰਧੀ ਜਾਗਰੂਕਤਾ ਪ੍ਰੋਗਰਾਮ ਆਯੋਜਿਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਪਲਸਾ, ਐੱਸ.ਏ.ਐੱਸ. ਨਗਰ ਦੇ ਮਾਣਯੋਗ ਮੈਂਬਰ ਸਕੱਤਰ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ ਹੇਠ ਅਤੇ ਜਤਿੰਦਰ ਕੌਰ, ਮਾਣਯੋਗ ਸੈਸ਼ਨ ਜੱਜ, ਅੰਮ੍ਰਿਤਸਰ ਦੀ ਸਰਪ੍ਰਸਤੀ ਹੇਠ, ਬੱਚਿਆਂ ਨੂੰ ਜਿਨਸੀ ਅਪਰਾਧਾਂ ਤੋਂ ਸੁਰੱਖਿਆ ਐਕਟ, 2012 ਦੇ ਉਪਬੰਧਾਂ ਸਬੰਧੀ ਇੱਕ ਜਾਗਰੂਕਤਾ ਪ੍ਰੋਗਰਾਮ ਸਪ੍ਰਿੰਗ ਬਲੌਸਮਜ਼ ਸਕੂਲ, ਅੰਮ੍ਰਿਤਸਰ ਵਿਖੇ ਆਯੋਜਿਤ ਕੀਤਾ ਗਿਆ। ਸੈਮੀਨਾਰ ਦੀ ਪ੍ਰਧਾਨਗੀ ਅਮਰਦੀਪ ਸਿੰਘ ਬੈਂਸ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਕੀਤੀ ਗਈ।

ਉਨ੍ਹਾਂ ਨੇ ਭਾਗੀਦਾਰਾਂ ਨੂੰ ਸੰਬੋਧਨ ਕਰਦਿਆਂ ਪੋਕਸੋ ਐਕਟ ਦੇ ਉਪਬੰਧਾਂ, ਬੱਚਿਆਂ ਦੇ ਅਧਿਕਾਰਾਂ ਅਤੇ ਸੁਰੱਖਿਆ ਅਤੇ ਉਨ੍ਹਾਂ ਦੀ ਰੱਖਿਆ ਲਈ ਉਪਲਬਧ ਕਾਨੂੰਨੀ ਸੁਰੱਖਿਆ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ ਅਤੇ ਹਾਜ਼ਰੀਨ ਨੂੰ ਜਾਗਰੂਕ ਕੀਤਾ। ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਵਿੱਚ ਬੱਚਿਆਂ ਦੇ ਅਧਿਕਾਰਾਂ, ਨਿੱਜੀ ਸੁਰੱਖਿਆ, ਬੱਚਿਆਂ ਵਿਰੁੱਧ ਜਿਨਸੀ ਅਪਰਾਧਾਂ ਦੀ ਰੋਕਥਾਮ ਅਤੇ ਕਿਸੇ ਵੀ ਦੁਰਵਿਵਹਾਰ ਦੀ ਘਟਨਾ ਨੂੰ ਤੁਰੰਤ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।

ਇਸ ਜਾਗਰੂਕਤਾ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਸਮੇਤ ਲਗਭਗ 500 ਭਾਗੀਦਾਰਾਂ ਨੇ ਸਰਗਰਮੀ ਨਾਲ ਭਾਗ ਲਿਆ। ਭਾਗੀਦਾਰਾਂ ਦੀ ਉਤਸ਼ਾਹਪੂਰਵਕ ਸ਼ਮੂਲੀਅਤ ਨੇ ਬੱਚਿਆਂ ਅਤੇ ਸਕੂਲੀ ਭਾਈਚਾਰੇ ਵਿੱਚ ਬੱਚਿਆਂ ਦੀ ਸੁਰੱਖਿਆ, ਕਾਨੂੰਨੀ ਅਧਿਕਾਰਾਂ ਅਤੇ ਉਨ੍ਹਾਂ ਦੀ ਰੱਖਿਆ ਸਬੰਧੀ ਵਧੇਰੇ ਜਾਗਰੂਕਤਾ ਪੈਦਾ ਕਰਨ ਦੀ ਮਹੱਤਤਾ ਨੂੰ ਦਰਸਾਇਆ।

## 20ਵੇਂ ਰੁਜ਼ਗਾਰ ਮੇਲੇ ਰਾਹੀਂ ਦੇਸ਼ ਭਰ ਦੇ 51 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਮਿਲੇ : ਚੁੱਘ



ਛੇਹਰਟਾ, (ਮਨੋਜ ਕੁਮਾਰ) : ਭਾਜਪਾ ਦੇ ਰਾਸ਼ਟਰੀ ਮੁੱਖ ਦਫ਼ਤਰ ਦੇ ਇੰਚਾਰਜ ਤੇ ਸੰਸਦ ਮੈਂਬਰ ਤਰੁਣ ਚੁੱਘ ਨੇ 20ਵੇਂ ਰੁਜ਼ਗਾਰ ਮੇਲੇ ਰਾਹੀਂ ਦੇਸ਼ ਭਰ ਦੇ 51 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਪ੍ਰਦਾਨ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਧੰਨਵਾਦ ਕੀਤਾ ਹੈ। ਅੰਮ੍ਰਿਤਸਰ ਵਿੱਚ ਇਕ ਰੁਜ਼ਗਾਰ ਮੇਲਾ ਵੀ ਲਗਾਇਆ ਗਿਆ, ਜਿੱਥੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਸੇਵਾਵਾਂ ਲਈ ਚੁਣੇ ਗਏ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ। ਤਰੁਣ ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਰੁਜ਼ਗਾਰ ਮੇਲਾ ਨੌਜਵਾਨਾਂ ਦੇ ਸੁਪਨਿਆਂ ਨੂੰ ਨਵੀਂ ਦਿਸ਼ਾ ਦੇਣ ਵਾਲੀ ਮਹੱਤਵਪੂਰਨ ਮੁਹਿੰਮ ਬਣ ਗਿਆ ਹੈ। 20ਵੇਂ ਸਾਲਾਨਾ ਨੌਕਰੀ ਮੇਲੇ ਵਿਚ ਦੇਸ਼ ਭਰ ਵਿਚ 45 ਥਾਵਾਂ 'ਤੇ 51,000 ਤੋਂ ਵੱਧ ਨੌਜਵਾਨਾਂ ਨੂੰ ਇਕੋ ਸਮੇਂ ਨਿਯੁਕਤੀ ਪੱਤਰ ਵੰਡੇ ਗਏ। ਇਸ ਨਾਲ ਨੌਕਰੀ ਮੇਲਿਆਂ ਰਾਹੀਂ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਨੌਜਵਾਨਾਂ ਦੀ ਕੁੱਲ ਗਿਣਤੀ 1.275 ਮਿਲੀਅਨ ਹੋ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਅੰਮ੍ਰਿਤਸਰ ਨੌਕਰੀ ਮੇਲੇ ਨੇ ਪੰਜਾਬ ਦੇ ਨੌਜਵਾਨਾਂ ਨੂੰ ਵੱਖ-ਵੱਖ ਕੇਂਦਰੀ ਸਰਕਾਰੀ ਸੇਵਾਵਾਂ ਵਿੱਚ ਯੋਗਦਾਨ ਪਾਉਣ ਦਾ ਮੌਕਾ ਪ੍ਰਦਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਨੌਜਵਾਨ 2047 ਵਿੱਚ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵਿਚ ਫੈਸਲਾਕੁੰਨ ਭੂਮਿਕਾ ਨਿਭਾਉਣਗੇ।

## ਗਣੇਸ਼ ਮੂਰਤੀ ਵਿਸਰਜਨ ਲਈ ਸ਼ੋਭਾ ਯਾਤਰਾ ਸਜਾਈ



ਬਟਾਲਾ (ਤਰਲੋਕ ਬੱਗਾ)-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਗਣੇਸ਼ ਚਤੁਰਥੀ ਦੇ ਮੌਕੇ ਦਿ ਸਭਾ ਮੰਦਿਰ ਸਿੱਧ ਬਾਬਾ ਬਾਲਕ ਨਾਥ ਤੇ ਦੁਰਗਾ ਮਾਤਾ ਰਜਿ : 764 ਲੱਕੜ ਮੰਡੀ ਬਟਾਲਾ ਵਲੋਂ ਗੱਦੀਨਸ਼ੀਨ ਭਗਤ ਕੁਨਾਲ ਦੀ ਰਹਿਨੁਮਾਈ ਹੇਠ ਭਗਵਾਨ ਸ੍ਰੀ ਗਣੇਸ਼ ਮਹਾਰਾਜ ਜੀ ਦੀ ਮੂਰਤੀ ਵਿਸਰਜਨ ਕਰਨ ਲਈ ਸ਼ੋਭਾ ਯਾਤਰਾ ਬੈਂਡ ਵਾਜਿਆਂ ਨਾਲ ਬੜੀ ਧੂਮਧਾਮ ਨਾਲ ਕੱਢੀ ਗਈ ਜੋ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿਚੋਂ ਹੁੰਦੀ ਹੋਈ ਬਿਆਸ ਨੂੰ ਰਵਾਨਾ ਹੋਈ ਜਿੱਥੇ ਇਸ ਮੂਰਤੀ ਦਾ ਦਰਿਆ ਬਿਆਸ ਵਿੱਚ ਵਿਸਰਜਨ ਕੀਤਾ ਜਾਵੇਗਾ। ਵਰਣਨਯੋਗ ਹੈ ਕਿ ਹਰ ਸਾਲ ਸ੍ਰੀ ਗਣੇਸ਼ ਚਤੁਰਥੀ ਦੇ ਮੌਕੇ ਦੀ ਸਭਾ ਮੰਦਿਰ ਸਿੱਧ ਬਾਬਾ ਬਾਲਕ ਨਾਥ ਤੇ ਦੁਰਗਾ ਮਾਤਾ ਰਜ਼ਿ 764 ਲੱਕੜ ਮੰਡੀ ਬਟਾਲਾ ਵੱਲੋਂ ਇਕ ਹਫ਼ਤਾ ਪਹਿਲਾਂ ਮੂਰਤੀ ਸਥਾਪਨਾ ਅਤੇ ਪੂਜਾ ਕੀਤੀ ਜਾਂਦੀ ਹੈ। ਫਿਰ ਦਰਿਆ ਬਿਆਸ ਵਿਖੇ ਵਿਸਰਜਨ ਕੀਤਾ ਜਾਂਦਾ ਹੈ। ਇਸ ਮੌਕੇ ਗਦੀਨਸ਼ੀਨ ਭਗਤ ਕੁਨਾਲ, ਨੇਕੀ ਰਾਮ ਭਾਰਦਵਾਜ, ਰਾਕੇਸ਼ ਆਨੰਦ, ਗੋਪਾ ਤ੍ਰੇਹਨ ਆਦਿ ਬਹੁਤ ਸਾਰੇ ਸ਼ਰਧਾਲੂ ਹਾਜ਼ਰ ਸਨ।

## ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਨੂੰ ਮੈਨੇਜਰ ਧਾਰੋਵਾਲੀ ਨੇ ਕੀਤਾ ਸਨਮਾਨਿਤ



ਧਾਰੀਵਾਲ, (ਮਨਦੀਪ ਵਿੱਕੀ)-ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਜਗਤ ਮਾਤਾ ਸੁਲੱਖਣੀ ਜੀ ਦਾ 539ਵਾਂ ਵਿਆਹ ਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਇਤਿਹਾਸਿਕ ਗੁਰਦੁਆਰਾ ਸ੍ਰੀ ਕੰਧ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਬਹੁਤ ਹੀ ਸ਼ਰਧਾ ਸਤਿਕਾਰ ਤੇ ਖ਼ਾਲਸਾਈ ਰਵਾਇਤ ਨਾਲ ਮਨਾਇਆ ਗਿਆ।ਵਿਆਹ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ 2 ਦਿਨ ਦਾ ਮਹਾਨ ਨਗਰ ਕੀਰਤਨ ਸਜਾਇਆ ਗਿਆ ਅਤੇ ਵਿਆਹ ਪੁਰਬ ਵਾਲੇ ਦਿਨ ਗੁਰੂ ਸਾਹਿਬ ਜੀ ਦੇ ਸਹੁਰਾ ਘਰ ਇਤਿਹਾਸਕ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਤੋਂ ਮਹਾਨ ਨਗਰ ਕੀਰਤਨ ਸਜਾਇਆ ਗਿਆ।ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਵੱਖ ਵੱਖ 2 ਨਗਰ ਕੀਰਤਨ ਅਤੇ ਗੁਰਦੁਆਰਾ ਸਾਹਿਬਾਨ ਵਿਖੇ ਮਨਾਏ ਗਏ ਵਿਆਹ ਪੁਰਬ ਸਮਾਗਮਾਂ ਵਿੱਚ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿਨ ਰਾਤ ਇੱਕ ਕਰ ਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ, ਸਤਬੀਰ ਸਿੰਘ ਧਾਮੀ ਓ ਐੱਸ ਡੀ ਸ਼੍ਰੋਮਣੀ ਕਮੇਟੀ, ਬਲਵਿੰਦਰ ਸਿੰਘ ਕਾਹਲਵਾਂ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਪੁਲਸ ਪ੍ਰਸ਼ਾਸਨ, ਸਿਵਲ ਪ੍ਰਸ਼ਾਸਨ, ਪੰਜਾਬ ਸਰਕਾਰ, ਹਲਕਾ ਵਿਧਾਇਕ ਅਮਨਸ਼ੇਰ ਸਿੰਘ ਕਲਸੀ, ਸੇਵਾ ਸਭਾ ਸੁਸਾਇਟੀਆ, ਅਦਿਤਿਆ ਉੱਪਲ ਡੀਸੀ ਗੁਰਦਾਸਪੁਰ, ਡਾਕਟਰ ਮਹਿਤਾਬ ਸਿੰਘ ਐੱਸ ਐੱਸ ਪੀ ਬਟਾਲਾ, ਸਾਰੰਗਪ੍ਰੀਤ ਸਿੰਘ ਐਸ ਡੀ ਐਮ, ਗੁਰਸਿਮਰਨ ਸਿੰਘ ਢਿੱਲੋਂ ਕਮਿਸ਼ਨਰ ਨਗਰ ਨਿਗਮ, ਭੁਪਿੰਦਰ ਸਿੰਘ ਬਾਜਵਾ ਮੇਅਰ ਨਗਰ ਨਿਗਮ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਨਿਹੰਗ ਸਿੰਘ ਜਥੇਬੰਦੀਆਂ, ਸੰਤ ਮਹਾਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਵਿਆਹ ਪੁਰਬ ਸ਼ਾਨੋ ਸ਼ੌਕਤ ਨਾਲ ਵਿਆਹ ਪੁਰਬ ਦੀ ਸੰਪੂਰਨਤਾ ਲਈ ਜਗਦੀਪ ਸਿੰਘ ਧਾਰੋਵਾਲੀ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ, ਸਤਿਕਰਤਾਰੀਆਂ ਸਾਹਿਬ ਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਿਰੋਪਾਓ ਤੇ ਤਸਵੀਰ ਦੇ ਕੇ ਸਨਮਾਨਿਤ ਕੀਤਾ।

## ਉੱਤਰ-ਪੱਛਮੀ ਭਾਰਤ ਅੱਤ ਦੀ ਗਰਮੀ ਦਾ ਕੇਂਦਰ, ਪੰਜਾਬ ਤੇ ਹਰਿਆਣਾ ਵੀ ਪ੍ਰਭਾਵਤ

**ਚੰਡੀਗੜ੍ਹ** : ਸਾਲ 1971 ਤੋਂ 2022 ਤੱਕ ਦੇ ਮੌਸਮੀ ਅੰਕੜਿਆਂ 'ਤੇ ਆਧਾਰਿਤ ਨਵੇਂ ਅਧਿਐਨ ਵਿੱਚ ਉੱਤਰ-ਪੱਛਮੀ ਭਾਰਤ ਨੂੰ ਦੇਸ਼ ਦਾ ਸਭ ਤੋਂ ਵੱਧ ਗਰਮੀ ਪ੍ਰਭਾਵਿਤ ਖੇਤਰ ਦੱਸਿਆ ਗਿਆ ਹੈ।ਪੰਜਾਬ, ਹਰਿਆਣਾ, ਰਾਜਸਥਾਨ, ਦਿੱਲੀ ਅਤੇ ਪੱਛਮੀ ਉੱਤਰ ਪ੍ਰਦੇਸ਼ ਵਿੱਚ ਦਿਨ ਦੇ ਤਾਪਮਾਨ, ਹੁੰਮਸ ਅਤੇ ਲੂ ਦੀ ਗੰਭੀਰਤਾ ਵਿੱਚ ਤੇਜ਼ ਵਾਧਾ ਦਰਜ ਕੀਤਾ ਗਿਆ।ਲੂ ਦੀ ਗੰਭੀਰਤਾ ਇਸ ਖੇਤਰ ਵਿੱਚ ਦੇਸ਼ ਦੇ ਹੋਰ ਹਿੱਸਿਆਂ ਨਾਲੋਂ ਸਭ ਤੋਂ ਤੇਜ਼ੀ ਨਾਲ ਵਧੀ ਹੈ।ਆਈਐੱਮਡੀ ਅਤੇ ਐੱਨਸੀਐੱਮਆਰਡਬਲਯੂਐੱਫ ਦੇ ਵਿਗਿਆਨੀਆਂ ਦੇ ਅਧਿਐਨ ਮੁਤਾਬਕ ਸਾਲ 2000 ਤੋਂ ਬਾਅਦ ਕਈ ਸਾਲਾਂ ਦੌਰਾਨ ਅੱਤ ਦੀ ਦਿਨ ਦੀ ਗਰਮੀ ਨਾਲ ਪ੍ਰਭਾਵਿਤ ਖੇਤਰ ਵਧ ਕੇ 15 ਤੋਂ 20 ਫੀਸਦੀ ਜਾਂ ਇਸ ਤੋਂ ਵੀ ਵੱਧ ਹੋ ਗਿਆ।

## ਦੋ ਦੁਕਾਨਾਂ ਦੇ ਤਾਲੇ ਤੋੜ ਕੇ ਨਕਦੀ ਤੇ ਦਸਤਾਵੇਜ਼ ਚੋਰੀ



ਚੋਰੀ ਸਬੰਧੀ ਜਾਣਕਾਰੀ ਦਿੰਦੇ ਹੋਏ ਪੀੜਤ ਦੁਕਾਨਦਾਰ। (ਫੋਟੋ: ਵਿੱਕੀ)

ਧਾਰੀਵਾਲ, (ਮਨਦੀਪ ਵਿੱਕੀ)-ਸ਼ਹਿਰ ਧਾਰੀਵਾਲ ਵਿੱਚ ਚੋਰੀਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਬੀਤੀ ਰਾਤ ਅਣਪਛਾਤੇ ਚੋਰਾਂ ਵੱਲੋਂ ਪੁਰਾਣਾ ਧਾਰੀਵਾਲ ਸਥਿਤ ਦੋ ਦੁਕਾਨਾਂ ਦੇ ਤਾਲੇ ਭੰਨ ਕੇ ਨਕਦੀ ਅਤੇ ਜ਼ਰੂਰੀ ਦਸਤਾਵੇਜ਼ ਚੋਰੀ ਕਰ ਲਏ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪੀੜਤ ਦੁਕਾਨਦਾਰ ਰੋਹਿਤ ਤੇਜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਪੁਰਾਣਾ ਧਾਰੀਵਾਲ ਵਿਖੇ ਆਟੋ ਇਲੈਕਟ੍ਰੋਨਿਕਸ ਦੀ ਦੁਕਾਨ ਕਰਦਾ ਹੈ।ਬੀਤੀ ਰਾਤ ਚੋਰਾਂ ਨੇ ਉਸ ਦੀ ਦੁਕਾਨ ਦੇ ਸ਼ਟਰ ਦੇ ਤਾਲੇ ਤੋੜ ਕੇ ਗੱਲੇ ਵਿੱਚ ਪਏ ਕਰੀਬ ਦੋ ਹਜ਼ਾਰ ਰੁਪਏ ਦੀ ਨਕਦੀ ਅਤੇ ਅੰਦਰ ਪਈ ਇੱਕ ਕਾਰ ਦੀ ਆਰ. ਸੀ. ਚੋਰੀ ਕਰ ਲਈ।ਇਸੇ ਤਰ੍ਹਾਂ ਇੱਕ ਹੋਰ ਦੁਕਾਨਦਾਰ ਮਨੀ ਨੇ ਦੱਸਿਆ ਕਿ ਚੋਰਾਂ ਨੇ ਉਸ ਦੀ ਦੁਕਾਨ ਦੇ ਵੀ ਤਾਲੇ ਤੋੜ ਕੇ ਸਾਮਾਨ ਚੋਰੀ ਕਰਨ ਦੀ ਕੋਸ਼ਿਸ਼ ਕੀਤੀ, ਪਰ ਸ਼ਟਰ ਨੂੰ ਸੈਂਟਰ ਲਾਕ ਲੱਗਿਆ ਹੋਣ ਕਾਰਨ ਦੁਕਾਨ ਦਾ ਬਚਾਅ ਹੋ ਗਿਆ ਅਤੇ ਵੱਡਾ ਨੁਕਸਾਨ ਹੋਣੋਂ ਟਲ ਗਿਆ।ਪੀੜ੍ਹਤ ਦੁਕਾਨਦਾਰ ਰੋਹਿਤ ਤੇਜ਼ਾ ਨੇ ਚੋਰੀ ਸਬੰਧੀ ਥਾਣਾ ਧਾਰੀਵਾਲ ਦੀ ਪੁਲਿਸ ਨੂੰ ਸੂਚਨਾ ਦੇ ਦਿੱਤੀ ਹੈ।ਇਲਾਕੇ ਦੇ ਦੁਕਾਨਦਾਰਾਂ ਅਤੇ ਸਾਬਕਾ ਕੌਂਸਲਰ ਹਰਜਿੰਦਰ ਕੌਰ ਨੇ ਪੁਲਿਸ ਪ੍ਰਸ਼ਾਸਨ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਨਸ਼ਾ ਤਸਕਰਾਂ ਅਤੇ ਨਸ਼ੇੜੀ ਚੋਰਾਂ ਖ਼ਿਲਾਫ਼ ਤੁਰੰਤ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਇਲਾਕੇ ਵਿੱਚ ਵਧ ਰਹੀਆਂ ਚੋਰੀ ਅਤੇ ਲੁੱਟ-ਖੋਹ ਦੀਆਂ ਵਾਰਦਾਤਾਂ 'ਤੇ ਠੱਲ੍ਹ ਪਾਈ ਜਾ ਸਕੇ।

## ਭੋਆ ਹਲਕੇ 'ਚ ਕਰੀਬ 5 ਕਿਲੋਮੀਟਰ ਸੜਕਾਂ ਦੀ ਮੁਰੰਮਤ ਦੇ ਕੰਮ ਸ਼ੁਰੂ



ਪਠਾਨਕੋਟ, (ਦਵਿੰਦਰ ਸਿੰਘ)-ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਭੋਆ ਵਿੱਚ ਸੜਕਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਇਸੇ ਲੜੀ ਤਹਿਤ ਅੱਜ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਚਾਰ ਸੜਕਾਂ ਦੀ ਮੁਰੰਮਤ ਦੇ ਕੰਮ ਸ਼ੁਰੂ ਕਰਵਾਏ ਗਏ। ਇਨ੍ਹਾਂ ਸੜਕਾਂ ਦੀ ਕੁੱਲ ਲੰਬਾਈ ਕਰੀਬ 4.88 ਕਿਲੋਮੀਟਰ ਹੈ ਅਤੇ ਇਨ੍ਹਾਂ ਦੇ ਨਿਰਮਾਣ ਕਾਰਜਾਂ 'ਤੇ ਲਗਭਗ 1 ਕਰੋੜ 23 ਲੱਖ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕਾ ਭੋਆ ਵਿੱਚ ਲੰਮੇ ਸਮੇਂ ਤੋਂ ਖ਼ਰਾਬ ਪਈਆਂ ਸੜਕਾਂ ਦੀ ਮੁਰੰਮਤ ਅਤੇ ਨਵੀਆਂ ਸੜਕਾਂ ਦੇ ਨਿਰਮਾਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਕੀੜੀ ਸਿਹੋੜਾ ਰੋਡ ਤੋਂ ਕੋਠੇ ਨੰਗਲ ਨੂੰ ਜਾਣ ਵਾਲੀ ਸੜਕ, ਜਿਸ ਦੀ ਲੰਬਾਈ 1.60 ਕਿਲੋਮੀਟਰ ਹੈ, ਦੀ ਮੁਰੰਮਤ 'ਤੇ 46.31 ਲੱਖ ਰੁਪਏ ਖਰਚ ਕੀਤੇ ਜਾਣਗੇ।ਇਸੇ ਤਰ੍ਹਾਂ ਨਰੋਟ ਮਹਿਰਾ ਤੋਂ ਪਲਾਈ ਫੈਕਟਰੀ ਵਾਲੀ ਸੜਕ ਦੀ 1.38 ਕਿਲੋਮੀਟਰ ਲੰਬਾਈ ਲਈ 37.57 ਲੱਖ ਰੁਪਏ ਖਰਚ ਹੋਣਗੇ।ਪਿੰਡ ਗਤੋਰਾ ਤੋਂ ਪੰਜੋੜ ਨੂੰ ਜਾਣ ਵਾਲੀ 0.50 ਕਿਲੋਮੀਟਰ ਸੜਕ ਦੀ ਮੁਰੰਮਤ 'ਤੇ 7.18 ਲੱਖ ਰੁਪਏ ਅਤੇ ਪੰਜੋੜ ਤੋਂ ਆਸਾ ਬਾਨੋ ਪਿੰਡ ਤੱਕ 1.40 ਕਿਲੋਮੀਟਰ ਸੜਕ ਦੀ ਮੁਰੰਮਤ 'ਤੇ 32.01 ਲੱਖ ਰੁਪਏ ਖਰਚ ਕੀਤੇ ਜਾਣਗੇ।ਇਸ ਮੌਕੇ ਉਨ੍ਹਾਂ ਬਾਬਾ ਸ੍ਰੀ ਚੰਦ ਜੀ ਦੇ 532ਵੇਂ ਜਨਮ ਦਿਵਸ (ਪ੍ਰਕਾਸ਼ ਪੁਰਬ) ਦੀ ਸਮੂਹ ਪੰਜਾਬੀਆਂ ਅਤੇ ਸਿੱਖ ਸੰਗਤਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਅਤੇ ਵਿਕਾਸ ਨੂੰ ਹੋਰ ਗਤੀ ਦੇਣ ਲਈ ਵਚਨਬੱਧ ਹੈ।ਇਸ ਮੌਕੇ ਨਰੇਸ਼ ਸੈਣੀ ਸਕੱਤਰ ਮਾਝਾ ਜ਼ੋਨ ਪੰਜਾਬ ਬੀ.ਸੀ. ਸੈੱਲ, ਪਵਨ ਭਾਰਦਵਾਜ ਚੇਅਰਮੈਨ ਬਲਾਕ ਸੰਮਤੀ ਘਰੋਟਾ, ਨਿਤਿਨ ਠਾਕੁਰ ਅਤੇ ਭੁਪਿੰਦਰ ਸਿੰਘ ਮੁੰਨਾ ਜ਼ਿਲ੍ਹਾ ਪਰਿਸ਼ਦ ਮੈਂਬਰ, ਰੋਸ਼ਨ ਲਾਲ ਭਗਤ ਪ੍ਰਧਾਨ ਐੱਸ.ਸੀ. ਵਿੰਗ, ਸੋਹਣ ਲਾਲ ਸਾਹਪੁਰ ਕੰਡੀ, ਤਰਸੇਮ ਸਿੰਘ ਹਲਕਾ ਯੂਥ ਕੋਆਰਡੀਨੇਟਰ, ਪ੍ਰੇਮ ਸਿੰਘ ਯੂਥ ਕੋਆਰਡੀਨੇਟਰ, ਬਲਾਕ ਪ੍ਰਧਾਨ ਸੁਰਿੰਦਰ ਸ਼ਾਹ, ਸੁਰਿੰਦਰ ਕੁਮਾਰ ਪੱਪੂ, ਬਲਵਿੰਦਰ ਸਿੰਘ ਪੰਚਾਇਤ ਮੈਂਬਰ, ਰੇਨੂ ਬਾਲਾ ਪੰਚਾਇਤ ਮੈਂਬਰ, ਸਰਪੰਚ ਨੰਗਲ ਕੋਠੇ ਕਮਲੇਸ਼ ਦੇਵੀ, ਜੁਗਰਾਜ ਸਿੰਘ, ਸਾਹਿਲ, ਵਿੱਕੀ, ਸ਼ਿਵ ਕੁਮਾਰ, ਗਜੇਸ਼ਵਰ, ਸਰਪੰਚ ਪੰਜੋੜ ਤਰਸੇਮ, ਬਲਾਕ ਪ੍ਰਧਾਨ ਦੀਪਕ ਸਮੇਤ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

# ਬੁਢਾਪਾ ਪੈਨਸ਼ਨ ਲਈ ਹੁਣ ਤੱਕ 2,147 ਕਰੋੜ ਜਾਰੀ : ਡਾ. ਬਲਜੀਤ ਕੌਰ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਬਜ਼ੁਰਗਾਂ ਦੇ ਮਾਣ-ਸਨਮਾਨ, ਸੁਰੱਖਿਆ ਅਤੇ ਸਮਾਜਿਕ ਸਹਾਰੇ ਨੂੰ ਯਕੀਨੀ ਬਣਾਉਣ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਚਾਲੂ ਵਿੱਤੀ ਸਾਲ 2026-27 ਦੌਰਾਨ ਬੁਢਾਪਾ ਪੈਨਸ਼ਨ ਸਕੀਮ ਤਹਿਤ ਹੁਣ ਤੱਕ ਕਰੀਬ 2,147 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ, ਜਿਸ ਦਾ ਲਾਭ ਸੂਬੇ ਦੇ 24 ਲੱਖ ਤੋਂ ਵੱਧ ਬਜ਼ੁਰਗ ਨਾਗਰਿਕਾਂ ਨੂੰ ਮਿਲ ਰਿਹਾ ਹੈ। [illegible] ... 4,000 ਕਰੋੜ ਰੁਪਏ ... [illegible]

# ਈ-ਵੇਸਟ ਪ੍ਰਬੰਧਨ ਪ੍ਰਤੀ ਜਾਗਰੂਕਤਾ ਲਈ ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਵਿਸ਼ੇਸ਼ ਸੈਸ਼ਨ

**ਜਲੰਧਰ (ਨ ਜ਼ ਸ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਵੱਲੋਂ ਪਹਿਲ ਐਨ ਜੀ ਓ ਦੇ ਸਹਿਯੋਗ ਨਾਲ ਵਿਦਿਆਰਥੀਆਂ ਨੂੰ ਈ-ਵੇਸਟ ਦੀ ਜ਼ਿੰਮੇਵਾਰ ਸੰਭਾਲ ... [illegible]



[illegible]

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਹਿੰਦੀ ਦਿਵਸ ਮਨਾਇਆ



**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਹਿੰਦੀ ਦਿਵਸ ਨਾਲ ਸੰਬੰਧਤ ਸਮਾਗਮ ਕਰਵਾਇਆ ਗਿਆ। ... [illegible]


ਜਨਮ ਦਿਨ ਮੁਬਾਰਕ



ਰਹਿਮਤ ਭੁੱਲਾ ਬਲਾਚੌਰ



ਕਰਮਨਪ੍ਰੀਤ ਸਿੰਘ ਹੁਸ਼ਿਆਰਪੁਰ

ਵਰ੍ਹੇਗੰਢ ਮੁਬਾਰਕ



ਕੁਲਵੰਤ ਮਸੀਹ ਅਤੇ ਰੀਨਾ ਮਸੀਹ ਵਾਸੀ ਜਲੰਧਰ ਨੂੰ ਆਪਣੇ ਵਿਆਹ ਦੀ 25ਵੀਂ ਵਰ੍ਹੇਗੰਢ ਮਨਾਈ।


# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਸਵੀਂ ਦਾ ਦਿਹਾੜਾ ਅੱਜ

**ਮੁਹਾਲੀ (ਗੁਰਜੀਤ ਬਿੱਲਾ)**- ਪੰਥ ਦੇ ਮਹਾਨ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ... [illegible] ... 21 ਸਤੰਬਰ ... [illegible] ... ਸਵੇਰੇ 9:00 ਵਜੇ ... [illegible]

ਇਸ ਦਿਨ ਵਿਸ਼ਾਲ ਅੰਮ੍ਰਿਤ ਸੰਚਾਰ ਦਾ ਆਯੋਜਨ ਸਵੇਰੇ 10 ਵਜੇ ਕੀਤਾ ਜਾਵੇਗਾ ਜੀ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ ਜੀ।

# ਟ੍ਰੈਫਿਕ ਨਿਯਮਾਂ ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸੰਬੰਧੀ ਜਾਗਰੂਕਤਾ ਸੈਮੀਨਾਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸੀਨੀਅਰ ਕਪਤਾਨ ਪੁਲਿਸ ... [illegible]



[illegible] ... ਸਿਪਾਹੀ ਗੁਰਨੇਕ ਸਿੰਘ ਸਿਟੀ-2 ਵੱਲੋਂ ਸਰਕਾਰੀ ਹਾਈ ਸਕੂਲ ਲਾਂਡਰਾਂ 'ਚ ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਐਮ .ਵੀ. ਆਈ. ਦਫ਼ਤਰ ਗੱਡੀਆਂ ਪਾਸ ਕਰਵਾਉਣ ਆਏ ਆਮ ਲੋਕਾਂ ਨਾਲ ਮੋਹਾਲੀ ਵਿਖੇ ਟ੍ਰੈਫਿਕ ਨਿਯਮਾਂ, ... [illegible] ... ਕੀਤਾ ਗਿਆ। ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਗਿਆ।

# ਕੰਗ ਨੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਸਿਹਤ ਤੇ ਮੁੜ ਵਸੇਬੇ ਦੀਆਂ ਸੇਵਾਵਾਂ ਦਾ ਲਿਆ ਜਾਇਜ਼ਾ

**ਮੁਹਾਲੀ (ਗੁਰਜੀਤ ਬਿੱਲਾ)**- ਸ੍ਰੀ ਆਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ... [illegible]



[illegible] ... ਪੀ ਡੀ), ਪੇਰੈਂਟ ਇੰਪਾਵਰਮੈਂਟ ਵਿੰਗ, ਵੋਕੇਸ਼ਨਲ ਟ੍ਰੇਨਿੰਗ ਯੂਨਿਟ ਅਤੇ ਸਕੂਲ ਰੈਡੀਨੈੱਸ ਬਲਾਕ ਸ਼ਾਮਲ ਹਨ, ਦਾ ਵਿਸਥਾਰ ਨਾਲ ਨਿਰੀਖਣ ਕੀਤਾ। ਉਨ੍ਹਾਂ ਨੇ ਸੈਂਟਰ ਦੇ ਫੈਕਲਟੀ ਮੈਂਬਰਾਂ, ਥੈਰੇਪਿਸਟਾਂ ਅਤੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਮਾਪਿਆਂ ਨਾਲ ਵੀ ਗੱਲਬਾਤ ਕੀਤੀ। ਅੰਬੇਦਕਰ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ਼ ਮੋਹਾਲੀ ... [illegible]

# ਕਾਂਗਰਸੀ ਸਰਪੰਚ ਸਮੇਤ ਦਰਜਨਾਂ ਪਰਵਾਰ 'ਆਪ' 'ਚ ਸ਼ਾਮਲ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਗਿੱਲ)**- ... [illegible]

# ਜ਼ਿਲ੍ਹਾ ਬਾਰ ਐਸੋਸੀਏਸ਼ਨ ਦਾ ਸਹੁੰ ਚੁੱਕ ਸਮਾਗਮ

**ਮੁਹਾਲੀ (ਗੁਰਜੀਤ ਬਿੱਲਾ)**- ਡਿਸਟ੍ਰਿਕਟ ਬਾਰ ਐਸੋਸੀਏਸ਼ਨ ਮੋਹਾਲੀ ਦੀ 11 ਸਤੰਬਰ ਨੂੰ ਹੋਈ ਚੋਣ ... [illegible]



[illegible]

# ਰਾਜੂ ਕਰਮਚਾਰੀ ਦਲ ਪੰਜਾਬ ਭਗੜਾਣਾ ਦੇ ਪ੍ਰਧਾਨ ਬਣੇ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਕਰਮਚਾਰੀ ਦਲ ਪੰਜਾਬ ਭਗੜਾਣਾ ਵੱਲੋਂ ਰਾਜੂ ਨੂੰ ਵਾਟਰ ਸਪਲਾਈ ਬਰਾਂਚ ਮੋਹਾਲੀ ਦਾ ਪ੍ਰਧਾਨ ਨਿਯੁਕਤ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰੈੱਸ ਸਕੱਤਰ ਜਗਜੀਤ ਸਿੰਘ ਨੇ ਦੱਸਿਆ ਕੇ ਮੀਟਿੰਗ ਦੀ ਪ੍ਰਧਾਨਗੀ ਕੇਸਰ ਸਿੰਘ ਜਿਲ੍ਹਾ ਪ੍ਰਧਾਨ ਮੋਹਾਲੀ ਚੇਅਰਮੈਨ ਬਲਜਿੰਦਰ ਸਿੰਘ ਕਜੌਲੀ, ਪੰਕਜ ਅਨੰਦ, ਸੂਰਜ ਯਾਦਵ, ਸੁਰਿੰਦਰ ਸਿੰਘ, ਅਤੇ ਹਰਜਿੰਦਰ ਸਿੰਘ ਬ੍ਰਾਂਚ ਮੋਹਾਲੀ ਦੇ ਪ੍ਰਧਾਨਗੀ ਮੰਡਲ ਵੱਲੋ ਕੀਤੀ ਗਈ।ਉਹਨਾਂ ਦੱਸਿਆ ਕਿ ਕੇਸਰ ਸਿੰਘ ਜ਼ਿਲ੍ਹਾ ਪ੍ਰਧਾਨ ਮੋਹਾਲੀ ਦੀ ਮੌਜੂਦਗੀ ਵਿਚ ਰਾਜੂ ਨੂੰ ਸਰਬਸੰਮਤੀ ਨਾਲ ਵਾਟਰ ਸਪਲਾਈ ਸੈਨੀਟੇਸਨ ਬ੍ਰਾਂਚ ਮੋਹਾਲੀ ਦਾ ਪ੍ਰਧਾਨ ਚੁਣਿਆ ਗਿਆ। ਪ੍ਰਧਾਨ ਰਾਜੂ ਨਾਲ ਆਏ ਉਹਨਾਂ ਦੇ ਸਾਥੀਆਂ ਨੂੰ ਵੀ ਅਲੱਗ ਅਲੱਗ ਅਹੁਦਿਆਂ ਦੀ ਜ਼ਿੰਮੇਵਾਰੀ ਸੌਪੀ ਗਈ। ਉਹਨਾਂ ਦੱਸਿਆ ਕਿ ਸ਼ੌਕਤ ਚੇਅਰਮੈਨ, ਨਰਿੰਦਰ ਸਿੰਘ ਮੀਤ ਪ੍ਰਧਾਨ, ਸ਼ੇਰ ਸਿੰਘ ਜਨਰਲ ਸਕੱਤਰ, ਪ੍ਰਦੀਪ ਸੀਨੀਅਰ ਮੀਤ ਪ੍ਰਧਾਨ, ਸੁਭਾਸ਼ ਜੁਆਇਟ ਸਕੱਤਰ, ਰਾਜੀਵ ਸਲਾਹਕਾਰ, ਬ੍ਰਹਮਪਾਲ ਪ੍ਰੈਸ ਸਕੱਤਰ, ਉਮਪਾਲ ਕੈਸ਼ੀਅਰ, ਅਮਨ ਕੁਮਾਰ ਉਪ ਕੈਸ਼ੀਅਰ, ਬਾਦਲ ਪ੍ਰਾਪੈਕੰਡਾ ਸਕੱਤਰ ਦੇ ਅਹੁਦੇ ਨਾਲ ਨਿਵਾਜਿਆ ਗਿਆ।

# ਤਨੂਲੀ ਪਿੰਡ ਵਿੱਚ ਬੱਸਾਂ ਨਾ ਰੁਕੀਆਂ ਤਾਂ ਕਰਾਂਗੇ ਚੱਕਾ ਜਾਮ : ਸਰਪੰਚ

**ਹੁਸ਼ਿਆਰਪੁਰ (ਓ ਪੀ ਰਾਣਾ)**- ਪਿੰਡ ਤਨੂਲੀ ਵਿਖੇ ਬੱਸਾਂ ਦੇ ਨਾ ਰੁਕਣ ਕਾਰਨ ਸਕੂਲੀ ਬੱਚਿਆਂ ਸਮੇਤ ਪਿੰਡ ਵਾਸੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਪਿੰਡ ਦੇ ਸਰਪੰਚ ਕਿਸ਼ਨ



ਕੁਮਾਰ ਨੇ ਕਿਹਾ ਕਿ ਬੱਸਾਂ ਦੇ ਨਾ ਰੁਕਣ ਕਾਰਨ ਬੱਚਿਆਂ ਨੂੰ ਸਕੂਲ ਜਾਣ ਅਤੇ ਵਾਪਸ ਆਉਣ ਸਮੇਂ ਕਾਫ਼ੀ ਪ੍ਰੇਸ਼ਾਨੀ ਹੁੰਦੀ ਹੈ ਅਤੇ ਉਨ੍ਹਾਂ ਦੀ ਸੁਰੱਖਿਆ ਨੂੰ ਲੈ ਕੇ ਵੀ ਚਿੰਤਾ ਬਣੀ ਰਹਿੰਦੀ ਹੈ।ਸਰਪੰਚ ਕਿਸ਼ਨ ਕੁਮਾਰ ਨੇ ਸਰਕਾਰ ਅਤੇ ਸਬੰਧਤ ਵਿਭਾਗ ਤੋਂ ਮੰਗ ਕੀਤੀ ਕਿ ਪਿੰਡ ਤਨੂਲੀ ਦੇ ਬੱਸ ਅੱਡੇ ਨੂੰ ਪੱਕਾ ਕੀਤਾ ਜਾਵੇ ਅਤੇ ਇੱਥੇ ਸਰਕਾਰੀ ਤੇ ਪ੍ਰਾਈਵੇਟ ਬੱਸਾਂ ਦੇ ਨਿਯਮਤ ਤੌਰ 'ਤੇ ਰੁਕਣ ਦਾ ਪ੍ਰਬੰਧ ਯਕੀਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਕਈ ਵਾਰ ਇਸ ਸਮੱਸਿਆ ਵੱਲ ਧਿਆਨ ਦਿਵਾਇਆ ਜਾ ਚੁੱਕਾ ਹੈ, ਪਰ ਜੇਕਰ ਇਸ ਦਾ ਜਲਦ ਹਲ ਨਾ ਕੀਤਾ ਗਿਆ ਅਤੇ ਬੱਸਾਂ ਤਨੂਲੀ ਵਿਖੇ ਰੁਕਣੀਆਂ ਸ਼ੁਰੂ ਨਾ ਹੋਈਆਂ ਤਾਂ ਆਉਣ ਵਾਲੇ ਸਮੇਂ ਵਿੱਚ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਚੱਕਾ ਜਾਮ ਕਰਨ ਲਈ ਮਜਬੂਰ ਹੋਣਾ ਪਵੇਗਾ, ਜਿਸ ਦੀ ਜ਼ਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।ਇਸ ਮੌਕੇ ਪਿੰਡ ਦੀ ਪੰਚਾਇਤ ਅਤੇ ਸਮੂਹ ਪਿੰਡ ਵਾਸੀ ਹਾਜ਼ਰ ਸਨ।

# ਉਦਯੋਗਿਕ ਜਗਤ ਨਾਲ ਰੂਬਰੂ ਹੋਏ ਐੱਸ ਟੀ ਐੱਸ ਵਰਲਡ ਸਕੂਲ ਦੇ ਵਿਦਿਆਰਥੀ



**ਗੁਰਾਇਆ (ਬਿੰਦਰ ਸੁਮਨ)** ਐੱਸ.ਟੀ.ਐੱਸ. ਵਰਲਡ ਸਕੂਲ ਵੱਲੋਂ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਵਿਦਿਅਕ ਉਦਯੋਗਿਕ ਦੌਰੇ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀਆਂ ਨੇ ਫਿਲੌਰ ਸਥਿਤ ਸ਼ਿਵ ਸ਼ਕਤੀ ਬੇਕਰਜ਼ ਪ੍ਰਾਈਵੇਟ ਲਿਮਟਿਡ ਦਾ ਦੌਰਾ ਕਰਕੇ ਬਿਸਕੁਟ ਅਤੇ ਹੋਰ ਖਾਧ ਪਦਾਰਥਾਂ ਦੇ ਨਿਰਮਾਣ ਦੀ ਪੂਰੀ ਪ੍ਰਕਿਰਿਆ ਨੂੰ ਨੇੜਿਓਂ ਦੇਖਿਆ।ਇਸ ਵਿਦਿਅਕ ਦੌਰੇ ਰਾਹੀਂ ਵਿਦਿਆਰਥੀਆਂ ਨੂੰ ਕੱਚੇ ਮਾਲ ਦੀ ਤਿਆਰੀ ਤੋਂ ਲੈ ਕੇ ਉਤਪਾਦਨ, ਬੇਕਿੰਗ, ਗੁਣਵੱਤਾ ਜਾਂਚ ਅਤੇ ਪੈਕਿੰਗ ਤੱਕ ਦੀ ਆਧੁਨਿਕ ਪ੍ਰਕਿਰਿਆ ਬਾਰੇ ਵਿਹਾਰਕ ਜਾਣਕਾਰੀ ਪ੍ਰਾਪਤ ਹੋਈ। ਵਿਦਿਆਰਥੀਆਂ ਦੇ ਸੁਰੱਖਿਅਤ, ਅਨੁਸ਼ਾਸਿਤ ਅਤੇ ਸੁਚੱਜੇ ਦੌਰੇ ਨੂੰ ਯਕੀਨੀ ਬਣਾਉਣ ਲਈ ਸਕੂਲ ਦੇ ਅਧਿਆਪਕ ਗਗਨ ਭੱਟੀ, ਲਵਲੀਨ ਕੌਰ ਅਤੇ ਨੀਸ਼ੂ ਜੋਸ਼ੀ ਨੇ ਵਿਦਿਆਰਥੀਆਂ ਦੇ ਨਾਲ ਰਹਿ ਕੇ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ। ਪਲਾਂਟ ਵਿਖੇ ਪਹੁੰਚਣ 'ਤੇ ਯੂਨਿਟ ਇੰਚਾਰਜ ਸਰਬਜੀਤ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਨਿੱਘਾ ਸਵਾਗਤ ਕਰਦਿਆਂ ਦੌਰੇ ਸਬੰਧੀ ਲੋੜੀਂਦੀ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਸੰਸਥਾ ਵਿੱਚ ਤਿਆਰ ਕੀਤੀ ਜਾਣ ਵਾਲੀ ਵਿਸ਼ਾਲ ਉਤਪਾਦ ਸ਼੍ਰੇਣੀ ਨਾਲ ਵਿਸਥਾਰਪੂਰਵਕ ਜਾਣੂ ਕਰਵਾਇਆ ਗਿਆ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਕੈਂਡੀ ਮੈਜਿਕ ਸ਼੍ਰੇਣੀ ਅਧੀਨ ਤਿਆਰ ਕੀਤੇ ਜਾਣ ਵਾਲੇ ਵੱਖ-ਵੱਖ ਮਿਠਾਸ ਭਰੇ ਉਤਪਾਦਾਂ—ਆਰੇਂਜ ਬਾਈਟ, ਮੈਂਗੋ ਬਾਈਟ, ਕੱਚਾ ਮੈਂਗੋ ਬਾਈਟ, ਲੰਡਨਡੈਰੀ, ਪੌਪਿਨਜ਼, ਕਿਸਮੀ, ਕਾਪੀ ਕੈਂਡੀ, ਮੈਲੋਡੀ, ਰੋਲ-ਏ-ਕੋਲਾ ਅਤੇ ਫੁੱਲ ਟੌਸ—ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਇਨ੍ਹਾਂ ਉਤਪਾਦਾਂ ਦੀ ਤਿਆਰੀ ਤੋਂ ਲੈ ਕੇ ਉਨ੍ਹਾਂ ਦੀ ਗੁਣਵੱਤਾ ਜਾਂਚ, ਸਫ਼ਾਈ, ਪੈਕਿੰਗ ਅਤੇ ਬਾਜ਼ਾਰ ਤੱਕ ਪਹੁੰਚਣ ਦੀ ਪ੍ਰਕਿਰਿਆ ਨੂੰ ਸਮਝਿਆ।

# ਸਿੱਖਿਆ ਹੀ ਤਰੱਕੀ ਦਾ ਅਸਲੀ ਰਾਹ : ਬ੍ਰਿਗੇਡੀਅਰ ਰਾਜ ਕੁਮਾਰ

**ਪੋਜੇਵਾਲ (ਰਾਮ ਲਾਲ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਗੁੱਜਰ ਵੈੱਲਫੇਅਰ ਬੋਰਡ ਪੰਜਾਬ ਦੇ ਚੇਅਰਮੈਨ ਬ੍ਰਿਗੇਡੀਅਰ ਰਾਜ ਕੁਮਾਰ ਨੇ ਪੰਜਾਬ ਸਰਕਾਰ ਦੀਆਂ ਸਿੱਖਿਆ ਸਬੰਧੀ ਪਹਿਲਕਦਮੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿੱਖਿਆ ਹੀ ਤਰੱਕੀ ਦਾ ਅਸਲੀ ਰਾਹ ਹੈ। ਉਨ੍ਹਾਂ ਕਿਹਾ



ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਨਾਲ ਸਰਕਾਰੀ ਸਕੂਲਾਂ ਦੇ ਢਾਂਚੇ ਅਤੇ ਸਹੂਲਤਾਂ ਵਿੱਚ ਬਦਲਾਅ ਆਇਆ ਹੈ।ਬ੍ਰਿਗੇਡੀਅਰ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬਿਹਤਰ ਬੁਨਿਆਦੀ ਢਾਂਚਾ, ਆਧੁਨਿਕ ਕਲਾਸਰੂਮ ਅਤੇ ਮਿਆਰੀ ਸਿੱਖਿਆ ਮੁਹੱਈਆ ਕਰਵਾਉਣ ਵੱਲ ਸਰਕਾਰ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਪਹਿਲਕਦਮੀਆਂ ਦਾ ਮਕਸਦ ਆਮ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੇ ਬੱਚਿਆਂ ਨੂੰ ਵੀ ਅੱਗੇ ਵਧਣ ਦੇ ਬਰਾਬਰ ਮੌਕੇ ਦੇਣਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਚੰਗੀ ਸਿੱਖਿਆ ਦੇਣਾ ਪੰਜਾਬ ਦੇ ਭਵਿੱਖ ਵਿੱਚ ਨਿਵੇਸ਼ ਕਰਨ ਦੇ ਬਰਾਬਰ ਹੈ ਅਤੇ ਅੱਜ ਦੇ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਆਪਣੀ ਮਿਹਨਤ ਅਤੇ ਕਾਬਲੀਅਤ ਨਾਲ ਪੰਜਾਬ ਅਤੇ ਦੇਸ਼ ਦਾ ਨਾਮ ਦੁਨੀਆ ਭਰ ਵਿੱਚ ਰੌਸ਼ਨ ਕਰ ਸਕਦੇ ਹਨ। ਉਨ੍ਹਾਂ ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਬੱਚਿਆਂ ਦੀ ਪੜ੍ਹਾਈ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਉਨ੍ਹਾਂ ਨੂੰ ਆਪਣੇ ਟੀਚੇ ਹਾਸਲ ਕਰਨ ਲਈ ਉਤਸ਼ਾਹਿਤ ਕਰਨ।

# ਨਵ-ਨਿਯੁਕਤ ਹੈੱਡਮਾਸਟਰ ਮਨੋਹਰ ਲਾਲ ਅਹੁਦਾ ਸੰਭਾਲਣ 'ਤੇ ਸਨਮਾਨਤ



**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)** ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਕੋਟ ਫਤੂਹੀ ਦੀ ਟੀਮ ਵੱਲੋਂ ਨਵ-ਨਿਯੁਕਤ ਹੈੱਡਮਾਸਟਰ ਮਨੋਹਰ ਲਾਲ ਨੂੰ ਬਲਾਕ ਕੋਟ ਫਤੂਹੀ ਦੇ ਸਰਕਾਰੀ ਹਾਈ ਸਕੂਲ ਢਾਡਾ ਕਲਾਂ ਵਿਖੇ ਅਹੁਦਾ ਸੰਭਾਲਣ 'ਤੇ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਪ੍ਰਿੰਸੀਪਲ ਹਰਮਨੋਜ ਕੁਮਾਰ ਅਤੇ ਪ੍ਰਿੰਸੀਪਲ ਪਰਮਿੰਦਰ ਕੁਮਾਰ ਵੱਲੋਂ ਮਨੋਹਰ ਲਾਲ ਦੇ ਹੈੱਡਮਾਸਟਰ ਵਜੋਂ ਪਦਉੱਨਤ ਹੋਣ 'ਤੇ ਉਹਨਾਂ ਨੂੰ ਅਤੇ ਉਹਨਾਂ ਧਰਮ ਪਤਨੀ ਮੈਡਮ ਸਵੀਟੀ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਉਹਨਾਂ ਨੂੰ ਇੱਕ ਯਾਦਗਾਰੀ ਚਿੰਨ੍ਹ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਨਵਨਿਯੁਕਤ ਹੈੱਡਮਾਸਟਰ ਮਨੋਹਰ ਲਾਲ ਨੇ ਜਥੇਬੰਦੀਆਂ ਵੱਲੋਂ ਉਹਨਾਂ ਨੂੰ ਸਨਮਾਨਤ ਕਰਨ 'ਤੇ ਧੰਨਵਾਦ ਕੀਤਾ।ਇਸ ਮੌਕੇ ਲੈਕਚਰਾਰ ਜਤਿੰਦਰ ਸਿੰਘ, ਅਵਤਾਰ ਸਿੰਘ, ਅਮਰਜੀਤ ਸਿੰਘ, ਸੋਹਣ ਸਿੰਘ ਝੱਜ, ਬਲਕਾਰ ਸਿੰਘ, ਅਮਰਜੀਤ ਕੁਮਾਰ, ਹਰਪਾਲ ਸਿੰਘ, ਹਾਫਿਜ਼, ਕੁਲਵਿੰਦਰ ਸਿੰਘ, ਹਰਭਜਨ ਸਿੰਘ, ਮੈਡਮ ਮੋਨਿਕਾ, ਪ੍ਰਭਜੋਤ ਕੌਰ, ਰਿਪਨਜੀਤ ਕੌਰ, ਕੁਲਵਿੰਦਰ ਕੌਰ, ਮੀਨਾ ਕੁਮਾਰੀ ਅਤੇ ਪਰਮਜੀਤ ਕੌਰ ਆਦਿ ਹਾਜ਼ਰ ਸਨ।

# 6 ਐੱਸ ਐੱਚ ਓ ਦਾ ਤਬਾਦਲਾ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਵਿੱਚ 6 ਥਾਨਿਆ ਦੇ ਐਸ ਐਚ ਓ ਨੂੰ ਕੀਤਾ ਇਧਰੋ ਉਧੱਰ ਤੇ ਤਸਕਰਾਂ ਤੇ ਸਨੈਚਰਾਂ ਲੁੱਟਾ ਖੋਹਾ ਕਰਨ ਵਾਲਿਆ ਤੇ ਨਕੇਲ ਸੱਕਣ ਦਾ ਲੋਕਾਂ ਦੀ



ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਆਦੇਸ਼ ਸਿਤੰਦਰ ਸਿੰਘ ਪੁਲਿਸ ਕਮਿਸ਼ਨਰ ਨੇ ਜਾਰੀ ਕੀਤੇ। ਜਲੰਧਰ ਕਮਿਸ਼ਨਰੇਟ ਪੁਲਿਸ 'ਚ ਵੱਡੇ ਪੱਧਰ 'ਤੇ ਫੇਰਬਦਲ ਕੀਤਾ ਗਿਆ ਹੈ, ਜਿਸ ਤਹਿਤ ਕਈ ਥਾਣਿਆਂ ਦੇ ਇੰਚਾਰਜ ਬਦਲੇ ਗਏ ਹਨ। ਨਵੇਂ ਹੁਕਮਾਂ ਮੁਤਾਬਕ ਥਾਣਾ ਨੰਬਰ 1 ਦਾ ਚਾਰਜ ਨਵੇਂ ਅਧਿਕਾਰੀ ਸੰਭਾਲਣਗੇ। ਇਸ ਤਬਾਦਲੇ ਨੂੰ ਸ਼ਹਿਰ ਦੀ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਦੀ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ। ਹਾਲਾਂਕਿ ਵਿਭਾਗ ਨੇ ਤਬਾਦਲਿਆਂ ਦਾ ਕੋਈ ਖਾਸ ਕਾਰਨ ਨਹੀਂ ਦੱਸਿਆ, ਪਰ ਮੰਨਿਆ ਜਾ ਰਿਹਾ ਹੈ ਕਿ ਅਪਰਾਧ +ਤੇ ਕੰਟਰੋਲ ਅਤੇ ਪੁਲਿਸ-ਪਬਲਿਕ ਸਬੰਧਾਂ ਨੂੰ ਬਿਹਤਰ ਬਣਾਉਣ ਲਈ ਇਹ ਕਦਮ ਚੁੱਕਿਆ ਗਿਆ ਹੈ। ਨਵੇਂ ਐਸ ਐਚ ਓ ਸਾਹਿਬਾਨ ਨੂੰ ਹੁਣ ਆਪਣੇ-ਆਪਣੇ ਇਲਾਕਿਆਂ 'ਚ ਅਮਨ-ਸ਼ਾਂਤੀ ਬਣਾਈ ਰੱਖਣ ਅਤੇ ਕ੍ਰਾਈਮ ਨੂੰ ਠੱਲ੍ਹ ਪਾਉਣ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ।

# ਸਕੂਟਰੀ ਤੇ ਕਾਰ ਦੀ ਟੱਕਰ, ਸਕੂਟਰੀ ਚਾਲਕ ਦੀ ਮੌਤ

**ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)**- ਦੁਸਾਂਝ ਕਲਾਂ ਮੁਕੰਦ ਪੁਰ ਰੋਡ ਤੇ ਬਿਜਲੀ ਘਰ ਦੇ ਨੇੜੇ ਇਕ ਭਿਆਨਕ ਸੜਕ ਹਾਦਸਾ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮੌਕੇ ਤੇ ਇੱਕਠੇ ਲੋਕਾਂ ਨੇ ਦੱਸਿਆਂ ਕਿ ਹਰਨੇਕ ਸਿੰਘ ਉਰਫ਼ ਸੋਨੀ ਪੁੱਤਰ ਸੱਤਪਾਲ ਸਿੰਘ ਉਰਫ਼ ਸੇਵਾ ਵਾਸੀ ਪਿੰਡ ਅਨੀਹਰ ਆਪਣਾ ਵਾਹਨ ਦੁਸਾਂਝ ਕਲਾਂ ਦੇ ਵਿਰਕ ਮੋਟਰ ਗੈਰਿਜ ਤੇ ਖੜ੍ਹਾ ਕਰਕੇ ਸਕੂਟਰੀ ਲੈ ਕੇ ਅਜੇ ਸੜਕ ਤੇ ਚੜ੍ਹਿਆ ਹੀ ਸੀ ਇੰਨੇ ਨੂੰ ਮੁਕੰਦਪੁਰ ਵਾਲੇ ਪਾਸੇ ਤੋਂ ਸਵਿਫਟ ਕਾਰ ਨੰਬਰ ਪੀ ਬੀ 32 ਵਾਈ 7400 ਜੋ ਕਿ ਕਾਫ਼ੀ ਤੇਜ ਆ ਰਹੀ ਸੀ। ਉਹ ਹਰਨੇਕ ਸਿੰਘ ਦੀ ਸਕੂਟਰੀ ਨਾਲ ਟਕਰਾ ਗਈ ਅਤੇ ਆਪਣਾ ਸੰਤੁਲਣ ਗੁਆ ਬੈਠੀ। ਕਾਰ ਨਾਲ ਲੱਗਦੇ ਖੇਤਾਂ ਵਿੱਚ ਜਾ ਡਿੱਗੀ। ਹਰਨੇਕ ਸਿੰਘ ਦੀ ਗੰਭੀਰ ਹਾਲਤ ਨੂੰ ਦੇਖ ਦਿਆ ਹਰਨੇਕ ਸਿੰਘ ਨੂੰ ਰਾਹਗੀਰਾਂ ਦੀ ਮਦਦ ਨਾਲ ਫਗਵਾੜਾ ਦੇ ਹਸਪਤਾਲ ਪਹੁੰਚਾਇਆਂ ਜਿੱਥੇ ਡਾਕਟਰਾਂ ਵੱਲੋਂ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿਤਾ। ਰਾਹਗੀਰਾਂ ਨੇ ਦੱਸਿਆਂ ਕਿ ਕਾਰ ਸਵਾਰ ਵਾਸੀ ਪਿੰਡ ਹਕੀਮਪੁਰ ਦਾ ਰਹਿਣ ਵਾਲਾ ਸੀ ਅਤੇ ਇਸ ਕਾਰ 'ਚ ਤਿੰਨ ਵਿਅਕਤੀ ਸਵਾਰ ਸਨ, ਜਿਨ੍ਹਾਂ ਦੇ ਸੱਟਾਂ ਲੱਗਣ ਕਾਰਨ ਜੇਰੇ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦੁਸਾਂਝ ਕਲਾਂ ਪੁਲਿਸ ਚੌਕੀ ਦੇ ਇੰਚਾਰਜ ਵਲੋਂ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

# ਗੋਲਡੀ ਵੱਲੋਂ ਐੱਸ ਡੀ ਐੱਮ ਤੇ ਅਧਿਕਾਰੀਆਂ ਨਾਲ ਮੀਟਿੰਗ

**ਖਰੜ (ਹਰਨਾਮ ਸਿੰਘ ਡੱਲਾ)**- ਖਰੜ ਸ਼ਹਿਰ ਦੀ ਵਧਦੀ ਆਬਾਦੀ ਅਤੇ ਲੋਕਾਂ ਦੀਆਂ ਆਵਾਜਾਈ ਸੰਬੰਧੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਚੇਅਰਮੈਨ, ਯੂਥ ਡਿਵੈਲਪਮੈਂਟ ਬੋਰਡ, ਪੰਜਾਬ ਪਰਮਿੰਦਰ ਸਿੰਘ



ਗੋਲਡੀ ਵੱਲੋਂ ਐੱਸ ਡੀ ਐੱਮ ਦਫ਼ਤਰ ਖਰੜ ਵਿਖੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਨਵੇਂ ਬੱਸ ਟਰਮਿਨਲ ਦੀ ਯੋਜਨਾ ਸੰਬੰਧੀ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਨਵੇਂ ਬੱਸ ਟਰਮਿਨਲ ਦੇ ਤਿਆਰ ਕੀਤੇ ਜਾ ਰਹੇ ਡਰਾਫਟ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਪ੍ਰਸਤਾਵਿਤ ਬੱਸ ਟਰਮਿਨਲ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਸੰਬੰਧੀ ਯੋਜਨਾ 'ਤੇ ਚਰਚਾ ਹੋਈ, ਜਿਸ ਵਿੱਚ ਫਾਇਰ ਸਟੇਸ਼ਨ, ਸਰਕਾਰੀ ਦਫ਼ਤਰ, ਆਡੀਟੋਰੀਅਮ ਅਤੇ ਮਲਟੀ-ਲੈਵਲ ਪਾਰਕਿੰਗ ਵਰਗੀਆਂ ਸਹੂਲਤਾਂ ਸ਼ਾਮਲ ਕਰਨ ਦੀ ਤਜਵੀਜ਼ 'ਤੇ ਵਿਚਾਰ ਕੀਤਾ ਗਿਆ।ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਖਰੜ ਇੱਕ ਮਹੱਤਵਪੂਰਨ ਅਤੇ ਤੇਜ਼ੀ ਨਾਲ ਵਿਕਸਤ ਹੋ ਰਿਹਾ ਸ਼ਹਿਰ ਹੈ, ਪਰ ਇੱਥੇ ਇੱਕ ਸੁਚੱਜੇ ਅਤੇ ਆਧੁਨਿਕ ਬੱਸ ਟਰਮਿਨਲ ਦੀ ਲੋੜ ਲੰਬੇ ਸਮੇਂ ਤੋਂ ਮਹਿਸੂਸ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਵਾਂ ਬੱਸ ਟਰਮਿਨਲ ਸ਼ਹਿਰ ਦੀਆਂ ਮੌਜੂਦਾ ਅਤੇ ਭਵਿੱਖ ਦੀਆਂ ਲੋੜਾਂ ਅਨੁਸਾਰ ਯੋਜਨਾਬੱਧ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਲੋਕਾਂ ਨੂੰ ਆਵਾਜਾਈ ਦੇ ਨਾਲ-ਨਾਲ ਹੋਰ ਜ਼ਰੂਰੀ ਸਹੂਲਤਾਂ ਵੀ ਇੱਕੋ ਥਾਂ 'ਤੇ ਉਪਲਬਧ ਹੋ ਸਕਣ।ਉਨ੍ਹਾਂ ਅਧਿਕਾਰੀਆਂ ਨੂੰ ਬੱਸ ਟਰਮਿਨਲ ਦੇ ਡਰਾਫਟ ਅਤੇ ਹੋਰ ਲੋੜੀਂਦੀ ਯੋਜਨਾਬੰਦੀ ਸਬੰਧੀ ਕਾਰਵਾਈ ਵਿੱਚ ਤੇਜ਼ੀ ਲਿਆਉਣ ਅਤੇ ਪ੍ਰਾਜੈਕਟ ਨੂੰ ਜਲਦ ਤੋਂ ਜਲਦ ਅਮਲੀ ਰੂਪ ਦੇਣ ਲਈ ਕਿਹਾ।

# ਮੂਨਕ ਬਣੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲ੍ਹਾ ਹੁਸਿਆਰਪੁਰ ਐੱਸ ਸੀ ਵਿੰਗ ਦੇ ਪ੍ਰਧਾਨ

**ਅੱਡਾ ਸਰਾਂ, ਹੁਸ਼ਿਆਰਪੁਰ (ਜਸਵੀਰ ਕਾਜਲ, ਬਲਵੀਰ ਸਿੰਘ ਸੈਣੀ )** ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਨੌਜਵਾਨ ਆਗੂ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੇ ਐਸ ਸੀ ਸਮਾਜ ਵਿੱਚ ਵੱਡਾ ਅਸਰ ਰਸੂਖ ਰੱਖਣ ਵਾਲੇ ਸੁਖਵਿੰਦਰ ਸਿੰਘ ਮੂਨਕ ਨੂੰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਜਥੇਦਾਰ ਹਰਪ੍ਰੀਤ ਸਿੰਘ ਤੇ ਐਸ ਸੀ ਵਿੰਗ ਪੰਜਾਬ ਦੇ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲ੍ਹਾ ਹੁਸ਼ਿਆਰਪੁਰ ਐਸ ਸੀ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ। ਇਸ ਨਿਯੁਕਤੀ ਦਾ ਸਵਾਗਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ, ਕੌਮੀ ਜਨਰਲ ਸਕੱਤਰ ਅਵਤਾਰ ਸਿੰਘ ਜੌਹਲ, ਕੌਮੀ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਜੰਡਾ, ਜਰਨੈਲ ਸਿੰਘ ਗੜ੍ਹਦੀਵਾਲ ਐਗਜੈਕਟਿਵ ਮੈਂਬਰ, ਹਲਕਾ ਸ਼ਾਮ ਚੁਰਾਸੀ ਦੇ ਸੇਵਾਦਾਰ ਮਦਨ ਮੋਹਨ ਮੂਸਾ, ਯੂਥ ਅਕਾਲੀ ਦਲ ਹੁਸ਼ਿਆਰਪੁਰ ਦੇ ਪ੍ਰਧਾਨ ਸੁਖਜਿੰਦਰ ਸਿੰਘ ਸਿੰਘਪੁਰ, ਚੀਫ ਨਿਰਮਲ ਸਿੰਘ ਮੁਕੇਰੀਆਂ, ਲਖਵੰਤ ਸਿੰਘ ਚੀਮਾ ਦਸੂਹਾ, ਸਰਬਜੀਤ ਸਿੰਘ ਗੋਲਡੀ ਦਸੂਹਾ,



ਜਥੇਦਾਰ ਕਿਰਪਾਲ ਸਿੰਘ ਜਾਜਾ, ਜਥੇਦਾਰ ਜਸਵਿੰਦਰ ਸਿੰਘ ਟਾਂਡਾ ਨੇ ਕਿਹਾ ਕਿ ਇਸ ਨਿਯੁਕਤੀ ਨਾਲ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਐਸ ਸੀ ਵਿੰਗ ਨੂੰ ਜਿਲ੍ਹਾ ਹੁਸ਼ਿਆਰਪੁਰ ਵਿੱਚ ਵੱਡੀ ਮਜਬੂਤੀ ਮਿਲੇਗੀ ਇਸ ਮੌਕੇ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਮੂਨਕ ਨੇ ਪਾਰਟੀ ਪ੍ਰਧਾਨ ਜਥੇਦਾਰ ਹਰਪ੍ਰੀਤ ਸਿੰਘ, ਐਸ ਸੀ ਵਿੰਗ ਦੇ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ, ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸਾਬਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ, ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ, ਕੌਮੀ ਜਨਰਲ ਸਕੱਤਰ ਅਵਤਾਰ ਸਿੰਘ ਜੌਹਲ, ਕੌਮੀ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਜੰਡਾ, ਜਰਨੈਲ ਸਿੰਘ ਗੜ੍ਹਦੀਵਾਲ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ।

# ਨੈਸ਼ਨਲ ਓਰਲ ਹੈਲਥ ਪ੍ਰੋਗਰਾਮ ਤਹਿਤ ਡੈਂਟਲ ਹੈਲਥ ਚੈੱਕਅੱਪ ਕੈਂਪ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)** ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਚਲਾਏ ਜਾ ਰਹੇ ਰਾਸ਼ਟਰੀ ਓਰਲ ਹੈਲਥ ਪ੍ਰੋਗਰਾਮ ਅਧੀਨ ਸਿਵਲ ਸਰਜਨ ਡਾ. ਮਨਦੀਪ ਕਮਲ ਅਤੇ ਜ਼ਿਲ੍ਹਾ ਡੈਂਟਲ ਹੈਲਥ ਅਫਸਰਡਾ.ਕਪਿਲ ਡੋਗਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਸੀਨੀਅਰ ਸੈਕੰਡਰੀ ਸਕੂਲ ਬਸੀ ਕਲਾਂ ਵਿਖੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਅਤੇ ਸੰਭਾਲ ਸੰਬੰਧੀ ਡੈਂਟਲਹੈਲਥ ਚੈੱਕਅੱਪ ਕੈਂਪ ਲਗਾਇਆ ਗਿਆ। ਕੈਂਪ ਦਾ ਮੁੱਖ ਉਦੇਸ਼ ਬੱਚਿਆਂ ਨੂੰ ਮੂੰਹ ਅਤੇ ਦੰਦਾਂ ਦੀਆਂ ਬਿਮਾਰੀਆਂ ਤੋਂ ਬਚਾਅ, ਸਮੇਂ ਸਿਰ ਜਾਂਚ ਅਤੇ ਸਹੀ ਇਲਾਜ ਬਾਰੇ ਜਾਗਰੂਕ ਕਰਨਾ ਹੈ। ਇਸ ਮੌਕੇ ਹਾਜ਼ਰ ਦੰਦਾਂ ਦੇ ਡਾਕਟਰ ਸੰਦੀਪ ਡਮਾਣਾ ਨੇ ਵਿਦਿਆਰਥੀਆਂ ਨੂੰ ਦੰਦਾਂ ਦੀ ਸਿਹਤ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੂੰਹ ਅਤੇ ਦੰਦਾਂ ਦੀ ਸਫ਼ਾਈ ਸਿਹਤਮੰਦ



ਜੀਵਨ ਦਾ ਇੱਕ ਅਹਿਮ ਹਿੱਸਾ ਹੈ।ਕੈਂਪ ਵਿੱਚ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਦੌਰਾਨ ਜਿਨ੍ਹਾਂ ਬੱਚਿਆਂ ਦੇ ਦੰਦਾਂ ਵਿੱਚ ਕੀੜਾ, ਪਾਇਰੀਆ, ਜਾਂ ਦੰਦਾਂ ਦੀਆਂ ਹੋਰ ਸਮੱਸਿਆਵਾਂ ਪਾਈਆਂ ਗਈਆਂ, ਉਨ੍ਹਾਂ ਨੂੰ ਅਗਲੇ ਇਲਾਜ ਲਈ ਸਿਹਤ ਸੰਸਥਾ ਵਿਖੇ ਜਾ ਕੇ ਦੰਦਾਂ ਦੇ ਮਾਹਿਰ ਡਾਕਟਰ ਕੋਲ ਜਾਂਚ ਕਰਵਾਉਣ ਲਈ ਸਲਾਹ ਦਿੱਤੀ ਗਈ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਜਤਿੰਦਰ ਸਿੰਘ, ਅਧਿਆਪਕ ਜਸਵਿੰਦਰ ਕੌਰ, ਰੀਤੂ ਜਰੇਵਾਲ, ਸੀਮਾ ਰਾਣੀ, ਰੁਪਿੰਦਰ ਕੌਰ, ਪਰਮਜੀਤ ਕੌਰ, ਅੰਜਲੀ ਸ਼ਰਮਾਂ,ਮੁਹੰਮਦ ਲਤੀਫ ਤੇ ਕੈਪਟਨ ਬਲਵੀਰ ਸਿੰਘ ਤੋਂ ਇਲਾਵਾ ਆਸ਼ਾ ਵਰਕਰ ਰੇਸ਼ਮ ਕੌਰ ਅਤੇ ਅਮਿਤਾ ਰਾਣੀ ਆਦਿ ਹਾਜ਼ਰ ਸਨ।

# ਸੰਚਾਰ ਹੁਨਰ ਤੇ ਸ਼ਖ਼ਸੀਅਤ ਵਿਕਾਸ 'ਤੇ ਕਿੱਤਾਮੁਖੀ ਸੈਸ਼ਨ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਵਿਭਾਗ ਵਲੋਂ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਚੱਜੀ ਦਿਸ਼ਾ ਦੇਣ ਦੇ ਉਦੇਸ਼ ਨਾਲ 'ਸੰਚਾਰ ਹੁਨਰ ਅਤੇ ਸ਼ਖ਼ਸੀਅਤ ਵਿਕਾਸ' 'ਤੇ ਇੱਕ ਵਿਸ਼ੇਸ਼ ਕਿੱਤਾਮੁਖੀ ਮਾਰਗਦਰਸ਼ਨ ਸੈਸ਼ਨ. ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਬੀ.ਟੈਕ. ਦੇ ਵੱਖ-ਵੱਖ ਕੋਰਸਾਂ ਕੰਪਿਊਟਰ ਸਾਇੰਸ, ਇਲੈਕਟ੍ਰਿਕਲ, ਮਕੈਨੀਕਲ ਅਤੇ ਸਿਵਲ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਇਸ ਸੈਸ਼ਨ ਦੌਰਾਨ ਮੁੱਖ ਬੁਲਾਰੇ ਮਿਸ ਨਾਜ਼ਮ ਰਿਆੜ ਨੇ ਵਿਦਿਆਰਥੀਆਂ ਨੂੰ ਮੌਜੂਦਾ ਸਮੇਂ ਦੀਆਂ ਲੋੜਾਂ ਅਨੁਸਾਰ ਸੰਚਾਰ ਹੁਨਰ ਅਤੇ ਸ਼ਖ਼ਸੀਅਤ ਨੂੰ ਨਿਖਾਰਨ ਬਾਰੇ ਅਮਲੀ ਜਾਣਕਾਰੀ ਸਾਂਝੀ ਕੀਤੀ।ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਸਮੁੱਚੇ ਪੇਸ਼ੇਵਰ ਵਿਹਾਰ ਨੂੰ ਨਿਖਾਰਨਾ ਅਤੇ ਉਨ੍ਹਾਂ ਨੂੰ ਆਉਣ ਵਾਲੇ ਇੰਟਰਵਿਊ ਅਤੇ ਕਾਰਜ ਸਥਾਨ ਦੀਆਂ ਚੁਣੌਤੀਆਂ ਦਾ ਆਤਮ-ਵਿਸ਼ਵਾਸ ਨਾਲ ਸਾਹਮਣਾ ਕਰਨ ਲਈ ਤਿਆਰ ਕਰਨਾ ਸੀ। ਇਹ ਸੈਸ਼ਨ ਬੇਹੱਦ ਜਾਣਕਾਰੀ ਅਤੇ ਪ੍ਰੇਰਨਾਦਾਇਕ ਰਿਹਾ, ਜਿਸ ਨਾਲ ਵਿਦਿਆਰਥੀਆਂ ਨੂੰ ਆਪਣੇ ਖੇਤਰ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਆਪਣੇ ਹੁਨਰ ਦੀ ਅਹਿਮੀਅਤ ਦਾ ਅਹਿਸਾਸ ਹੋਇਆ।ਸਮਾਗਮ ਦੇ ਅੰਤ ਵਿੱਚ ਯੂਨੀਵਰਸਿਟੀ ਟ੍ਰੇਨਿੰਗ ਐਂਡ ਪਲੇਸਮੈਂਟ ਵਿਭਾਗ ਵੱਲੋਂ ਮੁੱਖ ਬੁਲਾਰੇ ਦਾ ਧੰਨਵਾਦ ਕੀਤਾ ਗਿਆ।

# ਚੋਰੀਆਂ, ਲੁੱਟਾਂ-ਖੋਹਾਂ ਤੇ ਕਤਲ ਦੀਆਂ ਵਾਰਦਾਤਾਂ ਤੋਂ ਲੋਕ ਸਹਿਮੇ : ਗਿਲਜੀਆਂ



**ਅੱਡਾ ਸਰਾਂ (ਜਸਵੀਰ ਕਾਜਲ)**- ਪੰਜਾਬ ਵਿਚ ਲਗਾਤਾਰ ਵਾਪਰ ਰਹੀਆਂ ਚੋਰੀਆਂ, ਲੁੱਟਾਂ-ਖੋਹਾਂ ਅਤੇ ਕਤਲ ਦੀਆਂ ਵਾਰਦਾਤਾਂ ਨੂੰ ਲੈ ਕੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਕਿਹਾ ਕਿ ਸੂਬੇ ਵਿਚ ਕਾਨੂੰਨ ਵਿਵਸਥਾ ਦੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ ਅਤੇ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।ਸੰਗਤ ਸਿੰਘ ਗਿਲਜੀਆਂ ਨੇ ਕਿਹਾ ਕਿ ਪੰਜਾਬ ਵਿਚ ਅਪਰਾਧਿਕ ਵਾਰਦਾਤਾਂ ਲਗਾਤਾਰ ਵਧ ਰਹੀਆਂ ਹਨ ਅਤੇ ਚੋਰੀਆਂ, ਲੁੱਟਾਂ-ਖੋਹਾਂ ਤੋਂ ਇਲਾਵਾ ਕਤਲ ਵਰਗੀਆਂ ਘਟਨਾਵਾਂ ਕਾਰਨ ਆਮ ਲੋਕਾਂ ਵਿਚ ਸਹਿਮ ਦਾ ਮਾਹੌਲ ਪੈਦਾ ਹੋ ਰਿਹਾ ਹੈ।ਗਿਲਜੀਆਂ ਨੇ ਪੁਲਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਲੋਕਾਂ ਦੀ ਸੁਰੱਖਿਆ ਨੂੰ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ।ਉਨ੍ਹਾਂ ਖਾਸ ਤੌਰ 'ਤੇ ਰਾਤ ਦੇ ਸਮੇਂ ਇਲਾਕੇ ਵਿਚ ਪੁਲਸ ਗਸ਼ਤ ਵਧਾਉਣ ਦੀ ਮੰਗ ਕੀਤੀ, ਤਾਂ ਜੋ ਅਪਰਾਧਿਕ ਗਤੀਵਿਧੀਆਂ 'ਤੇ ਨਕੇਲ ਪਾਈ ਜਾ ਸਕੇ ਅਤੇ ਲੋਕਾਂ ਵਿਚ ਸੁਰੱਖਿਆ ਦੀ ਭਾਵਨਾ ਪੈਦਾ ਹੋਵੇ।

# ਸਾਬਕਾ ਵਿਧਾਇਕ ਨੇ ਪਿੰਡਾਂ ਦਾ ਦੌਰੇ ਕਰਕੇ ਲੋਕਾਂ ਦੀਆਂ ਸੁਣੀਆਂ ਸਮੱਸਿਆਵਾਂ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਦੇ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਨੇ ਆਪਣੀ ਜਨ ਸੰਪਰਕ ਮੁਹਿੰਮ ਦੇ ਹਿੱਸੇ ਵਜੋਂ ਡੇਰਾਬੱਸੀ ਹਲਕੇ ਦੇ ਪਰਾਗਪੁਰ, ਇਬਰਾਹਿਮਪੁਰ, ਬਹੋੜਾ, ਬਹੋੜੀ, ਬਰੌਲੀ ਆਦਿ ਪਿੰਡਾਂ ਵਿੱਚ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਐਨ.ਕੇ. ਸ਼ਰਮਾ ਨੇ ਕਿਹਾ ਕਿ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਦੌਰਾਨ ਉਪਰੋਕਤ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਮਜ਼ਬੂਤ ਕੀਤਾ ਗਿਆ ਸੀ। ਹੁਣ ਹਾਲਾਤ ਅਜਿਹੇ ਹਨ ਕਿ ਪਿੰਡਾਂ ਵਿੱਚ ਸੜਕਾਂ ਦੀ ਹਾਲਤ ਮਾੜੀ ਹੈ ਅਤੇ ਪੀਣ ਵਾਲੇ ਪਾਣੀ ਦੀ ਵਿਵਸਥਾ ਵੀ ਅਸੰਤੁਲਿਤ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਪਿੰਡਾਂ ਵਿੱਚ ਲੰਬੇ-ਲੰਬੇ ਬਿਜਲੀ ਕੱਟਾਂ ਨੇ ਪਿੰਡ ਵਾਸੀਆਂ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ। ਇਸ ਮੌਕੇ ਅਕਾਲੀ ਦਲ ਦੇ ਸਰਕਲ ਪ੍ਰਧਾਨ ਰਜਿੰਦਰ ਸਿੰਘ ਈਸਾਪੁਰ, ਜ਼ਿਲ੍ਹਾ ਯੂਥ ਪ੍ਰਧਾਨ ਤਰਨਬੀਰ ਸਿੰਘ ਪੂਨੀਆ, ਗਿਆਨ ਸਿੰਘ, ਗੁਰਪ੍ਰੀਤ ਸਿੰਘ, ਰੇਸ਼ਮ ਸਿੰਘ, ਅਮੀਰ ਖਾਨ, ਜਸਵਿੰਦਰ ਸਿੰਘ ਜੱਸੀ, ਅਮਰੀਕ ਸਿੰਘ ਸਮੇਤ ਕਈ ਅਕਾਲੀ ਆਗੂ ਤੇ ਵਰਕਰ ਮੌਜੂਦ ਸਨ।

# ਅਮਨਪ੍ਰੀਤ ਕੌਰ ਰਾਏ ਨੂੰ ਬੀ ਐਸ ਸੀ ਨਰਸਿੰਗ 'ਚੋਂ ਪਹਿਲਾ ਸਥਾਨ ਪ੍ਰਾਪਤ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਬੰਧ ਹੇਠਾਂ ਚੱਲ ਰਹੇ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਬੀ.ਐਸ.ਸੀ. ਨਰਸਿੰਗ ਚੌਥੇ



ਸਾਲ (ਸੱਤਵਾਂ ਸੈਮਸਟਰ) ਦੀ ਕਲਾਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 100 ਫੀਸਦੀ ਨਤੀਜਾ ਪ੍ਰਾਪਤ ਕੀਤਾ ਹੈ । ਕਾਲਜ ਦੀ ਪ੍ਰਿੰਸੀਪਲ ਰਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀ.ਐਸ.ਸੀ. ਨਰਸਿੰਗ ਚੌਥੇ ਸਾਲ ਦੀ ਇਸ ਕਲਾਸ ਦੇ ਸਾਰੇ ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਈ ਅਤੇ ਕਲਾਸ ਦਾ ਨਤੀਜਾ 100 ਫੀਸਦੀ ਰਿਹਾ । ਉਨ੍ਹਾਂ ਦੱਸਿਆ ਕਿ ਅਮਨਪ੍ਰੀਤ ਕੌਰ ਰਾਏ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਕਲਾਸ ਵਿੱਚੋਂ ਪਹਿਲਾ ਸਥਾਨ, ਜਦ ਕਿ ਦੂਜਾ ਸਥਾਨ ਅੰਜਲੀ ਪਿੰਕੋ ਅਤੇ ਤੀਜਾ ਸਥਾਨ ਪ੍ਰਨੀਤ ਕੌਰ ਨੇ ਹਾਸਲ ਕੀਤਾ। ਕਾਲਜ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਇਸ ਸ਼ਾਨਦਾਰ ਨਤੀਜੇ 'ਤੇ ਸਮੂਹ ਟਰੱਸਟ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਸਮੂਹ ਵਿਦਿਆਰਥੀਆਂ, ਵਿਸ਼ੇਸ਼ ਤੌਰ 'ਤੇ ਕਲਾਸ ਦੀਆਂ ਟੌਪਰ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ ਅਤੇ ਕਾਲਜ ਦੀ ਪ੍ਰਿੰਸੀਪਲ ਨੂੰ ਹਾਰਦਿਕ ਵਧਾਈ ਦਿੱਤੀ। ਇਸ ਮੌਕੇ ਮੈਡਮ ਸੁਖਮਿੰਦਰ ਕੌਰ ਉੱਭੀ, ਮੈਡਮ ਰਾਬੀਆ ਹਾਟਾ, ਮੈਡਮ ਪੈਰੀ ਚੁੰਬਰ ਕਲਾਸ ਇੰਚਾਰਜ, ਮੈਡਮ ਹਰਦੀਪ ਕੌਰ, ਮੈਡਮ ਅਮਨਦੀਪ ਕੌਰ, ਮੈਡਮ ਨਿਵੇਦਤਾ ਸ਼ਰਮਾ, ਮੈਡਮ ਹਰਲੀਨ ਕੌਰ ਅਤੇ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

# ਸਾਲਾਨਾ ਮੇਲਾ ਸ਼ਰਧਾ ਨਾਲ ਮਨਾਇਆ

**ਅਲਾਵਲਪੁਰ (ਮਦਨ ਬੰਗੜ)**- ਉੱਤਰੀ ਭਾਰਤ ਦੇ ਪ੍ਰਸਿੱਧ ਮੇਲਿਆਂ ਵਿੱਚ ਸ਼ੁਮਾਰ ਅਲਾਵਲਪੁਰ ਦੇ ਸ੍ਰੀ ਝੰਡਾ ਸਾਹਿਬ ਦਾ ਸਾਲਾਨਾ ਮੇਲਾ ਸ਼ਨੀਵਾਰ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਮੇਲੇ ਨੂੰ ਲੈ ਕੇ ਇਲਾਕੇ ਭਰ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਗਿਆ। ਸਵੇਰ ਤੋਂ ਹੀ ਵੱਖ-ਵੱਖ ਇਲਾਕਿਆਂ ਤੋਂ ਸੰਗਤਾਂ ਦੇ ਪਹੁੰਚਣ ਦਾ ਸਿਲਸਿਲਾ ਸ਼ੁਰੂ ਹੋ ਗਿਆ ਸੀ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਮੇਲੇ ਵਿੱਚ ਸ਼ਿਰਕਤ ਕਰਕੇ ਸ੍ਰੀ ਝੰਡਾ ਸਾਹਿਬ ਅੱਗੇ



ਨਤਮਸਤਕ ਹੋ ਕੇ ਸੁੱਖ-ਸਮ੍ਰਿੱਧੀ ਦੀ ਕਾਮਨਾ ਕੀਤੀ। ਡੇਰਾ ਸਮਾਧ ਬਾਬਾ ਮਾੜੂ ਦਾਸ ਜੀ ਤਪ ਅਸਥਾਨ ਸ੍ਰੀ ਗੁਰੂ ਰਾਮ ਰਾਇ ਜੀ ਦੇ ਸੰਚਾਲਕ ਮਹੰਤ ਦਵਿੰਦਰ ਦਾਸ ਜੀ ਦੇਹਰਾਦੂਨ ਵਾਲਿਆਂ ਦੀ ਸਰਪ੍ਰਸਤੀ ਹੇਠ ਕਰਵਾਏ ਗਏ ਸਮਾਗਮ ਦੌਰਾਨ ਡੇਰਾ ਦੇਹਰਾਦੂਨ ਦੇ ਮੁੱਖ ਪੁਜਾਰੀ ਭਾਨੂੰ ਪ੍ਰਤਾਪ ਤੇ ਪੰਡਿਤ ਸੁਬੋਧ ਉਨਿਆਲ ਵੱਲੋਂ ਵਿਧੀਵਤ ਪੂਜਾ-ਅਰਚਨਾ ਕਰਵਾਈ ਗਈ। ਪੂਜਾ-ਅਰਚਨਾ ਉਪਰੰਤ ਬੈਂਡ-ਵਾਜਿਆਂ ਦੀਆਂ ਧੁਨਾਂ ਨਾਲ ਸ੍ਰੀ ਝੰਡਾ ਸਾਹਿਬ ਚੜ੍ਹਾਇਆ ਗਿਆ। ਇਸ ਮੌਕੇ ਸੰਗਤਾਂ ਵੱਲੋਂ ਸ਼ਰਧਾ ਨਾਲ ਹਾਜ਼ਰੀ ਭਰੀ ਗਈ ਅਤੇ ਸਮਾਗਮ ਦੌਰਾਨ ਧਾਰਮਿਕ ਮਾਹੌਲ ਬਣਿਆ ਰਿਹਾ। ਸਮਾਗਮ ਵਿੱਚ ਭਾਈ ਜਸਬਿੰਦਰ ਸਿੰਘ ਬੈਂਸ ਦੇ ਕੀਰਤਨੀ ਜਥੇ ਨੇ ਸ਼ਬਦ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ। ਕੀਰਤਨ ਦੌਰਾਨ ਸੰਗਤਾਂ ਨੇ ਸ਼ਰਧਾ ਨਾਲ ਹਾਜ਼ਰੀ ਭਰੀ। ਮੇਲੇ ਵਿੱਚ ਪਹੁੰਚਣ ਵਾਲੀਆਂ ਸੰਗਤਾਂ ਲਈ ਪ੍ਰਬੰਧਕਾਂ ਵੱਲੋਂ ਅਟੁੱਟ ਲੰਗਰ ਦਾ ਪ੍ਰਬੰਧ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਲੰਗਰ ਛਕਿਆ। ਇਸ ਮੌਕੇ ਡੇਰਾ ਦੇਹਰਾਦੂਨ ਤੋਂ ਵਿਸ਼ੇਸ਼ ਪ੍ਰਤੀਨਿਧੀ ਗਣੇਸ਼ ਬਿਡਾਲੀਆ, ਸੇਵਾਮੁਕਤ ਐੱਸ ਡੀ ਐੱਮ ਸੁੰਦਰ ਸਿੰਘ, ਪ੍ਰਿੰਸੀਪਲ ਡੀ ਪੀ ਥਪਿਯਾਲ, ਜੀਤਪਾਲ ਰਾਣਾ, ਤੀਰਥ ਸਿੰਘ, ਬਾਬਾ ਅਮਰਜੀਤ, ਜਥੇਦਾਰ ਹਰਨਾਮ ਸਿੰਘ, ਗੋਪਾਲ ਸ਼ਰਨ ਭੱਲਾ, ਨਰਿੰਦਰ ਸ਼ਰਮਾ, ਹਰਭਜਨ ਸਿੰਘ, ਮਹਿੰਦਰ ਸਿੰਘ, ਜਤਿੰਦਰ ਚੋੜਾ, ਅਮਰਜੀਤ ਪੱਪੂ, ਸੁਤੰਤਰ ਕੁਮਾਰ ਜੁਲਕਾ, ਦਲਵੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਅਤੇ ਸ਼ਹਿਰ ਵਾਸੀ ਹਾਜ਼ਰ ਸਨ।

# ਹਰਿਆਣਾ ਨਗਰ ਕੌਂਸਲ ਦੇ ਪ੍ਰਧਾਨ ਬਣੇ ਸੰਜੇ ਕਪਿਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਹਰਿਆਣਾ ਨਗਰ ਕੌਂਸਲ ਦੇ ਨਵੇਂ ਪ੍ਰਧਾਨ ਦੀ ਚੋਣ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਹੇਠ ਨਗਰ ਕੌਂਸਲ ਦੇ



ਦਫਤਰ ਵਿੱਚ ਸੰਪੰਨ ਹੋਈ ਜਿਸ ਦੌਰਾਨ ਸੰਜੇ ਕਪਿਲਾ ਨੂੰ ਇੱਕ ਵਾਰ ਫਿਰ ਨਗਰ ਕੌਂਸਲ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ ਉਨ੍ਹਾਂ ਦੇ ਨਾਲ ਹੀ ਆਪ ਦੇ ਕੌਂਸਲਰ ਰਾਮਜੀਤ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਦੋਵਾਂ ਆਗੂਆਂ ਨੂੰ ਇਹ ਜ਼ਿੰਮੇਵਾਰੀ ਸੌਂਪਣ ਉਪਰੰਤ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਵਧਾਈ ਦਿੱਤੀ ਗਈ ਅਤੇ ਕਿਹਾ ਗਿਆ ਕਿ ਨਗਰ ਕੌਂਸਲ ਇਹ ਟੀਮ ਕਸਬੇ ਵਿੱਚ ਵਿਕਾਸ ਦੀ ਕੋਈ ਕਸਰ ਬਾਕੀ ਨਹੀਂ ਛੱਡੇਗੀ। ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਹਰਿਆਣਾ ਕੰਢੀ ਖੇਤਰ ਦਾ ਮਹੱਤਵਪੂਰਨ ਸ਼ਹਿਰ ਹੈ ਜਿਸ ਦਾ ਵਿਕਾਸ ਆਮ ਆਦਮੀ ਪਾਰਟੀ ਦੀ ਸਰਕਾਰ ਦਰਮਿਆਨ ਕਰਨ ਦੀ ਅਸੀਂ ਪੂਰੀ ਕੋਸ਼ਿਸ਼ ਕੀਤੀ ਹੈ ਅਤੇ ਇੱਥੋਂ ਦੇ ਵਸਨੀਕਾਂ ਨੇ ਹਮੇਸ਼ਾ ਸਾਡਾ ਸਾਥ ਦਿੱਤਾ ਹੈ ਜਿਸ ਲਈ ਅਸੀਂ ਹਰ ਇੱਕ ਸ਼ਹਿਰ ਵਾਸੀ ਦੇ ਸ਼ੁਕਰਗੁਜਾਰ ਰਹਾਂਗੇ। ਜ਼ਿਕਰਯੋਗ ਹੈ ਕਿ ਸੰਜੇ ਕਪਿਲਾ ਨੇ ਹਰਿਆਣਾ ਨਗਰ ਕੌਂਸਲ ਦੇ ਵਾਰਡ ਨੰਬਰ 2 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਜੋਂ ਜਿੱਤ ਪ੍ਰਾਪਤ ਕੀਤੀ ਸੀ ਅਤੇ ਵਾਈਸ ਪ੍ਰਧਾਨ ਰਾਮਜੀਤ ਵਾਰਡ ਨੰਬਰ 11 ਤੋਂ ਆਪ ਦੀ ਟਿਕਟ 'ਤੇ ਚੋਣ ਜਿੱਤ ਕੇ ਨਗਰ ਕੌਂਸਲ ਵਿੱਚ ਪਹੁੰਚੇ ਹਨ। ਹਰਿਆਣਾ ਨਗਰ ਕੌਂਸਲ ਵਿੱਚ ਕੁੱਲ 11 ਵਾਰਡ ਹਨ ਅਤੇ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ 7 ਵਾਰਡਾਂ ਵਿੱਚ ਜਿੱਤ ਦਰਜ ਕੀਤੀ ਸੀ।ਇਸ ਮੌਕੇ ਕੌਂਸਲਰ ਮੀਨਾਕਸ਼ੀ ਕਪਿਲਾ, ਪੂਜਾ ਕਪਿਲਾ, ਆਸ਼ਾ ਕੁਮਾਰੀ, ਪਵਨ ਕੁਮਾਰ ਆਦਿ ਵੀ ਮੌਜੂਦ ਰਹੇ।